6-NOV-PAGE-1.qxd 11/5/2024 10:38 PM Page 1

ਬੁੱਧਵਾਰ, 6 ਨਵੰਬਰ, 2024
21 ਕੱਤਕ { ਨਾਨਕਸ਼ਾਹੀ 556 / ਬਿਕਰਮੀ 2081 }
ਜਿਲਦ/VOL. : 73
ਅੰਕ/NO. : 156

# ਨਵਾਂ ਜ਼ਮਾਨਾ

DAILY NAWAN ZAMANA • WEDNESDAY, 6 NOVEMBER, 2024 ਜਲੰਧਰ

**'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ**

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

YouTube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

# ਸਮਾਜਵਾਦੀ ਸੋਚ ਵਾਲਾ ਫੈਸਲਾ ਪਲਟਿਆ

## ਰਾਜਾਂ ਨੂੰ 'ਸਾਂਝੇ ਭਲੇ' ਦੇ ਨਾਂ ਹੇਠ ਨਿੱਜੀ ਮਾਲਕੀ ਵਾਲੇ ਸਾਰੇ ਵਸੀਲੇ ਹਾਸਲ ਕਰਨ ਦਾ ਹੱਕ ਨਹੀਂ : ਸੁਪਰੀਮ ਕੋਰਟ

**ਨਵੀਂ ਦਿੱਲੀ** : ਸੁਪਰੀਮ ਕੋਰਟ ਦੀ 9 ਮੈਂਬਰੀ ਬੈਂਚ ਨੇ ਮੰਗਲਵਾਰ 7:2 ਦੇ ਬਹੁਮਤ ਨਾਲ ਸੁਣਾਏ ਇਕ ਅਹਿਮ ਫੈਸਲੇ 'ਚ ਕਿਹਾ ਕਿ ਰਾਜਾਂ ਨੂੰ ਸੰਵਿਧਾਨ ਤਹਿਤ 'ਸਾਂਝੇ ਭਲੇ' ਦੇ ਨਾਂ ਹੇਠ ਵੰਡਣ ਲਈ ਨਿੱਜੀ ਮਾਲਕੀ ਵਾਲੇ ਸਾਰੇ ਵਸੀਲਿਆਂ ਨੂੰ ਪ੍ਰਾਪਤ ਕਰਨ ਜਾਂ ਉਨ੍ਹਾਂ ਉਤੇ ਕਬਜ਼ਾ ਕਰ ਲੈਣ ਦਾ ਅਧਿਕਾਰ ਨਹੀਂ ਹੈ। ਚੀਫ ਜਸਟਿਸ ਡੀ ਵਾਈ ਚੰਦਰਚੂੜ ਦੀ ਅਗਵਾਈ ਵਾਲੀ ਬੈਂਚ ਨੇ ਉਂਝ ਇਹ ਜ਼ਰੂਰ ਕਿਹਾ ਕਿ ਰਾਜ ਕੁਝ ਮਾਮਲਿਆਂ 'ਚ ਨਿੱਜੀ ਜਾਇਦਾਦਾਂ 'ਤੇ ਦਾਅਵਾ ਕਰ ਸਕਦੇ ਹਨ।

ਬਹੁਮਤ ਦੇ ਫੈਸਲੇ ਨੂੰ ਚੀਫ ਜਸਟਿਸ ਨੇ ਪੜ੍ਹ ਕੇ ਸੁਣਾਇਆ ਅਤੇ ਇਸ ਫੈਸਲੇ ਤਹਿਤ ਜਸਟਿਸ ਕ੍ਰਿਸ਼ਨਾ ਅਈਅਰ ਦੀ ਅਗਵਾਈ ਵਾਲੀ ਬੈਂਚ ਦੇ ਉਸ ਪਿਛਲੇ ਫੈਸਲੇ ਨੂੰ ਉਲਟਾ ਦਿੱਤਾ ਗਿਆ ਹੈ, ਜਿਸ ਵਿਚ ਕਿਹਾ ਗਿਆ ਸੀ ਕਿ ਸੰਵਿਧਾਨ ਦੀ ਧਾਰਾ 39 (ਬੀ) ਤਹਿਤ ਰਾਜਾਂ ਨੂੰ ਵੰਡ ਲਈ ਨਿੱਜੀ ਮਲਕੀਅਤ ਵਾਲੇ ਸਾਰੇ ਸਰੋਤ ਪ੍ਰਾਪਤ ਕਰਨ ਦਾ ਅਖਤਿਆਰ ਹਾਸਲ ਹੈ। ਚੀਫ ਜਸਟਿਸ ਨੇ ਆਪਣੇ ਅਤੇ ਬੈਂਚ ਵਿਚਲੇ ਛੇ ਹੋਰ ਜੱਜਾਂ ਲਈ ਫੈਸਲਾ ਲਿਖਿਆ, ਜਿਸ ਨੇ ਇਸ ਵਿਵਾਦਪੂਰਨ ਤੇ ਗੁੰਝਲਦਾਰ ਕਾਨੂੰਨੀ ਸਵਾਲ ਦਾ ਨਿਬੇੜਾ ਕੀਤਾ ਹੈ ਕਿ ਕੀ ਨਿੱਜੀ ਜਾਇਦਾਦਾਂ ਨੂੰ ਧਾਰਾ 39 (ਬੀ) ਦੇ ਤਹਿਤ 'ਭਾਈਚਾਰਕ ਪਦਾਰਥਕ ਵਸੀਲਾ' ਮੰਨਿਆ ਜਾ ਸਕਦਾ ਹੈ ਜਾਂ ਨਹੀਂ ਅਤੇ ਕੀ ਇਨ੍ਹਾਂ ਨੂੰ ਰਾਜ ਦੇ ਅਧਿਕਾਰੀਆਂ ਵੱਲੋਂ 'ਲੋਕ ਹਿੱਤ ਵਿਚ' ਵੰਡਣ ਲਈ ਆਪਣੇ ਕਬਜ਼ੇ 'ਚ ਲਿਆ ਜਾ ਸਕਦਾ ਹੈ ਜਾਂ ਨਹੀਂ।

ਇਸ ਫੈਸਲੇ ਨੇ ਸਮਾਜਵਾਦੀ ਸੋਚ ਵਾਲੇ ਅਜਿਹੇ ਕਈ ਫੈਸਲਿਆਂ ਨੂੰ ਉਲਟਾ ਦਿੱਤਾ ਹੈ, ਜਿਨ੍ਹਾਂ ਵਿਚ ਕਿਹਾ ਗਿਆ ਸੀ ਕਿ ਰਾਜ ਸਾਂਝੇ ਭਲੇ ਲਈ ਸਾਰੀਆਂ ਨਿੱਜੀ ਜਾਇਦਾਦਾਂ ਨੂੰ ਆਪਣੇ ਕਬਜ਼ੇ 'ਚ ਲੈ ਸਕਦੇ ਹਨ। ਬੈਂਚ ਵਿਚ ਸ਼ਾਮਲ ਜਸਟਿਸ ਬੀਵੀ ਨਾਗਰਤਨਾ ਬਹੁਮਤ ਦੇ ਫੈਸਲੇ ਨਾਲ ਅੰਸ਼ਕ ਤੌਰ 'ਤੇ ਅਸਹਿਮਤ ਸਨ, ਜਦੋਂ ਕਿ ਜਸਟਿਸ ਸੁਧਾਂਸ਼ੂ ਧੂਲੀਆ ਫੈਸਲੇ ਦੇ ਸਾਰੇ ਪਹਿਲੂਆਂ 'ਤੇ ਅਸਹਿਮਤ ਸਨ।

## ਮਦਰੱਸਾ ਐਕਟ ਜਾਇਜ਼ ਕਰਾਰ, ਧਰਮ ਨਿਰਪੱਖਤਾ ਦੀ ਉਲੰਘਣਾ ਨਹੀਂ ਕਰਦਾ

**ਨਵੀਂ ਦਿੱਲੀ** : ਯੂ ਪੀ ਦੇ ਮਦਰਸਿਆਂ ਨੂੰ ਵੱਡੀ ਰਾਹਤ ਦਿੰਦਿਆਂ ਸੁਪਰੀਮ ਕੋਰਟ ਨੇ ਮੰਗਲਵਾਰ 'ਉੱਤਰ ਪ੍ਰਦੇਸ਼ ਬੋਰਡ ਆਫ ਮਦਰਸਾ ਐਜੂਕੇਸ਼ਨ ਐਕਟ-2024' ਦੀ ਸੰਵਿਧਾਨਕ ਵੈਧਤਾ ਨੂੰ ਬਰਕਰਾਰ ਰੱਖਿਆ ਹੈ। ਚੀਫ ਜਸਟਿਸ ਡੀ ਵਾਈ ਚੰਦਰਚੂੜ, ਜਸਟਿਸ ਜੇ ਬੀ ਪਾਰਦੀਵਾਲਾ ਤੇ ਜਸਟਿਸ ਮਨੋਜ ਮਿਸ਼ਰਾ ਦੀ ਬੈਂਚ ਨੇ ਕਿਹਾ ਕਿ ਹਾਈ ਕੋਰਟ ਨੇ ਇਹ ਮੰਨਣ 'ਚ ਗਲਤੀ ਕੀਤੀ ਕਿ ਇਹ ਕਾਨੂੰਨ ਧਰਮ-ਨਿਰਪੱਖਤਾ ਦੇ ਸਿਧਾਂਤ ਦੀ ਉਲੰਘਣਾ ਕਰਦਾ ਹੈ। ਚੀਫ ਜਸਟਿਸ ਨੇ ਫੈਸਲਾ ਸੁਣਾਉਂਦੇ ਹੋਏ ਕਿਹਾ—ਅਸੀਂ ਯੂ ਪੀ ਮਦਰਸਾ ਕਾਨੂੰਨ ਦੀ ਵਾਜਬੀਅਤ ਨੂੰ ਬਰਕਰਾਰ ਰੱਖਿਆ ਹੈ ਅਤੇ ਇਸ ਤੋਂ ਇਲਾਵਾ ਕਿਸੇ ਕਾਨੂੰਨ ਨੂੰ ਤਾਂ ਹੀ ਖਤਮ ਕੀਤਾ ਜਾ ਸਕਦਾ ਹੈ, ਜੇ ਰਾਜ ਕੋਲ ਵਿਧਾਨਕ ਯੋਗਤਾ ਦੀ ਘਾਟ ਹੈ।

ਇਹ ਹੁਕਮ ਯੂ ਪੀ ਦੇ ਮਦਰਸਿਆਂ ਦੇ ਅਧਿਆਪਕਾਂ ● ਬਾਕੀ ਸਫ਼ਾ 2 'ਤੇ

## ਅਮਰੀਕਾ 'ਚ ਵੋਟਿੰਗ ਸ਼ੁਰੂ, ਨਤੀਜਾ ਪਤਾ ਨਹੀਂ ਕਦੋਂ ਆਵੇਗਾ

**ਵਾਸ਼ਿੰਗਟਨ** : ਅਮਰੀਕੀ ਰਾਸ਼ਟਰਪਤੀ ਦੀ ਚੋਣ ਲਈ ਪੋਲਿੰਗ ਸ਼ੁਰੂ ਹੋ ਗਈ ਸੀ। 8 ਕਰੋੜ 20 ਲੱਖ ਤੋਂ ਵੱਧ ਅਮਰੀਕੀ ਵੋਟਰ ਡਾਕ ਜਾਂ ਪੋਲਿੰਗ ਬੂਥਾਂ 'ਤੇ ਆਪਣੀ ਸੌਖ ਮੁਤਾਬਕ ਪਹਿਲਾਂ ਹੀ ਪਹੁੰਚ ਕੇ ਵੋਟ ਪਾ ਚੁੱਕੇ ਸਨ। ਚੋਣਾਂ ਦਾ ਨਤੀਜਾ ਮੰਗਲਵਾਰ ਪੋਲਿੰਗ ਖਤਮ ਹੋਣ ਤੋਂ ਕੁਝ ਘੰਟਿਆਂ ਬਾਅਦ ਬੁੱਧਵਾਰ ਸਵੇਰੇ ਆ ਸਕਦਾ ਹੈ, ਜਾਂ ਇਸ 'ਚ ਦਿਨ, ਹਫਤੇ ਅਤੇ ਮਹੀਨਾ ਵੀ ਲੱਗ ਸਕਦਾ ਹੈ।

ਪਿਛਲੀਆਂ ਚੋਣਾਂ ਦੇ ਵੇਰਵਿਆਂ ਅਨੁਸਾਰ 2016 'ਚ ਵੋਟਿੰਗ 8 ਨਵੰਬਰ ਦੀ ਸ਼ਾਮ ਨੂੰ ਬੰਦ ਹੋ ਗਈ ਸੀ ਅਤੇ 9 ਨਵੰਬਰ ਨੂੰ ਦੁਪਹਿਰ 2:30 ਵਜੇ ਤੱਕ ਇਹ ਸਭ ਨਿੱਬੜ ਗਿਆ ਸੀ, ਜਿਸ 'ਚ ਟਰੰਪ ਨੇ 270 ਇਲੈਕਟੋਰਲ ਕਾਲਜ ਵੋਟਾਂ ਦੀ ਜਾਦੂਈ ਗਿਣਤੀ ਨੂੰ ਪਾਰ ਕਰਨ ਲਈ ਜੰਗ ਦੇ ਮੈਦਾਨ ਰਾਜ ਵਿਸਕਾਨਸਿਨ ਅਤੇ ਇਸਦੇ 10 ਇਲੈਕਟੋਰਲ ਕਾਲਜ ਦੀਆਂ ਵੋਟਾਂ ਜਿੱਤੀਆਂ ਸਨ।

2020 'ਚ 3 ਨਵੰਬਰ ਦੀ ਸ਼ਾਮ ਨੂੰ ਪੋਲਿੰਗ ਖਤਮ ਹੋ ਗਈ ਸੀ ਪਰ ਰਾਸ਼ਟਰਪਤੀ ਜੋਅ ਬਾਇਡੇਨ ਨੂੰ ਪੈਨਸਿਲਵੇਨੀਆ ਲਈ 19 ਇਲੈਕਟੋਰਲ ਕਾਲਜ ਦੀਆਂ ਵੋਟਾਂ ਅਤੇ ਰਾਸ਼ਟਰਪਤੀ ਅਹੁਦੇ ਹਾਸਲ ਕਰਨ ਲਈ 7 ਨਵੰਬਰ ਤੱਕ ਉਡੀਕ ਕਰਨੀ ਪਈ। ਸਭ ਤੋਂ ਵੱਧ ਦੇਰੀ ਵਾਲੇ ਨਤੀਜਿਆਂ ਦਾ ਰਿਕਾਰਡ ਸਾਲ 2000 ਦੀਆਂ ਚੋਣਾਂ 'ਚ ਸੀ, ਜਦੋਂ ਦੇਸ਼ ਨੇ ਆਪਣੇ ਅਗਲੇ ਰਾਸ਼ਟਰਪਤੀ ਜਾਰਜ ਡਬਲਿਊ ਬੁਸ਼ ਨੂੰ ਲੱਭਣ ਲਈ ਇੱਕ ਮਹੀਨੇ ਤੋਂ ਵੱਧ ਉਡੀਕ ਕੀਤੀ। ਵੋਟਿੰਗ 7 ਨਵੰਬਰ ਨੂੰ ਖਤਮ ਹੋਈ ਅਤੇ ਰਾਜ ਦੇ ਨਤੀਜੇ 12 ਦਸੰਬਰ ਨੂੰ ਸਾਹਮਣੇ ਆਏ। ਦੱਸਣਯੋਗ ਹੈ ਕਿ ਰਾਸ਼ਟਰਪਤੀ ਦੀ ਚੋਣ ਦਾ ਕੰਮ ਰਾਸ਼ਟਰੀ ਵੋਟਾਂ ਦੀ ਪੂਰੀ ਗਿਣਤੀ ਨਾਲ ਨਹੀਂ ਬਲਕਿ ਜਿੱਤੇ ਗਏ ਇਲੈਕਟੋਰਲ ਕਾਲਜ ਦੀਆਂ ਵੋਟਾਂ ਵੱਲੋਂ ਨਿਪਟਾਇਆ ਜਾਂਦਾ ● ਬਾਕੀ ਸਫ਼ਾ 2 'ਤੇ

## ਧੁਰ ਦਰਗਾਹੋਂ ਆਉਣਗੀਆਂ ਵੋਟਾਂ !



**ਵਾਸ਼ਿੰਗਟਨ** : ਕੋਈ ਵੋਟ ਪਾਉਣ ਤੋਂ ਨਾ ਰਹਿ ਜਾਵੇ, ਇਸ ਕਰਕੇ ਅਮਰੀਕੀ ਪੁਲਾੜ ਜਥੇਬੰਦੀ ਨਾਸਾ ਨੇ ਪੁਲਾੜ ਵਿਚ ਗਏ ਯਾਤਰੀਆਂ ਦੀ ਵੋਟਿੰਗ ਦਾ ਪ੍ਰਬੰਧ ਕੀਤਾ ਹੈ। ਸੁਨੀਤਾ ਵਿਲੀਅਮਜ਼ ਤੇ ਬੁੱਚ ਵਿਲਮੋਰੇ ਸਣੇ ਚਾਰ ਅਮਰੀਕੀ ਪੁਲਾੜ ਵਿੱਚ ਹਨ। ਸੁਨੀਤਾ ਤੇ ਬੁੱਚ ਨੇ ਫਰਵਰੀ 'ਚ ਮੁੜਨਾ ਹੈ। ਉਨ੍ਹਾਂ ਦੀ ਵੋਟ ਪੁਲਾੜ ਸਟੇਸ਼ਨ ਤੋਂ 12 ਲੱਖ ਮੀਲ ਹੇਠਾਂ ਟੈਕਸਾਸ ਵਿੱਚ ਮਿਸ਼ਨ ਕੰਟਰੋਲ ਸੈਂਟਰ 'ਚ ਆਵੇਗੀ। ਵੋਟ ਕਿਸਨੂੰ ਪਾਈ ਹੈ, ਇਸਦਾ ਪਤਾ ਸਿਰਫ ਕਾਉਂਟੀ ਕਲਰਕ ਨੂੰ ਹੀ ਲੱਗੇਗਾ, ਜਿਸਨੇ ਵੋਟ ਅੱਗੇ ਪੇਟੀ 'ਚ ਪਾਉਣੀ ਹੈ।


ੴ ਸਤਿਗੁਰ ਪ੍ਰਸਾਦਿ॥

ਜੇਹਾ ਚੀਰੀ ਲਿਖਿਆ ਤੇਹਾ ਹੁਕਮੁ ਕਮਾਹਿ।
ਘਲੇ ਆਵਹਿ ਨਾਨਕਾ ਸਦੇ ਉਠੀ ਜਾਹਿ॥

ਆਪ ਜੀ ਨੂੰ ਬੜੇ ਦੁਖੀ ਹਿਰਦੇ ਨਾਲ ਸੂਚਿਤ ਕੀਤਾ ਜਾਂਦਾ ਹੈ ਕਿ ਸਾਡੇ ਸਤਿਕਾਰਯੋਗ



ਸਵ:ਮਾਤਾ:ਗੁਰਦੇਵ ਕੌਰ ਜੀ
ਮਿਤੀ 30.10.2024 ਨੂੰ ਅਕਾਲ ਚਲਾਣਾ ਕਰ ਗਏ ਸੀ।
ਉਨ੍ਹਾਂ ਦੀ ਆਤਮਿਕ ਸ਼ਾਂਤੀ ਲਈ ਰੱਖੇ ਗਏ
ਪਾਠ ਦੇ ਭੋਗ ਅਤੇ ਅੰਤਿਮ ਅਰਦਾਸ
ਮਿਤੀ 07.11.2024 ਨੂੰ ਗੁਰਦਵਾਰਾ ਸਿੰਘ ਸਭਾ ਲੋਹਕੇ ਕਲ੍ਹਾਂ ਵਿਖੇ
ਦੁਪਹਿਰ 12 ਤੋਂ 1 ਵਜੇ ਤੱਕ ਹੋਵੇਗੀ।
ਆਪ ਜੀ ਨੇ ਅੰਤਿਮ ਅਰਦਾਸ ਵਿੱਚ ਸ਼ਾਮਿਲ ਹੋਣ ਦੀ ਕ੍ਰਿਪਾਲਤਾ ਕਰਨ
ਗੁਰੂ ਦੇ ਭਾਣੇ ਵਿੱਚ

ਸੁਖਦੇਵ ਸਿੰਘ ਪ੍ਰਧਾਨ { ਬਿਜਲੀ ਬੋਰਡ } 98727-02354
ਨਿੱਦਰ ਸਿੰਘ ਜੱਜ ਸਿੰਘ 99141-84606
ਸਮੂਹ ਪੰਨੂ ਪਰਿਵਾਰ


## 2036 ਦੀਆਂ ਉਲੰਪਿਕ ਖੇਡਾਂ ਲਈ ਦਾਅਵੇਦਾਰੀ ਪੇਸ਼

**ਨਵੀਂ ਦਿੱਲੀ** : ਭਾਰਤ ਨੇ 2036 ਦੀਆਂ ਉਲੰਪਿਕ ਅਤੇ ਪੈਰਾਲੰਪਿਕ ਖੇਡਾਂ ਦੀ ਮੇਜ਼ਬਾਨੀ ਕਰਨ ਦੀ ਇੱਛਾ ਜ਼ਾਹਰ ਕਰਦਿਆਂ ਕੌਮਾਂਤਰੀ ਉਲੰਪਿਕ ਕਮੇਟੀ ਦੇ 'ਭਵਿੱਖੀ ਮੇਜ਼ਬਾਨ ਕਮਿਸ਼ਨ' ਨੂੰ 'ਇਰਾਦਾ ਪੱਤਰ' ਸੌਂਪਿਆ ਹੈ। ਜੇ ਭਾਰਤ ਨੂੰ ਖੇਡਾਂ ਦੀ ਮੇਜ਼ਬਾਨੀ ਮਿਲ ਜਾਂਦੀ ਹੈ ਤਾਂ ਇਹ ਯਾਦਗਾਰੀ ਮੌਕਾ ਬਹੁਤ ਜ਼ਿਆਦਾ ਫਾਇਦੇਮੰਦ ਹੋ ਸਕਦਾ ਹੈ, ਜਿਹੜਾ ਦੇਸ਼ ਲਈ ਆਰਥਕ ਵਿਕਾਸ, ਸਮਾਜਕ ਤਰੱਕੀ ਅਤੇ ਨੌਜਵਾਨ ਸ਼ਕਤੀਕਰਨ ਨੂੰ ਹੁਲਾਰਾ ਦੇ ਸਕਦਾ ਹੈ।

## ਏਸ਼ੀਆਈ ਬੋਧੀ ਸਿਖਰ ਸੰਮੇਲਨ ਦਾ ਉਦਘਾਟਨ

**ਨਵੀਂ ਦਿੱਲੀ** : ਭਾਰਤ ਸਰਕਾਰ ਵੱਲੋਂ ਕਰਵਾਏ ਜਾ ਰਹੇ ਪਹਿਲੇ ਦੋ-ਰੋਜ਼ਾ ਏਸ਼ੀਆਈ ਬੋਧੀ ਸਿਖਰ ਸੰਮੇਲਨ ਦਾ ਆਗਾਜ਼ ਮੰਗਲਵਾਰ ਇੱਥੇ ਰਾਸ਼ਟਰਪਤੀ ਦਰੋਪਦੀ ਮੁਰਮੂ ਨੇ ਕੀਤਾ। ਇਸ ਵਿਚ ਏਸ਼ੀਆ ਭਰ ਦੇ ਮੁਲਕਾਂ ਤੋਂ ਬੋਧੀ ਭਿਖਸ਼ੂ ਅਤੇ ਹੋਰ ਬੋਧੀ ਵਿਦਵਾਨ ਹਿੱਸਾ ਲੈ ਰਹੇ ਹਨ। ਇਹ ਸੰਮੇਲਨ ਕੇਂਦਰੀ ਸੱਭਿਆਚਾਰਕ ਮਾਮਲੇ ਮੰਤਰਾਲੇ ਵੱਲੋਂ ਕੌਮਾਂਤਰੀ ਬੋਧੀ ਕਨਫੈਡਰੇਸ਼ਨ ਦੇ ਸਹਿਯੋਗ ਨਾਲ ਕਰਵਾਇਆ ਜਾ ਰਿਹਾ ਹੈ।

## ਬਰੈਂਪਟਨ ਦੀ ਘਟਨਾ ਨੂੰ ਫਿਰਕੂ ਰੰਗ ਦੇਣ 'ਤੇ ਇਤਰਾਜ਼

**ਵੈਨਕੂਵਰ** : ਐਤਵਾਰ ਨੂੰ ਭਾਰਤੀ ਕੌਂਸਲੇਟ ਅਮਲੇ ਵੱਲੋਂ ਧਾਰਮਕ ਸਥਾਨਾਂ 'ਤੇ ਕੌਂਸਲਰ ਕੈਂਪ ਲਾਏ ਜਾਣ ਕਾਰਨ ਉੱਥੇ ਹੋਏ ਸੋਚ ਦੇ ਟਕਰਾਅ ਦੇ ਹਿੰਸਕ ਰੂਪ ਧਾਰ ਜਾਣ ਦੇ ਮਾਮਲੇ ਨੂੰ ਮੀਡੀਆ ਵੱਲੋਂ ਫਿਰਕੂ ਰੰਗਤ ਦੇ ਕੇ ਪ੍ਰਚਾਰੇ ਜਾਣ ਦੀ ਆਮ ਲੋਕਾਂ ਵਲੋਂ ਨਿੰਦਾ ਕੀਤੀ ਜਾ ਰਹੀ ਹੈ। ਉਨ੍ਹਾਂ ਦਾ ਮੰਨਣਾ ਹੈ ਕਿ ਕੌਂਸਲੇਟ ਅਮਲੇ ਵੱਲੋਂ ਸੁਵਿਧਾ ਕੈਂਪ ਧਾਰਮਕ ਸਥਾਨਾਂ 'ਤੇ ਲਾਏ ਜਾਣ ਕਾਰਨ ਅਜਿਹੀਆਂ ਘਟਨਾਵਾਂ ਦਾ ਮੁੱਢ ਬੱਝਦਾ ਹੈ।

ਬਰੈਂਪਟਨ ਦੀ ਮੰਦਭਾਗੀ ਘਟਨਾ ਬਾਰੇ ਕੁਝ ਨਿਰਲੇਪ ਵਿਅਕਤੀਆਂ ਨਾਲ ਗੱਲਬਾਤ ਦੌਰਾਨ ਪਤਾ ਲੱਗਾ ਕਿ ਕੈਨੇਡਾ ਵੱਸਦੇ ਭਾਰਤੀ ਭਾਈਚਾਰੇ ਦੇ ਲੋਕਾਂ ਨੂੰ ਭਾਈਚਾਰਕ ਸਾਂਝ 'ਚ ਤ੍ਰੇੜਾਂ ਪੈਣ ਦਾ ਕਿੰਨਾ ਦੁੱਖ ਹੈ। ਸਰੀ ਨਿਵਾਸੀ ਹਰਜਿੰਦਰ ● ਬਾਕੀ ਸਫ਼ਾ 2 'ਤੇ

## ਹਿੰਸਕ ਘਟਨਾਵਾਂ ਦੀ ਮਾਨ ਵੱਲੋਂ ਸਖ਼ਤ ਨਿਖੇਧੀ

**ਬਠਿੰਡਾ** : ਕੈਨੇਡਾ ਵਿੱਚ ਵਾਪਰੀਆਂ ਹਿੰਸਕ ਘਟਨਾਵਾਂ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕਰਦਿਆਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਭਾਰਤ ਸਰਕਾਰ ਨੂੰ ਇਹ ਮਾਮਲਾ ਕੈਨੇਡਾ ਸਰਕਾਰ ਕੋਲ ਉਠਾਉਣ ਦੀ ਅਪੀਲ ਕੀਤੀ ਹੈ।ਇੱਥੇ ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਮੁੱਖ ਮੰਤਰੀ ਨੇ ਕਿਹਾ, ਕੈਨੇਡਾ ਲੱਖਾਂ ਪੰਜਾਬੀਆਂ ਦਾ ਦੂਜਾ ਘਰ ਹੈ, ਜਿਨ੍ਹਾਂ ਨੇ ਉੱਥੇ ਜਾ ਕੇ ਸਖ਼ਤ ਮਿਹਨਤ ਨਾਲ ਮੁਕਾਮ ਹਾਸਲ ਕੀਤਾ ਹੈ। ਕੈਨੇਡਾ ਨਾਲ ਭਾਰਤ ਦੇ ਸੰਬੰਧ ਹਮੇਸ਼ਾ ਸੁਖਾਵੇਂ ਰਹਿਣੇ ਚਾਹੀਦੇ ਹਨ ਕਿਉਂਕਿ ਪੰਜਾਬੀ ਉਸ ਮੁਲਕ ਵਿੱਚ ਕਮਾਈਆਂ ਕਰਕੇ ਆਪਣੇ ● ਬਾਕੀ ਸਫ਼ਾ 2 'ਤੇ

## ਕੁਤਾਹੀ ਦੇ ਦੋਸ਼ 'ਚ ਸਾਰਜੈਂਟ ਹਰਜਿੰਦਰ ਸੋਹੀ ਮੁਅੱਤਲ, ਹਿੰਸਾ ਦੇ ਸੰਬੰਧ 'ਚ ਤਿੰਨ ਫੜੇ

**ਬਰੈਂਪਟਨ** : ਪੀਲ ਪੁਲਸ ਨੇ ਆਪਣੇ ਸਾਰਜੈਂਟ ਹਰਜਿੰਦਰ ਸੋਹੀ ਨੂੰ ਫਰਜ਼ਾਂ 'ਚ ਕੋਤਾਹੀ ਦੇ ਦੋਸ਼ ਹੇਠ ਮੁਅੱਤਲ ਕਰ ਦਿੱਤਾ ਹੈ। ਬਰੈਂਪਟਨ 'ਚ ਹਿੰਦੂ ਸਭਾ ਮੰਦਰ 'ਚ ਐਤਵਾਰ ਹੋਏ ਪ੍ਰਦਰਸ਼ਨ ਦੀ ਵੀਡੀਓ 'ਚ ਸ਼ਨਾਖਤ ਹੋਣ ਤੋਂ ਬਾਅਦ ਉਸਨੂੰ ਮੁਅੱਤਲ ਕੀਤਾ ਹੈ। ਮੁਅੱਤਲੀ ਤੋਂ ਬਾਅਦ ਸੋਹੀ ਨੂੰ ਸੋਸ਼ਲ ਮੀਡੀਆ 'ਤੇ ਜਾਨੋਂ ਮਾਰਨ ਦੀਆਂ ਧਮਕੀਆਂ ਮਿਲੀਆਂ ਹਨ। ਸੋਹੀ 'ਤੇ ਫਿਲਹਾਲ ਕੋਈ ਗਲਤ ਕੰਮ ਕਰਨ ਦੇ ਦੋਸ਼ ਨਹੀਂ ਹਨ। ਪੀਲ ਪੁਲੀਸ ਦੇ ਬੁਲਾਰੇ ਰਿਚਰਡ ਚਿਨ ਨੇ ਕਿਹਾ ਕਿ ਉਹ ਸੋਸ਼ਲ ਮੀਡੀਆ 'ਤੇ ਘੁੰਮ ਰਹੀ ਵੀਡੀਓ ਤੋਂ ਜਾਣੂੰ ਹਨ, ਜਿਸ 'ਚ ਉਨ੍ਹਾਂ ਦੇ ਇੱਕ ਆਫ-ਡਿਊਟੀ ● ਬਾਕੀ ਸਫ਼ਾ 2 'ਤੇ

# ਕਾਰਪੋਰੇਟ ਤੇ ਫਾਸ਼ੀਵਾਦ ਵਿਰੁੱਧ ਸੰਘਰਸ਼ਾਂ ਨੂੰ ਸਮਰਪਤ ਹੋਏਗਾ 33ਵਾਂ ਮੇਲਾ ਗ਼ਦਰੀ ਬਾਬਿਆਂ ਦਾ



**ਜਲੰਧਰ** : (ਕੇਸਰ) ਭਖ਼ਦੇ ਮੁੱਦਿਆਂ ਉਪਰ ਕੇਂਦਰਤ ਹੋਏਗਾ ਇਸ ਵਾਰ 7, 8, 9 ਨਵੰਬਰ ਨੂੰ ਲੱਗ ਰਿਹਾ 33ਵਾਂ ਮੇਲਾ ਗ਼ਦਰੀ ਬਾਬਿਆਂ ਦਾ। ਦੇਸ਼ ਭਗਤ ਯਾਦਗਾਰ ਕਮੇਟੀ ਦੇ ਪ੍ਰਧਾਨ ਅਜਮੇਰ ਸਿੰਘ, ਜਨਰਲ ਸਕੱਤਰ ਪ੍ਰਿਥੀਪਾਲ ਸਿੰਘ ਮਾੜੀਮੇਘਾ, ਸਹਾਇਕ ਸਕੱਤਰ ਚਰੰਜੀ ਲਾਲ ਕੰਗਣੀਵਾਲ, ਸਭਿਆਚਾਰਕ ਵਿੰਗ ਦੇ ਕਨਵੀਨਰ ਅਮੋਲਕ ਸਿੰਘ ਅਤੇ ਕਮੇਟੀ ਦੇ ਖ਼ਜ਼ਾਨਚੀ ਸੀਤਲ ਸਿੰਘ ਸੰਘਾ ਨੇ ਅੱਜ ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਦੱਸਿਆ ਕਿ ਕਾਰਪੋਰੇਟ ਅਤੇ ਫਾਸ਼ੀਵਾਦ ਵਿਰੁੱਧ ਸੰਘਰਸ਼ਾਂ ਨੂੰ ਸਮਰਪਿਤ ਹੋਏਗਾ, ਮੇਲਾ ਗ਼ਦਰੀ ਬਾਬਿਆਂ ਦਾ।

ਇਸ ਮੇਲੇ ਦੇ ਸਿਖ਼ਰਲੇ ਦਿਨ 9 ਨਵੰਬਰ ਦਿਨ ਸ਼ਨਿਚਰਵਾਰ ਸਵੇਰੇ 10 ਵਜੇ ਗ਼ਦਰ ਪਾਰਟੀ ਦਾ ਝੰਡਾ ਲਹਿਰਾਉਣ ਦੀ ਰਸਮ ਦੇਸ਼ ਭਗਤ ਯਾਦਗਾਰ ਕਮੇਟੀ ਦੇ ਮੈਂਬਰ ਹਰਦੇਵ ਅਰਸ਼ੀ ਅਦਾ ਕਰਨਗੇ। ਇਸ ਉਪਰੰਤ ਪੇਸ਼ ਹੋਣ ਵਾਲੇ ਝੰਡੇ ਦੇ ਗੀਤ ਦੀ ਵਰਕਸ਼ਾਪ ਦੇਸ਼ ਭਗਤ ਯਾਦਗਾਰ ਹਾਲ 'ਚ ਸ਼ੁਰੂ ਹੋ ਗਈ। ਉਨ੍ਹਾਂ ਦੱਸਿਆ ਕਿ ਅਮੋਲਕ ਸਿੰਘ ਦੇ ਲਿਖੇ ਸੱਤਪਾਲ (ਪਟਿਆਲਾ) ਅਤੇ ਕਰਾਂਤੀਪਾਲ (ਬਿਆਸ) ਦੀ ਨਿਰਦੇਸ਼ਨਾ 'ਚ ਸੰਗੀਤ ਓਪੇਰਾ ਰੂਪੀ ਇਹ ਝੰਡੇ ਦਾ ਗੀਤ 'ਮੇਲਾ ਕੀ ਕਹਿੰਦੈ' 100 ਦੇ ਕਰੀਬ ਕਲਾਕਾਰ ਪੇਸ਼ ਕਰਨਗੇ।

9 ਨਵੰਬਰ ਦੁਪਹਿਰ ਵੇਲੇ ਵਿਸ਼ਵ ਪ੍ਰਸਿੱਧ ਵਿਦਵਾਨ ਅਰੁੰਧਤੀ ਰਾਏ ਅਤੇ ਨਿਊਜ਼ ਕਲਿੱਕ ਦੇ ਸੰਸਥਾਪਕ ਸੰਪਾਦਕ ਪ੍ਰਬੀਰ ਸੰਬੋਧਨ ਕਰਨਗੇ। ਇਸ ਦਿਨ ਸ਼ਾਮ 4 ਵਜੇ 'ਖੇਤੀ ਅਤੇ ਪਾਣੀ ਸੰਕਟ' ਵਿਸ਼ੇ ਉਪਰ ਕਮੇਟੀ ਦੇ ਪ੍ਰਤੀਨਿਧ ਜਗਰੂਪ, ਰਮਿੰਦਰ ਪਟਿਆਲਾ, ਸੁਖਵਿੰਦਰ ਸੇਖੋਂ, ਕੁਲਵੰਤ ਸੰਧੂ, ਵਿਜੈ ਬੰਬੇਲੀ ਅਤੇ ਡਾ. ਪਰਮਿੰਦਰ ਸੰਬੋਧਨ ਕਰਨਗੇ। ਮੰਚ ਸੰਚਾਲਨ ਪ੍ਰੋ. ਗੋਪਾਲ ਬੁੱਟਰ ਕਰਨਗੇ।

9 ਨਵੰਬਰ ਸ਼ਾਮ 6:30 ਵਜੇ ਕਮੇਟੀ ਪ੍ਰਧਾਨ ਅਜਮੇਰ ਸਿੰਘ ਦੇ ਸੰਬੋਧਨ ਉਪਰੰਤ ਸਾਰੀ ਰਾਤ 'ਪੋਸਟਰ' (ਚਕਰੇਸ਼ ਚੰਡੀਗੜ੍ਹ), 'ਧਰਤੀ ਦੀ ਧੀ: ਐਟੀਗਨੀ' (ਕੇਵਲ ਧਾਲੀਵਾਲ), 'ਗੁੰਮਸ਼ੁਦਾ ਔਰਤ' (ਅਨੀਤਾ ਸ਼ਬਦੀਸ਼), 'ਰਾਖਾ' (ਬਲਰਾਜ ਸਾਗਰ), 'ਹਨੇਰ ਨਗਰੀ' (ਜਸਵਿੰਦਰ ਪੱਪੀ) ਅਤੇ ਇਪਟਾ ਦੇ ਅਵਤਾਰ ਚੜਿਕ ਅਤੇ ਸਾਥੀ 'ਭੰਡ ਮੇਲੇ ਆਏ' ਪੇਸ਼ ਕਰਨਗੇ। ਇਸ ਸਿਖਰਲੇ ਦਿਨ ਅਤੇ ਰਾਤ ਗੀਤ-ਸੰਗੀਤ ਦਾ ਆਪਣਾ ਵਿਸ਼ੇਸ਼ ਰੰਗ ਹੋਏਗਾ। ਇਸ ਵਿੱਚ ਇਨਕਲਾਬੀ ਕਵੀਸ਼ਰੀ ਜੱਥਾ ਰਸੂਲਪੁਰ (ਸਵਰਨ ਧਾਲੀਵਾਲ), ਲੋਕ ਸੰਗੀਤ ਮੰਡਲੀ ਭਦੌੜ (ਮਾਸਟਰ ਰਾਮ ਕੁਮਾਰ), ਦਸਤਕ ਮੰਚ (ਸਾਰਾ), ਖਾਲਸਾ ਕਾਲਜ ● ਬਾਕੀ ਸਫ਼ਾ 2 'ਤੇ





**30 ਸਤੰਬਰ 2024 ਨੂੰ ਖਤਮ ਹੋਈ ਤਿਮਾਹੀ ਤੇ ਅੱਧੇ ਸਾਲ ਲਈ ਸਟੈਂਡਲੋਨ ਅਣ-ਪੜਤਾਲੇ ਵਿੱਤੀ ਨਤੀਜਿਆਂ ਦਾ ਸਾਰ**

(ਰਕਮ ਲੱਖਾਂ 'ਚ ਸਿਵਾਏ ਈ ਪੀ ਐੱਸ ਡਾਟਾ)

| ਲੜੀ ਨੰ: | ਵੇਰਵੇ | ਤਿਮਾਹੀ ਖਤਮ | ਤਿਮਾਹੀ ਖਤਮ | ਤਿਮਾਹੀ ਖਤਮ | ਅੱਧਾ ਸਾਲ ਖਤਮ | ਸਾਲ ਖਤਮ |
|---|---|---|---|---|---|---|
| | | 30.09.2024 | 30.06.2024 | 30.09.2023 | 30.09.2024 | 31.03.2024 |
| | | (ਅਣ-ਪੜਤਾਲੇ) | (ਅਣ-ਪੜਤਾਲੇ) | (ਅਣ-ਪੜਤਾਲੇ) | (ਅਣ-ਪੜਤਾਲੇ) | (ਪੜਤਾਲੇ) |
| 1. | ਕਾਰੋਬਾਰਾਂ (ਨੈੱਟ) ਤੋਂ ਕੁੱਲ ਆਮਦਨ | 36942.53 | 36284.25 | 30867.68 | 73226.76 | 135562.84 |
| 2. | ਸਮੇਂ ਲਈ ਸ਼ੁੱਧ ਲਾਭ (ਟੈਕਸ ਤੋਂ ਪਹਿਲਾਂ, ਅਸਧਾਰਨ ਅਤੇ/ਜਾਂ ਗੈਰ ਸਧਾਰਨ ਆਈਟਮਾਂ) | 3570.13 | 3024.91 | 3511.74 | 6595.04 | 15452.87 |
| 3. | ਟੈਕਸ ਤੋਂ ਪਹਿਲਾਂ ਸਮੇਂ ਲਈ ਸ਼ੁੱਧ ਲਾਭ (ਖਾਸ ਅਤੇ/ਜਾਂ ਅਸਧਾਰਨ ਆਈਟਮਾਂ ਮਗਰੋਂ) | 3570.13 | 3024.91 | 3511.74 | 6595.04 | 15452.87 |
| 4. | ਟੈਕਸ ਮਗਰੋਂ ਸਮੇਂ ਲਈ ਸ਼ੁੱਧ ਲਾਭ (ਖਾਸ ਅਤੇ/ਜਾਂ ਅਸਧਾਰਨ ਆਈਟਮਾਂ ਮਗਰੋਂ) | 2669.93 | 2262.27 | 2622.90 | 4932.20 | 11563.63 |
| 5. | ਸਮੇਂ ਲਈ ਕੁੱਲ ਵਿਆਪਕ ਆਮਦਨ | 2669.93 | 2262.27 | 2622.90 | 4932.20 | 11563.63 |
| 6. | ਇਕੁਇਟੀ ਸ਼ੇਅਰ ਕੈਪੀਟਲ | 994.52 | 1034.67 | 1034.67 | 994.52 | 1034.67 |
| 7. | ਰਿਜ਼ਰਵਜ਼ (ਜਿਵੇਂ ਕਿ ਪਿਛਲੇ ਸਾਲ ਦੀ ਪੜਤਾਲੀ ਬੈਲੇਂਸ ਸ਼ੀਟ 'ਚ ਦਰਸਾਏ ਗਏ ਰੁਪਏ 7980.81 ਰੀਵੈਲਿਊਏਸ਼ਨ ਰਿਜ਼ਰਵ ਸ਼ਾਮਲ) | | | | | 70361.96 |
| 8. | ਕਮਾਈ ਪ੍ਰਤੀ ਸ਼ੇਅਰ (ਰੁ: 2/- ਹਰੇਕ) (ਚਾਲੂ ਕੀਤੇ ਅਤੇ ਬੰਦ ਕੀਤੇ ਕਾਰੋਬਾਰਾਂ ਲਈ) * | | | | | |
| | ਬੇਸਿਕ | 5.55 | 4.37 | 5.07 | 9.92 | 22.36 |
| | ਡਿਲਿਊਟਡ | 5.55 | 4.37 | 5.07 | 9.92 | 22.36 |
| | * ਸਾਲਾਨਾ ਨਹੀਂ | | | | | |

ਉਪਰੋਕਤ, ਨਤੀਜੇ ਸੇਬੀ (ਲਿਸਟਿੰਗ ਆਬਲੀਗੇਸ਼ਨਜ਼ ਐਂਡ ਡਿਸਕਲੋਜ਼ਰ ਰਿਕੁਆਇਰਮੈਂਟਸ) ਰੈਗੂਲੇਸ਼ਨਜ਼ 2015 ਦੇ ਰੈਗੂਲੇਸ਼ਨ 33 ਤਹਿਤ 30.09.2024 ਨੂੰ ਖਤਮ ਹੋਈ ਤਿਮਾਹੀ ਅਤੇ ਅੱਧੇ ਸਾਲ ਦੇ ਸਟੈਂਡਲੋਨ ਅਣ-ਪੜਤਾਲੇ ਵਿੱਤੀ ਨਤੀਜਿਆਂ ਦੀ ਸਟਾਕ ਐਕਸਚੇਂਜਜ਼ ਨੂੰ ਫਾਈਲ ਕੀਤਾ ਸਟੇਟਮੈਂਟ ਦੇ ਵਿਸਥਾਰਤ ਫਾਰਮਟ ਦਾ ਸਾਰ ਹੈ। 30.09.2024 ਨੂੰ ਖਤਮ ਹੋਈ ਤਿਮਾਹੀ ਅਤੇ ਅੱਧੇ ਸਾਲ ਦੇ ਸਟੈਂਡਲੋਨ ਅਣ-ਪੜਤਾਲੇ ਵਿੱਤੀ ਨਤੀਜਿਆਂ ਦੀ ਸਟੇਟਮੈਂਟ ਦਾ ਪੂਰਾ ਫਾਰਮਟ, ਸਟਾਕ ਐਕਸਚੇਂਜ ਦੀਆਂ ਵੈੱਬਸਾਈਟਸ www.bseindia.com ਅਤੇ www.nseindia.com ਨਾਲ ਹੀ ਕੰਪਨੀ ਦੀ ਵੈੱਬਸਾਈਟ (www.clsel.in) 'ਤੇ ਉਪਲੱਬਧ ਹੈ।

ਸਥਾਨ : ਗੁਰੂਗ੍ਰਾਮ
ਮਿਤੀ : 04.11.2024

ਵਾਸਤੇ ਚਮਨ ਲਾਲ ਸੇਤੀਆ ਐਕਸਪੋਰਟਸ ਲਿਮ:
(ਰਾਜੀਵ ਸੇਤੀਆ)
ਜਾਇੰਟ ਮੈਨੇਜਿੰਗ ਡਾਇਰੈਕਟਰ ਅਤੇ ਸੀ ਐੱਫ ਓ
(ਡੀ ਆਈ ਐੱਨ 01125921)

**ਚਮਨ ਲਾਲ ਸੇਤੀਆ ਐਕਸਪੋਰਟਸ ਲਿਮ:**
(ਸਰਕਾਰ ਵੱਲੋਂ ਮਾਨਤਾ ਪ੍ਰਾਪਤ ਸਟਾਰ ਐਕਸਪੋਰਟ ਹਾਊਸ) ਸੀ ਆਈ ਐੱਨ : L51909PB 1994 PLC015083

Maharani Basmati Rice | Zafar | GREEN World | Mithas Reserve Basmati Rice | Roopalee | Begum

Regd. Office: Meerankot Road, P.O. Central Jail, Ajnala Road, AMRITSAR-143002 (INDIA)
Corpt. Office: 472, Udyog Vihar Phase 3, Gurugram RICE MILLS: Karnal - Kaithal Road| Gujarat - Gandhidham
Ph: +91 124 4745900 E-mail: clsetia@rediffmail.com Website: www.clsel.in, www.maharanirice.in


## ਪ੍ਰਕਾਸ਼ ਪੁਰਬ ਵਿਸ਼ੇਸ਼ ਸਪਲੀਮੈਂਟ



| ਅਸ਼ੋਕ ਸ਼ਰਮਾ | ਜਸਵੀਰ ਕਾਜਲ | ਦਰਸ਼ਨ ਜਿੰਦਲ |
|---|---|---|
| ਫਿਰੋਜ਼ਪੁਰ | ਅੱਡਾ ਸਰਾਂ | ਰਾਮਪੁਰਾ ਫੂਲ |
| 81468-22544 | 99151-17589 | 94172-27460 |

ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ ਵਿਸ਼ੇਸ਼ ਸਪਲੀਮੈਂਟ ਪ੍ਰਕਾਸ਼ਤ ਕੀਤੇ ਜਾ ਰਹੇ ਹਨ। ਇਸ ਸੰਬੰਧੀ ਇਸ਼ਤਿਹਾਰ ਤੇ ਹੋਰ ਛਪਣਯੋਗ ਸਮੱਗਰੀ ਦੇਣ ਲਈ ਸਾਡੇ ਇਨ੍ਹਾਂ ਪੱਤਰਕਾਰਾਂ ਨਾਲ ਸੰਪਰਕ ਕੀਤਾ ਜਾਵੇ। *-ਜਨਰਲ ਮੈਨੇਜਰ*

## ਆਸਟ੍ਰੇਲੀਆਈ ਵਿਦੇਸ਼ ਮੰਤਰੀ ਨੇ ਜੈਸ਼ੰਕਰ ਕੋਲ ਕੈਨੇਡਾ ਦੇ ਦੋਸ਼ਾਂ ਦਾ ਮਾਮਲਾ ਉਠਾਇਆ

**ਮੈਲਬਰਨ** : ਆਸਟ੍ਰੇਲੀਆ ਦੀ ਵਿਦੇਸ਼ ਮੰਤਰੀ ਪੈਨੀ ਵੋਂਗ ਨੇ ਮੰਗਲਵਾਰ ਭਾਰਤ ਦੇ ਵਿਦੇਸ਼ ਮੰਤਰੀ ਐਸ ਜੈਸ਼ੰਕਰ ਕੋਲ ਭਾਰਤ ਦੇ ਕੈਨੇਡਾ ਵਿਚ ਸਿੱਖ ਕਾਰਕੁੰਨਾਂ ਨੂੰ ਨਿਸ਼ਾਨਾ ਬਣਾਏ ਜਾਣ ਦਾ ਮੁੱਦਾ ਚੁੱਕਿਆ। ਵੋਂਗ ਨੇ ਕਿਹਾ ਕਿ ਉਸਨੇ ਆਸਟ੍ਰੇਲੀਆ ਦੀ ਰਾਜਧਾਨੀ ਕੈਨਬਰਾ 'ਚ ਜੈਸ਼ੰਕਰ ਨਾਲ ਕੈਨੇਡਾ ਦੇ ਦੋਸ਼ਾਂ ਬਾਰੇ ਚਰਚਾ ਕੀਤੀ।

ਭਾਰਤ ਕੈਨੇਡਾ ਦੇ ਇਸ ਦੋਸ਼ ਤੋਂ ਇਨਕਾਰ ਕਰ ਚੁੱਕਾ ਹੈ ਕਿ ਭਾਰਤ ਦੇ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਕੈਨੇਡਾ ਅੰਦਰ ਸਿੱਖ ਕਾਰਕੁੰਨਾਂ ਨੂੰ ਨਿਸ਼ਾਨਾ ਬਣਾਉਣ ਦਾ ਹੁਕਮ ਦਿੱਤਾ ਸੀ।

ਵੋਂਗ ਨੇ ਜੈਸ਼ੰਕਰ ਨਾਲ ਇੱਕ ਨਿਊਜ਼ ਕਾਨਫਰੰਸ 'ਚ ਕਿਹਾ—ਅਸੀਂ ਜਾਂਚ ਅਧੀਨ ਦੋਸ਼ਾਂ ਬਾਰੇ ਆਪਣੀਆਂ ਚਿੰਤਾਵਾਂ ਸਪੱਸ਼ਟ ਕਰ ਦਿੱਤੀਆਂ ਹਨ। ਅਸੀਂ ਕਿਹਾ ਹੈ ਕਿ ਅਸੀਂ ਕੈਨੇਡਾ ਦੀ ਨਿਆਂਇਕ ਪ੍ਰਕਿਰਿਆ ਦਾ ਸਨਮਾਨ ਕਰਦੇ ਹਾਂ। ਅਸੀਂ ਆਪਣੇ ਵਿਚਾਰ ਭਾਰਤ ਤੱਕ ਪਹੁੰਚਾਉਂਦੇ ਹਾਂ, ਜਿਵੇਂ ਕਿ ਤੁਸੀਂ ਸਾਡੇ ਤੋਂ ਉਮੀਦ ਕਰਦੇ ਹੋ ਅਤੇ ਸਾਡੇ ਕੋਲ ਕਾਨੂੰਨ ਦੇ ਸ਼ਾਸਨ ਤੇ ਨਿਆਂਪਾਲਿਕਾ ਦੀ ਆਜ਼ਾਦੀ ਅਤੇ ਸਪੱਸ਼ਟ ਤੌਰ 'ਤੇ ਸਾਰੇ ਦੇਸ਼ਾਂ ਦੀ ਪ੍ਰਭੂਸੱਤਾ ਵਰਗੇ ਮਾਮਲਿਆਂ ਦੇ ਸੰਬੰਧ ਵਿੱਚ ਇੱਕ ਸਿਧਾਂਤਕ ਸਥਿਤੀ ਹੈ।

ਜੈਸ਼ੰਕਰ ਨੇ ਕਿਹਾ ਕਿ ਕੈਨੇਡਾ ਨੇ ਭਾਰਤੀ ਡਿਪਲੋਮੈਟਾਂ ਨੂੰ ● ਬਾਕੀ ਸਫ਼ਾ 2 'ਤੇ

## ਅੱਜ-ਨਾਮਾ

ਲੜੀ ਅਕਾਲੀਆਂ ਵੱਲੋਂ ਸੀ ਚੋਣ ਜਿਸ ਨੇ,
ਪਾਰਟੀ ਆਪ ਦੇ ਨਾਲ ਗਿਆ ਜੁੜ ਬੇਲੀ।
ਕਾਂਗਰਸ ਵਿੱਚੋਂ ਜੋ ਆਪ ਦੇ ਗਿਆ ਵੰਨੀਂ,
ਥਪੇੜੇ ਖਾਣ ਪਿੱਛੋਂ ਪਿਆ ਸੀ ਮੁੜ ਬੇਲੀ।
ਆਗੂ ਭਾਜਪਾ ਵੱਲੋਂ ਕਈ ਮੁੜੇ ਆਉਂਦੇ,
ਓਥੇ ਲੀਡਰਾਂ ਦੀ ਕੋਈ ਨਹੀਂ ਥੁੜ ਬੇਲੀ।
ਜੀਹਨੂੰ ਝੱਲਿਆ ਕਿਸੇ ਵੀ ਪਾਰਟੀ ਨਹੀਂ,
ਬੈਠਾ ਕੰਢੇ ਪਿਆ ਕਰੇ ਬੁੜ-ਬੁੜ ਬੇਲੀ।
ਮਿਹਣਾ ਕੋਈ ਨਾ ਅੱਜ ਆ ਦਲ-ਬਦਲੀ,
ਛੇ-ਛੇ ਪਲਟੀਆਂ ਗਏ ਕਈ ਮਾਰ ਬੇਲੀ।
ਸੱਤਵੀਂ ਵਾਰ ਵੀ ਮਿਲੂ ਇਹ ਨੇਕ ਮੌਕਾ,
ਉਡਾਰੀ ਮਾਰਨ ਨੂੰ ਯਾਰ ਤਿਆਰ ਬੇਲੀ।

-ਤੀਸ ਮਾਰ ਖਾਂ

## ਖਾਲਿਦ ਸੈਫੀ ਦੀ ਪਟੀਸ਼ਨ ਦਿੱਲੀ ਹਾਈ ਕੋਰਟ ਵੱਲੋਂ ਰੱਦ

**ਨਵੀਂ ਦਿੱਲੀ** : ਦਿੱਲੀ ਹਾਈ ਕੋਰਟ ਨੇ ਮੰਗਲਵਾਰ ਯੂਨਾਈਟਿਡ ਅਗੇਂਸਟ ਹੇਟ ਦੇ ਬਾਨੀ ਖਾਲਿਦ ਸੈਫੀ ਖਿਲਾਫ 2020 ਦੀ ਉੱਤਰ ਪੂਰਬੀ ਦਿੱਲੀ ਹਿੰਸਾ ਦੇ ਸੰਬੰਧ 'ਚ ਕਤਲ ਦੀ ਕੋਸ਼ਿਸ਼ ਦੇ ਦੋਸ਼ਾਂ ਨੂੰ ਸ਼ਾਮਲ ਕਰਨ ਦੇ ਹੇਠਲੀ ਅਦਾਲਤ ਦੇ ਫੈਸਲੇ ਨੂੰ ਚੁਣੌਤੀ ਦੇਣ ਵਾਲੀ ਪਟੀਸ਼ਨ ਨੂੰ ਖਾਰਜ ਕਰ ਦਿੱਤਾ। ਸੈਫੀ, ਜੋ ਨਾਗਰਿਕਤਾ ਸੋਧ ਕਾਨੂੰਨ (ਸੀ ਏ ਏ) ਵਿਰੋਧੀ ਪ੍ਰਦਰਸ਼ਨਾਂ 'ਚ ਸ਼ਾਮਲ ਪ੍ਰਮੁੱਖ ਕਾਰਕੁੰਨਾਂ ਵਿੱਚੋਂ ਇੱਕ ਸੀ, ਨੇ ਦੋਸ਼ਾਂ ਨੂੰ ਰੱਦ ਕਰਨ ਦੀ ਮੰਗ ਕਰਦਿਆਂ ਇਹ ਦਲੀਲ ਦਿੱਤੀ ਸੀ ਕਿ ਉਸ ਵਿਰੁੱਧ ਅਜਿਹੇ ਗੰਭੀਰ ਦੋਸ਼ ਲਗਾਉਣ ਦਾ ਕੋਈ ਆਧਾਰ ਨਹੀਂ ਹੈ।

ਹਾਲਾਂਕਿ ਜਸਟਿਸ ਮਨੋਜ ਕੁਮਾਰ ਓਹਰੀ ਦੀ ਬੈਂਚ ਨੇ ਹੇਠਲੀ ਅਦਾਲਤ ਦੇ ਫੈਸਲੇ ਨੂੰ ਬਰਕਰਾਰ ਰੱਖਿਆ, ਜਿਸ ਨੇ ਸੈਫੀ 'ਤੇ ਕਤਲ ਦੀ ਕੋਸ਼ਿਸ਼ ਸਮੇਤ ਦੰਗਿਆਂ ਨਾਲ ਸੰਬੰਧਤ ਹੋਰ ਦੋਸ਼ਾਂ ਦੇ ਨਾਲ-ਨਾਲ 50 ਤੋਂ ਵੱਧ ਲੋਕਾਂ ਦੀ ਮੌਤ ਅਤੇ ਵਿਆਪਕ ਹਿੰਸਾ ਨਾਲ ਸੰਬੰਧਤ ਦੋਸ਼ ਲਗਾਉਣ ਲਈ ਕਾਫੀ ਆਧਾਰ ਪਾਇਆ ਸੀ। ਖਾਲਿਦ ਸੈਫੀ ਦੇ ਵਕੀਲ ਨੇ ਦਲੀਲ ਦਿੱਤੀ ਸੀ ਕਿ ਧਾਰਾ 307 (ਹੱਤਿਆ ਦੀ ਕੋਸ਼ਿਸ਼) ਦੇ ਤਹਿਤ ਦੋਸ਼ ਲਾਗੂ ਨਹੀਂ ਹੋਣਾ ਚਾਹੀਦਾ, ਕਿਉਂਕਿ ਅਸਲਾ ਐਕਟ ਦੇ ਅਧੀਨ ਅਪਰਾਧਾਂ ਨੂੰ ਹਟਾ ਦਿੱਤਾ ਗਿਆ ਸੀ।

ਬਚਾਅ ਪੱਖ ਨੇ ਅੱਗੇ ਦਾਅਵਾ ਕੀਤਾ ਕਿ ਕੋਈ ਹਥਿਆਰ ਬਰਾਮਦ ਨਹੀਂ ਕੀਤਾ ਗਿਆ ਸੀ। ਜਨਵਰੀ 'ਚ ਦਿੱਲੀ ਦੀ ਇੱਕ ਅਦਾਲਤ ਨੇ ਖਾਲਿਦ ਸੈਫੀ ਅਤੇ ਕਈ ਹੋਰਾਂ ਵਿਰੁੱਧ ਕਤਲ ਦੀ ਕੋਸ਼ਿਸ਼, ਦੰਗੇ ਕਰਨ ਅਤੇ ਗੈਰਕਾਨੂੰਨੀ ਇਕੱਠ ਕਰਨ ਦੇ ਦੋਸ਼ ਤੈਅ ਕੀਤੇ ਸਨ।

ਖਾਲਿਦ ਸੈਫੀ ਸਮੇਤ ਹੋਰ ਸਹਿ-ਮੁਲਜ਼ਮਾਂ ਵੱਲੋਂ ਦਾਇਰ ਇਸੇ ਤਰ੍ਹਾਂ ਦੀਆਂ ਪਟੀਸ਼ਨਾਂ 'ਤੇ ਜਸਟਿਸ ਨਵੀਨ ਚਾਵਲਾ ਅਤੇ ਸ਼ਲਿੰਦਰ ਕੌਰ ਦੀ ਬੈਂਚ ਵੱਲੋਂ ਸੋਮਵਾਰ ਦੁਬਾਰਾ ਸੁਣਵਾਈ ਕੀਤੀ ਜਾਣੀ ਸੀ। ਹਾਲਾਂਕਿ ਬੈਂਚ ਸੁਣਵਾਈ ਦੀ ਆਖਰੀ ਮਿਤੀ 'ਤੇ ਇਕੱਠਾ ਨਹੀਂ ਹੋਈ ਅਤੇ ਜ਼ਮਾਨਤ ਪਟੀਸਨਾਂ ਦੀ ਸੁਣਵਾਈ 25 ਨਵੰਬਰ ਲਈ ਮੁਲਤਵੀ ਕਰ ਦਿੱਤੀ ਗਈ।

## ਮਾਤਾ ਗੁਜਰੀ ਜੀ ਭਲਾਈ ਕੇਂਦਰ ਬੁਢਲਾਡਾ ਦੀ ਮਾਸਿਕ ਮੀਟਿੰਗ



**ਬੁਢਲਾਡਾ (ਅਸ਼ੋਕ ਲਾਕੜਾ)**-ਮਾਤਾ ਗੁਜਰੀ ਜੀ ਭਲਾਈ ਕੇਂਦਰ ਬੁਢਲਾਡਾ ਵੱਲੋਂ ਧਰਮਸ਼ਾਲਾ ਮਾਤਾ ਕੱਲਰ ਵਾਲੀ ਵਿਖੇ ਮਹੀਨਾਵਾਰੀ ਮੀਟਿੰਗ ਕੀਤੀ ਗਈ, ਜਿਸ ਵਿੱਚ ਭਰਪੂਰ ਹਾਜ਼ਰੀ ਰਹੀ।ਮੀਟਿੰਗ ਵਿੱਚ ਸੰਸਥਾ ਦੇ ਪਿਛਲੇ ਮਹੀਨੇ ਕੀਤੇ ਕੰਮਾਂ ਤੇ ਅਗਲੇ ਮਹੀਨੇ ਦੇ ਰੁਝੇਵਿਆਂ ਬਾਰੇ ਵਿਚਾਰਾਂ ਦੇ ਨਾਲ ਹੀ ਸੰਸਥਾ ਵੱਲੋਂ ਆਪਣੇ ਦਫਤਰ ਤੇ ਲਾਇਬ੍ਰੇਰੀ ਵਾਸਤੇ ਲਈ ਗਈ ਭੂਮੀ ਬਾਰੇ ਵਿਚਾਰਾਂ ਕੀਤੀਆਂ।ਸ਼ਾਨਦਾਰ ਲਾਇਬ੍ਰੇਰੀ ਦਾ ਨਾਮ ਸ਼ਹੀਦ ਭਗਤ ਸਿੰਘ ਮੈਮੋਰੀਅਲ ਲਾਇਬ੍ਰੇਰੀ ਰੱਖਣ ਦਾ ਮਤਾ ਪਾਸ ਹੋਇਆ।ਹਰ ਸਾਲ ਦੀ ਤਰ੍ਹਾਂ ਹੀ ਸ੍ਰੀ ਗੁਰੂ ਤੇਗ ਬਹਾਦੁਰ ਜੀ ਦੇ ਸ਼ਹੀਦੀ ਦਿਹਾੜੇ ਮੌਕੇ ਇੱਕ ਮੈਡੀਕਲ ਕੈਂਪ ਲਗਾਉਣ ਦਾ ਫ਼ੈਸਲਾ ਪਾਸ ਕੀਤਾ।ਸੰਸਥਾ ਦੀ ਥਾਂ ਲਈ ਭੂਮੀ ਦਾਨ ਯੋਜਨਾ ਸ਼ੁਰੂ ਕੀਤੀ ਗਈ, ਜਿਸ ਅਨੁਸਾਰ ਭੂਮੀ ਦਾਨ ਲਈ 10000 ਰੁਪਏ ਪ੍ਰਤੀ ਗਜ਼ ਜਾਂ 1100 ਰੁਪਏ ਪ੍ਰਤੀ ਫੁੱਟ ਭੇਟਾ ਤਹਿ ਕੀਤੀ ਗਈ ਹੈ।ਸ਼ੁਰੂਆਤ ਵਿੱਚ ਸੰਸਥਾ ਦੇ ਤਿੰਨੋਂ ਆਗੂ ਕੁਲਦੀਪ ਸਿੰਘ ਅਨੇਜਾ, ਕੁਲਵਿੰਦਰ ਸਿੰਘ ਰਿਟਾਇਰਡ ਈ ਓ ਤੇ ਮਾਸਟਰ ਕੁਲਵੰਤ ਸਿੰਘ ਵੱਲੋਂ ਦਸ-ਦਸ ਗਜ ਭੂਮੀ ਦਾਨ ਕਰਦੇ ਹੋਏ ਇੱਕ ਇੱਕ ਲੱਖ ਰੁਪਏ ਸੰਸਥਾ ਨੂੰ ਦੇਣ ਦਾ ਐਲਾਨ ਕੀਤਾ।ਮਾਤਾ ਗੁਜਰੀ ਜੀ ਭਲਾਈ ਕੇਂਦਰ ਵੱਲੋਂ ਸਾਰੇ ਦਾਨੀ ਸੱਜਣਾਂ ਨੂੰ ਆਪਣੀ ਸਮਰਥਾ ਅਨੁਸਾਰ ਭੂਮੀ ਦਾਨ ਕਰਨ ਦੀ ਅਪੀਲ ਕੀਤੀ ਗਈ।ਤੁਹਾਡੇ ਵੱਲੋਂ ਇਸ ਦਾਨ ਕੀਤੀ ਭੂਮੀ ਤੇ ਬਹੁਤ ਹੀ ਮਹਾਨ ਭਲਾਈ ਦੇ ਕਾਰਜ ਹੋਣਗੇ ਤੇ ਲੋੜਵੰਦਾਂ ਦੀਆਂ ਦੁਆਵਾਂ ਨਾਲ ਤੁਹਾਡਾ ਪਰਵਾਰ ਸੁਖੀ ਰਹੇਗਾ। ਭੂਮੀ ਦਾਨ ਲਈ 22 ਦਸੰਬਰ ਨੂੰ ਇੱਕ ਸ਼ੁਕਰਾਨਾ ਤੇ ਸਨਮਾਨ ਸਮਾਗਮ ਵੀ ਕਰਵਾਇਆ ਜਾਵੇਗਾ। ਮੀਟਿੰਗ ਵਿੱਚ ਕਈ ਮੈਂਬਰਾਂ ਨੇ ਆਪਣੇ ਵਿਚਾਰ ਰੱਖੇ।ਅਖੀਰ ਵਿੱਚ ਸੰਸਥਾ ਆਗੂਆਂ ਵੱਲੋਂ ਪਹੁੰਚੇ ਮੈਂਬਰਾਂ ਦਾ ਧੰਨਵਾਦ ਕੀਤਾ ਗਿਆ।

## ਅਢਿਆਣਾ ਦੀ ਨਵੀਂ ਪੰਚਾਇਤ ਗੁਰਦੁਆਰਾ ਸਾਹਿਬ ਵਿਖੇ ਹੋਈ ਨਤਮਸਤਕ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਬਲਾਕ ਮਾਛੀਵਾੜਾ ਸਾਹਿਬ ਅਧੀਨ ਪੈਂਦੇ ਪਿੰਡ ਅਢਿਆਣਾ ਦੀ ਨਵੀਂ ਚੁਣੀ ਪੰਚਾਇਤ ਵੱਲੋਂ ਗੁਰਦੁਆਰਾ ਸਾਹਿਬ ਵਿਖੇ ਨਤਮਸਤਕ ਹੋ ਕੇ ਅਕਾਲ ਪੁਰਖ ਦਾ ਸ਼ੁਕਰਾਨਾ ਕੀਤਾ ਗਿਆ। ਇਸ ਮੌਕੇ ਪਾਠ ਦੇ ਭੋਗ ਉਪਰੰਤ ਸਰਬੱਤ ਦੇ ਭਲੇ ਲਈ ਅਰਦਾਸ ਕੀਤੀ। ਸਰਬਸੰਮਤੀ ਨਾਲ ਚੁਣੀ ਗਈ ਨਵੀਂ ਪੰਚਾਇਤ ਵਿੱਚ ਸਰਪੰਚ ਗੁਰਜੀਤ ਕੌਰ ਪਤਨੀ ਕੁਲਵੰਤ ਸਿੰਘ ਪ੍ਰਧਾਨ ਰਾਣਵਾਂ ਸਹਿਕਾਰੀ ਸੁਸਾਇਟੀ, ਨਿਰਮਲ ਸਿੰਘ, ਗੁਰਦੀਪ ਸਿੰਘ, ਹਰਪਾਲ ਸਿੰਘ, ਕਰਮਜੀਤ ਕੌਰ ਤੇ ਕਰਮਜੀਤ ਕੌਰ (ਸਾਰੇ ਪੰਚਾਇਤ ਮੈਂਬਰ) ਨੇ ਨਗਰ ਵਾਸੀਆਂ ਨੂੰ ਵਿਸ਼ਵਾਸ ਦਿਵਾਇਆ ਕਿ ਉਹ ਹਮੇਸ਼ਾ ਪਿੰਡ ਦਾ ਵਿਕਾਸ ਕਰਨਗੇ ਤੇ ਲੋਕਾਂ ਦੀਆਂ ਸਮੱਸਿਆਵਾਂ ਨੂੰ ਹੱਲ ਕਰਵਾਉਣ ਲਈ ਤਤਪਰ ਰਹਿਣਗੇ। ਪੰਚਾਇਤ ਨੇ ਕਿਹਾ ਕਿ ਸਮੂਹ ਪਿੰਡ ਵਾਸੀਆਂ ਨੇ ਇੱਕਜੁਟਤਾ ਦਾ ਪ੍ਰਗਟਾਵਾ ਕਰਕੇ ਜੋ ਉਨ੍ਹਾਂ 'ਤੇ ਵਿਸ਼ਵਾਸ ਪ੍ਰਗਾਇਆ ਹੈ, ਉਨ੍ਹਾਂ ਦੀਆਂ ਆਸਾਂ 'ਤੇ ਖ਼ਰਾ ਉਤਰਨਗੇ। ਇਸ ਮੌਕੇ ਕਰਮਜੀਤ ਸਿੰਘ ਅਢਿਆਣਾ, ਜੋਗਿੰਦਰ ਸਿੰਘ, ਸਵਰਨ ਸਿੰਘ, ਨਰਿੰਦਰਪਾਲ ਸਿੰਘ, ਸੁਰਜੀਤ ਸਿੰਘ, ਭੁਪਿੰਦਰ ਸਿੰਘ (ਸਾਰੇ ਸਾਬਕਾ ਸਰਪੰਚ), ਮੀਤ ਪ੍ਰਧਾਨ ਬੀਕੇਯੂ ਰਾਜੇਵਾਲ ਸੁਖਵਿੰਦਰ ਸਿੰਘ ਭੱਟੀਆਂ, ਰਣਜੀਤ ਸਿੰਘ ਸਾਬਕਾ ਚੇਅਰਮੈਨ, ਰਜਿੰਦਰ ਸਿੰਘ ਰਾਣਵਾਂ, ਸ਼ੇਰ ਸਿੰਘ, ਜਸਵਿੰਦਰ ਸਿੰਘ, ਚਰਨਜੀਤ ਸਿੰਘ, ਨੰਬਰਦਾਰ ਮਹਿੰਦਰਪਾਲ ਸਿੰਘ, ਦਰਸ਼ਨ ਸਿੰਘ, ਸੁੱਚਾ ਸਿੰਘ, ਜੀਤ ਸਿੰਘ, ਅਜੈਬ ਸਿੰਘ, ਤਰਸੇਮ ਲਾਲ, ਆਤਮਾ ਸਿੰਘ, ਮਨਪ੍ਰੀਤ ਸਿੰਘ, ਪ੍ਰਦੀਪ ਸਿੰਘ, ਸੁਖਦੇਵ ਸਿੰਘ, ਪਵਿੱਤਰ ਸਿੰਘ, ਪਰਮਜੀਤ ਸਿੰਘ, ਚਰਨ ਸਿੰਘ, ਨਰਿੰਦਰ ਸਿੰਘ, ਗੁਰਪਾਲ ਸਿੰਘ, ਦਰਬਾਰਾ ਸਿੰਘ ਮੌਜੂਦ ਸਨ।

## 'ਝੋਨਾ' ਲੈ ਕੇ ਸਰਬਜੀਤ ਸੰਧੂ ਲੋਕਾਂ ਦੀ ਕਚਹਿਰੀ 'ਚ ਹਾਜ਼ਰ




**ਬਠਿੰਡਾ (ਰਾਜੀਵ ਗੋਇਲ)**-ਇਨ੍ਹੀਂ ਦਿਨੀਂ ਐੱਸ ਐੱਸ ਰਿਕਾਰਡਜ਼ ਕੰਪਨੀ ਵੱਲੋਂ ਸਰਬਜੀਤ ਸੰਧੂ ਤੇ ਪਾਲੀ ਸਿੱਧੂ ਦੀ ਅਵਾਜ਼ ਵਿੱਚ ਰਿਕਾਰਡ ਕੀਤੇ ਗਏ ਗੀਤ 'ਝੋਨਾ' ਨੂੰ ਲੈ ਕੇ ਸਰਬਜੀਤ ਸੰਧੂ ਲੋਕਾਂ ਦੀ ਕਚਹਿਰੀ 'ਚ ਹਾਜ਼ਰ ਹੋਏ ਹਨ ਅਤੇ ਆਮ ਲੋਕਾਂ ਵੱਲੋਂ ਇਸ ਗੀਤ ਨੂੰ ਭਰਪੂਰ ਹੁੰਗਾਰਾ ਦਿੱਤਾ ਜਾ ਰਿਹਾ ਹੈ। ਇਸ ਗੀਤ ਦੀ ਵੀਡੀਓ ਹੋਰ ਵੀ ਦੇਖਣਯੋਗ ਹੈ, ਕਿਉਂਕਿ ਇਸ ਗੀਤ ਵਿੱਚ ਸਥਾਨਕ ਖਾਨਦਾਨ ਪਰਵਾਰ ਨਾਲ ਸੰਬੰਧਤ ਇੰਦਰਜੀਤ ਸਿੰਘ ਬਿੱਟੂ ਦੀ ਆੜ੍ਹਤੀਏ ਦੇ ਰੋਲ ਦੀ ਭੂਮਿਕਾ ਅਤਿ ਸੁੰਦਰ ਤੇ ਦੇਖਣਯੋਗ ਹੈ। ਇਸ ਗੀਤ ਦਾ ਮਿਊਜ਼ਿਕ ਰਵੀ ਸ਼ੰਕਰ, ਸੰਗੀਤ ਗੀਤਕਾਰ ਸੇਵਕ ਵਿਧਾਤਾ, ਪੇਸ਼ਕਸ਼ ਉਸਤਾਦ ਗੁਰਤੇਜ ਕਾਬੁਲ, ਔਰਤ ਸੀਨ ਦੀਆ ਛਾਬੜਾ, ਵੀਡੀਓਗ੍ਰਾਫੀ ਈ ਪੀ ਬੰਟੂ ਅਤੇ ਵੀਡੀਓ ਐਡੀਟਿੰਗ ਸੋਨੀ ਗਿੱਲ ਵੱਲੋਂ ਕੀਤੀ ਗਈ ਹੈ।

## ਪੈਨਸ਼ਨਰ ਭਲਕੇ ਗਿੱਦੜਬਾਹਾ 'ਚ ਕਰਨਗੇ ਰੋਸ ਪ੍ਰਦਰਸ਼ਨ : ਓਮ ਪ੍ਰਕਾਸ਼



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਪੰਜਾਬ ਪੈਨਸ਼ਨਰਜ਼ ਯੂਨੀਅਨ ਦੀ ਮੀਟਿੰਗ ਪ੍ਰਧਾਨ ਬਲਵੰਤ ਸਿੰਘ ਸੰਧੂ ਤੇ ਸੀਨੀਅਰ ਮੀਤ ਪ੍ਰਧਾਨ ਰਾਜ ਪਾਲ ਬੇਰੀ ਦੀ ਪ੍ਰਧਾਨਗੀ ਵਿੱਚ ਕਾਮਰੇਡ ਜਰਨੈਲ ਸਿੰਘ ਟਰੱਸਟ ਵਿੱਚ ਕੀਤੀ ਗਈ। ਮੀਟਿੰਗ ਵਿੱਚ ਪੈਨਸ਼ਨਰਾਂ ਦੀਆਂ ਲੰਮੇ ਸਮੇਂ ਤੋਂ ਲਟਕ ਰਹੀਆਂ ਹੱਕਾਂ ਬਾਰੇ ਵਿਚਾਰ ਵਰਚਾ ਕੀਤੀ ਗਈ। ਮੀਟਿੰਗ ਵਿੱਚ ਪੈਨਸ਼ਨਰ ਆਗੂਆਂ ਗੁਰਤੇਜ ਸਿੰਘ ਬਰਾੜ, ਮਲਕੀਤ ਚੰਦ ਪਾਸੀ ਨੇ ਦੱਸਿਆ ਕਿ 7 ਨਵੰਬਰ ਨੂੰ ਗਿੱਦੜਬਾਹਾ ਵਿੱਚ ਸਰਕਾਰ ਖਿਲਾਫ ਰੋਸ ਮਾਰਚ ਕੀਤਾ ਜਾਵੇਗਾ। ਆਗੂਆਂ ਨੇ ਸਰਕਾਰ ਤੇ ਦੋਸ਼ ਲਾਇਆ ਕਿ ਸਰਕਾਰ 38 ਪ੍ਰਤੀਸ਼ਤ ਤੋਂ ਵਧਾ ਕੇ ਡੀ ਏ 42 ਪ੍ਰਤੀਸ਼ਤ ਕਰਕੇ 4 ਪ੍ਰਤੀਸ਼ਤ ਦਾ ਵਾਧਾ ਕਰਕੇ ਤੋਹਫਾ ਦੱਸ ਰਹੀ ਹੈ, ਜਦਕਿ ਕੇਂਦਰ ਸਰਕਾਰ ਦੇ ਮੁਲਾਜ਼ਮ, ਪੈਨਸ਼ਨਰ ਤੇ ਗੁਆਂਢੀ ਰਾਜਾਂ ਦੇ ਪੈਨਸ਼ਨਰ 53 ਪ੍ਰਤੀਸ਼ਤ ਡੀ ਏ ਲੈ ਰਹੇ ਹਨ ਅਤੇ ਪੇ ਕਮਿਸ਼ਨ ਦਾ ਸਾਰਾ ਬਕਾਇਆ ਤੇ ਡੀ ਏ ਦਾ ਬਕਾਇਆ ਲੈ ਚੁੱਕੇ ਹਨ। ਪੰਜਾਬ ਸਰਕਾਰ ਪੈਨਸ਼ਨਰ ਮੁਲਾਜ਼ਮਾਂ ਦਾ ਪੇ ਕਮਿਸ਼ਨ ਤੇ ਡੀ ਏ ਦਾ ਕਰੋੜਾਂ ਰੁਪਏ ਬਕਾਇਆ ਨੱਪੀ ਬੈਠੀ ਹੈ। ਬਹੁਤ ਸਾਰੇ ਪੈਨਸ਼ਲਰ ਬਕਾਇਆ ਉਡੀਕਦੇ ਰੱਬ ਨੂੰ ਪਿਆਰੇ ਹੋ ਗਏ ਹਨ। ਮੀਟਿੰਗ ਵਿੱਚ ਸੂਬਾ ਕਮੇਟੀ ਦੇ ਆਗੂ ਅਵਤਾਰ ਸਿੰਘ ਤੇ ਜਸਵਿੰਦਰ ਸਿੰਘ ਢਿੱਲੋਂ ਪਹੁੰਚੇ ਤੇ ਆਪਣੇ ਵਿਚਾਰ ਰੱਖੇ।

## ਮੁੱਖ ਮੰਤਰੀ ਵੱਲੋਂ 6ਵੇਂ ਨਾਭਾ ਕਬੱਡੀ ਕੱਪ ਦਾ ਪੋਸਟਰ ਰਿਲੀਜ਼



**ਨਾਭਾ (ਵਰਿੰਦਰ ਵਰਮਾ)**-ਆਜ਼ਾਦ ਵੈੱਲਫੇਅਰ ਐਂਡ ਸਪੋਰਟਸ ਕਲੱਬ ਰਜਿ. ਨਾਭਾ ਵੱਲੋਂ ਐੱਨ. ਆਰ. ਆਈ. ਤੇ ਇਲਾਕਾ ਨਿਵਾਸੀਆਂ ਦੇ ਸਹਿਯੋਗ ਨਾਲ ਜ਼ਿਲ੍ਹਾ ਯੋਜਨਾ ਬੋਰਡ ਪਟਿਆਲਾ ਦੇ ਚੇਅਰਮੈਨ ਜੱਸੀ ਸੋਹੀਆਂ ਵਾਲਾ ਦੀ ਅਗਵਾਈ ਹੇਠ ਰਿਪੁਦਮਨ ਕਾਲਜ ਸਟੇਡੀਅਮ ਨਾਭਾ ਵਿਖੇ 16 ਤੇ 17 ਨਵੰਬਰ ਨੂੰ ਹੋਣ ਵਾਲੇ 6ਵੇਂ ਨਾਭਾ ਕਬੱਡੀ ਕੱਪ ਦਾ ਪੋਸਟਰ ਪੰਜਾਬ ਦੇ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਨੇ ਰਿਲੀਜ਼ ਕੀਤਾ।ਇਸ ਮੌਕੇ ਸਾਬਕਾ ਮੰਤਰੀ ਗੁਰਮੀਤ ਸਿੰਘ ਮੀਤ ਹੇਅਰ ਮੈਂਬਰ ਪਾਰਲੀਮੈਂਟ, ਸੁਖਵੀਰ ਸਿੰਘ ਸੁੱਖੀ ਓ.ਐੱਸ.ਡੀ. ਮੁੱਖ ਮੰਤਰੀ ਪੰਜਾਬ, ਗਿਆਨ ਸਿੰਘ ਮਾਨ, ਕੁਲਦੀਪ ਸਿੰਘ ਮਾਮਾ ਯੂ.ਐੱਸ.ਏ. ਤੇ ਕੁਲਦੀਪ ਸਿੰਘ ਚੀਮਾ ਵੀ ਮੌਜੂਦ ਸਨ।ਇਸ ਮੌਕੇ ਗੱਲਬਾਤ ਕਰਦਿਆਂ ਕਲੱਬ ਪ੍ਰਧਾਨ ਤੇ ਜ਼ਿਲ੍ਹਾ ਯੋਜਨਾ ਬੋਰਡ ਦੇ ਚੇਅਰਮੈਨ ਜੱਸੀ ਸੋਹੀਆਂ ਵਾਲਾ ਨੇ ਦੱਸਿਆ ਕਿ ਇਸ ਮੌਕੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਹਰ ਸਾਲ ਆਜ਼ਾਦ ਵੈੱਲਫੇਅਰ ਐਂਡ ਸਪੋਰਟਸ ਕਲੱਬ ਰਜਿ. ਨਾਭਾ ਵੱਲੋਂ ਨੌਜਵਾਨਾਂ ਨੂੰ ਖੇਡਾਂ ਵੱਲ ਉਤਸ਼ਾਹਤ ਕਰਨ ਲਈ ਕਰਵਾਏ ਜਾਂਦੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ।ਚੇਅਰਮੈਨ ਜੱਸੀ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ ਬਤੌਰ ਮੁੱਖ ਮਹਿਮਾਨ ਵਜੋਂ ਇਸ ਕਬੱਡੀ ਕੱਪ ਵਿੱਚ ਸ਼ਿਰਕਤ ਕਰਨ ਲਈ ਸੱਦਾ ਪੱਤਰ ਵੀ ਦਿੱਤਾ ਗਿਆ।

## ਗੁਰੂ ਨਾਨਕ ਨੈਸ਼ਨਲ ਕਾਲਜ ਨੇ ਵੇਟ ਲਿਫ਼ਟਿੰਗ 'ਚ ਮਾਰੀਆਂ ਮੱਲਾਂ



**ਦੋਰਾਹਾ (ਹਰਮਿੰਦਰ ਸੇਠ)**-ਗੁਰੂ ਨਾਨਕ ਨੈਸ਼ਨਲ ਕਾਲਜ ਦੋਰਾਹਾ ਦੀ ਵੇਟ ਲਿਫਟਿੰਗ ਟੀਮ ਨੇ ਪੰਜਾਬ ਯੂਨੀਵਰਸਿਟੀ ਦੁਆਰਾ ਕਰਵਾਏ ਗਏ ਅੰਤਰ-ਕਾਲਜ ਮੁਕਾਬਲਿਆਂ ਵਿੱਚ ਭਾਗ ਲੈ ਕੇ ਕਾਲਜ ਦਾ ਨਾਮ ਰੌਸ਼ਨ ਕੀਤਾ ਹੈ।ਇਹ ਜਾਣਕਾਰੀ ਦਿੰਦਿਆਂ ਕਾਲਜ ਪ੍ਰਿੰਸੀਪਲ ਡਾ. ਸਰਵਜੀਤ ਕੌਰ ਬਰਾੜ ਨੇ ਦੱਸਿਆ ਕਿ 26 ਤੇ 27 ਅਕਤੂਬਰ ਨੂੰ ਹੋਏ ਵੇਟ ਲਿਫਟਿੰਗ ਖੇਡ ਮੁਕਾਬਲਿਆਂ ਵਿੱਚ ਕਾਲਜ ਦੀ ਟੀਮ ਵਿੱਚੋਂ ਕਰਮਜੀਤ ਕੌਰ ਨੇ 49 ਕਿਲੋਗ੍ਰਾਮ ਭਾਰ-ਵਰਗ ਦੇ ਵਿੱਚ ਭਾਗ ਲੈਂਦਿਆਂ ਕਾਂਸੀ ਦਾ ਤਮਗਾ ਤੇ ਰਵੀ ਪ੍ਰਸ਼ਾਦ ਨੇ 55 ਕਿਲੋਗ੍ਰਾਮ ਭਾਰ-ਵਰਗ ਦੇ ਵਿੱਚ ਭਾਗ ਲੈਂਦਿਆਂ ਕਾਂਸੀ ਦਾ ਤਮਗਾ ਹਾਸਲ ਕਰਕੇ ਕਾਲਜ ਦਾ ਨਾਮ ਰੌਸ਼ਨ ਕੀਤਾ।ਇਸ ਗਤੀਵਿਧੀ ਦੇ ਆਯੋਜਨ ਵਿੱਚ ਸਰੀਰਕ ਸਿੱਖਿਆ ਵਿਭਾਗ ਦੇ ਮੁਖੀ ਤੇ ਡੀਨ ਆਫ਼ ਸਪੋਰਟਸ ਡਾ. ਨਿਰਲੇਪ ਕੌਰ, ਡਾ. ਕਰਮਜੀਤ ਸਿੰਘ ਤੇ ਕੋਚ ਸ੍ਰੀ ਰਮੇਸ਼ ਚੰਦ ਨੇ ਯੋਗਦਾਨ ਪਾਇਆ।ਇਸ ਸ਼ਾਨਦਾਰ ਪ੍ਰਾਪਤੀ ਲਈ ਕਾਲਜ ਪ੍ਰਬੰਧਕੀ ਕਮੇਟੀ ਦੇ ਅਹੁਦੇਦਾਰਾਂ, ਮੈਂਬਰ ਸਾਹਿਬਾਨ ਤੇ ਕਾਲਜ ਪ੍ਰਿੰਸੀਪਲ ਡਾ. ਸਰਵਜੀਤ ਕੌਰ ਬਰਾੜ ਨੇ ਸਰੀਰਕ ਸਿੱਖਿਆ ਵਿਭਾਗ ਦੇ ਆਧਿਆਪਕਾਂ ਤੇ ਖਿਡਾਰੀ ਵਿਦਿਆਰਥੀਆਂ ਨੂੰ ਮੁਬਾਰਕਬਾਦ ਦਿੱਤੀ।

# ਝੋਨੇ ਦੀ ਢਿੱਲੀ ਖਰੀਦ ਤੇ ਡੀ ਏ ਪੀ ਦੀ ਕਿੱਲਤ ਨੂੰ ਲੈ ਕੇ ਅਕਾਲੀ ਦਲ ਵੱਲੋਂ ਧਰਨਾ ਪ੍ਰਦਰਸ਼ਨ

**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਸੂਬੇ ਦੀਆਂ ਮੰਡੀਆਂ ਵਿੱਚ ਝੋਨੇ ਦੀ ਚੱਲ ਰਹੀ ਢਿੱਲੀ ਖਰੀਦ ਤੇ ਲਿਫਟਿੰਗ ਦੇ ਮਾੜੇ ਪ੍ਰਬੰਧਾਂ ਅਤੇ ਡੀਏਪੀ ਦੀ ਕਿੱਲਤ ਨੂੰ ਲੈ ਕੇ ਸ਼੍ਰੋਮਣੀ ਅਕਾਲੀ ਦਲ ਦੇ ਸੱਦੇ 'ਤੇ ਹਲਕਾ ਇੰਚਾਰਜ ਬਾਬੂ ਕਬੀਰ ਦਾਸ ਦੀ ਅਗਵਾਈ ਵਿੱਚ ਦਲ ਦੇ ਵਰਕਰਾਂ ਨੇ ਐੱਸ ਡੀ ਐੱਮ ਦਫਤਰ ਪਾਤੜਾਂ ਸਾਹਮਣੇ ਰੋਹ ਭਰਪੂਰ ਮੁਜ਼ਾਹਰਾ ਕੀਤਾ।ਇਸ ਦੌਰਾਨ ਇਕੱਤਰ ਦਲ ਦੇ ਵਰਕਰਾਂ ਨੇ ਪੰਜਾਬ ਤੇ ਕੇਂਦਰ ਸਰਕਾਰ ਖਿਲਾਫ ਜੰਮ ਕੇ ਨਾਅਰੇਬਾਜ਼ੀ ਕੀਤੀ। ਰੋਸ ਧਰਨਾ ਨੂੰ ਸੰਬੋਧਨ ਕਰਦਿਆਂ ਯੂਥ ਅਕਾਲੀ ਦਲ ਦੇ ਪੀਐੱਸਸੀ ਕਮੇਟੀ ਮੈਂਬਰ ਜਗਮੀਤ ਸਿੰਘ ਹਰਿਆਊ ਤੇ ਜ਼ਿਲ੍ਹਾ ਯੋਜਨਾ ਬੋਰਡ ਦੇ ਸਾਬਕਾ ਚੇਅਰਮੈਨ ਮਹਿੰਦਰ ਸਿੰਘ ਲਾਲਵਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਪਿਛਲੇ ਸਮੇਂ ਦੌਰਾਨ ਝੋਨੇ ਦੀ ਖਰੀਦ ਨੂੰ ਲੈ ਕੇ ਵੱਡੇ ਵੱਡੇ ਦਾਅਵੇ ਕਰਦੇ ਰਹੇ ਹਨ, ਪਰ ਹਕੀਕਤ ਇਹ ਹੈ ਕਿ ਸਰਕਾਰ ਨੇ ਝੋਨੇ ਦੀ ਖਰੀਦ ਤੇ ਇਸ ਦੀ ਸਾਂਭ ਸੰਭਾਲ ਲਈ ਨਾ ਤਾਂ ਕੇਂਦਰ ਸਰਕਾਰ ਨਾਲ ਕੋਈ ਗੱਲਬਾਤ ਕੀਤੀ ਤੇ ਨਾ ਹੀ ਕੋਈ ਠੋਸ ਕਦਮ ਚੁੱਕਿਆ, ਜਿਸ ਕਰਕੇ ਅੱਜ ਕਿਸਾਨ ਕਈ ਕਈ ਦਿਨਾਂ ਤੋਂ ਮੰਡੀਆਂ ਵਿੱਚ ਰੁਲ ਰਿਹਾ ਹੈ।ਉਨ੍ਹਾਂ ਕਿਹਾ ਕਿ ਪ੍ਰਕਾਸ਼ ਸਿੰਘ ਬਾਦਲ ਦੀਆਂ ਸਰਕਾਰ ਸਮੇਂ ਕਦੇ ਵੀ ਕਿਸਾਨਾਂ ਨੂੰ ਅਜਿਹੀ ਦਿੱਕਤ ਦਾ ਸਾਹਮਣਾ ਨਹੀਂ ਸੀ ਕਰਨਾ ਪਿਆ।ਕੇਂਦਰ ਸਰਕਾਰ 'ਤੇ ਤਿੱਖਾ ਹਮਲਾ ਕਰਦਿਆਂ ਅਕਾਲੀ ਆਗੂਆਂ ਨੇ ਕਿਹਾ ਕਿ ਭਾਜਪਾ ਕਿਸਾਨਾਂ ਨਾਲ ਦਿੱਲੀ ਕਿਸਾਨ ਅੰਦੋਲਨ ਦੀ ਦੁਸ਼ਮਣੀ ਕੱਢਣ ਉੱਤੇ ਤੁਲੀ ਹੋਈ ਹੈ।ਇਸ ਮੌਕੇ ਹੋਰਨਾਂ ਤੋਂ ਇਲਾਵਾ ਸਾਬਕਾ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਪ੍ਰਿੰਸੀਪਲ ਨਿਧਾਨ ਸਿੰਘ ਜੈਖਰ, ਦਿਹਾਤੀ ਪ੍ਰਧਾਨ ਗੁਰਦੀਪ ਸਿੰਘ ਖੰਗ, ਪੀਏਡੀਬੀ ਦੇ ਸਾਬਕਾ ਚੇਅਰਮੈਨ ਗੁਰਬਚਨ ਸਿੰਘ ਮੌਲਵੀਵਾਲਾ, ਮਹਿਲ ਸਿੰਘ ਗਲੌਲੀ, ਯੂਥ ਅਕਾਲੀ ਆਗੂ ਦਵਿੰਦਰ ਸਿੰਘ ਸਿੱਧੂ, ਸ਼ਹਿਰੀ ਪ੍ਰਧਾਨ ਵਿਸ਼ਾਲ ਗੋਇਲ, ਨਰਿੰਦਰ ਸਿੰਘ ਬਜਾਜ, ਜੋਗਿੰਦਰ ਸਿੰਘ ਬਾਵਾ, ਗੁਰਦੀਪ ਸਿੰਘ ਮੱਲੀ, ਬਲਦੇਵ ਸਿੰਘ ਚੀਮਾ ਆਦਿ ਹਾਜ਼ਰ ਸਨ।




ਪਾਤੜਾਂ



ਮਲੋਟ

**ਮਲੋਟ (ਗੁਰਮੀਤ ਸਿੰਘ ਮੱਕੜ)** : ਝੋਨੇ ਦੀ ਖ਼ਰੀਦ ਤੇ ਡੀ.ਏ.ਪ. ਖਾਦ ਦੀ ਕਿੱਲਤ ਨੂੰ ਲੈ ਕੇ ਸਰਕਾਰ ਖਿਲਾਫ ਸ਼੍ਰੋਮਣੀ ਅਕਾਲੀ ਦਲ ਬਾਦਲ ਪਾਰਟੀ ਵੱਲੋਂ ਪੂਰੇ ਪੰਜਾਬ ਦੇ ਵਿਧਾਨ ਸਭਾ ਹਲਕਿਆਂ ਵਿਚ ਰੋਸ ਧਰਨੇ ਦਿੱਤੇ ਜਾ ਰਹੇ ਹਨ। ਇਸੇ ਤਹਿਤ ਸਾਬਕਾ ਵਿਧਾਇਕ ਤੇ ਸ਼੍ਰੋਮਣੀ ਅਕਾਲੀ ਦਲ ਦੇ ਕੌਮੀ ਸੀਨੀਅਰ ਮੀਤ ਪ੍ਰਧਾਨ ਹਰਪ੍ਰੀਤ ਸਿੰਘ ਕੋਟਭਾਈ ਦੀ ਅਗਵਾਈ ਵਿੱਚ ਮਲੋਟ ਤਹਿਸੀਲ ਦਫ਼ਤਰ ਵਿੱਚ ਧਰਨਾ ਦਿੱਤਾ ਤੇ ਪੰਜਾਬ ਸਰਕਾਰ ਤੋਂ ਕੀਤੀ ਮੰਗ ਕਿ ਸਰਕਾਰ ਮੰਡੀਆਂ ਵਿੱਚ ਰੁਲ ਰਹੇ ਹਨ ਅਤੇ ਕਿਸਾਨ ਤੇ ਉਸ ਦੀ ਪੁੱਤਾਂ ਵਾਂਗੂ ਪਾਲੀ ਫਸਲ ਝੋਨੇ ਦੀ ਸਾਰ ਲਵੇ ਅਤੇ ਜੋ ਕਾਟ ਲੱਗ ਰਹੇ ਹਨ, ਉਸ ਨੂੰ ਤੁਰੰਤ ਬੰਦ ਕੀਤਾ ਜਾਵੇ। ਸਾਬਕਾ ਵਿਧਾਇਕ ਹਰਪ੍ਰੀਤ ਸਿੰਘ ਨੇ ਇਹ ਵੀ ਮੰਗ ਕੀਤੀ ਕਿ ਕਿਸਾਨਾਂ ਨੂੰ ਡੀ.ਏ.ਪੀ ਖਾਦ ਤੁਰੰਤ ਦਿੱਤੀ ਜਾਵੇ। ਉਨ੍ਹਾਂ ਕਿਹਾ ਕਿ ਕਿਸਾਨ ਪਹਿਲਾਂ ਮੰਡੀਆਂ ਵਿੱਚ ਰੁਵ ਰਿਹਾ ਹੈ ਤੇ ਹੁਣ ਉਸ ਨੂੰ ਕਣਕ ਦੀ ਬਿਜਾਈ ਲਈ ਡੀ.ਏ.ਪੀ. ਖਾਦ ਲਈ ਖੱਜਲ ਖੁਆਰ ਹੋਣਾ ਪੈ ਰਿਹਾ ਹੈ। ਉਨ੍ਹਾਂ ਇਸ ਵਰਤਾਰੇ ਲਈ ਆਮ ਆਦਮੀ ਪਾਰਟੀ ਦੀ ਸਰਕਾਰ ਦੀ ਨਿੰਦਾ ਕੀਤੀ।

**ਨਾਭਾ (ਵਰਿੰਦਰ ਵਰਮਾ)** : ਸ਼੍ਰੋਮਣੀ ਅਕਾਲੀ ਦਲ ਦੇ ਕਾਰਜਕਾਰੀ ਪ੍ਰਧਾਨ ਬਲਵਿੰਦਰ ਸਿੰਘ ਭੂੰਦੜ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਹਲਕਾ ਇੰਚਾਰਜ ਨਾਭਾ ਮੱਖਣ ਸਿੰਘ ਲਾਲਕਾ ਦੀ ਅਗਵਾਈ ਹੇਠ ਵਰਕਰਾਂ ਤੇ ਆਗੂਆਂ ਨੇ ਪੰਜਾਬ ਦੀ ਮੌਜੂਦਾ ਆਮ ਆਦਮੀ ਪਾਰਟੀ ਦੀ ਸਰਕਾਰ ਖਿਲਾਫ ਕਿਸਾਨਾਂ ਦੀ ਝੋਨੇ ਦੀ ਫਸਲ ਦੀ ਮੰਡੀਆਂ ਵਿੱਚ ਹੋ ਰਹੀ ਦੁਰਦਸ਼ਾ ਤੇ ਡੀਏਪੀ ਖਾਦ ਦੀ ਘਾਟ ਕਾਰਨ, ਕਿਸਾਨਾਂ ਨੂੰ ਆਲੂ ਤੇ ਕਣਕ ਦੀ ਫਸਲ ਬੀਜਣ ਵਿੱਚ ਆ ਰਹੀਆਂ ਦਿੱਕਤਾਂ ਨੂੰ ਲੈ ਕੇ ਐੱਸ ਡੀ ਐੱਮ ਨਾਭਾ ਦੇ ਦਫਤਰ ਸਾਹਮਣੇ ਵਿਸ਼ਾਲ ਰੋਸ ਧਰਨਾ ਲਗਾਇਆ ਗਿਆ। ਇਸ ਮੌਕੇ ਪੰਜਾਬ ਸਰਕਾਰ ਖਿਲਾਫ ਜ਼ੋਰਦਾਰ ਨਾਅਰੇਬਾਜ਼ੀ ਕੀਤੀ ਗਈ ਤੇ ਕਿਸਾਨੀ ਮੰਗਾਂ ਅਤੇ ਪੰਜਾਬ ਦੇ ਹਾਲਾਤਾਂ ਨੂੰ ਲੈ ਕੇ ਸ਼੍ਰੋਮਣੀ ਅਕਾਲੀ ਦਲ ਵੱਲੋਂ ਤਹਿਸੀਲਦਾਰ ਸੁਖਜਿੰਦਰ ਸਿੰਘ ਟਿਵਾਣਾ ਨੂੰ ਇੱਕ ਮੰਗ ਪੱਤਰ ਵੀ ਦਿੱਤਾ ਗਿਆ। ਇਸ ਧਰਨੇ ਨੂੰ ਸੰਬੋਧਨ ਕਰਦਿਆਂ ਹਲਕਾ ਇੰਚਾਰਜ ਮੱਖਣ ਸਿੰਘ ਲਾਲਕਾ ਵੱਲੋਂ ਪੰਜਾਬ ਦੇ ਮੌਜੂਦਾ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ ਆਮ ਆਦਮੀ ਪਾਰਟੀ 'ਤੇ ਤਿੱਖੇ ਨਿਸ਼ਾਨੇ ਸਾਧੇ ਗਏ ਅਤੇ ਉਨ੍ਹਾਂ ਆਮ ਆਦਮੀ ਪਾਰਟੀ ਦੀ ਸਰਕਾਰ ਨੂੰ ਹਰ ਫਰੰਟ 'ਤੇ ਫੇਲ੍ਹ ਕਰਾਰ ਦਿੱਤਾ ਗਿਆ। ਇਸ ਮੌਕੇ ਗੁਰਦਿਆਲ ਇੰਦਰ ਬਿੱਲੂ, ਅਜਵਿੰਦਰ ਸਿੰਘ ਜੋਗੀ ਨਾਨੋਕੀ, ਵਰੁਣ ਜੈਨ, ਬਲਵਿੰਦਰ ਸਿੰਘ ਧਾਰਨੀ, ਜਗਜੀਤ ਖੋਖ, ਬਬਲੂ ਚੌਹਾਨ, ਨਰਿੰਦਰ ਸਿੰਘ ਮੈਹਸ, ਡਾਕਟਰ ਕਬੇਲੀ, ਪ੍ਰਿੰਸ ਤੁੰਗ, ਸੁਖਵਿੰਦਰ ਸਿੰਘ ਛੀਟਾਂਵਾਲਾ, ਟਹਿਲ ਸਿੰਘ, ਗਿਆਨ ਸਿੰਘ ਲੋਪੇ, ਭਰਪੂਰ ਸਿੰਘ, ਬਲਵੀਰ ਸਿੰਘ, ਸਰਬਜੀਤ ਸਿੰਘ ਧੀਰੋ ਮਾਜਰਾ, ਲਾਲ ਸਿੰਘ ਬੂਹੀ, ਕਰਮ ਸਿੰਘ ਬੂਹੀ, ਸਾਬਕਾ ਸਰਪੰਚ ਸੁਖਵਿੰਦਰ ਸਿੰਘ ਬਾਬਰਪੁਰ ਆਦਿ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਵਰਕਰ ਤੇ ਆਗੂ ਹਾਜ਼ਰ ਸਨ।



ਨਾਭਾ

**ਬਾਘਾ ਪੁਰਾਣਾ (ਮਨੀ ਸਿੰਗਲਾ)** : ਪਿਛਲੇ ਦੋ ਹਫ਼ਤਿਆਂ ਤੋਂ ਦਾਣਾ ਮੰਡੀਆਂ ਵਿੱਚ ਰੁਲ ਰਹੇ ਕਿਸਾਨਾਂ ਦੀ ਕੋਈ ਸਾਰ ਨਹੀਂ ਲੈ ਰਿਹਾ ਹੈ।ਕਿਸਾਨ ਵਰਗ ਅੰਤਾਂ ਦੀ ਪ੍ਰੇਸ਼ਾਨੀ ਵਿੱਚੋਂ ਲੰਘਦਾ ਹੋਇਆ ਸਰਕਾਰ ਤੇ ਪ੍ਰਸ਼ਾਸਨਕ ਅਧਿਕਾਰੀਆਂ ਦੇ 'ਹਾੜੇ' ਕੱਢ ਰਿਹਾ ਹੈ, ਪ੍ਰੰਤੂ ਹਾਲੇ ਵੀ ਮੰਡੀਆਂ ਵਿੱਚ ਖਰੀਦ ਪ੍ਰਬੰਧ ਅਸਲੋਂ ਸੁਸਤ ਹਨ, ਜਿਸ ਕਰਕੇ ਕਿਸਾਨਾਂ ਦਾ ਗੁੱਸਾ ਹੁਣ ਸੱਤਵੇਂ ਅਸਮਾਨ 'ਤੇ ਪੁੱਜਣ ਲੱਗਾ ਹੈ। ਸ਼੍ਰੋਮਣੀ ਅਕਾਲੀ ਦਲ ਹਾਈ ਕਮਾਂਡ ਦੇ ਸੱਦੇ 'ਤੇ ਸ਼੍ਰੋਮਣੀ ਅਕਾਲੀ ਦਲ ਵੱਲੋਂ ਕਿਸਾਨਾਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਤੇ ਸੁੱਤੀ ਪਈ ਸਰਕਾਰ ਨੂੰ ਜਗਾਉਣ ਲਈ ਰੋਸ ਧਰਨੇ ਲਗਾਏ ਗਏ।ਜਥੇਦਾਰ ਤੀਰਥ ਸਿੰਘ ਮਾਹਲਾ ਹਲਕਾ ਇੰਚਾਰਜ ਸ਼੍ਰੋਮਣੀ ਅਕਾਲੀ ਦਲ ਤੇ ਜਰਨਲ ਸਕੱਤਰ ਪੰਜਾਬ ਦੀ ਅਗਵਾਈ ਵਿੱਚ ਹਲਕੇ ਦੀ ਸਮੁੱਚੀ ਲੀਡਰਸ਼ਿਪ ਵੱਲੋਂ ਐੱਸ.ਡੀ.ਐੱਮ ਦਫਤਰ ਬਾਘਾ ਪੁਰਾਣਾ ਮੂਹਰੇ ਧਰਨਾ ਲਾ ਕੇ ਪੰਜਾਬ ਸਰਕਾਰ ਦੇ ਖ਼ਿਲਾਫ ਨਾਅਰੇਬਾਜ਼ੀ ਕੀਤੀ ਗਈ ਤੇ ਐੱਸ.ਡੀ.ਐੱਮ. ਨੂੰ ਪੰਜਾਬ ਸਰਕਾਰ ਦੇ ਨਾਮ ਮੰਗ ਪੱਤਰ ਦਿੱਤਾ ਗਿਆ।ਧਰਨੇ ਨੂੰ ਸੰਬੋਧਨ ਕਰਦਿਆਂ ਜਥੇਦਾਰ ਮਾਹਲਾ ਨੇ ਕਿਹਾ ਕਿ ਮੰਡੀਆਂ ਵਿੱਚ ਕਿਸਾਨਾਂ ਦੀ ਸੋਨੇ ਵਰਗੀ ਫ਼ਸਲ ਰੁਲ ਰਹੀ ਹੈ, ਪ੍ਰੰਤੂ ਹੈਰਾਨੀ ਦੀ ਗੱਲ ਹੈ ਕਿ ਸਰਕਾਰ ਲੋਕ ਸਮੱਸਿਆਵਾਂ ਵੱਲ ਧਿਆਨ ਦੇਣ ਦੀ ਥਾਂ ਜ਼ਿਮਨੀ ਚੋਣਾਂ ਵਿੱਚ ਰੁੱਝੀ ਪਈ ਹੈ।ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਜਥੇਦਾਰ ਮਾਹਲਾ ਨੇ ਦੋਸ਼ ਲਗਾਇਆ ਕਿ ਮੰਡੀਆਂ ਤੋਂ ਸਰਕਾਰ ਦੇ ਨੁਮਾਇੰਦਿਆਂ, ਮੰਤਰੀਆਂ, ਵਿਧਾਇਕਾਂ ਤੇ ਅਫ਼ਸਰਸ਼ਾਹੀ ਵੱਲੋਂ ਬਣਾਈ ਗਈ ਦੂਰੀ ਇਸ ਗੱਲ ਦੀ ਗਵਾਹੀ ਭਰਦੀ ਹੈ ਕਿ ਸਰਕਾਰ ਨੂੰ ਕਿਸਾਨਾਂ ਦੀ ਰੱਤੀ ਭਰ ਵੀ ਫ਼ਿਕਰ ਨਹੀਂ ਹੈ।ਇਸ ਮੌਕੇ ਸੁਖਜੀਤ ਸਿੰਘ ਮਾਹਲਾ, ਤਲੋਚਨ ਸਿੰਘ ਕਾਲੇਕੇ, ਗੁਰਜੰਟ ਸਿੰਘ ਭੁੱਟੋ ਰੋਡੇ, ਪ੍ਰਧਾਨ ਬਲਤੇਜ ਸਿੰਘ ਲੰਗਿਆਣਾ, ਸ਼ਹਿਰੀ ਪ੍ਰਧਾਨ ਪਵਨ ਢੰਡ, ਰਾਮ ਕੁਮਾਰ ਬਾਂਸਲ ਐਡਵੋਕੇਟ, ਪ੍ਰਧਾਨ ਅਮਰਜੀਤ ਸਿੰਘ ਮਾਣੂੰਕੇ, ਜਗਮੋਹਨ ਸਿੰਘ ਜੈ ਸਿੰਘ ਵਾਲਾ, ਵਿੱਕੀ ਫੂਲੇਵਾਲੀਆ, ਸੰਜੀਵ ਬਿੱਟੂ ਰੋਡੇ, ਸੁਖਦੀਪ ਸਿੰਘ ਰੋਡੇ, ਸੁਖਹਰਪ੍ਰੀਤ ਸਿੰਘ ਰੋਡੇ, ਸੁਖਚਰਨ ਸਿੰਘ ਸ਼ਿੰਦਾ ਠੱਠੀ ਭਾਈ, ਪਵਨ ਗੋਇਲ, ਰਣਜੀਤ ਸਿੰਘ ਸ਼ੀਤੇ, ਲਵਲੀ ਬਾਂਸਲ, ਕਾਕਾ ਬਰਾੜ, ਹਰਿੰਦਰਪਾਲ ਸਿੰਘ ਪਾਲੀ, ਸਤਨਾਮ ਸਿੰਘ ਬਰਾੜ, ਬਚਿੱਤਰ ਸਿੰਘ ਕਾਲੇਕੇ, ਸੁਰਿੰਦਰ ਬਾਂਸਲ ਡੀ ਐੱਮ, ਸੰਤ ਰਾਮ ਭੰਡਾਰੀ, ਨੰਦ ਸਿੰਘ ਬਰਾੜ, ਜਗਸੀਰ ਸਿੰਘ ਲੰਗੇਆਣਾ, ਰਾਕੇਸ਼ ਤੋਤਾ, ਤੀਰਥ ਬਾਂਸਲ ਤੇ ਹੋਰ ਵੱਡੀ ਗਿਣਤੀ ਵਿੱਚ ਅਕਾਲੀ ਵਰਕਰ ਹਾਜ਼ਰ ਸਨ।



ਬਾਘਾ ਪੁਰਾਣਾ

# ਸ਼੍ਰੋਮਣੀ ਅਕਾਲੀ ਦਲ ਵੱਲੋਂ ਕਿਸਾਨਾਂ ਦੇ ਹੱਕ 'ਚ ਰੋਸ ਪ੍ਰਦਰਸ਼ਨ

**ਦੋ ਹਫ਼ਤਿਆਂ ਤੋਂ ਮੰਡੀਆਂ 'ਚ ਰੁਲ ਰਹੇ ਕਿਸਾਨਾਂ ਦੀ ਨਹੀਂ ਲੈ ਰਿਹਾ ਕੋਈ ਸਾਰ : ਸੰਨੀ ਗਿੱਲ**



**ਮੋਗਾ (ਇਕਬਾਲ ਸਿੰਘ ਖਹਿਰਾ)**
ਝੋਨੇ ਦੀ ਫਸਲ ਵੇਚਣ ਲਈ ਮੰਡੀਆਂ ਵਿੱਚ ਕਿਸਾਨਾਂ ਦੀ ਹੋ ਰਹੀ ਖੱਜਲ ਖਵਾਰੀ, ਪਰਾਲੀ ਸਾੜਨ ਨੂੰ ਲੈ ਕੇ ਦਰਜ ਕੀਤੇ ਜਾ ਰਹੇ ਕੇਸ ਤੇ ਖਾਦ ਨਾ ਮਿਲਣ ਦੇ ਵਿਰੋਧ ਵਿੱਚ ਅੱਜ ਸ਼੍ਰੋਮਣੀ ਅਕਾਲੀ ਦਲ ਵੱਲੋਂ ਕਾਰਜਕਾਰੀ ਪ੍ਰਧਾਨ ਬਲਵਿੰਦਰ ਸਿੰਘ ਭੂੰਦੜ ਦੇ ਨਿਰਦੇਸ਼ 'ਤੇ ਸ਼੍ਰੋਮਣੀ ਅਕਾਲੀ ਦਲ ਮੋਗਾ ਵੱਲੋਂ ਡੀ ਸੀ ਦਫਤਰ ਅੱਗੇ ਰੋਸ ਪ੍ਰਦਰਸ਼ਨ ਕਰਦਿਆਂ ਕੇਂਦਰ ਤੇ ਪੰਜਾਬ ਸਰਕਾਰ ਖਿਲਾਫ ਰੋਹ ਭਰਪੂਰ ਨਾਹਰੇਬਾਜ਼ੀ ਕੀਤੀ ਗਈ। ਇਸ ਮੌਕੇ ਸੰਬੋਧਨ ਕਰਦਿਆਂ ਰਾਜਵੰਤ ਸਿੰਘ ਮਾਹਲਾ, ਗੋਬਿੰਦ ਸਿੰਘ ਸਿੰਘਾਂ ਵਾਲਾ, ਚਰਨਜੀਤ ਸਿੰਘ ਝੰਡੇਆਣਾ, ਸਾਬਕਾ ਮੈਂਬਰ ਜ਼ਿਲਾ ਪ੍ਰੀਸ਼ਦ, ਬੂਟਾ ਸਿੰਘ ਦੌਲਤਪੁਰਾ, ਲੋਕ ਸਭਾ ਹਲਕਾ ਫਰੀਦਕੋਟ ਦੇ ਇੰਚਾਰਜ਼ ਰਾਜਵਿੰਦਰ ਸਿੰਘ ਧਰਮਕੋਟ, ਜ਼ਿਲ੍ਹਾ ਪ੍ਰਧਾਨ ਅਮਰਜੀਤ ਸਿੰਘ ਲੰਢੇਕੇ, ਹਲਕਾ ਮੋਗਾ ਦੇ ਇੰਚਾਰਜ ਸੰਜੀਤ ਸਿੰਘ ਸਨੀ ਨੇ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਬਣਾਏ ਗਏ ਕਾਲੇ ਕਾਨੂੰਨਾਂ ਨੂੰ ਰੱਦ ਕਰਵਾਉਣ ਲਈ ਕਿਸਾਨਾਂ ਵੱਲੋਂ ਦਿੱਲੀ ਮੋਰਚਾ ਲਾਇਆ ਗਿਆ ਸੀ, ਜਿਸ ਤੋਂ ਖਫਾ ਹੋਏ ਕੇਂਦਰ ਸਰਕਾਰ ਤੇ ਪੰਜਾਬ ਸਰਕਾਰ ਵੱਲੋਂ ਕਿਸਾਨਾਂ ਦਾ ਝੋਨਾ ਮੰਡੀਆਂ ਵਿੱਚ ਰੋਲਿਆ ਜਾ ਰਿਹਾ ਹੈ ਅਤੇ ਸਭ ਤੋਂ ਦੁੱਖਦਾਈ ਗੱਲ ਇਹ ਹੈ ਕਿ ਜਿਹੜੀਆਂ ਖਾਦਾਂ ਡਾਇਆ ਤੇ ਯੂਰੀਆ ਆਦਿ ਕਿਸਾਨਾਂ ਨੂੰ ਬਿਜਾਈ ਲਈ ਲੋੜੀਂਦਾ ਹੈ, ਉਸ ਵਿੱਚ ਵੱਡੀ ਕਟੌਤੀ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦੀ ਨਲਾਇਕੀ ਹੈ ਕਿ ਉਨ੍ਹਾਂ ਵੱਲੋਂ ਝੋਨੇ ਦੀ ਖਰੀਦ ਨੂੰ ਲੈ ਕੇ ਸਮਾਂ ਰਹਿੰਦਿਆਂ ਕੇਂਦਰ ਸਰਕਾਰ ਦੇ ਮੰਤਰੀਆਂ ਨਾਲ ਗੱਲਬਾਤ ਨਹੀਂ ਕੀਤੀ, ਜਿਨਾਂ ਦਿਨਾਂ ਵਿੱਚ ਲੋਕ ਆਪਣੀਆਂ ਫਸਲਾਂ ਵੇਚ ਕੇ ਅਗਲੀ ਬਿਜਾਈ ਲਈ ਤਿਆਰੀ ਕਰਦੇ ਸਨ। ਅੱਜ ਪਰਿਸਥਿਤੀ ਇਹ ਹੈ ਕਿ ਲੋਕ ਮੰਡੀਆਂ ਵਿੱਚ ਰੁਲ ਰਹੇ ਹਨ ਤੇ ਉਨ੍ਹਾਂ ਦੇ ਝੋਨੇ ਦੀ ਫਸਲ ਨੂੰ ਕੌਡੀਆਂ ਦੇ ਭਾਅ ਖ੍ਰੀਦਣ ਦੀ ਫਿਰਾਕ ਵਿੱਚ ਉਨ੍ਹਾਂ ਦੀ ਲੁੱਟ ਕੀਤੀ ਜਾ ਰਹੀ ਹੈ। ਆਗੂਆਂ ਨੇ ਕਿਹਾ ਕਿ ਜਿੱਥੇ ਕਿਸਾਨ ਮੰਡੀਆਂ ਵਿੱਚ ਰੁਲ ਰਿਹਾ ਹੈ, ਉੱਥੇ ਹੀ ਝੋਨੇ ਦੀ ਪਰਾਲੀ ਨੂੰ ਅੱਗ ਲਾਉਣ ਲਈ ਮਜਬੂਰ ਹੋਏ ਕਿਸਾਨਾਂ 'ਤੇ ਪਰਚੇ ਕੀਤੇ ਜਾ ਰਹੇ ਹਨ। ਆਗੂਆਂ ਨੇ ਕਿਹਾ ਕਿ ਜੇਕਰ ਕੇਂਦਰ ਸਰਕਾਰ ਤੇ ਪੰਜਾਬ ਸਰਕਾਰ ਵੱਲੋਂ ਜਲਦ ਕੋਈ ਕਦਮ ਨਾ ਚੱਕੇ ਗਏ ਤਾਂ ਆਉਣ ਵਾਲੇ ਦਿਨਾਂ ਵਿੱਚ ਸ਼੍ਰੋਮਣੀ ਅਕਾਲੀ ਦਲ ਵੱਲੋਂ ਕਿਸਾਨਾਂ ਦੇ ਹੱਕ ਵਿੱਚ ਤਿੱਖਾ ਸੰਘਰਸ਼ ਵਿੱਢਿਆ ਜਾਵੇਗਾ। ਇਸ ਮੌਕੇ ਸੀਨੀਅਰ ਅਕਾਲੀ ਆਗੂ ਰਜਿੰਦਰ ਸਿੰਘ ਡੱਲਾ, ਸੀਨੀਅਰ ਅਕਾਲੀ ਆਗੂ ਦਵਿੰਦਰ ਸਿੰਘ ਰਣੀਆ, ਜਸ ਮੰਗੇਵਾਲਾ, ਰਵਦੀਪ ਸਿੰਘ ਦਾਰਾਪੁਰ, ਕੁਲਦੀਪ ਸਿੰਘ ਜੋਗੇਵਾਲਾ, ਰਣਜੀਤ ਸਿੰਘ ਭਾਉ, ਜਗਦੀਸ਼ ਛਾਬੜਾ, ਗਰਦੀਪ ਮਹੇਸ਼ਰੀ, ਹਰਜਿੰਦਰ ਸਿੰਘ ਆਟੂ, ਗੁਰਚਰਨ ਕਾਲੀਏਵਾਲਾ, ਮਕੁੰਦ ਸਿੰਘ ਬੁੱਕਣਵਾਲਾ, ਬਲਜੀਤ ਸਿੰਘ ਸਾਬਕਾ, ਪ੍ਰਧਾਨ ਬਿਪਨਪਾਲ ਖੋਸਾ, ਬਬਲੂ ਗਿੱਲ, ਜਸਵੀਰ ਸਿੰਘ ਗਿੱਲ, ਅੰਗਰੇਜ ਸਿੰਘ ਸੰਘਾ ਡਰੋਲੀ ਭਾਈ, ਸਾਬਕਾ ਕੌਂਸਲਰ ਨਰਿੰਦਰਪਾਲ ਸਿੰਘ ਤੋਂ ਇਲਾਵਾ ਪਾਰਟੀ ਦੇ ਆਗੂ ਤੇ ਵਰਕਰ ਹਾਜ਼ਰ ਸਨ। ਧਰਨੇ ਦੇ ਅਖੀਰ ਵਿੱਚ ਸਮੁੱਚੇ ਅਕਾਲੀ ਆਗੂਆਂ ਵੱਲੋਂ ਰਾਜਪਾਲ ਦੇ ਨਾਂ 'ਤੇ ਵਧੀਕ ਡਿਪਟੀ ਕਮਿਸ਼ਨਰ ਨੂੰ ਮੰਗ ਪੱਤਰ ਸੌਂਪਿਆ ਗਿਆ।

## ...ਸਫ਼ਾ 1 ਦੇ ਬਾਕੀ

### ਮਦਰਸਾ ਐਕਟ ਜਾਇਜ਼ ...

ਅਤੇ ਵਿਦਿਆਰਥੀਆਂ ਲਈ ਵੱਡੀ ਰਾਹਤ ਵਜੋਂ ਆਇਆ ਹੈ ਕਿਉਂਕਿ ਹਾਈ ਕੋਰਟ ਨੇ ਮਦਰਸਿਆਂ ਨੂੰ ਬੰਦ ਕਰਨ ਅਤੇ ਵਿਦਿਆਰਥੀਆਂ ਨੂੰ ਰਾਜ ਦੇ ਹੋਰਨਾਂ ਸਕੂਲਾਂ 'ਚ ਤਬਦੀਲ ਕਰਨ ਦੇ ਹੁਕਮ ਦਿੱਤੇ ਸਨ। ਸੁਪਰੀਮ ਕੋਰਟ ਨੇ ਕਿਹਾ ਕਿ ਕਾਨੂੰਨ ਦੀ ਵਿਧਾਨਕ ਯੋਜਨਾ ਮਦਰਸਿਆਂ 'ਚ ਨਿਰਧਾਰਤ ਸਿੱਖਿਆ ਦੇ ਪੱਧਰ ਨੂੰ ਮਿਆਰੀ ਬਣਾਉਣ ਲਈ ਸੀ। ਸੁਪਰੀਮ ਕੋਰਟ ਨੇ 22 ਅਕਤੂਬਰ ਨੂੰ ਅਲਾਹਾਬਾਦ ਹਾਈ ਕੋਰਟ ਦੇ ਫੈਸਲੇ ਨੂੰ ਚੁਣੌਤੀ ਦੇਣ ਵਾਲੀਆਂ ਪਟੀਸ਼ਨਾਂ 'ਤੇ ਆਪਣਾ ਫੈਸਲਾ ਸੁਰੱਖਿਅਤ ਰੱਖ ਲਿਆ ਸੀ। ਬੈਂਚ ਨੇ ਫੈਸਲਾ ਰਾਖਵਾਂ ਰੱਖਣ ਤੋਂ ਲਗਭਗ ਦੋ ਦਿਨ ਪਹਿਲਾਂ ਯੂ ਪੀ ਸਰਕਾਰ ਵੱਲੋਂ ਪੇਸ਼ ਹੋਏ ਐਡੀਸ਼ਨਲ ਸਾਲਿਸਿਟਰ ਜਨਰਲ ਕੇ ਐੱਮ ਨਟਰਾਜ ਤੋਂ ਇਲਾਵਾ ਅੰਜੁਮ ਕਾਦਰੀ ਸਮੇਤ ਅੱਠ ਪਟੀਸ਼ਨਰਾਂ ਦੇ ਵਕੀਲਾਂ ਦੀ ਸੁਣਵਾਈ ਕੀਤੀ। 22 ਮਾਰਚ ਨੂੰ ਅਲਾਹਾਬਾਦ ਹਾਈ ਕੋਰਟ ਨੇ ਇਸ ਐਕਟ ਨੂੰ ਗੈਰ-ਸੰਵਿਧਾਨਕ ਅਤੇ ਧਰਮ ਨਿਰਪੱਖਤਾ ਦੇ ਸਿਧਾਂਤ ਦੀ ਉਲੰਘਣਾ ਕਰਾਰ ਦਿੱਤਾ ਅਤੇ ਰਾਜ ਸਰਕਾਰ ਨੂੰ ਮਦਰਸੇ ਦੇ ਵਿਦਿਆਰਥੀਆਂ ਨੂੰ ਰਸਮੀ ਸਕੂਲੀ ਪ੍ਰਣਾਲੀ 'ਚ ਸ਼ਾਮਲ ਕਰਨ ਲਈ ਕਿਹਾ। ਮਦਰਸਿਆਂ ਦੇ ਲਗਭਗ 17 ਲੱਖ ਵਿਦਿਆਰਥੀਆਂ ਲਈ ਇੱਕਦਮ ਸੁਪਰੀਮ ਕੋਰਟ ਨੇ 5 ਅਪਰੈਲ ਨੂੰ ਹਾਈਕੋਰਟ ਦੇ ਆਦੇਸ਼ 'ਤੇ ਰੋਕ ਲਗਾ ਦਿੱਤੀ ਸੀ। ਸੁਪਰੀਮ ਕੋਰਟ ਨੇ ਮਦਰਸਿਆਂ ਵੱਲੋਂ ਦਿੱਤੀ ਜਾਂਦੀ ਉਚ ਡਿਗਰੀ ਫਾਜ਼ਿਲ ਤੇ ਕਾਮਿਲ ਨੂੰ ਇਹ ਕਹਿੰਦਿਆਂ ਗੈਰਕਾਨੂੰਨੀ ਦੱਸਿਆ ਹੈ ਕਿ ਇਹ ਯੂਨੀਵਰਸਿਟੀ ਗਰਾਂਟਸ ਕਮਿਸ਼ਨ ਐਕਟ 1956 ਦੀਆਂ ਮੱਦਾਂ ਨਾਲ ਟਕਰਾਉਂਦੀਆਂ ਹਨ।

### ਬਰੈਂਪਟਨ ਦੀ ਘਟਨਾ ਨੂੰ...

ਸਿੰਘ ਨਿਮਾਣਾ ਨੇ ਵਿਚਾਰ ਪ੍ਰਗਟਾਇਆ ਕਿ ਵਿਦੇਸ਼ਾਂ 'ਚ ਨਿਯੁਕਤ ਕੌਂਸਲੇਟ ਅਮਲੇ ਵੱਲੋਂ ਉੱਥੇ ਵਸੇ ਵਤਨ ਵਾਸੀਆਂ ਨੂੰ ਸਹੂਲਤਾਂ ਦੇਣ ਲਈ ਸੀਮਤ ਰਹਿ ਕੇ ਵਿਚਰਨਾ ਚਾਹੀਦਾ ਹੈ। ਉਨ੍ਹਾ ਦਾ ਇਸ਼ਾਰਾ ਧਾਰਮਕ ਸਥਾਨਾਂ ਨੂੰ ਕੈਂਪ ਵਜੋਂ ਵਰਤਣ ਦੀ ਗਲਤੀ ਵੱਲ ਸੀ। ਤਰਨ ਤਾਰਨ ਦੇ ਪਿਛੋਕੜ ਵਾਲੇ ਹਰਜੀਤ ਸਿੰਘ ਨੇ ਤਾਂ ਇਥੋਂ ਤੱਕ ਦੋਸ਼ ਲਾਇਆ ਕਿ ਕਈ ਸਾਲ ਪਹਿਲਾਂ ਹਰਦੀਪ ਸਿੰਘ ਨਿੱਝਰ ਵੱਲੋਂ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹੁੰਦਿਆਂ ਤਤਕਾਲੀ ਕੌਂਸਲੇਟ ਅਧਿਕਾਰੀ ਨੂੰ ਗੁਰਦੁਆਰਾ ਸਥਾਨ 'ਤੇ ਅਜਿਹੇ ਕੈਂਪ ਲਾਉਣ ਤੋਂ ਕੀਤੀ ਗਈ ਕੋਰੀ ਨਾਂਹ ਕਾਰਨ ਸਹੇੜੀ ਨਾਰਾਜ਼ਗੀ ਹੀ ਹਰਦੀਪ ਸਿੰਘ ਨਿੱਝਰ ਨੂੰ ਮਹਿੰਗੀ ਪੈ ਗਈ। ਵੈਨਕੂਵਰ 'ਚ ਇਸ ਤਰ੍ਹਾਂ ਦਾ ਕੈਂਪ ਅਕਸਰ ਰੌਸ ਸਟਰੀਟ ਗੁਰਦੁਆਰਾ ਸਾਹਿਬ 'ਚ ਲਾਇਆ ਜਾਂਦਾ ਹੈ, ਜਿੱਥੋਂ ਦੀ ਮੈਨੇਜਮੈਂਟ ਉੱਤੇ ਇਸ ਲਈ ਅਕਸਰ ਸਵਾਲ ਉੱਠਦੇ ਹਨ। ਉਨ੍ਹਾ ਕਿਹਾ ਕਿ ਬੀਤੇ ਦਿਨ ਬਰੈਂਪਟਨ 'ਚ ਜੋ ਕੁਝ ਵਾਪਰਿਆ, ਉਹ ਮੰਦਭਾਗਾ ਸੀ ਪਰ ਉਹ ਸੋਚ ਦਾ ਟਕਰਾਓ ਸੀ, ਨਾ ਕਿ ਮੰਦਰ ਉੱਤੇ ਹਮਲਾ, ਜਿਵੇਂ ਕਿ ਘਟਨਾ ਨੂੰ ਰੂਪ ਵਿਗਾੜ ਕੇ ਪੇਸ਼ ਕੀਤਾ ਗਿਆ। ਗਿਆਨੀ ਹਰੀ ਸਿੰਘ ਦਾ ਕਹਿਣਾ ਸੀ ਕਿ ਸੋਚ ਦਾ ਟਕਰਾਓ ਤਾਂ ਪਰਵਾਰਕ ਮੈਂਬਰਾਂ 'ਚ ਵੀ ਹੋ ਜਾਂਦਾ ਹੈ, ਪਰ ਸਿਆਣੇ ਬਜ਼ੁਰਗ ਉਸ ਨੂੰ ਸੜਕਾਂ 'ਤੇ ਨਹੀਂ ਲਿਜਾਂਦੇ। ਉਨ੍ਹਾ ਕਿਹਾ ਕਿ ਰਾਜਸੀ ਆਗੂਆਂ ਵੱਲੋਂ ਸੁਣੀਆਂ-ਸੁਣਾਈਆਂ ਗੱਲਾਂ 'ਤੇ ਵਿਸ਼ਵਾਸ਼ ਕਰ ਕੇ ਦਿੱਤੇ ਬਿਆਨ ਮਾਮਲੇ 'ਚ ਬਲਦੀ ਉੱਤੇ ਤੇਲ ਵਾਲਾ ਕੰਮ ਕਰਦੇ ਹਨ, ਜਿਵੇਂ ਇਸ ਮਾਮਲੇ 'ਤੇ ਵੀ ਹੋਇਆ ਹੈ। ਉਨ੍ਹਾ ਕਿਹਾ ਕਿ ਕੈਨੇਡਾ ਤੇ ਭਾਰਤ ਦੇ ਕਿਸੇ ਵੀ ਆਗੂ ਨੇ ਮਾਮਲਾ ਸ਼ਾਂਤ ਕਰਨ ਦੀ ਥਾਂ ਇਸ ਨੂੰ ਤੂਲ ਹੀ ਦਿੱਤੀ ਹੈ। ਪ੍ਰਦੁਮਣ ਸਿੰਘ ਗਿੱਲ ਦਾ ਕਹਿਣਾ ਸੀ ਕਿ ਦੋਵੇਂ ਮੁਲਕਾਂ ਦੌਰਾਨ ਭਖੇ ਹੋਏ ਮਾਹੌਲ ਦੌਰਾਨ ਕੌਂਸਲੇਟ ਅਮਲੇ ਦੀ ਅਜਿਹੀ ਕਾਰਵਾਈ ਨੂੰ ਠੀਕ ਨਹੀਂ ਮੰਨਿਆ ਜਾ ਸਕਦਾ। ਖਾਲਿਸਤਾਨੀ ਵੱਖਵਾਦੀਆਂ ਵੱਲੋਂ ਮੰਦਰ 'ਤੇ ਹਮਲੇ ਤੋਂ ਇਕ ਦਿਨ ਬਾਅਦ ਮੰਦਰਾਂ 'ਤੇ ਵਾਰ-ਵਾਰ ਹੋ ਰਹੇ ਹਮਲਿਆਂ ਦੇ ਵਿਰੋਧ ਵਿਚ ਸੋਮਵਾਰ ਸ਼ਾਮ (ਸਥਾਨਕ ਸਮਾਂ) ਇਕ ਹਜ਼ਾਰ ਤੋਂ ਵੱਧ ਕੈਨੇਡੀਅਨ ਹਿੰਦੂਆਂ ਨੇ ਬਰੈਂਪਟਨ ਵਿਚ ਹਿੰਦੂ ਸਭਾ ਮੰਦਰ ਦੇ ਬਾਹਰ ਇਕੱਠੇ ਹੋ ਕੇ ਇਕਜੁੱਟਤਾ ਰੈਲੀ ਕੀਤੀ। ਰੈਲੀ ਨੇ ਕੈਨੇਡੀਅਨ ਸਿਆਸਤਦਾਨਾਂ ਅਤੇ ਕਾਨੂੰਨ ਲਾਗੂ ਕਰਨ ਵਾਲੀਆਂ ਏਜੰਸੀਆਂ ਨੂੰ ਖਾਲਿਸਤਾਨੀਆਂ ਨੂੰ ਹੋਰ ਸਮਰਥਨ ਨਾ ਦੇਣ ਲਈ ਦਬਾਅ ਪਾਇਆ।

### ਆਸਟ੍ਰੇਲੀਆਈ ਵਿਦੇਸ਼...

ਨਿਗਰਾਨੀ ਹੇਠ ਰੱਖਿਆ ਹੈ, ਜੋ 'ਅਸਵੀਕਾਰਨਯੋਗ' ਹੈ। ਉਨ੍ਹਾ ਕਿਹਾ ਕਿ ਕੈਨੇਡਾ ਨੇ ਸਪੱਸ਼ਟੀਕਰਨ ਦਿੱਤੇ ਬਿਨਾਂ ਦੋਸ਼ ਲਗਾਉਣ ਦਾ ਇੱਕ ਪੈਟਰਨ ਵਿਕਸਤ ਕੀਤਾ ਹੈ। ਫਾਈਵ ਆਈਜ਼ ਗੱਠਜੋੜ ਦੇ ਮੈਂਬਰਾਂ ਵਜੋਂ ਆਸਟ੍ਰੇਲੀਆ ਦੇ ਕੈਨੇਡਾ ਨਾਲ ਨਜ਼ਦੀਕੀ ਖੁਫੀਆ ਜਾਣਕਾਰੀ ਸਾਂਝੇ ਕਰਨ ਵਾਲੇ ਸੰਬੰਧ ਹਨ। ਇਸ ਗੱਠਜੋੜ ਦੇ ਦੂਜੇ ਮੈਂਬਰ ਅਮਰੀਕਾ, ਬ੍ਰਿਟੇਨ ਅਤੇ ਨਿਊਜ਼ੀਲੈਂਡ ਹਨ।

### ਹਿੰਸਕ ਘਟਨਾਵਾਂ...

ਪਰਵਾਰਾਂ ਲਈ ਰੋਜ਼ੀ-ਰੋਟੀ ਕਮਾਉਂਦੇ ਹਨ। ਇਹ ਬਹੁਤ ਮੰਦਭਾਗੀ ਗੱਲ ਹੈ ਕਿ ਵੰਡ ਅਤੇ ਨਫ਼ਰਤ ਦੀ ਸਿਆਸਤ ਨੇ ਕੈਨੇਡਾ ਵਿੱਚ ਤੇਜ਼ੀ ਨਾਲ ਸਿਰ ਚੁੱਕਿਆ ਹੈ। ਮੁੱਖ ਮੰਤਰੀ ਨੇ ਕਿਹਾ ਕਿ ਕੈਨੇਡਾ ਵਰਗੀ ਧਰਤੀ 'ਤੇ ਧਰਮ ਅਤੇ ਨਫਰਤ ਦੀ ਰਾਜਨੀਤੀ ਦਾ ਪੈਰ ਪਸਾਰਨਾ ਵਿਸ਼ਵਾਸ ਤੋਂ ਬਾਹਰ ਦੀ ਗੱਲ ਹੈ। ਉਨ੍ਹਾ ਕਿਹਾ ਕਿ ਨਫ਼ਰਤ ਅਤੇ ਹਿੰਸਾ ਦੀ ਇਹ ਕਾਰਵਾਈ ਅਤਿ ਨਿੰਦਣਯੋਗ ਹੈ ਅਤੇ ਢੁਕਵੀਂ ਕਾਰਵਾਈ ਲਈ ਭਾਰਤ ਸਰਕਾਰ ਨੂੰ ਇਹ ਮਾਮਲਾ ਕੈਨੇਡਾ ਦੀ ਕੌਮੀ ਸਰਕਾਰ ਕੋਲ ਉਠਾਉਣਾ ਚਾਹੀਦਾ ਹੈ।ਭਗਵੰਤ ਸਿੰਘ ਮਾਨ ਨੇ ਕਿਹਾ, ਪੰਜਾਬੀ ਹਮੇਸ਼ਾ ਸਰਬੱਤ ਦੇ ਭਲੇ ਦੀ ਅਰਦਾਸ ਕਰਦੇ ਹਨ ਅਤੇ ਅਮਨ-ਸ਼ਾਂਤੀ ਦੇ ਮੁਦੱਈ ਹਨ, ਜਿਸ ਕਾਰਨ ਉਨ੍ਹਾਂ ਨੂੰ ਦੁਨੀਆ ਭਰ ਵਿੱਚ ਪਿਆਰ ਤੇ ਸਤਿਕਾਰ ਦੀ ਨਜ਼ਰ ਨਾਲ ਦੇਖਿਆ ਜਾਂਦਾ ਹੈ। ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬੀਆਂ ਨੇ ਆਪਣੀ ਮਿਹਨਤ ਅਤੇ ਕਾਬਲੀਅਤ ਦੇ ਗੁਣਾਂ ਨਾਲ ਪੂਰੀ ਦੁਨੀਆ ਵਿੱਚ ਆਪਣੀ ਵੱਖਰੀ ਪਛਾਣ ਕਾਇਮ ਕੀਤੀ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਅਜਿਹੀਆਂ ਕਾਰਵਾਈਆਂ ਨਾਲ ਪੰਜਾਬ ਅਤੇ ਪੰਜਾਬੀਆਂ ਨੂੰ ਨਮੋਸ਼ੀ ਸਹਿਣੀ ਪੈਂਦੀ ਹੈ, ਜਿਸ ਕਰਕੇ ਇਸ ਤੋਂ ਬਚਣਾ ਚਾਹੀਦਾ ਹੈ। ਉਨ੍ਹਾ ਕਿਹਾ ਕਿ ਕੈਨੇਡੀਅਨ ਸਰਕਾਰ ਨੂੰ ਇਸ ਘਿਨਾਉਣੇ ਅਪਰਾਧ ਦੇ ਦੋਸ਼ੀਆਂ ਵਿਰੁੱਧ ਮਿਸਾਲੀ ਕਾਰਵਾਈ ਯਕੀਨੀ ਬਣਾਉਣੀ ਚਾਹੀਦੀ ਹੈ ਤਾਂ ਜੋ ਦੂਜਿਆਂ ਨੂੰ ਸਬਕ ਮਿਲ ਸਕੇ।

### ਕਾਰਪੋਰੇਟ ਤੇ ਫਾਸ਼ੀਵਾਦ ਵਿਰੁੱਧ ...

ਗੜ੍ਹਦੀਵਾਲ (ਗੁਰਪਿੰਦਰ ਸਿੰਘ), ਧਰਮਿੰਦਰ ਮਸਾਣੀ, ਨਰਗਿਸ, ਅੰਮ੍ਰਿਤ ਲਾਲ ਫਿਲੌਰ ਆਦਿ ਗਾਇਕਾਂ ਵੱਲੋਂ ਗੀਤ-ਸੰਗੀਤ ਹੋਵੇਗਾ।

ਦੇਸ਼ ਭਗਤ ਯਾਦਗਾਰ ਹਾਲ ਦੇ ਸਮੁੱਚੇ ਕੰਪਲੈਕਸ ਨੂੰ ਮੇਲੇ ਦੇ ਦਿਨਾਂ ਵਿੱਚ ਗ਼ਦਰ ਪਾਰਟੀ ਦੇ ਪਹਿਲੇ ਖਜ਼ਾਨਚੀ 'ਕਾਂਸ਼ੀ ਰਾਮ ਮੜੌਲੀ ਨਗਰ', ਸ਼ਹੀਦ ਭਗਤ ਸਿੰਘ ਆਡੀਟੋਰੀਅਮ ਨੂੰ ਪਗੜੀ ਸੰਭਾਲ ਲਹਿਰ ਦੇ ਬਾਨੀ 'ਅਜੀਤ ਸਿੰਘ ਪੰਡਾਲ' ਅਤੇ ਸ਼ਹੀਦ ਕਰਤਾਰ ਸਿੰਘ ਸਰਾਭਾ ਮੰਚ ਨੂੰ ਫਾਸ਼ੀਵਾਦ ਖਿਲਾਫ਼ ਲੜਨ ਵਾਲੇ ਜੁਝਾਰੂਆਂ ਵਿੱਚ ਵਿਸ਼ਵ ਭਰ ਵਿੱਚ ਜਾਣੇ ਜਾਂਦੇ ਸੰਗਰਾਮੀਏ ਦੇ ਨਾਂਅ 'ਜੂਲੀਅਸ ਫਿਊਚਕ ਪੁਸਤਕ ਪ੍ਰਦਰਸ਼ਨੀ ਪੰਡਾਲ' ਦਾ ਨਾਂਅ ਦਿੱਤਾ ਜਾਏਗਾ। 7 ਨਵੰਬਰ 2 ਵਜੇ ਚਿੱਤਰਕਲਾ ਅਤੇ ਫੋਟੋ ਕਲਾ ਪ੍ਰਦਰਸ਼ਨੀ ਦਾ ਹੋਏਗਾ ਉਦਘਾਟਨ ਅਤੇ ਸਨਮਾਨ। 'ਜੂਲੀਅਸ ਫਿਊਚਕ ਪੁਸਤਕ ਪ੍ਰਦਰਸ਼ਨੀ ਪੰਡਾਲ' ਵਿੱਚ ਹੀ ਮੇਲੇ ਦੇ ਪਹਿਲੇ ਦਿਨ 7 ਨਵੰਬਰ ਦਿਨ ਸ਼ੁੱਕਰਵਾਰ ਸ਼ਾਮ ਠੀਕ 4 ਵਜੇ ਰੂਸੀ ਕਰਾਂਤੀ ਦੇ ਦਿਹਾੜੇ ਨੂੰ ਸਿਜਦਾ ਕਰਦੇ ਹੋਏ 'ਪੁਸਤਕ ਸਭਿਆਚਾਰ' ਵਿਸ਼ੇ 'ਤੇ ਚਰਚਾ ਹੋਏਗੀ। 'ਫੁਲਵਾੜੀ' ਦੇ 100ਵੇਂ ਵਰ੍ਹੇ ਦੇ ਹਵਾਲੇ ਨਾਲ ਵੀ ਹੋਣਗੀਆਂ ਬਾਤਾਂ। ਇਸ ਮੌਕੇ ਸਾਡੇ ਕੋਲੋਂ ਵਿੱਛੜੇ ਸੁਰਜੀਤ ਪਾਤਰ, ਸ੍ਰੀਮਤੀ ਕੈਲਾਸ਼ ਕੌਰ, ਇਕਬਾਲ ਖ਼ਾਨ, ਅਮਰਜੀਤ ਰਸੂਲਪੁਰੀ, ਕੁਲਦੀਪ ਜਲੂਰ, ਹਰਬੰਸ ਹੀਓਂ ਆਦਿ ਕਵੀਆਂ, ਲੇਖਕਾਂ ਨੂੰ ਯਾਦ ਕੀਤਾ ਜਾਏਗਾ। 8 ਨਵੰਬਰ ਦਿਨ ਸ਼ਨਿਚਰਵਾਰ ਸਵੇਰੇ ਕੁਇਜ਼, ਪੇਂਟਿੰਗ, ਗਾਇਨ ਅਤੇ ਭਾਸ਼ਣ ਮੁਕਾਬਲੇ ਵੱਖ-ਵੱਖ ਹਾਲਾਂ ਵਿੱਚ ਹੋਣਗੇ। ਕੁਇਜ਼ ਮੁਕਾਬਲਾ ਪੁਸਤਕ 'ਕਿਰਤੀ ਵਾਰਤਕ : ਸ਼ਹੀਦੀ ਜੀਵਨੀਆਂ' (ਸੰਪਾਦਕ : ਚਰੰਜੀ ਲਾਲ ਕੰਗਣੀਵਾਲ) ਉਪਰ ਹੋਏਗਾ। ਪੇਂਟਿੰਗ ਮੁਕਾਬਲੇ ਦੇ ਇਨਾਮ-ਸਨਮਾਨ ਵੰਡ ਮੌਕੇ ਵਿਦਿਆਰਥੀਆਂ 'ਚ ਵਿਗਿਆਨਕ ਸੋਚ ਬਾਰੇ ਵਿਚਾਰਾਂ ਅਤੇ ਬਾਲ ਕਲਾਕਾਰਾਂ ਵੱਲੋਂ 'ਜਲ੍ਹਿਆਂਵਾਲਾ ਬਾਗ਼' ਬਾਲ ਨਾਟਕ ਹੋਏਗਾ। ਵਿਗਿਆਨਕ ਵਿਚਾਰਾਂ ਬਾਰੇ ਬੱਚਿਆਂ ਨਾਲ ਗੱਲਬਾਤ ਹੋਏਗੀ। ਇਸ ਦਿਨ ਦੁਪਹਿਰ 2 ਵਜੇ ਬਾਬਾ ਜਵਾਲਾ ਸਿੰਘ ਹਾਲ ਵਿੱਚ ਤਿੰਨ ਨਵੇਂ ਫੌਜਦਾਰੀ ਅਤੇ ਕਾਲੇ ਕਾਨੂੰਨਾਂ ਦੇ ਮਨਸ਼ੇ, ਮਾਰੂ ਪ੍ਰਭਾਵ ਅਤੇ ਇਹਨਾਂ ਖਿਲਾਫ਼ ਜਨਤਕ ਆਵਾਜ਼ ਸੰਬੰਧੀ ਵਿਚਾਰ-ਚਰਚਾ ਹੋਏਗੀ। ਜਿਸ ਵਿੱਚ ਉੱਘੇ ਵਿਦਵਾਨ ਐਡਵੋਕੇਟ ਰਾਜਿੰਦਰ ਸਿੰਘ ਚੀਮਾ ਅਤੇ ਅਪੂਰਵਾਨੰਦ ਮੁੱਖ ਵਕਤਾ ਹੋਣਗੇ। ਸ਼ਾਮ 4 ਵਜੇ ਕਵੀ-ਦਰਬਾਰ, 6 ਵਜੇ 'ਮਾਟੀ ਕੇ ਲਾਲ' ਫ਼ਿਲਮ ਦਿਖਾਈ ਜਾਏਗੀ। ਫ਼ਿਲਮਸਾਜ਼ ਸੰਜੇ ਕਾਕ ਸੰਬੋਧਨ ਕਰਨਗੇ।

ਇਸ ਮੇਲੇ ਵਿੱਚ ਗ਼ਦਰੀ ਦੇਸ਼ ਭਗਤਾਂ ਦੇ ਪਿੰਡਾਂ ਵੱਲੋਂ ਮੁੱਖ ਤੌਰ 'ਤੇ ਪ੍ਰਿਥੀਪਾਲ ਸਿੰਘ ਮਾੜੀਮੇਘਾ, ਰਣਜੀਤ ਸਿੰਘ ਔਲਖ ਅਤੇ ਰਾਜਿੰਦਰ ਮੰਡ ਦੀ ਅਗਵਾਈ 'ਚ ਲੰਗਰ ਸੇਵਾਵਾਂ ਹੋਣਗੀਆਂ। ਨਾਟਕਾਂ ਦੀ ਰਾਤ ਚਾਹ ਦਾ ਲੰਗਰ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਵੱਲੋਂ ਹੋਏਗਾ। ਪ੍ਰੈੱਸ ਕਾਨਫਰੰਸ 'ਚ ਕਮੇਟੀ ਮੈਂਬਰ ਸੁਰਿੰਦਰ ਕੁਮਾਰੀ ਕੋਛੜ, ਰਣਜੀਤ ਸਿੰਘ ਔਲਖ, ਗੁਰਮੀਤ ਸਿੰਘ, ਕੁਲਬੀਰ ਸੰਘੇੜਾ, ਹਰਵਿੰਦਰ ਭੰਡਾਲ ਵੀ ਸ਼ਾਮਲ ਸਨ। ਦੇਸ਼ ਭਗਤ ਕਮੇਟੀ ਨੇ ਸਮੂਹ ਜਨਤਕ ਜਮਹੂਰੀ ਜਥੇਬੰਦੀਆਂ ਅਤੇ ਸ਼ਖ਼ਸੀਅਤਾਂ ਨੂੰ ਪਰਵਾਰਾਂ ਸਮੇਤ ਮੇਲੇ 'ਚ ਸ਼ਿਰਕਤ ਕਰਨ ਅਤੇ ਹਰ ਪੱਖੋਂ ਸਹਿਯੋਗ ਲਈ ਅਪੀਲ ਕੀਤੀ ਹੈ। ਪ੍ਰੈੱਸ ਕਾਨਫਰੰਸ 'ਚ ਆਏ ਸੁਆਲਾਂ ਦੇ ਕਮੇਟੀ ਆਗੂਆਂ ਨੇ ਸਾਰਥਕ ਜਵਾਬ ਦਿੰਦੇ ਹੋਏ ਸੁਆਲਾਂ ਦਾ ਸੁਆਗਤ ਕੀਤਾ।

# 1200 ਕਰੋੜ ਨਾ ਦੇਣ 'ਤੇ 'ਆਪ' ਵੱਲੋਂ ਕੇਂਦਰ ਸਰਕਾਰ ਦੀ ਨਿਖੇਧੀ



**ਚੰਡੀਗੜ੍ਹ (ਗੁਰਜੀਤ ਬਿੱਲਾ)**-ਆਮ ਆਦਮੀ ਪਾਰਟੀ (ਆਪ) ਨੇ ਪਰਾਲੀ ਸਾੜਨ ਤੋਂ ਰੋਕਣ ਲਈ 1200 ਕਰੋੜ ਰੁਪਏ ਦੇਣ ਦੀ ਪੰਜਾਬ ਸਰਕਾਰ ਦੀ ਮੰਗ ਨੂੰ ਰੱਦ ਕਰਨ ਲਈ ਭਾਜਪਾ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਦੀ ਤਿੱਖੀ ਆਲੋਚਨਾ ਕੀਤੀ ਹੈ ਅਤੇ ਕੇਂਦਰ 'ਤੇ ਪੰਜਾਬ ਨਾਲ ਵਿਤਕਰਾ ਕਰਨ ਦਾ ਦੋਸ਼ ਲਗਾਇਆ ਹੈ।ਮੰਗਲਵਾਰ ਪ੍ਰੈੱਸ ਕਾਨਫ਼ਰੰਸ ਦੌਰਾਨ 'ਆਪ' ਸੰਸਦ ਮੈਂਬਰ ਅਤੇ ਪਾਰਟੀ ਦੇ ਸੀਨੀਅਰ ਬੁਲਾਰੇ ਮਲਵਿੰਦਰ ਸਿੰਘ ਕੰਗ ਨੇ ਕਿਹਾ ਕਿ ਮੋਦੀ ਸਰਕਾਰ ਪੰਜਾਬ ਨਾਲ ਲਗਾਤਾਰ ਵਿਤਕਰਾ ਕਰ ਰਹੀ ਹੈ। ਉਹ ਪਹਿਲਾਂ ਹੀ ਪੰਜਾਬ ਦੇ ਰੂਰਲ ਡਿਵੈੱਲਪਮੈਂਟ ਫ਼ੰਡ, ਮੰਡੀ ਡਿਵੈੱਲਪਮੈਂਟ ਫ਼ੰਡ ਅਤੇ ਨੈਸ਼ਨਲ ਹੈਲਥ ਮਿਸ਼ਨ ਵਰਗੇ ਕਈ ਫ਼ੰਡਾਂ ਨੂੰ ਰੋਕੀ ਬੈਠੀ ਹੈ, ਜੋ ਕਿ 10 ਹਜ਼ਾਰ ਕਰੋੜ ਰੁਪਏ ਦੇ ਕਰੀਬ ਹਨ। ਹਾਲ ਹੀ ਵਿੱਚ ਚੌਲਾਂ ਦੀ ਲਿਫ਼ਟਿੰਗ ਵਿੱਚ ਜਾਣਬੁੱਝ ਕੇ ਸਮੱਸਿਆ ਪੈਦਾ ਕੀਤੀ ਗਈ। ਹੁਣ ਪਰਾਲੀ ਸਾੜਨ ਤੋਂ ਰੋਕਣ ਲਈ ਕਿਸਾਨਾਂ ਨੂੰ ਪ੍ਰੋਤਸਾਹਨ ਰਾਸ਼ੀ ਦੇਣ ਤੋਂ ਇਨਕਾਰ ਕਰ ਰਹੀ ਹੈ। ਇਹ ਅਤਿ ਨਿੰਦਣਯੋਗ ਹੈ।

ਕੰਗ ਨੇ ਕਿਹਾ ਕਿ ਮਾਨ ਸਰਕਾਰ ਪਰਾਲੀ ਸਾੜਨ ਤੋਂ ਰੋਕਣ ਲਈ ਕਿਸਾਨਾਂ ਨੂੰ ਲਗਾਤਾਰ ਜਾਗਰੂਕ ਅਤੇ ਸਹਿਯੋਗ ਕਰ ਰਹੀ ਹੈ। ਸਰਕਾਰ ਵੱਲੋਂ ਪਿਛਲੇ ਢਾਈ ਸਾਲਾਂ ਦੌਰਾਨ ਚੁੱਕੇ ਗਏ ਸਾਰਥਿਕ ਕਦਮਾਂ ਕਾਰਨ ਇਸ ਵਾਰ ਪਰਾਲੀ ਸਾੜਨ ਦੀ ਗਿਣਤੀ ਵਿੱਚ ਕਾਫੀ ਕਮੀ ਆਈ ਹੈ।ਕੰਗ ਨੇ ਕਿਹਾ ਕਿ ਭਾਜਪਾ ਅਕਸਰ ਕਹਿੰਦੀ ਹੈ ਕਿ ਉਹ ਪੰਜਾਬ ਦੇ ਕਿਸਾਨਾਂ ਦੇ ਨਾਲ ਖੜੀ ਹੈ, ਪਰ ਜਦੋਂ ਵੀ ਉਨ੍ਹਾਂ ਦੀ ਮਦਦ ਕਰਨ ਦੀ ਗੱਲ ਆਉਂਦੀ ਹੈ ਤਾਂ ਉਹ ਆਪਣੀ ਜ਼ਿੰਮੇਵਾਰੀ ਤੋਂ ਭੱਜ ਜਾਂਦੀ ਹੈ ਜਾਂ ਕਈ ਤਰ੍ਹਾਂ ਦੀਆਂ ਰੁਕਾਵਟਾਂ ਖੜ੍ਹੀਆਂ ਕਰ ਦਿੰਦੀ ਹੈ।ਭਾਜਪਾ ਦੀ ਕੇਂਦਰ ਸਰਕਾਰ ਦਾ ਪੰਜਾਬ ਪ੍ਰਤੀ ਰਵੱਈਆ ਬੇਹੱਦ ਪੱਖਪਾਤੀ ਅਤੇ ਬਦਲਾਖੋਰੀ ਵਾਲਾ ਹੈ। ਇਸ ਨਾਲ ਦੇਸ਼ ਦੀ ਸੰਘੀ ਪ੍ਰਣਾਲੀ ਵੀ ਕਮਜ਼ੋਰ ਹੋ ਰਹੀ ਹੈ। ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਨੂੰ ਇਹ ਅਹਿਸਾਸ ਹੋਣਾ ਚਾਹੀਦਾ ਹੈ ਕਿ ਪੰਜਾਬ ਅਤੇ ਹਰਿਆਣਾ ਦੇ ਕਿਸਾਨ ਆਪਣੀ ਮਿਹਨਤ ਨਾਲ ਅਨਾਜ ਉਗਾ ਕੇ ਪੂਰੇ ਦੇਸ਼ ਦਾ ਢਿੱਡ ਭਰਦੇ ਹਨ। ਉਨ੍ਹਾਂ ਨਾਲ ਇਸ ਤਰ੍ਹਾਂ ਦਾ ਵਿਵਹਾਰ ਸ਼ਰਮਨਾਕ ਹੈ।ਆਮ ਆਦਮੀ ਪਾਰਟੀ ਇਸ ਦੀ ਸਖ਼ਤ ਨਿਖੇਧੀ ਕਰਦੀ ਹੈ।ਪੰਜਾਬ ਸਰਕਾਰ 2022 ਤੋਂ ਹੀ ਕੇਂਦਰ ਨੂੰ ਪੱਤਰ ਲਿਖ ਰਹੀ ਹੈ, ਪਿਛਲੇ ਸਾਲ ਦਿੱਲੀ ਸਰਕਾਰ ਨੇ ਵੀ ਆਪਣਾ ਹਿੱਸਾ ਦੇਣ ਦਾ ਐਲਾਨ ਕੀਤਾ ਸੀ। ਪੰਜਾਬ ਸਰਕਾਰ ਨੇ 2022 ਵਿੱਚ ਹੀ ਕੇਂਦਰ ਨੂੰ ਪੱਤਰ ਲਿਖ ਕੇ ਕਿਸਾਨਾਂ ਨੂੰ 2500 ਰੁਪਏ ਪ੍ਰਤੀ ਏਕੜ ਦੇਣ ਦੀ ਆਪਣੀ ਯੋਜਨਾ ਦੀ ਜਾਣਕਾਰੀ ਦਿੱਤੀ ਸੀ। ਪਿਛਲੇ ਸਾਲ ਦਿੱਲੀ ਦੇ ਮੌਜੂਦਾ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਨੇ ਵੀ ਦਿੱਲੀ ਸਰਕਾਰ ਵੱਲੋਂ ਇਸ ਸਕੀਮ ਲਈ ਪੈਸੇ ਦੇਣ ਦਾ ਐਲਾਨ ਕੀਤਾ ਸੀ, ਕਿਉਂਕਿ ਦਿੱਲੀ ਵਿੱਚ ਅਕਤੂਬਰ-ਨਵੰਬਰ ਵਿੱਚ ਪਰਾਲੀ ਦੇ ਧੂੰਏਂ ਕਾਰਨ ਹਵਾ ਪ੍ਰਦੂਸ਼ਣ ਕਾਫੀ ਵਧ ਜਾਂਦਾ ਹੈ। ਪਿਛਲੇ ਮਹੀਨੇ ਪੰਜਾਬ ਸਰਕਾਰ ਨੇ ਕੇਂਦਰ ਨੂੰ ਪੱਤਰ ਲਿਖ ਕੇ ਇਸ ਸਾਲ ਲਈ ਯੋਜਨਾ ਦਾ 60 ਫ਼ੀਸਦੀ ਰਕਮ ਜੋ 1200 ਕਰੋੜ ਰੁਪਏ ਬਣਦੀ ਹੈ, ਦੇਣ ਦੀ ਮੰਗ ਕੀਤੀ ਸੀ। ਪੰਜਾਬ ਵਿੱਚ ਇਸ ਵਾਰ ਕਰੀਬ 32 ਲੱਖ ਹੈਕਟੇਅਰ ਰਕਬੇ ਵਿੱਚ ਝੋਨੇ ਦੀ ਬਿਜਾਈ ਹੋਈ ਹੈ। ਸਾਰੇ ਕਿਸਾਨਾਂ ਨੂੰ 2500 ਰੁਪਏ ਪ੍ਰਤੀ ਏਕੜ ਦੇਣ ਲਈ ਲੱਗਭੱਗ 2000 ਕਰੋੜ ਰੁਪਏ ਖ਼ਰਚ ਹੋਣਗੇ। 40 ਫ਼ੀਸਦੀ ਦਿੱਲੀ ਅਤੇ ਪੰਜਾਬ ਸਰਕਾਰਾਂ ਮਿਲ ਕੇ ਦੇਣਗੀਆਂ। ਪੰਜਾਬ ਸਰਕਾਰ 400 ਕਰੋੜ ਅਤੇ ਦਿੱਲੀ ਸਰਕਾਰ 400 ਕਰੋੜ ਦੇਵੇਗੀ, ਪਰ ਕੇਂਦਰ ਸਰਕਾਰ ਇਸ ਪ੍ਰਸਤਾਵ ਨੂੰ ਦੋ ਸਾਲਾਂ ਤੋਂ ਲਗਾਤਾਰ ਠੁਕਰਾ ਰਹੀ ਹੈ। ਪੰਜਾਬ ਸਰਕਾਰ ਨੇ ਆਪਣੇ ਪ੍ਰਸਤਾਵ ਵਿੱਚ ਕਿਹਾ ਸੀ ਕਿ ਪਰਾਲੀ ਸਾੜਨ ਤੋਂ ਰੋਕਣ ਲਈ ਕਿਸਾਨਾਂ ਨੂੰ ਵਿੱਤੀ ਰਿਆਇਤਾਂ ਦੇਣਾ ਹੀ ਇੱਕੋ-ਇੱਕ ਵਿਕਲਪ ਹੈ, ਕਿਉਂਕਿ ਪਰਾਲੀ ਪ੍ਰਬੰਧਨ ਲਈ ਮਸ਼ੀਨਰੀ ਉਪਕਰਨਾਂ ਦੀ ਵਰਤੋਂ ਬਹੁਤ ਮਹਿੰਗੀ ਹੈ। ਇਸ ਨਾਲ ਜੁੜੇ ਹੋਰ ਖ਼ਰਚੇ ਵੀ ਹਨ। ਕਿਸਾਨ ਫ਼ਾਲਤੂ ਖ਼ਰਚੇ ਤੋਂ ਬਚਣ ਲਈ ਹੀ ਪਰਾਲੀ ਸਾੜਦੇ ਹਨ।

# ਕਿਸਾਨ ਨੂੰ ਜਾਨੋਂ ਮਾਰਨ ਦੀਆਂ ਧਮਕੀਆਂ ਦੇ ਕੇ ਜਬਰੀ ਵਸੂਲੀ ਕਰਨ ਵਾਲੇ 3 ਕਾਬੂ



**ਮੋਗਾ (ਇਕਬਾਲ ਸਿੰਘ ਖਹਿਰਾ)**-ਡੀ.ਜੀ.ਪੀ. ਪੰਜਾਬ ਵੱਲੋਂ ਮਾੜੇ ਅਨਸਰਾ/ਨਸ਼ਾ ਤਸਕਰਾਂ ਖਿਲਾਫ ਵਿੱਢੀ ਮੁਹਿੰਮ ਤਹਿਤ ਐੱਸ.ਐੱਸ.ਪੀ. ਮੋਗਾ ਅਜੈ ਗਾਂਧੀ ਦੇ ਦਿਸ਼ਾ ਨਿਰਦੇਸ਼ਾਂ ਹੇਠ ਬਾਲ ਕ੍ਰਿਸ਼ਨ ਸਿੰਗਲਾ ਐੱਸ ਪੀ (ਆਈ) ਮੋਗਾ, ਲਵਦੀਪ ਸਿੰਘ ਡੀ.ਐੱਸ.ਪੀ. (ਡੀ) ਮੋਗਾ, ਰਵਿੰਦਰ ਸਿੰਘ ਡੀ.ਐੱਸ.ਪੀ. (ਸਿਟੀ) ਮੋਗਾ ਦੀ ਨਿਗਰਾਨੀ ਹੇਠ ਮੋਗਾ ਪੁਲਸ ਨੂੰ ਉਸ ਸਮੇਂ ਵੱਡੀ ਸਫਲਤਾ ਮਿਲੀ, ਜਦ ਸੀ.ਆਈ.ਏ. ਸਟਾਫ ਮੋਗਾ ਤੇ ਥਾਣਾ ਚੜਿੱਕ ਦੀਆਂ ਪੁਲਸ ਟੀਮਾਂ ਵੱਲੋਂ ਮੁਦੱਈ, ਜੋ ਕਿ ਖੇਤੀਬਾੜੀ ਦਾ ਕੰਮਕਾਰ ਕਰਦਾ ਹੈ, ਨੂੰ ਜਾਨੋਂ ਮਾਰਨ ਦੀਆਂ ਧਮਕੀਆਂ ਦੇ ਕੇ ਉਸ ਪਾਸੋਂ 15 ਲੱਖ ਰੁਪਏ ਦੀ ਫਿਰੌਤੀ ਦੀ ਮੰਗ ਕਰਨੇ ਵਾਲੇ 3 ਵਿਅਕਤੀਆਂ ਨੂੰ ਕਾਬੂ ਕੀਤਾ ਗਿਆ। ਸੀਨੀਅਰ ਕਪਤਾਨ ਪੁਲਸ ਮੋਗਾ ਅਜੈ ਗਾਂਧੀ ਨੇ ਦੱਸਿਆ ਕਿ 04 ਨਵੰਬਰ 2024 ਨੂੰ ਇੱਕ ਮੁਕੱਦਮਾ ਸਿਟੀ ਸਾਊਥ ਮੋਗਾ ਬਰਖਿਲਾਫ ਸਤਨਾਮ ਸਿੰਘ ਉਰਫ ਸੱਤੂ ਪੁਤਰ ਮੱਘਰ ਸਿੰਘ ਵਾਸੀ ਨੇੜੇ ਬਾਬਾ ਖੁਸ਼ਹਾਲ ਸਿੰਘ ਦਾ ਗੁਰਦੁਆਰਾ ਪੱਤੀ ਜੰਗੀਰ ਚੜਿੱਕ ਤੇ ਜਗਤਾਰ ਸਿੰਘ ਉਰਫ ਲੱਖੂ ਉਰਫ ਅੰਮ੍ਰਿਤ ਪੁੱਤਰ ਮਲਕੀਤ ਸਿੰਘ ਵਾਸੀ ਲੋਪੋ ਜ਼ਿਲ੍ਹਾ ਮੋਗਾ ਰਜਿਸਟਰ ਹੋਇਆ ਸੀ। ਮਾਮਲੇ ਤਹਿਤ 02 ਨਵੰਬਰ 2024 ਨੂੰ ਕ੍ਰੀਬ ਰਾਤ 8-8:30 ਦੇ ਮੁਦੱਈ ਆਪਣੇ ਘਰ ਵਿੱਚ ਮੌਜੂਦ ਸੀ, ਤਾਂ ਵਕਤ ਕ੍ਰੀਬ 8:48 'ਤੇ ਉਸ ਦੇ ਮੋਬਾਇਲ ਨੰਬਰ ਤੇ ਵਿਦੇਸ਼ੀ ਮੋਬਾਇਲ ਨੰਬਰ ਤੋਂ ਵੱਟਸਐਪ ਕਾਲ ਆਈ, ਜਿਸ ਨੇ ਕਿਹਾ ਕਿ ਜੇਕਰ ਤੈਨੂੰ ਆਪਣੀ ਜਾਨ ਪਿਆਰੀ ਹੈ ਤਾਂ ਮੈਨੂੰ 15 ਲੱਖ ਰੁਪਏ ਦਿਉ। ਜੇਕਰ ਤੂੰ ਅਜਿਹਾ ਨਹੀ ਕੀਤਾਂ ਤੂੰ ਇਸ ਦਾ ਬਹੁਤ ਬੁਰਾ ਅੰਜਾਮ ਭੁਗਤਣਾ ਪਵੇਗਾ। ਇਸ ਤੋਂ ਬਾਅਦ ਦੋਬਾਰਾ ਫਿਰ ਉਸ ਨੇ ਵੱਟਸਐਪ ਕਾਲ ਕੀਤੀ ਤੇ 15 ਲੱਖ ਰੁਪੈ ਦੀ ਮੰਗ ਕੀਤੀ ਤੇ ਧਮਕੀ ਦਿੰਦੇ ਹੋਏ ਕਿਹਾ ਕਿ ਜੇਕਰ ਤੂੰ 02 ਦਿਨ ਵਿਚ ਪੈਸੇ ਨਾ ਦਿੱਤੇ ਤਾਂ ਤੈਨੂੰ ਤੇ ਤੇਰੇ ਪੂਰੇ ਪਰਵਾਰ ਨੂੰ ਜਾਨੋਂ ਮਾਰ ਦੇਵਾਂਗੇ। ਪੁਲਸ ਤਫਤੀਸ਼ ਦੌਰਾਨ ਦੋਸ਼ੀ ਸਤਨਾਮ ਸਿੰਘ ਉਰਫ ਸੱਤੂ ਪੁੱਤਰ ਮੱਘਰ ਸਿੰਘ ਵਾਸੀ ਨੇੜੇ ਬਾਬਾ ਖੁਸ਼ਹਾਲ ਸਿੰਘ ਦਾ ਗੁਰਦੁਆਰਾ ਪੱਤੀ ਜੰਗੀਰ ਚੜਿਕ ਨੂੰ ਗ੍ਰਿਫਤਾਰ ਕੀਤਾ ਗਿਆ। ਉਸ ਨੇ ਪੁਛਗਿੱਛ ਦੌਰਾਨ ਮੰਨਿਆ ਕਿ ਜਿਹੜੇ ਵਿਦੇਸ਼ੀ ਮੋਬਾਇਲ ਨੰਬਰ ਤੋਂ ਉਸ ਨੇ ਤੇ ਉਸ ਦੇ ਸਾਥੀ ਜਗਤਾਰ ਸਿੰਘ ਉਰਫ ਲੱਖੂ ਨੇ ਮੁੱਦਈ ਨੂੰ ਜਾਨੋਂ ਮਾਰਨ ਦੀਆਂ ਧਮਕੀਆਂ ਦੇ ਕੇ ਫਿਰੌਤੀ ਦੀ ਮੰਗ ਕੀਤੀ ਸੀ, ਉਹ ਸਿੰਮ ਕਾਰਡ ਉਨ੍ਹਾਂ ਨੂੰ ਗੁਰਜੋਤ ਸਿੰਘ ਉਰਫ ਜੋਤ ਪੁੱਤਰ ਅੰਗਰੇਜ ਸਿੰਘ ਵਾਸੀ ਚੜਿੱਕ ਨੇ ਮੁਹੱਈਆ ਕਰਵਾਇਆ ਸੀ, ਜਿਸ 'ਤੇ ਗੁਰਜੋਤ ਸਿੰਘ ਉਰਫ ਜੋਤ ਪੁੱਤਰ ਅੰਗਰੇਜ ਸਿੰਘ ਵਾਸੀ ਚੜਿੱਕ ਉਕਤ ਮੁਕੱਦਮਾ ਵਿੱਚ ਬਤੌਰ ਦੋਸ਼ੀ ਨਾਮਜ਼ਦ ਕੀਤਾ ਗਿਆ ਅਤੇ ਦੋਸ਼ੀਆਂ ਗੁਰਜੋਤ ਸਿੰਘ ਉਰਫ ਜੋਤ ਪੁੱਤਰ ਅੰਗਰੇਜ ਸਿੰਘ ਵਾਸੀ ਚੜਿੱਕ ਤੇ ਜਗਤਾਰ ਸਿੰਘ ਉਰਫ ਲੱਖੂ ਉਰਫ ਅੰਮ੍ਰਿਤ ਪੁੱਤਰ ਮਲਕੀਤ ਸਿੰਘ ਵਾਸੀ ਲੋਪੋ ਨੂੰ ਅੱਜ ਗ੍ਰਿਫਤਾਰ ਕੀਤਾ ਗਿਆ ਹੈ ਅਤੇ ਇਨ੍ਹਾਂ ਪਾਸੋਂ ਫਿਰੌਤੀ ਮੰਗਣ ਸਬੰਧੀ ਵਰਤਿਆ ਗਿਆ ਮੋਬਾਇਲ ਫੋਨ ਤੇ ਇੱਕ ਵਿਦੇਸ਼ੀ ਸਿੰਮ ਕਾਰਡ ਬਰਾਮਦ ਕੀਤਾ ਗਿਆ ਹੈ।

### ਕੁਤਾਹੀ ਦੇ ਦੋਸ਼ 'ਚ ਸਾਰਜੈਂਟ ...

ਅਧਿਕਾਰੀ ਨੂੰ ਪ੍ਰਦਰਸ਼ਨ 'ਚ ਹਿੱਸਾ ਲੈਂਦੇ ਹੋਏ ਦਿਖਾਇਆ ਗਿਆ ਹੈ। ਸੀ ਬੀ ਸੀ ਨਿਊਜ਼ ਮੁਤਾਬਕ ਚਿਨ ਨੇ ਕਿਹਾ ਇਸ ਅਧਿਕਾਰੀ ਨੂੰ ਕਮਿਊਨਿਟੀ ਸੇਫਟੀ ਐਂਡ ਪੁਲੀਸਿੰਗ ਐਕਟ ਦੇ ਅਨੁਸਾਰ ਮੁਅੱਤਲ ਕੀਤਾ ਗਿਆ ਹੈ। ਉਹ ਪੂਰੀ ਤਰ੍ਹਾਂ ਨਾਲ ਦਰਸਾਏ ਗਏ ਹਾਲਾਤ ਦੀ ਜਾਂਚ ਕਰ ਰਹੇ ਹਨ, ਪਰ ਉਦੋਂ ਤੱਕ ਵੀਡੀਓ ਅਤੇ ਹੋਰ ਜਾਣਕਾਰੀ ਪ੍ਰਦਾਨ ਕਰਨ 'ਚ ਅਸਮਰੱਥ ਹਨ ਜਦੋਂ ਤੱਕ ਇਹ ਜਾਂਚ ਪੂਰੀ ਨਹੀਂ ਹੋ ਜਾਂਦੀ।

ਇੱਕ ਦਿਨ ਪਹਿਲਾਂ ਪੀਲ ਰੀਜਨਲ ਪੁਲਸ ਨੇ ਕਿਹਾ ਸੀ ਕਿ ਜਾਂਚਕਰਤਾਵਾਂ ਨੇ ਬਰੈਂਪਟਨ ਅਤੇ ਮਿਸੀਸਾਗਾ 'ਚ ਵਿਰੋਧ ਪ੍ਰਦਰਸ਼ਨਾਂ ਨਾਲ ਸੰਬੰਧਤ ਚਾਰ ਲੋਕਾਂ ਨੂੰ ਗ੍ਰਿਫਤਾਰ ਕੀਤਾ ਅਤੇ ਉਨ੍ਹਾਂ 'ਚ 43 ਸਾਲਾ ਦਿਲਪ੍ਰੀਤ ਸਿੰਘ ਬਾਊਂਸ, 23 ਸਾਲਾ ਵਿਕਾਸ ਅਤੇ 31 ਸਾਲਾ ਅੰਮ੍ਰਿਤਪਾਲ ਸਿੰਘ ਸ਼ਾਮਲ ਹਨ। ਚੌਥੇ ਵਿਅਕਤੀ ਨੂੰ ਬਕਾਇਆ ਗੈਰ-ਸੰਬੰਧਤ ਵਾਰੰਟ 'ਤੇ ਗ੍ਰਿਫਤਾਰ ਕੀਤਾ ਗਿਆ ਸੀ ਅਤੇ ਬਾਅਦ 'ਚ ਛੱਡ ਦਿੱਤਾ ਗਿਆ। ਮਿਸੀਸਾਗਾ ਦੇ ਬਾਊਂਸ 'ਤੇ ਗੜਬੜ ਕਰਨ ਅਤੇ ਪੀਸ ਅਫਸਰ 'ਤੇ ਹਮਲਾ ਕਰਨ ਦਾ ਦੋਸ਼ ਲਗਾਇਆ ਗਿਆ ਹੈ। ਬਰੈਂਪਟਨ ਦੇ ਵਿਕਾਸ 'ਤੇ ਹਥਿਆਰਾਂ ਨਾਲ ਹਮਲਾ ਕਰਨ ਦਾ ਦੋਸ਼ ਲਗਾਇਆ ਗਿਆ ਹੈ ਅਤੇ ਮਿਸੀਸਾਗਾ ਦੇ ਅੰਮ੍ਰਿਤਪਾਲ ਸਿੰਘ 'ਤੇ 5000 ਅਮਰੀਕੀ ਡਾਲਰ ਤੋਂ ਵੱਧ ਦੀ ਸ਼ਰਾਰਤ ਕਰਨ ਦਾ ਦੋਸ਼ ਲਗਾਇਆ ਗਿਆ ਹੈ। ਤਿੰਨੋਂ ਵਿਅਕਤੀ ਬਰੈਂਪਟਨ 'ਚ ਓਨਟਾਰੀਓ ਕੋਰਟ ਆਫ ਜਸਟਿਸ 'ਚ ਪੇਸ਼ ਕੀਤੇ ਜਾਣਗੇ। ਇਹ ਐਤਵਾਰ ਬਰੈਂਪਟਨ 'ਚ ਹਿੰਦੂ ਸਭਾ ਮੰਦਰ ਵਿਖੇ ਭਾਰਤੀ ਹਾਈ ਕਮਿਸ਼ਨ ਵੱਲੋਂ ਲਾਏ ਗਏ ਇੱਕ ਕੌਂਸਲਰ ਕੈਂਪ ਦੌਰਾਨ ਹਿੰਸਕ ਵਿਘਨ ਪਾਉਂਦੇ ਦੇਖੇ ਗਏ।

### ਅਮਰੀਕਾ 'ਚ ਵੋਟਿੰਗ...

ਹੈ। ਹੈਰਿਸ ਅਤੇ ਟਰੰਪ ਨੂੰ ਜਿੱਤਣ ਲਈ 538 ਇਲੈਕਟੋਰਲ ਕਾਲਜ ਵੋਟਾਂ ਵਿੱਚੋਂ ਘੱਟੋ-ਘੱਟ 270 ਦੀ ਲੋੜ ਹੈ। ਹਰੇਕ ਰਾਜ ਨੂੰ ਕਈ ਇਲੈਕਟੋਰਲ ਕਾਲਜ ਵੋਟ ਦਿੱਤੇ ਗਏ ਹਨ ਜੋ ਕਿ ਅਮਰੀਕਾ ਦੇ ਪ੍ਰਤੀਨਿਧੀ ਸਭਾ ਅਤੇ ਸੈਨੇਟ ਨੂੰ ਭੇਜੇ ਗਏ ਮੈਂਬਰਾਂ ਦੀ ਗਿਣਤੀ ਦਾ ਕੁੱਲ ਹੈ; ਸੈਨੇਟ ਦੀ ਗਿਣਤੀ ਹਰ ਰਾਜ ਲਈ ਇੱਕੋ ਜਿਹੀ ਹੈ, ਦੋ-ਦੋ।

ਪੋਲਿੰਗ ਦਾ ਸਮਾਪਤੀ ਸਮਾਂ ਰਾਜ ਤੋਂ ਰਾਜ ਅਤੇ ਇੱਥੋਂ ਤੱਕ ਕਿ ਰਾਜ ਦੇ ਅੰਦਰ ਕਾਉਂਟੀ ਤੋਂ ਕਾਉਂਟੀ ਤੱਕ ਅਤੇ ਕਈ ਵਾਰ ਉਸੇ ਕਾਉਂਟੀ 'ਚ ਸ਼ਹਿਰ-ਦਰ-ਸ਼ਹਿਰ ਵਿੱਚ ਵੀ ਵੱਖਰਾ ਹੋ ਸਕਦਾ ਹੈ। ਜੇ ਪੋਲਿੰਗ 8 ਵਜੇ ਬੰਦ ਹੋ ਜਾਂਦੀ ਹੈ ਤਾਂ ਜੋ ਕੋਈ ਵੀ ਲਾਈਨ 'ਚ ਹੈ ਉਹ ਆਪਣੀ ਵੋਟ ਪਾਵੇਗਾ, ਭਾਵੇਂ ਇਸ 'ਚ ਕਿੰਨਾ ਸਮਾਂ ਲੱਗੇ। ਸਾਢੇ ਪੰਜ ਕਰੋੜ ਤੋਂ ਵੱਧ ਰਜਿਸਟਰਡ ਵੋਟਰ ਹਨ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by Gurmit Singh Shugli for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar. Editor: Chand Singh @ Chand Fatehpuri

ਸੰਪਾਦਕ : ਚੰਦ ਸਿੰਘ ਉਰਫ ਚੰਦ ਫਤਿਹਪੁਰੀ * ਪੀ ਆਰ ਬੀ ਐਕਟ ਤਹਿਤ ਖਬਰਾਂ ਦੀ ਚੋਣ ਲਈ ਜ਼ਿੰਮੇਵਾਰ। ਪ੍ਰਕਾਸ਼ਕ ਤੇ ਛਾਪਕ ਗੁਰਮੀਤ ਸਿੰਘ ਸ਼ੁਗਲੀ ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ।
ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

6-Nov-PAGE-3.qxd 11/5/2024 10:44 PM Page 1



# ਮੰਗਾਂ ਨੂੰ ਲੈ ਕੇ ਬਰਨਾਲਾ ਕਿਰਤ ਵਿਭਾਗ ਦੇ ਦਫਤਰ ਅੱਗੇ ਏਟਕ ਨੇ ਦਿੱਤਾ ਰੋਸ ਧਰਨਾ



**ਬਰਨਾਲਾ (ਨਜ਼ਸ)**—ਆਲ ਇੰਡੀਆ ਟਰੇਡ ਯੂਨੀਅਨ ਏਟਕ ਦੇ ਜ਼ਿਲਾ ਸਕੱਤਰ ਕਾਮਰੇਡ ਖੁਸ਼ੀਆ ਸਿੰਘ ਨੇ ਕਿਹਾ ਕਿ ਜਦੋਂ ਦੀ ਕਿਰਤ ਇੰਸਪੈਕਟਰ ਬਰਨਾਲਾ ਵਿੱਚ ਆਈ ਹੈ ਉਹ ਲੱਗਭਗ 3 ਮਹੀਨੇ ਤੋਂ ਹਫਤੇ ਬਾਅਦ ਸਿਰਫ ਮੰਗਲਵਾਰ ਨੂੰ ਦਫਤਰ ਆਉਂਦੇ ਹਨ।ਬਾਕੀ ਦਿਨ ਦਫਤਰ ਵਿੱਚ ਕੋਈ ਕੰਮ ਨਹੀਂ ਹੁੰਦਾ।ਦਫਤਰ ਖੁੱਲ ਦਾ ਹੀ ਨਹੀਂ , ਲੋਕਾਂ ਦੇ ਕੰਮ ਕੀ ਹੋਣਗੇ। ਅਸੀਂ ਟਰੇਡ ਯੂਨੀਅਨ ਵੱਲੋਂ ਵੇਅਰਹਾਊਸ ਦੇ ਚੌਕੀਦਾਰਾਂ ਵੱਲੋਂ ਮੰਗ ਪੱਤਰ ਦਿੱਤਾ ਸੀ। ਇਸ ਨੂੰ ਲੱਗਭਗ 2 ਮਹੀਨੇ ਤੋਂ ਜ਼ਿਆਦਾ ਸਮਾਂ ਹੋ ਗਿਆ।ਡੀ. ਸੀ. ਰੇਟ ਲਾਗੂ ਕਰਨ ਬਾਰੇ, 1-9-2023 ਤੋਂ ਵਧੇ ਹੋਏ ਰੇਟ ਦਾ ਬਕਾਇਆ ਲੈਣ ਲਈ 1-3-2024 ਤੋਂ ਜੁਲਾਈ 24 ਤੱਕ ਬਕਾਇਆ ਲੈਣ ਬਾਰੇ ਮੰਗ ਪੱਤਰ ਦਿੱਤਾ ਹੋਇਆ ਹੈ।ਸਾਨੂੰ ਚਾਰ ਤਰੀਖਾਂ ਦੇ ਦਿੱਤੀਆਂ ਹਨ ਪਰ ਕੰਪਨੀ ਦੇ ਮਾਲਕ ਨੂੰ ਹਾਲੇ ਤੱਕ ਬੁਲਾਇਆ ਨਹੀਂ। ਦੁਸਹਿਰਾ, ਦਿਵਾਲੀ ਨਿਕਲ ਚੁੱਕੀ ਹੈ, ਹਾਲੇ ਤੱਕ ਤਨਖਾਹ ਨਹੀਂ ਦਿੱਤੀ ਗਈ। ਗੁਦਾਮਾਂ ਵਿੱਚ ਕੋਈ ਲਾਈਟ ਦਾ ਪ੍ਰਬੰਧ ਨਹੀਂ, ਹਾਲਾਤ ਮਾੜੇ ਹਨ ਪਰ ਕਿਰਤ ਵਿਭਾਗ ਗੱਲ ਸੁਣਨ ਲਈ ਤਿਆਰ ਨਹੀਂ। 2023 ਤੋਂ ਲੈ ਕੇ ਲਾਭਪਾਤਰੀ ਬੱਚਿਆਂ ਦੇ ਵਜ਼ੀਫੇ ਹਾਲੇ ਤੱਕ ਨਹੀਂ ਪਾਏ। ਕਾਪੀਆਂ ਨਿਊ ਨਹੀਂ ਕੀਤੀਆਂ ਜਾ ਰਹੀਆਂ। ਮੈਡੀਕਲ, ਸ਼ਗਨ ਸਕੀਮ ਦੀਆਂ ਫਾਇਲਾਂ ਦਫਤਰ ਵਿੱਚ ਹੀ ਪਈਆਂ ਹਨ।ਵੈਰੀਫਾਈ ਕਰਵਾ ਕੇ ਮੁੱਖ ਦਫਤਰ ਨੂੰ ਨਹੀਂ ਭੇਜੀਆਂ ਜਾ ਰਹੀਆਂ ਜਿਸ ਕਰ ਕੇ ਰਜਿਸਟਰ ਮਜ਼ਦੂਰਾਂ ਨੂੰ ਕੋਈ ਲਾਭ ਨਹੀਂ ਮਿਲ ਰਿਹਾ।ਪਿਛਲੇ ਦੋ ਸਾਲਾਂ ਤੋਂ ਫਾਰਮ 'ਤੇ ਇਤਰਾਜ਼ ਲਾ ਕੇ ਲੋਕਾਂ ਨੂੰ ਪਰੇਸ਼ਾਨ ਕਿਤਾ ਜਾ ਰਿਹਾ ਹੈ।

ਲੋਕ ਕਲੇਮ ਲੈਣ ਲਈ ਵਾਰ ਵਾਰ ਸੇਵਾ ਕੇਂਦਰ ਨੂੰ ਇਤਰਾਜ਼ ਦੂਰ ਕਰਵਾ ਕੇ ਭੇਜ ਰਹੇ ਹਨ। ਇਸ ਲਈ ਯੂਨੀਅਨ ਵਿੱਚ ਕਿਰਤ ਇੰਸਪੈਕਟਰ ਖਿਲਾਫ ਰੋਸ ਭਾਰੀ ਹੈ। ਉਹ ਖੁਦ ਦਫਤਰ ਵਿੱਚ ਨਹੀਂ ਆਉਂਦੇ।ਜਥੇਬੰਦੀ ਨੇ ਫੈਸਲਾ ਲਿਆ ਹੈ ਬਾਕੀ ਹੋਰ ਜਥੇਬੰਦੀਆ ਨੂੰ ਬੁਲਾ ਕੇ ਇਨ੍ਹਾਂ ਦੇ ਖਿਲਾਫ ਸੰਘਰਸ਼ ਕੀਤਾ ਜਾਵੇਗਾ।ਇਸ ਮੌਕੇ ਖੁਸ਼ੀਆ ਸਿੰਘ ਜ਼ਿਲਾ ਸਕੱਤਰ ਏਟਕ, ਜਤਿੰਦਰ ਕੁਮਾਰ, ਸੁਖਦੇਵ ਸਿੰਘ, ਲਖਵਿੰਦਰ ਸਿੰਘ, ਗੁਰਦੀਪ ਸਿੰਘ ਅਤੇ ਹੋਰ ਆਗੂ ਹਾਜ਼ਰ ਸਨ।

# ਮੁਅੱਤਲ ਪੰਚਾਇਤ ਸਕੱਤਰਾਂ ਦੇ ਹੱਕ 'ਚ ਯੂਨੀਅਨ ਵੱਲੋਂ ਨਾਅਰੇਬਾਜ਼ੀ



**ਮੱਤੇਵਾਲ (ਦਵਿੰਦਰ ਸਿੰਘ ਤਰਸਿੱਕਾ)**—ਬਲਾਕ ਤਰਸਿਕਾ ਦੇ ਪਿੰਡਾਂ ਵਿੱਚ ਕਿਸਾਨਾਂ ਵੱਲੋਂ ਪਰਾਲੀ ਸਾੜਨ ਦੇ ਮਾਮਲੇ ਵਿੱਚ ਡਿਪਟੀ ਕਮਿਸ਼ਨਰ ਅੰਮ੍ਰਿਤਸਰ ਵੱਲੋਂ ਪੰਚਾਇਤ ਅਤੇ ਬਲਾਕ ਵਿਕਾਸ ਦਫਤਰ ਤਰਸਿੱਕਾ ਦੇ ਦੋ ਪੰਚਾਇਤ ਸਕੱਤਰ ਪ੍ਰਿਤਪਾਲ ਸਿੰਘ ਅਤੇ ਬਲਦੇਵ ਸਿੰਘ ਨੂੰ ਮੁਅੱਤਲ ਕਰਨ ਦੇ ਸਬੰਧ ਵਿੱਚ ਅੱਜ ਪੰਚਾਇਤ ਸਕੱਤਰ ਯੂਨੀਅਨ ਜ਼ਿਲਾ ਅੰਮ੍ਰਿਤਸਰ ਵੱਲੋਂ ਬਲਾਕ ਵਿਕਾਸ ਤੇ ਪੰਚਾਇਤ ਦਫਤਰ ਤਰਸਿੱਕਾ ਵਿੱਚ ਰੋਸ ਧਰਨਾ ਦਿੱਤਾ ਗਿਆ। ਧਰਨੇ ਦੌਰਾਨ ਜ਼ਿਲ੍ਹਾ ਪ੍ਰਧਾਨ ਗੁਰਿੰਦਰਬੀਰ ਸਿੰਘ ਅਤੇ ਰਾਜ ਕੁਮਾਰ ਜਨਰਲ ਸਕੱਤਰ ਪੰਚਾਇਤ ਯੂਨੀਅਨ ਪੰਜਾਬ ਜਲੰਧਰ ਡਿਵੀਜ਼ਨ ਦੇ ਪ੍ਰਧਾਨ ਨਿਸ਼ਾਨ ਸਿੰਘ ਨੇ ਦੱਸਿਆ ਕਿ ਡਿਪਟੀ ਕਮਿਸ਼ਨਰ ਅੰਮ੍ਰਿਤਸਰ ਵੱਲੋਂ ਕੁਝ ਕਿਸਾਨਾਂ ਵੱਲੋਂ ਪਰਾਲੀ ਸਾੜਨ ਦੇ ਮਾਮਲੇ ਵਿੱਚ ਬਿਨਾਂ ਕਿਸੇ ਕਾਰਨ ਦੱਸੇ ਨੋਟਿਸ ਜਾਰੀ ਕੀਤਿਆਂ ਦੋ ਪੰਚਾਇਤ ਸਕੱਤਰਾਂ ਨੂੰ ਮੁਅੱਤਲ ਕਰ ਦਿੱਤਾ ਜੋ ਕਿ ਮੁਲਾਜ਼ਮਾਂ ਨਾਲ ਸਰਾਸਰ ਧੱਕੇਸ਼ਾਹੀ ਅਤੇ ਗੈਰ ਕਾਨੂੰਨੀ ਹੈ ਜਿਸ ਨੂੰ ਯੂਨੀਅਨ ਵੱਲੋਂ ਕਦੇ ਵੀ ਬਰਦਾਸ਼ਤ ਨਹੀਂ ਕੀਤਾ ਜਾਵੇਗਾ।ਇਸ ਦੌਰਾਨ ਯੂਨੀਅਨ ਵੱਲੋਂ ਚੇਤਾਵਨੀ ਦਿੰਦੇ ਹੋਏ ਦੱਸਿਆ ਕਿ ਜੇਕਰ ਦੋਹਾਂ ਪੰਚਾਇਤ ਸਕੱਤਰਾਂ ਨੂੰ ਬਹਾਲ ਨਾ ਕੀਤਾ ਗਿਆ ਤਾਂ ਸਮੁੱਚੀ ਯੂਨੀਅਨ ਕਲਮ ਛੋੜ ਹੜਤਾਲ ਕਰਨ ਲਈ ਮਜਬੂਰ ਹੋਵੇਗੀ, ਜਿਸ ਦੀ ਜ਼ਿੰਮੇਵਾਰੀ ਡਿਪਟੀ ਕਮਿਸ਼ਨਰ ਅੰਮ੍ਰਿਤਸਰ ਦੀ ਹੋਵੇਗੀ। ਇਸ ਮੌਕੇ ਹੋਰਨਾਂ ਤੋਂ ਇਲਾਵਾ ਲਖਬੀਰ ਸਿੰਘ ਸੰਦੀਪ ਗਾਂਧੀ ਰਮਨ ਕੁਮਾਰ ਗੁਰਵਿੰਦਰ ਸਿੰਘ ਹੈਪੀ ਅਮੋਲਕ ਸਿੰਘ ਇੰਦਰਜੀਤ ਸਿੰਘ ਰਾਮ ਸਿੰਘ ਬੋਪਾਰਾਏ ਸਤਪਾਲ ਸਿੰਘ ਅਮਰਜੀਤ ਸਿੰਘ ਰਜਿੰਦਰ ਸਿੰਘ ਸਨਪ੍ਰੀਤ ਸਿੰਘ ਮਜੀਠਾ ਪਲਵਿੰਦਰ ਕੌਰ ਤਰਸਿੱਕਾ ਆਦਿ ਵੀ ਹਾਜ਼ਰ ਸਨ।

# ਬਰਲਟਨ ਪਾਰਕ ਨੂੰ ਸਪੋਰਟਸ ਹੱਬ ਵਜੋਂ ਵਿਕਸਿਤ ਕਰਨ ਲਈ ਪ੍ਰਸ਼ਾਸਨ ਵਚਨਬੱਧ : ਡਿਪਟੀ ਕਮਿਸ਼ਨਰ

**ਜਲੰਧਰ, (ਸ਼ੈਲੀ ਐਲਬਰਟ)**

ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਕਿਹਾ ਕਿ ਸ਼ਹਿਰ ਦੇ ਬਰਲਟਨ ਪਾਰਕ ਨੂੰ ਸਪੋਰਟਸ ਹੱਬ ਵਜੋਂ ਵਿਕਸਿਤ ਕੀਤਾ ਜਾ ਰਿਹਾ ਹੈ ਅਤੇ ਇਸ ਮੰਤਵ ਲਈ ਸ਼ੁਰੂ ਕੀਤੇ ਪ੍ਰੋਜੈਕਟ ਜਲਦੀ ਮੁਕੰਮਲ ਕੀਤੇ ਜਾਣਗੇ। ਉਹ ਨਗਰ ਨਿਗਮ ਕਮਿਸ਼ਨਰ ਗੌਤਮ ਜੈਨ ਸਮੇਤ ਬਰਲਟਨ ਪਾਰਕ ਦਾ ਦੌਰਾ ਕਰ ਰਹੇ ਸਨ ਅਤੇ ਇਸ ਮੌਕੇ ਉਨ੍ਹਾਂ ਵੱਖ-ਵੱਖ ਕੰਮਾਂ ਦਾ ਜਾਇਜ਼ਾ ਲਿਆ। ਡਿਪਟੀ ਕਮਿਸ਼ਨਰ ਨੇ ਨਗਰ ਨਿਗਮ, ਪੀ.ਡਬਲਯੂ.ਡੀ. ਅਤੇ ਬਾਗਬਾਨੀ ਵਿਭਾਗ ਨੂੰ ਇਸ ਸਪੋਰਟਸ ਸੈਂਟਰ ਨੂੰ ਹੋਰ ਵਿਕਸਿਤ ਕਰਨ ਲਈ ਵਿਆਪਕ ਵਿਕਾਸ ਪ੍ਰਜੈਕਟ ਚਲਾਉਣ ਦੀ ਹਦਾਇਤ ਕਰਦਿਆਂ ਕਿਹਾ ਕਿ ਕ੍ਰਿਕਟ ਸਟੇਡੀਅਮ ਵਿਖੇ ਪਵੇਲੀਅਨ, ਲਾਕਰ ਰੂਮਸ, ਚੈਂਜਿੰਗ ਰੂਮਜ਼ ਅਤੇ ਵਾਸ਼ਰੂਮਾਂ ਦੀ ਉਸਾਰੀ ਜਨਵਰੀ 2025 ਤੱਕ ਮੁਕੰਮਲ ਕੀਤੀ ਜਾਵੇ।ਡਾ. ਅਗਰਵਾਲ ਨੇ 65 ਲੱਖ ਰੁਪਏ ਦੀ ਲਾਗਤ ਨਾਲ ਚੱਲ ਰਹੇ ਵਿਕਾਸ ਕਾਰਜਾਂ ਦਾ ਜਾਇਜ਼ਾ ਲੈਂਦਿਆ ਠੇਕੇਦਾਰ ਨੂੰ ਨਿਰਧਾਰਤ ਸਮੇਂ ਦੇ ਅੰਦਰ ਵਿਕਾਸ ਪ੍ਰਜੈਕਟ ਮੁਕੰਮਲ ਕਰਨ ਦੀ ਹਦਾਇਤ ਕੀਤੀ।



ਉਨ੍ਹਾਂ ਕਿਹਾ ਕਿ ਇਸ ਕੰਮ ਵਿੱਚ ਕਿਸੇ ਕਿਸਮ ਦੀ ਢਿੱਲ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਉਹ ਵਿਅਕਤੀਗਤ ਤੌਰ 'ਤੇ ਰੋਜ਼ਾਨਾ ਵਿਕਾਸ ਪ੍ਰਾਜੈਕਟਾਂ ਦੀ ਪ੍ਰਗਤੀ ਦੀ ਨਿਗਰਾਨੀ ਕਰਨਗੇ। ਡਾ. ਅਗਰਵਾਲ ਨੇ ਨਗਰ ਨਿਗਮ ਦੇ ਅਧਿਕਾਰੀਆਂ ਨੂੰ ਪ੍ਰੈਕਟਿਸ ਨੈੱਟ ਵਾਲੀ ਜਗ੍ਹਾ 'ਤੇ ਫਲੱਡ ਲਾਈਟਾਂ ਲਗਾਉਣ ਲਈ ਤਜਵੀਜ਼ ਤਿਆਰ ਕਰਨ ਲਈ ਕਿਹਾ ਤਾਂ ਜੋ ਖਿਡਾਰੀ ਰਾਤ ਸਮੇਂ ਵੀ ਸਿਖ਼ਲਾਈ ਹਾਸਲ ਕਰ ਸਕਣ। ਉਨ੍ਹਾਂ ਕਿਹਾ ਕਿ ਇਹ ਲਾਈਟਾਂ ਖਿਡਾਰੀਆਂ ਨੂੰ ਖੇਡਾਂ ਦੇ ਖੇਤਰ ਵਿੱਚ ਬਿਹਤਰੀਨ ਪ੍ਰਦਰਸ਼ਨ ਕਰਨ ਵਿੱਚ ਮਦਦਗਾਰ ਸਾਬਤ ਹੋਣਗੀਆਂ। ਮੌਕੇ 'ਤੇ ਨੌਜਵਾਨ ਮਹਿਲਾ ਕ੍ਰਿਕਟ ਖਿਡਾਰੀਆਂ ਨਾਲ ਗੱਲਬਾਤ ਕਰਦਿਆਂ ਡਿਪਟੀ ਕਮਿਸ਼ਨਰ ਨੇ ਉਨ੍ਹਾਂ ਨੂੰ ਸਖ਼ਤ ਮਿਹਨਤ ਕਰਨ ਅਤੇ ਦੇਸ਼ ਦੀ ਨੁਮਾਇੰਦਗੀ ਕਰਨ ਲਈ ਉਤਸ਼ਾਹਿਤ ਕੀਤਾ।ਨਿਰੀਖਣ ਦੌਰਾਨ ਡਾ. ਅਗਰਵਾਲ ਨੇ ਸਟੇਡੀਅਮ ਨੇੜੇ ਕੂੜੇ ਦੇ ਢੇਰ ਦਾ ਨੋਟਿਸ ਲੈਂਦਿਆਂ ਨਗਰ ਨਿਗਮ ਨੂੰ ਇਸ ਨੂੰ ਤੁਰੰਤ ਸਾਫ਼ ਕਰਨ ਦੀ ਹਦਾਇਤ ਕੀਤੀ। ਉਨ੍ਹਾਂ ਪਾਰਕ ਦੇ ਅੰਦਰ ਸਾਫ਼-ਸਫ਼ਾਈ ਤੇ ਹਰਿਆਲੀ ਰੱਖਣ, ਵਧੀਆਂ ਹੋਈਆਂ ਝਾੜੀਆਂ ਹਟਾਉਣ, ਰੌਸ਼ਨੀ ਲਈ ਢੁੱਕਵੇਂ ਪ੍ਰਬੰਧ, ਸੜਕਾਂ ਅਤੇ ਚਾਰਦੀਵਾਰੀ ਮੁਕੰਮਲ ਕਰਨ ਦੇ ਨਿਰਦੇਸ਼ ਵੀ ਦਿੱਤੇ।ਬਰਲਟਨ ਪਾਰਕ ਨੂੰ ਸ਼ਹਿਰ ਵਿੱਚ ਖਿੱਚ ਦੇ ਕੇਂਦਰ ਵਜੋਂ ਵਿਕਸਤ ਕਰਨ 'ਤੇ ਜ਼ੋਰ ਦਿੰਦਿਆਂ ਉਨ੍ਹਾਂ ਬਾਗਬਾਨੀ ਵਿਭਾਗ ਨੂੰ ਨਗਰ ਨਿਗਮ ਦੇ ਨਾਲ ਤਾਲਮੇਲ ਕਰਕੇ ਬੂਟੇ ਆਦਿ ਲਗਾਕੇ ਪਾਰਕ ਦੀ ਸੁੰਦਰਤਾ ਨੂੰ ਹੋਰ ਵਧਾਉਣ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਨਗਰ ਨਿਗਮ ਨੂੰ ਪਾਰਕ ਨੂੰ ਹੋਰ ਖੂਬਸੂਰਤ ਦਿੱਖ ਪ੍ਰਦਾਨ ਕਰਨ ਲਈ ਪਾਰਕ ਅੰਦਰ ਪ੍ਰਮੁੱਖ ਥਾਵਾਂ 'ਤੇ ਆਕਰਸ਼ਕ ਗ੍ਰਾਫਟੀਆਂ ਬਣਾਉਣ ਲਈ ਵੀ ਕਿਹਾ। ਇਸ ਤੋਂ ਇਲਾਵਾ ਬਰਲਟਨ ਪਾਰਕ ਨੂੰ ਜਲੰਧਰ ਵਾਸੀਆਂ ਲਈ ਪ੍ਰਮੁੱਖ ਸਪੋਰਟਸ ਸੈਂਟਰ ਬਣਾਉਣ ਲਈ ਡਿਪਟੀ ਕਮਿਸ਼ਨਰ ਨੇ ਇਸ ਦੇ ਰੱਖ-ਰਖਾਅ ਸਬੰਧੀ ਕਾਰਜਾਂ ਲਈ ਸਮਰਪਿਤ ਟੀਮ ਤਾਇਨਾਤ ਕਰਨ ਦੀਆਂ ਹਦਾਇਤਾਂ ਵੀ ਕੀਤੀਆਂ।

# ਡੇਰਾ ਬਾਬਾ ਨਾਨਕ 'ਚ ਭਾਜਪਾ ਜ਼ਿਮਨੀ ਚੋਣ ਵੱਡੀ ਲੀਡ ਨਾਲ ਜਿੱਤੇਗੀ : ਵਿਨੈ ਚੌਧਰੀ



**ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)**- ਪੰਜਾਬ ਵਿੱਚ ਹੋ ਰਹੀਆਂ ਜ਼ਿਮਨੀ ਚੋਣਾਂ ਵਿੱਚ ਜਿੱਥੇ ਕਿ ਭਾਜਪਾ ਸਰਗਰਮ ਨਜ਼ਰ ਆ ਰਹੀ ਹੈ ਉਥੇ ਹੀ ਡੇਰਾ ਬਾਬਾ ਨਾਨਕ ਤੋਂ ਭਾਜਪਾ ਵਲੋਂ ਚੋਣਾਂ ਲੜ ਰਹੇ ਰਵੀਕਰਨ ਸਿੰਘ ਕਾਹਲੋਂ ਦੇ ਹੱਕ ਵਿਚ ਦੀਨਾਨਗਰ ਤੋਂ ਭਾਜਪਾ ਦੇ ਸੀਨੀਅਰ ਆਗੂ ਵਿਨੈ ਚੌਧਰੀ (ਬੱਬਲੀ) ਨੇ ਆਪਣੀ ਟੀਮ ਨਾਲ ਮਿਲ ਕੇ ਡੇਰਾ ਬਾਬਾ ਨਾਨਕ ਅਧੀਨ ਆਉਂਦੇ ਪਿੰਡ ਵਡਾਲਾ ਬਾਂਗਰ ਵਿੱਚ ਮਹੰਤ ਮੋਹਿਤ ਦਾਸ ਦੇ ਗ੍ਰਹਿ ਨਿਵਾਸ ਵਿਖੇ ਚੋਣਾਂ ਸਬੰਧੀ ਵਿਚਾਰ ਕੀਤਾ ਗਿਆ। ਇਸ ਮੌਕੇ ਗੱਲਬਾਤ ਕਰਦੇਆਂ ਭਾਜਪਾ ਦੇ ਸੀਨੀਅਰ ਆਗੂ ਵਿਨੈ ਚੌਧਰੀ ਨੇ ਕਿਹਾ ਕਿ ਪੰਜਾਬ ਵਿੱਚ ਚਾਰ ਵਿਧਾਨ ਸਭਾ ਸੀਟਾਂ ਤੇ ਚੋਣਾਂ ਹੋ ਰਹੀਆਂ ਹਨ।ਇਨ੍ਹਾਂ ਚਾਰ ਵਿਧਾਨ ਸਭਾ ਸੀਟਾਂ ਵਿੱਚ ਪੰਜਾਬ ਦੇ ਲੋਕ ਭਾਜਪਾ ਦਾ ਝੰਡਾ ਲਹਿਰਾਉਣਗੇ।ਉਨ੍ਹਾਂ ਕਿਹਾ ਕਿ ਜੇਕਰ ਗੱਲ ਕਰੀਏ ਡੇਰਾ ਬਾਬਾ ਨਾਨਕ ਦੀ ਤਾਂ ਲੋਕ ਮੌਜੂਦਾ ਪੰਜਾਬ ਸਰਕਾਰ ਆਮ ਆਦਮੀ ਪਾਰਟੀ ਅਤੇ ਕਾਂਗਰਸ ਤੋਂ ਤੰਗ ਆ ਚੁੱਕੇ ਹਨ, ਪਰ ਇਸ ਵਾਰ ਡੇਰੇ ਬਾਬਾ ਨਾਨਕ ਦੇ ਲੋਕ ਭਾਜਪਾ ਦੇ ਉਮੀਦਵਾਰ ਰਵੀਕਰਨ ਸਿੰਘ ਕਾਹਲੋਂ ਨੂੰ ਵੱਡੀ ਲੀਡ ਨਾਲ ਜਿਤਾਉਣਗੇ। ਇਸ ਮੌਕੇ ਪੁਰਾਣਾ ਸ਼ਾਲਾ ਦੇ ਮੰਡਲ ਪ੍ਰਧਾਨ ਰਣਜੀਤ ਸਲਾਰੀਆ, ਅੰਕੁਰ ਨਈਅਰ, ਅਜੈ ਧਵਨ, ਜਿੰਦਰ, ਓਮਕਾਰ ਆਦਿ ਹਾਜ਼ਰ ਸਨ।

# ਵਿਜੀਲੈਂਸ ਅਵੇਅਰਨੈੱਸ ਵੀਕ-2024 ਮਨਾਇਆ



**ਝਬਾਲ (ਹਰਜਿੰਦਰ ਸਿੰਘ ਸੋਨੀ)**- ਚੀਫ਼ ਖਾਲਸਾ ਦੀਵਾਨ ਦੇ ਪ੍ਰਧਾਨ ਇੰਦਰਬੀਰ ਸਿੰਘ ਜੀ ਨਿੱਜਰ ਦੀ ਯੋਗ ਰਹਿਨੁਮਾਈ ਹੇਠ ਚੱਲ ਰਹੀ ਇਲਾਕੇ ਦੀ ਨਾਮਵਰ ਵਿੱਦਿਅਕ ਸੰਸਥਾ ਸ੍ਰੀ ਗੁਰੂ ਹਰਿਕ੍ਰਿਸ਼ਨ ਸੀਨੀਅਰ ਸੈਕੰਡਰੀ ਪਬਲਿਕ ਸਕੂਲ ਝਬਾਲ ਵਿਖੇ 28 ਅਕਤੂਬਰ ਤੋਂ 03 ਨਵੰਬਰ ਤੱਕ ਵਿਜੀਲੈਂਸ ਅਵੇਅਰਨੈੱਸ ਵੀਕ ਮਨਾਇਆ ਗਿਆ ਜਿਸ ਦੇ ਤਹਿਤ ਵਿਦਿਆਰਥੀਆਂਨੂੰ ਭ੍ਰਿਸ਼ਟਾਚਾਰ ਪ੍ਰਤੀ ਜਾਗਰੂਕ ਕੀਤਾ ਗਿਆ ਅਤੇ ਪੜ੍ਹ -ਲਿਖ ਕੇ ਇੱਕ ਜ਼ਿੰਮੇਵਾਰ ਨਾਗਰਿਕ ਬਣਨ ਲਈ ਉਤਸ਼ਾਹਿਤ ਕੀਤਾ ਗਿਆ।ਦਸਵੀਂ ਤੋਂ ਬਾਰ ਵੀਂ ਜਮਾਤ ਤੱਕ ਦੇ ਵਿਦਿਆਰਥੀਆਂ ਅਤੇ ਸਕੂਲ ਦੇ ਸਮੂਹ ਸਟਾਫ਼ ਨੂੰ ਭ੍ਰਿਸ਼ਟਾਚਾਰ ਮੁਕਤ ਹੋਣ ਸੰਬੰਧੀ ਸਹੁੰ ਚੁਕਾਈ ਗਈ ।ਜਮਾਤਾਂ ਵਿੱਚ ਵੱਖ-ਵੱਖ ਗਤੀਵਿਧੀਆਂ ਦੁਆਰਾ ਬੱਚਿਆਂ ਨੂੰ ਭ੍ਰਿਸ਼ਟਾਚਾਰ ਪ੍ਰਤੀ ਸੁਚੇਤ ਕੀਤਾ ਗਿਆ।ਸਕੂਲ ਦੀ ਸਮੂਹ ਮੈਨੇਜਮੈਂਟ ਅਤੇ ਪ੍ਰਿੰਸੀਪਲ ਅਨੁਰੀਤ ਬਾਵਾ ਨੇ ਬੱਚਿਆਂ ਨੂੰ ਨਾਗਰਿਕਾਂ ਨਾਲ ਹੋ ਰਹੀ ਵੱਖ-ਵੱਖ ਢੰਗਾਂ ਨਾਲ ਧੋਖਾਧੜੀ ਬਾਰੇ ਦੱਸਦਿਆਂ ਵਿਦਿਆਰਥੀਆਂ ਨੂੰ ਜੀਵਨ ਵਿੱਚ ਪੜ੍ਹ ਾਈ ਦੀ ਮਹੱਤਤਾ ਤੋਂ ਜਾਣੂ ਕਰਵਾਉਂਦਿਆਂ ਭ੍ਰਿਸ਼ਟਾਚਾਰ ਮੁਕਤ ਸਮਾਜ ਸਿਰਜਣ ਲਈ ਪ੍ਰੇਰਿਤ ਕੀਤਾ।

# ਉਮੀਦਵਾਰਾਂ ਦੇ ਖਰਚਾ ਰਜਿਸਟਰਾਂ ਦਾ ਦੂਜਾ ਨਿਰੀਖਣ 9 ਤੇ ਤੀਸਰਾ 16 ਨੂੰ

**ਗੁਰਦਾਸਪੁਰ (ਜਨਕ ਮਹਾਜਨ)**-ਸੁਰਿੰਦਰ ਸਿੰਘ ਵਧੀਕ ਡਿਪਟੀ ਕਮਿਸ਼ਨਰ-ਕਮ-ਨੋਡਲ ਅਫਸਰ ਫਾਰ ਐਕਸਪੈਂਡੀਚਰ ਮੋਨੀਟਰਿੰਗ ਗੁਰਦਾਸਪੁਰ ਨੇ ਜਾਣਕਾਰੀ ਦਿੰਦਿਆ ਦੱਸਿਆ ਕਿ ਮਾਣਯੋਗ ਖਰਚਾ ਆਬਜ਼ਰਵਰ ਵੱਲੋਂ ਉਮੀਦਵਾਰਾਂ ਦੇ ਖਰਚਾ ਰਜਿਸਟਰਾਂ ਦਾ ਪਹਿਲਾ ਨਿਰੀਖਣ 1 ਨਵੰਬਰ ਨੂੰ ਕੀਤਾ ਜਾ ਚੁੱਕਾ ਹੈ। ਉਨ੍ਹਾਂ ਦੱਸਿਆ ਦੂਜਾ ਨਿਰੀਖਣ 9 ਨਵੰਬਰ (ਸ਼ਨੀਵਾਰ) ਸਵੇਰੇ 10 ਵਜੇ ਅਤੇ ਤੀਸਰਾ ਨਿਰੀਖਣ 16 ਨਵੰਬਰ (ਦਿਨ ਸ਼ਨੀਵਾਰ) ਸਵੇਰੇ 10 ਵਜੇ ਦੋਵੇਂ ਦਿਨ ਪੰਚਾਇਤ ਭਵਨ ਗੁਰਦਾਸਪੁਰ ਵਿਖੇ ਖ਼ਰਚਾ ਆਬਜ਼ਰਵਰ ਦੀ ਹਾਜ਼ਰੀ ਵਿੱਚ ਉਮੀਦਵਾਰਾਂ ਦੇ ਖ਼ਰਚਾ ਰਜਿਸਟਰਾਂ ਦਾ ਸ਼ੈਡੋ ਰਜਿਸਟਰਾਂ ਨਾਲ ਮਿਲਾਨ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਮਾਣਯੋਗ ਭਾਰਤ ਚੋਣ ਕਮਿਸ਼ਨ ਵਲੋਂ ਜ਼ਿਮਨੀ ਚੋਣ ਡੇਰਾ ਬਾਬਾ ਨਾਨਕ ਵਿੱਚ ਹਿੱਸਾ ਲੈਣ ਵਾਲੇ ਉਮੀਦਵਾਰ ਲਈ 40 ਲੱਖ ਰੁਪਏ ਤੱਕ ਚੋਣ ਖ਼ਰਚੇ ਦੀ ਹੱਦ ਮਿਥੀ ਗਈ ਹੈ।

# ਸਰਕਾਰੀ ਪੋਲੀਟੈਕਨਿਕ ਕਾਲਜ ਅੰਮ੍ਰਿਤਸਰ 'ਚ ਡੀ-ਫਾਰਮੇਸੀ ਦਾ ਡਿਪਲੋਮਾ ਸਰਹੱਦੀ ਜ਼ਿਲ੍ਹਿਆਂ ਲਈ ਵਰਦਾਨ



**ਅੰਮ੍ਰਿਤਸਰ**-ਸਰਕਾਰੀ ਪੋਲੀਟੈਕਨੀਕ ਕਾਲਜ (ਛੇਹਰਟਾ) ਅੰਮ੍ਰਿਤਸਰ ਵਿੱਚ ਇਸ ਸਾਲ ਤੋਂ ਸ਼ੁਰੂ ਹੋਇਆ ਫਾਰਮੇਸੀ ਦਾ ਡਿਪਲੋਮਾ ਕੋਰਸ ਸਰਹੱਦੀ ਜ਼ਿਲਿਆਂ (ਅੰਮ੍ਰਿਤਸਰ, ਗੁਰਦਾਸਪੁਰ ਅਤੇ ਤਰਨਤਾਰਨ) ਦੇ ਵਸਨੀਕਾਂ ਲਈ ਵਰਦਾਨ ਸਾਬਤ ਹੋਵੇਗਾ। ਇਸ ਬਾਰੇ ਦੱਸਦਿਆਂ ਕਾਲਜ ਦੇ ਪ੍ਰਿੰ. ਹਰਜਿੰਦਰਜੀਤ ਸਿੰਘ ਮਾਰੋਕ ਨੇ ਦੱਸਿਆ ਕਿ ਸਰਹੱਦੀ ਜ਼ਿਲਿਆਂ ਵਿੱਚ ਕਿਸੇ ਵੀ ਕਾਲਜ ਵਿੱਚ ਫਾਰਮੇਸੀ ਦਾ ਡਿਪਲੋਮਾ ਕੋਰਸ ਨਹੀਂ ਚਲਾਇਆ ਜਾ ਰਿਹਾ। ਕੇਵਲ ਪ੍ਰਾਈਵੇਟ ਪੋਲੀਟੈਕਨਿਕ ਕਾਲਜਾਂ ਵਿੱਚ ਹੀ ਫਾਰਮੇਸੀ ਦੇ ਡਿਪਲੋਮਾ ਕੋਰਸ ਚਲ ਰਹੇ ਹਨ ਜਿਨ੍ਹਾਂ ਦੀਆਂ ਫੀਸਾਂ ਬਹੁਤ ਜ਼ਿਆਦਾ ਹਨ ਅਤੇ ਕਈ ਵਾਰ ਗਰੀਬ ਘਰਾਂ ਦੇ ਲੋਕ ਆਪਣੇ ਬੱਚਿਆਂ ਨੂੰ ਕੋਰਸ ਨਹੀਂ ਕਰਵਾ ਸਕਦੇ। ਅਜਿਹੇ ਵਿਦਿਆਰਥੀਆਂ ਨੂੰ ਇਸ ਕੋਰਸ ਦਾ ਬਹੁਤ ਫਾਇਦਾ ਹੋਵੇਗਾ। ਉਨ੍ਹਾਂ ਨੇ ਇਸ ਕੋਰਸ ਸ਼ੁਰੂ ਕਰਨ ਲਈ ਸਰਹੱਦੀ ਜ਼ਿਲਿਆਂ ਦੇ ਵਿਦਿਆਰਥੀਆਂ ਲਈ ਦਿਵਾਲੀ ਦਾ ਤੋਹਫਾ ਦੱਸਿਆ ਅਤੇ ਪੰਜਾਬ ਸਰਕਾਰ ਅਤੇ ਖਾਸ ਕਰਕੇ ਤਕਨੀਕੀ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਦਾ ਧੰਨਵਾਦ ਕੀਤਾ। ਇਸ ਸਮੇਂ ਕਾਲਜ ਦੇ ਵੱਖ-ਵੱਖ ਵਿਭਾਗਾਂ ਦੇ ਮੁਖੀ ਵੀ ਹਾਜ਼ਰ ਸਨ।

# ਅਮਨਪ੍ਰੀਤ ਸਿੰਘ ਉਰਫ਼ ਲਾਲੀ ਦੇ ਸਦੀਵੀ ਵਿਛੋੜੇ 'ਤੇ ਗਹਿਰੀ ਸੰਵੇਦਨਾ ਦਾ ਪ੍ਰਗਟਾਵਾ



**ਗੁਰਦਾਸਪੁਰ (ਜਨਕ ਮਹਾਜਨ)**-ਪੰਜਾਬੀ ਸਾਹਿਤ ਦੇ ਬਾਬਾ ਬੋਹੜ ਮਰਹੂਮ ਪ੍ਰਿੰ. ਸੁਜਾਨ ਸਿੰਘ ਦੇ ਛੋਟੇ ਪੁੱਤਰ ਅਮਨਪ੍ਰੀਤ ਸਿੰਘ ਉਰਫ ਲਾਲੀ ਦੀ ਅਚਾਨਕ ਹੋਈ ਮੌਤ ਦੀ ਖ਼ਬਰ ਸੁਣਦਿਆਂ ਹੀ ਜ਼ਿਲ੍ਹਾ ਸਾਹਿਤ ਕੇਂਦਰ ਗੁਰਦਾਸਪੁਰ ਦੇ ਸਮੂਹ ਮੈਂਬਰਾਂ ਵੱਲੋਂ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ। ਇਸ ਮੌਕੇ ਇਕੱਤਰਤਾ ਕਰਕੇ ਦੁੱਖ ਸਾਂਝਾ ਕੀਤਾ ਗਿਆ ਅਤੇ ਪ੍ਰਿੰਸੀਪਲ ਸੁਜਾਨ ਸਿੰਘ ਦੇ ਪਰਿਵਾਰ ਦੇ ਨਾਂਅ ਸੋਕ ਸੰਦੇਸ਼ ਭੇਜਿਆ ਗਿਆ। ਗੱਲਬਾਤ ਕਰਦਿਆਂ ਜ਼ਿਲ੍ਹਾ ਸਾਹਿਤ ਕੇਂਦਰ ਦੇ ਸੰਯੋਜਕ ਮੱਖਣ ਕੁਹਾੜ ਨੇ ਦੱਸਿਆ ਕਿ ਜ਼ਿਲ੍ਹਾ ਸਾਹਿਤ ਕੇਂਦਰ ਗੁਰਦਾਸਪੁਰ ਇਕ ਉਹ ਪਰਿਵਾਰ ਹੈ ਜਿਸ ਵਿਚ ਜ਼ਿਲ੍ਹਾ ਭਰ ਦੇ ਸਾਹਿਤਕਾਰਾਂ ਦੇ ਨਾਲ-ਨਾਲ ਪ੍ਰਿੰ. ਸੁਜਾਨ ਸਿੰਘ ਦੇ ਸਮੂਹ ਪਰਿਵਾਰਕ ਮੈਂਬਰ ਵੀ ਸ਼ਾਮਿਲ ਹਨ। ਬਹੁਤ ਸਾਰੀਆਂ ਸਾਹਿਤਕ ਗਤੀਵਿਧੀਆਂ ਵਿਚ ਉਨ੍ਹਾਂ ਦੇ ਪਰਿਵਾਰ ਵਲੋਂ ਭਰਪੂਰ ਸਹਿਯੋਗ ਵੀ ਦਿੱਤਾ ਜਾਂਦਾ ਹੈ ਅਤੇ ਪਰਿਵਾਰ ਸ਼ਮੂਲੀਅਤ ਵੀ ਕਰਦਾ ਹੈ। ਉਨ੍ਹਾਂ ਕਿਹਾ ਹਰ ਸਾਲ ਪ੍ਰਿੰ. ਸੁਜਾਨ ਸਿੰਘ ਯਾਦਗਾਰੀ ਸਨਮਾਨ ਸਮਾਰੋਹ ਵੀ ਕਰਵਾਇਆ ਜਾਂਦਾ ਹੈ। ਅਮਨਪ੍ਰੀਤ ਸਿੰਘ ਦੀ ਮੌਤ 'ਤੇ ਜ਼ਿਲ੍ਹਾ ਸਾਹਿਤ ਕੇਂਦਰ ਦੇ ਸਮੂਹ ਮੈਂਬਰ ਸੋਗ ਦੇ ਆਲਮ ਵਿਚ ਹਨ ਅਤੇ ਪਰਿਵਾਰ ਨਾਲ ਗਹਿਰੀ ਸੰਵੇਦਨਾ ਵੀ ਪ੍ਰਗਟਾਉਂਦੇ ਹਨ। ਇਸ ਮੌਕੇ ਡਾ. ਲੇਖ ਰਾਜ ਪ੍ਰਧਾਨ, ਮੱਖਣ ਕੁਹਾੜ ਸੰਯੋਜਕ, ਮੰਗਤ ਚੰਚਲ ਜਨਰਲ ਸਕੱਤਰ, ਸੀਤਲ ਸਿੰਘ ਗੁੰਨੋਪੁਰੀ ਸੀਨੀਅਰ ਮੀਤ ਪ੍ਰਧਾਨ, ਗੁਰਮੀਤ ਬਾਜਵਾ, ਗੁਰਪ੍ਰੀਤ ਰੰਗੀਲਪੁਰ, ਡਾ. ਰਜਵਿੰਦਰ ਕੌਰ, ਡਾ. ਸੁਰਿੰਦਰ, ਬੂਟਾ ਰਾਮ ਆਜ਼ਾਦ, ਨਿਸ਼ਾਨ ਸਿੰਘ ਜੌੜਾ ਸੰਘਾ, ਸੁੱਚਾ ਸਿੰਘ ਪਸਨਾਵਾਲਾ, ਸੁਖਵਿੰਦਰ ਰੰਧਾਵਾ, ਤਰਸੇਮ ਸਿੰਘ ਭੰਗੂ ਅਤੇ ਸੁਭਾਸ਼ ਦੀਵਾਨਾ ਆਦਿ ਹਾਜ਼ਰ ਸਨ।

# ਧਾਲੀਵਾਲ ਵੱਲੋਂ ਜ਼ੋਰਾਵਰ ਸਿੰਘ ਦੇ ਪਰਵਾਰ ਨਾਲ ਇਜ਼ਹਾਰ-ਏ-ਗਮ



**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)**-ਬੀਤੇ ਦਿਨੀਂ ਇਤਿਹਾਸਕ ਕਸਬਾ ਕਲਾਨੌਰ ਦੇ ਜੰਮਪਲ 23 ਸਾਲਾ ਨੌਜਵਾਨ ਜ਼ੋਰਾਵਰ ਸਿੰਘ ਦੀ ਕੈਨੇਡਾ ਵਿੱਚ ਮੌਤ ਹੋ ਜਾਣ 'ਤੇ ਪਰਿਵਾਰ 'ਤੇ ਦੁੱਖਾਂ ਦਾ ਪਹਾੜ ਟੁੱਟ ਗਿਆ ਸੀ। ਪੰਜਾਬ ਦੇ ਕੈਬਨਿਟ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਨੇ ਕਲਾਨੌਰ ਪਹੁੰਚ ਕੇ ਜ਼ੋਰਾਵਰ ਸਿੰਘ ਦੀ ਮੌਤ 'ਤੇ ਉਸ ਦੇ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ।ਇਸ ਮੌਕੇ ਗੱਲਬਾਤ ਕਰਦਿਆਂ ਕੁਲਦੀਪ ਸਿੰਘ ਧਾਲੀਵਾਲ ਨੇ ਕਿਹਾ ਕਿ ਇਸ ਦੁੱਖ ਦੀ ਘੜੀ ਵਿੱਚ ਮੈਂ ਅਤੇ ਪੰਜਾਬ ਸਰਕਾਰ ਉਨ੍ਹਾਂ ਦੇ ਨਾਲ ਹਾਂ। ਇਸ ਮੌਕੇ ਕੁਲਦੀਪ ਧਾਲੀਵਾਲ ਨੇ ਪਰਿਵਾਰ ਨੂੰ ਵਿਸ਼ਵਾਸ ਦਿਵਾਇਆ ਕਿ ਜਲਦ ਹੀ ਕੇਂਦਰ ਸਰਕਾਰ ਨਾਲ ਗੱਲਬਾਤ ਕਰਕੇ ਨੌਜਵਾਨ ਜ਼ੋਰਾਵਰ ਸਿੰਘ ਦੀ ਡੈੱਡ ਬਾਡੀ ਵਾਪਸ ਭਾਰਤ ਲਿਆਂਦੀ ਜਾਵੇਗੀ ਤਾਂ ਜੋ ਸਮਾਜਿਕ ਰੀਤੀ ਰਿਵਾਜਾਂ ਨਾਲ ਉਨ੍ਹਾਂ ਦਾ ਸਸਕਾਰ ਕੀਤਾ ਜਾ ਸਕੇ।ਇਸ ਇਸ ਮੌਕੇ ਨੌਜਵਾਨ ਜ਼ੋਰਾਵਰ ਸਿੰਘ ਦੇ ਪਰਿਵਾਰ ਦਾ ਰੋ-ਰੋ ਕੇ ਬੁਰਾ ਹਾਲ ਸੀ।

# ਸਿਹਤ ਮੁਲਾਜ਼ਮ 9 ਨੂੰ ਕਰਨਗੇ ਪੰਜਾਬ ਸਰਕਾਰ ਖਿਲਾਫ਼ ਪੋਲ ਖੋਲ ਪ੍ਰਚਾਰ

## * ਸ਼ਹਿਰ 'ਚ ਪਰਚੇ ਵੰਡ ਕੇ ਸਰਕਾਰ ਦੀ ਵਾਅਦਾ-ਖਿਲਾਫ਼ੀ ਦਾ ਕੀਤਾ ਜਾਵੇਗਾ ਪਰਦਾਫਾਸ਼



**ਚੋਹਲਾ ਸਾਹਿਬ (ਰਮਨ ਚੱਢਾ)**-ਸਿਹਤ ਵਿਭਾਗ ਵਿੱਚ ਨੈਸ਼ਨਲ ਹੈਲਥ ਮਿਸ਼ਨ ਦੇ ਤਹਿਤ ਪਿਛਲੇ 18 ਸਾਲਾਂ ਤੋਂ ਬਹੁਤ ਹੀ ਨਿਗੂਣੀਆਂ ਤਨਖਾਹਾਂ 'ਤੇ ਕੰਮ ਕਰਦੇ 9200 ਦੇ ਕਰੀਬ ਮੈਡੀਕਲ, ਪੈਰਾਮੈਡੀਕਲ ਅਤੇ ਦਫਤਰੀ ਸਿਹਤ ਕਾਮੇ ਠੇਕਾ ਪ੍ਰਥਾ ਦਾ ਸ਼ਿਕਾਰ ਹੋ ਰਹੇ ਹਨ। ਪਿਛਲੇ ਦਿਨੀਂ ਐੱਨ. ਐੱਚ. ਐੱਮ. ਇੰ. ਯੂਨੀਅਨ ਪੰਜਾਬ ਦੀ ਸੂਬਾ ਕਮੇਟੀ ਦੀ ਮਿਸ਼ਨ ਡਾਇਰੈਕਟਰ ਨਾਲ ਮੀਟਿੰਗ ਹੋਈ ਜੋ ਕਿ ਪਹਿਲੀਆਂ 25-26 ਮੀਟਿੰਗਾਂ ਦੀ ਤਰ੍ਹਾਂ ਜ਼ੁਬਾਨੀ ਭਰੋਸਾ ਸਾਬਿਤ ਹੋਈ। ਇਸ ਮੀਟਿੰਗ ਵਿਚ ਸੂਬਾਈ ਆਗੂਆਂ ਵੱਲੋਂ ਪੰਜਾਬ ਸਰਕਾਰ ਤੇ ਰੋਸ ਜ਼ਾਹਿਰ ਕਰਦਿਆਂ ਕਿਹਾ ਕਿ ਲਗਭਗ ਢਾਈ ਸਾਲ ਦਾ ਸਮਾਂ ਬੀਤ ਜਾਣ ਤੇ ਵੀ ਪੰਜਾਬ ਸਰਕਾਰ ਵੱਲੋਂ ਨੈਸ਼ਨਲ ਹੈਲਥ ਮਿਸ਼ਨ ਦੇ ਕਰਮਚਾਰੀਆਂ ਦੀ ਕੋਈ ਵੀ ਜਾਇਜ਼ ਮੰਗ ਪੂਰੀ ਨਹੀਂ ਕੀਤੀ ਜਿਸ ਕਰਕੇ ਕਰਮਚਾਰੀਆਂ ਵਿਚ ਭਾਰੀ ਰੋਸ ਪਾਇਆ ਜਾ ਰਿਹਾ ਹੈ। ਇਸ ਮੀਟਿੰਗ ਤੋਂ ਬਾਅਦ ਕਰਮਚਾਰੀਆਂ ਨੇ ਸਰਬਸੰਮਤੀ ਨਾਲ ਫੈਸਲਾ ਕੀਤਾ ਕਿ ਨਵੰਬਰ ਮਹੀਨੇ ਵਿੱਚ ਹੋਣ ਵਾਲੀਆਂ ਵਿਧਾਨ ਸਭਾ ਦੀਆਂ ਉਪ ਚੋਣਾਂ ਵਿੱਚ ਪੰਜਾਬ ਸਰਕਾਰ ਦਾ ਵਿਰੋਧ ਕਰਦੇ ਹੋਏ ਪੋਲ ਖੋਲ ਰੈਲੀਆਂ ਕਰਕੇ ਪਰਚੇ ਵੰਡੇ ਜਾਣਗੇ। ਵਿਰੋਧ ਪ੍ਰਦਰਸ਼ਨਾਂ ਦੀ ਲੜੀ ਦੇ ਪਹਿਲੇ ਪੜਾਅ ਤੇ ਮਿਤੀ 09-11-2024 ਨੂੰ ਵਿਧਾਨ ਸਭਾ ਹਲਕਾ ਬਰਨਾਲਾ ਤੋਂ ਪੋਲ ਖੋਲ ਪ੍ਰਚਾਰ ਸ਼ੁਰੂ ਕੀਤਾ ਜਾਵੇਗਾ। ਇਹ ਜਾਣਕਾਰੀ ਐੱਨ. ਐੱਚ. ਐੱਮ. ਇੰਪਲਾਈਜ਼ ਯੂਨੀਅਨ ਪੰਜਾਬ ਦੇ ਸੂਬਾ ਪ੍ਰਧਾਨ ਡਾ. ਵਾਹਿਦ ਮਾਲੇਰਕੋਟਲਾ ਨੇ ਦਿੱਤੀ। ਇਸ ਮੌਕੇ ਮਨਦੀਪ ਸਿੰਘ ਸਰਹਾਲੀ ਅਤੇ ਜੁਗਰਾਜ ਸਿੰਘ ਖੇਮਕਰਨ ਸੀਨੀਅਰ ਆਗੂ ਨੇ ਕਿਹਾ ਕਿ ਸਾਡੇ ਗੁਆਂਢੀ ਸੂਬੇ ਹਰਿਆਣਾ ਵੱਲੋਂ 2017 ਤੋਂ ਨੈਸ਼ਨਲ ਹੈਲਥ ਮਿਸ਼ਨ ਦੇ ਕਰਮਚਾਰੀਆਂ ਨੂੰ ਸਰਵਿਸ ਬਾਏ ਲਾਅਜ਼ ਬਣਾ ਕੇ ਰੈਗੂਲਰ ਪੇਅ ਸਕੇਲ, ਪੇਅ ਕਮਿਸ਼ਨ, ਡੀ. ਏ. ਅਤੇ ਮੈਡੀਕਲ ਰੀਬਰਸਮੈਂਟ ਵਰਗੀਆਂ ਸਹੂਲਤਾਂ ਦਿੱਤੀਆਂ ਜਾ ਰਹੀਆਂ ਹਨ। ਐੱਨ. ਐੱਚ. ਐੱਮ. ਕਰਮਚਾਰੀਆਂ ਦੀਆਂ ਮੁੱਖ ਮੰਗਾਂ ਵਿੱਚ ਰੈਗੂਲਰਾਈਜੇਸ਼ਨ, ਹਰਿਆਣਾ ਦੀ ਤਰਜ ਤੇ ਬਾਏ ਲਾਅਜ਼ ਬਣਾ ਕੇ ਮੌਜੂਦਾ ਤਨਖਾਹਾਂ ਵਿੱਚ ਵਾਧਾ ਕਰਨਾ, ਲਾਇਲਟੀ ਬੋਨਸ, ਹੈਲਥ ਇੰਸ਼ੋਰੈਂਸ, ਗ੍ਰੈਚੁਇਟੀ ਆਦਿ ਹਨ। ਇਸ ਮੌਕੇ ਕੁਲਵਿੰਦਰ ਸਿੰਘ ਪ੍ਰੈੱਸ ਸਕੱਤਰ ਅਤੇ ਪਰਮਿੰਦਰ ਸਿੰਘ ਪ੍ਰੈੱਸ ਸਕੱਤਰ ਸੀਨੀਅਰ ਆਗੂ ਨੇ ਕਿਹਾ ਕਿ ਨੈਸ਼ਨਲ ਹੈਲਥ ਮਿਸ਼ਨ ਅਧੀਨ ਕੰਮ ਕਰਦੇ ਕਰਮਚਾਰੀਆਂ ਨੂੰ ਦੀਆਂ ਜਾਇਜ਼ ਮੰਗਾਂ ਜਲਦ ਤੋਂ ਜਲਦ ਪੂਰੀਆਂ ਕਰਕੇ ਬਣਦਾ ਮਾਣ ਸਨਮਾਨ ਬਹਾਲ ਕੀਤਾ ਜਾਵੇ ਅਤੇ ਇਸ ਮੌਕੇ ਜਸਵੀਰ ਸਿੰਘ, ਸੰਦੀਪ ਕੌਰ, ਕਿਰਨਜੀਤ ਕੌਰ, ਹਰਪਾਲ ਸਿੰਘ ਸੋਢੀ, ਅਮਰਜੀਤ ਸਿੰਘ, ਅਮਨਦੀਪ ਸਿੰਘ ਸੂਬਾਈ ਆਗੂ ਨੇ ਕਿਹਾ ਕਿ ਭਗਵੰਤ ਮਾਨ ਸਰਕਾਰ ਜਾਇਜ਼ ਮੰਗਾਂ ਦਾ ਹੱਲ ਕਰਨ ਦੀ ਥਾਂ ਯੂਨੀਅਨ ਆਗੂਆਂ ਨਾਲ ਪੈਨਲ ਮੀਟਿੰਗਾਂ ਕਰਨ ਤੋਂ ਭੱਜਦੀ ਦਿਖਾਈ ਦੇ ਰਹੀ ਹੈ ਜਿਸ ਕਰਕੇ ਕਰਮਚਾਰੀਆਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ। ਇਸ ਮੌਕੇ ਜਿਲ੍ਹਾ ਤਰਨਤਾਰਨ ਦੇ ਸੀਨੀਅਰ ਆਗੂ ਮਨਜਿੰਦਰ ਸਿੰਘ, ਕੁਲਵੰਤ ਕੌਰ, ਅਮਨਦੀਪ ਕੌਰ, ਗੁਰਪ੍ਰੀਤ ਕੌਰ, ਜੁਗਰਾਜ ਸਿੰਘ, ਸੰਦੀਪ ਸਿੰਘ, ਅਮਨਦੀਪ ਸਿੰਘ, ਗੁਰਜੀਤ ਸਿੰਘ, ਹਰਮੀਤ ਕੌਰ, ਗੁਰਤੇਜ ਸਿੰਘ, ਵਿਸ਼ਾਲ ਕੁਮਾਰ, ਕਰਮਜੀਤ ਕੌਰ, ਪਲਵਿੰਦਰ ਕੌਰ, ਰਵਿੰਦਰ ਕੌਰ, ਪ੍ਰੀਤਪਾਲ ਕੌਰ ਆਦਿ ਨੇ ਵੀ ਸੰਬੋਧਨ ਕੀਤਾ।

# ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਵੱਲੋਂ ਅੱਜ ਸੱਦੀ ਮੀਟਿੰਗ ਦੌਰਾਨ ਜੂਨ '84 ਦੇ ਫ਼ੌਜੀ ਹਮਲੇ ਸੰਬੰਧੀ ਵੀ ਚਰਚਾ ਹੋਵੇ : ਧਰਮੀ ਫ਼ੌਜੀ

**ਧਾਰੀਵਾਲ (ਮਨਦੀਪ ਸਿੰਘ ਵਿੱਕੀ)**-ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਵੱਲੋਂ 6 ਨਵੰਬਰ ਨੂੰ ਸੱਦੀ ਬੈਠਕ ਦੌਰਾਨ ਸ਼੍ਰੋਮਣੀ ਅਕਾਲੀ ਦਲ ਬਾਦਲ ਦੀ ਬਾਗੀ ਲੀਡਰਸ਼ਿਪ ਦੀ ਸ਼ਿਕਾਇਤ ਨਿਵਾਰਨ ਅਤੇ ਹੋਰ ਪੰਥਕ ਮਾਮਲਿਆਂ ਸਬੰਧੀ ਸਲਾਹ ਮਸ਼ਵਰਾ ਕਰਨ ਲਈ ਸਿੱਖ ਵਿਦਵਾਨਾਂ ਦੀ ਅਹਿਮ ਬੈਠਕ ਦੌਰਾਨ ਸਮੂਹ ਸਿੱਖ ਧਰਮੀ ਫੌਜੀ ਜੂਨ 1984 ਪਰਿਵਾਰ ਵੈੱਲਫੇਅਰ ਐਸੋਸੀਏਸ਼ਨ ਵੱਲੋਂ ਪੱਤਰ ਨੰਬਰ 160 ਮਿਤੀ 23-8-2024 ਵਿੱਚ ਦਰਸਾਈਆਂ ਮੰਗਾਂ ਵਿੱਚ ਜੂਨ 1984 ਦੇ ਫੌਜੀ ਹਮਲੇ ਤੇ ਵੀ ਵਿਚਾਰ ਕੀਤਾ ਜਾਵੇ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਪ੍ਰਧਾਨ ਬਲਦੇਵ ਸਿੰਘ ਗੁਰਦਾਸਪੁਰ ਨੇ ਆਪਣੇ ਮੁੱਖ ਦਫਤਰ ਧਾਰੀਵਾਲ ਵਿਖੇ ਪ੍ਰੈੱਸ ਕਾਨਫਰੰਸ ਦੌਰਾਨ ਕੀਤਾ। ਉਨ੍ਹਾਂ ਕਿਹਾ ਕਿ ਜੂਨ 1984 ਦੇ ਫੌਜੀ ਹਮਲੇ ਦੌਰਾਨ ਸ੍ਰੀ ਅਕਾਲ ਤਖਤ ਸਾਹਿਬ ਢਹਿ-ਢੇਰੀ ਹੋਇਆ, ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਗੋਲੀ ਮਾਰ ਕੇ ਬੇਅਦਬੀ ਕੀਤੀ, ਬੇਕਸੂਰ ਬੱਚੇ, ਔਰਤਾਂ, ਬਜ਼ੁਰਗਾਂ ਸਮੇਤ ਪਹੁੰਚੀਆਂ ਸੰਗਤਾਂ ਦਾ ਬੇਰਹਿਮੀ ਨਾਲ ਕਤਲ ਹੋਇਆ ਅਤੇ ਇਸ ਹਮਲੇ ਦੌਰਾਨ ਸਿੱਖ ਕੌਮ ਦਾ 100 ਪ੍ਰਤੀਸ਼ਤ ਨੁਕਸਾਨ ਹੋਇਆ ਜਦਕਿ ਇਸ ਨੂੰ ਅੱਤਵਾਦ ਨਾਲ ਜੋੜ ਕੇ 40 ਸਾਲ ਬੀਤ ਜਾਣ ਤੇ ਵੀ ਇਨਸਾਫ ਨਹੀਂ ਮਿਲਿਆ। ਪ੍ਰਧਾਨ ਬਲਦੇਵ ਸਿੰਘ ਗੁਰਦਾਸਪੁਰ ਨੇ ਕਿਹਾ ਅਕਾਲੀ ਦਲ ਬਾਦਲ ਦੇ ਬਾਗੀ ਧੜੇ ਅਤੇ ਹੋਰ ਬੁੱਧੀਜੀਵੀਆਂ ਵੱਲੋਂ ਬਰਗਾੜੀ, ਕੋਟਕਪੂਰੇ, ਬਹਿਬਲ ਕਲਾਂ, 2 ਸਿੱਖ ਸ਼ਹੀਦ ਆਦਿ ਤੇ ਵਿਚਾਰ ਕਰਨ ਦੇ ਨਾਲ-ਨਾਲ ਜੂਨ 1984 ਦੇ ਫੌਜੀ ਹਮਲੇ ਬਾਰੇ ਤੱਥਾਂ ਸਮੇਤ ਹੱਲ ਕਰਕੇ ਧਰਮੀ ਫੌਜੀਆਂ ਦੇ ਜ਼ਖਮਾਂ ਤੇ ਮੱਲਮ ਲਗਾਉਣ ਦਾ ਯਤਨ ਕੀਤਾ ਜਾਵੇ। ਉਨ੍ਹਾਂ ਨੇ ਕਿਹਾ ਜੂਨ 1984 ਦੇ ਫੌਜੀ ਹਮਲੇ ਤੋਂ ਬਾਅਦ ਧਰਮੀ ਫੌਜੀਆਂ ਦਾ ਭਾਰੀ ਨੁਕਸਾਨ ਹੋਇਆ। ਜਦਕਿ 10-12 ਸਾਲ ਪੰਜਾਬ ਦੇ ਕਾਲੇ ਦੌਰ ਮੌਕੇ ਸੰਤਾਪ ਭੋਗਿਆ ਅਤੇ ਜੂਨ 1984 ਦੇ ਫੌਜੀ ਹਮਲੇ ਨੂੰ ਅੱਤਵਾਦ ਨਾਲ ਜੋੜ ਕੇ ਸਿੱਖ ਕੌਮ ਨੂੰ ਬਦਨਾਮ ਕੀਤਾ ਗਿਆ।



ਇਸ ਕਰਕੇ ਧਰਮੀ ਫੌਜੀਆਂ ਅਤੇ ਸਿੱਖ ਕੌਮ ਵਿੱਚ ਭਾਰੀ ਨਿਰਾਸ਼ਾ ਪਾਈ ਗਈ।

# ਪਰਾਲੀ ਨੂੰ ਅੱਗ ਲਗਾਉਣ ਵਾਲੇ ਕਿਸਾਨਾਂ ਖ਼ਿਲਾਫ਼ ਮਾਮਲਾ ਦਰਜ

**ਗੁਰਦਾਸਪੁਰ,(ਜਨਕ ਮਹਾਜਨ)**-ਜ਼ਿਲ੍ਹਾ ਗੁਰਦਾਸਪੁਰ ਅੰਦਰ ਝੋਨੇ ਦੀ ਪਰਾਲੀ ਨੂੰ ਅੱਗ ਲਗਾਉਣ ਵਾਲੇ ਕਿਸਾਨਾਂ ਨਾਲ ਪ੍ਰਸ਼ਾਸਨ ਨੇ ਸਖਤ ਰੁਖ ਅਖ਼ਤਿਆਰ ਕਰ ਲਿਆ ਹੈ। ਪ੍ਰਸ਼ਾਸਨ ਵੱਲੋਂ ਜਿਥੇ ਪਿੰਡਾਂ ਅੰਦਰ ਜਾ ਕੇ ਕਿਸਾਨਾਂ ਨੂੰ ਅੱਗ ਨਾ ਲਗਾਉਣ ਸੰਬੰਧੀ ਜਾਗਰੂਕ ਕੀਤਾ ਜਾ ਰਿਹਾ ਹੈ ਉਥੇ ਹੀ ਹੁਣ ਅੱਗ ਲਗਾਉਣ ਵਾਲੇ ਕਿਸਾਨਾਂ 'ਤੇ ਕਾਨੂੰਨੀ ਸਿਕੰਜਾ ਕੱਸਣਾ ਵੀ ਸ਼ੁਰੂ ਕਰ ਦਿੱਤਾ ਗਿਆ ਹੈ। ਕੁਝ ਕੁ ਥਾਵਾਂ 'ਤੇ ਪ੍ਰਸ਼ਾਸਨਿਕ ਅਧਿਕਾਰੀਆਂ ਵਲੋਂ ਲੱਗੀ ਅੱਗ ਨੂੰ ਆਪ ਬੁਝਾਇਆ ਗਿਆ ਹੈ ਅਤੇ ਕਿਸਾਨਾਂ ਨੂੰ ਸਖਤ ਤਾੜਨਾ ਕੀਤੀ ਜਾ ਰਹੀ ਹੈ ਕਿ ਉਹ ਪਰਾਲੀ ਨੂੰ ਅੱਗ ਨਾ ਲਗਾਉਣ। ਪ੍ਰਸ਼ਾਸਨ ਦੇ ਸਖਤੀ ਦਾ ਨਤੀਜਾ ਹੀ ਇਸ ਵਾਰ ਜ਼ਿਲ੍ਹੇ ਅੰਦਰ ਪਹਿਲਾਂ ਨਾਲੋਂ ਅਗਜ਼ਨੀ ਦੀਆਂ ਘਟਨਾਵਾਂ ਵਿਚ ਕਮੀ ਆਈ ਹੈ। ਦੂਜੇ ਪਾਸੇ ਵੱਡੇ ਪੱਧਰ 'ਤੇ ਕਿਸਾਨਾਂ ਵਲੋਂ ਵੀ ਪ੍ਰਸ਼ਾਸਨ ਨੂੰ ਪੂਰਾ ਸਹਿਯੋਗ ਦਿੱਤਾ ਜਾ ਰਿਹਾ ਹੈ ਅਤੇ ਕਿਸਾਨ ਆਪ ਮੂਹਰੇ ਹੋ ਕੇ ਆਪਣੀ ਪਰਾਲੀ ਨੂੰ ਬੇਲਰ ਮਸ਼ੀਨਾਂ ਰਾਹੀਂ ਇਕੱਠਾ ਕਰ ਰਹੇ ਹਨ। ਕਿਸਾਨਾਂ ਦਾ ਕਹਿਣਾ ਹੈ ਕਿ ਜੇਕਰ ਪ੍ਰਸ਼ਾਸਨ ਉਨ੍ਹਾਂ ਨੂੰ ਪੂਰਾ ਸਹਿਯੋਗ ਦੇਵੇ ਤਾਂ ਉਹ ਪਰਾਲੀ ਨੂੰ ਅੱਗ ਨਹੀਂ ਲਗਾਉਣਗੇ। ਡਿਪਟੀ ਕਮਿਸ਼ਨਰ ਗੁਰਦਾਸਪੁਰ ਦੀਆਂ ਸਖਤ ਹਦਾਇਤਾਂ 'ਤੇ ਕਲੱਸਟਰ ਅਫ਼ਸਰਾਂ ਵਲੋਂ ਅੱਗ ਲਗਾਉਣ ਵਾਲੇ ਕਿਸਾਨਾਂ 'ਤੇ ਬਣਦੀ ਕਾਰਵਾਈ ਕੀਤੀ ਜਾ ਰਹੀ ਹੈ। ਥਾਣਾ ਘੁੰਮਣ ਕਲਾਂ ਪੁਲਿਸ ਨੂੰ ਨੀਰਜ ਕੁਮਾਰ ਕਲੱਸਟਰ ਅਫਸਰ ਸਟੱਬਲ ਬਰਨਿੰਗ ਬਲਾਕ ਧਾਰੀਵਾਲ ਨੇ ਸੂਚਨਾ 'ਤੇ ਮਿਤੀ 1 ਨਵੰਬਰ ਨੂੰ ਪਿੰਡ ਘੁੰਮਣ ਖੁਰਦ ਪੀ. ਆਰ. ਐੱਸ. ਸੀ. ਤੋਂ ਪ੍ਰਾਪਤ ਲੋਕੇਸ਼ਨ ਦੇ ਅਨੁਸਾਰ ਅੱਗ ਲੱਗਣ ਸਬੰਧੀ ਪਤਾ ਲੱਗਾ ਹੈ ਕਿ ਕਿਸਾਨ ਮੇਜਰ ਸਿੰਘ, ਬਲਬੀਰ ਸਿੰਘ ਪੁੱਤਰਾਨ ਕਰਤਾਰ ਸਿੰਘ ਵਾਸੀਆਨ ਘੁੰਮਣ ਨੇ ਝੋਨੇ ਦੀ ਪਰਾਲੀ ਨੂੰ ਅੱਗ ਲਗਾ ਕੇ ਮਾਨਯੋਗ ਡਿਪਟੀ ਕਮਿਸ਼ਨਰ ਸਾਹਿਬ ਗੁਰਦਾਸਪੁਰ ਦੇ ਹੁੱਕਮਾ ਦੀ ਉਲੰਘਣਾ ਕੀਤੀ ਹੈ। ਇਸੇ ਤਰ੍ਹਾਂ ਥਾਣਾ ਕਲਾਨੌਰ ਨੂੰ ਲਵਪ੍ਰੀਤ ਸਿੰਘ ਰੰਧਾਵਾ ਕਲੱਸਟਰ ਅਫਸਰ ਸਟੱਬਲ ਬਰਨਿੰਗ ਬਲਾਕ ਕਲਾਨੌਰ ਨੇ ਸੂਚਨਾ ਦਿੱਤੀ ਕਿ 2 ਨਵੰਬਰ ਨੂੰ ਪੀ. ਆਰ. ਐੱਸ. ਸੀ. ਤੋਂ ਪ੍ਰਾਪਤ ਲੋਕੇਸ਼ਨ ਦੇ ਅਨੁਸਾਰ ਅੱਗ ਲੱਗਣ ਸਬੰਧੀ ਪਤਾ ਲੱਗਾ ਹੈ ਕਿ ਕਿਸਾਨ ਦਲਵਿੰਦਰ ਸਿੰਘ ਪੁੱਤਰ ਗੁਰਬਚਨ ਸਿੰਘ ਵਾਸੀ ਕਲਾਨੌਰ ਨੇ ਝੋਨੇ ਦੀ ਪਰਾਲੀ ਨੂੰ ਅੱਗ ਲਗਾ ਕੇ ਮਾਨਯੋਗ ਡਿਪਟੀ ਕਮਿਸ਼ਨਰ ਸਾਹਿਬ ਗੁਰਦਾਸਪੁਰ ਦੇ ਹੁਕਮਾਂ ਦੀ ਉਲੰਘਣਾ ਕੀਤੀ ਹੈ। ਪੁਲਸ ਨੇ ਅੱਗ ਲਗਾਉਣ ਵਾਲੇ ਕਿਸਾਨਾਂ ਖ਼ਿਲਾਫ਼ ਜ਼ੇਰੇ ਧਾਰਾ 223 ਬੀ.ਐਨ.ਐਸ. ਤਹਿਤ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਅਰੰਭ ਕਰ ਦਿੱਤੀ ਹੈ।

# ਪ੍ਰਿੰ. ਸੁਜਾਨ ਸਿੰਘ ਯਾਦਗਾਰੀ ਸਨਮਾਨ ਸਮਾਰੋਹ 17 ਨੂੰ

**ਗੁਰਦਾਸਪੁਰ (ਜਨਕ ਮਹਾਜਨ)**-ਜ਼ਿਲ੍ਹਾ ਸਾਹਿਤ ਕੇਂਦਰ ਗੁਰਦਾਸਪੁਰ (ਰਜਿ.) ਵੱਲੋਂ ਕੇਂਦਰੀ ਪੰਜਾਬੀ ਲੇਖਕ ਸਭਾ ਪੰਜਾਬ ਦੇ ਸਹਿਯੋਗ ਨਾਲ ਪ੍ਰਿੰ. ਸੁਜਾਨ ਸਿੰਘ ਯਾਦਗਾਰੀ ਸਨਮਾਨ ਸਮਾਰੋਹ 17 ਨਵੰਬਰ ਦਿਨ ਐਤਵਾਰ ਨੂੰ ਰਾਮ ਸਿੰਘ ਦੱਤ ਦੇਸ਼ ਭਗਤ ਯਾਦਗਾਰੀ ਭਵਨ ਪਿਛੇ ਪੁਰਾਣਾ ਬੱਸ ਸਟੈਂਡ ਗੁਰਦਾਸਪੁਰ ਵਿਖੇ ਕਰਵਾਇਆ ਜਾ ਰਿਹਾ ਹੈ। ਇਸ ਸਮਾਰੋਹ ਦੇ ਮੁੱਖ ਮਹਿਮਾਨ ਸਤਨਾਮ ਸਿੰਘ ਮਾਨਕ ਹੋਣਗੇ। ਇਸ ਦੌਰਾਨ ਉੱਘੀਆਂ ਸ਼ਖ਼ਸੀਅਤਾਂ ਰਤਨ ਸਿੰਘ ਕੰਵਲ ਅਨੰਤ ਨਾਗ ਜੰਮੂ-ਕਸ਼ਮੀਰ ਨੂੰ ਪ੍ਰਿੰ. ਯਾਦਗਾਰੀ ਸਨਮਾਨ, ਧਰਮ ਸਿੰਘ ਗੁਰਾਇਆ ਨੂੰ ਡਾ. ਨਿਰਮਲ ਸਿੰਘ ਯਾਦਗਾਰੀ ਸਨਮਾਨ ਅਤੇ ਅਲਫਾਜ਼ ਨੂੰ ਪ੍ਰਿੰ. ਸੁਜਾਨ ਸਿੰਘ ਯਾਦਗਾਰੀ ਉਤਸ਼ਾਹ ਵਰਧਕ ਪੁਰਸਕਾਰ ਨਾਲ ਸਨਮਾਨਿਤ ਕੀਤਾ ਜਾਵੇਗਾ। ਇਸ ਸਮਾਰੋਹ ਦੀ ਪ੍ਰਧਾਨਗੀ ਦਰਸ਼ਨ ਸਿੰਘ ਬੁੱਟਰ ਪ੍ਰਧਾਨ ਕੇਂਦਰੀ ਪੰਜਾਬੀ ਲੇਖਕ ਸਭਾ ਪੰਜਾਬ, ਡਾ. ਕਰਮਜੀਤ ਸਿੰਘ ਸੰਪਾਦਕ 'ਚਿਰਾਗ', ਡਾ. ਹਰਜਿੰਦਰ ਸਿੰਘ ਅਟਵਾਲ ਸੀਨੀਅਰ ਮੀਤ ਪ੍ਰਧਾਨ ਕੇਂਦਰੀ ਪੰਜਾਬੀ ਲੇਖਕ ਸਭਾ ਪੰਜਾਬ ਅਤੇ ਡਾ. ਕੁਲਦੀਪ ਪੁਰੀ ਨਾਮਵਰ ਆਲੋਚਕ ਕਰਨਗੇ। ਇਸ ਸਮਾਰੋਹ ਵਿਚ ਵਧੇਰੇ ਸਹਿਯੋਗ ਪ੍ਰਿੰਸੀਪਲ ਸੁਜਾਨ ਅਤੇ ਨਿਰਮਲ ਆਜ਼ਾਦ ਦੇ ਪਰਿਵਾਰ ਤੋਂ ਇਲਾਵਾ ਜ਼ਿਲ੍ਹੇ ਦੀਆਂ ਸੰਬੰਧਿਤ ਸਾਹਿਤ ਸੇਵਾਵਾਂ ਅਤੇ ਹੋਰ ਜਥੇਬੰਦੀਆਂ ਦਾ ਹੋਵੇਗਾ। ਇਸ ਯਾਦਗਾਰੀ ਸਮਾਰੋਹ ਦੇ ਮੁੱਖ ਬੁਲਾਰੇ ਡਾ. ਪਿਆਰਾ ਲਾਲ ਗਰਗ ਹੋਣਗੇ। ਇਸ ਮੌਕੇ ਮੁੱਖ ਮਹਿਮਾਨਾਂ ਦਾ ਸਵਾਗਤ ਡਾ. ਲੇਖ ਰਾਜ ਪ੍ਰਧਾਨ ਜ਼ਿਲ੍ਹਾ ਸਾਹਿਤ ਕੇਂਦਰ, ਸੁਲੱਖਣ ਸਿੰਘ ਸਰਹੱਦੀ ਸੀਨੀਅਰ ਮੀਤ ਪ੍ਰਧਾਨ, ਸੀਤਲ ਸਿੰਘ ਗੁੰਨੋਪੁਰੀ ਸੀਨੀਅਰ ਮੀਤ ਪ੍ਰਧਾਨ, ਡਾ. ਰਜਵਿੰਦਰ ਕੌਰ ਨਾਗਰਾ ਮੀਤ ਪ੍ਰਧਾਨ, ਡਾ. ਸੁਰਿੰਦਰ ਸ਼ਾਂਤੀ ਮੀਤ ਪ੍ਰਧਾਨ, ਸ਼ੀਸ਼ਮ ਸਿੰਘ ਸੰਧੂ ਮੀਤ ਪ੍ਰਧਾਨ, ਪਿਆਰਾ ਸਿੰਘ ਟਾਂਡਾ ਮੀਤ ਪ੍ਰਧਾਨ, ਤਰਸੇਮ ਸਿੰਘ ਭੰਗੂ ਮੀਤ ਪ੍ਰਧਾਨ, ਸੁਭਾਸ਼ ਦੀਵਾਨਾ ਮੀਤ ਪ੍ਰਧਾਨ, ਮੰਗਤ ਚੰਚਲ ਜਨਰਲ ਸਕੱਤਰ, ਸੋਹਣ ਸਿੰਘ ਵਿੱਤ ਸਕੱਤਰ, ਬੂਟਾ ਰਾਮ ਅਜ਼ਾਦ ਸਹਾਇਕ ਵਿਤ ਸਕੱਤਰ, ਸੁੱਚਾ ਸਿੰਘ ਪਸਨਾਵਾਲ ਪ੍ਰੈਸ ਸਕੱਤਰ, ਸੁਖਵਿੰਦਰ ਸਿੰਘ ਰੰਧਾਵਾ ਸਹਾਇਕ ਸਕੱਤਰ, ਨਿਸ਼ਾਨ ਸਿੰਘ ਜੋੜਾ ਸੰਘਾ ਕਾਰਜਕਾਰਨੀ ਮੈਂਬਰ, ਉਤਮ ਸਿੰਘ ਮਿਨਹਾਸ ਕਾਰਜਕਾਰਨੀ ਮੈਂਬਰ, ਕਪੂਰ ਸਿੰਘ ਘੁੰਮਣ ਕਾਰਜਕਾਰਨੀ ਮੈਂਬਰ, ਸੁਸ਼ੀਲ ਦੁਸਾਂਝ ਜਨਰਲ ਸਕੱਤਰ, ਦੀਪ ਦੇਵਿੰਦਰ ਸਕੱਤਰ, ਸ਼ੈਲਿੰਦਰਜੀਤ ਸਿੰਘ ਰਾਜਨ ਮੀਤ ਪ੍ਰਧਾਨ, ਗੁਰਮੀਤ ਸਿੰਘ ਬਾਜਵਾ ਕਾਰਜਕਾਰਨੀ ਮੈਂਬਰ, ਗੁਰਪ੍ਰੀਤ ਸਿੰਘ ਰੰਗੀਲਪੁਰ ਕਾਰਜਕਾਰਨੀ ਮੈਂਬਰ, ਹਰਪਾਲ ਸਿੰਘ ਨਾਗਰਾ ਕਾਰਜਕਾਰਨੀ ਮੈਂਬਰ ਆਦਿ ਕਰਨਗੇ।

# ਪੰਜਾਬੀ ਸਾਹਿਤ ਸਭਾ ਤੇ ਸੱਭਿਆਚਾਰਕ ਕੇਂਦਰ ਤਰਨ ਤਾਰਨ ਵਿਖੇ ਕਰਵਾਇਆ ਕਵੀ ਦਰਬਾਰ



**ਝਬਾਲ (ਹਰਜਿੰਦਰ ਸਿੰਘ ਸੋਨੀ)**-ਪੰਜਾਬੀ ਸਾਹਿਤ ਸਭਾ ਤੇ ਸੱਭਿਆਚਾਰਕ ਕੇਂਦਰ ਤਰਨ ਤਾਰਨ ਵੱਲੋਂ ਭਾਈ ਮੋਹਣ ਸਿੰਘ ਵੈਦ ਯਾਦਗਾਰੀ ਲਾਇਬਰੇਰੀ ਤਰਨਤਾਨ ਵਿਖੇ ਸਰਦਾਰ ਬਲਬੀਰ ਸਿੰਘ ਭੈਲ, ਜਸਵਿੰਦਰ ਸਿੰਘ ਢਿੱਲੋਂ, ਗੁਲਜਾਰ ਸਿੰਘ ਖੇੜਾ, ਹਰਦਰਸ਼ਨ ਕਮਲ, ਤਾਰਾ ਚੰਦ ਦਿਆਲਪੁਰੀ, ਰਜਨੀਸ਼ ਕੌਰ ਬਰਨਾਲਾ, ਰੂਪ ਲਾਲ ਰੂਪ, ਜਸਬੀਰ ਸਿੰਘ ਝਬਾਲ, ਮਲਕੀਅਤ ਸਿੰਘ ਸੋਚ ਪੱਟੀ, ਪ੍ਰਕਾਸ਼ ਕੌਰ ਪਾਸ਼ਾ, ਮਾਸਟਰ ਰਵੀ ਕੁਮਾਰ ਮੰਗਲਾ ਦੇ ਅਧਾਰਤ ਪ੍ਰਧਾਨਗੀ ਮੰਡਲ ਦੀ ਪ੍ਰਧਾਨਗੀ ਹੇਠ ਕਵੀ ਦਰਬਾਰ ਕਰਵਾਇਆ ਗਿਆ।ਸਾਹਿਤਕ ਹਸਤੀਆਂ ਨੂੰ ਪੰਜਾਬੀ ਸਾਹਿਤ ਸਭਾ ਤੇ ਸੱਭਿਆਚਾਰਕ ਕੇਂਦਰ ਤਰਨਤਾਰਨ ਵੱਲੋਂ ਪੁਰਸਕਾਰ ਦਿੱਤੇ ਗਏ। ਰੂਪ ਲਾਲ ਰੂਪ ਨੂੰ ਡਾਕਟਰ ਭੀਮ ਰਾਓ ਅੰਬੇਡਕਰ ਪੁਰਸਕਾਰ, ਪ੍ਰਕਾਸ਼ ਕੌਰ ਪਾਸ਼ਾ ਨੂੰ ਅੰਮ੍ਰਿਤਾ ਪ੍ਰੀਤਮ ਪੁਰਸਕਾਰ, ਰਜਨੀਸ਼ ਕੌਰ ਬਬਲੀ ਨੂੰ ਅੰਮ੍ਰਿਤਾ ਪ੍ਰੀਤਮ ਪੁਰਸਕਾਰ, ਮਾਸਟਰ ਰਵੀ ਕੁਮਾਰ ਮੰਗਲਾਂ ਨੂੰ ਸੰਤ ਰਾਮ ਉਦਾਸੀ ਪੁਰਸਕਾਰ,ਪਰਮ ਸਿੱਧੂ ਨੂੰ ਅੰਮ੍ਰਿਤਾ ਪ੍ਰੀਤਮ ਪੁਰਸਕਾਰ, ਛਿੰਦਾ ਧਾਲੀਵਾਲ ਨੂੰ ਮੇਹਰ ਮਿੱਤਲ ਪੁਰਸਕਾਰ, ਸ਼ਮਸ਼ੇਰ ਸਿੰਘ ਮੱਲ੍ਹੀ ਨੂੰ ਮਿਹਰ ਮਿੱਤਲ ਪੁਰਸਕਾਰ, ਜਸਬੀਰ ਸਿੰਘ ਝਬਾਲ ਨੂੰ ਬਾਬਾ ਸੋਹਣ ਸਿੰਘ ਭਕਨਾ ਪੁਰਸਕਾਰ, ਤਾਰਾ ਚੰਦ ਦਿਆਲਪੁਰੀ ਨੂੰ ਜੱਸੋਵਾਲ ਪੁਰਸਕਾਰ, ਗੁਲਜਾਰ ਸਿੰਘ ਖੇੜਾ ਨੂੰ ਜੋਗਾ ਸਿੰਘ ਜੋਗੀ ਪੁਰਸਕਾਰ, ਮਲਕੀਤ ਸਿੰਘ ਸੋਚ ਪੱਟੀ ਨੂੰ ਜੋਗਾ ਸਿੰਘ ਜੋਗੀ ਪੁਰਸਕਾਰ ਦਿੱਤਾ ਗਿਆ। ਸ਼ਮਸ਼ੇਰ ਸਿੰਘ ਕਮੇਡੀਅਨ ਰਾਮਪੁਰਾ ਫੂਲ ਨੇ ਚੰਗਾ ਰੰਗ ਬੰਨਿ ਆ, ਸ਼ਿੰਦਾ ਧਾਲੀਵਾਲ, ਪਰਮ ਸਿੱਧੂ ਵੱਲੋਂ ਬਹੁਤ ਵਧੀਆ ਢੰਗ ਨਾਲ ਕਮੇਡੀ ਰਾਹੀਂ ਲੋਕਾਂ ਨੂੰ ਪਖੰਡੀ ਸਾਧਾਂ ਦੇ ਚੁੰਗਲ ਤੋਂ ਬਚਣ ਲਈ ਪ੍ਰੇਰਿਤ ਕੀਤਾ ਗਿਆ।ਅਵਤਾਰ ਸਿੰਘ ਗੋਇੰਦਵਾਲ, ਹਰੀ ਸਿੰਘ ਮਲੋਟ, ਡਾਕਟਰ ਅਜਮੇਰ ਸਿੰਘ, ਸੁਰਿੰਦਰ ਸਾਗਰ, ਲਖਵਿੰਦਰ ਸਿੰਘ ਚੰਦਨ, ਜੋਗਿੰਦਰ ਸਿੰਘ, ਬਲਬੀਰ ਸਿੰਘ ਬੇਲੀ, ਵਰਿੰਦਰ ਸ਼ਰਮਾ, ਮਾਸਟਰ ਸਕੱਤਰ ਸਿੰਘ, ਕਾਮਰੇਡ ਚਰਨ ਸਿੰਘ, ਗੁਰਚਰਨ ਸਿੰਘ ਸਭਰਾ, ਮਾਸਟਰ ਜਸਵਿੰਦਰ ਸਿੰਘ ਝਬਾਲ, ਜਸਬੀਰ ਸਿੰਘ ਝਬਾਲ, ਜਸਵਿੰਦਰ ਸਿੰਘ ਢਿੱਲੋਂ ਅਤੇ ਬਲਬੀਰ ਸਿੰਘ ਬੇਲੀ ਵੱਲੋਂ ਕਵੀਸ਼ਰੀ ਪੇਸ਼ ਕੀਤੀ ਗਈ।ਜਸਵਿੰਦਰ ਸਿੰਘ ਚਾਹਲ, ਹਰਕੀਰਤ ਸਿੰਘ, ਰੂਪ ਲਾਲ ਰੂਪ, ਵਰਣ ਸੂਦ, ਦੀਦਾਰ ਸਿੰਘ ਲਾਇਬਰੇਰੀਅਨ, ਰਕੇਸ਼ ਸੱਚਦੇਵਾ, ਸੁਰਿੰਦਰ ਸਾਗਰ, ਅਵਤਾਰ ਸਿੰਘ ਗੋਇੰਦਵਾਲ, ਸੁਖਵਿੰਦਰ ਸਿੰਘ ਖਾਰਾ, ਸੁਖਜੀਤ ਸੁੱਖ, ਰਕੇਸ਼ ਸੱਚਦੇਵਾ, ਬਲਬੀਰ ਸਿੰਘ ਭੈਲ, ਗੁਰਿੰਦਰ ਸਿੰਘ ਪ੍ਰੈੱਸ ਵਾਲਾ, ਮਲਕੀਅਤ ਸਿੰਘ ਸੋਚ, ਜਸਬੀਰ ਸਿੰਘ ਝਬਾਲ, ਬਲਬੀਰ ਸਿੰਘ ਲਹਿਰੀ ਨੇ ਆਪਣੀਆਂ ਰਚਨਾਵਾਂ ਪੇਸ਼ ਕੀਤੀਆਂ। ਸਟੇਜ ਦੀ ਸੇਵਾ ਹਰਭਜਨ ਸਿੰਘ ਭਗਰੱਥ ਅਤੇ ਜਸਵਿੰਦਰ ਸਿੰਘ ਢਿੱਲੋਂ ਨੇ ਨਿਭਾਈ।ਅਖੀਰ ਵਿੱਚ ਸਭਾ ਦੇ ਪ੍ਰਧਾਨ ਬਲਬੀਰ ਸਿੰਘ ਭੈਲ ਨੇ ਸਾਰੇ ਆਏ ਸਾਹਿਤਕਾਰਾਂ ਦਾ ਧੰਨਵਾਦ ਕੀਤਾ।

# ਸੇਂਟ ਕਬੀਰ ਸਕੂਲ 'ਚ ਪੰਜਾਬ ਦਿਵਸ ਮੌਕੇ ਸੱਭਿਆਚਾਰਕ ਸਾਂਝ ਪਾਈ ਗਈ



**ਧਾਰੀਵਾਲ (ਮਨਦੀਪ ਸਿੰਘ ਵਿੱਕੀ)**-ਸੇਂਟ ਕਬੀਰ ਪਬਲਿਕ ਸਕੂਲ ਸੁਲਤਾਨਪੁਰ ਵਿੱਚ ਪੰਜਾਬ ਦਿਵਸ ਬਹੁਤ ਹੀ ਚਾਅ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਪ੍ਰਿੰਸੀਪਲ ਐਸ.ਬੀ. ਨਾਯਰ ਦੀ ਪ੍ਰਧਾਨਗੀ ਹੇਠ ਸੱਭਿਆਚਾਰਕ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ। ਜਿਸ ਦੀ ਸ਼ੁਰੂਆਤ ਪੰਜਾਬੀ ਤੇ ਪੰਜਾਬ ਦੀ ਵਿਸ਼ਾਲਤਾ ਨੂੰ ਦਰਸਾਉਂਦੇ ਹੋਏ ਵਿਚਾਰਾਂ ਨਾਲ ਕੀਤੀ ਗਈ ਜਿਸ ਦੌਰਾਨ ਨੌਵੀਂ ਜਮਾਤ ਦੀ ਵਿਦਿਆਰਥਣ ਜਸਨੀਤ ਕੌਰ ਨੇ ਪੰਜਾਬ ਦੇ ਇਤਿਹਾਸ ਸੰਬੰਧੀ ਵਿਚਾਰ ਪੇਸ਼ ਕੀਤੇ। ਇਸ ਉਪਰੰਤ ਸੱਤਵੀਂ ਜਮਾਤ ਦੀ ਵਿਦਿਆਰਥਣ ਮਨਸੀਰਤ ਕੌਰ ਨੇ ਆਪਣੀ ਕਵਿਤਾ ਰਾਹੀਂ ਮਾਂ ਬੋਲੀ ਪੰਜਾਬੀ ਦੀ ਮਿਠਾਸ ਦਾ ਜ਼ਿਕਰ ਕੀਤਾ। ਪੰਜਾਬ ਦੀ ਪਵਿੱਤਰਤਾ, ਰੰਗੀਲੇਪਨ ਤੇ ਲੋਕਾਂ ਦੇ ਦ੍ਰਿੜ ਸੁਭਾਅ ਨੂੰ ਦਰਸਾਉਂਦੀ ਹੋਈ ਕੋਰੀਓਗ੍ਰਾਫੀ ਦੀ ਪੇਸ਼ਕਾਰੀ ਨੇ ਵਿਦਿਆਰਥੀਆਂ ਵਿੱਚ ਸਕਾਰਾਤਮਕ ਸੋਚ ਨੂੰ ਭਰਿਆ। ਪ੍ਰੋਗਰਾਮ ਦੇ ਅੰਤਿਮ ਪੜਾਅ ਵਿੱਚ ਅੱਠਵੀਂ ਜਮਾਤ ਦੀ ਵਿਦਿਆਰਥਣ ਹਰਸਿਮਰਤ ਕੌਰ ਨੇ ਆਪਣੀ ਸੱਭਿਆਚਾਰਕ ਪੇਸ਼ਕਾਰੀ ਭੰਗੜੇ ਨਾਲ ਪੰਜਾਬੀਆਂ ਦੇ ਰੋਹਬ ਤੇ ਅਣਖੀਲੇ ਸੁਭਾਅ ਨੂੰ ਪ੍ਰਗਟਾਇਆ। ਸਮੁੱਚੇ ਰੂਪ ਵਿੱਚ ਪੰਜਾਬ ਦਿਵਸ ਦੇ ਮੌਕੇ ਸਕੂਲ ਵਿੱਚ ਖ਼ੁਸ਼ਨੁਮਾ ਮਾਹੌਲ ਬਣਿਆ। ਇਸ ਦੌਰਾਨ ਸਕੂਲ ਪ੍ਰਿੰਸੀਪਲ ਐੱਸ. ਬੀ. ਨਾਯਰ ਅਤੇ ਪ੍ਰਬੰਧਕ ਮੈਂਬਰ ਮੈਡਮ ਨਵਦੀਪ ਕੌਰ ਅਤੇ ਕੁਲਦੀਪ ਕੌਰ ਨੇ ਸਾਰੇ ਵਿਦਿਆਰਥੀਆਂ ਅਤੇ ਅਧਿਆਪਕਾਂ ਨੂੰ ਪੰਜਾਬ ਦਿਵਸ ਲਈ ਮੁਬਾਰਕਬਾਦ ਦਿੱਤੀ।

ਉਨ੍ਹਾਂ ਨੇ ਵਿਦਿਆਰਥੀਆਂ ਨੂੰ ਹਮੇਸ਼ਾ ਆਪਣੀ ਮਿੱਟੀ ਨਾਲ ਜੁੜੇ ਰਹਿਣ ਅਤੇ ਸੱਭਿਆਚਾਰ ਸਾਂਝੀ ਰੱਖਣ ਦਾ ਵੀ ਸੰਦੇਸ ਦਿੱਤਾ। ਇਸ ਮੌਕੇ ਅਧਿਆਪਕਾ ਕਿਰਨ ਬਾਲਾ, ਰਵਿੰਦਰ ਕੌਰ, ਕਰਮਜੀਤ ਕੌਰ, ਕੁਲਬੀਰ ਕੌਰ ਸਮੇਤ ਸਮੂਹ ਅਧਿਆਪਕ ਤੇ ਵਿਦਿਆਰਥੀ ਹਾਜ਼ਰ ਸਨ।

# ਕੁਦਰਤ ਪੱਖੀ ਤਕਨੀਕਾਂ ਨੂੰ ਅਪਣਾ ਕੇ ਰਸਾਇਣਕ ਖਾਦਾਂ 'ਤੇ ਨਿਰਭਰਤਾ ਘਟਾਈ ਜਾਵੇ: ਡਾ. ਭੁਪਿੰਦਰ ਸਿੰਘ





**ਪੱਟੀ (ਸ਼ਮਸ਼ੇਰ ਸਿੰਘ ਯੋਧਾ)**-ਡਿਪਟੀ ਕਮਿਸ਼ਨਰ ਤਰਨ ਤਰਨ ਰਾਹੁਲ ਦੇ ਦਿਸ਼ਾ ਨਿਰਦੇਸ਼ ਅਤੇ ਮੁੱਖ ਖੇਤੀਬਾੜੀ ਅਫਸਰ ਤਰਨ ਤਾਰਨ ਡਾ. ਹਰਪਾਲ ਸਿੰਘ ਪੰਨੂ ਦੀ ਦੇਖ ਰੇਖ-ਹੇਠ ਕਿਸਾਨਾਂ ਨੂੰ ਪਰਾਲੀ ਪ੍ਰਬੰਧਨ ਸਬੰਧੀ ਉਤਸ਼ਾਹਿਤ ਕਰਨ ਹਿੱਤ ਬਲਾਕ ਖੇਤੀਬਾੜੀ ਅਫਸਰ, ਪੱਟੀ ਡਾ. ਭੁਪਿੰਦਰ ਸਿੰਘ, ਹਰਮਨਦੀਪ ਕੌਰ ਏਡੀਓ, ਗੁਰਪ੍ਰੀਤ ਸਿੰਘ ਬੀਟੀਐੱਮ ਅਤੇ ਗੁਰਸਿਮਰਨ ਸਿੰਘ ਖੇਤੀ ਉਪ ਨਿਰੀਖਕ ਨੇ ਪਿੰਡ ਭੱਗੂਪੁਰ ਵਿਖੇ ਸਮਾਰਟ ਸੀਡਰ ਮਸ਼ੀਨ ਨਾਲ ਬਿਜਾਈ ਕਰ ਰਹੇ ਖੇਤ ਦਾ ਨਿਰੀਖਣ ਕੀਤਾ।ਨਿਰੀਖਣ ਦੌਰਾਨ 85 ਏਕੜ ਦੀ ਸਾਂਝੀ ਖੇਤੀ ਕਰ ਰਹੇ ਜੁਗਰਾਜ ਸਿੰਘ ਨੇ ਦੱਸਿਆ ਕਿ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਦੀ ਪ੍ਰੇਰਨਾ ਸਦਕਾ 2018 ਤੋਂ ਆਪਣਾ ਹੈਪੀਸੀਡਰ ਲੈ ਕੇ ਕਣਕ ਦੀ ਬਿਜਾਈ ਸ਼ੁਰੂ ਕੀਤੀ ਸੀ।ਸ਼ੁਰੂਆਤੀ ਦੌਰ ਵਿੱਚ ਭਾਵੇਂ ਇਹ ਮਜਬੂਰੀ ਦਾ ਕੰਮ ਲੱਗਿਆ ਪਰ ਵਧੀਆ ਨਤੀਜੇ ਮਿਲਣ ਤੇ ਲਗਾਤਾਰ ਪੰਜ ਸਾਲ ਤੋਂ ਹੈਪੀ ਸੀਡਰ ਨਾਲ ਬਿਜਾਈ ਕੀਤੀ। ਜਦ ਕਿ ਪਿਛਲੇ ਸਾਲ ਕੁਝ ਰਕਬੇ ਤੇ ਸੁਪਰ ਸੀਡਰ ਅਤੇ ਖੇਤੀਬਾੜੀ ਵਿਭਾਗ ਦੀ ਪ੍ਰੇਰਨਾ ਨਾਲ ਸਮਾਰਟ ਸੀਡਰ ਨਾਲ ਵੀ ਬਿਜਾਈ ਕਰਨ ਦਾ ਤਜਰਬਾ ਕੀਤਾ।ਮਿਲੇ ਤਜਰਬੇ ਤੋਂ ਮਹਿਸੂਸ ਹੋਇਆ ਕਿ ਸਮਾਰਟ ਸੀਡਰ, ਹੈਪੀ ਸੀਡਰ ਅਤੇ ਸੁਪਰ ਸੀਡਰ ਤਕਨੀਕ ਦਾ ਸੁਮੇਲ ਹੈ ਅਤੇ ਪਰਾਲੀ ਪ੍ਰਬੰਧਨ ਕਰਦਿਆਂ ਕਣਕ ਦੀ ਬਿਜਾਈ ਲਈ ਇਹ ਸੌਖੀ, ਸਸਤੀ ਅਤੇ ਵਧੀਆ ਤਕਨੀਕ ਹੈ।ਇਸ ਤਕਨੀਕ ਦੀ ਵਰਤੋਂ ਨਾਲ ਤਿੰਨ ਤੋਂ ਚਾਰ ਲਿਟਰ ਡੀਜ਼ਲ ਦੀ ਲਾਗਤ ਨਾਲ ਇਕ ਘੰਟੇ ਵਿੱਚ ਇੱਕ ਏਕੜ ਦੀ ਬਿਜਾਈ ਹੋ ਜਾਂਦੀ ਹੈ।ਇਸ ਦੇ ਫਾਇਦਿਆਂ ਨੂੰ ਸਮਝਦਿਆਂ ਸਾਂਝੀ ਖੇਤੀ ਲਈ ਸੀ.ਆਰ.ਐੱਮ. ਸਕੀਮ ਤਹਿਤ ਸਮਾਰਟ ਸੀਡਰ ਆਨਲਾਈਨ ਅਪਲਾਈ ਕੀਤੀ ਅਤੇ ਡਰਾਅ ਨਿਕਲਣ ਤੇ ਆਪਣੀ ਖਰੀਦ ਲਈ ਹੈ। ਇਸ ਮੌਕੇ ਡਾ. ਭੁਪਿੰਦਰ ਸਿੰਘ ਏਓ ਨੇ ਦੂਜੇ ਕਿਸਾਨਾਂ ਨੂੰ ਵੀ ਅਪੀਲ ਕੀਤੀ ਕਿ ਬਿਨਾਂ ਸਮਾਂ ਗੁਆਏ ਸਾਨੂੰ ਆਂਢ ਗੁਆਂਢ ਅਪਣਾਈਆਂ ਜਾ ਰਹੀਆਂ ਕੁਦਰਤ ਪੱਖੀ ਤਕਨੀਕਾਂ ਨੂੰ ਸਮਝ ਕੇ ਇਨ੍ਹਾਂ ਨੂੰ ਆਪਣੇ ਖੇਤਾਂ ਵਿੱਚ ਅਪਣਾਉਣਾ ਚਾਹੀਦਾ ਹੈ ਤਾਂ ਜੋ ਰਸਾਇਣਕ ਖਾਦਾਂ ਤੇ ਨਿਰਭਰਤਾ ਘੱਟ ਸਕੇ।ਇਸ ਮੌਕੇ ਸੁਖਦੇਵ ਸਿੰਘ, ਬਿਕਰਮ ਸਿੰਘ, ਫੀਲਡ ਵਰਕਰ ਬਲਜੀਤ ਕੌਰ ਗੁਰਲਾਲ ਸਿੰਘ ਨੇ ਸਹਿਯੋਗ ਤੇ ਜਾਣਕਾਰੀ ਸਾਂਝੀ ਕੀਤੀ।

# ਖਾਦ ਡੀਲਰਾਂ ਦੀਆਂ ਦੁਕਾਨਾਂ ਤੇ ਗੋਦਾਮਾਂ ਦੀ ਖੇਤੀਬਾੜੀ ਵਿਭਾਗ ਵੱਲੋਂ ਕੀਤੀ ਜਾ ਰਹੀ ਹੈ ਲਗਾਤਾਰ ਚੈਕਿੰਗ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**-ਖੇਤੀਬਾੜੀ ਮਾਹਿਰਾਂ ਦਾ ਕਹਿਣਾ ਹੈ ਕਿ ਡੀ.ਏ.ਪੀ ਖਾਦ ਦੇ ਬਦਲਵੇ ਸ੍ਰੋਤ ਅਪਨਾ ਕੇ ਕਿਸਾਨ ਆਪਣੀਆਂ ਫਸਲਾਂ ਦਾ ਝਾੜ ਵਧਾ ਸਕਦੇ ਹਨ। ਮਾਹਿਰਾਂ ਦੀ ਰਾਏ ਹੈ ਕਿ ਇਸ ਨਾਲ ਜ਼ਮੀਨ ਦੀ ਸਿਹਤ ਵਿੱਚ ਕੋਈ ਨੁਕਸਾਨ ਦੀ ਗੁਜਾਇਸ਼ ਨਹੀ ਹੈ। ਖੇਤੀਬਾੜੀ ਅਫਸਰ ਅਮਰਜੀਤ ਸਿੰਘ ਨੇ ਖਾਦ ਵਿਕਰੇਤਾਂ ਡੀਲਰਾਂ ਦੀਆਂ ਦੁਕਾਨਾਂ ਤੇ ਗੋਦਾਮਾਂ ਦੀ ਚੈਕਿੰਗ ਦੌਰਾਨ ਹਦਾਇਤ ਕੀਤੀ ਕਿ ਕਿਸਾਨਾਂ ਨੂੰ ਸਹੀ ਜਾਣਕਾਰੀ ਦੇ ਕੇ ਆਪਣੀ ਜਿੰਮੇਵਾਰੀ ਨਿਭਾਈ ਜਾਵੇ, ਬੇਲੋੜੇ ਭਰਮ ਭੁਲੇਖੇ ਪਾ ਕੇ ਕਿਸਾਨਾਂ ਨੂੰ ਬਦਲਵੇ ਸ੍ਰੋਤਾਂ ਸਬੰਧੀ ਗੁੰਮਰਾਹ ਨਾ ਕੀਤਾ ਜਾਵੇ ਅਤੇ ਕਿਸਾਨਾਂ ਨੂੰ ਖਾਦਾ ਵੇਚਣ ਸਮੇਂ ਨਾਲ ਹੋਰ ਦਵਾਈਆਂ ਟੈਗ ਨਾ ਕੀਤੀਆ ਜਾਣ। ਉਨ੍ਹਾਂ ਨੇ ਦੱਸਿਆ ਕਿ ਕਿਸਾਨਾਂ ਨੇ ਹੁਣ ਸਮੇਂ ਦੇ ਹਾਣੀ ਬਣ ਕੇ ਆਪਣੀਆਂ ਜ਼ਮੀਨਾਂ ਦੀ ਸਿਹਤ ਵਿੱਚ ਚੋਖੇ ਸੁਧਾਰ ਲਿਆ ਕੇ ਫਸਲਾਂ ਦਾ ਝਾੜ ਵਧਾਇਆ ਹੈ।ਉਨ੍ਹਾਂ ਦੱਸਿਆ ਕਿ ਕਣਕ ਦੀ ਕਾਸ਼ਤ ਲਈ ਫਾਸਫੋਰਸ ਖੁਰਾਕੀ ਤੱਤ ਦੀ ਜ਼ਰੂਰਤ ਹੁੰਦੀ ਹੈ ਜਿਸ ਦੀ ਪੂਰਤੀ ਲਈ ਕਿਸਾਨਾਂ ਵੱਲੋਂ ਡੀ ਏ ਪੀ ਖਾਦ ਦੀ ਬਿਜਾਈ ਸਮੇਂ ਵਰਤੋਂ ਕੀਤੀ ਜਾਂਦੀ ਹੈ। ਉਨ੍ਹਾਂ ਦੱਸਿਆ ਕਿ ਡੀ ਏ ਪੀ ਖਾਦ ਦੇ ਬਦਲ ਵੱਜੋਂ ਟ੍ਰਿਪਲ ਸੁਪਰ ਫਾਸਫੇਟ ਖਾਦ, ਐਨ ਪੀ ਕੇ (12:32:16) ਸਿੰਗਲ ਸੁਪਰ ਫਾਸਫੇਟ ਅਤੇ ਹੋਰ ਫਾਸਫੈਟਿਕ ਖਾਦਾਂ ਦੀ ਵੀ ਵਰਤੋਂ ਕੀਤੀ ਜਾ ਸਕਦੀ ਹੈ। ਉਨ੍ਹਾਂ ਦੱਸਿਆ ਕਿ ਟ੍ਰਿਪਲ ਸਪਰ ਫਾਸਫੇਟ ਵਿੱਚ ਡੀ ਏ ਪੀ ਵਾਂਗੂ 46% ਫਾਸਫੋਰਸ ਤੱਤ ਹੁੰਦਾ ਹੈ ਅਤੇ ਇਸ ਦੀ ਕੀਮਤ ਪ੍ਰਤੀ ਬੋਰੀ 1300/-ਰੁਪਏ ਹੈ ਜਦ ਕਿ ਡੀ ਏ ਪੀ ਦੀ ਕੀਮਤ ਪ੍ਰਤੀ ਬੈਗ 1350/- ਰੁਪਏ ਹੈ। ਐਨ ਪੀ ਕੇ (12:32:16) ਦੀ ਵਰਤੋਂ ਵੀ ਡੀ ਏ ਪੀ ਦੇ ਬਦਲ ਵੱਜੋਂ ਕੀਤੀ ਜਾ ਸਕਦੀ ਹੈ। ਉਨ੍ਹਾਂ ਅੱਗੇ ਦੱਸਿਆ ਕਿ ਇਸ ਤੋਂ ਇਲਾਵਾ ਬਾਜ਼ਾਰ ਵਿੱਚ ਮੌਜੂਦ ਹੋਰ ਫਾਸਫੈਟਿਕ ਖਾਦਾਂ ਵੀ ਵਰਤੀਆਂ ਜਾ ਸਕਦੀਆਂ ਹਨ। ਉਨ੍ਹਾਂ ਖਾਦ ਵਿਕ੍ਰੇਤਾਵਾਂ ਨੂੰ ਹਦਾਇਤ ਕੀਤੀ ਕਿ ਪੌਸ ਮਸ਼ੀਨਾਂ ਵਿੱਚ ਮੌਜੂਦ ਵਿਕਰੀ ਕੀਤੀ ਖਾਦ ਦਾ ਸਟਾਕ ਨਿਲ ਕੀਤੀ ਜਾਵੇ ਅਤੇ ਇਹ ਯਕੀਨੀ ਬਣਾਇਆ ਜਾਵੇ ਕਿ ਪੌਸ ਮਸ਼ੀਨਾਂ ਅਤੇ ਦੁਕਾਨ ਤੇ ਅਣਵਿਕੀ ਖਾਦ ਦਾ ਸਟਾਕ ਇਕਸਾਰ ਹੋਵੇ ਤਾਂ ਜੋ ਜ਼ਰੂਰਤ ਅਨੁਸਾਰ ਭਾਰਤ ਸਰਕਾਰ ਤੋਂ ਡੀ ਏ ਪੀ ਖਾਦ ਮਿਲ ਸਕੇ। ਉਨ੍ਹਾਂ ਸਮੂਹ ਡੀਲਰਾਂ ਨੂੰ ਇਹ ਵੀ ਹਦਾਇਤ ਕੀਤੀ ਕਿ ਉਹ ਆਪਣੇ ਲਾਇਸੰਸ ਅਤੇ ਹੋਰ ਜਰੂਰੀ ਦਸਤਾਵੇਜ ਪੂਰੇ ਕਰਕੇ ਰੱਖਣ ਅਤੇ ਇਸ ਵਿੱਚ ਕਿਸੇ ਵੀ ਤਰ੍ਹਾ ਦੀ ਕੁਤਾਹੀ ਨਾ ਵਰਤੀ ਜਾਵੇ ਅਤੇ ਸਟਾਕ ਬੋਰਡ ਉੱਪਰ ਰੋਜ਼ਾਨਾ ਖਾਦ ਦਾ ਸਟਾਕ ਅਤੇ ਰੇਟ ਲਿਖਿਆ ਜਾਵੇ।



ਨਵਾਂ ਜ਼ਮਾਨਾ
ਬੁੱਧਵਾਰ, 6 ਨਵੰਬਰ 2024

# ਹਾਰੇਂਗੇ ਤੋ ਟਾਲੇਂਗੇ

ਚੋਣ ਕਮਿਸ਼ਨ ਨੇ 48 ਅਸੰਬਲੀ ਤੇ ਦੋ ਲੋਕ ਸਭਾ ਸੀਟਾਂ ਦੀਆਂ ਜ਼ਿਮਨੀ ਚੋਣਾਂ 19 ਨਵੰਬਰ ਨੂੰ ਕਰਾਉਣ ਦਾ ਐਲਾਨ ਕੀਤਾ ਸੀ। ਚਾਰ ਨਵੰਬਰ ਨੂੰ ਉਸ ਨੇ 14 ਅਸੰਬਲੀ ਸੀਟਾਂ 'ਤੇ ਪੋਲਿੰਗ ਦੀ ਤਰੀਕ ਬਦਲ ਕੇ 20 ਨਵੰਬਰ ਕਰ ਦਿੱਤੀ। ਇਨ੍ਹਾਂ ਵਿਚ ਇਕ ਸੀਟ ਕੇਰਲਾ, ਚਾਰ ਸੀਟਾਂ ਪੰਜਾਬ ਤੇ ਨੌਂ ਸੀਟਾਂ ਯੂ ਪੀ ਦੀਆਂ ਹਨ। ਕਮਿਸ਼ਨ ਨੇ ਕਿਹਾ ਕਿ ਭਾਜਪਾ, ਕਾਂਗਰਸ, ਬਸਪਾ, ਆਰ ਐੱਲ ਡੀ ਅਤੇ ਕੁਝ ਸਮਾਜੀ ਸੰਗਠਨਾਂ ਨੇ 13 ਨਵੰਬਰ ਦੇ ਲਾਗੇ-ਛਾਗੇ ਵੱਡੇ ਪੈਮਾਨੇ 'ਤੇ ਸਮਾਜੀ, ਸਭਿਆਚਾਰਕ ਤੇ ਧਾਰਮਿਕ ਪ੍ਰੋਗਰਾਮ ਹੋਣ ਕਰਕੇ ਤਰੀਕ ਬਦਲਣ ਦੀ ਮੰਗ ਕੀਤੀ ਸੀ। ਚੋਣ ਕਮਿਸ਼ਨ ਨੇ ਹਰਿਆਣਾ ਅਸੰਬਲੀ ਚੋਣਾਂ ਦੀ ਤਰੀਕ ਵੀ ਤਿਉਹਾਰਾਂ ਦਾ ਹਵਾਲਾ ਦੇ ਕੇ ਬਦਲੀ ਸੀ। ਸਵਾਲ ਇਹ ਹੈ ਕਿ ਕੀ ਚੋਣ ਕਮਿਸ਼ਨ ਪੋਲਿੰਗ ਦੀਆਂ ਤਰੀਕਾਂ ਤੈਅ ਕਰਦਿਆਂ ਕੈਲੰਡਰ ਨਹੀਂ ਦੇਖਦਾ? ਕੀ ਰਾਜਾਂ ਦੇ ਚੋਣ ਵਿਭਾਗ ਉਸ ਨੂੰ ਇਲਾਕਾਈ ਤਿਉਹਾਰਾਂ ਬਾਰੇ ਜਾਣਕਾਰੀ ਨਹੀਂ ਦਿੰਦੇ? ਇਸ ਦੇਸ਼ ਨੇ ਇਹ ਵੀ ਦੇਖਿਆ ਹੈ ਕਿ 2019 'ਚ ਰਮਜ਼ਾਨ ਮਹੀਨੇ 'ਚ ਵੀ ਚੋਣ ਕਮਿਸ਼ਨ ਨੇ ਪੋਲਿੰਗ ਕਰਵਾਈ। ਦੇਸ਼ ਦੀ ਸਭ ਤੋਂ ਵੱਡੀ ਘੱਟਗਿਣਤੀ ਦਾ ਧਿਆਨ ਨਹੀਂ ਰੱਖਿਆ, ਜਦਕਿ ਤਮਾਮ ਪਾਰਟੀਆਂ ਤੇ ਮੁਸਲਮ ਜਥੇਬੰਦੀਆਂ ਨੇ ਤਰੀਕ ਬਦਲਣ ਦੀ ਮੰਗ ਕੀਤੀ ਸੀ। ਉਦੋਂ ਚੋਣ ਕਮਿਸ਼ਨ ਨੇ ਕਿਹਾ ਸੀ ਕਿ ਰਮਜ਼ਾਨ ਕਰਕੇ ਚੋਣ ਪ੍ਰਕਿਰਿਆ ਰੋਕ ਨਹੀਂ ਸਕਦੇ। ਜੇ ਮੌਜੂਦਾ ਜ਼ਿਮਨੀ ਚੋਣਾਂ ਵਿਚ 20 ਸੀਟਾਂ ਦੀ ਤਰੀਕ ਬਦਲੀ ਗਈ ਹੈ ਤਾਂ ਰਾਜਸਥਾਨ ਵਿਚ ਹੋਣ ਵਾਲੀਆਂ ਸੱਤ ਸੀਟਾਂ ਦੀਆਂ ਜ਼ਿਮਨੀ ਚੋਣਾਂ ਦੀ ਤਰੀਕ ਕਿਉਂ ਨਹੀਂ ਬਦਲੀ ਗਈ? ਰਾਜਸਥਾਨ ਵਿਚ ਵੀ ਕਾਰਤਿਕ ਪੁੰਨਿਆ ਦੌਰਾਨ 12 ਤੋਂ 15 ਨਵੰਬਰ ਤੱਕ ਪੁਸ਼ਕਰ 'ਚ ਲੋਕ ਇਸ਼ਨਾਨ ਕਰਨਗੇ। ਉੱਥੇ ਬਹੁਤ ਵੱਡਾ ਮੇਲਾ ਵੀ ਲੱਗਣਾ ਹੈ। ਯੂ ਪੀ ਵਿਚ ਕਾਰਤਿਕ ਪੁੰਨਿਆ ਜਾਂ ਗੰਗਾ ਇਸ਼ਨਾਨ ਦੇ ਨਾਂਅ 'ਤੇ ਤਰੀਕ ਬਦਲ ਦਿੱਤੀ ਗਈ ਹੈ। ਪੰਜਾਬ ਵਿਚ ਕਾਂਗਰਸ ਨੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਦੇ ਮੱਦੇਨਜ਼ਰ ਤਰੀਕ ਬਦਲਣ ਦੀ ਮੰਗ ਜ਼ਰੂਰ ਕੀਤੀ ਸੀ। ਤਰੀਕ ਬਦਲ ਵੀ ਗਈ ਹੈ, ਪਰ ਝਾਰਖੰਡ ਵਿਚ 13 ਨਵੰਬਰ ਨੂੰ ਅਸੰਬਲੀ ਚੋਣਾਂ ਹੋ ਰਹੀਆਂ ਹਨ। ਦੇਸ਼ ਦੇ ਹੋਰਨਾਂ ਰਾਜਾਂ ਵਾਂਗ ਉੱਥੇ ਵੀ ਤਾਂ ਅਨੇਕਾਂ ਗੁਰਦੁਆਰਿਆਂ ਵਿੱਚ ਪ੍ਰਕਾਸ਼ ਪੁਰਬ ਮਨਾਇਆ ਜਾਣਾ ਹੈ।

ਸਮਾਜਵਾਦੀ ਪਾਰਟੀ ਦੇ ਆਗੂ ਅਖਿਲੇਸ਼ ਯਾਦਵ ਨੇ ਦੱਸਿਆ ਹੈ ਕਿ ਯੂ ਪੀ ਜ਼ਿਮਨੀ ਚੋਣਾਂ ਦੀ ਤਰੀਕ ਕਿਉਂ ਬਦਲੀ ਗਈ। ਉਨ੍ਹਾ 'ਐਕਸ' ਉੱਤੇ ਪੋਸਟ ਪਾਈ ਹੈ—ਟਾਲੇਂਗੇ ਤੋ ਔਰ ਭੀ ਬੁਰਾ ਹਾਰੇਂਗੇ। ਪਹਿਲਾਂ ਮਿਲਕੀਪੁਰ ਅਸੰਬਲੀ ਹਲਕੇ ਦੀ ਜ਼ਿਮਨੀ ਚੋਣ ਟਾਲੀ ਤੇ ਹੁਣ ਨੌਂ ਸੀਟਾਂ ਦੀ ਪੋਲਿੰਗ ਦੀ ਤਰੀਕ ਬਦਲ ਦਿੱਤੀ। ਭਾਜਪਾ ਏਨੀ ਕਮਜ਼ੋਰ ਕਦੇ ਨਹੀਂ ਸੀ। ਦਰਅਸਲ ਗੱਲ ਇਹ ਹੈ ਕਿ ਯੂ ਪੀ ਵਿੱਚ ਮਹਾਂ-ਬੇਰੁਜ਼ਗਾਰੀ ਕਾਰਨ ਜਿਹੜੇ ਲੋਕ ਪੂਰੇ ਦੇਸ਼ ਵਿਚ ਕੰਮ ਲਈ ਜਾਂਦੇ ਹਨ, ਉਹ ਦੀਵਾਲੀ ਤੇ ਛੱਠ ਪੂਜਾ ਦੀ ਛੁੱਟੀ ਲੈ ਕੇ ਯੂ ਪੀ ਆਏ ਹਨ ਅਤੇ ਉਨ੍ਹਾਂ ਭਾਜਪਾ ਖਿਲਾਫ ਵੋਟਾਂ ਪਾਉਣੀਆਂ ਸਨ। ਇਸ ਦੀ ਜਿਉਂ ਹੀ ਭਾਜਪਾ ਨੂੰ ਭਿਣਕ ਪਈ, ਉਸ ਨੇ ਜ਼ਿਮਨੀ ਚੋਣਾਂ ਦੀ ਤਰੀਕ ਅੱਗੇ ਖਿਸਕਾ ਦਿੱਤੀ, ਤਾਂ ਜੋ ਛੁੱਟੀ ਆਏ ਲੋਕ ਬਿਨਾਂ ਵੋਟ ਪਾਏ ਪਰਤ ਜਾਣ। ਇਹ ਭਾਜਪਾ ਦੀ ਪੁਰਾਣੀ ਚਾਲ ਹੈ—ਹਾਰੇਂਗੇ ਤੋ ਟਾਲੇਂਗੇ। ਤ੍ਰਿਣਮੂਲ ਕਾਂਗਰਸ ਦੀ ਸਾਂਸਦ ਮਹੁਆ ਮੋਇਤਰਾ ਨੇ ਜ਼ਿਮਨੀ ਚੋਣਾਂ ਅੱਗੇ ਪਾਉਣ ਦੀ ਕ੍ਰੋਨੌਲਜੀ ਸਮਝਾਉਂਦਿਆਂ ਦੱਸਿਆ ਹੈ ਕਿ ਯੋਗੀ ਆਦਿੱਤਿਆਨਾਥ ਦੀ ਸਰਕਾਰ ਨੇ ਪਹਿਲਾਂ ਬੂਥ ਲੇਵਲ ਦੇ ਮੁਸਲਮ, ਯਾਦਵ ਤੇ ਕੁਰਮੀ ਅਧਿਕਾਰੀ ਹਟਾਏ। ਯੋਗੀ ਨੇ ਤਿੰਨ ਨਵੰਬਰ ਨੂੰ ਪ੍ਰਧਾਨ ਮੰਤਰੀ ਮੋਦੀ ਨਾਲ ਮੁਲਾਕਾਤ ਕੀਤੀ ਤੇ ਚਾਰ ਨਵੰਬਰ ਨੂੰ ਚੋਣ ਕਮਿਸ਼ਨ ਨੇ ਪੋਲਿੰਗ ਇਕ ਹਫਤਾ ਅੱਗੇ ਪਾ ਦਿੱਤੀ। ਸੋਸ਼ਲ ਮੀਡੀਆ 'ਤੇ ਲੋਕ ਕਹਿ ਰਹੇ ਹਨ ਕਿ ਚੋਣ ਕਮਿਸ਼ਨ ਭਾਜਪਾ ਦੇ ਏਜੰਟ ਦੇ ਤੌਰ 'ਤੇ ਕੰਮ ਕਰ ਰਿਹਾ ਹੈ।

# ਡਿਜੀਟਲ ਅਰੈੱਸਟ ਦਾ ਫੈਲਦਾ ਮੱਕੜ ਜਾਲ



ਮੁਹੰਮਦ ਅੱਬਾਸ ਧਾਲੀਵਾਲ

ਅੱਜ ਦੇ ਇਸ ਡਿਜੀਟਲਕਰਨ ਦੇ ਯੁੱਗ ਵਿੱਚ ਜਿੱਥੇ ਰੋਜ਼ਮਰ੍ਹਾ ਜੀਵਨ ਦੇ ਬਹੁਤ ਸਾਰੇ ਕੰਮ ਡਿਜੀਟਲ ਤਰੀਕਿਆਂ ਨਾਲ ਹੋਣ ਲੱਗ ਪਏ ਹਨ, ਉੱਥੇ ਹੀ ਇਸ ਖੇਤਰ ਵਿੱਚ ਹੁਣ ਠੱਗਾਂ ਦੁਆਰਾ ਠੱਗੀਆਂ ਮਾਰਨ ਦੇ ਢੰਗ-ਤਰੀਕੇ ਵੀ ਡਿਜੀਟਲ ਹੋਣ ਲੱਗ ਪਏ ਹਨ। ਇਸੇ ਸੰਦਰਭ ਵਿੱਚ ਪਿਛਲੇ ਦਿਨਾਂ ਤੋਂ ਇੱਕ ਸ਼ਬਦ ਜੋ ਲਗਾਤਾਰ ਮੀਡੀਆ ਦੀ ਚਰਚਾ 'ਚ ਬਣਿਆ ਹੋਇਆ ਹੈ, ਉਹ ਹੈ ਡਿਜੀਟਲ ਅਰੈੱਸਟ!

ਇਹ ਸ਼ਬਦ ਭਾਵੇਂ ਤੁਹਾਨੂੰ ਕਿਸੇ 'ਸਾਇੰਸ ਫਿਕਸ਼ਨ' ਫਿਲਮ ਦੇ ਵਿਸ਼ੇ ਵਰਗਾ ਜਾਪੇ, ਪਰ ਸੱਚਾਈ ਤਾਂ ਇਹ ਹੈ ਕਿ ਅੱਜ ਇਹ ਸ਼ਬਦ ਜਿਵੇਂ ਤੇਜ਼ੀ ਨਾਲ ਆਮ ਜ਼ਿੰਦਗੀ ਲਈ ਇੱਕ ਖ਼ਤਰਾ ਬਣ ਸਾਧਾਰਨ ਲੋਕਾਂ ਦੇ ਜੀਵਨ 'ਤੇ ਮੰਡਰਾ ਰਿਹਾ ਹੈ।

ਇਸ ਡਿਜੀਟਲ ਅਰੈੱਸਟ ਰਾਹੀਂ ਪਹਿਲਾਂ-ਪਹਿਲ ਠੱਗ ਵੀਡੀਓ ਕਾਲ ਰਾਹੀਂ ਪੁਲਸ ਅਫ਼ਸਰ ਅਤੇ ਸਰਕਾਰੀ ਅਧਿਕਾਰੀ ਬਣ ਕੇ ਤੁਹਾਨੂੰ ਡਰਾਉਂਦੇ ਹਨ। ਵੀਡੀਓ ਕਾਲ ਰਾਹੀਂ ਤੁਹਾਡੀ ਹਰ ਪਲ਼ ਦੀ ਜਾਣਕਾਰੀ ਲੈਂਦੇ ਹਨ, ਤੁਸੀਂ ਕਿੱਥੇ ਜਾ ਰਹੇ ਹੋ, ਕੀ ਕਰ ਰਹੇ ਹੋ। ਤੁਹਾਨੂੰ ਗ੍ਰਿਫ਼ਤਾਰੀ ਦਾ ਡਰ ਦੇ ਕੇ ਖ਼ੌਫ਼ਜ਼ਦਾ ਕੀਤਾ ਜਾਂਦਾ ਹੈ।

ਡਰਾ-ਧਮਕਾ ਕੇ ਤੁਹਾਡੇ ਕੋਲੋਂ ਨਿੱਜੀ ਬੈਂਕ ਖਾਤਿਆਂ ਵਿੱਚ ਪੈਸੇ ਮੰਗਵਾਉਂਦੇ ਹਨ। ਦਿਨ ਤੋਂ ਲੈ ਕੇ ਰਾਤ ਤੱਕ ਤੁਹਾਨੂੰ ਹਰ ਪਲ਼ ਉਨ੍ਹਾਂ ਦੀ ਨਿਗਰਾਨੀ ਵਿੱਚ ਰਹਿਣਾ ਪੈਂਦਾ ਹੈ।

ਇਸ ਦੀ ਗੰਭੀਰਤਾ ਦਾ ਅੰਦਾਜ਼ਾ ਇਸੇ ਗੱਲ ਤੋਂ ਲਗਾਇਆ ਜਾ ਸਕਦਾ ਹੈ ਕਿ ਪਿਛਲੀ 27 ਅਕਤੂਬਰ ਨੂੰ ਆਪਣੇ ਪ੍ਰੋਗਰਾਮ 'ਮਨ ਕੀ ਬਾਤ' ਦੌਰਾਨ ਪ੍ਰਧਾਨ ਮੰਤਰੀ ਨੇ ਇਸ ਦਾ ਤਜ਼ਕਰਾ ਕਰਦਿਆਂ ਕਿਹਾ, 'ਡਿਜੀਟਲ ਅਰੈੱਸਟ ਦੇ ਸ਼ਿਕਾਰ ਲੋਕਾਂ 'ਚ ਹਰ ਵਰਗ ਅਤੇ ਹਰ ਉਮਰ ਦੇ ਲੋਕ ਸ਼ਾਮਲ ਹਨ। ਡਰ ਕਾਰਨ ਉਹ ਮਿਹਨਤ ਨਾਲ ਕਮਾਏ ਲੱਖਾਂ ਰੁਪਏ ਗੁਆ ਦਿੰਦੇ ਹਨ।'

ਡਿਜੀਟਲ ਅਰੈੱਸਟ ਤੋਂ ਬਚਣ ਲਈ ਪ੍ਰਧਾਨ ਮੰਤਰੀ ਨੇ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ, 'ਕੋਈ ਵੀ ਕਾਲ ਆਉਣ 'ਤੇ ਪਹਿਲਾਂ ਰੁਕੋ, ਫੇਰ ਸੋਚੋ ਅਤੇ ਐਕਸ਼ਨ ਲਵੋ, ਕਿਸੇ ਨੂੰ ਆਪਣੀ ਨਿੱਜੀ ਜਾਣਕਾਰੀ ਨਾ ਦਿਓ। ਸੰਭਵ ਹੋਵੇ ਤਾਂ ਸਕ੍ਰੀਨਸ਼ਾਟ ਲਵੋ ਅਤੇ ਰਿਕਾਰਡਿੰਗ ਜ਼ਰੂਰ ਕਰੋ।'

ਉਕਤ ਸੰਦਰਭ ਵਿੱਚ ਪ੍ਰਧਾਨ ਮੰਤਰੀ ਨੇ ਲੋਕਾਂ ਨੂੰ ਅਜਿਹੇ ਮਾਮਲਿਆਂ 'ਚ ਰਾਸ਼ਟਰੀ ਸਾਈਬਰ ਹੈਲਪਲਾਈਨ 1930 'ਤੇ ਡਾਇਲ ਕਰਨ ਅਤੇ ਸਾਈਬਰ ਕ੍ਰਾਈਮ ਡਾਟ ਜੀ ਓ ਵੀ ਡਾਟ ਇਨ 'ਤੇ ਰਿਪੋਰਟ ਕਰਨ ਤੋਂ ਇਲਾਵਾ ਪਰਵਾਰ ਅਤੇ ਪੁਲਸ ਨੂੰ ਸੂਚਨਾ ਦੇਣ ਦੀ ਅਪੀਲ ਵੀ ਕੀਤੀ।

ਇਸ ਮੌਕੇ ਪ੍ਰਧਾਨ ਮੰਤਰੀ ਮੋਦੀ ਵੱਲੋਂ ਸਾਂਝੀ ਕੀਤੀ ਜਾਣਕਾਰੀ ਮੁਤਾਬਕ ਭਾਰਤ ਵਿੱਚ ਡਿਜੀਟਲ ਅਰੈੱਸਟ ਰਾਹੀਂ 2024 ਅਪ੍ਰੈਲ ਤੱਕ ਕੁੱਲ 120.30 ਕਰੋੜ ਰੁਪਏ ਦਾ ਨੁਕਸਾਨ ਹੋਇਆ ਹੈ, ਜਦੋਂ ਕਿ ਨੈਸ਼ਨਲ ਸਾਈਬਰ ਕ੍ਰਾਈਮ ਰਿਪੋਰਟਿੰਗ ਪੋਰਟਲ ਨੇ ਇਸ ਸਾਲ 1 ਜਨਵਰੀ ਤੋਂ 30 ਅਪ੍ਰੈਲ ਤੱਕ 0.74 ਮਿਲੀਅਨ ਸ਼ਿਕਾਇਤਾਂ ਦਰਜ ਕੀਤੀਆਂ, ਜਦਕਿ 2023 ਵਿੱਚ 1.5 ਮਿਲੀਅਨ ਸ਼ਿਕਾਇਤਾਂ ਦਰਜ ਕੀਤੀਆਂ ਗਈਆਂ ਸਨ।

ਵਰਨਣਯੋਗ ਹੈ ਕਿ ਡਿਜੀਟਲ ਇੰਡੀਆ ਪ੍ਰੋਗਰਾਮ ਭਾਰਤ ਸਰਕਾਰ ਨੇ 2015 ਵਿੱਚ ਬੜੇ ਜ਼ੋਰ-ਸ਼ੋਰ ਨਾਲ ਸ਼ੁਰੂ ਕੀਤਾ ਸੀ ਅਤੇ ਇਸ ਨੇ ਦੇਸ਼ ਨੂੰ ਡਿਜੀਟਲ ਤੌਰ 'ਤੇ ਸਸ਼ਕਤ ਦੇਸ਼ ਬਣਾਉਣ ਦਾ ਆਪਣਾ ਉਦੇਸ਼ ਕਾਫ਼ੀ ਹੱਦ ਤੱਕ ਪੂਰਾ ਵੀ ਕਰ ਲਿਆ ਹੈ, ਪਰ ਇਸ ਦਾ ਨਾਕਾਰਾਤਮਕ ਸਿੱਟਾ ਇਹ ਨਿਕਲਿਆ ਹੈ ਕਿ ਸਾਈਬਰ ਅਪਰਾਧ ਦੇ ਸੰਦਰਭ ਵਿੱਚ ਦੇਸ਼ ਦੇ ਨਾਗਰਿਕ ਪਹਿਲਾਂ ਦੇ ਮੁਕਾਬਲੇ ਕਿਤੇ ਵੱਧ ਅਸੁਰੱਖਿਅਤ ਮਹਿਸੂਸ ਕਰਨ ਲੱਗ ਪਏ ਹਨ। ਇਸ ਸਾਈਬਰ ਕ੍ਰਾਈਮ ਤੋਂ ਲੋਕਾਂ, ਖ਼ਾਸਕਰ ਬਜ਼ੁਰਗਾਂ ਨੂੰ ਇਸ ਮਾਮਲੇ ਵਿੱਚ ਬਹੁਤ ਚੌਕਸ ਰਹਿਣ ਦੀ ਲੋੜ ਹੈ, ਕਿਉਂਕਿ ਉਹ ਤਕਨਾਲੋਜੀ ਨਾਲ ਵਿਚਰਨ ਪੱਖੋਂ ਵਧੇਰੇ ਸਹਿਜ ਨਹੀਂ ਹੁੰਦੇ।

ਜਿੱਥੋਂ ਤੱਕ ਡਿਜੀਟਲ ਅਰੈੱਸਟ ਅਪਰਾਧ ਦੇ ਤੌਰ-ਤਰੀਕੇ ਦਾ ਸਵਾਲ ਹੈ ਤਾਂ ਉਹ ਇਸ ਤਰ੍ਹਾਂ ਦਾ ਹੈ ਕਿ ਕਾਲਰ ਪੁਲਸ, ਸੀ ਬੀ ਆਈ, ਆਰ ਬੀ ਆਈ ਜਾਂ ਨਾਰਕੋਟਿਕਸ ਵਿਭਾਗ ਦਾ ਅਧਿਕਾਰੀ ਬਣ ਕੇ ਫੋਨ ਕਰਦਾ ਹੈ ਤੇ ਫੋਨ ਚੁੱਕਣ ਵਾਲੇ ਨੂੰ ਦੱਸਦਾ ਹੈ ਕਿ ਏਜੰਸੀ ਉਸ ਬਾਰੇ ਜਾਂਚ-ਪੜਤਾਲ ਕਰ ਰਹੀ ਹੈ। ਇਸ ਉਪਰੰਤ ਫਰਜ਼ੀ ਅਧਿਕਾਰੀ ਉਕਤ ਵਿਅਕਤੀ ਨੂੰ ਪੈਸਿਆਂ ਦਾ ਜੁਗਾੜ ਕਰਨ ਲਈ ਕਹਿੰਦਾ ਹੈ ਅਤੇ ਅਜਿਹਾ ਨਾ ਕਰਨ ਦੀ ਸੂਰਤ ਵਿੱਚ ਕਾਨੂੰਨੀ ਕਾਰਵਾਈ ਦਾ ਡਰਾਵਾ ਦਿੰਦਾ ਹੈ, ਜਿਸ 'ਚ ਗ੍ਰਿਫ਼ਤਾਰੀ ਵੀ ਸ਼ਾਮਲ ਹੈ। ਨਿਰੋਲ ਘਬਰਾਹਟ ਤੇ ਇਸ ਤੱਥ ਤੋਂ ਡਰਿਆ 'ਪੀੜਤ' ਕਿ 'ਅਧਿਕਾਰੀ' ਤਾਂ ਉਸ ਬਾਰੇ ਬਹੁਤ ਕੁਝ ਜਾਣਦਾ ਹੈ, ਅਖ਼ੀਰ 'ਚ ਅਦਾਇਗੀ ਕਰ ਬੈਠਦਾ ਹੈ।

ਉਕਤ ਸੰਦਰਭ ਵਿੱਚ ਕੁਝ ਮਹੀਨੇ ਪਹਿਲਾਂ ਸਾਈਬਰ ਅਪਰਾਧੀਆਂ ਦੇ ਇੱਕ ਅੰਤਰਰਾਜੀ ਗੈਂਗ ਨੇ ਸੀ ਬੀ ਆਈ ਅਧਿਕਾਰੀ ਬਣ ਕੇ ਇੱਕ ਉੱਘੇ ਉਦਯੋਗਪਤੀ ਤੋਂ ਸੱਤ ਕਰੋੜ ਰੁਪਏ ਹਥਿਆ ਲਏ ਸਨ। ਇੱਥੇ ਦੱਸਦੇ ਚੱਲੀਏ ਕਿ ਅਪਰਾਧੀਆਂ ਨੇ ਦੋ ਦਿਨਾਂ ਤੱਕ ਓਸਵਾਲ ਨੂੰ ਡਿਜੀਟਲ ਨਿਗਰਾਨੀ ਹੇਠ ਰੱਖਿਆ ਤੇ ਕਿਸੇ ਨੂੰ ਵੀ ਫੋਨ ਜਾਂ ਮੈਸੇਜ਼ ਨਹੀਂ ਕਰਨ ਦਿੱਤਾ। ਜਾਲ੍ਹਸਾਜ਼ਾਂ ਨੇ ਇੱਕ ਵੀਡੀਓ ਕਾਲ ਜ਼ਰੀਏ ਸੁਪਰੀਮ ਕੋਰਟ ਦੀ ਜਾਲ੍ਹੀ ਸੁਣਵਾਈ ਵੀ ਬਣਾ ਲਈ।

ਕੁਝ ਦਿਨ ਪਹਿਲਾਂ ਨੋਇਡਾ ਦੇ ਇੱਕ ਸਿਨਹਾ ਨਾਂਅ ਦੇ ਵਿਅਕਤੀ ਤੋਂ ਵੀ ਉਕਤ ਡਿਜੀਟਲ ਅਰੈੱਸਟ ਗਰੋਹ ਦੇ ਮੈਂਬਰਾਂ ਨੇ ਕਰੀਬ ਡੇਢ ਕਰੋੜ ਰੁਪਏ ਆਪਣੇ ਜ਼ਾਤੀ ਬੈਂਕਾਂ 'ਚ ਟਰਾਂਸਫਰ ਕਰ ਕਰਵਾ ਲਏ। ਇਸੇ ਸੰਦਰਭ ਵਿੱਚ ਇੱਕ ਹੋਰ ਬਹੁ-ਚਰਚਿਤ ਮਾਮਲਾ, ਜੋ ਪਿਛਲੇ ਮਹੀਨੇ ਚੰਡੀਗੜ੍ਹ ਦੇ ਹਰੀਨਾਥ ਨੂੰ ਪੇਸ਼ ਆਇਆ। ਇਸ ਸੰਬੰਧੀ ਪੀੜਤ ਵਿਅਕਤੀ ਹਰੀਨਾਥ ਨੇ ਇੱਕ ਨਿਊਜ਼ ਰਿਪੋਰਟ ਵਿਚ ਖੁਲਾਸਾ ਕੀਤਾ ਹੈ ਕਿ ਉਹ (ਭਾਵ ਡਿਜੀਟਲ ਅਰੈੱਸਟ ਕਰਨ ਵਾਲੇ) 22 ਦਿਨ ਹਰ ਸਮੇਂ ਮੇਰੇ ਨਾਲ ਵੀਡੀਓ ਕਾਲ 'ਤੇ ਰਹਿੰਦੇ ਸਨ। ਮੈਨੂੰ ਬਾਥਰੂਮ ਜਾਣ ਤੋਂ ਪਹਿਲਾਂ ਵੀ ਉਨ੍ਹਾਂ ਨੂੰ ਮੈਸੇਜ਼ ਕਰਨਾ ਪੈਂਦਾ ਸੀ ਕਿ ਹੁਣ ਮੈਂ ਬਾਥਰੂਮ ਵਿੱਚ ਜਾ ਰਿਹਾ ਹਾਂ। ਉਹਨਾਂ ਅਨੁਸਾਰ ਉਹ 2 ਅਕਤੂਬਰ ਤੋਂ 24 ਅਕਤੂਬਰ ਤੱਕ ਕੁੱਲ 22 ਦਿਨ ਲਗਾਤਾਰ ਸਾਇਬਰ ਠੱਗਾਂ ਦੇ ਕਹਿਣ ਮੁਤਾਬਕ ਚੱਲਦੇ ਰਹੇ ਅਤੇ ਉਨ੍ਹਾਂ ਨੂੰ ਪੈਸੇ ਭੇਜਦੇ ਰਹੇ। ਉਹ ਘਰ ਵਿੱਚ ਜਾਂ ਬਾਹਰ ਜਾਣ ਵੇਲੇ ਹਰ ਕੰਮ ਸਾਈਬਰ ਠੱਗਾਂ ਨੂੰ ਦੱਸ ਕੇ ਕਰਦੇ ਸਨ।

ਹਰੀਨਾਥ ਦੇ ਦੱਸਣ ਅਨੁਸਾਰ, 'ਮੈਂ ਇੱਕ-ਦੋ ਦਿਨ ਬਾਅਦ ਬੈਂਕ ਜਾਂਦਾ ਸੀ ਤੇ ਲੱਖਾਂ ਦੀ ਰਕਮ ਉਨ੍ਹਾਂ ਨੂੰ ਭੇਜ ਦਿੰਦਾ ਸੀ। ਹੁਣ ਤੱਕ ਮੇਰੇ ਤੋਂ 51 ਲੱਖ ਦੋ ਹਜ਼ਾਰ ਰੁਪਏ ਠੱਗੇ ਜਾ ਚੁੱਕੇ ਹਨ।

ਇਸ ਉਕਤ ਧੋਖਾਧੜੀ ਦੀ ਸ਼ੁਰੂਆਤ ਬਾਰੇ ਹਰੀਨਾਥ ਦੱਸਦੇ ਹਨ, '2 ਅਕਤੂਬਰ ਨੂੰ 12 ਵਜੇ ਮੈਨੂੰ ਇੱਕ ਕੁੜੀ ਦਾ ਫੋਨ ਆਇਆ, ਉਸ ਨੇ ਕਿਹਾ ਕਿ ਮੈਂ ਟੈਲੀਕਾਮ ਕੰਪਨੀ ਤੋਂ ਬੋਲ ਰਹੀ ਹਾਂ, ਦੋ ਘੰਟੇ ਬਾਅਦ ਤੁਹਾਡਾ ਫ਼ੋਨ ਬੰਦ ਹੋ ਜਾਵੇਗਾ।'

ਪੁੱਛਣ ਉੱਤੇ ਕੁੜੀ ਨੇ ਦੱਸਿਆ ਕਿ ਮੁੰਬਈ ਵਿੱਚ ਤੁਹਾਡੇ ਅਧਾਰ ਕਾਰਡ ਉੱਤੇ 30 ਅਗਸਤ ਨੂੰ ਇੱਕ ਮੋਬਾਈਲ ਸਿਮ ਜਾਰੀ ਕੀਤਾ ਗਿਆ ਹੈ। ਇਸ ਸਿਮ 'ਤੇ ਸੱਤ ਧੋਖਾਧੜੀ ਦੀਆਂ ਸ਼ਿਕਾਇਤਾਂ ਅਤੇ ਇੱਕ ਐੱਫ਼ ਆਈ ਆਰ ਦਰਜ ਹੋਈ ਹੈ।

ਮੈਂ ਉਨ੍ਹਾਂ ਨੂੰ ਕਿਹਾ ਕਿ ਮੁੰਬਈ ਵਿੱਚ ਤਾਂ ਮੈਂ ਕਿਸੇ ਨੂੰ ਜਾਣਦਾ ਹੀ ਨਹੀਂ, ਮੈਂ ਤਾਂ ਚੰਡੀਗੜ੍ਹ ਵਿੱਚ ਰਹਿੰਦਾ ਹਾਂ। ਉਨ੍ਹਾਂ ਮੇਰੀ ਨਾਲ ਦੀ ਨਾਲ ਇੱਕ ਫਰਜ਼ੀ ਪੁਲਸ ਅਧਿਕਾਰੀ ਨਾਲ ਗੱਲ ਕਰਵਾਈ।

ਫੇਰ ਉਸ ਪੁਲਸ ਅਧਿਕਾਰੀ ਨੇ ਮੈਨੂੰ ਜਵਾਬ ਦਿੱਤਾ, ਕਿ ਅਰੇ ਇਹ ਕੀ ਕਰ ਦਿੱਤਾ ਤੁਸੀਂ? ਤੁਸੀਂ ਤਾਂ ਬਹੁਤ ਵੱਡੀ ਧੋਖਾਧੜੀ ਕਰ ਰਹੇ ਹੋ। ਨਰੇਸ਼ ਗੋਇਲ ਨਾਂਅ ਦੇ ਵਿਅਕਤੀ ਨਾਲ ਕੋਈ ਬਹੁਤ ਵੱਡਾ ਧੋਖਾ ਹੋਇਆ ਹੈ। ਤੁਹਾਡੇ ਨਾਂਅ ਦਾ ਕੇਨਰਾ ਬੈਂਕ ਵਿੱਚ ਖਾਤਾ ਖੁੱਲ੍ਹਿਆ ਹੋਇਆ ਹੈ।'

ਇਸ ਖਾਤੇ ਤੋਂ 6 ਕਰੋੜ 80 ਲੱਖ ਦਾ ਲੈਣ-ਦੇਣ ਹੋਇਆ ਹੈ, ਇਸ ਦੇ ਵਿੱਚੋਂ 10 ਫ਼ੀਸਦੀ ਤੁਹਾਡੇ ਨਾਂਅ 'ਤੇ ਆਇਆ ਹੈ। ਤੁਹਾਡੇ ਖ਼ਿਲਾਫ਼ ਗ੍ਰਿਫ਼ਤਾਰੀ ਵਰੰਟ ਜਾਰੀ ਹੋ ਚੁੱਕਿਆ ਹੈ। ਪੁਲਸ ਦੋ ਘੰਟੇ ਦੇ ਅੰਦਰ-ਅੰਦਰ ਤੁਹਾਨੂੰ ਗ੍ਰਿਫ਼ਤਾਰ ਕਰਨ ਲਈ ਆ ਰਹੀ ਹੈ। ਹਰੀਨਾਥ ਅੱਗੇ ਦੱਸਦੇ ਹਨ, 'ਮੈਂ ਘਬਰਾ ਗਿਆ ਸੀ। ਮੈਂ ਕੁਝ ਵੀ ਜਾਂਚ ਕਰਨ ਦੀ ਕੋਸ਼ਿਸ਼ ਨਹੀਂ ਕੀਤੀ।'

ਇਸ ਤੋਂ ਬਾਅਦ ਉਸ ਫਰਜ਼ੀ ਪੁਲਸ ਵਾਲੇ ਨੇ ਮੈਨੂੰ ਕਿਹਾ ਕਿ ਇਹ ਕੇਸ ਤਾਂ ਬਹੁਤ ਵੱਡਾ ਹੈ। ਇਸ ਕੇਸ ਦੀ ਜਾਂਚ ਆਰ ਬੀ ਆਈ, ਸੀ ਬੀ ਆਈ, ਸੁਪਰੀਮ ਕੋਰਟ ਕਰ ਰਹੀ ਹੈ। ਮੈਂ ਤੁਹਾਡੀ ਸੀ ਬੀ ਆਈ ਅਫਸਰ ਨਾਲ ਗੱਲਬਾਤ ਕਰਵਾ ਰਿਹਾ ਹਾਂ।

ਫ਼ਿਰ ਕਿਸੇ ਨੇ ਮੇਰੇ ਨਾਲ ਸੀ ਬੀ ਆਈ ਅਫ਼ਸਰ ਬਣ ਕੇ ਗੱਲ ਕੀਤੀ। ਉਨ੍ਹਾਂ ਮੈਨੂੰ ਕਿਹਾ ਕਿ ਤੁਸੀਂ ਜਲਦ ਤੋਂ ਜਲਦ ਮੁੰਬਈ ਆ ਜਾਓ। ਮੈਂ ਉਨ੍ਹਾਂ ਨੂੰ ਦੱਸਿਆ ਕਿ ਮੈਂ ਮੁੰਬਈ ਨਹੀਂ ਆ ਸਕਦਾ।

ਹਰੀਨਾਥ ਦੱਸਦੇ ਹਨ ਕਿ ਉਨ੍ਹਾਂ ਕਿਹਾ, 'ਤੁਸੀਂ ਹਰ ਪਲ ਸਾਡੇ ਨਾਲ ਮੋਬਾਇਲ ਰਾਹੀਂ ਜੁੜੇ ਰਹੋਗੇ, ਅਗਲੇ ਦਿਨ ਸਵੇਰੇ 10 ਵਜੇ ਅਸੀਂ ਤੁਹਾਡੇ ਨਾਲ ਮੀਟਿੰਗ ਕਰਾਂਗੇ। ਤੁਸੀਂ ਆਪਣੀ ਸਾਰੀ ਸੰਪਤੀ ਬਾਰੇ ਜਾਣਕਾਰੀ ਸਾਡੇ ਨਾਲ ਸਾਂਝੀ ਕਰੋਗੇ। ਆਰ ਬੀ ਆਈ ਤੁਹਾਡੇ ਖਾਤਿਆਂ, ਜਮ੍ਹਾਂ-ਪੂੰਜੀ ਦੀ ਜਾਂਚ ਕਰੇਗੀ, ਜੇਕਰ ਤੁਸੀਂ ਬੇਕਸੂਰ ਸਾਬਤ ਹੋਏ ਤਾਂ ਤੁਹਾਨੂੰ ਛੱਡ ਦਿੱਤਾ ਜਾਵੇਗਾ।'

ਹਰੀਨਾਥ ਨੇ ਅੱਗੇ ਦੱਸਿਆ-ਅਗਲੇ ਦਿਨ 3 ਅਕਤੂਬਰ ਨੂੰ ਸਵੇਰੇ 10 ਵਜੇ ਮੋਬਾਇਲ ਰਾਹੀਂ ਸਾਡੀ ਮੀਟਿੰਗ ਹੋਈ। ਉਨ੍ਹਾਂ ਮੈਨੂੰ ਪੁੱਛਿਆ ਕਿ ਤੁਹਾਡੇ ਕੋਲ ਕਿੰਨੇ ਪੈਸੇ ਹਨ, ਕਿੰਨੀ ਜਾਇਦਾਦ ਹੈ। ਮੈਂ ਸਭ ਕੁਝ ਸਪੱਸ਼ਟ ਦੱਸ ਦਿੱਤਾ ਕਿ ਮੇਰੇ ਕੋਲ 9 ਲੱਖ ਰੁਪਏ ਦੀ ਐੱਫ ਡੀ ਹੈ।

ਉਨ੍ਹਾਂ ਮੈਨੂੰ ਤੁਰੰਤ ਬੈਂਕ ਜਾ ਕੇ ਪੈਸੇ ਉਨ੍ਹਾਂ ਨੂੰ ਭੇਜਣ ਲਈ ਕਿਹਾ। ਮੈਂ ਆਨਲਾਈਨ ਆਪਣੀ ਐੱਫ ਡੀ ਤੁੜਵਾ ਦਿੱਤੀ। ਅਗਲੇ ਦਿਨ 4 ਤਰੀਕ ਨੂੰ ਮੁੜ ਸਾਡੀ ਮੀਟਿੰਗ ਹੋਈ।

ਹਰੀਨਾਥ ਕਹਿੰਦੇ ਹਨ-ਮੇਰੇ ਤੋਂ ਇਹ ਬਹੁਤ ਵੱਡੀ ਗ਼ਲਤੀ ਹੋਈ ਕਿ ਮੈਂ ਜਾਂਚ ਕਰਨ ਦੀ ਕੋਸ਼ਿਸ਼ ਨਹੀਂ ਕੀਤੀ ਕਿ ਉਹ ਕੌਣ ਹਨ ਤੇ ਆਰ ਬੀ ਆਈ, ਸੀ ਬੀ ਆਈ ਮੈਨੂੰ ਵਟਸਐਪ ਰਾਹੀਂ ਸੰਪਰਕ ਕਿਉਂ ਕਰ ਰਹੇ ਹਨ। ਮੈਂ ਬਸ ਡਰ ਗਿਆ ਸੀ ਅਤੇ ਜੋ-ਜੋ ਉਹ ਕਹਿੰਦੇ ਗਏ ਮੈਂ ਕਰਦਾ ਗਿਆ।

ਹਰੀਨਾਥ ਦੱਸਦੇ ਹਨ-ਉਨ੍ਹਾਂ ਮੈਨੂੰ ਕਿਹਾ ਸੀ ਕਿ ਪੈਸੇ ਬੈਂਕ ਰਾਹੀਂ ਭੇਜ ਦਿਓ। ਮੈਂ ਪਹਿਲੀ ਵਾਰ 4 ਅਕਤੂਬਰ ਨੂੰ ਆਰ ਟੀ ਜੀ ਐੱਸ ਰਾਹੀਂ 9 ਲੱਖ 80 ਹਜ਼ਾਰ ਰੁਪਏ ਭੇਜੇ। ਦੂਜੀ ਵਾਰ ਮੈਂ 5 ਅਕਤੂਬਰ ਨੂੰ 20 ਲੱਖ ਰੁਪਏ ਭੇਜੇ। ਫ਼ਿਰ 7 ਅਕਤੂਬਰ ਨੂੰ ਪਹਿਲਾਂ 9 ਲੱਖ 80 ਹਜ਼ਾਰ ਰੁਪਏ ਭੇਜੇ ਅਤੇ ਬਾਅਦ ਵਿੱਚ 50 ਹਜ਼ਾਰ ਰੁਪਏ ਭੇਜੇ ਗਏ। ਇਸੇ ਤਰ੍ਹਾਂ 9 ਅਕਤੂਬਰ ਨੂੰ 5 ਲੱਖ ਰੁਪਏ ਭੇਜੇ ਗਏ।

ਇਹ ਸਿਲਸਿਲਾ ਜਾਰੀ ਰਿਹਾ। 13 ਅਕਤੂਬਰ ਨੂੰ 99 ਹਜ਼ਾਰ 999 ਰੁਪਏ ਭੇਜੇ ਅਤੇ 14 ਅਕਤੂਬਰ ਨੂੰ 2 ਲੱਖ 80 ਹਜ਼ਾਰ ਰੁਪਏ ਭੇਜੇ ਗਏ।

ਫ਼ਿਰ ਉਨ੍ਹਾਂ ਮੈਨੂੰ ਕਿਹਾ ਕਿ ਤੁਸੀਂ ਜੇਕਰ ਆਪਣੀ ਐੱਫ਼ ਆਈ ਆਰ ਰੱਦ ਕਰਵਾਉਣੀ ਹੈ ਤਾਂ 2 ਲੱਖ ਰੁਪਏ ਦੇ ਦਿਓ ਤਾਂ ਮੈਂ 16 ਅਕਤੂਬਰ ਨੂੰ 88 ਹਜ਼ਾਰ ਰੁਪਏ ਦਿੱਤੇ।

ਇਸ ਤੋਂ ਬਾਅਦ ਉਨ੍ਹਾਂ ਕਿਹਾ ਆਰ ਬੀ ਆਈ ਨੇ ਜੋ ਜਾਂਚ ਕੀਤੀ ਹੈ, ਉਸ ਜਾਂਚ ਦੀ ਫੀਸ ਡੇਢ ਲੱਖ ਰੁਪਏ ਹੈ। ਇਸ ਤੋਂ ਬਾਅਦ ਮੈਨੂੰ ਲੱਗਿਆ ਕਿ ਜੇਕਰ ਮੈਂ ਪੈਸੇ ਕਢਵਾਉਣੇ ਹਨ ਤਾਂ ਮੈਨੂੰ ਪੈਸੇ ਦੇਣੇ ਹੀ ਪੈਣਗੇ। ਇਸ ਲਈ ਮੈਂ 22 ਅਕਤੂਬਰ ਨੂੰ 1 ਲੱਖ 50 ਹਜ਼ਾਰ ਰੁਪਏ ਹੋਰ ਉਨ੍ਹਾਂ ਦੇ ਖਾਤੇ ਵਿੱਚ ਪਾ ਦਿੱਤੇ।

ਇਹ ਸਭ ਕੁਝ ਵਾਪਰਨ ਉਪਰੰਤ ਉਕਤ ਵਿਅਕਤੀ ਨੂੰ ਲੱਗਿਆ ਕਿ ਉਹਦੇ ਨਾਲ ਕੋਈ ਧੋਖਾ ਹੋਇਆ ਹੈ। ਉਸ ਤੋਂ ਬਾਅਦ ਉਸ ਨੇ ਪਰਵਾਰ ਨਾਲ ਗੱਲ ਕੀਤੀ ਅਤੇ ਮਲੋਆ ਥਾਣੇ ਗਿਆ ਤੇ ਉਨ੍ਹਾਂ ਨੇ ਉਸ ਨੂੰ ਸਾਈਬਰ ਸੈੱਲ ਜਾਣ ਲਈ ਕਿਹਾ। ਇਸ ਉਪਰੰਤ ਉਨ੍ਹਾਂ 17 ਸੈਕਟਰ ਸਾਈਬਰ ਥਾਣੇ ਵਿੱਚ ਜਾ ਕੇ ਸ਼ਿਕਾਇਤ ਦਰਜ ਕਰਵਾਈ।

**#ਸੰਪਰਕ : 95309-50053**

# ਆਖਰੀ ਵਿਦਾਇਗੀ ਪਾਰਟੀ !



ਜਗਦੇਵ ਸ਼ਰਮਾ

ਸਿਆਣਿਆਂ ਦਾ ਕਹਿਣਾ ਹੈ ਕਿ ਸਮਾਂ ਬੜਾ ਬਲਵਾਨ ਹੁੰਦਾ ਹੈ। ਇਹ ਬਿਨਾਂ ਰੁਕੇ ਆਪਣੀ ਤੋਰੇ ਤੁਰਦਾ ਰਹਿੰਦਾ ਹੈ। ਜ਼ੁਲਫ਼ਾਂ ਵਿੱਚ ਵਾਰ-ਵਾਰ ਕੰਘੀ ਫੇਰਨ ਵਾਲੇ ਦਾ ਸਿਰ ਪਤਾ ਹੀ ਨਹੀਂ ਚਲਦਾ ਕਦੋਂ ਮਤੀਰੇ ਵਰਗਾ ਹੋ ਜਾਂਦਾ ਹੈ। ਕਤਲ ਕਰ ਦੇਣ ਵਾਲੀਆਂ ਅੱਖੀਆਂ ਦੇ ਥੱਲੇ ਬੇਲੋੜੇ ਬੁਲਬੁਲੇ ਉੱਭਰ ਆਉਂਦੇ ਹਨ। ਅਸਮਾਨੋਂ ਤਾਰੇ ਤੋੜ ਕੇ ਲਿਆਉਣ ਵਾਲੇ ਦੇ ਗੋਡੇ ਸਮੇਂ ਦੇ ਨਾਲ ਤਾਰਾ-ਰਾਰਾ ਕਰਨੋ ਹਟ ਜਾਂਦੇ ਹਨ ਅਤੇ ਜਵਾਨੀ ਵਿੱਚ ਕਿਸੇ ਲਈ ਧੜਕਣ ਵਾਲਾ ਦਿਲ, ਖੁਦ ਲਈ ਧੜਕਣ ਤੋਂ ਵੀ ਇਨਕਾਰੀ ਹੋ ਜਾਂਦਾ ਹੈ। ਖ਼ੈਰ !

ਮੈਂ ਬੈਂਕ ਵਿੱਚ ਉਦੋਂ ਭਾਰਤੀ ਹੋਇਆ ਸਾਂ, ਜਦੋਂ ਬੈਂਕ ਮੁਲਾਜ਼ਮ ਹੋਣਾ ਬੜੇ ਮਾਣ ਵਾਲੀ ਗੱਲ ਹੁੰਦੀ ਸੀ। ਵਧੀਆ ਤਨਖਾਹ ਅਤੇ ਨਾਲ ਢੇਰ ਸਾਰੀਆਂ ਸਹੂਲਤਾਂ।ਚਿੱਟੇ ਕਾਲਰ ਵਾਲੀ ਨੌਕਰੀ। ਲੋਕ ਰਸਕ ਕਰਿਆ ਕਰਦੇ ਸਨ, ਬੈਂਕ ਮੁਲਾਜ਼ਮ 'ਤੇ।ਲੜਕੀ ਲਈ ਬੈਂਕ ਵਾਲਾ ਲੜਕਾ ਲੱਭ ਜਾਣਾ ਖੁਸ਼ਕਿਸਮਤੀ ਮੰਨੀ ਜਾਂਦੀ ਸੀ, 'ਮੁੰਡਾ ਕੀ ਕਰਦੈ ? ਜੀ ਬੈਂਕ 'ਚ ਨੌਕਰ ਐ। ਜੇਕਰ ਮੁੰਡਾ ਬੈਂਕ ਮੁਲਾਜ਼ਮ ਹੈ, ਤਾਂ ਫਿਰ ਹੋਰ ਕੀ ਚਾਹੀਦੈ, ਪਾਂਧਾ ਨਾ ਪੁੱਛੋ, ਚੁੱਪ ਕਰਕੇ ਰਿਸ਼ਤਾ ਕਰ ਦਿਓ ? ਲੜਕੀਆਂ ਦੇ ਮਾਪਿਆਂ ਦੀ ਆਮ ਗੱਲਬਾਤ ਦਾ ਹਿੱਸਾ ਹੁੰਦੇ ਸਨ। ਬੈਂਕਾਂ ਦੇ ਕੌਮੀਕਰਨ ਨੇ ਬੈਂਕਾਂ ਵਿੱਚ ਭਰਤੀ ਦੇ ਰਾਹ ਖੋਲ੍ਹ ਦਿੱਤੇ ਸਨ।ਨਵੀਂ ਭਰਤੀ ਖੁੱਲ੍ਹ ਕੇ ਕੀਤੀ ਜਾ ਰਹੀ ਸੀ। ਨੌਜਵਾਨ ਮੁੰਡੇ-ਕੁੜੀਆਂ ਬੈਂਕਾਂ ਵਿੱਚ ਭਰਤੀ ਪਹਿਲੀ ਪਸੰਦ ਹੁੰਦੇ ਸਨ।

ਪਹਿਲੀ ਤਨਖਾਹ ਮਿਲਦਿਆਂ ਹੀ ਸਾਰਾ ਸਟਾਫ਼ ਪਾਰਟੀ ਲਈ ਨਵੇਂ ਭਰਤੀ ਹੋਏ ਬੱਚਿਆਂ ਦੇ ਦੁਆਲੇ ਹੋ ਜਾਂਦਾ। ਚਾਹ, ਠੰਢਾ, ਮਿੱਠਾ ਤੇ ਨਮਕੀਨ, ਪਾਰਟੀ ਦਾ ਮੀਨੂ ਹੁੰਦਾ। ਨੌਕਰੀ ਲੱਗਣ ਤੋਂ ਛੇ ਕੁ ਮਹੀਨੇ ਬਾਅਦ ਯੋਗ ਵਰ ਦੀ ਭਾਲ ਵਾਲੇ, ਬੈਂਕ ਮੁਲਾਜ਼ਮ ਦੇ ਘਰ ਗੇੜੇ ਮਾਰਨੇ ਸ਼ੁਰੂ ਕਰ ਦਿੰਦੇ ਅਤੇ ਪਹਿਲੀ ਗੇੜੀ 'ਤੇ ਹੀ ਰਿਸ਼ਤਾ ਪੱਕਾ ਹੋ ਜਾਂਦਾ ਸੀ। ਬੈਂਕ ਸਟਾਫ਼ ਲਈ ਫਿਰ ਪਾਰਟੀ ਦਾ ਇੱਕ ਹੋਰ ਸੁਨਹਿਰੀ ਮੌਕਾ। ਹੋਰ ਮਹੀਨੇ, ਦੋ ਮਹੀਨੇ ਬਾਅਦ ਵਿਆਹ। ਬੈਂਕ ਵਾਲਿਆਂ ਦੀ ਪਾਰਟੀ ਫਿਰ ਪੱਕੀ। ਕਈ ਵਾਰ ਤਾਂ ਵਿਆਹ ਦੀ ਪਾਰਟੀ ਕਾਕਟੇਲ ਪਾਰਟੀ ਹੋਣੀ।ਮੁਰਗ ਮੁਸੱਲਮ ਨਾਲ ਅੰਗਰੇਜ਼ੀ ਦਾਰੂ। ਕਦੇ ਰਮੇਸ਼ ਦੇ ਰਿਸ਼ਤੇ ਦੀ ਪਾਰਟੀ, ਕਦੇ ਦਿਨੇਸ਼, ਸੁਰੇਸ਼, ਅਕਾਸ਼, ਵਿਕਾਸ ਦੇ ਵਿਆਹ ਦੀ ਪਾਰਟੀ। ਬਾਹਾਂ ਵਿੱਚ ਵਿਆਹ ਦਾ ਚੂੜਾ ਸਜਾ ਕੇ ਆਉਣ ਵਾਲੀਆਂ ਅੰਕਿਤਾ, ਸੰਗੀਤਾ, ਸਰੀਤਾ ਅਤੇ ਸੁਨੀਤਾ ਨੂੰ ਵੀ ਵਿਆਹ ਕਰਵਾ ਕੇ ਆਉਂਦੀਆਂ ਨੂੰ ਹੀ ਪਾਰਟੀ ਕਰਨੀ ਪੈਂਦੀ। ਕਈ ਵਾਰ ਨਵੇਂ ਮੁੰਡੇ-ਕੁੜੀ ਈਲੂ -ਈਲੂ ਵਿੱਚ ਬੱਝ ਜਾਂਦੇ। ਅਜਿਹੇ ਕੇਸਾਂ ਵਿੱਚ ਬ੍ਰਾਂਚ ਪ੍ਰਬੰਧਕ ਵੀ ਆਪਣੀ ਜਵਾਨੀ ਦੇ ਦਿਨ ਯਾਦ ਕਰਕੇ ਮੁੰਡਾ ਕੁੜੀ ਦੀ ਸੀਟ ਨਾਲੋ-ਨਾਲ ਕਰ ਦਿੰਦਾ। ਇੱਕ-ਦੂਜੇ ਲਈ ਧੜਕਦੇ ਦਿਲਾਂ ਵਾਲੇ ਕਬੂਤਰ-ਕਬੂਤਰੀ ਲਈ ਤਾਂ ਇਹ ਬਿੱਲੀ ਭਾਣੇ ਛਿੱਕੂ ਟੁੱਟਣ ਵਾਲੀ ਗੱਲ ਹੁੰਦੀ ਅਤੇ ਉਹ ਛੇਤੀ ਹੀ ਪ੍ਰੇਮ ਵਿਆਹ ਵਿੱਚ ਬੱਝ ਜਾਂਦੇ। ਜੋ ਮੈਂ ਮਹਿਸੂਸ ਕੀਤਾ ਉਹ ਇਹ ਕਿ ਕਾਫੀ ਹੱਦ ਤੱਕ ਬੱਚਿਆਂ ਦੇ ਮਾਪਿਆਂ ਦੀ ਵੀ ਉਹਨਾਂ ਦੇ ਪ੍ਰੇਮ ਵਿਆਹ ਲਈ ਸਹਿਮਤੀ ਹੁੰਦੀ ਸੀ।

ਅੱਗੇ ਵਧਦੇ ਹਾਂ। ਮੁਮਕਿਨ ਹੀ ਹੈ ਕਿ ਵਿਆਹ ਤੋਂ ਸਾਲ-ਡੇਢ ਸਾਲ ਬਾਅਦ ਘਰ ਵਿੱਚ ਬੱਚੇ ਦੀਆਂ ਕਿਲਕਾਰੀਆਂ ਸੁਣਾਈ ਦੇਣੀਆਂ ਹੁੰਦੀਆਂ ਹਨ ਅਤੇ ਘਰ ਵਿੱਚ ਨਵੇਂ ਜੀਅ ਦੇ ਆਗਮਨ ਦੀ ਖੁਸ਼ੀ ਦੇ ਜਸ਼ਨਾਂ ਵਜੋਂ ਬੈਂਕ ਵਿੱਚ ਫਿਰ ਇੱਕ ਪਾਰਟੀ। ਪਾਰਟੀ ਵਾਲੋਂ ਕੋ ਤੋ ਪਾਰਟੀ ਕਾ ਬਹਾਨਾ ਚਾਹੀਏ। ਸਾਲ ਬਾਅਦ ਬੱਚੇ ਦੇ ਜਨਮ ਦਿਨ ਦੀ ਪਾਰਟੀ ਮੁਲਾਜ਼ਮ ਦੇ ਖੁਦ ਦੇ ਜਨਮ ਦਿਨ ਦੀ ਪਾਰਟੀ, ਪੱਕੇ ਹੋਣ ਦੀ ਪਾਰਟੀ, ਪ੍ਰਮੋਸ਼ਨ ਦੀ ਪਾਰਟੀ, ਇੱਛਤ ਸਥਾਨ 'ਤੇ ਬਦਲੀ ਦੀ ਪਾਰਟੀ ਵਗੈਰਾ-ਵਗੈਰਾ। ਪਾਰਟੀਆਂ ਦਾ ਦੌਰ ਕਦੇ ਖਤਮ ਨਾ ਹੋਣਾ। ਕਦੇ ਐਸ ਬਹਾਨੇ ਅਤੇ ਕਦੇ ਓਸ ਬਹਾਨੇ।

ਬੱਚੇ ਵੱਡੇ ਹੋ ਗਏ, ਸਕੂਲ ਜਾਣ ਲੱਗ ਪਏ। ਬੱਚਿਆਂ ਦੇ ਪਾਸ ਹੋਣ ਦੀ ਪਾਰਟੀ। ਪੜ੍ਹਾਈ ਖਤਮ ਕਰਕੇ ਬੱਚੇ ਨੂੰ ਨੌਕਰੀ ਮਿਲ ਗਈ, ਨਾਲ ਦੇ ਬੈਂਕ ਵਾਲੇ ਫਿਰ ਪਾਰਟੀ ਦਾ ਹੱਕ ਜਤਾਉਂਦੇ। ਹੁਣ ਵਾਰੀ ਆਉਂਦੀ ਹੈ ਬੱਚਿਆਂ ਦੇ ਵਿਆਹ-ਸ਼ਾਦੀ ਦੀ।ਸ਼ਾਦੀ ਬੱਚਿਆਂ ਦੀ, ਪਾਰਟੀ ਬੈਂਕ ਦੇ ਸਟਾਫ਼ ਨੂੰ। ਪੰਜਾਹ-ਪੰਚਵੰਜਾ ਨੂੰ ਪਹੁੰਚਦਿਆਂ ਅਸੀਂ ਦਾਦਾ-ਦਾਦੀ ਅਤੇ ਨਾਨਾ-ਨਾਨੀ ਬਣਨ ਲੱਗੇ। ਮੂਲ ਨਾਲੋਂ ਵਿਆਜ ਪਿਆਰਾ, ਪੋਤੇ ਪੋਤੀ ਅਤੇ ਦੋਹਤੇ-ਦੋਹਤੀ ਦੇ ਜਨਮ ਮੌਕੇ ਫਿਰ ਬੈਂਕ ਵਿੱਚ ਪਾਰਟੀ ਲੈ ਕੇ, ਦੇ ਕੇ ਖੁਸ਼ੀ ਸਾਂਝੀ ਕੀਤੀ ਜਾਂਦੀ ਸੀ।

59 ਸਾਲ ਦਾ ਹੋ ਕੇ ਯਾਨਿ ਕਿ ਰਿਟਾਇਰਮੈਂਟ ਤੋਂ ਸਾਲ ਕੁ ਪਹਿਲਾਂ ਨੌਕਰੀ ਦੀ ਅਖੀਰਲੀ ਮੰਜ਼ਲ ਦਿਖਾਈ ਦੇਣ ਲੱਗ ਪੈਂਦੀ ਹੈ। ਅੱਜ 365 ਦਿਨ ਬਾਕੀ, ਕੱਲ੍ਹ ਨੂੰ 364 ਦਿਨ। ਫਿਰ 100 ਦਿਨ। ਦਿਨ ਜਾਂਦਿਆਂ ਨੂੰ ਕੀ ਲੱਗਦਾ ਹੈ, ਅਖੀਰ ਨੂੰ ਉਡੀਕ ਖਤਮ ਹੋ ਜਾਣੀ ਅਤੇ ਨੌਕਰੀ ਦੀਆਂ ਜ਼ੁੰਮੇਵਾਰੀਆਂ ਤੋਂ ਸੁਰਖ਼ਰੂ ਹੋ ਜਾਣ ਦਾ ਦਿਨ ਆ ਪੁੱਜਣਾ, ਪ੍ਰੰਤੂ ਪਾਰਟੀਆਂ ਤੋਂ ਸੁਰਖ਼ਰੂ ਹੋਣ ਦਾ ਬਿਲਕੁਲ ਨਹੀਂ। ਦਿਨ ਵੇਲੇ ਬੈਂਕ ਵੱਲੋਂ ਰਿਟਾਇਰ ਹੋਣ ਵਾਲੇ ਨੂੰ ਪਾਰਟੀ ਦਿੱਤੀ ਜਾਂਦੀ ਤਾਂ ਸ਼ਾਮ ਨੂੰ ਰਿਟਾਇਰ ਹੋਏ ਅਤੇ ਅੱਜ ਹੀ ਸੀਨੀਅਰ ਸਿਟੀਜ਼ਨ ਬਣੇ ਦੇ ਘਰ ਡੀ ਜੇ ਵੱਜ ਰਿਹਾ ਹੁੰਦਾ ਹੈ ਅਤੇ ਬੈਂਕਰ ਸਾਥੀ ਪਾਰਟੀ ਦਾ ਅਨੰਦ ਮਾਣ ਰਹੇ ਹੁੰਦੇ ਹਨ।

ਸੇਵਾ-ਮੁਕਤੀ ਯਾਨੀ ਕਿ ਰੁਝੇਵਿਆਂ ਤੋਂ ਛੁਟਕਾਰਾ ਅਤੇ ਵਿਹਲ ਹੀ ਵਿਹਲ। ਧਾਰਮਿਕ ਕੰਮਾਂ ਵਿੱਚ ਵਧ-ਚੜ੍ਹ ਕੇ ਹਿੱਸਾ ਲੈਣ ਲੱਗ ਪਿਆ ਹੈ। ਧਾਮਾਂ ਦੇ ਦੌਰੇ ਵਧ ਗਏ ਹਨ। ਕਪਾਲ ਭਾਤੀ ਅਤੇ ਸੀਰਸ਼ ਆਸਨ ਦੇ ਫਾਇਦੇ ਗਿਣਾਉਂਦਾ ਨਹੀਂ ਥੱਕਦਾ, ਬੈਂਕ ਰਿਟਾਇਰੀ।

ਸਰੀਰ ਥੋੜ੍ਹਾ-ਥੋੜ੍ਹਾ ਥਕਾਵਟ ਵੀ ਮੰਨਣ ਲੱਗ ਪਿਆ ਹੈ। ਡਾਕਟਰ ਦਵਾਈਆਂ ਦੇ ਨਾਲ-ਨਾਲ ਪਰਹੇਜ਼ 'ਤੇ ਜ਼ਿਆਦਾ ਜ਼ੋਰ ਦਿੰਦਾ ਹੈ। ਹੌਲੀ-ਹੌਲੀ ਆਲਮ ਇਹ ਹੋ ਗਿਆ ਹੈ ਕਿ ਕਿਸੇ ਕੰਮ ਨੂੰ ਵੱਢੀ ਰੂਹ ਨਹੀਂ ਕਰਦੀ ਸਗੋਂ ਸਰੀਰ ਆਰਾਮ ਕਰਕੇ ਜ਼ਿਆਦਾ ਸਕੂਨ ਮਹਿਸੂਸ ਕਰਦਾ ਹੈ। ਘਰ ਵਾਲੀ ਅਤੇ ਬੱਚੇ ਸਮੇਂ 'ਤੇ ਦਵਾਈ ਨਾ ਲੈਣ ਦੀ ਸੂਰਤ ਵਿੱਚ ਉਸ ਵੰਨੀ ਅੱਖਾਂ ਕੱਢਦੇ ਹਨ। ਖੰਘ ਜ਼ਿੰਦਗੀ ਦਾ ਆਮ ਹਿੱਸਾ ਬਣ ਗਈ ਹੈ।ਦੰਦਾਂ ਦੀ ਬੀੜ ਭਾਵੇਂ ਕਈ ਸਾਲ ਪਹਿਲੋਂ ਨਵੀਂ ਲਗਵਾ ਲਈ ਗਈ ਸੀ, ਪ੍ਰੰਤੂ ਹੁਣ ਉਹੀ ਦੰਦ ਹਸੂੰ-ਹਸੂੰ ਨਹੀਂ ਕਰਦੇ। ਘਰ ਵਾਲੇ ਕੁੱਛ ਕਹਿੰਦੇ ਹਨ ਅਤੇ ਉਸ ਨੂੰ ਸੁਣਾਈ ਕੁੱਛ ਹੋਰ ਦਿੰਦਾ ਹੈ। ਸਾਲ ਕੁ ਪਹਿਲਾਂ ਦਿਲ ਵਿੱਚ ਸਟੰਟ ਵੀ ਪਵਾ ਲਿਆ ਗਿਆ ਸੀ। ਸਭ ਕੁਝ ਦੇ ਬਾਵਜੂਦ ਮਾਪਣ ਵਾਲੇ ਮੀਟਰ ਦੀ ਸੂਈ ਸ਼ੂਗਰ, ਬੀ ਪੀ ਆਮ ਤੌਰ 'ਤੇ ਵੱਧ ਹੀ ਦੱਸਦੀ ਹੈ।

ਪਤਾ ਲੱਗਿਆ ਕਿ ਮਿੱਤਰ ਡੀ ਐੱਮ ਸੀ ਵਿੱਚ ਦਾਖਲ ਹੈ। ਮਨ ਕਹਿ ਰਿਹਾ ਹੈ ਕਿ ਪਤਾ ਲੈ ਕੇ ਆਇਆ ਜਾਵੇ। ਇੱਕ-ਦੋ ਸਾਥੀਆਂ ਨਾਲ ਸਲਾਹ ਕੀਤੀ, ਪ੍ਰੰਤੂ ਸਾਰੇ ਹੀ ਕਿਸੇ ਨਾ ਕਿਸੇ ਬਹਾਨੇ ਟਾਲਾ ਵਟ ਗਏ। ਇਕੱਲਾ ਹੀ ਬੱਸ ਚੜ੍ਹ ਕੇ ਲੁਧਿਆਣੇ ਪਹੁੰਚ ਗਿਆ ਅਤੇ ਆਟੋ ਲੈ ਕੇ ਹਸਪਤਾਲ। ਮਿੱਤਰ ਭਾਵੇਂ ਤਕਲੀਫ਼ ਵਿੱਚ ਸੀ, ਪ੍ਰੰਤੂ ਮੈਂ ਮਹਿਸੂਸ ਕੀਤਾ ਕਿ ਮੈਨੂੰ ਮਿਲ ਕੇ ਅਤੇ ਅੱਧਾ ਕੁ ਘੰਟਾ ਗੱਲਾਂ ਮਾਰ ਕੇ ਉਸ ਨੂੰ ਕਾਫੀ ਸਕੂਨ ਮਿਲਿਆ ਸੀ। ਹਫ਼ਤੇ ਕੁ ਬਾਅਦ ਹਸਪਤਾਲੋਂ ਛੁੱਟੀ ਮਿਲ ਗਈ। ਘਰ ਆ ਗਿਆ, ਪਰ ਹੁਣ ਉਹ ਮੰਜੇ ਜੋਗਾ ਹੀ ਹੋ ਕੇ ਰਹਿ ਗਿਆ ਸੀ। ਫਿਰ ਇੱਕ ਦਿਨ ਉਹ ਦਿਨ ਵੀ ਆ ਗਿਆ, ਜਿਹੜਾ ਹਰ ਇੱਕ ਦੀ ਜ਼ਿੰਦਗੀ ਵਿੱਚ ਨਿਸਚਿਤ ਹੁੰਦਾ ਹੈ। ਪੰਜ ਤੱਤ ਦਾ ਪੁਤਲਾ ਮਿੱਟੀ ਹੋ ਗਿਆ ਅਤੇ ਏਕ ਜੋਤ ਵਿੱਚ ਵਿਲੀਨ ਹੋ ਗਿਆ ਸੀ।

ਅੱਜ ਭੋਗ ਸੀ, ਅੰਤਮ ਅਰਦਾਸ। ਮੇਰੀਆਂ ਅੱਖਾਂ ਨਮ ਹਨ। ਸੋਚਦਾ ਹਾਂ, ਬੰਦਾ ਮੁੱਕ ਗਿਆ ਅਤੇ ਨਾਲ ਹੀ ਹੋ ਗਈ ਪਾਰਟੀਆਂ ਦੇ ਦੌਰ ਦੀ ਆਖਰੀ ਪਾਰਟੀ, ਯਾਨਿ ਕਿ ਵਿਦਾਇਗੀ ਪਾਰਟੀ। ਵਾਕਿਆ ਈ ਸਮਾਂ ਬੜਾ ਬਲਵਾਨ ਹੈ !

**# ਸੰਪਰਕ : 98727-87243**

ਸ਼ਰਧਾਂਜਲੀ ਸਮਾਗਮ 'ਤੇ ਵਿਸ਼ੇਸ਼

# ਮਿਸਾਲੀ ਕਮਿਊਨਿਸਟ ਗੁਰਬਖਸ਼ ਸਿੰਘ ਪ੍ਰੀਤ ਨਗਰ

ਮੁਖਤਾਰ ਗਿੱਲ

ਦੇਸ਼ ਭਗਤ ਕਾਮਰੇਡ ਗੁਰਬਖਸ਼ ਸਿੰਘ ਪ੍ਰੀਤ ਨਗਰ ਇਕ ਮਿਸਾਲੀ ਕਮਿਊਨਿਸਟ ਯੋਧਾ, ਲੋਕ ਲਹਿਰਾਂ, ਕਿਸਾਨ ਸੰਘਰਸ਼ਾਂ, ਧਰਨਿਆਂ, ਮੁਜ਼ਾਹਰਿਆਂ ਵਿਚ ਸ਼ਿਰਕਤ ਕਰਨ ਅਤੇ ਆਪਣੀ ਪਾਰਟੀ ਪ੍ਰਤੀ ਇਮਾਨਦਾਰ ਤੇ ਅਣਥੱਕ ਵਰਕਰ ਸੀ। ਕਾਮਰੇਡ ਗੁਰਬਖਸ਼ ਸਿੰਘ ਪ੍ਰੀਤ ਨਗਰ 21 ਅਕਤੂਬਰ ਦੀ ਰਾਤ ਨੂੰ ਅਲਵਿਦਾ ਕਹਿ ਗਏ। ਉਸ ਦੀਆਂ ਬੁੱਢੀਆਂ ਅੱਖਾਂ ਵਿੱਚ ਉਮਰ ਦੇ ਆਖਰੀ ਪੜਾਅ ਵਿਚ ਵੀ 70-72 ਸਾਲਾਂ ਦੇ ਲੰਮੇ ਸੰਘਰਸ਼ ਬਾਅਦ ਸੰਜੋਏ ਸੁਪਨੇ ਨੂੰ ਵੇਖਣ ਦੀ ਦ੍ਰਿੜ੍ਹ ਇੱਛਾ-ਸ਼ਕਤੀ ਸੀ। ਸਮੇਂ ਦੀ ਮਾਰ ਅਤੇ ਅਣਸੁਖਾਵੇਂ ਹਾਲਾਤ ਤੋਂ ਨਿਰਾਸ਼,ਅੱਖਾਂ ਵਿਚ ਮਰ ਗਈ ਖੁਸ਼ੀ ਦੇ ਬਾਵਜੂਦ ਉਸ ਨੂੰ ਉਮੀਦ ਸੀ ਕਿ ਉਸ ਦੀ ਪਾਰਟੀ, ਕਿਰਤੀ ਕਿਸਾਨਾਂ ਦੀ ਚੰਗੀ ਤੇ ਖੁਸ਼ਹਾਲ ਜ਼ਿੰਦਗੀ, ਸਮਾਜਵਾਦ, ਸਮਾਜਿਕ ਬਦਲਾਅ ਲਿਆਏਗੀ। ਉਹ ਥਕਾਵਟ ਜ਼ਰੂਰ ਮਹਿਸੂਸ ਕਰਨ ਲੱਗ ਪਿਆ, ਪਰ ਟੁੱਟਿਆ ਨਹੀਂ। ਉਮਰ ਦੀਆਂ ਤਕਰੀਬਨ 92 ਪੱਤਝੜਾਂ ਹੰਢਾ ਚੁੱਕਾ ਮੇਰਾ ਗੁਆਂਢੀ ਤੇ ਗੂਹੜਾ ਮਿੱਤਰ ਕਾਮਰੇਡ ਗੁਰਬਖਸ਼ ਸਿੰਘ ਪ੍ਰੀਤ ਨਗਰ ਇਥੋਂ 30 ਕਿਲੋਮੀਟਰ ਦੂਰ ਅੰਮ੍ਰਿਤਸਰ ਸਾਈਕਲ 'ਤੇ ਜਾਵੇਗਾ ਅਤੇ ਪਾਰਟੀ ਦਾ ਮਾਸਕ ਪੱਤਰ 'ਸੰਗਰਾਮੀ ਲਹਿਰ' ਲਿਆ ਕੇ ਪਾਰਟੀ ਹਮਦਰਦਾਂ ਨੂੰ ਵੰਡੇਗਾ। ਉਹ ਅੱਜ ਵੀ ਸਾਈਕਲ 'ਤੇ ਲਾਲ ਝੰਡਾ ਬੰਨ੍ਹੀ ਤਿਆਰ ਹੈ ਕਿ ਕਦੋਂ ਪਾਰਟੀ ਵੱਲੋਂ ਕਿਰਤੀ ਕਿਸਾਨਾਂ ਦੀ ਚੰਗੀ ਜ਼ਿੰਦਗੀ ਲਈ ਲੜੇ ਜਾ ਰਹੇ ਸੰਘਰਸ਼, ਅਬਾਦਕਾਰਾਂ ਨੂੰ ਮਾਲਕੀ ਦੇ ਹੱਕ ਦਿਵਾਉਂਣ ਅਤੇ ਕਾਲੇ ਕਾਨੂੰਨ ਰੱਦ ਕਰਵਾਉਣ ਲਈ ਧਰਨਿਆਂ, ਮੁਜ਼ਾਹਰਿਆਂ 'ਚ ਸ਼ਾਮਲ ਹੋਣ ਦਾ ਸੱਦਾ ਮਿਲੇ ਤਾਂ ਉਹ ਠਿੱਲ੍ਹ ਪਵੇ।

ਕਾਮਰੇਡ ਆਪਣੀ ਹੱਥ ਲਿਖਤ ਜੀਵਨੀ ਵਿਚ ਲਿਖਦਾ ਹੈ, 'ਮੇਰਾ ਜਨਮ ਹੇਤਮਪੁਰਾ, ਤਹਿਸੀਲ ਅਜਨਾਲਾ ਜ਼ਿਲ੍ਹਾ ਅੰਮ੍ਰਿਤਸਰ ਵਿਖੇ 1924-25 'ਚ ਬੁੱਧਵਾਰ ਸਵੇਰੇ 7 ਵਜੇ ਦੇ ਕਰੀਬ ਸ੍ਰ: ਜਗਤ ਸਿੰਘ ਦੇ ਘਰ, ਮਾਤਾ ਅੱਛਰ ਕੌਰ ਦੀ ਕੁਖੋਂ ਹੋਇਆ।' ਛੀਨਿਆਂ ਵਾਲਾ ਮੋਘਾ ਮੋਰਚਾ (1945-46) ਲੱਗ ਚੁੱਕਾ ਸੀ। ਕਾ:ਅੱਛਰ ਸਿੰਘ ਛੀਨਾ ਦੇ ਗ੍ਰਿਫਤਾਰ ਹੋ ਜੇਲ੍ਹ 'ਚ ਚਲੇ ਜਾਣ ਪਿਛੋਂ ਕਾ: ਦਲੀਪ ਸਿੰਘ ਟਪਿਆਲਾ ਮੋਰਚੇ ਦੀ ਅਗਵਾਈ ਕਰ ਰਹੇ ਸਨ। ਕਾਮਰੇਡ ਦੀ ਹੱਥ ਲਿਖਤ ਜੀਵਨੀ ਅਨੁਸਾਰ-1948 ਵਿਚ ਵੱਡੇ ਦਾਦਾ ਜੀ ਜਥੇਦਾਰ ਨੱਥਾ ਸਿੰਘ ਦੀ ਇੱਛਾ ਅਨੁਸਾਰ ਮੇਰੀ ਸ਼ਾਦੀ ਕਰ ਦਿੱਤੀ ਗਈ, ਘਰ ਦੀ ਗਰੀਬੀ ਕਾਰਨ ਮੈਂ 1949 ਵਿਚ 10 ਰੁਪਏ ਮਹੀਨਾ ਪ੍ਰੀਤਲੜੀ ਪ੍ਰੈੱਸ 'ਚ ਪ੍ਰੀਤ ਨਗਰ ਵਿਖੇ ਕੰਮ ਸ਼ੁਰੂ ਕੀਤਾ। ਪ੍ਰੀਤ ਨਗਰ ਵਿਖੇ ਕਾਮਰੇਡ ਨੂੰ ਪ੍ਰੀਤਲੜੀ ਤੇ ਪੁਸਤਕਾਂ ਪੜ੍ਹਨ ਦੇ ਨਾਲ-ਨਾਲ ਇੱਥੇ ਹੋਣ ਵਾਲੇ ਡਰਾਮੇ ਵੇਖਣ ਦਾ ਭੁਸ ਪੈ ਗਿਆ, ਜੋ ਉਮਰ ਦੇ ਆਖਰੀ ਪੜਾਅ ਵਿਚ ਵੀ ਬਰਕਰਾਰ ਹੈ। ਉਹ ਅੱਜ ਵੀ ਨੀਝ ਲਾ ਕੇ ਅਖ਼ਬਾਰ ਪੜ੍ਹਦਾ ਹੈ। ਟਿੱਪਣੀ ਵੀ ਕਰਦਾ ਹੈ। ਇਨਕਲਾਬੀ ਜੀਵਨ ਦੀ ਮੁੱਢਲੀ ਸੋਝੀ ਮਾਮੇ ਪੁੱਤਰ ਕਾਮਰੇਡ ਚੰਨਣ ਸਿੰਘ ਨੂਰਪੁਰੀ ਦੇ ਪ੍ਰਭਾਵ ਅਤੇ ਬਹੁਤਾ ਕਿਰਤੀ ਕਿਸਾਨ ਲਹਿਰਾਂ ਦੇ ਪਰਖੇ ਕਮਿਊਨਿਸਟ ਆਗੂ ਕਾਮਰੇਡ ਦਲੀਪ ਸਿੰਘ ਟਪਿਆਲਾ ਦੀ ਅਗਵਾਈ ਤੋਂ ਪ੍ਰੇਰਤ ਹੋ ਕਾਮਰੇਡ ਨੇ ਆਪਣੀ ਜ਼ਿੰਦਗੀ ਲੋਕ ਲਹਿਰਾਂ ਅਤੇ ਆਪਣੇ ਲੋਕਾਂ ਦੇ ਲੇਖੇ ਲਾਉਣ ਦਾ ਫੈਸਲਾ ਕਰ ਲਿਆ। 1952 ਦੀਆਂ ਚੋਣਾਂ ਵਿਚ ਨਜ਼ਰਬੰਦ ਸਾਥੀ ਅੱਛਰ ਸਿੰਘ ਛੀਨਾ ਨੂੰ ਵਿਧਾਨ ਸਭਾ ਅਤੇ ਰੂਪੋਸ਼ ਸਾਥੀ ਦਲੀਪ ਸਿੰਘ ਟਪਿਆਲਾ ਨੂੰ ਕਮਿਊਨਿਸਟ ਪਾਰਟੀ ਨੇ ਆਪਣਾ ਉਮੀਦਵਾਰ ਬਣਾਇਆ। ਕਾਮਰੇਡ ਛੀਨਾ ਨੇ ਰਾਜਾਸਾਸੀਏ ਸਰਦਾਰ ਹਰਿੰਦਰ ਸਿੰਘ ਨੂੰ ਹਰਾ ਦਿੱਤਾ, ਪਰ ਕਾਮਰੇਡ ਟਪਿਆਲਾ ਹਾਰ ਗਏ। ਕਾ: ਛੀਨਾ ਨੇ ਦੂਸਰੀ ਵਾਰ (1957) ਸਸ਼ਪਾਲ ਸਿੰਘ ਨੂੰ ਹਰਾ ਕੇ ਅਸੰਬਲੀ 'ਚ ਦਾਖਲਾ ਲਿਆ। ਛੀਨਾ ਜੀ ਦੀ ਚੋਣ ਵਿਚ ਕਾਮਰੇਡ ਗੁਰਬਖਸ਼ ਸਿੰਘ ਨੇ ਬੜੀ ਤਨਦੇਹੀ ਨਾਲ ਕੰਮ ਕੀਤਾ। ਪਾਰਟੀ ਦੀ ਚੜ੍ਹਤ ਦੇ ਦਿਨ ਸਨ। ਕੇਰਲਾ ਲਾਲ ਰੰਗ 'ਚ ਰੰਗਿਆਂ ਗਿਆ ਸੀ। ਉਥੇ ਕਮਿਊਨਿਸਟ ਪਾਰਟੀ ਦੀ ਕਾਮਰੇਡ ਨੰਬੂਦਰੀਪਾਦ ਦੀ ਅਗਵਾਈ ਵਾਲੀ ਸਰਕਾਰ ਬਣੀ। 1959 ਵਿਚ ਖੁਸ਼ਹੈਸੀਅਤ ਟੈਕਸ ਖਿਲਾਫ ਮੋਰਚਾ ਲੱਗਾ। ਕਾਮਰੇਡ ਟਪਿਆਲਾ ਕਿਸਾਨ ਲਹਿਰ ਦੀ ਅਗਵਾਈ ਕਰ ਰਹੇ ਸਨ। ਤਹਿਸੀਲ ਅਜਨਾਲਾ ਤੋਂ 500 ਸਾਥੀਆਂ ਦਾ ਜਥਾ ਜਾਣਾ ਸੀ, ਪਰ ਟਪਿਆਲਾ ਜੀ ਨੇ ਕਾਮਰੇਡ ਗੁਰਬਖਸ਼ ਸਿੰਘ ਨੂੰ ਤਹਿਸੀਲ ਕਮੇਟੀ ਦਾ ਕੰਮ ਸੌਂਪ ਕੇ ਉਸ ਨੂੰ ਜਥੇ 'ਚ ਸ਼ਾਮਲ ਕਰਨ ਤੋਂ ਇਨਕਾਰ ਕਰ ਦਿਤਾ। 1962 ਦੀ ਚੋਣ ਵੀ ਕਾਮਰੇਡ ਟਪਿਆਲਾ ਨੇ ਟੋਢੀ ਜਗੀਰਦਾਰ ਹਰਿੰਦਰ ਸਿੰਘ ਰਾਜਾਸਾਂਸੀਏ ਖਿਲਾਫ ਲੜੀ, ਪਰ ਛੀਨਾ ਤੇ ਬੱਗਾ ਆਦਿ ਸਾਥੀਆਂ ਦੇ ਵਿਕ ਜਾਣ ਕਾਰਨ ਹਾਰ ਗਏ। 1962 ਵਿਚ ਭਾਰਤ-ਚੀਨ ਜੰਗ ਨੂੰ ਲੈ ਕੇ ਕਮਿਊਨਸਟ ਪਾਰਟੀ 'ਚ ਮਤਭੇਦ ਹੋ ਗਏ। ਸੀ.ਪੀ.ਆਈ ਤੋਂ ਅੱਡ ਹੋ ਕਮਿਊਨਿਸਟ ਪਾਰਟੀ (ਮਾਰਕਸਵਾਦੀ) ਸੀ ਪੀ ਐੱਮ ਨਵੀਂ ਪਾਰਟੀ ਬਣੀ। ਪੀ.ਸੁੰਦਰੀਆ ਇਸਦੇ ਜਨਰਲ ਸਕੱਤਰ ਬਣੇ। ਪਰ ਚੀਨ ਵਲੋਂ ਭਾਰਤ'ਤੇ ਹਮਲਾ ਮੰਨਣ ਤੋਂ ਇਨਕਾਰ ਕਰਨ'ਤੇ 'ਚੀਨ ਦੇ ਏਜੰਟ' ਗਰਦਾਨ ਸਰਕਾਰ ਨੇ ਸੀ.ਪੀ.ਐਮ. ਦੇ ਆਗੂਆਂ ਨੂੰ ਜੇਲ੍ਹਾਂ ਵਿਚ ਸੁੱਟ ਦਿਤਾ। ਪੰਜਾਬ 'ਚੋਂ ਸਾਥੀ ਟਪਿਆਲਾ, ਸ਼ਾਥੀ ਫੌਜਾ ਸਿੰਘ ਭੁੱਲਰ, ਸਾਥੀ ਅੱਛਰ ਸਿੰਘ ਛੀਨਾ, ਜਗਜੀਤ ਸਿੰਘ ਲਾਇਲਪੁਰੀ, ਹਰਕਿਸ਼ਨ ਸਿੰਘ ਸੁਰਜੀਤ, ਹਰਦਿੱਤ ਸਿੰਘ ਭੱਠਲ, ਹਰਨਾਮ ਸਿੰਘ ਚਮਕ ਅਤੇ ਚੰਨਣ ਸਿੰਘ ਬਰਾੜ ਆਦਿ ਜੇਲ੍ਹ 'ਚ ਬੰਦ ਕਰ ਦਿਤੇ ਗਏ। ਸੀ ਪੀ ਆਈ ਦੀ ਪ੍ਰੀਤ ਨਗਰ ਬਰਾਂਚ ਦੇ ਕਾਮਰੇਡ ਗੁਰਬਖਸ਼ ਸਿੰਘ, ਓਮਾ, ਨਵਤੇਜ, ਦਰਸ਼ਨ ਸਿੰਘ,ਭਗਤ ਸਿੰਘ ਤੇ ਦਾਰਾ ਮਸੀਹ 6 ਮੈਂਬਰ ਸਨ। ਚਾਰ ਸੀ.ਪੀ.ਐਮ.ਨਾਲ ਹੋ ਗਏ। ਨਵਤੇਜ ਤੇ ਉਸ ਦੀ ਭੈਣ ਉਮਾ ਸੀ ਪੀ ਆਈ 'ਚ ਰਹੇ। ਕਾਮਰੇਡ ਨੇ ਸਮੇਂ-ਸਮੇਂ ਪ੍ਰੀਤ ਨਗਰ, ਅੰਮ੍ਰਿਤਸਰ ਤੇ ਜਲੰਧਰ ਦੀਆਂ ਪ੍ਰੈੱਸਾਂ ਵਿਚ ਅੱਖਰ ਜੋੜਨ ਦਾ ਕੰਮ ਕੀਤਾ। ਤਕਰੀਬਨ 20 ਸਾਲ ਚੱਕ ਮਿਸ਼ਰੀ ਖਾਂ ਤੋਂ ਦੁੱਧ ਇਕੱਠਾ ਕਰ ਡੇਅਰੀ ਪਾਇਆ। ਕਾਮਰੇਡ ਟਪਿਆਲਾ ਦੇ ਦਿਹਾਂਤ (1992) ਤੱਕ ਉਨ੍ਹਾ ਦਾ ਸਾਥ ਦਿਤਾ।



ਫਿਰ ਕਾਮਰੇਡ ਟਪਿਆਲਾ ਦੇ ਯਾਦਗਾਰੀ ਗੇਟ ਦੀ ਉਸਾਰੀ ਵਿਚ ਆਪਣਾ ਵੀ ਤੇ ਸਾਥੀਆਂ ਦਾ ਯੋਗਦਾਨ ਯਕੀਨੀ ਬਣਾਇਆ। ਉਹ 2001 ਤੋਂ ਕਾਮਰੇਡ ਪਾਸਲਾ ਦੀ ਅਗਵਾਈ ਵਾਲੀ ਆਰ ਐੱਮ ਪੀ ਆਈ ਵਿਚ ਸਰਗਰਮ ਸਨ। ਕਾਮਰੇਡ ਨੇ ਹਮੇਸ਼ਾ ਚਾਹਿਆ ਦੇਸ਼ ਅੰਦਰ ਇਨਕਲਾਬੀ ਸਮਾਜਿਕ ਤਬਦੀਲੀ, ਬਰਾਬਰੀ ਤੇ ਨਿਆਂ ਲਈ ਤਿੱਖੇ ਸੰਘਰਸ਼ਾਂ ਦੇ ਪਰਖੇ, ਮਿਸਾਲੀ ਤੇ ਹੱਕ-ਸੱਚ 'ਤੇ ਪਹਿਰਾ ਦੇਣ ਵਾਲੇ ਕਮਿਊਨਿਸਟਾਂ ਨੂੰ ਲੋਕ ਮੁੱਦਿਆਂ ਅਧਾਰਤ ਹੀ ਜਨਤਕ ਲਹਿਰਾਂ ਉਸਾਰਨੀਆਂ ਚਾਹੀਦੀਆਂ ਹਨ, ਜਿਹੜੀਆਂ ਲੋਕ ਪੱਖੀ ਸਿਆਸੀ ਬਦਲ ਯਕੀਨੀ ਬਣਾਉਣ। ਕਾਮਰੇਡ ਦੀ ਅੱਖਰੀ ਇੱਛਾ ਸੀ ਕਿ ਉਸ ਦੇ ਜੀਊਂਦੇ ਜੀਅ ਖੱਬੇ ਪੱਖੀ ਪਾਰਟੀਆਂ ਦੀ ਏਕਤਾ ਸੰਭਵ ਹੋ ਸਕੇ ਤਾਂ ਲੋਕਾਂ ਦੀ ਉਪਰਾਮਤਾ ਖਤਮ ਹੋ ਜਾਵੇ। ਜਿਸ ਸੋਚ ਨੂੰ ਕਾਮਰੇਡ ਗੁਰਬਖਸ਼ ਸਿੰਘ ਪ੍ਰਣਾਇਆ ਸੀ, ਉਸ ਨੂੰ ਅਤੇ ਉਸ ਦੇ ਪਰਚਮ ਨੂੰ ਸਾਡਾ ਲਾਲ ਸਲਾਮ। ਇਸ ਦੇਸ਼ ਭਗਤ, ਸਿਰੜੀ ਯੋਧੇ ਕਮਿਊਨਿਸਟ ਦੀ ਉਮਰ ਭਰ ਦੀ ਕਮਾਈ ਅੱਗੇ ਸਿਰ ਝੁਕਾਉਂਦਾ ਹਾਂ।

**# ਸੰਪਰਕ : 98140-82217**

CMYK

6-NOV-PAGE-5.qxd 11/5/2024 10:43 PM Page 1



# ਜੇ ਪੁਰਾਣੀਆਂ ਪਾਰਟੀਆਂ ਵਾਲੇ ਚੱਜਦੇ ਹੁੰਦੇ ਤਾਂ ਸਾਨੂੰ ਆਉਣ ਦੀ ਲੋੜ ਨਹੀਂ ਸੀ ਪੈਣੀ : ਭਗਵੰਤ ਮਾਨ

- ਵਿਕਾਸ ਕਾਰਜਾਂ ਪੱਖੋਂ ਊਨਾ ਹਲਕਾ ਦੇਖ ਨਿਰਾਸ਼ਾ ਹੋਈ : ਅਮਨ ਅਰੋੜਾ
- ਜੋ ਦੂਜੇ ਉਮੀਦਵਾਰ 30 ਸਾਲਾਂ 'ਚ ਨਹੀਂ ਕਰ ਸਕੇ, ਉਹ ਦੋ ਸਾਲਾਂ 'ਚ ਕਰਾਂਗਾ : ਡਿੰਪੀ ਢਿੱਲੋਂ




**ਸ੍ਰੀ ਮੁਕਤਸਰ ਸਾਹਿਬ/ਦੋਦਾ (ਸ਼ਮਿੰਦਰ ਪਾਲ/ਵਕੀਲ ਬਰਾੜ/ਪੂਜਾ/ਪਰਮਜੀਤ ਸਿੰਘ/ਚਾਵਲਾ)**

ਵਿਧਾਨ ਸਭਾ ਹਲਕਾ ਗਿੱਦੜਬਾਹਾ ਦੇ ਪਿੰਡ ਖਿੜਕੀਆਂਵਾਲਾ ਵਿਖੇ ਜ਼ਿਮਨੀ ਚੋਣ ਰੈਲੀ ਨੂੰ ਹਰਦੀਪ ਸਿੰਘ ਡਿੰਪੀ ਢਿੱਲੋਂ ਦੇ ਹੱਕ ਵਿੱਚ ਸੰਬੋਧਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਸ ਚੋਣ ਵਿੱਚ ਆਮ ਆਦਮੀ ਪਾਰਟੀ ਦੇ ਉਮੀਦਵਾਰ ਨੂੰ ਵੋਟਾਂ ਪਾ ਕੇ ਸਰਕਾਰ ਦੇ ਹਿੱਸੇਦਾਰ ਬਣੋ।ਉਨ੍ਹਾਂ ਆਪਣੀ ਸਰਕਾਰ ਦੀਆਂ ਪ੍ਰਾਪਤੀਆਂ ਗਿਣਾਉਂਦਿਆਂ 45000 ਨੌਕਰੀਆਂ, ਮੁਫਤ ਬਿਜਲੀ ਕਾਰਨ 90 ਫੀਸਦੀ ਘਰਾਂ ਨੂੰ ਬਿਜਲੀ ਦੇ ਬਿਲ ਨਹੀਂ ਆਉਂਦੇ, ਖੇਤੀ ਮੋਟਰਾਂ 'ਤੇ ਬਿਜਲੀ ਦੀ ਵਾਧੂ ਸਪਲਾਈ, ਗੋਵਿੰਦਵਾਲ ਥਰਮਲ ਖ਼੍ਰੀਦਣ, ਝਾਰਖੰਡ ਵਿੱਚ ਕੋਇਲਾ ਖਾਨ ਚਲਾਉਣ ਆਦਿ ਬਾਰੇ ਗੱਲ ਕਰਦਿਆਂ ਬੀਜੇਪੀ ਦੇ ਉਮੀਦਵਾਰ ਮਨਪ੍ਰੀਤ ਸਿੰਘ ਬਾਦਲ ਉੱਤੇ ਤੰਜ ਕੱਸਦਿਆਂ ਕਿਹਾ ਕਿ ਇਸ ਨੇ ਅਕਾਲੀ ਦਲ ਛੱਡਿਆ, ਸ਼ਹੀਦ ਭਗਤ ਸਿੰਘ ਦੇ ਪਿੰਡ ਪੀ ਪੀ ਪੀ ਪਾਰਟੀ ਬਣਾ ਕੇ ਛੱਡੀ, ਕਾਂਗਰਸ ਪਾਰਟੀ ਵਿੱਚ ਵਿੱਤ ਮੰਤਰੀ ਬਣ ਕੇ ਉਹ ਪਾਰਟੀ ਛੱਡੀ, ਹੁਣ ਇਨ੍ਹਾਂ ਨਾਲ ਗੱਡੀ 'ਚ ਬਹਿਣ ਲਈ ਆਦਮੀ ਨਹੀਂ ਮਿਲਦਾ। ਉਨ੍ਹਾਂ ਕੇਂਦਰ ਸਰਕਾਰ ਨੂੰ ਵੀ ਭੰਡਿਆ।ਉਨ੍ਹਾਂ ਦ੍ਰਿੜਤਾ ਨਾਲ ਕਿਹਾ ਕਿ ਅਸੀਂ ਆਪਣੀ ਸਰਕਾਰ ਦੀ ਸਹੁੰ ਹੀ ਸ਼ਹੀਦ ਭਗਤ ਸਿੰਘ ਦੇ ਪਿੰਡ ਖੜਕਟ ਕਲਾਂ ਵਿੱਚ ਚੁੱਕੀ ਹੈ।ਕਾਂਗਰਸ ਪਾਰਟੀ ਖਿਲਾਫ ਮੁੱਖ ਮੰਤਰੀ ਦੇ ਸੁਰ ਨਰਮ ਨਜ਼ਰ ਆਏ।ਉਨ੍ਹਾਂ ਕਿਹਾ ਕਿ ਰਵਾਇਤੀ ਪਾਰਟੀਆਂ ਦੇ ਆਗੂ ਚੱਜ ਦੇ ਹੁੰਦੇ ਤਾਂ ਸਾਨੂੰ ਸ਼ਾਇਦ ਨਾ ਆਉਣਾ ਪੈਂਦਾ, ਹੁਣ ਮੰਗਾਂ ਹਲਕੇ ਦੇ ਲੋਕਾਂ ਦੀਆਂ ਤੇ ਕਾਗਜ਼ ਡਿੰਪੀ ਢਿੱਲੋਂ ਦਾ ਤੇ ਦਸਤਖਤ ਮੇਰੇ ਹੋਣਗੇ।ਉਨ੍ਹਾਂ ਕਿਹਾ ਕਿ ਪਿਛਲੇ ਸਮੇਂ ਵਿੱਚ ਇਸ ਹਲਕੇ 'ਚ ਸਭ ਤੋਂ ਵੱਧ ਪੁਲਟੀਕਲ ਪਰਚੇ ਦਰਜ ਹੋਏ ਹਨ, ਪਰ ਸਾਡੀ ਪਾਰਟੀ ਵੱਲੋਂ ਅਜਿਹਾ ਨਹੀਂ ਕੀਤਾ ਜਾਂਦਾ।ਅਮਨ ਅਰੋੜਾ ਕੈਬਨਿਟ ਮੰਤਰੀ ਨੇ ਕਿਹਾ ਕਿ ਸਾਨੂੰ ਭਗੌੜੇ ਵਿਅਕਤੀਆਂ ਦੀ ਲੋੜ ਨਹੀਂ, ਸਾਨੂੰ ਹਥੌੜੇ ਵਰਗੇ ਵਿਅਕਤੀਆਂ ਦੀ ਲੋੜ ਹੈ, ਜਿਨ੍ਹਾਂ 'ਚ ਸਾਡੇ ਕੋਲ ਡਿੰਪੀ ਢਿੱਲੋਂ ਜੀ ਹਨ।ਉਨ੍ਹਾਂ ਕਿਹਾ ਕਿ ਅਸੀਂ ਸੋਚਦੇ ਸਾਂ ਕਿ ਇਹ ਹਲਕਾ ਸਿਆਸਤ ਦਾ ਧੁਰਾ ਤੇ ਮੁੱਖ ਮੰਤਰੀ, ਵਿੱਤ ਮੰਤਰੀ, ਟਰਾਂਸਪੋਰਟ ਮੰਤਰੀ ਆਦਿ ਇਥੋਂ ਦੇ ਬਣੇ ਹਨ।ਇਲਾਕੇ ਦਾ ਵਿਕਾਸ ਬਹੁਤ ਹੋਇਆ ਹੋਵੇਗਾ, ਪਰ ਆ ਕੇ ਦੇਖਿਆ ਤਾਂ ਨਿਰਾਸ਼ਾ ਹੀ ਹੋਈ।ਪਰ ਹੁਣ ਅਸੀਂ ਇਸ ਹਲਕੇ ਲਈ 100 ਕਰੋੜ ਦੇ ਕੰਮ ਸ਼ੁਰੂ ਕਰਵਾਏ ਹਨ, ਜੋ ਜਲਦੀ ਨੇਪਰੇ ਚੜ੍ਹਨਗੇ।ਉਨ੍ਹਾਂ ਵੀ ਡਿੰਪੀ ਢਿੱਲੋਂ ਨੂੰ ਵੋਟ ਪਾਉਣ ਦੀ ਅਪੀਲ ਕੀਤੀ।ਡਿੰਪੀ ਢਿੱਲੋਂ ਨੇ ਆਪਣੀ ਤਕਰੀਰ ਵਿੱਚ ਕਿਹਾ ਕਿ ਜਿੰਨਾ ਵਿਕਾਸ ਮਨਪ੍ਰੀਤ ਸਿੰਘ ਬਾਦਲ ਤੇ ਰਾਜਾ ਵੜਿੰਗ ਨੇ ਤੀਹ ਸਾਲਾਂ ਵਿੱਚ ਨਹੀਂ ਕੀਤਾ, ਤੁਸੀਂ ਮੈਨੂੰ ਮੌਕਾ ਦਿਓ ਅਸੀਂ ਤੁਹਾਨੂੰ ਦੋ ਸਾਲਾਂ ਵਿੱਚ ਕਰਕੇ ਵਿਖਾਵਾਂਗੇ।ਇਸ ਮੌਕੇ ਵਿਧਾਇਕ ਮੁਕਤਸਰ ਕਾਕਾ ਬਰਾੜ, ਵਿਧਾਇਕ ਦਵਿੰਦਰ ਸਿੰਘ ਢੋਸ ਧਰਮਕੋਟ, ਸ਼ਨੀ ਢਿੱਲੋਂ, ਜਗਸੀਰ ਸਿੰਘ ਭੁੱਟੀਵਾਲਾ, ਇਕਬਾਲ ਸਿੰਘ, ਤਰਸੇਮ ਸਿੰਘ ਤੇ ਪੁਲਸ ਪ੍ਰਸ਼ਾਸਨ ਦੇ ਆਧਿਕਾਰੀਆਂ ਆਦਿ ਸਮੇਤ ਵੱਡੀ ਗਿਣਤੀ ਵਿੱਚ ਲੋਕ ਮੌਜੂਦ ਸਨ।

## ਪੰਜਾਬ ਸਰਕਾਰ ਮੰਡੀਆਂ ਦੇ ਪ੍ਰਬੰਧ ਕਰਨ 'ਚ ਪੂਰੀ ਤਰ੍ਹਾਂ ਨਾਕਾਮ : ਭੂੰਦੜ



**ਸਰਦੂਲਗੜ੍ਹ (ਅਵਤਾਰ ਜਟਾਣਾ)**-ਸ਼੍ਰੋਮਣੀ ਅਕਾਲੀ ਦਲ ਵੱਲੋਂ ਅੱਜ ਪੰਜਾਬ ਭਰ ਵਿੱਚ ਸਾਰੇ ਹਲਕਿਆਂ ਵਿੱਚ ਪੰਜਾਬ ਸਰਕਾਰ ਤੇ ਕੇਂਦਰ ਦੀ ਮਿਲੀਭੁਗਤ ਕਾਰਨ ਪੰਜਾਬ ਦੇ ਕਿਸਾਨ ਦੇ ਸੰਕਟ ਨਾਲ ਜੂਝਣ ਤੇ ਝੋਨੇ ਦੀ ਖਰੀਦ ਵਿੱਚ ਹੋ ਰਹੀ ਲੁੱਟ ਅਤੇ ਡੀ ਏ ਪੀ ਦੀ ਕਮੀ ਤੇ ਕਾਲਾਬਾਜ਼ਾਰੀ ਕਾਰਨ ਧਰਨੇ ਤੇ ਰੋਸ ਮੁਜ਼ਾਹਰੇ ਕਰਨ ਦਾ ਐਲਾਨ ਕੀਤਾ ਗਿਆ ਸੀ।ਉਸੇ ਤਹਿਤ ਅੱਜ ਹਲਕਾ ਸਰਦੂਲਗੜ੍ਹ ਦਾ ਧਰਨਾ ਸਾਬਕਾ ਵਿਧਾਇਕ ਦਿਲਰਾਜ ਸਿੰਘ ਭੂੰਦੜ ਦੀ ਅਗਵਾਈ ਵਿੱਚ ਮਾਰਕੀਟ ਕਮੇਟੀ ਦੇ ਦਫ਼ਤਰ ਅੱਗੇ ਰੱਖਿਆ ਗਿਆ। ਇਸ ਨੂੰ ਸੰਬੋਧਨ ਕਰਦੇ ਹੋਏ ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਮੰਡੀਆਂ ਦੇ ਪ੍ਰਬੰਧ ਕਰਨ ਵਿੱਚ ਪੂਰੀ ਤਰ੍ਹਾਂ ਨਾਕਾਮ ਸਾਬਿਤ ਹੋਈ ਹੈ।ਸਮਾਂ ਰਹਿੰਦੇ ਪੰਜਾਬ ਸਰਕਾਰ ਸਹੀ ਕਦਮ ਚੁੱਕਦੀ ਤਾਂ ਅੱਜ ਕਿਸਾਨਾਂ ਦੀ ਹਾਲਤ ਨਾ ਹੁੰਦੀ ਅੱਜ ਕਿਸਾਨ ਮੰਡੀਆਂ ਵਿੱਚ ਰੁਲ ਰਿਹਾ ਹੈ, ਉਸ ਦਾ ਸ਼ੋਸ਼ਣ ਹੋ ਰਿਹਾ ਹੈ। ਕਣਕ ਬੀਜਣ ਲਈ ਖਾਦ ਦੀ ਪੂਰਤੀ ਨਹੀਂ ਹੋ ਰਹੀ, ਕਿਸਾਨ ਨੂੰ ਲੁੱਟਿਆ ਜਾ ਰਿਹਾ ਹੈ।ਇਸ ਮੌਕੇ ਸੁਖਦੇਵ ਸਿੰਘ ਚੈਨੇਵਾਲਾ, ਸੁਰਜੀਤ ਸਿੰਘ ਰਾਏਪੁਰ, ਬਲਦੇਵ ਸਿੰਘ ਮੀਰਪੁਰ ਜਤਿੰਦਰ ਸਿੰਘ ਸੋਢੀ, ਤਰਸੇਮ ਚੰਦ ਭੋਲੀ, ਜਗਜੀਤ ਸਿੰਘ ਸੰਧੂ, ਨਿਰਮਲ ਸਿੰਘ ਨਾਹਰਾ, ਸ਼ੇਰ ਸਿੰਘ, ਮੇਵਾ ਸਿੰਘ ਸਰਪੰਚ, ਸ਼ਰਨਜੀਤ ਸਿੰਘ ਮਾਨਖੇੜਾ, ਜਤਿੰਦਰ ਜੈਨ ਬੋਬੀ, ਅਜੈ ਕੁਮਾਰ ਨੀਟਾ, ਪ੍ਰੇਮ ਚੌਹਾਨ, ਬਲਜਿੰਦਰ ਸਿੰਘ ਰਾਜਰਾਣਾ, ਲਾਭ ਕੌਰ, ਗੁਰਪ੍ਰੀਤ ਕੌਰ ਮੂਸਾ, ਸਵਰਨ ਸਿੰਘ ਜਟਾਣਾ, ਕੈਪਟਨ ਤੇਜਾ ਸਿੰਘ, ਸਾਧੂ ਸਿੰਘ, ਗੁਰਜੀਤ ਸਿੰਘ ਡੂੰਮ, ਗੁਰਿੰਦਰ ਮਾਨ, ਜਸਵੰਤ ਸਿੰਘ, ਮਲਕੀਤ ਸਿੰਘ, ਬੋਘਾ ਸਿੰਘ, ਸੁਰੇਸ਼ ਕੁਮਾਰ, ਫੌਜਾ ਸਿੰਘ, ਸੁਖਦੇਵ ਸਿੰਘ ਸਿੱਧੂ ਆਦਿ ਹਾਜ਼ਰ ਸਨ।

# ਸ਼੍ਰੋਮਣੀ ਅਕਾਲੀ ਦਲ ਵੱਲੋਂ ਡੀ ਸੀ ਦਫਤਰ ਵਿਖੇ ਧਰਨਾ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**




ਸ਼੍ਰੋਮਣੀ ਅਕਾਲੀ ਦਲ ਵੱਲੋਂ ਕਿਸਾਨਾਂ ਨੂੰ ਮੰਡੀਆਂ ਵਿੱਚ ਆ ਰਹੀ ਲਿਫਟਿੰਗ ਤੇ ਡੀਏਪੀ ਖਾਦ ਦੀ ਸਮੱਸਿਆ ਨੂੰ ਲੈ ਕੇ ਡੀ ਸੀ ਦਫਤਰ ਫਿਰੋਜ਼ਪੁਰ ਵਿਖੇ ਰੋਸ ਪ੍ਰਦਰਸ਼ਨ ਕੀਤਾ ਗਿਆ। ਇਸ ਮੌਕੇ ਜਾਣਕਾਰੀ ਦਿੰਦੇ ਹੋਏ ਸਾਬਕਾ ਵਿਧਾਇਕ ਜੋਗਿੰਦਰ ਸਿੰਘ ਜਿੰਦੂ ਨੇ ਦੱਸਿਆ ਕਿ ਕੇਂਦਰ ਦੀ ਬੀਜੇਪੀ ਤੇ ਪੰਜਾਬ ਵਿੱਚ ਭਗਵੰਤ ਮਾਨ ਦੀ ਅਗਵਾਈ ਵਿੱਚ ਚੱਲ ਰਹੀ ਆਮ ਆਦਮੀ ਪਾਰਟੀ ਦੀ ਸਰਕਾਰ ਦੀ ਮਿਲੀਭੁਗਤ ਤੇ ਡੂੰਘੀ ਸਾਜ਼ਿਸ਼ ਤਹਿਤ ਪੰਜਾਬ ਭਰ ਵਿੱਚ ਝੋਨੇ ਦੀ ਖਰੀਦ ਵਿੱਚ ਵੱਡਾ ਸੰਕਟ ਖੜ੍ਹਾ ਕੀਤਾ ਗਿਆ ਹੈ।ਕਿਸਾਨ ਅੰਦੋਲਨ ਦਾ ਬਦਲਾ ਲੈਣ ਲਈ ਪੰਜਾਬ ਦੀ ਕਿਸਾਨੀ ਨੂੰ ਕੰਗਾਲੀ ਤੇ ਤਬਾਹੀ ਵੱਲ ਧੱਕਿਆ ਜਾ ਰਿਹਾ ਹੈ।ਅੱਜ ਝੋਨੇ ਦੀ ਖਰੀਦ ਵਿੱਚ ਜਾਣਬੁੱਝ ਕੇ ਅਜਿਹੇ ਹਾਲਾਤ ਪੈਦਾ ਕਰ ਦਿੱਤੇ ਗਏ ਹਨ ਕਿ ਕਿਸਾਨ 18-20 ਦਿਨਾਂ ਤੋਂ ਮੰਡੀਆਂ ਵਿੱਚ ਰੁਲ ਰਿਹਾ ਹੈ, ਪਰ ਉਸ ਦੀ ਮਿਹਨਤ ਨਾਲ ਪਾਲੀ ਫਸਲ ਨੂੰ ਖਰੀਦਿਆ ਨਹੀਂ ਜਾ ਰਿਹਾ।ਮਜਬੂਰ ਹੋ ਕਿ ਲੋਕ ਜਬਰੀ ਕਈ-ਕਈ ਕਿਲੋ ਝੋਨੇ ਦੇ ਕੱਟ ਲਵਾ ਕੇ ਐੱਮ ਐੱਸ ਪੀ ਤੋਂ ਘੱਟ ਰੇਟ 'ਤੇ ਝੋਨਾਂ ਵੇਚਣ ਨੂੰ ਮਜਬੂਰ ਕੀਤੇ ਜਾ ਰਹੇ ਹਨ।ਖਰੀਦੇ ਹੋਏ ਮਾਲ ਦੀ ਲਿਫਟਿੰਗ ਦੇ ਨਾਕਸ ਪ੍ਰਬੰਧਾਂ ਸਦਕਾ ਮੰਡੀਆਂ ਵਿੱਚ ਖੁੱਲ੍ਹੇ ਅਸਮਾਨ ਵਿੱਚ ਬੋਰੀਆਂ ਦੇ ਅੰਬਾਰ ਲੱਗੇ ਹੋਏ ਹਨ ਤੇ ਕਿਸਾਨ ਕੋਲ ਨਵਾਂ ਝੋਨਾਂ ਸੁੱਟਣ ਲਈ ਇੱਕ ਇੰਚ ਵੀ ਥਾਂ ਨਹੀਂ। ਕਈ-ਕਈ ਦਿਨ ਘਰਾਂ ਤੇ ਮੰਡੀਆਂ ਵਿੱਚ ਟਰਾਲੀਆਂ ਵਿੱਚ ਆਪਣੇ ਰਿਸਕ 'ਤੇ ਝੋਨਾ ਰੱਖਣ ਲਈ ਕਿਸਾਨ ਮਜਬੂਰ ਹੈ, ਨਾ ਹੀ ਮੰਡੀਆਂ ਵਿੱਚ ਕਿਸਾਨ ਦੀ ਸਹੂਲਤ ਵਾਸਤੇ ਅਤੇ ਨਾ ਹੀ ਫਸਲ ਨੂੰ ਬਾਰਿਸ਼ ਤੋਂ ਬਚਾਉਣ ਲਈ ਤਰਪਾਲਾਂ ਆਦਿ ਦਾ ਯੋਗ ਪ੍ਰਬੰਧ ਹੈ।ਜਿੰਦੂ ਨੇ ਆਖਿਆ ਕਿ ਕੁੱਲ ਮਿਲਾ ਕੇ ਕਿਸਾਨੀ ਦੀ ਖੁੱਲੀ ਲੁੱਟ ਕੀਤੀ ਜਾ ਰਹੀ ਹੈ ਤੇ ਸਭ 5.5 ਲੱਖ ਮੀਟਰਿਕ ਟਨ ਡੀਏਪੀ ਦੀ ਲੋੜ ਦੇ ਮੁਕਾਬਲੇ ਸੂਬੇ ਨੂੰ 2.76 ਲੱਖ ਮੀਟਰਿਕ ਟਨ ਖਾਦ ਹੀ ਮਿਲੀ ਹੈ ਤੇ 58 ਫੀਸਦੀ ਡੀ ਏ ਪੀ ਦੀ ਘਾਟ ਹੈ।ਆਪ ਸਰਕਾਰ ਕੇਂਦਰ ਤੋਂ ਬਣਦਾ ਹਿੱਸਾ ਲੈਣ ਵਿਚ ਨਾਕਾਮ ਰਹਿ ਕੇ ਕਿਸਾਨੀ ਨੂੰ ਬਰਬਾਦ ਕਰ ਰਹੀ ਹੈ। ਕੇਂਦਰ ਸਰਕਾਰ ਨੂੰ ਵੀ ਪੰਜਾਬ ਦਾ ਹਿੱਸਾ ਘਟਾਉਣ ਤੇ ਕਟੌਤੀ ਕੀਤਾ ਹਿੱਸਾ ਵੀ ਸੂਬੇ ਨੂੰ ਨਾ ਦੇਣ ਲਈ ਸਵਾਲਾਂ ਦੇ ਜਵਾਬ ਦੇਣੇ ਪੈਣਗੇ।ਇਨ੍ਹਾਂ ਸਾਰੇ ਤੱਥਾਂ ਦੀ ਰੋਸ਼ਨੀ ਵਿੱਚ ਅਕਾਲੀ ਦਲ ਨੇ ਫੈਸਲਾ ਕੀਤਾ ਹੈ ਕਿ ਉਹ ਸੂਬਾ ਤੇ ਕੇਂਦਰ ਸਰਕਾਰ ਦੇ ਕਿਸਾਨ ਵਿਰੋਧੀ ਫੈਸਲਿਆਂ ਦਾ ਡੱਟ ਕੇ ਵਿਰੋਧ ਕਰੇਗਾ। ਜੇਕਰ ਝੋਨੇ ਦੀ ਸੁਚੱਜੀ ਖਰੀਦ ਵਾਸਤੇ ਤੁਰੰਤ ਲੋੜੀਂਦੇ ਕਦਮ ਨਾ ਚੁੱਕੇ ਗਏ, ਐੱਮ ਐੱਸ ਪੀ 'ਤੇ ਝੋਨਾ ਨਾ ਖਰੀਦਿਆ ਗਿਆ, ਖਰੀਦਿਆ ਝੋਨਾ ਮੰਡੀਆਂ ਵਿੱਚੋਂ ਨਾ ਚੁੱਕਿਆ ਗਿਆ ਤੇ ਕਿਸਾਨਾਂ ਨੂੰ ਲੋੜ ਅਨੁਸਾਰ ਡੀਏਪੀ ਖਾਦ ਨਾ ਦਿੱਤੀ ਗਈ ਤਾਂ ਅਕਾਲੀ ਦਲ ਆਪਣਾ ਸੰਘਰਸ਼ ਹੋਰ ਤਿੱਖਾ ਕਰੇਗਾ।

ਇਸ ਮੌਕੇ ਪ੍ਰਸ਼ਾਸਨਕ ਅਧਿਕਾਰੀ ਨੂੰ ਮੰਗ ਪੱਤਰ ਵੀ ਦਿੱਤਾ ਗਿਆ। ਇਸ ਮੌਕੇ ਬਚਿੱਤਰ ਸਿੰਘ ਸਾਬਕਾ ਚੇਅਰਮੈਨ, ਬਲਜੀਤ ਸਿੰਘ, ਗੁਰਪ੍ਰੀਤ ਸਿੰਘ, ਸਾਬਕਾ ਚੇਅਰਮੈਨ, ਸੁਖਵਿੰਦਰ ਸਿੰਘ, ਕੁਲਦੀਪ ਸਿੰਘ ਸਾਬਕਾ ਸਰਪੰਚ, ਨੰਬਰਦਾਰ ਭਗਵਾਨ ਸਿੰਘ, ਪਰਵਿੰਦਰ ਸਿੰਘ, ਸੁਖਪ੍ਰੀਤ ਸਿੰਘ, ਤਾਰਾ ਸਿੰਘ ਤੋਂ ਇਲਾਵਾ ਹੋਰ ਵੀ ਅਕਾਲੀ ਆਗੂ ਹਾਜ਼ਰ ਸਨ।

## ਕਾਤਰਾਂ

### ਵਣ ਪੈਨਸ਼ਨਰਜ਼ ਸਾਊਥ ਸਰਕਲ ਦੀ ਚੋਣ ਅੱਜ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਵਣ ਪੈਨਸ਼ਨਰਜ਼ ਸਾਥੀਆਂ ਨੂੰ ਦਰਪੇਸ਼ ਮੁਸ਼ਕਲਾਂ ਦੇ ਹੱਲ ਲਈ ਸਰਗਰਮੀ ਨਾਲ ਕਾਰਜ ਕਰਦੀ ਆ ਰਹੀ ਵਣ ਪੈਨਸ਼ਨਰਜ਼ ਸਾਊਥ ਸਰਕਲ ਦੀ 6 ਨਵੰਬਰ ਨੂੰ ਹੋਵੇਗੀ ਚੋਣ।ਇਸ ਸਬੰਧੀ ਜਾਣਕਾਰੀ ਦਿੰਦਿਆਂ ਫੋਰੈਸਟ ਪੈਨਸ਼ਨਰ ਐਸੋਸੀਏਸ਼ਨ ਦੇ ਜਨਰਲ ਸਕੱਤਰ ਮਹਿੰਦਰ ਸਿੰਘ ਧਾਲੀਵਾਲ ਨੇ ਦੱਸਿਆ ਕਿ ਸੂਬਾ ਅਜਲਾਸ ਦੀਆਂ ਤਿਆਰੀਆਂ ਮੁਕੰਮਲ ਹਨ ਤੇ 6 ਨਵੰਬਰ ਨੂੰ ਸਾਰੇ ਸਾਥੀ ਸਵੇਰੇ 11:30 ਵਜੇ ਵਣ ਰੇਂਜ ਦਫਤਰ ਮਾਲੇਰਕੋਟਲਾ ਵਿਖੇ ਪੁੱਜਣ, ਜਿੱਥੇ ਵਣ ਮੰਡਲ ਸੰਗਰੂਰ, ਪਟਿਆਲਾ, ਲੁਧਿਆਣਾ ਤੇ ਮਾਨਸਾ ਮੰਡਲ ਕਮੇਟੀਆਂ ਦੇ ਅਹੁਦੇਦਾਰਾਂ ਤੇ ਸਰਗਰਮ ਮੈਂਬਰਾਂ ਦੀ ਚੋਣ ਕੀਤੀ ਜਾਵੇਗੀ।ਇਸ ਕਮੇਟੀ ਵਿੱਚ ਵਣ ਪੈਨਸ਼ਨਰਜ਼ ਦੇ ਬਣਦੇ ਸੇਵਾ ਲਾਭ ਸਮੇਂ ਸਿਰ ਦੇਣ ਤੇ ਮ੍ਰਿਤਕ ਕਰਮਚਾਰੀਆਂ ਦੇ ਪਰਵਾਰਾਂ ਨੂੰ ਨੌਕਰੀਆਂ ਦੇਣ ਸਬੰਧੀ ਵਿਚਾਰ ਵਟਾਂਦਰਾ ਕੀਤਾ ਜਾਵੇਗਾ, ਉਪਰੰਤ ਪੈਨਸ਼ਨਰਾਂ ਨੂੰ ਦਰਪੇਸ਼ ਮੁਸ਼ਕਲਾਂ ਸਬੰਧੀ ਵਿਚਾਰਾਂ ਕੀਤੀਆਂ ਜਾਣਗੀਆਂ।ਸੂਬਾ ਜਨਰਲ ਸਕੱਤਰ ਮਹਿੰਦਰ ਸਿੰਘ ਧਾਲੀਵਾਲ ਨੇ ਦੱਸਿਆ ਕਿ ਪੰਜਾਬ ਫੋਰੈਸਟ ਪੈਨਸ਼ਨਰ ਐਸੋਸੀਏਸ਼ਨ ਵੱਲੋਂ ਪੰਜਾਬ ਮੁਲਾਜ਼ਮ ਤੇ ਪੈਨਸ਼ਨਰ ਜੁਆਇੰਟ ਫਰੰਟ ਵੱਲੋਂ ਕੀਤੇ ਜਾ ਰਹੇ ਸੰਘਰਸ਼ਾਂ ਵਿੱਚ ਵੱਧ ਚੜ੍ਹ ਕੇ ਹਿੱਸਾ ਲਿਆ ਜਾਵੇਗਾ।

### ਮਾਸਟਰ ਮੁਖਤਿਆਰ ਸਿੰਘ (ਬਾਬੇ ਤੋਲ੍ਹੇ ਕੇ) ਨਹੀਂ ਰਹੇ

**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**-ਪਿੰਡ



ਲਹਿਰਾ ਮੁਹੱਬਤ ਵਾਸੀ ਦਲਜੀਤ ਸਿੰਘ ਸਿੱਧੂ (ਰਿਟਾ. ਹੈੱਡ ਡਰਾਫਟਸਮੈਨ, ਜਲ ਸਪਲਾਈ) ਤੇ ਡਾ. ਮਲਕੀਤ ਸਿੰਘ ਸਿੱਧੂ ਕੈਨੇਡੀਅਨ (ਡੀ. ਐੱਚ. ਐੱਮ. ਐੱਸ) ਨੂੰ ਉਸ ਸਮੇਂ ਗਹਿਰਾ ਸਦਮਾ ਲੱਗਾ, ਜਦੋਂ ਉਨ੍ਹਾਂ ਦੇ ਪੂਜਨੀਕ ਪਿਤਾ ਰਿਟਾ. ਅਧਿਆਪਕ ਮਾ. ਮੁਖਤਿਆਰ ਸਿੰਘ 'ਬਾਬੇ ਤੋਲ੍ਹੇ ਕੇ' ਪੁੱਤਰ ਸਵ: ਸ. ਬਲਿੰਦ ਸਿੰਘ ਬੀਤੇ ਦਿਨੀਂ ਅਕਾਲ ਚਲਾਣਾ ਕਰ ਗਏ। ਉਹ 87 ਵਰ੍ਹਿਆਂ ਦੇ ਸਨ। ਮ੍ਰਿਤਕ ਦੇਹ ਦਾ ਅੱਜ ਦੁਪਹਿਰ 12:30 ਵਜੇ ਸਥਾਨਕ ਸਵਰਗ ਧਾਮ ਵਿਖੇ ਅੰਤਿਮ ਸੰਸਕਾਰ ਕਰ ਦਿੱਤਾ ਗਿਆ। ਅੰਤਿਮ ਯਾਤਰਾ ਵਿੱਚ ਵੱਖ-ਵੱਖ ਰਾਜਸੀ, ਧਾਰਮਿਕ ਤੇ ਸਮਾਜ ਸੇਵੀ ਆਗੂਆਂ ਤੋਂ ਇਲਾਵਾ ਰਿਸ਼ਤੇਦਾਰ, ਸਨੇਹੀ ਤੇ ਵੱਡੀ ਗਿਣਤੀ ਨਗਰਵਾਸੀ ਸ਼ਾਮਲ ਸਨ।

### ਵਿਅਕਤੀ ਨੂੰ ਗ੍ਰਿਫਤਾਰ ਕਰਨ ਗਈ ਪੁਲਸ 'ਤੇ ਹਮਲਾ, ਮਾਮਲਾ ਦਰਜ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਪਿੰਡ ਕਾਕੜ ਵਿੱਚ ਇੱਕ ਦਿਲ ਦਹਿਲਾ ਦੇਣ ਵਾਲੀ ਘਟਨਾ ਵਾਪਰੀ, ਜਦੋਂ ਪੁਲਸ ਦੀ ਇੱਕ ਟੀਮ, ਜੋ ਇੱਕ ਮੁਲਜ਼ਮ ਨੂੰ ਗ੍ਰਿਫਤਾਰ ਕਰਨ ਗਈ ਸੀ, 'ਤੇ ਕੁਝ ਲੋਕਾਂ ਨੇ ਹਮਲਾ ਕਰ ਦਿੱਤਾ।ਇਸ ਦੌਰਾਨ ਪੀ ਐੱਚ ਜੀ ਗੁਰਮੇਜ ਸਿੰਘ ਨੂੰ ਕੁੱਟਿਆ ਤੇ ਉਸ ਤੋਂ ਮੋਬਾਇਲ ਫੋਨ ਖੋਹ ਲਿਆ ਅਤੇ ਉਸ ਦੀ ਵਰਦੀ ਵੀ ਪਾੜ ਦਿੱਤੀ।ਸਹਾਇਕ ਥਾਣੇਦਾਰ ਓਮ ਪ੍ਰਕਾਸ਼ ਨੇ ਦੱਸਿਆ ਕਿ ਪੁਲਸ ਦੀ ਟੀਮ ਮੁਕੱਦਮਾ ਨੰਬਰ 7 ਮਿਤੀ 5 ਫਰਵਰੀ 2021 ਦੇ ਤਹਿਤ ਤਲਾਸ਼ ਕਰ ਰਹੀ ਸੀ।ਮੁਲਜ਼ਮ ਦੇਸ ਰਾਜ ਪੁੱਤਰ ਮੱਖਣ ਸਿੰਘ ਆਪਣੇ ਘਰ ਹਾਜ਼ਰ ਮਿਲਿਆ, ਪਰ ਜਦੋਂ ਉਸ ਨੂੰ ਗ੍ਰਿਫਤਾਰ ਕਰਨ ਦੀ ਕੋਸ਼ਿਸ਼ ਕੀਤੀ ਗਈ ਤਾਂ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਤੇ ਕੁਝ ਹੋਰ ਲੋਕਾਂ ਨੇ ਪੁਲਸ ਪਾਰਟੀ 'ਤੇ ਹਮਲਾ ਕਰ ਦਿੱਤਾ।ਇਸ ਹਮਲੇ ਵਿੱਚ ਬਲਦੇਵ ਸਿੰਘ, ਕੈਲਾਸ਼ ਰਾਣੀ, ਹਰਮੇਸ਼ ਸਿੰਘ, ਜੋਗਿੰਦਰ ਕੌਰ, ਬਿੰਦਰੋ, ਗੋਰਾ, ਤੇ ਗੁੱਡੋ ਖਿਲਾਫ ਭਾਰਤੀ ਅਸਾਮੀ ਫੌਜ ਦੇ ਧਾਰਾ 132, 221, 126 (2), 191 (3), ਅਤੇ 190 ਬੀਐੱਸਐੱਨਐੱਸ ਤਹਿਤ ਮਾਮਲਾ ਦਰਜ ਕਰ ਲਿਆ ਹੈ।ਫਿਲਹਾਲ ਮੁਲਜ਼ਮ ਹਰਮੇਸ਼ ਸਿੰਘ ਨੂੰ ਗ੍ਰਿਫਤਾਰ ਕਰ ਲਿਆ ਗਿਆ ਹੈ ਤੇ ਮਾਮਲੇ ਦੀ ਜਾਂਚ ਜਾਰੀ ਹੈ।

## ਝੋਨੇ ਤੇ ਡੀ ਏ ਪੀ ਲਈ ਖੱਜਲ ਖੁਆਰ ਹੋ ਰਹੇ ਕਿਸਾਨਾਂ ਦੇ ਹੱਕ 'ਚ ਪ੍ਰਦਰਸ਼ਨ



**ਸਮਰਾਲਾ (ਸੁਰਜੀਤ ਸਿੰਘ)**-ਮੰਡੀਆਂ ਵਿੱਚ ਝੋਨਾ ਵੇਚਣ, ਉਸ ਦੀ ਚੁਕਾਈ ਤੇ ਡੀਏਪੀ ਖਾਦ ਦੀ ਅਣਉਪਲਬਧਤਾ ਨੂੰ ਲੈ ਕੇ ਜਿੱਥੇ ਵੱਖ ਵੱਖ ਸਿਆਸੀ ਪਾਰਟੀਆਂ ਤੇ ਕਿਸਾਨ ਜਥੇਬੰਦੀਆਂ ਨੇ ਇੱਕ ਮਹੀਨੇ ਤੋਂ ਲਗਾਤਾਰ ਸਰਕਾਰ ਖਿਲਾਫ ਸੰਘਰਸ਼ ਵਿੱਢਿਆ ਹੋਇਆ ਹੈ, ਉਥੇ ਅੱਜ ਰਵਾਇਤੀ ਤੌਰ ਕਿਸਾਨ ਹਿਮਾਇਤੀ ਮੰਨੀ ਜਾਂਦੀ ਸਿਆਸੀ ਪਾਰਟੀ ਸ਼੍ਰੋਮਣੀ ਅਕਾਲੀ ਦਲ ਵੱਲੋਂ ਸੂਬੇ ਭਰ ਵਿੱਚ ਪਾਰਟੀ ਹਾਈ ਕਮਾਂਡ ਵੱਲੋਂ ਦਿੱਤੀ ਕਾਲ 'ਤੇ ਇੱਥੇ ਦਲ ਦੇ ਹਲਕਾ ਮੁੱਖ ਸੇਵਾਦਾਰ ਤੇ ਸੂਬਾ ਜਨਰਲ ਸਕੱਤਰ ਪਰਮਜੀਤ ਸਿੰਘ ਢਿੱਲੋਂ ਦੀ ਅਗਵਾਈ ਵਿੱਚ ਅਕਾਲੀ ਵਰਕਰਾਂ ਨੇ ਵੱਡੀ ਗਿਣਤੀ ਵਿੱਚ ਇਕੱਤਰ ਹੋ ਕੇ ਸਥਾਨਕ ਐੱਸ ਡੀ ਐੱਮ ਦਫਤਰ ਸਾਹਮਣੇ ਧਰਨਾ ਦੇ ਕੇ ਸਰਕਾਰ ਖਿਲਾਫ ਆਪਣੀ ਭੜਾਸ ਕੱਢੀ ਤੇ ਸਰਕਾਰ ਵਿਰੁੱਧ ਜ਼ਬਰਦਸਤ ਨਾਅਰਬਾਜ਼ੀ ਕੀਤੀ।ਬਾਅਦ ਵਿਚ ਸਮੂਹ ਵਰਕਰਾਂ ਨੇ ਪਰਮਜੀਤ ਸਿੰਘ ਢਿੱਲੋਂ ਦੀ ਅਗਵਾਈ ਵਿੱਚ ਸਥਾਨਕ ਐੱਸ ਡੀ ਐੱਮ ਨੂੰ ਮੰਗ ਪੱਤਰ ਦੇ ਕੇ ਮੰਗ ਕੀਤੀ ਕਿ ਕਿਸਾਨ ਹਿੱਤਾਂ ਨੂੰ ਪਹਿਲ ਦੇ ਅਧਾਰ 'ਤੇ ਨਜਿੱਠਿਆ ਜਾਵੇ।ਇਸ ਮੌਕੇ ਪਰਮਜੀਤ ਸਿੰਘ ਢਿੱਲੋਂ ਨੇ ਕਿਹਾ ਕਿ ਝੋਨਾ ਨਾ ਵਿਕਣ ਕਰਨ ਕਿਸਾਨ ਮੰਡੀਆਂ ਵਿੱਚ ਡੇਰਾ ਲਾਈ ਬੈਠਾ ਹੈ ਤੇ ਉਸ ਦੀ ਅਗਲੀ ਫਸਲ ਦੀ ਬਿਜਾਈ ਦੀ ਤਿਆਰੀ ਬੁਰੀ ਤਰ੍ਹਾਂ ਪ੍ਰਭਾਵਿਤ ਹੋ ਰਹੀ ਹੈ।ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਹਰ ਫਰੰਟ 'ਤੇ ਅਸਫਲ ਹੋ ਗਈ ਹੈ।ਉਨ੍ਹਾਂ ਕਿਹਾ ਕਿ ਹੁਣ ਲੋਕ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਤੇ ਉਸ ਦੀਆਂ ਲੋਕ ਹਿਤੈਸ਼ੀ ਨੀਤੀਆਂ ਨੂੰ ਚੇਤੇ ਕਰ ਰਹੇ ਹਨ।ਉਨ੍ਹਾਂ ਕਿਹਾ ਕਿ ਭਗਵੰਤ ਮਾਨ ਦੀ ਸਰਕਾਰ ਤੇ ਕੇਂਦਰ ਦੀ ਮਿਲੀਭੁਗਤ ਨਾਲ ਪੰਜਾਬ ਦਾ ਕਿਸਾਨ ਭਾਰੀ ਸੰਕਟ ਨਾਲ ਜੂਝ ਰਿਹਾ ਹੈ।ਉਨ੍ਹਾਂ ਦੋਸ਼ ਲਾਇਆ ਕਿ ਝੋਨੇ ਦੀ ਖਰੀਦ ਵਿੱਚ ਭਾਰੀ ਲੁੱਟ ਡੀ ਏ ਪੀ ਖਾਦ ਦੀ ਘਾਟ ਤੇ ਕਾਲਾਬਜ਼ਾਰੀ ਕਰਕੇ ਕਿਸਾਨਾਂ ਨੂੰ ਭਾਰੀ ਦਿੱਕਤ ਦਾ ਸਾਹਮਣਾ ਕਰਨਾ ਪੈ ਰਿਹਾ ਹੈ, ਜਿਸਦੇ ਲਈ ਪੰਜਾਬ ਸਰਕਾਰ ਜ਼ਿੰਮੇਵਾਰ ਹੈ।ਇਸ ਮੌਕੇ ਸ਼੍ਰੋਮਣੀ ਅਕਾਲੀ ਦਲ ਦੇ ਸਮੂਹ ਅਹੁਦੇਦਾਰ ਤੇ ਵਰਕਰ ਭਾਰੀ ਗਿਣਤੀ ਵਿੱਚ ਹਾਜ਼ਰ ਰਹੇ।

## ਮੁੱਲਾਂਪੁਰ ਕੋਆਪ੍ਰੇਟਿਵ ਮਾਰਕੀਟਿੰਗ ਤੇ ਪ੍ਰੋਸੈਸਿੰਗ ਸੁਸਾਇਟੀ 'ਤੇ 'ਆਪ' ਦਾ ਕਬਜ਼ਾ

### ਸਾਧੂ ਸਿੰਘ ਸ਼ੇਖੂਪੁਰਾ ਸਰਬਸੰਮਤੀ ਨਾਲ ਕਮੇਟੀ ਦੇ ਚੇਅਰਮੈਨ ਚੁਣੇ ਗਏ



**ਚੌਕੀਮਾਨ/ਅੱਡਾ ਦਾਖਾਂ (ਬਲਬੀਰ ਮਾਨ/ਗੁਰਮੇਲ ਮੈਲਡੇ)**-ਦੀ ਮੁੱਲਾਂਪੁਰ ਕੋਆਪ੍ਰੇਟਿਵ ਮਾਰਕੀਟਿੰਗ ਤੇ ਪ੍ਰੋਸੈਸਿੰਗ ਸੋਸਾਇਟੀ ਲਿਮਟਿਡ ਮੁੱਲਾਂਪੁਰ (ਜ਼ਿਲ੍ਹਾ ਲੁਧਿਆਣਾ) ਦੇ ਚੇਅਰਮੈਨ ਮਨਮੀਤ ਸਹਿਜਪਾਲ ਵੱਲੋਂ ਘਰੇਲੂ ਤੇ ਸਮਾਜਿਕ ਰੁਝੇਵਿਆਂ ਕਾਰਨ ਆਪਣੇ ਚੇਅਰਮੈਨ ਦੇ ਅਹੁਦੇ ਤੋਂ ਅਸਤੀਫਾ ਦੇ ਦਿੱਤਾ, ਜਿਸ ਸਬੰਧੀ ਕਮੇਟੀ ਅਹੁਦੇਦਾਰਾਂ ਦੁਆਰਾ ਹੰਗਾਮੀ ਮੀਟਿੰਗ ਬੁਲਾਈ ਗਈ, ਜਿਸ ਵਿੱਚ ਸੀਨੀਅਰ ਮੀਤ ਪ੍ਰਧਾਨ ਸਾਬਕਾ ਸਰਪੰਚ ਸਾਧੂ ਸਿੰਘ ਦਿਲਸ਼ਾਦ ਸ਼ੇਖੂਪੁਰਾ, ਜੂਨੀਅਰ ਮੀਤ ਪ੍ਰਧਾਨ ਹਰਵਿੰਦਰ ਸਿੰਘ ਸਹੌਲੀ, ਡਾਇਰੈਕਟਰ ਸਰਬਜੀਤ ਸਿੰਘ ਮੋਹੀ, ਮੈਨੇਜਰ ਕੁਲਦੀਪ ਸਿੰਘ ਨੇ ਚੇਅਰਮੈਨ ਮਨਮੀਤ ਸਹਿਜਪਾਲ ਰਕਬਾ ਦਾ ਅਸਤੀਫਾ ਮਨਜ਼ੂਰ ਕਰਦੇ ਹੋਏ ਸਰਬਸੰਮਤੀ ਨਾਲ ਸਾਬਕਾ ਸਰਪੰਚ ਸਾਧੂ ਸਿੰਘ ਦਿਲਸਾਦ ਪਿੰਡ ਸੇਖੂਪੁਰਾ ਨੂੰ ਦੀ ਮੁੱਲਾਂਪੁਰ ਕੋਆਪ੍ਰੇਟਿਵ ਮਾਰਕੀਟਿੰਗ ਤੇ ਪ੍ਰੋਸੈਸਿੰਗ ਸੋਸਾਇਟੀ ਲਿਮਟਿਡ ਮੁੱਲਾਂਪੁਰ ਜ਼ਿਲ੍ਹਾ ਲੁਧਿਆਣਾ ਦਾ ਚੇਅਰਮੈਨ ਚੁਣ ਲਿਆ ਗਿਆ। ਇਸ ਤਰ੍ਹਾਂ ਕਰਨ ਨਾਲ ਆਮ ਆਦਮੀ ਪਾਰਟੀ ਦਾ ਇਸ ਅਦਾਰੇ 'ਤੇ ਪੂਰੀ ਤਰ੍ਹਾਂ ਕਬਜ਼ਾ ਹੋ ਗਿਆ ਹੈ। ਇਸ ਮੌਕੇ ਸੇਵਾ ਮੁਕਤ ਮੈਨੇਜਰ ਕਰਮਪਾਲ ਸਿੰਘ, ਬਹਾਦਰ ਸਿੰਘ, ਦਰਸ਼ਨ ਸਿੰਘ, ਜਗਤਾਰ ਸਿੰਘ ਜੱਗਾ, ਰਘਬੀਰ ਸਿੰਘ ਖੰਡਲ, ਹਰਬੰਸ ਸਿੰਘ ਫੌਜੀ, ਜਗਤਾਰ ਸਿੰਘ (ਬਿਜਲੀ ਬੋਰਡ) ਸਾਰੇ ਪਿੰਡ ਸ਼ੇਖੂਪੁਰਾ ਤੋਂ, ਇੰਸਪੈਕਟਰ ਨਵਪ੍ਰੀਤ ਕੌਰ ਸਹਾਇਕ ਸਰਕਾਰੀ ਸਭਾਵਾਂ ਲੁਧਿਆਣਾ ਆਦਿ ਨੇ ਨਵੇਂ ਨਿਯੁਕਤ ਕੀਤੇ ਗਏ ਚੇਅਰਮੈਨ ਸਾਧੂ ਸਿੰਘ ਦਿਲਸ਼ਾਦ ਨੂੰ ਵਧਾਈਆਂ ਦੇ ਕੇ ਮੂੰਹ ਮਿੱਠਾ ਕਰਵਾਉਂਦਿਆਂ ਖੁਸ਼ੀ ਮਹਿਸੂਸ ਕੀਤੀ। ਇਸ ਸਮੇਂ ਨਵੇਂ ਚੁਣੇ ਗਏ ਚੇਅਰਮੈਨ ਸਾਧੂ ਸਿੰਘ ਦਿਲਸ਼ਾਦ ਨੇ ਸਮੁੱਚੀ ਟੀਮ ਦਾ ਧੰਨਵਾਦ ਕਰਦਿਆਂ ਵਿਸ਼ਵਾਸ ਦਿਵਾਇਆ ਕਿ ਪਿੰਡ ਦੇ ਸਰਪੰਚ ਦੇ ਆਹੁਦੇ ਤੋਂ ਫਾਰਗ ਹੋ ਕੇ ਹੁਣ ਸਾਰਾ ਧਿਆਨ ਇਸ ਅਦਾਰੇ ਨੂੰ ਹੋਰ ਅੱਗੇ ਲਿਜਾਣ ਲਈ ਉਪਰਾਲੇ ਕਰਦਿਆਂ ਵਧੀਆ ਸੇਵਾਵਾਂ ਦਿੱਤੀਆਂ ਜਾਣਗੀਆਂ। ਹਰ ਮਸਲੇ ਦਾ ਹੱਲ ਮਿਲ ਬੈਠ ਕੇ ਕੀਤਾ ਜਾਵੇਗਾ।

# ਪੰਜਾਬ ਦੇ 6 ਜ਼ਿਲ੍ਹਿਆਂ 'ਚ ਬਣੀਆਂ ਪਿੰਡ ਸੁਰੱਖਿਆ ਕਮੇਟੀਆਂ : ਕਟਾਰੀਆ

- ਰਾਜਪਾਲ ਵੱਲੋਂ ਸਰਹੱਦੀ ਜ਼ਿਲ੍ਹਿਆਂ ਦਾ ਦੌਰਾ




**ਜਲਾਲਾਬਾਦ (ਜੰਗੀਰ ਕੌਰ/ਜੀਤ ਕੁਮਾਰ)**-ਪੰਜਾਬ ਦੇ ਰਾਜਪਾਲ ਸ੍ਰੀ ਗੁਲਾਬ ਚੰਦ ਕਟਾਰੀਆ ਨੇ ਸਰਹੱਦੀ ਜ਼ਿਲ੍ਹਿਆਂ ਦੇ ਆਪਣੇ ਚਾਰ ਦਿਨਾਂ ਦੌਰੇ ਦੀ ਇੱਥੋਂ ਸ਼ੁਰੂਆਤ ਕਰਦਿਆਂ ਆਖਿਆ ਕਿ ਰਾਜ ਦੇ 6 ਸਰਹੱਦੀ ਜ਼ਿਲ੍ਹਿਆਂ ਵਿੱਚ ਪਿੰਡ ਸੁਰੱਖਿਆ ਕਮੇਟੀਆਂ ਦਾ ਗਠਨ ਕੀਤਾ ਜਾ ਚੁੱਕਾ ਹੈ। ਉਨ੍ਹਾਂ ਇਨ੍ਹਾਂ ਕਮੇਟੀਆਂ ਵੱਲੋਂ ਸਰਹੱਦੀ ਖੇਤਰਾਂ ਵਿੱਚ ਜਨਜਾਗਰੂਕਤਾ ਵਿੱਚ ਨਿਭਾਈ ਜਾ ਰਹੀ ਭੂਮਿਕਾ ਦੀ ਸ਼ਲਾਘਾ ਕਰਦਿਆਂ ਆਖਿਆ ਕਿ ਹਰੇਕ ਕਮੇਟੀ ਤੋਂ ਮੈਂਬਰਾਂ ਦਾ ਰਾਜਭਵਨ ਨਾਲ ਸਿੱਧਾ ਸੰਪਰਕ ਸਥਾਪਤ ਕੀਤਾ ਜਾਵੇਗਾ ਤਾਂ ਜੋ ਉਹ ਸਰਹੱਦੀ ਖੇਤਰਾਂ ਦੀਆਂ ਮੁਸ਼ਕਲਾਂ ਤੇ ਸਮਰੱਥਾਵਾਂ ਨੂੰ ਉਹ ਹੋਰ ਬਿਹਤਰ ਤਰੀਕੇ ਨਾਲ ਜਾਣ ਸਕਣ। ਭਾਰਤ-ਪਾਕਿ ਸਰਹੱਦ ਦੇ ਬਿੱਲਕੁਲ ਨਾਲ ਵਸੇ ਪਿੰਡ ਜੋਧਾ ਭੈਣੀ ਵਿੱਚ ਜ਼ਿਲ੍ਹੇ ਦੇ ਪਿੰਡ ਸੁਰੱਖਿਆ ਕਮੇਟੀਆਂ ਦੇ ਮੈਂਬਰਾਂ ਨੂੰ ਸੰਬੋਧਨ ਕਰਦਿਆਂ ਰਾਜਪਾਲ ਸ੍ਰੀ ਗੁਲਾਬ ਚੰਦ ਕਟਾਰੀਆਂ ਨੇ ਕਮੇਟੀ ਮੈਂਬਰਾਂ ਨੂੰ ਦੇਸ਼ ਵਿਰੋਧੀ ਤਾਕਤਾਂ ਖਿਲਾਫ ਲਾਮਬੰਦ ਹੋਣ ਦਾ ਸੱਦਾ ਦਿੰਦਿਆਂ ਕਿਹਾ ਕਿ ਪਿੰਡ ਸੁਰੱਖਿਆ ਕਮੇਟੀਆਂ ਦੀ ਮਹੀਨੇ ਵਿੱਚ ਘੱਟੋ ਘੱਟ ਇੱਕ ਵਾਰ ਬੈਠਕ ਜ਼ਰੂਰ ਕੀਤੀ ਜਾਵੇ। ਉਨ੍ਹਾਂ ਕਿਹਾ ਕਿ ਹਰੇਕ ਪਿੰਡ ਦੀ ਸੁਰੱਖਿਆ ਕਮੇਟੀ ਲਈ ਇਕ ਅਧਿਕਾਰੀ ਨੂੰ ਨੋਡਲ ਅਫ਼ਸਰ ਵਜੋਂ ਤਾਇਨਾਤ ਕੀਤਾ ਜਾਵੇਗਾ ਤਾਂ ਜੋ ਲੋਕਾਂ ਤੇ ਪ੍ਰਸ਼ਾਸਨ ਵਿਚਕਾਰ ਬਿਹਤਰ ਤਾਲਮੇਲ ਯਕੀਨੀ ਬਣਾਇਆ ਜਾ ਸਕੇ। ਨਸ਼ੇ ਵਰਗੀਆਂ ਸਮਾਜਿਕ ਬੁਰਾਈਆਂ ਖਿਲਾਫ ਉਨ੍ਹਾਂ ਨੇ ਸਾਂਝੇ ਯਤਨ ਕਰਨ ਦਾ ਸੱਦਾ ਦਿੰਦਿਆਂ ਆਖਿਆ ਕਿ ਜੇਕਰ ਸਾਰਾ ਸਮਾਜ ਇੱਕਮੁੱਠ ਹੋਕੇ ਕੰਮ ਕਰੇਗਾ ਤਾਂ ਅਸੀਂ ਹਰ ਮੁਹਾਜ 'ਤੇ ਜਿੱਤ ਦਰਜ ਕਰਾਂਗੇ। ਇਸ ਮੌਕੇ ਉਨ੍ਹਾਂ ਪਿੰਡਾਂ ਵਿੱਚ ਨੌਜਵਾਨਾਂ ਨੂੰ ਵੱਖ ਵੱਖ ਉਸਾਰੂ ਗਤੀਵਿਧੀਆਂ ਵਿੱਚ ਜੋੜਨ ਦਾ ਸੱਦਾ ਵੀ ਦਿੱਤਾ। ਇਸ ਤੋਂ ਪਹਿਲਾਂ ਜਲਾਲਾਬਾਦ ਦੇ ਵਿਧਾਇਕ ਸ੍ਰੀ ਜਗਦੀਪ ਕੰਬੋਜ ਗੋਲਡੀ, ਅਬੋਹਰ ਦੇ ਵਿਧਾਇਕ ਸ੍ਰੀ ਸੰਦੀਪ ਜਾਖੜ ਨੇ ਵੀ ਸੰਬੋਧਨ ਕੀਤਾ ਤੇ ਪਿੰਡ ਸੁਰੱਖਿਆ ਕਮੇਟੀਆਂ ਦੇ ਮੈਂਬਰਾਂ ਨੇ ਵੀ ਆਪਣੀ ਗੱਲ ਰਾਜਪਾਲ ਸਾਹਮਣੇ ਰੱਖੀ। ਇਸ ਮੌਕੇ ਪ੍ਰਿੰਸੀਪਲ ਸਕੱਤਰ ਸ੍ਰੀ ਵੀ ਕੇ ਮੀਨਾ, ਵਧੀਕ ਮੁੱਖ ਸਕੱਤਰ ਟੂ ਗਵਰਨਰ ਸ੍ਰੀ ਕੇ ਸ਼ਿਵਾ ਪ੍ਰਸ਼ਾਦ, ਕਮਿਸ਼ਨਰ ਸ੍ਰੀ ਅਰੁਣ ਸੇਖੜੀ, ਡੀਆਈਜੀ ਰਣਜੀਤ ਸਿੰਘ ਢਿੱਲੋਂ, ਡਿਪਟੀ ਕਮਿਸ਼ਨਰ ਅਮਰਪ੍ਰੀਤ ਕੌਰ ਸੰਧੂ, ਐੱਸ ਐੱਸ ਪੀ ਸ੍ਰੀ ਵਰਿੰਦਰ ਸਿੰਘ ਬਰਾੜ, ਬੀ ਐੱਸ ਐੱਫ ਕਮਾਂਡੈਂਟ ਰਵੀ ਰੰਜਨ ਹਾਜ਼ਰ ਸਨ।

## ਅੱਜ ਗਿੱਦੜਬਾਹਾ 'ਚ ਗਰਜਣਗੇ ਸੀ ਪੀ ਐੱਫ ਕਾਮੇ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ)**-ਪੁਰਾਣੀ ਪੈਨਸ਼ਨ ਬਹਾਲ ਕਰਨ ਦਾ ਲਾਰਾ ਲਾ ਕੇ ਸੱਤਾ ਵਿੱਚ ਆਉਣ ਉਪਰੰਤ ਮੁੱਕਰਨ ਵਾਲੀ ਪੰਜਾਬ ਸਰਕਾਰ ਖਿਲਾਫ਼ ਮੁਲਾਜ਼ਮਾਂ ਦਾ ਰੋਹ ਵਧਦਾ ਜਾ ਰਿਹਾ ਹੈ, ਜਿਸ ਦੇ ਚੱਲਦਿਆਂ ਵਿਧਾਨ ਸਭਾ ਦੀਆਂ ਜ਼ਿਮਨੀ ਚੋਣਾਂ ਦੌਰਾਨ ਸਰਕਾਰ ਨੂੰ ਘੇਰਨ ਦਾ ਪ੍ਰੋਗਰਾਮ ਉਲੀਕਿਆ ਗਿਆ ਹੈ। ਉਲੀਕੇ ਗਏ ਪ੍ਰੋਗਰਾਮ ਤਹਿਤ ਸੀ.ਪੀ.ਐੱਫ. ਕਰਮਚਾਰੀ ਯੂਨੀਅਨ ਪੰਜਾਬ ਵੱਲੋਂ ਹੋਰਨਾਂ ਭਰਾਤਰੀ ਜਥੇਬੰਦੀਆਂ ਨੂੰ ਨਾਲ ਲੈ ਕੇ 6 ਨਵੰਬਰ ਨੂੰ ਗਿੱਦੜਬਾਹਾ ਵਿਖੇ ਭਰਵਾਂ ਇਕੱਠ ਕਰਕੇ ਵਹੀਕਲ ਮਾਰਚ ਕੀਤਾ ਜਾਵੇਗਾ ਤੇ ਸਰਕਾਰ ਦੇ ਝੂਠੇ ਵਾਅਦਿਆਂ ਦੀ ਪੋਲ ਖੋਲ੍ਹੀ ਜਾਵੇਗੀ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਸੀ.ਪੀ.ਐੱਫ. ਕਰਮਚਾਰੀ ਯੂਨੀਅਨ ਪੰਜਾਬ ਦੇ ਜ਼ਿਲ੍ਹਾ ਪ੍ਰਧਾਨ ਦੀਪਕ ਕੁਮਾਰ ਤੇ ਜਨਰਲ ਸਕੱਤਰ ਤਲਵਿੰਦਰ ਸਿੰਘ ਨਿੱਝਰ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ। ਉਨ੍ਹਾਂ ਕਿਹਾ ਕਿ ਸੀ.ਪੀ.ਐੱਫ. ਕਰਮਚਾਰੀ ਯੂਨੀਅਨ ਸੂਬਾ ਪ੍ਰਧਾਨ ਸੁਖਜੀਤ ਸਿੰਘ ਦੀ ਅਗਵਾਈ ਹੇਠ ਗਿੱਦੜਬਾਹਾ ਹਲਕੇ ਵਿੱਚ ਆਮ ਆਦਮੀ ਪਾਰਟੀ ਦੇ ਉਮੀਦਵਾਰ ਦੇ ਵਿਰੋਧ ਵਿੱਚ ਰੋਸ ਮਾਰਚ ਕਰੇਗੀ ਤੇ ਸਰਕਾਰ ਵੱਲੋਂ ਮੁਲਾਜ਼ਮਾਂ ਨਾਲ ਚੋਣਾਂ ਤੋਂ ਪਹਿਲਾਂ ਕੀਤੇ ਗਏ ਵਾਅਦੇ ਨੂੰ ਢਾਈ ਸਾਲ ਬੀਤ ਜਾਣ ਦੇ ਬਾਵਜੂਦ ਪੂਰਾ ਨਾ ਕਰਨ ਸਬੰਧੀ ਲੋਕਾਂ ਨੂੰ ਜਾਣੂੰ ਕਰਵਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਇਸ ਰੋਸ ਪ੍ਰਦਰਸ਼ਨ ਵਿੱਚ ਸੂਬੇ ਭਰ ਦੀਆਂ ਭਰਾਤਰੀ ਜਥੇਬੰਦੀਆਂ ਵੱਲੋਂ ਭਰਵੀਂ ਸ਼ਮੂਲੀਅਤ ਕੀਤੀ ਜਾਵੇਗੀ। ਇਸ ਮੌਕੇ ਹੋਰਨਾਂ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸੀ.ਪੀ.ਐੱਫ. ਕਰਮਚਾਰੀ ਯੂਨੀਅਨ ਦੀ ਜ਼ਿਲ੍ਹਾ ਬਾਡੀ ਦੇ ਮੈਂਬਰ ਮੌਜੂਦ ਸਨ।

### ਮੋਟੋਵੈਬ ਸੋਲਿਊਸ਼ਨ ਵਿਖੇ ਦੀਵਾਲੀ ਦਾ ਤਿਉਹਾਰ ਮਨਾਇਆ



**ਜਗਰਾਉਂ (ਅਮਿਤ ਖੰਨਾ)**-ਮੋਟੋਵੈਬ ਸੋਲਿਊਸ਼ਨ, ਜੋ ਇਲਾਕੇ ਦੀ ਮੰਨੀ ਪ੍ਰਮੰਨੀ ਸੰਸਥਾ ਹੈ ਅਤੇ ਬੱਚਿਆਂ ਦੇ ਸੁਨਹਿਰੇ ਭਵਿੱਖ ਲਈ ਕੰਪਿਊਟਰ ਕੋਰਸ ਕਰਵਾ ਕੇ ਅਣਮੁੱਲਾ ਯੋਗਦਾਨ ਪਿਛਲੇ 27 ਵਰ੍ਹਿਆਂ ਤੋਂ ਪਾ ਰਹੀ ਹੈ, ਇੱਥੇ ਦਿਵਾਲੀ ਦਾ ਤਿਉਹਾਰ ਬੜੀ ਧੂਮ-ਧਾਮ ਨਾਲ ਮਨਾਇਆ ਗਿਆ। ਵਿਦਿਆਰਥੀਆਂ ਨੇ ਅਲੱਗ ਅਲੱਗ ਪ੍ਰਤੀਯੋਗਤਾਵਾਂ ਵਿੱਚ ਭਾਗ ਲਿਆ ਤੇ ਰੰਗੋਲੀ ਕੰਪੀਟੀਸ਼ਨ ਵੀ ਕਰਵਾਇਆ ਗਿਆ। ਸੈਂਟਰ ਡਾਇਰੈਕਟਰ ਸ੍ਰੀ ਮਨਮੋਹਨ ਚਾਹਲ ਨੇ ਜੇਤੂ ਵਿਦਿਆਰਥੀਆਂ ਨੂੰ ਇਨਾਮ ਵੰਡੇ। ਇਸ ਮੌਕੇ ਸੈਂਟਰ ਮੈਨੇਜਰ ਕਰਮਜੀਤ ਕੌਰ ਨੇ ਵੀ ਸਮੂਹ ਸਟਾਫ ਨੂੰ ਦਿਵਾਲੀ ਦੀ ਵਧਾਈ ਦਿੱਤੀ। ਇਸ ਮੌਕੇ ਸੈਂਟਰ ਦਾ ਸਮੂਹ ਸਟਾਫ ਸ਼ਾਮਲ ਸੀ।

## 'ਆਪ' ਦੇ ਸ਼ਾਸਨ 'ਚ ਕਾਨੂੰਨ ਵਿਵਸਥਾ ਦੀ ਹਾਲਤ ਬਦ ਤੋਂ ਬਦਤਰ : ਕਲੇਰ, ਗਰੇਵਾਲ, ਮੱਲਾ

**ਜਗਰਾਉਂ (ਅਮਿਤ ਖੰਨਾ)**-ਪੰਜਾਬ ਦੇ ਕਿਸਾਨ ਇਸ ਸਮੇਂ ਮੁੱਖ ਮੰਤਰੀ ਭਗਵੰਤ ਮਾਨ ਦੀ 'ਆਪ' ਸਰਕਾਰ ਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਕੇਂਦਰ ਸਰਕਾਰ ਦੇ ਸ਼ਾਸਨ ਅਧੀਨ ਡੀ.ਏ.ਪੀ. ਖਾਦ ਤੇ ਝੋਨੇ ਦੀ ਲਿਫਟਿੰਗ ਦੀ ਸਮੱਸਿਆ ਨਾਲ ਜੂਝ ਰਹੇ ਹਨ। ਇਸ ਸੰਬੰਧੀ ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਐੱਸ. ਆਰ. ਕਲੇਰ ਸਾਬਕਾ ਵਿਧਾਇਕ ਜਗਰਾਉਂ ਦੀ ਅਗਵਾਈ ਵਿੱਚ ਵਿਧਾਨ ਸਭਾ ਹਲਕਾ ਜਗਰਾਉਂ ਦੇ ਐੱਸ ਡੀ ਐੱਮ ਦਫਤਰ 'ਤੇ ਇੱਕ ਰੋਸ ਪ੍ਰਦਰਸ਼ਨ ਕੀਤਾ ਗਿਆ। ਇਹ ਰੋਸ ਧਰਨਾ ਅਕਾਲੀ ਦਲ ਦੇ ਐਕਟਿੰਗ ਪ੍ਰਧਾਨ ਬਲਵਿੰਦਰ ਸਿੰਘ ਭੂੰਦੜ ਦੇ ਦਿਸ਼ਾ ਨਿਰਦੇਸ਼ਾਂ 'ਤੇ ਪੂਰੇ ਸੂਬੇ ਭਰ ਵਿੱਚ ਨਿਰਧਾਰਤ ਕੀਤੇ ਗਏ ਹਨ। ਇਸ ਮੌਕੇ ਮੀਡੀਆ ਨੂੰ ਸਾਂਝੇ ਤੌਰ 'ਤੇ ਸੰਬੋਧਨ ਕਰਦਿਆਂ, ਐੱਸ. ਆਰ. ਕਲੇਰ ਨੇ ਮੌਜੂਦਾ ਸਰਕਾਰ ਅਧੀਨ ਵਿਗੜਦੀ ਸਥਿਤੀ ਨੂੰ ਉਜਾਗਰ ਕੀਤਾ, ਖਾਸ ਤੌਰ 'ਤੇ ਪੰਜਾਬ ਵਿੱਚ ਗੈਂਗਸਟਰਾਂ ਦੇ ਦਿਨੋਂ ਦਿਨ ਵਧ ਰਹੇ ਅਪਰਾਧ ਨੂੰ ਠੱਲ੍ਹ ਪਾਉਣ ਤੇ ਪ੍ਰਸ਼ਾਸਨ ਦੀ ਵਿਗੜਦੀ ਸਿਥਤੀ ਨੂੰ ਉਜਾਗਰ ਕੀਤਾ। ਉਨ੍ਹਾਂ ਨੇ ਅਪਰਾਧਿਕ ਘਟਨਾਵਾਂ ਦੁਆਰਾ ਧਮਕੀਆਂ ਤੇ ਜਬਰੀ ਵਸੂਲੀ ਕਾਰਨ ਨਾਗਰਿਕਾਂ ਵਿੱਚ ਅਸੁਰੱਖਿਆ ਦੀ ਵਧ ਰਹੀ ਭਾਵਨਾ 'ਤੇ ਜ਼ੋਰ ਦਿੱਤਾ, ਜੋ ਸੂਬਾ ਸਰਕਾਰ ਦੀ ਜਨਤਕ ਸੁਰੱਖਿਆ ਨੂੰ ਯਕੀਨੀ ਬਣਾਉਣ ਵਿੱਚ ਅਸਫਲਤਾ ਦਾ ਸੰਕੇਤ ਹੈ। ਇਸ ਤੋਂ ਇਲਾਵਾ, ਉਨ੍ਹਾਂ ਨੇ ਮੰਡੀਆਂ ਵਿੱਚ ਝੋਨੇ ਦੀ ਲਿਫਟਿੰਗ 'ਚ ਦੇਰੀ ਦੀ ਆਲੋਚਨਾ ਕਰਦਿਆਂ ਇਸ ਨੂੰ 'ਆਪ' ਸਰਕਾਰ ਦੀ ਇੱਕ ਮਹੱਤਵਪੂਰਨ ਕਮੀ ਦੱਸਿਆ, ਜਿਸ ਕਾਰਨ ਕਿਸਾਨਾਂ ਵੱਲੋਂ ਲੰਬੇ ਸਮੇਂ ਤੱਕ ਰੋਸ ਪ੍ਰਦਰਸਨ ਕੀਤਾ ਜਾ ਰਿਹਾ ਹੈ। ਉਨ੍ਹਾਂ ਕੇਂਦਰ ਤੇ ਸੂਬਾ ਸਰਕਾਰਾਂ ਦੀ ਅਜਿਹੀ ਲਾਪ੍ਰਵਾਹੀ ਦੀ ਨਿੰਦਾ ਕੀਤੀ, ਜਿਨ੍ਹਾਂ ਨੇ ਖੇਤੀਬਾੜੀ ਨੂੰ ਸਾਂਭਣ ਦੀ ਕੋਈ ਵਿਵਸਥਾ ਨਹੀਂ ਬਣਾਈ ਹੈ। ਇਸ ਮੌਕੇ ਸਾਬਕਾ ਵਿਧਾਇਕ ਕਲੇਰ ਦੀ ਅਗਵਾਈ ਵਿਚ ਐਸ.ਡੀ.ਐਮ ਰਾਹੀ ਤਹਿਸੀਲਦਾਰ ਜਗਰਾਉਂ ਨੂੰ ਸੂਬਾ ਤੇ ਕੇਂਦਰ ਸਰਕਾਰ ਨੂੰ ਗੂੜੀ ਨੀਂਦ ਤੋਂ ਜਗਾਉਣ ਲਈ ਮੰਗ ਪੱਤਰ ਵੀ ਸੌਂਪਿਆ ਗਿਆ।

ਇਸ ਰੋਸ ਪ੍ਰਦਰਸ਼ਨ ਵਿੱਚ ਪਾਰਟੀ ਵਰਕਰਾਂ ਤੇ ਆਮ ਲੋਕਾਂ ਨੇ ਵੱਡੀ ਗਿਣਤੀ ਵਿੱਚ ਭਾਗ ਲਿਆ, ਕਿਸਾਨਾਂ ਨਾਲ ਇੱਕਮੁੱਠ ਹੋ ਕੇ ਪੰਜਾਬ ਦੇ ਕਿਸਾਨਾਂ ਲਈ ਪ੍ਰਸ਼ਾਸਨ ਤੋਂ ਜੁਆਬਦੇਹੀ ਤੈਅ ਕੀਤੀ। ਇਸ ਮੌਕੇ ਜ਼ਿਲ੍ਹਾ ਪ੍ਰਧਾਨ ਭਾਈ ਗੁਰਚਰਨ ਸਿੰਘ ਗਰੇਵਾਲ, ਸਾਬਕਾ ਚੇਅਰਮੈਨ ਕਮਲਜੀਤ ਸਿੰਘ ਮੱਲਾ, ਸਾਬਕਾ ਚੇਅਰਮੈਨ ਦੀਦਾਰ ਸਿੰਘ ਮਲਕ, ਪ੍ਰਧਾਨ ਬਿੰਦਰ ਸਿੰਘ ਮਨੀਲਾ, ਸਾਬਕਾ ਚੇਅਰਮੈਨ ਚੰਦ ਸਿੰਘ ਡੱਲਾ, ਸਰਕਲ ਪ੍ਰਧਾਨ ਸਿਵਰਾਜ ਸਿੰਘ ਸਰਪੰਚ, ਸਰਕਲ ਪ੍ਰਧਾਨ ਪਰਮਿੰਦਰ ਸਿੰਘ ਚੀਮਾ, ਸਰਕਲ ਪ੍ਰਧਾਨ ਸਰਪ੍ਰੀਤ ਸਿੰਘ ਕਾਉਂਕੇ, ਸਰਕਲ ਪ੍ਰਧਾਨ ਇਸ਼ਟਪ੍ਰੀਤ ਸਿੰਘ ਜਗਰਾਉਂ, ਪ੍ਰਧਾਨ ਪਰਮਿੰਦਰ ਸਿੰਘ ਹਠੂਰ, ਨੰਬਰਦਾਰ ਰੇਸ਼ਮ ਸਿੰਘ ਲੱਖਾ, ਸੋਹਣ ਸਿੰਘ ਤੂਰ ਆਦਿ ਹਾਜ਼ਰ ਸਨ।

# ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਵੱਲੋਂ ਮੰਗਾਂ ਨੂੰ ਲੈ ਕੇ ਰੋਸ ਪ੍ਰਦਰਸ਼ਨ



ਗਿੱਦੜਬਾਹਾ ਵਿਖੇ ਰੋਸ ਧਰਨੇ ਦੌਰਾਨ ਵਰਕਰਾਂ ਤੇ ਹੈਲਪਰਾਂ ਨੂੰ ਸੰਬੋਧਨ ਕਰਦੇ ਹੋਏ ਯੂਨੀਅਨ ਦੇ ਸੂਬਾ ਪ੍ਰਧਾਨ ਹਰਗੋਬਿੰਦ ਕੌਰ।

**ਗਿੱਦੜਬਾਹਾ (ਸ਼ਮਿੰਦਰਪਾਲ, ਪੂਜਾ)**

ਆਲ ਪੰਜਾਬ ਆਂਗਣਵਾੜੀ ਮੁਲਾਜ਼ਮ ਯੂਨੀਅਨ ਵੱਲੋਂ ਗਿੱਦੜਬਾਹਾ ਵਿਖੇ ਯੂਨੀਅਨ ਦੇ ਸੂਬਾ ਪ੍ਰਧਾਨ ਹਰਗੋਬਿੰਦ ਕੌਰ ਦੀ ਅਗਵਾਈ ਹੇਠ ਪੰਜਾਬ ਸਰਕਾਰ ਖਿਲਾਫ ਗਿੱਦੜਬਾਹਾ ਤੋਂ ਆਮ ਆਦਮੀ ਪਾਰਟੀ ਦੀ ਟਿਕਟ 'ਤੇ ਚੋਣ ਲੜ ਰਹੇ ਹਰਦੀਪ ਸਿੰਘ ਡਿੰਪੀ ਢਿੱਲੋਂ ਦੇ ਘਰ ਸਾਹਮਣੇ ਆਪਣੀਆਂ ਮੰਗਾਂ ਤੇ ਮਸਲਿਆਂ ਨੂੰ ਲੈ ਕੇ ਰੋਸ ਪ੍ਰਦਰਸ਼ਨ ਕੀਤਾ ਗਿਆ। ਇਥੇ ਇਕੱਤਰ ਹੋਈਆਂ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਨੇ ਪੰਜਾਬ ਸਰਕਾਰ ਦੇ ਖਿਲਾਫ ਜ਼ੋਰਦਾਰ ਨਾਹਰੇਬਾਜ਼ੀ ਕੀਤੀ। ਇਸ ਮੌਕੇ ਹਰਗੋਬਿੰਦ ਕੌਰ ਨੇ ਪੰਜਾਬ ਸਰਕਾਰ 'ਤੇ ਦੋਸ਼ ਲਗਾਇਆ ਕਿ ਬਹੁਤ ਹੀ ਜ਼ਰੂਰੀ ਮੰਗਾਂ ਨੂੰ ਵੀ ਪੰਜਾਬ ਸਰਕਾਰ ਵੱਲੋਂ ਲਗਾਤਾਰ ਅਣਗੌਲਿਆ ਕੀਤਾ ਜਾ ਰਿਹਾ ਹੈ ਤੇ ਇਨ੍ਹਾਂ ਮੰਗਾਂ ਨੂੰ ਲੈ ਕੇ ਜਥੇਬੰਦੀ ਦਾ ਸੰਘਰਸ਼ ਚੱਲ ਰਿਹਾ ਹੈ, ਪਰ ਮਹਿਕਮੇ ਜਾਂ ਸਰਕਾਰ ਵੱਲੋਂ ਕੋਈ ਸੁਣਵਾਈ ਨਹੀਂ ਕੀਤੀ ਜਾ ਰਹੀ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਨੇ ਸਰਕਾਰ ਬਣਨ ਤੋਂ ਪਹਿਲਾਂ ਇਹ ਵਾਅਦਾ ਕੀਤਾ ਸੀ ਕਿ ਜੇਕਰ ਉਨ੍ਹਾਂ ਦੀ ਸਰਕਾਰ ਬਣੀ ਤਾਂ ਉਹ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਦਾ ਮਾਣ ਭੱਤਾ ਦੱਗਣਾ ਕਰਨਗੇ, ਪਰ ਢਾਈ ਸਾਲ ਬੀਤ ਗਏ। ਮਾਣ ਭੱਤਾ ਦੁੱਗਣਾ ਤਾਂ ਕੀ ਕਰਨਾ ਸੀ, ਉਲਟਾ ਪਹਿਲਾਂ ਮਿਲਦਾ ਮਾਣ ਭੱਤਾ ਲੈਣ ਲਈ ਵੀ ਧਰਨੇ ਪ੍ਰਦਰਸ਼ਨ ਕਰਨੇ ਪਏ। ਇਸ ਮੌਕੇ ਹਰਗੋਬਿੰਦ ਕੌਰ ਨੇ ਕਿਹਾ ਕਿ ਜੇਕਰ ਵਰਕਰਾਂ ਤੇ ਹੈਲਪਰਾਂ ਦੀਆਂ ਮੰਗਾਂ 10 ਦਿਨਾਂ ਤੱਕ ਨਾ ਮੰਨੀਆਂ ਗਈਆਂ ਤਾਂ ਉਹ ਡਿਪਟੀ ਕਮਿਸ਼ਨਰ ਦਫਤਰ ਸ੍ਰੀ ਮੁਕਤਸਰ ਸਾਹਿਬ ਵਿਖੇ ਮਰਨ ਵਰਤ 'ਤੇ ਬੈਠਣਗੇ। ਇਸ ਮੌਕੇ ਜ਼ਿਲ੍ਹਾ ਪ੍ਰਧਾਨ ਸ਼ਿੰਦਰਪਾਲ ਕੌਰ ਥਾਂਦੇਵਾਲਾ, ਬਲਾਕ ਪ੍ਰਧਾਨ ਜਸਵਿੰਦਰ ਕੌਰ ਬੱਬੂ ਦੋਦਾ, ਗਗਨਦੀਪ ਕੌਰ ਮੱਲ੍ਹਣ, ਗਿਆਨ ਕੌਰ ਦੂਹੇਵਾਲਾ, ਲਖਵਿੰਦਰ ਕੌਰ ਹੁਸਨਰ, ਨਰਿੰਦਰ ਕੌਰ ਕੋਟਲੀ ਸੰਘਰ, ਭਿੰਦਰ ਕੌਰ ਵੜਿੰਗ, ਕੇਵਲ ਕੌਰ ਕੋਟਭਾਈ, ਰਣਬੀਰ ਕੌਰ ਗਿੱਦੜਬਾਹਾ, ਕਿਰਨਜੀਤ ਕੌਰ ਸੁਖਨਾ, ਭਿੰਦਰ ਕੌਰ ਦੋਦਾ ਤੇ ਸੁਖਵਿੰਦਰ ਕੌਰ ਦੋਦਾ ਆਦਿ ਆਗੂ ਮੌਜੂਦ ਸਨ।

## ਜ਼ਿਮਨੀ ਚੋਣਾਂ 'ਚ ਪੈਨਸ਼ਨਰ 'ਆਪ' ਉਮੀਦਵਾਰਾਂ ਦਾ ਕਰਨਗੇ ਵਿਰੋਧ : ਕੌਸ਼ਲ



**ਦੋਰਾਹਾ (ਹਰਮਿੰਦਰ ਸੇਠ)**-ਗੌਰਮਿੰਟ ਪੈਨਸ਼ਨਰਜ਼ ਐਸੋਸੀਏਸ਼ਨ ਦੋਰਾਹਾ ਦੀ ਪਵਨ ਕੁਮਾਰ ਕੌਸ਼ਲ ਦੀ ਪ੍ਰਧਾਨਗੀ ਹੇਠ ਹੋਈ ਮਹੀਨਾਵਾਰ ਮੀਟਿੰਗ ਦੇ ਸ਼ੁਰੂ ਵਿੱਚ ਪੈਨਸ਼ਨਰਜ਼ ਐਸੋਸੀਏਸ਼ਨ ਦੇ ਮੈਂਬਰ ਸ੍ਰੀ ਜਗਮੇਲ ਸਿੰਘ ਮਾਂਗਟ ਤੇ ਸ੍ਰੀ ਮੁਖਤਿਆਰ ਸਿੰਘ ਦੀ ਸੁਪਤਨੀ ਦੇ ਅਕਾਲ ਚਲਾਣੇ 'ਤੇ ਦੋ ਮਿੰਟ ਦਾ ਮੋਨ ਧਾਰ ਕੇ ਸ਼ਰਧਾਂਜਲੀ ਭੇਟ ਕੀਤੀ ਗਈ।ਮੀਟਿੰਗ ਦੌਰਾਨ ਪੰਜਾਬ ਸਰਕਾਰ ਦੀ ਪੈਨਸ਼ਨਰਜ਼ ਨਾਲ ਕੀਤੇ ਵਾਅਦਿਆਂ ਤੇ ਮੰਨੀਆਂ ਮੰਗਾਂ ਲਾਗੂ ਕਰਨ ਤੋਂ ਪਿਛਾਂਹ ਹਟਣ, ਮੰਗਾਂ ਸੰਬੰਧੀ ਪੈਨਸ਼ਨਰਜ਼ ਜਾਇੰਟ ਫਰੰਟ ਨਾਲ ਮੀਟਿੰਗਾਂ ਦੀਆਂ ਮਿਤੀਆਂ ਤਹਿ ਕਰਕੇ ਕੋਈ ਮੀਟਿੰਗ ਨਾ ਕਰਨਾ ਪੈਨਸ਼ਨਰਜ਼ ਨਾਲ ਇੱਕ ਕੋਝਾ ਮਜ਼ਾਕ ਤੇ ਵੈਸਾਖੀਆਂ ਦਾ ਸਹਾਰਾ ਲੈਣ ਵਾਲੇ ਪੈਨਸ਼ਨਰਾਂ ਦੀ ਘੋਰ ਅਣਦੇਖੀ ਕਰਨਾ ਹੈ।

ਸਰਕਾਰ ਵੱਲੋਂ ਮਾਨਯੋਗ ਹਾਈ ਕੋਰਟ ਦੇ ਪੈਨਸ਼ਨਰ ਪੱਖੀ ਫੈਸਲਿਆਂ ਨੂੰ ਲਾਗੂ ਕਰਨ ਵਿੱਚ ਬੇਲੋੜੀ ਅੜਚਣਾ ਪੈਦਾ ਕਰਨਾ ਸਰਕਾਰ ਦੀ ਪੈਨਸ਼ਨਰ ਵਿਰੋਧੀ ਨੀਤੀ ਦਾ ਇੱਕ ਮਹਤੱਵਪੂਰਨ ਹਿੱਸਾ ਬਣ ਚੁੱਕਾ ਹੈ।ਜਿਵੇਂ ਮਾਨਯੋਗ ਹਾਈ ਕੋਰਟ ਵੱਲੋਂ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੇ ਹੱਕ ਵਿੱਚ ਜਨਰਲਾਈਜ਼ ਕੀਤੇ ਫੈਸਲਿਆਂ ਨੂੰ ਲਾਗੂ ਨਾ ਕਰਨਾ, 1.1.2016 ਤੋਂ 30.6.2021 ਤੱਕ ਪੈਨਸ਼ਨ ਦੁਹਰਾਈ ਕਾਰਨ ਤੇ ਮਹਿੰਗਾਈ ਭੱਤੇ ਦੀਆਂ ਕਿਸ਼ਤਾਂ ਦੇ ਬਣਦੇ ਬਕਾਏ ਦੀ ਤੁਰੰਤ ਅਦਾਇਗੀ ਕਰਨ ਦੀ ਬਜਾਏ ਅਦਾਲਤ ਵਿੱਚ ਇਸ ਬਕਾਏ ਦੀ ਅਦਾਇਗੀ 2029-30 ਤੇ 2030-31 ਤੱਕ ਅਦਾ ਕਰਨਾ ਲਿਖ ਕੇ ਦੇ ਦਿੱਤਾ, ਜਿਸ ਨੂੰ ਮਾਨਯੋਗ ਹਾਈ ਕੋਰਟ ਨੇ ਮੰਨਣ ਤੋਂ ਇਨਕਾਰ ਕਰ ਦਿੱਤਾ।

ਸਰਕਾਰ ਦੀਆਂ ਪੈਨਸ਼ਨਰ ਵਿਰੋਧੀ ਇਨ੍ਹਾਂ ਨੀਤੀਆਂ ਨੂੰ ਲੈ ਕੇ ਇਸ ਮਹੀਨੇ ਹੋਣ ਵਾਲੀਆਂ ਚਾਰ ਵਿਧਾਨ ਸਭਾ ਜ਼ਿਮਨੀ ਚੋਣਾਂ ਦੌਰਾਨ ਆਮ ਆਦਮੀ ਪਾਰਟੀ ਦੇ ਉਮੀਦਵਾਰਾਂ ਦਾ ਵਿਰੋਧ ਕਰਨ ਦਾ ਫੈਸਲਾ ਕੀਤਾ ਗਿਆ।ਮੀਟਿੰਗ ਵਿੱਚ ਪਵਨ ਕੁਮਾਰ ਕੌਸ਼ਲ, ਰਣਜੀਤ ਸਿੰਘ ਟਿਵਾਣਾ, ਪਿਆਰਾ ਸਿੰਘ ਅੜ੍ਹਚਾਂ, ਕਮਲਜੀਤ ਸਿੰਘ, ਕਰਮ ਸਿੰਘ ਤੇ ਰੁਪਿੰਦਰ ਸਿੰਘ ਨੇ ਅਪਣੇ ਵਿਚਾਰ ਰੱਖੇ।

## ਪੰਜਾਬੀ ਲਿਖਾਰੀ ਸਭਾ ਰਾਮਪੁਰ ਵੱਲੋਂ ਬਲਵਿੰਦਰ ਪੰਧੇਰ ਦੀ ਪੁਸਤਕ ਲੋਕ ਅਰਪਣ



**ਸਮਰਾਲਾ (ਸੁਰਜੀਤ ਸਿੰਘ)**

ਪੰਜਾਬੀ ਲਿਖਾਰੀ ਸਭਾ ਰਾਮਪੁਰ ਦੀ ਸਭਾ ਦੇ ਪ੍ਰਧਾਨ ਅਨਿਲ ਫਤਹਿਗੜ੍ਹ ਜੱਟਾਂ ਦੀ ਪ੍ਰਧਾਨਗੀ ਵਿੱਚ ਹੋਈ ਮਾਸਿਕ ਮੀਟਿੰਗ ਵਿੱਚ ਪ੍ਰਵਾਸੀ ਲੇਖਕ ਬਲਵਿੰਦਰ ਪੰਧੇਰ ਦੀ ਪੁਸਤਕ 'ਸਾਡੇ ਨਾਲੋਂ ਪੰਛੀ ਚੰਗੇ' ਲੋਕ ਅਰਪਣ ਕੀਤੀ ਗਈ ਅਤੇ ਹਾਜ਼ਰ ਲੇਖਕਾਂ ਵੱਲੋਂ ਪੁਸਤਕ 'ਤੇ ਨਿੱਠ ਕੇ ਵਿਚਾਰ ਚਰਚਾ ਹੋਈ।ਲੇਖਕ ਤੇ ਪੱਤਰਕਾਰ ਜਸਬੀਰ ਸਿੰਘ ਝੱਜ ਨੇ ਕਿਹਾ ਕਿ ਲੇਖਕ ਨੇ ਪ੍ਰਵਾਸ ਦੌਰਾਨ ਹੰਢਾਏ ਹੋਏ ਸੰਤਾਪ ਨੂੰ ਇਮਾਨਦਾਰੀ ਨਾਲ ਬਿਆਨ ਕੀਤਾ ਹੈ ਅਤੇ ਉਸ ਤੋਂ ਹੋਰ ਚੰਗੇ ਸਾਹਿਤ ਦੀ ਆਸ ਕੀਤੀ ਜਾਂਦੀ ਹੈ।ਬਲਵਿੰਦਰ ਸਿੰਘ ਪੰਧੇਰ ਨੇ ਪੁਸਤਕ ਦੀ ਰਚਨਾ ਪ੍ਰਕਿਰਿਆ ਵਿੱਚੋਂ ਗੁਜ਼ਰਦਿਆਂ ਆਪਣੇ ਤਜਰਬੇ ਮੀਟਿੰਗ ਵਿੱਚ ਸਾਂਝੇ ਕੀਤੇ।ਲੰਮੀ ਚੱਲੀ ਇਸ ਮੀਟਿੰਗ ਵਿੱਚ ਵੱਡੀ ਗਿਣਤੀ ਦੂਰੋਂ ਨੇੜਿਓਂ ਆਏ ਲੇਖਕਾਂ ਨੇ ਆਪੋ ਆਪਣੀਆਂ ਰਚਨਾਵਾਂ ਪੇਸ਼ ਕੀਤੀਆਂ, ਜਿਨ੍ਹਾਂ 'ਤੇ ਲੇਖਕਾਂ ਤੇ ਆਲੋਚਕਾਂ ਵੱਲੋਂ ਉਸਾਰੂ ਸੁਝਾਅ ਦਿੱਤੇ ਗਏ।ਮੀਟਿੰਗ ਦੀ ਸ਼ੁਰੂਆਤ ਵਿੱਚ ਸਭਾ ਦੇ ਪ੍ਰਧਾਨ ਅਨਿਲ ਫਤਹਿਗੜ੍ਹ ਜੱਟਾਂ ਨੇ ਆਏ ਲੇਖਕਾਂ ਦਾ ਸਵਾਗਤ ਕੀਤਾ ਤੇ ਗ਼ਜ਼ਲਗੋ ਸੁਰਜੀਤ ਜੀਤ ਅਤੇ ਪੱਤਰਕਾਰ ਰਵਿੰਦਰ ਸਿੰਘ ਦੀਵਾਨਾ ਦੇ ਸਦੀਵੀ ਵਿਛੋੜੇ 'ਤੇ ਡੂੰਘੇ ਦੁੱਖ ਦਾ ਇਜ਼ਹਾਰ ਕਰਦਿਆਂ ਦੋ ਮਿੰਟ ਦਾ ਮੌਨ ਧਾਰਨ ਕੀਤਾ ਗਿਆ।ਰਚਨਾਵਾਂ ਦੇ ਦੌਰ ਦੀ ਸ਼ੁਰੂਆਤ ਕਮਲਜੀਤ ਨੀਲੋਂ ਦੀ ਬਾਲ ਕਹਾਣੀ 'ਚੂੰ ਚਾਂ' ਨਾਲ ਹੋਈ।ਇਸ ਕਹਾਣੀ ਵਿੱਚ ਉਨ੍ਹਾਂ ਨੇ ਪੰਜਾਬ ਵਿੱਚੋਂ ਹੋ ਰਹੇ ਪ੍ਰਵਾਸ ਤੇ ਨੌਜਵਾਨਾਂ ਨੂੰ ਚਿੜਾ ਚਿੜੀ ਦੇ ਪ੍ਰਤੀਕਾਂ ਰਾਹੀਂ ਪ੍ਰਭਾਵਸ਼ਾਲੀ ਢੰਗ ਨਾਲ ਚਿੱਤਰਣ ਕੀਤਾ, ਜਿਸ 'ਤੇ ਨਿੱਠ ਕੇ ਚਰਚਾ ਹੋਈ।ਇਸੇ ਦੌਰਾਨ ਇੰਦਰਜੀਤ, ਪ੍ਰਭਜੋਤ ਰਾਮਪੁਰ, ਗੁਰਸੇਵਕ ਸਿੰਘ ਢਿੱਲੋਂ, ਕੁਲਦੀਪ ਮਲੀਪੁਰ, ਅਮਰਿੰਦਰ ਸੋਹਲ ਨੇ ਗ਼ਜ਼ਲ, ਰੁਪਿੰਦਰ ਰੁਪਾਲ ਨੇ ਕਹਾਣੀ, ਬਲਵੰਤ ਮਾਂਗਟ ਨੇ ਲੇਖ, ਦਲਵੀਰ ਕਲੇਰ, ਤਰਨ ਰਾਮਪੁਰ, ਅਨਿਲ ਫਤਹਿਗੜ੍ਹ ਜੱਟਾਂ, ਸ਼ੇਰ ਰਾਮਪੁਰੀ, ਹਰਬੰਸ ਮਾਲਵਾ, ਸਾਧੂ ਸਿੰਘ ਝੱਜ ਤੇ ਰਾਮ ਸਿੰਘ ਭੀਖੀ ਨੇ ਗੀਤ, ਜਸਵੀਰ ਰਾਮਪੁਰ, ਨੀਤੂ ਰਾਮਪੁਰ, ਮਨਵੀਰ ਧੀਮਾਨ, ਬਲਜਿੰਦਰ ਮਾਛੀਵਾੜਾ, ਜਗਦੇਵ ਮਕਸੂਦੜਾ, ਬਲਵਿੰਦਰ ਸਿੰਘ ਪੰਧੇਰ, ਬਲਵੰਤ ਵਿਰਕ ਨੇ ਕਵਿਤਾ, ਦੀਪ ਦਿਲਬਰ ਨੇ ਜਗਦੀਸ਼ ਨੀਲੋਂ ਦਾ ਰੇਖਾ ਚਿੱਤਰ ਪੇਸ਼ ਕੀਤਾ।ਮੀਟਿੰਗ ਵਿੱਚ ਸੁਰਿੰਦਰ ਰਾਮਪੁਰੀ, ਜਸਵੀਰ ਝੱਜ, ਬਲਦੇਵ ਝੱਜ, ਕਰਨੈਲ ਸਿਵੀਆ, ਮੁਖਤਿਆਰ ਸਿੰਘ ਖੰਨਾ, ਅਮਨ ਆਜ਼ਾਦ, ਬੁੱਧ ਸਿੰਘ ਨੀਲੋਂ, ਮਨਜੀਤ ਘਣਗਸ, ਮੇਗਾ ਸਿੰਘ ਕੋਟਾਲਾ, ਮੁਕੇਸ਼ ਸਿੰਘ, ਲਖਵੀਰ ਸਿੰਘ ਲੱਭਾ ਨੇ ਪੇਸ਼ ਕੀਤੀਆਂ ਰਚਨਾਵਾਂ 'ਤੇ ਹੋਈ ਚਰਚਾ ਵਿੱਚ ਭਾਗ ਲਿਆ। ਮੀਟਿੰਗ ਵਿੱਚ ਪਹਿਲੀ ਵਾਰ ਸ਼ਾਮਲ ਹੋਏ ਜਸਵੀਰ ਕੌਰ, ਮਕੇਸ਼ ਸਿੰਘ, ਮਨਵੀਰ ਧੀਮਾਨ ਤੇ ਵਿਦੇਸ਼ੋਂ ਵਤਨ ਪਰਤੇ ਬਲਦੇਵ ਝੱਜ ਦਾ ਸਮੁੱਚੀ ਸਭਾ ਵੱਲੋਂ ਸਵਾਗਤ ਕੀਤਾ ਗਿਆ।ਲੇਖਕਾਂ ਨੇ ਅਨਿਲ ਫਤਹਿਗੜ੍ਹ ਜੱਟਾਂ ਨੂੰ ਸਰਪੰਚ ਚੁਣੇ ਜਾਣ 'ਤੇ ਵਧਾਈਆਂ ਦਿੱਤੀਆਂ।ਸਭਾ ਦੇ ਪ੍ਰਧਾਨ ਅਨਿਲ ਫ਼ਤਹਿਗੜ੍ਹ ਜੱਟਾਂ ਨੇ ਮੀਟਿੰਗ ਵਿੱਚ ਸ਼ਾਮਲ ਸਾਰੇ ਸਾਹਿਤਕਾਰਾਂ ਤੇ ਮਹਿਮਾਨਾਂ ਦਾ ਧੰਨਵਾਦ ਕੀਤਾ।ਸਭਾ ਦੀ ਕਾਰਵਾਈ ਜਨਰਲ ਸਕੱਤਰ ਬਲਵੰਤ ਮਾਂਗਟ ਵੱਲੋਂ ਬਾਖ਼ੂਬੀ ਨਿਭਾਈ ਗਈ।ਸਭਾ ਦੀ ਕਾਰਵਾਈ ਦੌਰਾਨ ਪ੍ਰਬੰਧਕੀ ਕੰਮਾਂ ਨੂੰ ਪ੍ਰਭਜੋਤ ਰਾਮਪੁਰ, ਇੰਦਰਜੀਤ ਮਲੀਪੁਰ ਤੇ ਤਰਨ ਰਾਮਪੁਰ ਨੇ ਬਹੁਤ ਸੁਚੱਜੇ ਢੰਗ ਨਾਲ ਨਿਭਾਇਆ।

## ਭਾਰਤ ਵਿਕਾਸ ਪ੍ਰੀਸ਼ਦ ਵੱਲੋਂ ਅੱਖਾਂ ਦਾ ਮੁਫਤ ਚੈੱਕਅਪ ਕੈਂਪ

- ਵਿਧਾਇਕ ਸੁੱਖਾਨੰਦ ਤੇ ਪਵਨ ਗੁਪਤਾ ਨੇ ਕੀਤਾ ਉਦਘਾਟਨ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਭਾਰਤ ਵਿਕਾਸ ਪ੍ਰੀਸ਼ਦ ਬਾਘਾ ਪੁਰਾਣਾ ਵੱਲੋਂ ਅਤੇ ਸ਼ੰਕਰਾ ਆਈ ਹਸਪਤਾਲ ਲੁਧਿਆਣਾ ਦੇ ਸਹਿਯੋਗ ਨਾਲ ਅੱਖਾਂ ਦਾ ਫਰੀ ਚੈੱਕਅਪ ਕੈਂਪ ਚੇਅਰਮੈਨ ਸ਼ਸ਼ੀ ਗਰਗ, ਪ੍ਰਧਾਨ ਭੂਸ਼ਣ ਗੋਇਲ ਦੀ ਅਗਵਾਈ ਵਿੱਚ ਮਹਿੰਦਰਾ ਪੈਲੇਸ ਵਿਖੇ ਸਵੇਰੇ ਲਗਾਇਆ ਗਿਆ। ਇਸ ਕੈਂਪ ਵਿੱਚ ਮੁੱਖ ਮਹਿਮਾਨ ਵਜੋਂ ਪੁੱਜੇ ਹਲਕਾ ਵਿਧਾਇਕ ਅੰਮ੍ਰਿਤਪਾਲ ਸਿੰਘ ਸੁਖਾਨੰਦ ਨੇ ਸ਼ਮੂਲੀਅਤ ਕੀਤੀ।ਇਸ ਕੈਂਪ ਦਾ ਉਦਘਾਟਨ ਸ੍ਰੀ ਬਾਲਾ ਜੀ ਸੀਮਿੰਟ ਇੰਡਸਟਰੀ ਦੇ ਮਾਲਕ ਪਵਨ ਗੁਪਤਾ ਨੇ ਕੀਤਾ।ਲਗਾਏ ਗਏ ਕੈਂਪ ਵਿੱਚ ਬਾਊ ਭਗਵੰਤ ਰਾਏ ਅਗਰਵਾਲ ਪ੍ਰਾਜੈਕਟ ਚੇਅਰਮੈਨ, ਸ਼ਸ਼ੀ ਗਰਗ ਚੇਅਰਮੈਨ, ਭੂਸ਼ਣ ਗੋਇਲ ਪ੍ਰਧਾਨ, ਦਵਿੰਦਰ ਬਾਂਸਲ ਸੈਕਟਰੀ, ਅਜੈ ਗੁਬੰਰ ਕੈਸ਼ੀਅਰ, ਪ੍ਰੇਮ ਪਾਲ ਗਰਗ ਸਟੇਟ ਮੈਂਬਰ, ਯੋਗੇਸ਼ ਗੋਇਲ, ਮਨੋਜ ਗੋਇਲ, ਦੀਪਕ ਤਲਵਾੜ, ਸੰਜੇ ਬਾਂਸਲ, ਹਰਪ੍ਰੀਤ ਸਿੰਘ ਘੋਟੂ, ਸੰਜੀਵ ਮਿੱਤਲ ਆੜ੍ਹਤੀ, ਰਮਨ ਅਗਰਵਾਲ ਐਕਸਪਰਟ ਇਮੀਗ੍ਰੇਸ਼ਨ, ਦੀਪਕ ਗਰਗ ਬੌਬੀ, ਕੇਵਲ ਕ੍ਰਿਸ਼ਨ ਬਾਂਸਲ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਉਨ੍ਹਾਂ ਵੱਲੋਂ ਕੀਤੇ ਜਾਂਦੇ ਸਮਾਜ ਸੇਵੀ ਕੰਮਾਂ ਵਿੱਚ ਉਨ੍ਹਾਂ ਵੱਲੋਂ ਪਹਿਲੀ ਵਾਰ ਬਾਘਾ ਪੁਰਾਣਾ ਵਿਖੇ ਅੱਖਾਂ ਦਾ ਫਰੀ ਚੈੱਕਅਪ ਕੈਂਪ ਲਗਾਇਆ ਗਿਆ ਹੈ, ਜਿਸ ਵਿੱਚ ਵੱਡੀ ਗਿਣਤੀ ਵਿੱਚ ਲੋੜਵੰਦ ਲੋਕ ਪੁੱਜੇ, ਜੋ ਆਪਣਾ ਇਲਾਜ ਕਰਵਾਉਣ ਤੋਂ ਅਸਮਰਥ ਹਨ।ਇਸ ਕੈਂਪ ਵਿੱਚ ਜਿੱਥੇ ਮਰੀਜ਼ਾਂ ਨੂੰ ਚੈੱਕਅਪ ਦੌਰਾਨ ਫਰੀ ਦਵਾਈਆਂ ਦਿੱਤੀਆਂ ਗਈਆਂ, ਉਥੇ ਹੀ ਲੋੜਵੰਦਾਂ ਨੂੰ ਐਨਕਾਂ ਵੀ ਮੁਹੱਈਆ ਕਰਵਾਈਆਂ ਗਈਆਂ।ਵਿਧਾਇਕ ਅੰਮ੍ਰਿਤਪਾਲ ਸਿੰਘ ਸੁਖਾਨੰਦ ਨੇ ਕਿਹਾ ਕਿ ਭਾਰਤੀ ਵਿਕਾਸ ਪ੍ਰੀਸ਼ਦ ਵੱਲੋਂ ਲਗਾਏ ਗਏ ਅੱਖਾਂ ਦੇ ਫਰੀ ਚੈੱਕਅਪ ਕੈਂਪ ਬਹੁਤ ਹੀ ਸ਼ਲਾਘਾਯੋਗ ਕਾਰਜ ਹੈ।ਉਨ੍ਹਾਂ ਕਿਹਾ ਕਿ ਅੱਖਾਂ ਕੁਦਰਤ ਦੀ ਇਕ ਅਨਮੋਲ ਦਾਤ ਹੈ, ਜਿਸ ਤੋਂ ਬਿਨਾਂ ਸਾਡੀ ਜ਼ਿੰਦਗੀ ਵਿੱਚ ਹਨੇਰਾ ਹੈ, ਇਸ ਲਈ ਸਾਨੂੰ ਸਮੇਂ ਸਮੇਂ 'ਤੇ ਅੱਖਾਂ ਦਾ ਚੈੱਕਅਪ ਕਰਵਾਉਣਾ ਚਾਹੀਦਾ ਹੈ ਤੇ ਸੰਭਾਲ ਕਰਨੀ ਚਾਹੀਦੀ ਹੈ।

ਇਸ ਮੌਕੇ ਭਾਰਤੀ ਵਿਕਾਸ ਪ੍ਰੀਸ਼ਦ ਦੇ ਸਮੂਹ ਮੈਂਬਰਾਂ ਵੱਲੋਂ ਮੁੱਖ ਮਹਿਮਾਨ ਵਿਧਾਇਕ ਅੰਮ੍ਰਿਤਪਾਲ ਸਿੰਘ ਸੁਖਾਨੰਦ ਤੇ ਸ੍ਰੀ ਬਾਲਾ ਜੀ ਸੀਮਿੰਟ ਇੰਡਸਟਰੀ ਪਵਨ ਗੁਪਤਾ ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ।ਇਸ ਮੌਕੇ ਦੀ ਇੰਮੀਗ੍ਰੇਸ਼ਨ ਪਲੈਨਰ ਦੇ ਹੈੱਡ ਯੋਗੇਸ਼ ਗੋਇਲ ਤੇ ਮਹਿੰਦਰਾ ਪੈਲੇਸ ਦੇ ਲਵਲੀ ਬਾਂਸਲ ਨੇ ਵੱਧ ਚੜ੍ਹ ਕੇ ਸਹਿਯੋਗ ਕੀਤਾ। ਇਸ ਮੌਕੇ ਚਾਹ, ਪਾਣੀ ਦਾ ਵਧੀਆ ਪ੍ਰਬੰਧ ਕੀਤਾ ਗਿਆ ਸੀ।

6-Nov-PAGE-8.qxd 11/5/2024 10:49 PM Page 1



## ਜਨਮ ਦਿਨ ਮੁਬਾਰਕ


ਦਕਸ਼ਿਤ ਕੁਮਾਰ, ਨਾਭਾ


ਸਾਹਿਬ ਸਿੰਘ ਕਪੂਰਥਲਾ


ਗੁਰਮਿਹਰ, ਮਲੋਟ


ਪਊਸ਼ ਭਗਤ, ਬਟਾਲਾ

# ਨਵੰਬਰ 1984 'ਚ ਹੋਈ ਸਿੱਖ ਨਸਲਕੁਸ਼ੀ ਦੇ ਸੰਬੰਧ 'ਚ ਕੀਤੀ ਪੰਥਕ ਕਾਨਫਰੰਸ




**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**— ਭਾਰਤੀ ਹਕੂਮਤ ਅਤੇ ਹਿੰਦੂਤਵੀ ਭੀੜਾਂ ਦੁਆਰਾ ਨਵੰਬਰ 1984 ਵਿੱਚ ਦਿੱਲੀ ਅਤੇ ਭਾਰਤ ਦੇ ਵੱਖ-ਵੱਖ ਰਾਜਾਂ ਵਿੱਚ ਯੋਜਨਾ ਵੱਧ ਤਰੀਕੇ ਨਾਲ ਸਿੱਖਾਂ ਦੀ ਵੱਡੇ ਪੱਧਰ 'ਤੇ ਕੀਤੀ ਗਈ, ਸਿੱਖ ਨਸਲ ਕੁਸ਼ੀ ਦੇ ਸਬੰਧ ਵਿੱਚ ਹੁਸ਼ਿਆਰਪੁਰ ਦੀਆਂ ਸਮੂਹ ਸਿੱਖ ਜਥੇਬੰਦੀਆਂ ਵੱਲੋਂ ਗੁਰਦੁਆਰਾ ਸ੍ਰੀ ਗੁਰੂ ਸਾਹਿਬ ਰੇਲਵੇ ਰੋਡ ਵਿਖੇ ਪੰਥਕ ਕਾਨਫਰੰਸ ਕਰਵਾਈ ਗਈ। ਇਸ ਸਮੇਂ ਅੰਮ੍ਰਿਤ ਕੌਰ ਸਪੁੱਤਰੀ ਸ਼ਹੀਦ ਭਾਈ ਬੇਅੰਤ ਸਿੰਘ ਵਿਸ਼ੇਸ਼ ਤੌਰ ਤੇ ਸ਼ਾਮਿਲ ਹੋਏ। ਇਸ ਪੰਥਕ ਇਕੱਠ ਨੂੰ ਸਿੱਖ ਬੁੱਧੀਜੀਵੀ ਗੁਰਜੰਟ ਸਿੰਘ ਬੱਲ, ਐਡਵੋਕੇਟ ਪਰਮਿੰਦਰ ਸਿੰਘ ਵਿਜ, ਮਨਜੀਤ ਸਿੰਘ ਕਰਤਾਰਪੁਰ, ਗੁਰਨਾਮ ਸਿੰਘ ਸਿੰਗੜੀਵਾਲਾ, ਗੁਰਪ੍ਰੀਤ ਸਿੰਘ ਖੁੱਡਾ, ਨੋਬਲਜੀਤ ਸਿੰਘ ਬੱਲੋਵਾਲ ਤੇ ਗੁਰਦੀਪ ਸਿੰਘ ਖੁਣ ਖੁਣ ਨੇ ਸੰਗਤਾਂ ਨੂੰ ਸੰਬੋਧਨ ਕਰਦਿਆਂ ਹੋਇਆ ਕਿਹਾ ਕਿ ਭਾਰਤੀ ਹਕੂਮਤ ਦੀ ਸ਼ਹਿ ਤੇ ਯੋਜਨਾ ਵੱਧ ਤਰੀਕੇ ਨਾਲ ਹਜ਼ਾਰਾਂ ਬੇਕਸੂਰ ਸਿੱਖਾਂ ਨੂੰ ਕੋਹ ਕੋਹ ਕੇ ਸ਼ਹੀਦ ਕੀਤਾ ਕੀਤਾ ਗਿਆ ਅਤੇ ਵੱਡੀ ਗਿਣਤੀ ਵਿੱਚ ਸਿੱਖ ਔਰਤਾਂ ਦੇ ਨਾਲ ਜਬਰ ਜਨਾਹ ਹੋਇਆ ਜਿਸ ਵਿੱਚ ਬੱਚਿਆਂ ਤੱਕ ਨੂੰ ਵੀ ਬਖਸ਼ਿਆ ਨਹੀਂ ਗਿਆ ਤੇ ਇਤਿਹਾਸਿਕ ਗੁਰਦੁਆਰਾ ਸਾਹਿਬਾਨ ਨੂੰ ਵੀ ਹਿੰਦੂਤਵੀ ਭੀੜਾਂ ਵਲੋਂ ਨਿਸ਼ਾਨਾ ਬਣਾਇਆ ਗਿਆ ਤੇ ਇਸ ਸਿੱਖ ਨਸਲਕੁਸ਼ੀ ਦੇ 40 ਸਾਲ ਪੂਰੇ ਹੋਣ ਤੇ ਇੱਕ ਵੀ ਦੋਸ਼ੀ ਨੂੰ ਸਜ਼ਾ ਨਹੀਂ ਹੋਈ ਜੋ ਕਿ ਅਖੌਤੀ ਭਾਰਤੀ ਲੋਕਤੰਤਰ ਦੇ ਮੱਥੇ ਤੇ ਕਲੰਕ ਹੈ ਤੇ ਇਸ ਨਸਲਕੁਸ਼ੀ ਨੂੰ ਸਿੱਖ ਕੌਮ ਨਾ ਕਦੀ ਭੁੱਲੀ ਹੈ ਨਾ ਕਦੀ ਭੁੱਲੇਗੀ ਇਸ ਸਮੇਂ ਉਨਾਂ ਨੇ ਕਿਹਾ ਕਿ ਮੌਜੂਦਾ ਸਮੇਂ ਦੌਰਾਨ ਵੀ ਜੋ ਦੇਸ਼ ਵਿਦੇਸ਼ ਵਿੱਚ ਆਜ਼ਾਦੀ ਚਾਹੁਣ ਵਾਲੇ ਸਿੱਖਾਂ ਦੀ ਟਾਰਗਟ ਕਿਲਿੰਗ ਹੋ ਰਹੀ ਹੈ ਉਹ ਵੀ ਸਿੱਖ ਨਸਲ ਕੁਸ਼ੀ ਦਾ ਹੀ ਹਿੱਸਾ ਹੈ ਜਿਸ ਨੂੰ ਸਿੱਖ ਕੌਮ ਬਿਲਕੁਲ ਬਰਦਾਸ਼ਤ ਨਹੀਂ ਕਰੇਗੀ ਅਤੇ ਇਸ ਦਾ ਡੱਟ ਕੇ ਵਿਰੋਧ ਕਰੇਗੀ । ਸਟੇਜ ਸਕੱਤਰ ਦੀ ਸੇਵਾ ਪੱਤਰਕਾਰ ਭੁਪਿੰਦਰ ਸਿੰਘ ਸੱਜਣ ਨੇ ਨਿਭਾਈ। ਇਸ ਸਮੇਂ ਕਰਨੈਲ ਸਿੰਘ ਲਵਲੀ, ਅਕਬਰ ਸਿੰਘ ਬੂਰੇ ਜੱਟਾਂ, ਕੁਲਜਿੰਦਰ ਸਿੰਘ ਘੁੰਮਣ ਕੰਢੀ ਕਿਸਾਨ ਯੂਨੀਅਨ, ਕਰਨੈਲ ਸਿੰਘ ਘੋੜਾਬਾਹਾ, ਜਤਿੰਦਰ ਸਿੰਘ ਸਾਹਿਬਜ਼ਾਦਾ ਅਜੀਤ ਸਿੰਘ ਨਗਰ, ਸੁਖਦੇਵ ਸਿੰਘ ਕਾਹਰੀ, ਹਰਜਿੰਦਰ ਸਿੰਘ ਜਿੰਦਾ, ਰਣਵੀਰ ਸਿੰਘ ਬੈਂਸਤਾਨੀ, ਲੰਬੜਦਾਰ ਮਨਜੀਤ ਸਿੰਘ, ਸੁਖਜਿੰਦਰ ਸਿੰਘ ਸਾਬੀ, ਸਰਬਜੋਤ ਸਿੰਘ ਹਰਿਆਣਾ, ਪਰਮਿੰਦਰ ਸਿੰਘ ਮਕੇਰੀਆਂ, ਨਿਹੰਗ ਕੇਵਲ ਸਿੰਘ, ਜਸਵੀਰ ਸਿੰਘ ਮਿਸਲ ਪੰਜ ਆਬ, ਇੰਜੀਨੀਅਰ ਜਗਜੀਤ ਸਿੰਘ, ਅਮਰਜੀਤ ਸਿੰਘ ਗੋਕਲ ਨਗਰ, ਪਰਮਜੀਤ ਸਿੰਘ ਮਿੰਟੂ, ਗੁਰਦੀਪ ਸਿੰਘ ਖੁੱਡਾ, ਬਲਜਿੰਦਰ ਸਿੰਘ ਭੱਟੀਆਂ, ਮਾਸਟਰ ਦਲਵਿੰਦਰ ਸਿੰਘ ਖੁਣ ਖੁਣ, ਮਨਪ੍ਰੀਤ ਸਿੰਘ ਹੁਸ਼ਿਆਰਪੁਰ, ਹਰਪ੍ਰੀਤ ਸਿੰਘ ਪੇਂਟੂ, ਜਸਵਿੰਦਰ ਪਾਲ ਸਿੰਘ ਜੀ ਪੀ,ਜਸਵਿੰਦਰ ਪਾਲ ਸਿੰਘ ਜੀ ਪੀ, ਚਰਨਜੀਤ ਸਿੰਘ, ਰਣਜੀਤ ਸਿੰਘ ਪ੍ਰੀਤਾ, ਵਿਜੇ ਕੁਮਾਰ ਬਬਲੂ, ਸੁਮਿਤ ਚਾਵਲਾ, ਹਰਪਾਲ ਸਿੰਘ ਪਾਲੀ, ਹਰਦੀਪ ਸਿੰਘ ਬੂਥਗੜ੍ਹ, ਲਾਡੀ ਆਨੰਦਗੜ੍ਹ, ਸੁਖਦੇਵ ਸਿੰਘ ਸੁੱਖਾ, ਮਹਿੰਦਰ ਸਿੰਘ ਕਾਹਰੀ ਤੇ ਦਿਲਬਾਗ ਸਿੰਘ ਪਥਰਾਲੀਆਂ ਆਦਿ ਹਾਜ਼ਰ ਸਨ।

## ਸ੍ਰੀ ਕੁੰਦਨ ਲਾਲ ਰਾਮ ਲੀਲ੍ਹਾ ਕਲੱਬ ਦੇ ਕਲਾਕਾਰਾਂ ਦਾ ਸਨਮਾਨ



**ਲੋਹੀਆਂ ਖਾਸ (ਯੋਗੇਸ਼ਵਰ)** : ਸ੍ਰੀ ਕੁੰਦਨ ਲਾਲ ਰਾਮਲੀਲ੍ਹਾ ਕਲੱਬ ਰਜਿ. ਲੋਹੀਆਂ ਖਾਸ ਦੇ ਕਲਾਕਾਰਾਂ ਦਾ ਚੰਡੀਗੜ੍ਹ ਦੀ ਸੰਸਥਾ ਜਨ ਸੇਵਾ ਵੈਲਫੇਅਰ ਸੁਸਾਇਟੀ ਰਜਿ. ਵੱਲੋਂ ਸਨਮਾਨ ਕੀਤਾ ਗਿਆ। ਇਸ ਸਮਾਗਮ ਵਿੱਚ ਫਿਲਮੀ ਕਲਾਕਾਰ ਬੀਐਨੱ ਸ਼ਰਮਾ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ।ਇਸ ਮੌਕੇ ਮੁੱਖ ਮਹਿਮਾਨ ਬੀ.ਐਨੱ ਸ਼ਰਮਾ ਵੱਲੋਂ ਡਾਇਰੈਕਟਰ ਪ੍ਰੇਮ ਕੁਮਾਰ ਸੱਦੀ ਅਤੇ ਜਗਰਾਜ ਯਾਦਵ ਨੂੰ ਲਾਇਫ ਅਚੀਫ਼ਮੈਂਟ ਟਾਈਮ ਐਵਾਰਡ ਦਿੱਤਾ ਗਿਆ। ਇਸ ਮੌਕੇ ਚੰਡੀਗੜ੍ਹ ਦੀ ਸੰਸਥਾ ਵੱਲੋਂ ਪ੍ਰਭੂ ਸ੍ਰੀ ਰਾਮਚੰਦਰ ਤੇ ਲਕਸ਼ਮਣ ਅਤੇ ਹਨੂੰਮਾਨ ਸਵਰੂਪ ਦਾ ਹਰ ਸਾਲ ਸਨਮਾਨ ਕੀਤਾ ਜਾਂਦਾ ਹੈ ਅਤੇ ਰਾਮਲੀਲ੍ਹਾ ਵਿੱਚ ਵਧੀਆ ਸਹਿਯੋਗ ਕਰਨ ਵਾਲੇ ਕਲਾਕਾਰਾਂ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ। ਇਸ ਮੌਕੇ ਡਾਇਰੈਕਟਰ ਪ੍ਰੇਮ ਕੁਮਾਰ ਸੱਦੀ, ਮਨੀਸ਼ ਕੁਮਾਰ, ਸ਼ੁਭਮ ਸ਼ਰਮਾ, ਪਰਮਜੀਤ ਸਿੰਘ ਪੰਮਾ, ਗੋਰਵ ਸੱਦੀ, ਪ੍ਰੇਮ ਕੁਮਾਰ ਟਾਰਗੇਟ ਹਾਜ਼ਰ ਸਨ।

# ਸਰਕਾਰੀ ਕਾਲਜ 'ਚ 'ਰਾਸ਼ਟਰੀ ਏਕਤਾ ਦਿਵਸ' ਮਨਾਇਆ



**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**- ਸਰਕਾਰੀ ਕਾਲਜ, ਹੁਸ਼ਿਆਰਪੁਰ ਵਿੱਚ ਕਾਲਜ ਦੇ ਪ੍ਰਿੰਸੀਪਲ ਅਨੀਤਾ ਸਾਗਰ ਦੀ ਅਗਵਾਈ ਵਿੱਚ ਰੈੱਡ ਰਿਬਨ ਕਲੱਬ ਅਤੇ ਐਨ.ਐਸ.ਐਸ. ਇੰਚਾਰਜ ਪ੍ਰੋ. ਵਿਜੇ ਕੁਮਾਰ ਦੇ ਸਹਿਯੋਗ ਨਾਲ "ਰਾਸ਼ਟਰੀ ਏਕਤਾ ਦਿਵਸ" ਮਨਾਇਆ ਗਿਆ। ਇਸ ਦਿਵਸ ਦੇ ਮੌਕੇ 'ਤੇ ਸੈਮੀਨਾਰ, ਭਾਸ਼ਣ ਕਰਵਾਉਣ, ਪੋਸਟਰ ਬਣਾਉਣ, ਸਹੁੰ ਚੁੱਕ ਸਮਾਗਮ ਕਰਵਾਏ ਗਏ, ਜਿਨ੍ਹਾਂ ਨੂੰ ਕਰਵਾਉਣ ਦਾ ਮਕਸਦ ਰਾਸ਼ਟਰੀ ਏਕਤਾ ਬਾਰੇ ਵਿਦਿਆਰਥੀਆਂ ਨੂੰ ਜਾਣਕਾਰੀ ਦੇਣਾ ਸੀ।ਰੈੱਡ ਰਿਬਨ ਕਲੱਬ ਅਤੇ ਐਨ.ਐਸ.ਐਸ. ਇੰਚਾਰਜ ਪ੍ਰੋ. ਵਿਜੇ ਕੁਮਾਰ ਨੇ ਇਸ ਸਮੇਂ ਸਰਦਾਰ ਵੱਲਭ ਭਾਈ ਪਟੇਲ ਜੀ ਦੀ ਜਯੰਤੀ ਤੇ ਮਨਾਏ ਜਾਣ ਵਾਲੇ "ਰਾਸ਼ਟਰੀ ਏਕਤਾ ਦਿਵਸ" ਤੇ ਉਹਨਾਂ ਦੇ ਜੀਵਨ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਅਤੇ ਇਸ ਦਿਵਸ ਦੇ ਮਹੱਤਵ ਤੇ ਚਾਨਣਾ ਪਾਇਆ। ਉਹਨਾਂ ਕਿਹਾ ਕਿ ਸਾਨੂੰ ਸਭ ਨੂੰ ਸਰਦਾਰ ਵੱਲਭ ਭਾਈ ਪਟੇਲ ਜੀ ਦੀ ਤਰ੍ਹਾਂ ਹੀ ਸਮਾਜ ਅਤੇ ਦੇਸ਼ ਪ੍ਰਤੀ ਬਣਦੇ ਫਰਜ਼ ਨੂੰ ਇਮਾਨਦਾਰੀ ਦੇ ਨਾਲ ਨਿਭਾਉਣਾ ਚਾਹੀਦਾ ਹੈ। ਉਹਨਾਂ ਨੇ ਅੱਜ ਦੇ ਸਮੇਂ ਵਿੱਚ ਦੇਸ਼ ਵਿੱਚ ਬਣੇ ਮਾਹੌਲ ਤੇ ਚਿੰਤਾ ਪ੍ਰਗਟ ਕਰਦੇ ਹੋਏ ਸਾਰਿਆਂ ਨੂੰ ਜਾਤ-ਪਾਤ, ਉੱਚ-ਨੀਚ, ਧਰਮ ਤੋਂ ਉਪਰ ਉਠ ਦੇ ਇੱਕ ਚੰਗਾ ਇਨਸਾਨ ਬਣਨ ਲਈ ਪ੍ਰੇਰਿਤ ਕੀਤਾ।ਪ੍ਰੋ. ਵਿਜੇ ਕੁਮਾਰ ਨੇ ਸਮਾਜ ਵਿੱਚ ਫੈਲੇ ਹੋਏ ਹਰ ਇੱਕ ਅੰਤਰ ਨੂੰ ਮਿਟਾਉਣ ਦੀ ਅਤੇ ਏਕਤਾ ਵਿੱਚ ਇਕੱਠੇ ਰਹਿਣ ਦੀ ਸਹੁੰ ਵੀ ਚੁਕਾਈ। ਵਿਦਿਆਰਥੀਆਂ ਵੱਲੋਂ ਪੋਸਟਰ ਬਣਾਏ ਗਏ। ਵਿਦਿਆਰਥੀਆਂ ਨੇ ਭਾਸ਼ਣ ਦੇ ਮਾਧਿਅਮ ਰਾਹੀਂ ਰਾਸ਼ਟਰੀ ਏਕਤਾ 'ਤੇ ਚਾਨਣਾ ਪਾਇਆ। ਇਸ ਵਿੱਚ ਖੁਸ਼ਬੂ ਨੇ ਪਹਿਲਾ, ਮੁਸਕਾਨ ਨੇ ਦੂਜਾ ਅਤੇ ਜੈਸਮੀਨ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਜੇਤੂ ਵਿਦਿਆਰਥੀਆਂ ਨੂੰ ਮੋਮੈਂਟੋ ਦੇ ਕੇ ਸਨਮਾਨਿਤ ਕੀਤਾ ਗਿਆ। ਪ੍ਰੋ. ਰਣਜੀਤ ਕੁਮਾਰ, ਪ੍ਰੋ. ਕੁਲਵਿੰਦਰ ਕੌਰ, ਨਿਰਮਲ ਸਿੰਘ ਅਤੇ ਹਿੰਮਤ ਕੁਮਾਰ ਵੀ ਇਸ ਮੌਕੇ ਹਾਜ਼ਰ ਸਨ।

# ਚਰਨਜੀਤ ਸਿੰਘ ਚੰਨੀ ਨੇ ਦਾਣਾ ਮੰਡੀ ਦਾ ਆਪਣੇ ਸਾਥੀਆਂ ਸਮੇਤ ਕੀਤਾ ਦੌਰਾ



**ਫਿਲੌਰ (ਨਿਰਮਲ)** ਸਾਬਕਾ ਮੁੱਖ ਮੰਤਰੀ ਪੰਜਾਬ ਤੇ ਮੌਜੂਦਾ ਐਮ ਪੀ ਚਰਨਜੀਤ ਸਿੰਘ ਚੰਨੀ ਨੇ ਦਾਣਾ ਮੰਡੀ ਫਿਲੌਰ ਦਾ ਆਪਣੇ ਸਾਥੀਆਂ ਸਮੇਤ ਦੌਰਾ ਕੀਤਾ ਅਤੇ ਕਿਸਾਨ ਤੇ ਆੜ੍ਹਤੀਆਂ ਨਾਲ ਗੱਲਬਾਤ ਕੀਤੀ ਅਤੇ ਉਨ੍ਹਾਂ ਦੀਆਂ ਮੁਸਕਲਾਂ ਸੁਣੀਆਂ। ਉਪਰੰਤ ਉਨ੍ਹਾਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਸੂਬੇ ਦੇ ਆਮ ਆਦਮੀ ਪਾਰਟੀ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੋਤਾ ਬਣਕੇ ਰਹਿ ਗਏ ਹਨ, ਜਿਨ੍ਹਾਂ ਆਪ ਕੁਝ ਨਹੀਂ ਕਰਦੇ ਸਗੋਂ ਆਪਣੇ ਆਕਾਵਾਂ ਦੇ ਹੁਕਮਾਂ ਦੀ ਠੋਕ ਕੇ ਪਾਲਣਾ ਕਰ ਰਹੇ ਹਨ,ਜਿਸ ਕਾਰਨ ਸਾਡੇ ਪੰਜਾਬ ਦੇ ਕਿਸਾਨ ਅਤੇ ਆੜ੍ਹਤੀਏ ਸੜਕਾਂ ਤੇ ਰੁੱਲ ਰਹੇ ਹਨ। ਮੰਡੀਆਂ ਅੰਦਰ ਲੱਖਾਂ ਕੁਇੰਟਲਾਂ ਦੇ ਹਿਸਾਬ ਨਾਲ ਫ਼ਸਲ ਫੜਾਂ 'ਤੇ ਰੁੱਲ ਰਹੀ ਹੈ,ਢੋਆ ਢੁਆਈ ਦਾ ਕਿਧਰੇ ਨਾਮੋ ਨਿਸ਼ਾਨ ਨਹੀਂ ਹੈ। ਇਸ ਮੌਕੇ ਗੁਲਸ਼ਨ ਅਹੂਜਾ, ਲਖਵਿੰਦਰ ਸਿੰਘ ਮੋਤੀਪੁਰ, ਰਵੀ ਕਾਂਤ ਗੁਪਤਾ, ਪ੍ਰਦੀਪ ਵਸੰਦਰਾਏ, ਅਸ਼ੋਕ ਗੁਪਤਾ, ਜੈਪਾਲ, ਰਾਜ ਕੁਮਾਰ ਸੰਧੂ ਕੌਂਸਲਰ, ਯਸ਼ ਪਾਲ ਗਿੰਢਾ ਕੌਂਸਲਰ,ਮੱਖਣ ਸਿੰਘ ਖਹਿਰਾ ਸਾਬਕਾ ਚੇਅਰਮੈਨ, ਰਜਿੰਦਰ ਸੰਧੂ,ਦੇਸ ਰਾਜ ਮੱਲ, ਬਲਵਿੰਦਰ ਸਿੰਘ ਬਿੱਟੂ ਗੰਨਾ ਪਿੰਡ, ਸੁਖਦੇਵ ਸਿੰਘ ਔਲਖ ਗੜ੍ਹਾ,ਦੀਪਾ ਥੰਮਨਵਾਲ, ਜੀਤਾ ਢੇਸੀ ਰੁਪੋਵਾਲ ਅਤੇ ਹੋਰ ਹਾਜ਼ਰ ਸਨ।

# ਕੇਵਲ ਕ੍ਰਿਸ਼ਨ ਨੂੰ ਨਿੱਘੀ ਵਿਦਾਇਗੀ ਪਾਰਟੀ



**ਬਲਾਚੌਰ (ਜਸਵਿੰਦਰ ਬੈਂਸ)** - ਨਗਰ ਕੌਂਸਲ ਬਲਾਚੌਰ ਦੇ ਕਾਰਜ ਸਾਧਕ ਅਫਸਰ ਕੇਵਲ ਕ੍ਰਿਸ਼ਨ ਨੂੰ ਉਨ੍ਹਾਂ ਦੀ ਸੇਵਾ ਮੁਕਤੀ ਤੇ ਸਮੁੱਚੇ ਸਟਾਫ ਵਲੋਂ ਨਿੱਘੀ ਵਿਦਾਇਗੀ ਪਾਰਟੀ ਦਿੱਤੀ ਗਈ ਜਿਸ ਵਿਚ ਵਿਸ਼ੇਸ਼ ਤੌਰ 'ਤੇ ਏ ਡੀ ਸੀ ਰਜੀਵ ਵਰਮਾ ਅਤੇ ਐਸ ਡੀ ਐਮ ਬਲਾਚੌਰ ਪ੍ਰੀਤਇੰਦਰ ਸਿੰਘ ਬੈਂਸ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ। ਉਨ੍ਹਾਂ ਕਾਰਜ ਸਾਧਕ ਅਫਸਰ ਕੇਵਲ ਕ੍ਰਿਸ਼ਨ ਨੂੰ ਆਪਣੇ ਵਿਭਾਗ ਲਈ ਲਗਭਗ 25 ਸਾਲ ਦੀਆਂ ਦਿੱਤੀਆਂ ਬੇਦਾਗ ਸੇਵਾਵਾਂ ਉਪਰੰਤ ਸੇਵਾ ਮੁਕਤ ਹੋਣ 'ਤੇ ਵਧਾਈ ਦਿੱਤੀ ਅਤੇ ਭਵਿੱਖ ਲਈ ਸ਼ੁਭ ਕਾਮਨਾਵਾਂ ਭੇਟ ਕੀਤੀਆਂ।ਕਾਰਜ ਸਾਧਕ ਅਫਸਰ ਕੇਵਲ ਕ੍ਰਿਸ਼ਨ ਨੇ ਮੁੱਖ ਮਹਿਮਾਨਾਂ ਅਤੇ ਸਮੁੱਚੇ ਸਟਾਫ ਦਾ ਨਿੱਘੀ ਵਿਦਾਇਗੀ ਪਾਰਟੀ ਦੇਣ 'ਤੇ ਤਹਿ ਦਿਲੋਂ ਧੰਨਵਾਦ ਕੀਤਾ।ਇਸ ਮੌਕੇ ਹਰਜਿੰਦਰ ਸਿੰਘ ਸੇਠੀ ਐਕਸੀਅਨ, ਹਰਪ੍ਰੀਤ ਸਿੰਘ ਏ ਐਮ ਈ, ਵਿਜੇ ਕੁਮਾਰ ਅਕਾਊਂਟੈਂਟ, ਦਿਨੇਸ਼ ਕੁਮਾਰ ਐਸ ਓ, ਭਰਤ ਭੂਸ਼ਣ ਸੈਨੇਟਰੀ ਇੰਸਪੈਕਟਰ, ਧਨਵੰਤ ਸਿੰਘ, ਪਰਵਿੰਦਰ ਕੁਮਾਰ, ਸੁਰਿੰਦਰ ਪਾਲ ਵਿਜੇ ਕੁਮਾਰ, ਚੰਦ ਰੂਪ, ਬਲਵੰਤ ਰਾਮ, ਅਨਿਲ ਕੁਮਾਰ, ਦਾਤਾਰ ਸਿੰਘ, ਰਜਨੀਸ਼ ਕੁਮਾਰ, ਧੰਨਾ ਰਾਮ, ਰਜਿੰਦਰ ਕੁਮਾਰ, ਰਜਤ ਮੀਲੂ, ਵਰਿੰਦਰ ਕੁਮਾਰ, ਅਜੇ ਕੁਮਾਰ, ਅਨੀਤਾ ਜੋਸ਼ੀ, ਮਨਿੰਦਰ ਕੌਰ, ਗੀਤੀਕਾ ਰਾਣੀ, ਗੀਨਾ ਰਾਣੀ, ਮੋਨਿਕਾ ਰਾਣੀ ਆਦਿ ਹਾਜ਼ਰ ਸਨ।

# ਟਰੈਫਿਕ ਨਿਯਮਾਂ ਨੂੰ ਬਹਾਲ ਰੱਖਣ ਲਈ ਚਲਾਈ ਮੁਹਿੰਮ ਤਹਿਤ ਵਿਸ਼ੇਸ਼ ਚੈਕਿੰਗ

**ਭੁਲੱਥ, (ਮਨਪ੍ਰੀਤ ਸਿੰਘ)** ਐਸ ਐਸ ਪੀ ਕਪੂਰਥਲਾ ਮੈਡਮ ਵਤਸਲਾ ਗੁਪਤਾ ਦੀਆਂ ਹਦਾਇਤਾਂ ਅਨੁਸਾਰ ਤੇ ਡੀ.ਐਸ.ਪੀ ਭੁਲੱਥ ਕਰਨੈਲ ਸਿੰਘ ਦੀ ਅਗਵਾਈ ਹੇਠ ਅਨੁਸਾਰ ਭੁਲੱਥ 'ਚ ਟਰੈਫਿਕ ਸਮੱਸਿਆਵਾਂ ਨੂੰ ਰੋਕਣ ਲਈ ਅਤੇ ਟਰੈਫਿਕ ਨਿਯਮਾਂ ਨੂੰ ਬਹਾਲ ਰੱਖਣ ਲਈ ਚਲਾਈ ਮੁਹਿੰਮ ਤਹਿਤ ਬੇਗੋਵਾਲ, ਨਡਾਲਾ ਅਤੇ ਭੁਲੱਥ ਤਨਾਇਤ ਕੀਤੇ ਗਏ ਟਰੈਫਿਕ ਇੰਚਾਰਜ ਸੁਖਵਿੰਦਰ ਸਿੰਘ ਅਤੇ ਏ.ਐਸ.ਆਈ ਗੁਰਦੀਪ ਸਿੰਘ ਵੱਲੋਂ ਵੱਖ-ਵੱਖ ਚੌਂਕਾਂ 'ਚ ਗੱਡੀਆਂ ਮੋਟਰਸਾਈਕਲ ਅਤੇ ਹੋਰ ਵਹੀਕਲਾਂ ਦੀ ਚੈਕਿੰਗ ਕੀਤੀ ਗਈ ਅਤੇ ਬਿਨਾਂ ਕਾਗਜਾਤਾਂ ਤੋਂ ਚੱਲ ਰਹੇ ਵਹੀਕਲਜ਼ ਦੇ ਚਲਾਨ ਕੱਟੇ ਮੋਟਰਸਾਈਕਲ ਤੇ ਪ੍ਰੈਸ਼ਰ ਹਾਰਨ ਵਾਲੇ ਵਹੀਕਲਾਂ ਤੇ ਨੋ ਪਾਰਕਿੰਗ ਵਿੱਚ ਲੱਗੇ ਵਾਹਨਾਂ ਦੇ ਚਲਾਨ ਕੱਟੇ।ਇਸ ਤੋਂ ਇਲਾਵਾ ਬਾਜ਼ਾਰ ਦੇ ਦੁਕਾਨਦਾਰਾਂ ਨੂੰ ਹਦਾਇਤਾਂ ਦਿੰਦਿਆ ਕਿਹਾ ਕਿ ਉਹ ਸਮਾਨ ਵਧਾ ਕੇ ਦੁਕਾਨਾਂ ਤੋਂ ਅੱਗੇ ਨਾ ਰੱਖਣ ਤਾਂ ਕਿ ਟਰੈਫਿਕ ਸਮੱਸਿਆ ਪੈਦਾ ਨਾ ਹੋਵੇ, ਟਰੈਫਿਕ ਇੰਚਾਰਜ ਸੁਖਵਿੰਦਰ ਸਿੰਘ ਨੇ ਦੱਸਿਆ ਕਿ ਆਉਣ ਵਾਲੇ ਦਿਨਾਂ ਅੰਦਰ ਬੇਗੋਵਾਲ ਤੇ ਨਡਾਲਾ ਕਸਬਿਆ ਅੰਦਰ ਚੈਕਿੰਗ ਮੁਹਿੰਮ ਹੋਰ ਤੇਜ਼ ਕੀਤੀ ਜਾਵੇਗੀ।ਉਨ੍ਹਾਂ ਕਿਹਾ ਕਿ ਕਸਬੇ ਵਿੱਚ ਟਰੈਫਿਕ ਵਿਵਸਥਾ ਨੂੰ ਸੁਚਾਰੂ ਢੰਗ ਨਾਲ ਚਲਾਉਣ ਲਈ ਪੁਖਤਾ ਪ੍ਰਬੰਧ ਕੀਤੇ ਜਾਣਗੇ।



## ਦੋਆਬਾ ਪਬਲਿਕ ਸਕੂਲ ਦੋਹਲਰੋਂ ਨੇ ਰੰਗੋਲੀ ਮੁਕਾਬਲੇ 'ਚ ਮਾਰੀ ਬਾਜ਼ੀ

**ਮਾਹਿਲਪੁਰ (ਸ਼ਫ਼ਰੀ)** - ਇਲਾਕੇ ਦੀ ਪ੍ਰਸਿੱਧ ਵਿੱਦਿਅਕ ਸੰਸਥਾ ਦੋਆਬਾ ਪਬਲਿਕ ਸਕੂਲ ਦੋਹਲਰੋਂ, ਮਾਹਿਲਪੁਰ ਮੈਨੇਜ਼ਿੰਗ ਡਾਇਰੈਕਟਰ ਹਰਜਿੰਦਰ ਸਿੰਘ ਗਿੱਲ ਦੀ ਅਗਵਾਈ ਹੇਠ, ਆਪਣੇ ਵਿਦਿਆਰਥੀਆਂ ਨੂੰ ਪ੍ਰਗਤੀ ਦੀਆਂ ਉੱਚਾਈਆਂ ਤੱਕ ਪਹੁੰਚਾ ਰਿਹਾ ਹੈ। ਸੀ.ਬੀ.ਐਸ.ਸੀ. ਸਕੂਲਜ਼ ਦੇ ਸਹੋਦਿਆ ਗਰੁੱਪ ਵਲੋਂ ਜਲੰਧਰ ਵਿੱਚ ਆਯੋਜਿਤ ਕੀਤੇ ਰੰਗੋਲੀ ਮੁਕਾਬਲੇ ਵਿੱਚ 22 ਸਕੂਲਾਂ ਨੇ ਭਾਗ ਲਿਆ ਅਤੇ ਇਸ ਦਾ ਥੀਮ ਨੇਚਰ ਗਲੋਂ ਦਿੱਤਾ ਗਿਆ।ਪ੍ਰਿੰਸੀਪਲ ਅਰੁਣ ਗੁਪਤਾ ਨੇ ਦੱਸਿਆ ਕਿ ਦੋਆਬਾ ਸਕੂਲ ਦੀਆਂ ਵਿਦਿਆਰਥਣਾਂ ਦੀਕਸ਼ਾ ਤੇ ਭਵਨਪ੍ਰੀਤ ਕੌਰ ਨੇ ਰੰਗੋਲੀ ਵਿੱਚ ਕੁਸ਼ਲ ਕਲਾਕਾਰੀ ਦਾ ਪ੍ਰਦਰਸ਼ਨ ਕੀਤਾ, ਜਿਸ ਨਾਲ ਉਹਨਾਂ ਨੂੰ ਪਹਿਲਾ ਸਥਾਨ ਮਿਲਿਆ।ਉਹਨਾਂ ਦੁਆਰਾ ਬਣਾਈ ਬੁੱਧਾ ਦੀ ਰੰਗੋਲੀ ਜਿੱਥੇ ਪ੍ਰਕਿਰਤੀ ਨੂੰ ਜੀਵੰਤ ਰੂਪ ਦੇਣ ਵਿੱਚ ਸਫਲ ਰਹੀ, ਉੱਥੇ ਦਰਸ਼ਕਾਂ ਅਤੇ ਨਿਰਣਾਇਕ ਮੰਡਲ ਨੂੰ ਵੀ ਅਚੰਭਿਤ ਕਰ ਗਈ।ਵਿਦਿਆਰਥੀਆਂ ਨੂੰ ਟਰਾਫੀ ਅਤੇ ਸਰਟੀਫਿਕੇਟ ਨਾਲ ਸਨਮਾਨਿਤ ਕੀਤਾ।ਇਹ ਜਿੱਤ ਪੂਰੇ ਸਕੂਲ ਲਈ ਮਾਣ ਦੀ ਗੱਲ ਹੈ।ਇਸ ਮੌਕੇ ਮੈਡਮ ਸੁਖਵਿੰਦਰ ਕੌਰ ਗਿੱਲ, ਪੂਜਾ ਰਾਣੀ, ਸ਼ੈਲੀ ਸ਼ਰਮਾ, ਅਜੈ ਕੁਮਾਰੀ, ਅਮਨਦੀਪ ਕੌਰ, ਵਿਨੈ ਕੁਮਾਰ, ਸੁਹੇਲ ਗਾਂਧੀ, ਦੀਪਿਕਾ, ਪੂਨਮ ਬਾਲਾ, ਸਿੰਮੀ ਸਹੋਤਾ, ਕਮਲਪ੍ਰੀਤ ਸਿੰਘ ਸਮੇਤ ਸਟਾਫ ਨੇ ਖੁਸ਼ੀ ਦਾ ਇਜ਼ਹਾਰ ਕੀਤਾ ।

## ਚੱਬੇਵਾਲ ਵਿਧਾਨ ਸਭਾ ਜ਼ਿਮਨੀ ਚੋਣ ਲਈ ਵੋਟਿੰਗ ਮਿਤੀ 'ਚ ਬਦਲਾਅ

**ਹੁਸ਼ਿਆਰਪੁਰ (ਓ ਪੀ ਰਾਣਾ)** : ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਕੋਮਲ ਮਿੱਤਲ ਨੇ ਦੱਸਿਆ ਕਿ ਭਾਰਤੀ ਚੋਣ ਕਮਿਸ਼ਨ ਵੱਲੋਂ ਚੱਬੇਵਾਲ ਜ਼ਿਮਨੀ ਚੋਣ ਲਈ ਵੋਟਿੰਗ ਦੀ ਮਿਤੀ ਵਿੱਚ ਤਬਦੀਲੀ ਕਰਦਿਆਂ 13 ਨਵੰਬਰ ਦੀ ਥਾਂ 20 ਨਵੰਬਰ ਨਿਸ਼ਚਿਤ ਕੀਤੀ ਗਈ ਹੈ। ਜ਼ਿਲ੍ਹਾ ਚੋਣ ਅਫ਼ਸਰ ਨੇ ਦੱਸਿਆ ਕਿ ਵੋਟਾਂ ਦੀ ਗਿਣਤੀ ਅਤੇ ਚੋਣ ਕੰਮ ਮੁਕੰਮਲ ਕਰਨ ਦੀਆਂ ਤਰੀਕਾਂ ਵਿੱਚ ਕੋਈ ਬਦਲਾਅ ਨਹੀਂ ਕੀਤਾ ਗਿਆ ਹੈ ਅਤੇ ਵੋਟਾਂ ਦੀ ਗਿਣਤੀ 23 ਨਵੰਬਰ ਨੂੰ ਹੋਵੇਗੀ ਅਤੇ ਚੋਣ ਦਾ ਕੰਮ 25 ਨਵੰਬਰ ਨੂੰ ਮੁਕੰਮਲ ਕੀਤਾ ਜਾਵੇਗਾ। ਜ਼ਿਕਰਯੋਗ ਹੈ ਕਿ ਚੋਣ ਕਮਿਸ਼ਨ ਨੇ ਇਹ ਬਦਲਾਅ ਵੱਖ-ਵੱਖ ਮਾਨਤਾ ਪ੍ਰਾਪਤ ਰਾਸ਼ਟਰੀ ਅਤੇ ਰਾਜ ਪੱਧਰੀ ਰਾਜਨੀਤਿਕ ਪਾਰਟੀਆਂ ਅਤੇ ਕੁਝ ਸਮਾਜਿਕ ਸੰਸਥਾਵਾਂ ਵੱਲੋਂ ਕੀਤੀ ਬੇਨਤੀ ਦੇ ਮੱਦੇਨਜ਼ਰ ਕੀਤਾ ਹੈ।

## ਕਬਾੜ ਦੇ ਗੁਦਾਮ 'ਚ ਅੱਗ ਨਾਲ ਲੱਖਾਂ ਦਾ ਨੁਕਸਾਨ

**ਫਿਲੌਰ ( ਨਿਰਮਲ)**- ਬੀਤੀ ਰਾਤ, ਸਿਕਸ ਲਾਈਨ 'ਤੇ ਮਈਆ ਭਗਵਾਨ ਦੇ ਡੇਰੇ ਨੇੜੇ ਇੱਕ ਕਬਾੜ ਦੇ ਭਰੇ ਗੁਦਾਮ ਨੂੰ ਅੱਗ ਲੱਗ ਗਈ। ਇਹ ਘਟਨਾ ਕਰੀਬ 1 ਤੋਂ 1:30 ਵਜੇ ਦੇ ਦਰਮਿਆਨ ਵਾਪਰੀ। ਕਬਾੜ ਦੇ ਮਾਲਿਕ ਰਿਕੂ ਗਿਰਧਾਰੀ, ਜੋ ਕਿ ਫਿਲੌਰ ਦੇ ਰਹਿਣ ਵਾਲੇ ਹਨ, ਨੇ ਦੱਸਿਆ ਕਿ ਅੱਗ ਬੁਝਾਉਣ ਲਈ ਫਿਲੌਰ, ਲੁਧਿਆਣਾ ਅਤੇ ਫਗਵਾੜਾ ਤੋਂ ਫਾਇਰ ਬ੍ਰਿਗੇਡ ਦੀਆਂ ਗੱਡੀਆਂ ਮੰਗਵਾਈਆਂ ਗਈਆਂ।ਫਾਇਰ ਬ੍ਰਿਗੇਡ ਨੇ ਭਾਰੀ ਜੱਦੋ ਜਹਿਦ ਦੇ ਨਾਲ ਅੱਗ 'ਤੇ ਕਾਬੂ ਪਾਇਆ। ਇਸ ਹਾਦਸੇ ਵਿੱਚ 35 ਤੋਂ 40 ਲੱਖ ਰੁਪਏ ਦਾ ਸਮਾਨ ਸੜ ਕੇ ਸੁਆਹ ਹੋ ਗਿਆ। ਅੱਗ ਲੱਗਣ ਦੇ ਕਾਰਨਾਂ ਦਾ ਪਤਾ ਨਹੀਂ ਚੱਲ ਸਕਿਆ ਹੈ। ਇਸ ਹਾਦਸੇ ਨਾਲ ਬਿਲਡਿੰਗ ਵੀ ਬੁਰੀ ਤਰ੍ਹਾਂ ਸੜ ਗਈ। ਏ ਐਸ ਆਈ ਧਰਮਿੰਦਰ ਅਤੇ ਅੰਗਰੇਜ਼ ਸਿੰਘ ਪੁਲਸ ਪਾਰਟੀ ਨਾਲ ਮੌਕੇ 'ਤੇ ਪੁੱਜੇ।

## ਬਲਵਿੰਦਰ ਕੌਰ ਸਰਬਸੰਮਤੀ ਨਾਲ ਸਰਪੰਚ ਚੁਣੀ



**ਨਵਾਂਸ਼ਹਿਰ ( ਕੁਲਵਿੰਦਰ ਸਿੰਘ ਦੁਰਗਾਪੁਰੀਆ)** —ਇੱਥੋਂ ਨਜ਼ਦੀਕੀ ਪਿੰਡ ਆਲੋਵਾਲ ਦੇ ਸੂਝਵਾਨ ਵੋਟਰਾਂ ਵੱਲੋਂ ਬਲਵਿੰਦਰ ਕੌਰ ਸਰਬਸੰਮਤੀ ਨਾਲ ਸਰਪੰਚ ਚੁਣੀ ਗਈ । ਸਾਬਕਾ ਇੰਚਾਰਜ ਮੱਖਣ ਲਾਲ ਚੌਹਾਨ ਨੇ ਕਿਹਾ ਕਿ ਪਾਰਟੀਬਾਜ਼ੀ ਤੋਂ ਉੱਪਰ ਉੱਠ ਕੇ ਪਿੰਡ ਜਿਸ ਤੇ ਫੁੱਲ ਚੜਾਉਂਦਿਆਂ ਪਿੰਡ ਆਲੋਵਾਲ ਦੀ ਪੰਚਾਇਤ ਦੇ ਵਸਨੀਕਾਂ ਵੱਲੋਂ ਸਰਬਸੰਮਤੀ ਨਾਲ ਆਪਣੀ ਪੰਚਾਇਤ ਚੁਣੀ ਗਈ। ਸਰਪੰਚ ਬਲਵਿੰਦਰ ਕੌਰ, ਪੰਚ ਮਨਜੀਤ ਕੌਰ, ਪੰਚ ਸੀਮਾ, ਪੰਚ ਕਮਲ, ਪੰਚ ਲਛਮਣਦਾਸ,ਪੰਚ ਗੁਰਚਰਨ ਸਿੰਘ ਨੂੰ ਚੁਣਿਆ ਗਿਆ। ਇੱਕ ਵਿਸ਼ੇਸ਼ ਧੰਨਵਾਦੀ ਸਮਾਗਮ ਰੱਖਿਆ ਗਿਆ ਜਿਸ 'ਚ ਚੌਹਾਨ ਨੇ ਲੋਕਾਂ ਨੂੰ ਸੰਬੋਧਨ ਹੁੰਦਿਆਂ ਕਿਹਾ ਕਿ ਪਿੰਡ ਵਾਸੀ ਵਧਾਈ ਦੇ ਪਾਤਰ ਹਨ ਜਿਨ੍ਹਾਂ ਨੇ ਆਪਣੀ ਪੰਚਾਇਤ ਬਿਨਾਂ ਕਿਸੇ ਲੜਾਈ ਝਗੜੇ ਤੋਂ ਸ਼ਾਂਤ ਮਾਹੌਲ ਵਿੱਚ ਚੁਣੀ, ਤਾਂ ਜੋ ਪਿੰਡ ਦਾ ਸਰਬਪੱਖੀ ਵਿਕਾਸ ਹੋ ਸਕੇ। ਇਸ ਮੌਕੇ ਸੁਰਜੀਤ ਕਰੀਮਪੁਰੀ ਜਸਵਿੰਦਰ ਰਟੈਂਡਾ, ਡਾ. ਕਮਲਜੀਤ ਸਿੰਘ ਐਮ ਸੀ ਨਵਾਂਸ਼ਹਿਰ, ਸਾਬਕਾ ਸਰਪੰਚ ਨਿਸ਼ਾਨ ਸਿੰਘ, ਸੁੱਚਾ ਸਿੰਘ, ਵਾਹਿਗੁਰੂ ਸਿੰਘ, ਪਿਆਰਾ ਲਾਲ, ਸੰਤੋਖ ਸਿੰਘ, ਸੁਰਜੀਤ ਰਾਮ ਮੋਹਨ ਲਾਲ, ਸੋਨਾ, ਜਗਤਾਰ ਆਦਿ ਮੌਜੂਦ ਸਨ।

# ਮਿਸ਼ਨਰੀ ਗੀਤਕਾਰ ਨੇਕਾ ਮੱਲਾਂ ਬੇਦੀਆਂ ਨੂੰ ਸ਼ਰਧਾਂਜਲੀਆਂ ਭੇਟ



**ਬੰਗਾ (ਅਵਤਾਰ ਕਲੇਰ)**- ਮਿਸ਼ਨਰੀ ਗੀਤਕਾਰ, ਗਾਇਕ, ਪੱਤਰਕਾਰ ਨੇਕਾਂ ਮੱਲਾਂ ਬੇਦੀਆਂ ਦੀ ਅੰਤਿਮ ਅਰਦਾਸ ਮੌਕੇ ਵੱਖ ਵੱਖ ਆਗੂਆਂ ਵਲੋਂ ਸ਼ਰਧਾਂਜਲੀ ਭੇਟ ਕੀਤੀ ਗਈ। ਨੇਕਾ ਮੱਲਾਂ ਬੇਦੀਆਂ ਪਿਛਲੇ 13 ਸਾਲਾਂ ਤੋਂ ਵੀਲ ਚੇਅਰ ਤੇ ਸਨ। ਜਿਨ੍ਹਾਂ ਨੇ ਵੀਹਲ ਚੇਅਰ ਦੀ ਪ੍ਰਵਾਹ ਨਾ ਕਰਦੇ ਹੋਏ ਗੁਰੂ ਗ੍ਰੰਥ ਸਾਹਿਬ ਜੀ, ਗੁਰੂ ਰਵਿਦਾਸ ਮਹਾਰਾਜ ਜੀ, ਬਾਬਾ ਸਾਹਿਬ ਡਾ ਅੰਬੇਡਕਰ ਜੀ, ਸਾਹਿਬ ਸ੍ਰੀ ਕਾਂਸ਼ੀ ਰਾਮ ਜੀ ਅਤੇ ਭੈਣ ਮਾਇਆਵਤੀ ਜੀ ਦੇ ਬੋਲਾਂ ਨੂੰ ਇੰਨ ਬਿੰਨ ਲਾਗੂ ਕਰਨ ਲਈ ਉਹ ਗਾਉਂਦਾ ਅਤੇ ਲਿਖਦਾ ਰਿਹਾ। ਜਸਵੀਰ ਸਿੰਘ ਗੜ੍ਹੀ ਬਸਪਾ ਪ੍ਰਧਾਨ ਪੰਜਾਬ ਨੇ ਸੰਬੋਧਨ ਕਰਦਿਆਂ ਕਿਹਾ ਕਿ ਨੇਕਾ ਮੱਲਾਂ ਬੇਦੀਆਂ ਗਰੀਬਾਂ ਦਾ ਰਾਜ ਭਾਗ ਲਿਆਉਣ ਲਈ ਸਾਰੀ ਜ਼ਿੰਦਗੀ ਲਿਖਦਾ ਅਤੇ ਗਾਉਂਦਾ ਰਿਹਾ। ਪੰਜਾਬ ਵਿੱਚ ਹੀ ਨਹੀਂ ਪੂਰੇ ਵਿਸ਼ਵ ਦੇ ਲੋਕੀਂ ਇਸ ਵਰਕਰ ਨੂੰ ਜਾਣਦੇ ਸਨ। ਸਤਪਾਲ ਵਿਰਕ ਸਾਬਕਾ ਸਰਪੰਚ ਅਤੇ ਰਾਮ ਸਰੂਪ ਸਾਬਕਾ ਸਰਪੰਚ ਵੱਲੋਂ ਉਸ ਦੇ ਪਰਿਵਾਰ ਨੂੰ ਕੁਝ ਆਰਥਿਕ ਸਹਾਇਤਾ ਭੇਟ ਕੀਤੀ ਗਈ। ਪ੍ਰਵੀਨ ਬੰਗਾ ਇੰਚਾਰਜ ਲੋਕ ਸਭਾ ਹਲਕਾ ਆਨੰਦਪੁਰ ਸਾਹਿਬ ਜੀ ਨੇ ਕਿਹਾ ਕਿ ਨੇਕਾਂ ਮੱਲਾਂ ਬੇਦੀਆਂ ਉਹ ਇਨਸਾਨ ਸਨ ਜੋ ਕਿ ਸੱਚੀ ਗੱਲ ਮੂੰਹ ਤੇ ਕਹਿ ਦਿੰਦੇ ਸਨ। ਵਿਜੇ ਗੁਣਾਚੌਰ, ਨਰਿੰਦਰ ਮਾਈ ਦੱਤਾ ਸਰਪੰਚ ਨੇ ਪੁਰਾਣੇ ਸਮਿਆਂ ਵਿੱਚ ਗੁਜ਼ਾਰੇ ਨੇਕਾਂ ਮੱਲਾਂ ਬੇਦੀਆਂ ਨਾਲ ਦਿਨਾਂ ਨੂੰ ਯਾਦ ਕੀਤਾ ਗਿਆ। ਇਸ ਮੌਕੇ ਮਿਸ਼ਨਰੀ ਗਾਇਕ ਰਾਜ ਦਦਰਾਲ ਨੰਬਰਦਾਰ , ਸੋਨੀ ਸਰੋਆਂ,ਅਸ਼ੋਕ ਕੁਮਾਰ ਸਾਬਕਾ ਸਰਪੰਚ ਖੋਥੜਾ, ਸੱਤਪਾਲ ਵਿਰਕ ਸਾਬਕਾ ਸਰਪੰਚ, ਰਾਮ ਸਰੂਪ ਸਾਬਕਾ ਸਰਪੰਚ,ਰਾਮ ਲੁਭਾਇਆ ਪ੍ਰਧਾਨ ਬਸਪਾ ਬੰਗਾ, ਹਰਮੇਸ਼ ਵਿਰਦੀ ਜਨਰਲ ਸਕੱਤਰ ਬਸਪਾ ਹਲਕਾ ਬੰਗਾ, ਪਰਮਜੀਤ ਮਹਿਰਮਪੁਰੀ, ਅਮਰੀਕ ਬੀਸਲਾ,ਸੁਰਿੰਦਰ ਮੰਡੇਰ,ਧਰਮਪਾਲ ਤਲਵੰਡੀ,ਸੋਹਣ ਲਾਲ ਰਟੈਂਡਾ, ਸੋਮ ਲਾਲ ਰਟੈਂਡਾ, ਸਤਪਾਲ ਅੌੜ, ਧੰਨਾ ਸਿੰਘ, ਲਖਵਿੰਦਰ ਸਿੰਘ ਲੱਖਾ,ਜਤਿੰਦਰ ਜੱਸੀ ਖਮਾਚੋਂ, ਡਾ. ਵਿਜੇ ਮੁਸਾਪੁਰ, ਰਾਜਵੀਰ ਕੌਰ ਸਰਪੰਚ ਮੱਲਾਂ ਬੇਦੀਆਂ, ਚਰਨਜੀਤ ਸੱਲ੍ਹਾ ਨੰਬਰਦਾਰ, ਰਾਮੇਸ਼ ਸਿੰਘ ਚੱਕ ਕਲਾਲ,ਜਗਤਾਰ ਸਿੰਘ ਰਿਟਾਇਰ ਇੰਸਪੈਕਟਰ,ਸੰਗੀਤ ਸੰਸਥਾ ਦੋਆਬਾ ਬੰਗਾ, ਸੁਰ ਸੰਗੀਤ ਸੰਸਥਾ ਦੋਆਬਾ ਨਵਾਂਸ਼ਹਿਰ ਦੇ ਸਮੂਹ ਮੈਂਬਰ, ਕਲਾਕਾਰ ਸੰਗੀਤ ਸੰਸਥਾ ਨਵਾਂਸ਼ਹਿਰ, ਨਿਰਮਲ ਕੌਰ ਧੀਰ ਸਰਪੰਚ, ਧਰਮਪਾਲ ਕਲੇਰ,ਬਿੱਲ ਬਸਰਾ, ਜਾਗ੍ਰਤੀ ਕਲਾਂ ਕੇਂਦਰ ਅੌੜ, ਗਾਇਕ ਦਿਲਵਰ ਸਿੰਘ ਹਾਜ਼ਰ ਸਨ। ਡਾ ਨਛੱਤਰ ਪਾਲ ਵਿਧਾਇਕ, ਮਿਸ਼ਨਰੀ ਗੀਤਕਾਰ ਰੱਤੂ ਰੰਧਾਵਾ, ਕੁਲਵਿੰਦਰ ਬਿੱਲਾ ਯੂ ਕੇ, ਬਸਪਾ ਸਪੋਰਟਰ ਯੂ ਕੇ, ਅਸਟ੍ਰੇਲੀਆ, ਕਨੇਡਾ, ਜਰਮਨੀ, ਅਮਰੀਕਾ, ਯੋਰਪ ਨੇ ਸ਼ੋਕ ਸੰਦੇਸ਼ ਭੇਜੇ।ਸਟੇਜ ਸਕੱਤਰ ਦੀ ਭੂਮਿਕਾ ਮਿਸ਼ਨਰੀ ਗਾਇਕ ਰੂਪ ਲਾਲ ਧੀਰ ਨੇ ਬਾਖੂਬੀ ਨਿਭਾਈ।

## ਡਾ. ਮਹਿੰਦਰ ਕੁਮਾਰ ਮਲਹੋਤਰਾ ਜੁਆਇੰਟ ਸੈਕਟਰੀ ਨਿਯੁਕਤ



**ਅੱਡਾ ਸਰਾਂ (ਜਸਵੀਰ ਕਾਜਲ)**-ਡਾਕਟਰ ਮਹਿੰਦਰ ਕੁਮਾਰ ਮਲਹੋਤਰਾ ਨੂੰ ਨੈਸ਼ਨਲ ਕ੍ਰਾਈਮ ਕੰਟਰੋਲ ਆਰਗੇਨਾਈਜ਼ੇਸ਼ਨ ਵਲੋਂ ਆਲ ਇੰਡੀਆ ਜੁਆਇੰਟ ਸੈਕਟਰੀ ਨਿਯੁਕਤ ਕੀਤਾ ਗਿਆ ਹੈ।ਇਸ ਸਬੰਧੀ ਮਿਲੀ ਜਾਣਕਾਰੀ ਅਨੁਸਾਰ ਨੈਸ਼ਨਲ ਕ੍ਰਾਈਮ ਕੰਟਰੋਲ ਆਰਗੇਨਾਈਜ਼ੇਸ਼ਨ ਦੇ ਚੇਅਰਮੈਨ ਅਮਨ ਗੁਪਤਾ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਅਤੇ ਨੈਸ਼ਨਲ ਹੈੱਡ ਸੁਨੀਲ ਅੱਤਰੀ ਦੀ ਅਗਵਾਈ ਹੇਠ ਗੜ੍ਹਦੀਵਾਲਾ ਦੇ ਨੇੜਲੇ ਪਿੰਡ ਬਾਹਗਾ ਦੇ ਡਾਕਟਰ ਮਹਿੰਦਰ ਕੁਮਾਰ ਮਲਹੋਤਰਾ ਨੂੰ ਨੈਸ਼ਨਲ ਆਲ ਇੰਡੀਆ ਜੁਆਇੰਟ ਸੈਕਟਰੀ ਨਿਯੁਕਤ ਕਰਦਿਆਂ ਨਿਯੁਕਤੀ ਪੱਤਰ ਸੌਂਪਿਆ ਗਿਆ। ਉਨ੍ਹਾਂ ਭਰੋਸਾ ਪ੍ਰਗਟ ਕਰਦਿਆਂ ਕਿਹਾ ਕਿ ਡਾਕਟਰ ਮਹਿੰਦਰ ਕੁਮਾਰ ਮਲਹੋਤਰਾ ਪੂਰੀ ਤਨਦੇਹੀ ਨਾਲ ਕੰਮ ਕਰਕੇ ਲੋਕਾਂ ਦੀ ਭਲਾਈ ਲਈ ਕੰਮ ਕਰਨਗੇ । ਇਸ ਮੌਕੇ ਡਾਕਟਰ ਮਹਿੰਦਰ ਕੁਮਾਰ ਮਲਹੋਤਰਾ ਨੇ ਸੰਸਥਾ ਦੇ ਚੇਅਰਮੈਨ ਸੁਨੀਲ ਅੱਤਰੀ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਉਨ੍ਹਾਂ ਨੂੰ ਸੌਂਪੀ ਗਈ ਜ਼ਿੰਮੇਵਾਰੀ ਨੂੰ ਤਨਦੇਹੀ ਨਾਲ ਨਿਭਾਉਣਗੇ।

## ਬਾਬਾ ਰਾਮ ਚੰਦ ਸ਼ਾਹ ਕਾਦਰੀ ਦੀ ਯਾਦ 'ਚ ਮੇਲਾ ਕਰਵਾਇਆ



**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ )** ਪਿੰਡ ਫੁਗਲਾਣਾ ਵਿਖੇ ਦਰਬਾਰ ਬਾਬਾ ਰਾਮ ਚੰਦ ਸ਼ਾਹ ਕਾਦਰੀ ੀ ਦੇ ਅਸਥਾਨ 'ਤੇ ਸਮੂਹ ਨਗਰ ਨਿਵਾਸੀਆਂ, ਗ੍ਰਾਮ ਪੰਚਾਇਤ, ਪ੍ਰਵਾਸੀ ਭਾਰਤੀਆਂ ਅਤੇ ਇਲਾਕੇ ਦੇ ਸਹਿਯੋਗ ਨਾਲ ਦਰਬਾਰ ਬਾਬਾ ਰਾਮ ਚੰਦ ਸ਼ਾਹ ਕਾਦਰੀ ਪ੍ਰਬੰਧਕ ਕਮੇਟੀ ਵੱਲੋਂ ਬਾਬਾ ਰਾਮ ਚੰਦ ਸ਼ਾਹ ਦੀ ਯਾਦ ਵਿੱਚ ਸਾ ਜੋੜ ਮੇਲਾ ਸ਼ਰਧਾ ਭਾਵਨਾ ਨਾਲ ਕਰਵਾਇਆ ਗਿਆ। ਇਸ ਮੌਕੇ ਮੁੱਖ ਸੇਵਾਦਾਰ ਨਰਿੰਦਰ ਕੁਮਾਰ, ਕੈਪਟਨ ਰਾਮ ਦੇਵ ਰਾਜੂ, ਦੀਪਕ ਰਾਜੂ ਆਦਿ ਦੱਸਿਆ ਕਿ ਜੋੜ ਮੇਲੇ ਮੌਕੇ ਚਾਦਰ, ਚਿਰਾਗ ਅਤੇ ਝੰਡੇ ਦੀ ਰਸਮ ਸੰਗਤਾਂ ਵੱਲੋਂ ਅਦਾ ਕੀਤੀ ਗਈ। ਇਸ ਮੌਕੇ ਦੀਪਕ ਰਾਜੂ ਫੁਗਲਾਣਾ ਨੇ ਦੱਸਿਆ ਕਿ ਮੇਲੇ ਦੌਰਾਨ ਲਵਲੀ ਮਲਾਰ, ਕੁਲਦੀਪ ਰੂਹਾਨੀ ਇੰਟਰਨੈਸ਼ਨਲ ਕਵਾਲ, ਹਰਜੀਤ ਸਿੱਧੂ ਐਂਡ ਪਰਵੀਨ ਦਰਦੀ ਆਦਿ ਕਲਾਕਾਰ ਪੀਰਾਂ ਦੇ ਗੁਣਗਾਨ ਕੀਤੇ।ਇਸ ਮੌਕੇ ਪ੍ਰਬੰਧਕਾਂ ਵੱਲੋਂ ਆਏ ਹੋਏ ਸੰਤ ਮਹਾਂਪੁਰਸ਼ ਅਤੇ ਕਲਾਕਾਰਾਂ ਨੂੰ ਯਾਦਗਾਰੀ ਚਿੰਨ ਅਤੇ ਸਿਰਪਾਓ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਡਾਕਟਰ ਨਰਿੰਦਰ ਕੁਮਾਰ, ਕੈਪਟਨ ਰਾਮਦੇਵ ਰਾਜੂ, ਸਤਪਾਲ ਰਾਜੂ, ਦੀਪਕ ਰਾਜੂ, ਪ੍ਰਭ ਰਾਜੂ, ਪ੍ਰਿੰਸ ਰਾਜੂ, ਸਾਬਾ, ਮੰਗਾ, ਗਾਂਧੀ, ਸਾਬੀ, ਮਹਿੰਗਾ, ਗਾੜੀ, ਛੱਤਰੀ, ਸਤਪਾਲ ਰਾਜੂ, ਡਾਕਟਰ ਕੁਮਾਰ ਗੌਰਵ, ਡਾਕਟਰ ਅਮਨ, ਡਾਕਟਰ ਅਮਨਦੀਪ ਕੌਰ, ਡਾਕਟਰ ਜਸਪ੍ਰੀਤ ਕੌਰ, ਬਲਵੀਰ ਕੌਰ, ਸੁੱਖੀ ਰਾਜੂ, ਸ਼ਿੰਦਾ ਰਾਜੂ, ਦੀਪਕ ਰਾਜੂ, ਕੁਲਦੀਪ ਸਿੰਘ, ਰਮੇਸ਼ ਲਾਲ ਨਿੱਕੀ, ਮਹਿੰਗਾ ਰਾਮ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ

# ਕਸ਼ਮੀਰ ਬਜਰੋਰ ਤੇ ਮੀਨਾ ਰਾਣੀ ਦਾ ਸਨਮਾਨ



**ਫਗਵਾੜਾ ( ਜਸਵਿੰਦਰ ਢੱਡਾ, ਡਾ. ਰਮਨ)** ਨਾਟਕਾਂ ਦੇ ਮਾਧਿਅਮ ਤੋਂ ਸਮਾਜ ਨੂੰ ਸਹੀ ਸੇਧ ਦੇਣਾ ਅਤੇ ਹਾਸਿਆਂ ਦੇ ਨਾਲ ਨਾਲ ਗੰਭੀਰ ਰੋਲ ਕਰਨ ਵਾਲਾ ਰੰਗਕਰਮੀ ਅਤੇ ਇਪਟਾ ਆਰ ਸੀ ਐਫ ਇਕਾਈ ਦੇ ਪ੍ਰਧਾਨ ਕਸ਼ਮੀਰ ਬਜਰੋਰ ਅਤੇ ਉਨ੍ਹਾਂ ਦੀ ਪਤਨੀ ਮੀਨਾ ਰਾਣੀ ਨੂੰ ਬਾਬਾ ਸਾਹਿਬ ਡਾ. ਬੀ. ਆਰ. ਅੰਬੇਡਕਰ ਸੁਸਾਇਟੀ ਰਜਿ. ਰੇਲ ਕੋਚ ਫੈਕਟਰੀ ਕਪੂਰਥਲਾ ਵਲੋਂ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ।ਇਸ ਮੌਕੇ ਸੁਸਾਇਟੀ ਦੇ ਪ੍ਰਧਾਨ ਕ੍ਰਿਸ਼ਨ ਲਾਲ ਜੱਸਲ ਅਤੇ ਜਨਰਲ ਸਕੱਤਰ ਧਰਮ ਪਾਲ ਪੈਂਥਰ ਨੇ ਕਿਹਾ ਕਿ ਕਸ਼ਮੀਰ ਬਜਰੋਰ ਨੇ ਨਾਟਕਾਂ ਦਾ ਸਫਰ ਲੋਕ ਕਲਾ ਮੰਚ ਆਰ ਸੀ ਐਫ ਤੋਂ ਸ਼ੁਰੂ ਕਰਕੇ ਇੰਡੀਅਨ ਪਿਊਪਲ ਥੀਏਟਰ ਨਾਲ ਜੁੜ ਕੇ ਪੰਜਾਬ ਦੇ ਅਲੱਗ ਅਲੱਗ ਪਿੰਡਾਂ ਅਤੇ ਦੂਸਰੇ ਰਾਜਾਂ ਵਿੱਚ ਵੀ ਆਪਣੀ ਕਲਾ ਦਾ ਪ੍ਰਦਰਸ਼ਨ ਕੀਤਾ।ਸ੍ਰੀ ਬਜਰੋਰ ਨੇ ਭਾਰਤੀ ਰੇਲਵੇ ਵਿੱਚ ਆਪਣੀ ਡਿਊਟੀ ਨੂੰ ਪੂਰੀ ਤਨਦੇਹੀ ਤੇ ਇਮਾਨਦਾਰੀ ਨਾਲ ਕਰਨ ਉਪਰੰਤ ਆਰ ਸੀ ਐਫ ਦੇ ਉਤਪਾਦਨ ਵਿੱਚ ਹਿੱਸਾ ਪਾਇਆ।ਇਸ ਤੋਂ ਇਲਾਵਾ ਆਰ ਸੀ ਐਫ ਕਲਚਰਲ ਸੋਸਾਇਟੀ ਨਾਲ ਜੁੜ ਕੇ ਭਾਰਤੀ ਰੇਲਵੇ ਦੀਆਂ ਵੱਖ ਵੱਖ ਇਕਾਈਆਂ ਅਤੇ ਜੋਨਾਂ ਵਿੱਚ ਹਿੱਸਾ ਲੈ ਕੇ ਜਿਥੇ ਟੀਮ ਲਈ ਵੱਡੇ ਵੱਡੇ ਸਨਮਾਨ ਹਾਸਿਲ ਕੀਤੇ ਉਥੇ ਰੇਲ ਕੋਚ ਫ਼ੈਕਟਰੀ ਦਾ ਨਾਮ ਵੀ ਰੌਸ਼ਨ ਕੀਤਾ।ਆਪਣੇ ਸਨਮਾਨ ਵਿੱਚ ਬੋਲਦਿਆਂ ਕਸ਼ਮੀਰ ਬਜਰੋਰ ਨੇ ਕਿਹਾ ਕਿ ਇਲਾਕੇ ਦੀ ਸਮਾਜ ਸੇਵੀ ਸੰਸਥਾ ਬਾਬਾ ਸਾਹਿਬ ਡਾ. ਬੀ. ਆਰ. ਅੰਬੇਡਕਰ ਸੋਸਾਇਟੀ ਰਜਿ. ਰੇਲ ਕੋਚ ਫੈਕਟਰੀ ਕਪੂਰਥਲਾ ਵੱਲੋਂ ਮੈਨੂੰ ਅਤੇ ਮੇਰੇ ਪਰਿਵਾਰ ਨੂੰ ਸਨਮਾਨਿਤ ਮੇਰੇ ਲਈ ਬਹੁਤ ਹੀ ਫ਼ਖਰ ਵਾਲੀ ਗੱਲ ਹੈ।

## ਡੇਰਾਬੱਸੀ ਤੇ ਮੋਹਾਲੀ ਸੇਵਾ ਕੇਂਦਰ ਐਤਵਾਰ ਨੂੰ ਵੀ ਸੇਵਾ ਦੇਣਗੇ

**ਐਸ.ਏ.ਐਸ.ਨਗਰ, (ਕ੍ਰਿਸ਼ਨ ਗਰਗ)** ਜ਼ਿਲ੍ਹੇ ਵਿੱਚ ਸਮਰਪਿਤ ਆਧਾਰ ਅੱਪਡੇਟ ਅਤੇ 18 ਤੋਂ ਘੱਟ ਉਮਰ ਵਾਸਤੇ ਨਵੀਆਂ ਐਨਰੋਲਮੈਂਟ ਸੇਵਾਵਾਂ ਵਸਨੀਕਾਂ ਨੂੰ ਪ੍ਰਦਾਨ ਕਰਨ ਲਈ ਮੋਹਾਲੀ ਪ੍ਰਸ਼ਾਸਨ ਵੱਲੋਂ ਸੇਵਾ ਕੇਂਦਰ, ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ, ਮੋਹਾਲੀ ਅਤੇ ਸੇਵਾ ਕੇਂਦਰ, ਤਹਿਸੀਲ ਕੰਪਲੈਕਸ, ਡੇਰਾਬੱਸੀ ਵਿਖੇ ਬਾਕੀ ਦਿਨਾਂ ਦੇ ਨਾਲ-ਨਾਲ ਐਤਵਾਰ ਨੂੰ ਵੀ ਸੇਵਾਵਾਂ ਦੇਣਗੇ।ਇਸ ਸਬੰਧੀ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਦੱਸਿਆ ਕਿ ਆਮ ਤੌਰ 'ਤੇ ਜ਼ਿਲ੍ਹੇ 'ਚ ਕੰਮ ਕਰ ਰਹੇ ਸਾਰੇ 15 ਸੇਵਾ ਕੇਂਦਰ ਸੋਮਵਾਰ ਤੋਂ ਸ਼ਨੀਵਾਰ ਤੱਕ ਆਧਾਰ ਕਾਰਡ ਨਾਲ ਸਬੰਧਤ ਸੇਵਾਵਾਂ ਪ੍ਰਦਾਨ ਕਰਦੇ ਹਨ ਪਰ ਮੋਹਾਲੀ ਅਤੇ ਡੇਰਾਬੱਸੀ ਦੇ ਇਨ੍ਹਾਂ ਦੋ ਸੇਵਾ ਕੇਂਦਰਾਂ ਵਿਖੇ ਐਤਵਾਰ ਵਾਲੇ ਦਿਨ ਵੀ ਵਾਧੂ ਤੌਰ ਤੇ ਆਧਾਰ ਨਾਲ ਸਬੰਧਤ ਸੇਵਾਵਾਂ ਮਿਲਣਗੀਆਂ।ਉਨ੍ਹਾਂ ਅੱਗੇ ਕਿਹਾ ਕਿ ਹਫ਼ਤੇ ਦੇ ਆਖਰੀ ਛੁੱਟੀ ਵਾਲੇ ਦਿਨ ਆਧਾਰ ਸੇਵਾ ਦੇਣ ਦੀ ਸ਼ੁਰੂਆਤ ਜਲਦੀ ਹੀ ਖਰੜ ਸੇਵਾ ਕੇਂਦਰ ਵਿੱਚ ਵੀ ਮਿਲੇਗੀ ਅਤੇ ਜ਼ਿਲ੍ਹਾ ਵਾਸੀਆਂ ਨੂੰ ਇਸ ਬਾਰੇ ਜਲਦ ਹੀ ਅਗਾਊਂ ਸੂਚਨਾ ਦਿੱਤੀ ਜਾਵੇਗੀ।

# ਨਗਰ ਕੌਂਸਲ ਦੀਆਂ ਚੋਣਾਂ 'ਚ ਹਿੱਸਾ ਲਵੇਗਾ ਲੋਕ ਮੰਚ




**ਨਵਾਂਸ਼ਹਿਰ ( ਕੁਲਵਿੰਦਰ ਸਿੰਘ ਦੁਰਗਾਪੁਰੀਆ)** ਭਾਈ ਲਾਲੋ ਲੋਕ ਮੰਚ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੀ ਜ਼ਿਲ੍ਹਾ ਕਮੇਟੀ ਦੀ ਮੀਟਿੰਗ ਨੇ ਅਗਲੀਆਂ ਨਗਰ ਕੌਂਸਲ ਚੋਣਾਂ ਵਿੱਚ ਬਲਾਚੌਰ ਦੀਆਂ ਸਾਰੀਆਂ ਸੀਟਾਂ 'ਤੇ ਚੋਣ ਲੜਨ ਦਾ ਫੈਸਲਾ ਕੀਤਾ ਹੈ।ਇਹ ਜਾਣਕਾਰੀ ਸਾਥੀ ਕਰਨ ਸਿੰਘ ਰਾਣਾ ਜ਼ਿਲ੍ਹਾ ਪ੍ਰਧਾਨ ਨੇ ਜ਼ਿਲ੍ਹਾ ਕਮੇਟੀ ਦੀ ਮੀਟਿੰਗ ਤੋਂ ਬਾਅਦ ਚੋਣਵੇਂ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਦਿੱਤੀ। ਉਹਨਾਂ ਦੱਸਿਆ ਕਿ ਕਮੇਟੀ ਨੇ ਅੱਜ ਸੱਤ ਉਮੀਦਵਾਰਾਂ ਦੇ ਨਾਵਾਂ ਦੀ ਸਿਫਾਰਿਸ਼ ਸੂਬਾਈ ਯੂਨਿਟ ਨੂੰ ਭੇਜੀ ਹੈ, ਜਿਸ ਵਿੱਚ ਵਾਰਡ ਨੰਬਰ ਇੱਕ ਤੋਂ ਵਿਜੇ ਰਾਣੀ, ਵਾਰਡ ਨੰਬਰ ਦੋ ਤੋਂ ਹਰਪ੍ਰੀਤ ਸਿੰਘ ਹੈਰੀ, ਵਾਰਡ ਨੰਬਰ 13 ਤੋਂ ਬਲਜੀਤ ਕੌਰ, ਵਾਰਡ ਨੰਬਰ 14 ਤੋਂ ਹੰਸਰਾਜ, ਵਾਰਡ ਨੰਬਰ 11 ਤੋਂ ਸਰਬਜੀਤ ਕੌਰ ,ਵਾਰਡ ਨੰਬਰ 15 ਤੋਂ ਡਾਕਟਰ ਸਨੀਤਾ ਸ਼ਰਮਾ ਤੇ ਵਾਰਡ ਨੰਬਰ ਅੱਠ ਤੋਂ ਕਾਮਰੇਡ ਪਰਵਿੰਦਰ ਮੇਨਕਾ ਦੇ ਨਾਵਾਂ ਦੀ ਸਿਫਾਰਸ਼ ਕੀਤੀ ਹੈ । ਉਹਨਾਂ ਕਿਹਾ ਕਿ ਇਹਨਾਂ ਉਮੀਦਵਾਰਾਂ ਦੀ ਨਾਵਾਂ ਦੀ ਚੋਣ ਵਾਰਡ ਦੇ ਲੋਕਾਂ ਨੇ ਕੀਤੀ ਹੈ। ਇਹ ਵੀ ਫੈਸਲਾ ਹੋਇਆ ਕਿ ਸ੍ਰੀਮਤੀ ਸਨੀਤਾ ਸ਼ਰਮਾ ਨੂੰ ਕੌਂਸਲ ਦੀ ਪ੍ਰਧਾਨਗੀ ਦੇ ਉਮੀਦਵਾਰ ਦੇ ਤੌਰ ਤੇ ਪ੍ਰੋਜੈਕਟ ਕੀਤਾ ਜਾਵੇਗਾ। ਸਾਥੀ ਰਾਣਾ ਨੇ ਜਾਣਕਾਰੀ ਦਿੱਤੀ ਕਿ ਨਵੀਆਂ ਪੰਚਾਇਤਾਂ ਦੇ ਸਹੁੰ ਚੁੱਕ ਸਮਾਗਮ ਨੂੰ ਮੁੱਖ ਰੱਖਦੇ ਹੋਏ ਅੱਠ ਨਵੰਬਰ ਦੇ ਜ਼ਿਲ੍ਹਾ ਪੱਧਰੀ ਧਰਨੇ ਨੂੰ ਦੋ ਹਫਤਿਆਂ ਲਈ ਮੁਲਤਵੀ ਕੀਤਾ ਹੈ। ਮੀਟਿੰਗ ਵਿੱਚ ਡਾਕਟਰ ਸਨੀਤਾ ਸ਼ਰਮਾ ਸੀਨੀਅਰ ਮੀਤ ਪ੍ਰਧਾਨ ਪਰਮਿੰਦਰ ਮੇਨਕਾ ਸੁਰਜੀਤ ਮਲਪੁਰੀ ਨਿਰਮਲਾ ਦੇਵੀ ਕਾਹਮਾ ਤਲਵਿੰਦਰ ਰਾਣੀ ਐਡਵੋਕੇਟ ਬੀਬੀ ਸ਼ਸ਼ੀ ਰਾਣਾ ਚੰਨਨ ਸਿੰਘ ਗੁਰਨਾਮ ਸਿੰਘ ਕਰਨੈਲ ਸਿੰਘ ਅਤੇ ਪ੍ਰਤਾਪ ਸਿੰਘ ਨੇ ਵੀ ਵਿਚਾਰ ਪੇਸ਼ ਕੀਤੇ।

# ਗਾਇਕ ਰੇਸ਼ਮ ਸਿੰਘ ਰੇਸ਼ਮ ਵੱਲੋਂ ਬਾਲੋਂ ਸਕੂਲ ਨੂੰ ਸਹਾਇਤਾ



**ਬੰਗਾ (ਅਵਤਾਰ ਕਲੇਰ)** ਪ੍ਰਵਾਸੀ ਪੰਜਾਬੀ ਗਾਇਕ ਅਤੇ ਸਮਾਜ ਸੇਵਕ ਰੇਸ਼ਮ ਸਿੰਘ ਰੇਸ਼ਮ ਪਿਛਲੇ ਕਾਫੀ ਸਾਲਾਂ ਤੋਂ ਸਿੱਖਿਆ ਅਤੇ ਸਿਹਤ ਦੇ ਖੇਤਰ ਵਿੱਚ ਵਧੀਆ ਕੰਮ ਕਰ ਰਹੇ ਹਨ । ਉਹਨਾਂ ਨੇ ਸੇਵਾ ਦੇ ਕਾਰਜਾਂ ਵਿੱਚ ਵਾਧਾ ਕਰਦੇ ਹੋਏ ਸਰਕਾਰੀ ਪ੍ਰਾਇਮਰੀ ਸਕੂਲ ਬਾਲੋਂ ਦੇ ਲੋੜਵੰਦ ਬੱਚਿਆਂ ਦੀ ਬਿਹਤਰੀ ਲਈ 10 ਹਜ਼ਾਰ ਰੁਪਏ ਦੀ ਸਹਾਇਤਾ ਦਿੱਤੀ ਹੈ। ਗਾਇਕ ਰੇਸ਼ਮ ਸਿੰਘ ਰੇਸ਼ਮ ਦੇ ਦੋਸਤ ਲੈਕਚਰਾਰ ਸ਼ੰਕਰ ਦਾਸ ਨੇ ਦੱਸਿਆ ਕਿ ਉਹ ਹਰ ਸਾਲ ਕਈ ਸਕੂਲਾਂ ਵਿੱਚ ਜਾਂਦੇ ਹਨ ,ਜਿਹਨਾਂ ਵਿੱਚ ਸਰਕਾਰੀ ਐਲੀਮੈਂਟਰੀ ਸਕੂਲ ਬਾਲੋਂ ਵੀ ਹੈ।ਸਕੂਲ ਦੇ ਸਟਾਫ ਦੀ ਉਹਨਾਂ ਨੇ ਸਿਫਤ ਕਰਦਿਆਂ ਕਿਹਾ ਕਿ ਉਹਨਾਂ ਦੀ ਮਿਹਨਤ ਸਦਕਾ ਬੱਚੇ ਪੜ੍ਹਾਈ ਅਤੇ ਖੇਡਾਂ ਦੇ ਖੇਤਰ ਵਿੱਚ ਬਲਾਕ ਅਤੇ ਜਿਲਾ ਪੱਧਰ ਤੇ ਮੱਲਾਂ ਮਾਰ ਰਹੇ ਹਨ। ਸਕੂਲ ਦੇ ਮੁਖੀ ਮਾਸਟਰ ਅਸ਼ੋਕ ਕੁਮਾਰ ਪਠਲਾਵਾ ਨੇ ਕਿਹਾ ਕਿ ਗਾਇਕ ਰੇਸ਼ਮ ਸਿੰਘ ਰੇਸ਼ਮ ਵਲੋਂ ਪਹਿਲਾਂ ਵੀ ਕਾਫੀ ਵਾਰ ਸਾਡੇ ਸਕੂਲ ਨੂੰ ਸਹਾਇਤਾ ਦਿੱਤੀ ਗਈ ਹੈ। ਨੰਬਰਦਾਰ ਹਰਮੇਲ ਸਿੰਘ ਅਤੇ ਸਾਬਕਾ ਪੰਚ ਕਮਲਜੀਤ ਸਿੰਘ ਨੇ ਇਸ ਸਹਾਇਤਾ ਲਈ ਦਾਨੀ ਸੱਜਣਾਂ ਦਾ ਧੰਨਵਾਦ ਕੀਤਾ। ਇਸ ਮੌਕੇ ਤੇ ਦਰਸ਼ਨ ਸਿੰਘ ਸਾਬਕਾ ਪੰਚ, ਜਸਵੀਰ ਕੌਰ ਸਾਬਕਾ ਸਰਪੰਚ, ਸਿਮਰ ਕੌਰ ਪੰਚ,ਪਰਮਜੀਤ ਸਿੰਘ ਪੰਚ, ਹਰਭਜਨ ਸਿੰਘ ਸਾਬਕਾ ਪੰਚ, ਪਰਮਜੀਤ ਸਾਬਕਾ ਚੇਅਰਮੈਨ, ਹੈਡਮਾਸਟਰ ਸੁਦੇਸ਼ ਦੀਵਾਨ, ਮੁੱਖ ਅਧਿਆਪਕ ਹਰਦੀਪ ਕੌਰ, ਹਰਜਿੰਦਰ ਕੌਰ ਹੀਉਂ, ਨਰਿੰਦਰ ਕੌਰ ਹੀਉਂ ਆਦਿ ਅਧਿਆਪਕ ਅਤੇ ਪੰਚਾਇਤ ਮੈਂਬਰ ਹਾਜ਼ਰ ਸਨ।

# ਖੁਆਜਾ ਗਰੀਬ ਨਿਵਾਜ ਸਰਕਾਰ ਦਾ 17ਵਾਂ ਉਰਸ ਮਨਾਇਆ



**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)** ਖੁਆਜਾ ਗਰੀਬ ਨਿਵਾਜ ਸਰਕਾਰ ਦਾ 17ਵਾਂ ਉਰਸ ਮੁਬਾਰਕ ਸ਼ਰਧਾ ਪੂਰਵਕ ਧੂਮਧਾਮ ਅਤੇ ਉਤਸ਼ਾਹ ਨਾਲ ਕਰਵਾਇਆ ਗਿਆ। ਜਿਸ ਵਿਚ ਮੁੱਖ ਸੇਵਾਦਾਰ ਸਾਈ ਦਵਿੰਦਰ ਕੁਮਾਰ (ਬਿੰਦਰ) ਨੇ ਦੱਸਿਆ ਕਿ 2 ਨਵੰਬਰ , ਨੂੰ ਮੇਲੇ ਦੀ ਸ਼ਾਮ ਅਤੇ ਦੀਵੇ ਜਗਾਉਣ ਦੀ ਰਸਮ ਅਦਾ ਕੀਤੀ ਗਈ। ਮਹਿੰਦੀ ਦੀ ਰਸਮ ਕੀਤੀ ਗਈ, ਰਾਤ ਨੂੰ ਮਹਿਫਲੇ ਕਵਾਲ ਨਕਾਲ ਪਾਰਟੀ ਪ੍ਰਸਿੱਧ ਕੱਵਾਲ ਅਤੇ ਨਕਲਾਂ ਖਿੱਚ ਦਾ ਕੇਂਦਰ ਰਹੀਆਂ 3 ਅਕਤੂਬਰ ਨੂੰ ਖੁਆਜਾ ਪੀਰ ਦਾ ਬੇੜਾ ਤਾਰਨ ਕਰਨ ਦੀ ਰਸਮ ਅਦਾ ਕੀਤੀ ਗਈ। ਡੰਡਾ ਚੜਾਉਣ ਦੀ ਰਸਮ ਅਦਾ ਕੀਤੀ ਗਈ ਰਸਮਾ ਵਿਚ ਡਾਕਟਰ ਖਾਦਿਮ ਦਰਵੇਸ਼ ਪਰਮਜੀਤ ਪੰਮਾ ਸਤਿਕਾਰ ਨਾਲ ਹਿੱਸਾ ਲਿਆ। ਮੁੱਖ ਸੇਵਾਦਾਰ ਸੇਵਾਦਾਰ ਸਾਈ ਦਵਿੰਦਰ ਕੁਮਾਰ ਨੇ ਦੱਸਿਆ ਚਿਰਾਗ ਰੌਸ਼ਨ ਕੀਤੇ ਗਏ ਉਪਰੰਤ ਰਾਤ ਨੂੰ ਕੱਵਾਲ ਪਾਰਟੀ ਕਵਾਲੀਆਂ ਗਾ ਕੇ ਸੰਗਤਾਂ ਨੂੰ ਝੂਮਣ ਲਾ ਦਿੱਤਾ।ਇਸ ਮੌਕੇ ਰਿਟਾਇਰ ਡੀ ਐਸ ਪੀ ਹਰਦੀਪ ਸਿੰਘ, ਖਾਦਿਮ ਦਰਵੇਸ਼ ਡਾ.ਪਰਮਜੀਤ ਪੰਮਾ, ਗੁਰਨਾਮ ਬੰਗੜ, ਨਰੇਸ਼ ਕੁਮਾਰ, ਬਿੰਦਰ ਸਿੰਘ, ਰਾਕੇਸ਼ ਕੁਮਾਰ ਪੰਛੀ, ਚਰਨ ਕਮਲ, ਮਨੂ ਮਹਿਰਾ, ਪੱਤਰਕਾਰ ਹਰਭਜਨ ਪੰਮਾ, ਕੁਲਵਿੰਦਰ ਸਿੰਘ, ਦਵਿੰਦਰ ਬਿੱਟੂ, ਸਾਈ, ਡੋਲਰਾ ਵਾਲੀ ਸਰਕਾਰ, ਅਮਰਦੀਪ ਸਾਈ, ਸ਼ੀਤਲ ਸਾਈ, ਸੀਮਾ ਬਾਬਾ ਜਲੰਧਰ, ਨਾਨਕ ਬਾਬਾ ਫਗਵਾੜਾ, ਸਿੰਗਰ ਬਿੱਲਾ ਸਾਈ ਯੂਐਸਏ, ਗਿਆਨ ਸਾਈ, ਮੰਗਲਦਾਸ ਡੇਰਾ, ਬਾਬਾ ਰਣਜੀਤ ਢਾਹਾ ਬਾਬਾ ਮਸਤਾਂ ਦੀ ਦਰਵਾਰ ਸੁੱਚਾ ਮੱਲਾਂ ਸੋਡੀਆ ਗਗਨ ਦੇਵੀ ਦਿੱਲੀ ਵਾਲੇ, ਬਾਬਾ ਲੱਡੂ ਉੜਾਪੜ ਸ਼ਾਮਲ ਹੋਏ।

# ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਦਸਮੇਸ਼ ਨਗਰ ਵਿਖੇ ਨਵੀਂ ਇਮਾਰਤ ਦੀ ਉਸਾਰੀ ਦਾ ਨਿਰਮਾਣ ਕਾਰਜ ਆਰੰਭ



**ਟਾਂਡਾ ਉੜਮੁੜ, (ਜਸਵਿੰਦਰ ਸੰਧੂ ਓਕਾਰ ਸਿੰਘ)**-ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਦਸ਼ਮੇਸ਼ ਨਗਰ ਟਾਂਡਾ ਵਿਖੇ ਕਰੀਬ 1 ਕਰੋੜ ਰੁਪਏ ਦੀ ਸੇਵਾ ਨਾਲ ਬਣਾਈ ਜਾ ਰਹੀ ਗੁਰਦੁਆਰਾ ਸਾਹਿਬ ਦੀ ਨਵੀਂ ਇਮਾਰਤ ਦੇ ਨਿਰਮਾਣ ਕਾਰਜ ਦੀ ਆਰੰਭਤਾ ਹੋ ਗਈ ਹੈ। ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਪ੍ਰਵਾਸੀ ਭਾਰਤੀਆਂ ਇਲਾਕੇ ਤੇ ਨਗਰ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਬਣਾਈ ਜਾ ਰਹੀ ਇਮਾਰਤ ਦੀ ਨੀਹ ਸੰਤ ਬਾਬਾ ਅਜੀਤ ਸਿੰਘ ਜੀ ਨਿਰਮਲ ਕੁਟੀਆ ਜੌਹਲਾ ਵਾਲਿਆਂ ਨੇ ਗੁਰੂ ਚਰਨਾਂ ਵਿੱਚ ਅਰਦਾਸ ਕਰਨ ਉਪਰੰਤ ਹਜ਼ਾਰਾਂ ਦੀ ਗਿਣਤੀ ਵਿੱਚ ਸੰਗਤਾਂ ਦੀ ਮੌਜੂਦਗੀ ਵਿੱਚ ਰੱਖੀ। ਇਸ ਮੌਕੇ ਸਭ ਤੋਂ ਪਹਿਲਾਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਗੁਰਦੁਆਰਾ ਸਾਹਿਬ ਦੇ ਲੰਗਰ ਹਾਲ ਵਿੱਚ ਧਾਰਮਿਕ ਦੀਵਾਨ ਸਜਾਏ ਗਏ ਜਿਸ ਵਿੱਚ ਭਾਈ ਮਨਜੀਤ ਸਿੰਘ ਲਾਡੀ ਦਸ਼ਮੇਸ਼ ਨਗਰ ਟਾਂਡਾ ਵਾਲਿਆਂ ਦੇ ਰਾਗੀ ਜਥੇ ਨੇ ਸਮੂਹ ਸੰਗਤ ਨੂੰ ਮਨੋਹਰ ਸ਼ਬਦ ਕੀਰਤਨ ਦੁਆਰਾ ਨਿਹਾਲ ਕੀਤਾ। ਇਸ ਮੌਕੇ ਵੱਡੀ ਗਿਣਤੀ ਵਿੱਚ ਇਕੱਤਰ ਹੋਈਆਂ ਸੰਗਤਾਂ ਨੂੰ ਸੰਬੋਧਨ ਕਰਦਿਆਂ ਸੰਤ ਬਾਬਾ ਅਜੀਤ ਸਿੰਘ ਜੀ ਜਲੰਧਰ ਵਾਲਿਆਂ ਨੇ ਗੁਰਦੁਆਰਾ ਸਾਹਿਬ ਦੀ ਨਵੀਂ ਇਮਾਰਤ ਦੇ ਨਿਰਮਾਣ ਕਾਰਜ ਵਿੱਚ ਤਨ,ਮਨ ਤੇ ਧਨ ਨਾਲ ਯੋਗਦਾਨ ਪਾਉਣ ਲਈ ਪ੍ਰੇਰਿਤ ਕੀਤਾ ਤੇ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ। ਉਨ੍ਹਾਂ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਗੁਰਦੁਆਰਾ ਸਾਹਿਬ ਦੇ ਨਿਰਮਾਣ ਕਾਰਜ ਵਾਸਤੇ 1 ਲੱਖ 11 ਹਜਾਰ ਰੁਪਏ ਦੀ ਮਾਇਆ ਸੇਵਾ ਵਜੋਂ ਭੇਂਟ ਕੀਤੀ । ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੁੱਖ ਸੇਵਾਦਾਰ ਗੁਰਦੀਪ ਸਿੰਘ ਤੇ ਭਾਈ ਸੁਰਜੀਤ ਸਿੰਘ ਨੇ ਸੰਤ ਬਾਬਾ ਅਜੀਤ ਸਿੰਘ ਤੇ ਵੱਡੀ ਗਿਣਤੀ ਵਿੱਚ ਪਹੁੰਚੀ ਹੋਈ ਸੰਗਤ ਦਾ ਧੰਨਵਾਦ ਕਰਨ ਦੇ ਨਾਲ ਨਾਲ ਦੱਸਿਆ ਕਿ ਨਵੀਂ ਬਣ ਰਹੀ ਇਮਾਰਤ ਤੇ ਕਰੀਬ 1 ਕਰੋੜ ਰੁਪਏ ਦੀ ਲਾਗਤ ਆਵੇਗੀ ਅਤੇ ਇਸ ਵਾਸਤੇ ਜਿੱਥੇ ਵੱਡੀ ਗਿਣਤੀ ਵਿੱਚ ਇਲਾਕੇ ਦੀਆਂ ਸੰਗਤਾਂ ਸਹਿਯੋਗ ਕਰ ਰਹੀਆਂ ਹਨ ਉਥੇ ਹੀ ਪ੍ਰਵਾਸੀ ਭਾਰਤੀਆਂ ਵਲੋਂ ਵੀ ਵਿਸ਼ੇਸ਼ ਯੋਗਦਾਨ ਪਾਇਆ ਜਾ ਰਿਹਾ ਹੈ । ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸੰਤ ਬਾਬਾ ਅਜੀਤ ਸਿੰਘ ਅਤੇ ਹੋਰਨਾਂ ਦਾਨੀ ਸੇਵਾਦਾਰਾਂ ਨੂੰ ਸਿਰ ਪਾਓ ਭੇਂਟ ਕਰਕੇ ਸਨਮਾਨਿਤ ਵੀ ਕੀਤਾ ਗਿਆ।

ਇਸ ਮੌਕੇ ਕੌਂਸਲਰ ਜਗਜੀਵਨ ਜੱਗੀ, ਅਵਤਾਰ ਸਿੰਘ ਤਾਰੀ, ਸ਼ਰਧਾ ਸਿੰਘ ਹਰਵਿੰਦਰ ਸਿੰਘ, ਭਾਈ ਸੁਰਜੀਤ ਸਿੰਘ ਭਾਈ ਮਨਜੀਤ ਸਿੰਘ ਭਾਈ ਦਵਿੰਦਰ ਸਿੰਘ ਭਾਈ ਮਨਜੀਤ ਸਿੰਘ ਦਸ਼ਮੇਸ਼ ਨਗਰ, ਮਾਸਟਰ ਜਸਵੀਰ ਸਿੰਘ ਤੋਂ ਇਲਾਵਾ ਗੁਰਦਿਆਲ ਸਿੰਘ, ਅਮਰੀਕ ਸਿੰਘ, ਮਨਮੋਹਨ ਸਿੰਘ, ਸਤਨਾਮ ਸਿੰਘ ,ਸਤਵਿੰਦਰ ਸਿੰਘ, ਸਰਬਜੀਤ ਸਿੰਘ, ਵਰਿੰਦਰ ਸਿੰਘ ਤੋਂ ਇਲਾਵਾ ਹਰਿੰਦਰ ਸਿੰਘ, ਅਜੀਤ ਸਿੰਘ, ਕਾਬਲ ਸਿੰਘ, ਜਗਮੋਹਨ ਸਿੰਘ, ਬਚਿੱਤਰ ਸਿੰਘ, ਜਸਵੀਰ ਸਿੰਘ, ਹਰਜਿੰਦਰ ਸਿੰਘ ,ਗੁਰਮੀਤ ਸਿੰਘ ਕੰਗ ਤੋਂ ਇਲਾਵਾ ਕੁਲਦੀਪ ਸਿੰਘ, ਕਰਨਜੀਤ ਸਿੰਘ, ਜਸਪ੍ਰੀਤ ਸਿੰਘ, ਅਰਸ਼ਦੀਪ ਸਿੰਘ, ਸੁਖਰਾਜ ਸਿੰਘ ,ਹਰਜਿੰਦਰ ਸਿੰਘ, ਗੁਰਪ੍ਰੀਤ ਸਿੰਘ, ਪਰਮਵੀਰ ਸਿੰਘ, ਹਰਦੀਪ ਸਿੰਘ ,ਵਰਿੰਦਰ ਸਿੰਘ, ਹਰਮਨਦੀਪ ਸਿੰਘ, ਹਰਕਮਲ ਜੋਤ ਸਿੰਘ, ਸੂਰਜ ਸਿੰਘ, ਬਲਜਿੰਦਰ ਸਿੰਘ, ਅਮਨਿੰਦਰ ਸਿੰਘ, ਹਰਜੋਤ ਸਿੰਘ ,ਸੰਦੀਪ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ।

# ਡਿਪਟੀ ਕਮਿਸ਼ਨਰ ਵੱਲੋਂ ਸੁਲਤਾਨਪੁਰ ਲੋਧੀ ਸਮਾਰਟ ਸਿਟੀ ਪ੍ਰਾਜੈਕਟਾਂ ਦਾ ਜਾਇਜ਼ਾ



ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)- ਡਿਪਟੀ ਕਮਿਸ਼ਨਰ ਅਮਿਤ ਕੁਮਾਰ ਪੰਚਾਲ ਵੱਲੋਂ ਸੁਲਤਾਨਪੁਰ ਲੋਧੀ ਸਮਾਰਟ ਸਿਟੀ ਸਬੰਧੀ ਪ੍ਰਾਜੈਕਟਾਂ ਦੀ ਪ੍ਰਗਤੀ ਦਾ ਜਾਇਜ਼ਾ ਲਿਆ ਗਿਆ। ਉਨ੍ਹਾਂ ਕਿਹਾ ਕਿ 15 ਨਵੰਬਰ ਨੂੰ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਦੇ ਮੱਦੇਨਜ਼ਰ ਸ਼ਹਿਰ ਵਿੱਚ ਸੜਕਾਂ ਦੀ ਮੁਰੰਮਤ , ਸੀਵਰੇਜ , ਸਾਫ ਸਫਾਈ ਦੇ ਪੁਖ਼ਤਾ ਇੰਤਜ਼ਾਮ ਸਮੇਂ ਤੋਂ ਪਹਿਲਾਂ ਪੂਰੇ ਕਰਨੇ ਯਕੀਨੀ ਬਣਾਏ ਜਾਣ।ਡਿਪਟੀ ਕਮਿਸ਼ਨਰ ਵੱਲੋਂ ਦੱਸਿਆ ਗਿਆ ਕਿ ਸਟਾਰਮ ਸੀਵਰ ਪਾਏ ਜਾਣ ਪਿੱਛੋਂ ਸੜਕਾਂ ਦੀ ਮੁਰੰਮਤ ਦਾ ਕੰਮ ਜੰਗੀ ਪੱਧਰ ਉੱਪਰ ਜਾਰੀ ਹੈ ਜਿਸਨੂੰ ਅਗਲੇ ਕੁਝ ਦਿਨਾਂ ਤੱਕ ਪੂਰਾ ਕਰ ਲਿਆ ਜਾਵੇਗਾ ਤਾਂ ਜੋ ਪ੍ਰਕਾਸ਼ ਪੁਰਬ ਮੌਕੇ ਆਉਣ ਵਾਲੀ ਸੰਗਤ ਨੂੰ ਕਿਸੇ ਕਿਸਮ ਦੀ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ। ਉਨਾਂ ਸ਼ਹੀਦ ਊਧਮ ਸਿੰਘ ਚੌਂਕ ਤੋਂ ਗੁਰਦੁਆਰਾ ਸ੍ਰੀ ਬੇਰ ਸਾਹਿਬ ਤੱਕ ਇੰਟਰਲਾਕ ਲਾਏ ਜਾਣ ਦਾ ਵੀ ਜਾਇਜ਼ਾ ਲਿਆ ਤੇ ਕੰਮ ਨੂੰ ਜਲਦ ਪੂਰਾ ਕਰਨ ਦੇ ਹੁਕਮ ਦਿੱਤੇ।ਡਿਪਟੀ ਕਮਿਸ਼ਨਰ ਨੇ ਸੁਲਤਾਨਪੁਰ ਲੋਧੀ ਨੂੰ ਬਾਰਾਸਤਾ ਫੱਤੂਢੀਂਗਾ ਤੇ ਰੇਲ ਕੋਚ ਫੈਕਟਰੀ ਆਉਣ ਵਾਲੀਆਂ ਸੜਕਾਂ ਜੋ ਕਿ 4 ਮਾਰਗੀ ਕਰ ਦਿੱਤੀਆਂ ਗਈਆਂ ਹਨ, ਦੇ ਬਕਾਇਆ ਰਹਿੰਦੇ ਕੰਮ ਨੂੰ ਜਲਦ ਪੂਰਾ ਕਰਨ ਦੇ ਹੁਕਮ ਦਿੱਤੇ।ਡਿਪਟੀ ਕਮਿਸ਼ਨਰ ਵੱਲੋਂ ਸੂਰਜੀ ਊਰਜਾ ਦੇ ਪ੍ਰਾਜੈਕਟਾਂ , ਕੇਂਦਰੀਕ੍ਰਿਤ ਕੰਟਰੋਲ ਸੈਂਟਰ ਦੀ ਸਥਾਪਨਾ ਤੇ ਸ਼ਹਿਰ ਵਿੱਚ ਸੀ ਸੀ ਟੀ ਵੀ ਕੈਮਰੇ ਲਾਉਣ ਦੇ ਕੰਮ ਦੀ ਵੀ ਸਮੀਖਿਆ ਕੀਤੀ ਤਾਂ ਜੋ ਸ਼ਹਿਰ ਦੀ ਸੁਰੱਖਿਆ ਵਿੱਚ ਵਾਧਾ ਕੀਤਾ ਜਾ ਸਕੇ।ਉਨ੍ਹਾਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਕਰਵਾਏ ਜਾ ਰਹੇ ਸਮਾਗਮਾਂ ਦੇ ਮੱਦੇਨਜ਼ਰ ਸੰਗਤ ਦੀ ਸਹੂਲਤ ਲਈ ਪਾਰਕਿੰਗ , ਆਵਾਜਾਈ , ਬਦਲਵੇਂ ਰੂਟ ਜਾਰੀ ਕਰਨ , ਪੀਣ ਵਾਲੇ ਪਾਣੀ , ਮੈਡੀਕਲ ਟੀਮਾਂ ਦੀ ਤਾਇਨਾਤੀ ਆਦਿ ਦਾ ਵੀ ਜਾਇਜ਼ਾ ਲਿਆ।ਉਨਾਂ ਐਸ ਡੀ ਐਮ ਸੁਲਤਾਨਪੁਰ ਲੋਧੀ ਨੂੰ ਨਿਰਦੇਸ਼ ਦਿੱਤੇ ਕਿ ਸਮਾਰਟ ਸਿਟੀ ਦੇ ਪ੍ਰਾਜੈਕਟਾਂ ਦੀ ਜ਼ਮੀਨੀ ਪੱਧਰ ਉੱਪਰ ਹਫਤਾਵਰੀ ਸਮੀਖਿਆ ਕੀਤੀ ਜਾਵੇ ਤਾਂ ਜੋ ਵਿਕਾਸ ਦੇ ਕੰਮ ਨੂੰ ਜਲਦ ਤੋਂ ਜਲਦ ਮੁਕੰਮਲ ਕੀਤਾ ਜਾ ਸਕੇ। ਇਸ ਮੌਕੇ ਐਸ ਡੀ ਐਮ ਅਪਰਨਾ ਤੇ ਹੋਰਨਾਂ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ।

## 28 ਨਵੰਬਰ ਤੋਂ 15 ਦਸੰਬਰ ਤੱਕ ਹੋਵੇਗਾ ਕੌਮਾਂਤਰੀ ਗੀਤਾ ਮਹੋਤਸਵ

ਚੰਡੀਗੜ੍ਹ, (ਕ੍ਰਿਸ਼ਨ ਗਰਗ)—28 ਨਵੰਬਰ ਤੋਂ 15 ਦਸੰਬਰ ਤਕ ਕੁਰੂਕਸ਼ੇਤਰ ਵਿਚ ਕੌਮਾਂਤਰੀ ਗੀਤਾ ਮਹੋਤਸਵ ਦਾ ਪ੍ਰਬੰਧ ਕੀਤਾ ਜਾਵੇਗਾ। ਇਸ ਬਾਰੇ ਵਿਚ ਜਾਣਕਾਰੀ ਦਿੰਦੇ ਹੋਏ ਇਕ ਸਰਕਾਰੀ ਬੁਲਾਰੇ ਨੇ ਦਸਿਆ ਕਿ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਕੌਮਾਂਤਰੀ ਗੀਤਾ ਮਹੋਤਸਵ ਧੂਮਧਾਮ ਨਾਲ ਪ੍ਰਬੰਧਿਤ ਕੀਤਾ ਜਾਵੇਗਾ। ਉਨ੍ਹਾਂ ਨੇ ਕਿਹਾ ਕਿ ਮਹੋਤਸਵ ਦੇ ਮੁੱਖ ਪ੍ਰੋਗ੍ਰਾਮ 5 ਦਸੰਬਰ ਤੋਂ 11 ਦਸੰਬਰ ਤਕ ਪ੍ਰਬੰਧਿਤ ਹੋਣਗੇ। ਆਵਾਜਾਈ ਦੀ ਮੱਦੇਨਜਰ ਵਿਆਪਕ ਪ੍ਰਬੰਧ ਕੀਤੇ ਜਾਣਗੇ। ਉਨ੍ਹਾਂ ਨੇ ਦਸਿਆ ਕਿ ਸਾਲ 2016 ਤੋਂ ਸੂਬਾ ਸਰਕਾਰ ਨੇ ਗੀਤਾ ਮਹੋਤਸਵ ਨੂੰ ਕੌਮਾਂਤਰੀ ਪੱਧਰ 'ਤੇ ਮਨਾਉਣ ਦੀ ਸ਼ੁਰੂਆਤ ਕੀਤੀ ਸੀ। ਇਸ ਵਾਰ ਕੌਮਾਂਤਰੀ ਗੀਤਾ ਮਹੋਤਸਵ ਵਿਚ ਤੰਜਾਨਿਆ ਪਾਰਟਨਰ ਦੇਸ਼ ਹੋਵੇਗਾ ਅਤੇ ਉੜੀਸਾ ਪਾਰਟਨਰ ਸੂਬਾ ਹੋਵੇਗਾ। ਉਨ੍ਹਾਂ ਨੇ ਇਹ ਵੀ ਦਸਿਆ ਕਿ ਕੌਮਾਂਤਰੀ ਗੀਤਾ ਮਹੋਤਸਵ ਦੇ ਮੌਕੇ 'ਤੇ ਕ੍ਰਾਫਟ ਅਤੇ ਸਰਸ ਮੇਲੇ ਦਾ ਵੀ ਪ੍ਰਬੰਧ ਹੋਵੇਗਾ। ਉਨ੍ਹਾਂ ਨੇ ਦਸਿਆ ਕਿ 48 ਕੋਸ ਦੇ ਘੇਰੇ ਵਿਚ ਆਉਣ ਵਾਲੇ ਸਥਾਨਾਂ 'ਤੇ ਗੀਤਾ ਮਹੋਤਸਵ ਨਾਲ ਸਬੰਧਿਤ ਪ੍ਰੋਗ੍ਰਾਮ ਪ੍ਰਬੰਧਿਤ ਕੀਤੇ ਜਾਣਗੇ।

# ਪ੍ਰਵਾਸੀ ਭਾਰਤੀ ਨੇ ਹੋਮਿਓਪੈਥਿਕ ਡਿਸਪੈਂਸਰੀ ਨੂੰ ਦਾਨ ਕੀਤੀਆਂ ਦਵਾਈਆਂ



ਮੋਹਾਲੀ,(ਗੁਰਜੀਤ ਬਿੱਲਾ)- ਸਮਰਾਲਾ ਨੇੜਲੇ ਪਿੰਡ ਘੁਲਾਲ ਦੀ ਸਰਕਾਰੀ ਹੋਮਿਓਪੈਥਿਕ ਡਿਸਪੈਂਸਰੀ ਨੂੰ ਪ੍ਰਵਾਸੀ ਭਾਰਤੀ ਅਤੇ ਦਾਨੀ ਸੱਜਣ ਅਵਤਾਰ ਸਿੰਘ ਘੁਲਾਲ (ਕੈਨੇਡਾ) ਪੁੱਤਰ ਪ੍ਰਤਾਪ ਸਿੰਘ ਪਨਫੇਰ ਵੱਲੋਂ ਦਵਾਈਆਂ ਅਤੇ ਹੋਰ ਜ਼ਰੂਰੀ ਸਮਾਨ ਦਾਨ ਦਿੱਤਾ ਗਿਆ। ਇਹ ਦਵਾਈਆਂ ਦਾ ਸਮਾਨ ਇਕ ਸਾਦੇ ਸਮਾਗਮ ਦੌਰਾਨ ਡਾ. ਰਵਿੰਦਰ ਸਿੰਘ ਐਚ.ਐਮ.ਓ. ਨੂੰ ਭੇਟ ਕੀਤਾ ਗਿਆ। ਇਸ ਮੌਕੇ ਐਚ.ਐਮ.ਓ. ਡਾ. ਰਵਿੰਦਰ ਸਿੰਘ ਨੇ ਅਵਤਾਰ ਸਿੰਘ ਕੈਨੇਡਾ ਅਤੇ ਪ੍ਰਤਾਪ ਸਿੰਘ ਪਨਫੇਰ ਦਾ ਧੰਨਵਾਦ ਕਰਦਿਆਂ ਕਿਹਾ ਕਿ ਮਨੁੱਖਤਾ ਦੀ ਸੇਵਾ ਦਾ ਇਹ ਕਾਰਜ ਸਭ ਤੋਂ ਉਤਮ ਹੈ। ਉਹਨਾਂ ਦੱਸਿਆ ਕਿ ਹੋਮਿਓਪੈਥਿਕ ਦਵਾਈਆਂ ਨਾਲ ਭਾਵੇਂ ਬਿਮਾਰੀ ਦੇ ਇਲਾਜ ਨੂੰ ਥੋੜ੍ਹਾ ਸਮਾਂ ਲੱਗਦਾ ਹੈ ਪਰ ਇਹ ਦਵਾਈਆਂ ਹਰ ਬੀਮਾਰੀ ਨੂੰ ਜੜ੍ਹ ਤੋਂ ਠੀਕ ਕਰਦੀਆਂ ਹਨ। ਉਹਨਾਂ ਕਿਹਾ ਕਿ ਅਜਿਹੇ ਦਾਨੀ ਸੱਜਣਾਂ ਸਦਕਾ ਹੀ ਸਰਕਾਰੀ ਡਿਸਪੈਂਸਰੀਆਂ ਵਿੱਚ ਹੋਰ ਵਧੇਰੇ ਸੁਚੱਜੀਆਂ ਸਿਹਤ ਸਹੂਲਤਾਂ ਮਿਲ ਰਹੀਆਂ ਹਨ ਅਤੇ ਲੋੜਵੰਦ ਮਰੀਜ਼ਾਂ ਦਾ ਮੁਫਤ ਅਤੇ ਵਧੀਆ ਇਲਾਜ ਹੋ ਜਾਂਦਾ ਹੈ। ਇਸ ਮੌਕੇ ਗੁਰਦੁਆਰਾ ਪ੍ਰਬੰਧਕ ਕਮੇਟੀ ਘੁਲਾਲ ਦੇ ਸਾਬਕਾ ਪ੍ਰਧਾਨ ਸਤਵਿੰਦਰ ਸਿੰਘ ਸੱਤੀ ਨੇ ਦੱਸਿਆ ਕਿ ਅਵਤਾਰ ਸਿੰਘ ਕੈਨੇਡਾ ਨੇ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਦਵਾਈਆਂ ਦੀ ਸੇਵਾ ਨਿਭਾਈ ਹੈ। ਉਹਨਾਂ ਕਿਹਾ ਕਿ ਇਹਨਾਂ ਦਵਾਈਆਂ ਨਾਲ ਪਿੰਡ ਵਾਸੀਆਂ ਨੂੰ ਪਿੰਡ ਪੱਧਰ ਉਤੇ ਹੀ ਬਿਹਤਰ ਸਿਹਤ ਸੇਵਾਵਾਂ ਮੁਹੱਈਆ ਕਰਵਾਈਆਂ ਜਾ ਸਕਣਗੀਆਂ। ਉਨ੍ਹਾਂ ਡਿਸਪੈਂਸਰੀ ਪ੍ਰਬੰਧਕਾਂ ਨੂੰ ਵਿਸ਼ਵਾਸ਼ ਦਿਵਾਇਆ ਕਿ ਪਨਫੇਰ ਪਰਵਾਰ ਅਤੇ ਸਾਡੇ ਹੋਰ ਪ੍ਰਵਾਸੀ ਭਰਾ ਇਸੇ ਤਰ੍ਹਾਂ ਹੀ ਸੇਵਾ ਨਿਭਾਉਂਦੇ ਰਹਿਣਗੇ। ਇਸ ਮੌਕੇ ਸਰਪੰਚ ਜਸਦੇਵ ਸਿੰਘ, ਡਾ. ਹਰਜੀਤ ਸਿੰਘ, ਅਵਤਾਰ ਸਿੰਘ ਕੈਨੇਡਾ, ਪ੍ਰਤਾਪ ਸਿੰਘ ਪਨਫੇਰ, ਪੰਚ ਗੁਰਚਰਨ ਸਿੰਘ, ਪੰਚ ਗੁਰਸੇਵਕ ਸਿੰਘ, ਪੰਚ ਵਿਕਰਮ ਸਿੰਘ, ਗੁਰਮੀਤ ਸਿੰਘ ਮਾਂਗਟ, ਗੁਰਪ੍ਰੀਤ ਸਿੰਘ ਗੁਰੂ, ਗੁਰਮੁੱਖ ਸਿੰਘ, ਲੰਬੜਦਾਰ ਪ੍ਰਭਦੀਪ ਸਿੰਘ, ਕਵਰਦੀਪ ਸਿੰਘ ਮਾਂਗਟ, ਸਵਰਜੀਤ ਸਿੰਘ, ਜਗਪਾਲ ਸਿੰਘ ਆਦਿ ਤੋਂ ਇਲਾਵਾ ਪਿੰਡ ਦੇ ਹੋਰ ਪਤਵੰਤੇ ਸੱਜਣ ਹਾਜ਼ਰ ਸਨ।

# ਭਾਰਤੀ ਕਿਸਾਨ ਯੂਨੀਅਨ (ਏਕਤਾ-ਉਗਰਾਹਾਂ) ਦੇ ਜਥੇ ਗ਼ਦਰੀ ਬਾਬਿਆਂ ਦੇ ਮੇਲੇ 'ਚ ਹੋਣਗੇ ਸ਼ਾਮਲ



ਜਲੰਧਰ- ਭਾਰਤੀ ਕਿਸਾਨ ਯੂਨੀਅਨ ਏਕਤਾ-ਉਗਰਾਹਾਂ ਨੇ ਫੈਸਲਾ ਕੀਤਾ ਹੈ ਕਿ ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਵਿਖੇ ਹਰ ਸਾਲ ਵਾਂਗ ਮਨਾਏ ਜਾ ਰਹੇ ਗ਼ਦਰੀ ਬਾਬਿਆਂ ਦੇ ਮੇਲੇ ਵਿੱਚ 9 ਨਵੰਬਰ ਸਵੇਰੇ 10 ਵਜੇ ਸ਼ਾਮਲ ਹੋਣਗੇ। ਸੂਬਾ ਕਮੇਟੀ ਦੀ ਮੀਟਿੰਗ ਵਿੱਚ ਕੀਤੇ ਫੈਸਲੇ ਬਾਰੇ ਜਾਣਕਾਰੀ ਦਿੰਦਿਆਂ ਜਥੇਬੰਦੀ ਦੇ ਪ੍ਰਧਾਨ ਜੋਗਿੰਦਰ ਸਿੰਘ ਉਗਰਾਹਾਂ ਅਤੇ ਜਨਰਲ ਸਕੱਤਰ ਸੁਖਦੇਵ ਸਿੰਘ ਕੋਕਰੀ ਕਲਾਂ ਨੇ ਦੱਸਿਆ ਕਿ ਭਾਰਤੀ ਕਿਸਾਨ ਯੂਨੀਅਨ ਉਸ ਰਾਤ ਮੇਲੇ ਦੇ ਲੰਗਰ ਦੀ ਸੇਵਾ ਵੀ ਨਿਭਾਉਣ ਦੀ ਖੁਸ਼ੀ ਲਵੇਗੀ। ਉਹਨਾਂ ਦੱਸਿਆ ਕਿ ਜਥੇਬੰਦੀ ਦਾ ਮੁੱਖ ਟੀਚਾ ਵੀ ਗ਼ਦਰ ਲਹਿਰ ਵਾਂਗ ਸਾਮਰਾਜੀ ਕਾਰਪੋਰੇਟਾਂ ਦੀ ਅੰਨ੍ਹੀ ਲੁੱਟ ਤੋਂ ਕਿਰਤੀ ਕਿਸਾਨਾਂ ਦੀ ਸਦਾ ਲਈ ਮੁਕਤੀ ਹਾਸਲ ਕਰਨਾ ਹੈ। ਇਸ ਲਈ ਜਥੇਬੰਦੀ ਦੀ ਸਥਾਈ ਰਵਾਇਤ ਅਨੁਸਾਰ ਚੱਲ ਰਹੇ ਮੋਰਚਿਆਂ ਦੇ ਅਤੀ ਜ਼ਰੂਰੀ ਰੁਝੇਵਿਆਂ ਦੇ ਬਾਵਜੂਦ ਗ਼ਦਰੀ ਸੂਰਮਿਆਂ ਸਮੇਤ ਬੀਬੀ ਗੁਲਾਬ ਕੌਰ ਵਰਗੀਆਂ ਵੀਰਾਂਗਣਾ ਦੀ ਘਾਲਣਾ ਤੇ ਲਾਸਾਨੀ ਕੁਰਬਾਨੀਆਂ ਨੂੰ ਸਿਜਦਾ ਕਰਨ ਲਈ ਜੱਥੇਬੰਦੀ ਜੋਸ਼ ਖ਼ਰੋਸ ਨਾਲ਼ ਮੇਲੇ ਵਿੱਚ ਸ਼ਿਰਕਤ ਕਰੇਗੀ।ਜੱਥੇਬੰਦੀ ਨੇ ਲੋਕਾਂ ਨੂੰ ਅਪੀਲ ਕੀਤੀ ਹੈ ਕਿ ਉਹ ਦੇਸ਼ ਭਗਤ ਯਾਦਗਾਰ ਕਮੇਟੀ ਵੱਲੋਂ ਲਾਏ 7 ਨਵੰਬਰ ਤੋਂ ਲਾਏ ਜਾ ਰਹੇ ਤਿੰਨ ਰੋਜ਼ਾ ਮੇਲੇ ਨੂੰ ਸਫ਼ਲ ਕਰਨ ਲਈ ਹਰ ਪੱਖੋਂ ਸਹਿਯੋਗ ਦੇਣ ਲਈ ਅੱਗੇ ਆਉਣ।

# ਵਿਦਿਆਰਥੀਆਂ ਨੇ ਲਗਾਇਆ ਵਿੱਦਿਅਕ ਟੂਰ



ਕਪੂਰਥਲਾ ( ਹਨੀ ) ਰੇਲ ਕੋਚ ਫੈਕਟਰੀ ਸਾਹਮਣੇ ਸਥਿਤ ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ ਦੇ ਪ੍ਰਾਇਮਰੀ ਅਤੇ ਸੀਨੀਅਰ ਵਿੰਗ ਦੇ ਵਿਦਿਆਰਥੀਆਂ ਨੂੰ ਜਲੰਧਰ ਸ਼ਹਿਰ ਵਿਖੇ ਵਿਦਿਅਕ ਟੂਰ 'ਤੇ ਲਿਜਾਇਆ ਗਿਆ।ਇਸ ਦੌਰਾਨ ਵਿਦਿਆਰਥੀਆਂ ਨੇ ਜਲੰਧਰ ਸ਼ਹਿਰ ਵਿੱਚ ਬਣੇ ਰੰਗਲਾ ਪੰਜਾਬ ਨੂੰ ਦੇਖਿਆ ਅਤੇ ਭਰਪੂਰ ਮਨੋਰੰਜਨ ਕੀਤਾ। ਇਸ ਦੌਰਾਨ ਵਿਦਿਆਰਥੀਆਂ ਪੰਜਾਬ ਦੇ ਅਲੋਪ ਹੋ ਰਹੇ ਸੱਭਿਆਚਾਰ ਅਤੇ ਅਲੋਪ ਹੋ ਚੁੱਕੇ ਸੱਭਿਆਚਾਰ ਬਾਰੇ ਜਾਣਕਾਰੀ ਹਾਸਿਲ ਕੀਤੀ। ਇਸ ਦੌਰਾਨ ਵਿਦਿਆਰਥੀਆਂ ਨੇ ਮੈਜਿਕ ਸ਼ੋ, ਪਪੀਟ ਸ਼ੋ, ਮਿੱਟੀ ਦੇ ਬਣੇ ਭਾਂਡੇ, ਮੱਕੀ ਦੇ ਦਾਣੇ ਭੁੰਨਣੇ, ਚਰਖਾ ਕੱਤਣਾ, ਦੁੱਧ ਚੋਣਾ, ਲੋਹ 'ਤੇ ਰੋਟੀਆਂ ਲਾਉਣੀਆਂ ਆਦਿ ਬਾਰੇ ਜਾਣਕਾਰੀ ਹਾਸਲ ਕੀਤੀ। ਵਿਦਿਆਰਥੀਆਂ ਨੇ ਭੰਗੜਾ ਪਾ ਕੇ ਖੂਬ ਮਸਤੀ ਕੀਤੀ ਅਤੇ ਉਨ੍ਹਾਂ ਸਰੋਂ ਦਾ ਸਾਗ, ਮੱਕੀ ਦੀ ਰੋਟੀ, ਚਾਟੀ ਦੀ ਲੱਸੀ ਅਤੇ ਮਿੱਠੀ ਖੀਰ ਦਾ ਆਨੰਦ ਮਾਣਿਆ। ਪ੍ਰਿੰਸੀਪਲ ਪ੍ਰਬਦੀਪ ਕੌਰ ਮੋਂਗਾ ਨੇ ਦੱਸਿਆ ਕਿ ਪੜ੍ਹਾਈ ਦੇ ਨਾਲ ਨਾਲ ਬੱਚਿਆਂ ਨੂੰ ਆਪਣੇ ਸੱਭਿਆਚਾਰ ਬਾਰੇ ਜਾਣਕਾਰੀ ਹੋਣਾ ਬਹੁਤ ਜਰੂਰੀ ਹੈ ਅਤੇ ਇਸੇ ਉਦੇਸ਼ ਦੀ ਪੂਰਤੀ ਲਈ ਵਿਦਿਆਰਥੀਆਂ ਨੂੰ ਰੰਗਲਾ ਪੰਜਾਬ ਵਿਖੇ ਲਿਜਾਇਆ ਗਿਆ।

## ਸ਼ਹਿਰੀ ਲੋਕਾਂ ਦੇ ਨਾਲ ਗ੍ਰਾਮੀਣ ਲੋਕ ਵੀ ਪਹੁੰਚ ਰਹੇ ਸਮਾਧਾਨ ਸ਼ਿਵਰਾਂ 'ਚ

ਚੰਡੀਗੜ੍ਹ, (ਕ੍ਰਿਸ਼ਨ ਗਰਗ)-ਸੂਬੇ ਵਿਚ ਲਗਾਏ ਜਾ ਰਹੇ ਸਮਾਧਾਨ ਸ਼ਿਵਰਾਂ ਵਿਚ ਲੋਕਾਂ ਦੀ ਵਧੀ ਹੋਈ ਉਮੀਦ ਆਂਕੜਿਆਂ ਵਿਚ ਵੀ ਦਿਖਾਈ ਦੇ ਰਹੀ ਹੈ। ਪਿਛਲੇ ਮਹੀਨੇ ਤੋਂ ਹੁਣ ਤਕ ਹਜਾਰਾਂ ਦੀ ਗਿਣਤੀ ਵਿਚ ਲੋਕ ਸਮਾਧਾਨ ਸ਼ਿਵਰਾਂ ਵਿਚ ਪਹੁੰਚ ਚੁੱਕੇ ਹਨ। ਇਸ ਵਿੱਚੋਂ 3458 ਸਮਸਿਆਵਾਂ ਦਾ ਮੌਕੇ 'ਤੇ ਹੀ ਹੱਲ ਕਰ ਦਿੱਤਾ ਗਿਆ ਹੈ। ਬਾਕੀ ਪੈਂਡਿੰਗ ਸਮਸਿਆਵਾਂ ਦਾ ਨਿਦਾਨ ਸਬੰਧਿਤ ਵਿਭਾਗ ਦੇ ਅਧਿਕਾਰੀ ਤੈਅ ਸਮੇਂ ਸੀਮਾ ਵਿਚ ਉਪਲਬਧ ਕਰਾਉਣ ਲਈ ਪ੍ਰਤੀਬੱਧ ਹਨ। ਮੁੱਖ ਮੰਤਰੀ ਦੇ ਆਦੇਸ਼ਾਂ ਅਨੁਸਾਰ ਸਥਾਨਕ ਨਿਗਮਾਂ ਅਤੇ ਬਲਾਕ ਪੱਧਰ ਤੇ ਬੀਡੀਪੀਓ ਦਫਤਰਾਂ ਵਿਚ ਅਧਿਕਾਰੀ ਸਵੇਰੇ 9 ਤੋਂ 11 ਵਜੇ ਤਕ ਇੰਨ੍ਹਾਂ ਸ਼ਿਵਰਾਂ ਵਿਚ ਜਨਸਮਸਿਆਵਾਂ ਦਾ ਗੰਭੀਰਤਾ ਨਾਲ ਹੱਲ ਕਰ ਰਹੇ ਹਨ। ਪੂਰੇ ਸੂਬੇ ਵਿਚ ਹਰ ਦਿਨ ਆਉਣ ਵਾਲੀ ਸਮਸਿਆਵਾਂ ਵਿੱਚੋਂ ਵੱਧ ਤੋਂ ਵੱਧ ਹੱਲ ਮੌਕੇ 'ਤੇ ਹੀ ਕੀਤਾ ਜਾ ਰਿਹਾ ਹੈ। ਸੂਬੇ ਦੇ 22 ਜ਼ਿਲ੍ਹਿਆਂ ਵਿਚ ਸੋਮਵਾਰ ਚਾਰ ਨਵੰਬਰ ਤਕ 5430 ਲੋਕ ਆਪਣੀ-ਆਪਣੀ ਸਮਸਿਆ ਲੈ ਕੇ ਹੱਲ ਸ਼ਿਵਰ ਵਿਚ ਪਹੁੰਚੇ। ਇੰਨ੍ਹਾਂ ਵਿੱਚੋਂ 3458 ਸਮਸਿਆਵਾਂ ਦਾ ਮੌਕੇ 'ਤੇ ਹੀ ਹੱਲ ਕਰ ਲਿਆ ਗਿਆ। ਪੈਂਡਿੰਗ ਸਮਸਿਆਵਾਂ ਦੇ ਹੱਲ ਬਾਰੇ ਸਬੰਧਿਤ ਵਿਭਾਗ ਦੇ ਅਧਿਕਾਰੀਆਂ ਨੂੰ ਨਿਰਦੇਸ਼ ਜਾਰੀ ਕਰ ਸ਼ਿਕਾਇਤਕਰਤਾਵਾਂ ਨੂੰ ਜਾਣੂੰ ਕਰਵਾਇਆ ਜਾ ਰਿਹਾ ਹੈ ਅਤੇ ਉਨ੍ਹਾਂ ਦਾ ਵੀ ਜਲਦੀ ਹੱਲ ਕੀਤਾ ਜਾਵੇਗਾ। ਮੁੱਖ ਮੰਤਰੀ ਨਾਇਬ ਸਿੰਘ ਸੈਨੀ ਨੇ ਪਿਛਲੇ ਮਹੀਨੇ ਅਧਿਕਾਰੀਆਂ ਦੇ ਨਾਲ ਮੀਟਿੰਗ ਕਰ ਸਮਾਧਾਨ ਸ਼ਿਵਰ ਪ੍ਰਬੰਧਿਤ ਕਰਨ ਦੇ ਨਿਰਦੇਸ਼ ਦਿੱਤੇ ਸਨ ਤਾਂ ਜੋ ਨਾਗਰਿਕਾਂ ਨੂੰ ਕਿਸੇ ਵੀ ਤਰ੍ਹਾ ਦੀ ਸਮਸਿਆ ਦੇ ਹੱਲ ਤਹਿਤ ਦਫਤਰਾਂ ਦੇ ਚੱਕਰ ਨਾ ਕੱਟਣੇ ਪੈਣ। ਮੁੱਖ ਸਕੱਤਰ ਦਫਤਰ ਵੱਲੋਂ ਇੰਨ੍ਹਾਂ ਸ਼ਿਵਰਾਂ ਵਿਚ ਆ ਰਹੀ ਸ਼ਿਕਾਇਤਾਂ ਦੀ ਪੂਰੀ ਨਿਗਰਾਨੀ ਕੀਤੀ ਜਾ ਰਹੀ ਹੈ।

## ਥ੍ਰੀ ਵ੍ਹੀਲਰ ਪਲਟਣ ਨਾਲ 9 ਸਵਾਰੀਆਂ ਜ਼ਖਮੀ

ਨਵਾਂਸ਼ਹਿਰ, (ਮਨੋਜ ਲਾਡੀ)- ਨਵਾਂਸ਼ਹਿਰ-ਫਿਲੌਰ ਮੁੱਖ ਮਾਰਗ ਉਤੇ ਪੈਂਦੇ ਪਿੰਡ ਉੜਾਪੜ ਵਿਖੇ ਉਸ ਵਕਤ ਭਗਦੜ ਮੱਚ ਗਈ ਜਦੋਂ ਇਕ ਕਾਰ ਦੀ ਟੱਕਰ ਨਾਲ ਸਵਾਰੀਆਂ ਨਾਲ ਭਰਿਆ ਥ੍ਰੀ ਵ੍ਹੀਲਰ ਪਲਟ ਗਿਆ, ਜਿਸ ਕਾਰਨ 9 ਸਵਾਰੀਆਂ ਜ਼ਖਮੀ ਹੋ ਗਈਆਂ, ਜਿਨ੍ਹਾਂ ਨੂੰ ਇਲਾਜ ਲਈ ਔੜ ਦੇ ਹਸਪਤਾਲ ਵਿਖੇ ਦਾਖਲ ਕਰਵਾਇਆ ਗਿਆ ਹੈ, ਜਿਨ੍ਹਾਂ ਵਿੱਚੋਂ ਸੱਤ ਸਵਾਰੀਆਂ ਗੰਭੀਰ ਦੱਸੀਆਂ ਜਾ ਰਹੀਆਂ ਹਨ।ਇਸ ਘਟਨਾ ਦੀ ਜਾਣਕਾਰੀ ਦਿੰਦਿਆਂ ਸੜਕ ਸੁਰੱਖਿਆ ਫੋਰਸ ਦੇ ਇੰਚਾਰਜ ਰਜਿੰਦਰ ਪਾਲ ਨੇ ਦੱਸਿਆ ਕਿ ਇਕ ਆਟੋ ਵਿਚ 9 ਸਵਾਰੀਆਂ, ਪਿੰਡ ਥਲਾ ਨੂੰ ਅਫਸੋਸ ਉਤੇ ਜਾ ਰਹੀਆਂ ਸਨ ਕਿ ਜਦੋਂ ਉਹ ਔੜ ਦੇ ਨੇੜੇ ਪੈਂਦੇ ਪਿੰਡ ਉੜਾਪੜ ਵਿਖੇ ਪੁੱਜਾ, ਤਾਂ ਪਿੱਛਿਓਂ ਆਉਂਦੀ ਇਕ ਸਵਿਫਟ ਕਾਰ ਨੇ ਉਸਵਿਚ ਟੱਕਰ ਮਾਰ ਦਿੱਤੀ, ਜਿਸ ਕਾਰਨ ਸਵਾਰੀਆਂ ਨਾਲ ਭਰਿਆ ਥ੍ਰੀ ਵ੍ਹੀਲਰ ਅੱਗੇ ਜਾ ਰਹੇ ਛੋਟੇ ਹਾਥੀ ਦੇ ਵਿਚ ਵੱਜ ਕੇ ਪਲਟ ਗਿਆ, ਜਿਸ ਵਿਚ ਸਵਾਰ 9 ਸਵਾਰੀਆਂਜ਼ਖਮੀ ਹੋ ਗਈਆਂ ਅਤੇ ਕਾਰ ਚਾਲਕ ਚੱਕਦਾਨਾ ਨਜ਼ਦੀਕ, ਪਿੰਡ ਖੁਰਦਾਂ ਨੂੰ ਜਾ ਰਿਹਾ ਸੀ। ਪੁਲਸ ਵੱਲੋਂ ਅਗਲੇਰੀ ਕਾਰਵਾਈ ਕੀਤੀ ਜਾ ਰਹੀ ਹੈ।

## ਮੇਲਾ ਗਿਆਰ੍ਹਵੀਂ ਵਾਲੀ ਸਰਕਾਰ ਤੇ ਲੱਖ ਦਾਤਾ ਪੀਰ ਦਾ 9 ਨੂੰ



ਰਾਹੋਂ ( ਕੁਲਵਿੰਦਰ ਸਿੰਘ ਰਾਹੋਂ) ਰੋਜਾ ਦਰਬਾਰ 11ਵੀਂ ਵਾਲੀ ਲੱਖ ਦਾਤਾ ਪੀਰ ਦੇ ਗੱਦੀ ਨਸ਼ੀਨ ਬੀਬੀ ਬਲਜੀਤ ਕਾਦਰੀ ਨੇ ਦੱਸਿਆ ਕਿ 24ਵਾਂ ਮੇਲਾ ਪੀਰਾਂ ਦਾ ਬੜੀ ਸ਼ਰਧਾ ਨਾਲ ਮਨਾਇਆ ਜਾ ਰਿਹਾ ਹੈ।ਮੇਲੇ ਦਾ ਆਰੰਭ ਸੰਗਤਾਂ ਤੇ ਦਰਬਾਰ ਵਲੋਂ ਸਰਬੱਤ ਦੇ ਭਲੇ ਲਈ ਖਵਾਜਾ ਪੀਰ ਦੇ ਬੇੜਾ ਤਾਰਨ ਦੀ ਅੱਠ ਨਵੰਬਰ ਨੂੰ 11 ਵਜੇ ਆਰੰਭ ਹੋਵੇਗਾ। ਸ਼ਾਮ ਨੂੰ 5 ਵਜੇ ਚਿਰਾਗ ਰੋਸ਼ਨ ਕੀਤੇ ਜਾਣਗੇ, ਜਿਸ ਉਪਰੰਤ ਕਲਾਕਾਰ ਮਹੇਸ਼ ਸਾਜਨ ਆਪਣੀ ਪਾਰਟੀ ਨਾਲ ਚੌਂਕੀ ਲਗਾਉਣਗੇ। ਉਹਨਾਂ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਨੌਂ ਨਵੰਬਰ ਨੂੰ 11 ਵਜੇ ਕਲਾਕਾਰ ਸੰਦੀਪ ਉਧੋਵਾਲੀਆ ਆਪਣੇ ਧਾਰਮਿਕ ਗੀਤ ਨਾਲ ਸੰਗਤਾਂ ਨੂੰ ਨਿਹਾਲ ਕਰਨਗੇ, ਝੰਡੇ ਦੀ ਰਸਮ 1 ਵਜੇ ਕੀਤੀ ਜਾਵੇਗੀ। 2 ਵਜੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਜਾਵੇਗਾ। ਉਸੇ ਰਾਤ ਨੂੰ ਪ੍ਰਸਿੱਧ ਕਵਾਲ ਮਲੇਰਕੋਟਲੇ ਵਾਲੇ ਈਸ਼ਰਤ ਅਲੀ ਅਤੇ ਗਾਇਕਾ ਲਵੀਸ਼ ਚੌਹਾਨ ਤੋਂ ਇਲਾਵਾ ਨਕਾਲ ਜੱਸੀ ਐਂਡ ਪਾਰਟੀ ਆਪਣੇ ਫਨ ਦਾ ਮੁਜਾਹਰਾ ਕਰਨਗੇ। ਇਸ ਮੇਲੇ ਦੌਰਾਨ ਅੱਖਾਂ ਦਾ ਮੁਫਤ ਜਾਂਚ ਕੈਂਪ ਡਾਕਟਰ ਦੀਪਕ ਕੁਮਾਰ ਪਾਂਡੇ ਗੜ੍ਹਸ਼ੰਕਰ ਦੀ ਟੀਮ ਕਰੇਗੀ। ਇੰਜੀਨੀਅਰ ਗੋਪਾਲ ਕ੍ਰਿਸ਼ਨ ਬੀਸਲਾ ਵਾਤਾਵਰਨ ਪ੍ਰੇਮੀ ਦੀ ਅਗਵਾਈ ਹੇਠ ਵਾਤਾਵਰਨ ਬਚਾਓ ਲਈ ਬਚਾਉਣ ਲਈ 211 ਫਲਦਾਰ ਅਤੇ ਛਾਂਦਾਰ ਬੂਟੇ ਵੀ ਮੁਫਤ ਵੰਡੇ ਜਾਣਗੇ ਇਸ ਮੌਕੇ 'ਤੇ ਸਾਈ ਨਰੇਸ਼ ਪਿੰਡ ਭੀਣ ਸੋਨੂ ਬੀਕਾ ਗਗਨਦੀਪ ਚੌੜਾ ਬੀਬੀ ਬਲਵਿੰਦਰ ਕੌਰ ਮੈਡਮ ਆਸ਼ਾ ਰਾਣੀ ਤਾਰੋ ਅਰਸ਼ਦੀਪ ਕੌਰ ਸੱਤਿਆ ਮਾਸਟਰ ਸੁੱਚਾ ਸਿੰਘ ਅਵਤਾਰ ਸਿੰਘ ਟੂਰੋ ਹਾਜ਼ਰ ਸਨ। ਪ੍ਰੈਸ ਨੂੰ ਜਾਣਕਾਰੀ ਚੇਤ ਰਾਮ ਰਤਨ ਸੀਨੀਅਰ ਕੌਂਸਲਰ ਐਂਡ ਪੱਤਰਕਾਰ ਨੇ ਦਿੱਤੀ।

# ਜ਼ਿਲ੍ਹੇ 'ਚ ਚਾਈਨਾ ਡੋਰ ਨੂੰ ਵੇਚਣ, ਸਟੋਰ ਕਰਨ, ਖ਼ਰੀਦਣ ਤੇ ਵਰਤੋਂ ਕਰਨ 'ਤੇ ਮੁਕੰਮਲ ਪਾਬੰਦੀ

ਨਵਾਂਸ਼ਹਿਰ, (ਮਨੋਜ ਲਾਡੀ-)ਜ਼ਿਲ੍ਹਾ ਮੈਜਿਸਟ੍ਰੇਟ, ਸ਼ਹੀਦ ਭਗਤ ਸਿੰਘ ਨਗਰ ਰਾਜੇਸ਼ ਧੀਮਾਨ ਨੇ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ 2023 ਦੀ ਧਾਰਾ 163 ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੇ ਸ਼ਹਿਰੀ/ਦਿਹਾਤੀ ਖੇਤਰ ਵਿਚ ਪੈਂਦੇ ਥਾਣਿਆਂ ਦੇ ਇਲਾਕਿਆਂ ਅੰਦਰ ਪਤੰਗ/ਗੁੱਡੀਆਂ ਉਡਾਉਣ ਲਈ ਨਾਈਲੋਨ/ ਸਿੰਥੈਟਿਕ/ਪਲਾਸਟਿਕ ਦੀ ਬਣੀ ਡੋਰ (ਚਾਈਨਾ ਡੋਰ) ਨੂੰ ਬਣਾਉਣ, ਵੇਚਣ, ਸਟੋਰ ਕਰਨ, ਖ਼ਰੀਦਣ, ਸਪਲਾਈ ਕਰਨ, ਬਾਹਰੋਂ ਆਯਾਤ ਕਰਨ ਅਤੇ ਇਸ ਦੀ ਵਰਤੋਂ ਕਰਨ 'ਤੇ ਮੁਕੰਮਲ ਤੌਰ 'ਤੇ ਪਾਬੰਦੀ ਲਗਾ ਦਿੱਤੀ ਹੈ। ਨਗਰ ਕੌਂਸਲਾਂ ਦੇ ਸਮੂਹ ਕਾਰਜ ਸਾਧਕ ਅਫ਼ਸਰ ਅਤੇ ਡੀ.ਡੀ.ਪੀ.ਓ ਸ਼ਹੀਦ ਭਗਤ ਸਿੰਘ ਨਗਰ ਆਪਣੀ-ਆਪਣੀ ਹਦੂਦ ਅੰਦਰ ਇਹ ਹੁਕਮ ਲਾਗੂ ਕਰਨ ਲਈ ਆਪਣੇ-ਆਪਣੇ ਏਰੀਏ ਵਿਚ ਮੁਨਾਦੀ ਕਰਵਾਉਣਗੇ ਅਤੇ ਇਨ੍ਹਾਂ ਹੁਕਮਾਂ ਦੇ ਇੰਨ ਬਿੰਨ ਲਾਗੂ ਹੋਣ ਸਬੰਧੀ ਚੈਕਿੰਗ ਕਰਕੇ ਰਿਪੋਰਟ ਡਿਪਟੀ ਕਮਿਸ਼ਨਰ ਦਫਤਰ ਨੂੰ ਭੇਜਣ ਲਈ ਜ਼ਿੰਮੇਵਾਰ ਹੋਣਗੇ। ਸੀਨੀਅਰ ਪੁਲਿਸ ਕਪਤਾਨ, ਸ਼ਹੀਦ ਭਗਤ ਸਿੰਘ ਨਗਰ/ ਨਗਰ ਕੌਂਸਲਾਂ ਦੇ ਸਮੂਹ ਕਾਰਜ ਸਾਧਕ ਅਫ਼ਸਰ ਅਤੇ ਪੇਂਡੂ ਏਰੀਏ ਵਿਚ ਸਮੂਹ ਬਲਾਕ ਵਿਕਾਸ ਤੇ ਪੰਚਾਇਤ ਅਫ਼ਸਰ ਇਨ੍ਹਾਂ ਹੁਕਮਾਂ ਨੂੰ ਸਹੀ ਤਰੀਕੇ ਨਾਲ ਲਾਗੂ ਕਰਵਾਉਣ ਲਈ ਜ਼ਿੰਮੇਵਾਰ ਹੋਣਗੇ।ਜਾਰੀ ਹੁਕਮਾਂ ਵਿੱਚ ਕਿਹਾ ਗਿਆ ਹੈ ਕਿ ਸਿੰਥੈਟਿਕ/ਪਲਾਸਟਿਕ ਦੀ ਡੋਰ ਬਹੁਤ ਮਜ਼ਬੂਤ ਹੈ ਅਤੇ ਇਹ ਨਾ ਗਲਣਯੋਗ ਅਤੇ ਨਾ ਹੀ ਟੁੱਟਣਯੋਗ ਹੈ। ਇਸ ਡੋਰ ਨਾਲ ਸਾਈਕਲ, ਸਕੂਟਰ ਅਤੇ ਮੋਟਰ ਸਾਈਕਲ ਚਾਲਕਾਂ ਦੇ ਗਲ਼ੇ ਅਤੇ ਕੰਨ ਕੱਟੇ ਜਾਂਦੇ ਹਨ, ਉੱਡਦੇ ਪੰਛੀ ਫਸ ਜਾਣ 'ਤੇ ਉਨਾਂ ਦੇ ਮਰਨ ਬਾਰੇ ਵੀ ਕਾਫੀ ਘਟਨਾਵਾਂ ਵਾਪਰਦੀਆਂ ਹਨ। ਇਸ ਤਰ੍ਹਾਂ ਇਹ ਸਿੰਥੈਟਿਕ/ਪਲਾਸਟਿਕ ਡੋਰ ਜਦੋਂ ਪਤੰਗ ਉਡਾਉਣ ਲਈ ਵਰਤੀ ਜਾਂਦੀ ਹੈ ਤਾਂ ਇਹ ਮਨੁੱਖੀ ਜਾਨਾਂ, ਰਾਹਗੀਰਾਂ ਅਤੇ ਪੰਛੀਆਂ ਲਈ ਘਾਤਕ ਸਿੱਧ ਹੁੰਦੀ ਹੈ, ਇਸ ਲਈ ਇਸ ਡੋਰ 'ਤੇ ਪਾਬੰਦੀ ਲਗਾਉਣੀ ਜ਼ਰੂਰੀ ਹੈ। ਇਹ ਹੁਕਮ 22 ਅਪ੍ਰੈਲ 2025 ਤੱਕ ਲਾਗੂ ਰਹੇਗਾ।

# ਚੱਬੇਵਾਲ ਦੇ ਵਿਕਾਸ ਲਈ ਸਾਡੀਆਂ ਮੰਗਾਂ 'ਤੇ ਮੁੱਖ ਮੰਤਰੀ ਨੇ ਲਗਾਈ ਮੋਹਰ - ਡਾ. ਰਾਜ ਕੁਮਾਰ



ਹੁਸ਼ਿਆਰਪੁਰ (ਓ ਪੀ ਰਾਣਾ) ਲੋਕ ਸਭਾ ਹਲਕਾ ਹੁਸ਼ਿਆਰਪੁਰ ਦੇ ਸਾਰੇ 9 ਵਿਧਾਨ ਸਭਾ ਹਲਕੇ ਮੇਰੇ ਲਈ ਮਹੱਤਵਪੂਰਨ ਹਨ ਪਰੰਤੂ ਚੱਬੇਵਾਲ ਮੇਰੇ ਲਈ ਬਹੁਤ ਖਾਸ ਮਾਇਨੇ ਰੱਖਦਾ ਹੈ। ਇਥੇ ਦੀ ਜਨਤਾ ਦੇ ਨਾਲ, ਇਥੇ ਦੇ ਹਰ ਪਿੰਡ ਨਾਲ ਮੈਨੂੰ ਲਗਾਓ ਹੈ। ਇਹ ਸ਼ਬਦ ਹਨ ਡਾ. ਰਾਜ ਕੁਮਾਰ ਚੱਬੇਵਾਲ ਲੋਕ ਸਭਾ ਮੈਂਬਰ ਦੇ , ਜਿਨ੍ਹਨਾਂ ਨੇ ਅੱਗੇ ਕਿਹਾ ਕਿ ਮੈਂ ਪਹਿਲਾਂ ਵੀ ਇਸ ਹਲਕੇ ਵਿਚ ਸੁਧਾਰ ਕਰਨ ਲਈ, ਹਲਕੇ ਦੇ ਬਿਹਤਰੀਨ ਵਿਕਾਸ ਲਈ ਬਹੁਤ ਮਿਹਨਤ ਕੀਤੀ ਹੈ ਅਤੇ ਹਲਕਾ ਵਾਸੀਆਂ ਨੂੰ ਬਿਹਤਰ ਇਲਾਕਾ, ਬਿਹਤਰ ਸਹੂਲਤਾਂ ਦੇਣ ਲਈ ਕੋਸ਼ਿਸ਼ ਕਰਦਾ ਰਿਹਾ ਹਾਂ ਅਤੇ ਅਗਾਂਹ ਵੀ ਕਰਦਾ ਰਹਾਂਗਾ। ਆਪਣੀ ਇਸੀ ਵਿਚਾਰਧਾਰਾ ਦੇ ਚਲਦਿਆਂ ਡਾ. ਰਾਜ ਕੁਮਾਰ ਨੇ ਪੰਜਾਬ ਦੇ ਮੁਖ ਮੰਤਰੀ ਭਗਵੰਤ ਮਾਨ ਦੇ ਨਾਲ ਇਕ ਖਾਸ ਮੁਲਾਕਾਤ ਕੀਤੀ ਅਤੇ ਚੱਬੇਵਾਲ ਹਲਕੇ ਦੇ ਲਈ ਕੁਝ ਸਪੈਸ਼ਲ ਕੰਮ ਕਰਵਾਉਣ ਦੀ ਪ੍ਰਵਾਨਗੀ ਲਈ। ਕੰਢੀ ਖੇਤਰ ਵਿਚ ਕਿਸਾਨਾਂ ਨੂੰ ਨਹਿਰੀ ਪਾਣੀ ਦਿੱਤੇ ਜਾਣ ਦੀ ਸ਼ਲਾਘਾ ਕਰਦਿਆਂ ਡਾ. ਰਾਜ ਨੇ ਮੁਖ ਮੰਤਰੀ ਕੋਲ ਬੇਨਤੀ ਕੀਤੀ ਕਿ ਚੱਬੇਵਾਲ ਹਲਕੇ ਵਿਚੋਂ ਲੰਘਦੀ ਬਿਸ੍ਤ-ਦੋਆਬ ਨਹਿਰ 'ਤੇ ਮੋਘੇ ਰਖਵਾਏ ਜਾਣ, ਤਾਂ ਜੋ ਕਿਸਾਨਾਂ ਨੂੰ ਸਿੰਚਾਈ ਲਈ ਨਹਿਰੀ ਪਾਣੀ ਮੁਹੱਈਆ ਕਰਵਾਇਆ ਜਾ ਸਕੇ। ਗੁਰੂ ਘਰਾਂ ਨੂੰ ਜਾਂਦੀਆਂ ਸਾਰੀਆਂ ਸੜਕਾਂ 18 ਫੁੱਟ ਚੌੜੀਆਂ ਕਰਨ ਦੇ ਨਾਲ ਨਾਲ ਖੇਤਾਂ ਨੂੰ ਜਾਂਦੀਆਂ ਸੜਕਾਂ ਵੀ ਪੱਕੀਆਂ ਕਰਣ ਦੀ ਵੀ ਪ੍ਰਵਾਨਗੀ ਲਈ। ਡਾ. ਰਾਜ ਨੇ ਮੁਖ ਮੰਤਰੀ ਮਾਨ ਨੂੰ ਚੱਬੇਵਾਲ ਹਲਕੇ ਦੇ ਅਜਨੋਹਾ ਪਿੰਡ ਤੋਂ ਅਕਾਲ ਤਖ਼ਤ ਸਾਹਿਬ ਦੇ ਜੱਥੇਦਾਰ ਗੁਰਦਿਆਲ ਸਿੰਘ ਜੀ ਦੀ ਯਾਦ 'ਚ ਵੱਡਾ ਯਾਦਗਾਰੀ ਹਾਲ ਬਨਵਾਉਣ ਦੇ ਨਾਲ-ਨਾਲ ਚੱਬੇਵਾਲ ਤੋਂ ਧਾਰਮਿਕ ਸਥਾਨਾਂ ਲਈ ਫ੍ਰੀ ਬਸ ਸਰਵਿਸ, ਫ੍ਰੀ ਰਹਿਣ-ਖਾਣ ਦੀ ਸਹੂਲਤ ਦੇਣ ਦੀ ਵੀ ਤਜਵੀਜ਼ ਕੀਤੀ। ਡਾ. ਭੀਮ ਰਾਓ ਅੰਬੇਡਕਰ ਜੀ ਦੇ ਨਾਂਅ 'ਤੇ ਚਾਰ ਵੱਡੇ ਕਮਿਊਨਿਟੀ ਹਾਲ ਬਣਵਾਏ ਜਾਣ ਦੀ ਮੰਗ ਵੀ ਡਾ. ਰਾਜ ਨੇ ਰੱਖੀ। ਆਦਮਪੁਰ ਤੋਂ ਗੜ੍ਹਸ਼ੰਕਰ ਵਾਇਆ ਕੋਟ ਫਤੂਹੀ ਦੀ ਸੜਕ ਦਾ ਨਾਂਅ ਬਾਬਾ ਬੰਦਾ ਸਿੰਘ ਬਹਾਦੁਰ ਦੇ ਨਾਂਅ'ਤੇ ਰੱਖਣ ਦੀ ਵੀ ਅਪੀਲ ਕੀਤੀ। ਵਿਧਾਨ ਸਭਾ ਹਲਕਾ ਚੱਬੇਵਾਲ ਦੇ ਜਿਮਨੀ ਚੋਣ ਵਿਚ ਆਮ ਆਦਮੀ ਪਾਰਟੀ ਦੇ ਉਮੀਦਵਾਰ ਡਾ. ਇਸ਼ਾਂਕ ਕੁਮਾਰ ਵਲੋਂ ਕੀਤੀ ਗਈ ਬੇਨਤੀ ਵੀ ਡਾ. ਰਾਜ ਕੁਮਾਰ ਨੇ ਮੁੱਖ ਮੰਤਰੀ ਤੱਕ ਪਹੁੰਚਦੀ ਕੀਤੀ ਕਿ ਚੱਬੇਵਾਲ ਹਲਕੇ ਵਿਚ ਬਾਲਿਆਂ ਦੀਆਂ ਛੱਤਾਂ ਲਈ 2 ਕਰੋੜ ਦੀ ਗ੍ਰਾਂਟ ਪਹਿਲਾਂ ਹੀ ਸੈਂਕਸ਼ਨ ਹੋਏ ਹਨ, ਬਾਕੀ ਰਹਿੰਦੇ ਪਰਵਾਰਾਂ ਲਈ ਵੀ ਫੰਡ ਜਾਰੀ ਕੀਤੇ ਜਾਣ ਅਤੇ 10000 ਨਵੇਂ ਸਮਾਰਟ ਰਾਸ਼ਨ ਕਾਰਡ ਅਤੇ ਆਯੁਸ਼ਮਾਨ ਸਿਹਤ ਕਾਰਡ ਬਣਾਏ ਜਾਣ। ਨੌਜੁਆਨ ਡਾ. ਇਸ਼ਾਂਕ ਵਲੋਂ ਆਪਣੇ ਹਲਕੇ ਦੇ ਨੌਜਵਾਨਾਂ ਲਈ ਸਟੇਡੀਅਮਾਂ ਦੇ ਅਪਗ੍ਰੇਡ ਅਤੇ ਜਿਮਾਂ ਦੇ ਹਾਈ ਲੈਵਲ ਮਸ਼ੀਨਾਂ-ਉਪਕਰਣਾਂ ਲਈ ਗ੍ਰਾਂਟਾਂ ਦੀ ਵੀ ਮੰਗ ਰੱਖੀ ਗਈ। ਮੁਖ ਮੰਤਰੀ ਭਗਵੰਤ ਮਾਨ ਵਲੋਂ ਡਾ. ਰਾਜ ਨੂੰ ਭਰੋਸਾ ਦਿੱਤਾ ਗਿਆ ਕਿ ਇਹ ਸਾਰੀਆਂ ਮੰਗਾਂ ਬਹੁਤ ਜਾਇਜ਼ ਹਨ , ਕਿਸਾਨ ਅਤੇ ਗਰੀਬ ਪੱਖੀ ਹਨ ਜਿਸ 'ਤੇ ਚੋਣ ਜ਼ਾਬਤਾ ਹਟਦਿਆਂ ਹੀ ਕੰਮ ਸ਼ੁਰੂ ਕਰਵਾਏ ਜਾਣਗੇ। ਸੰਸਦ ਮੈਂਬਰ ਡਾ. ਰਾਜ ਨੇ ਮੁਖ ਮੰਤਰੀ ਦਾ ਧੰਨਵਾਦ ਕੀਤਾ ਅਤੇ ਕਿਹਾ ਕਿ ਮੁਖ ਮੰਤਰੀ ਦੇ ਸਹਿਯੋਗ ਨਾਲ ਉਹ ਡਾ. ਇਸ਼ਾਂਕ ਦੇ ਨਾਲ ਮਿਲ ਕੇ ਚੱਬੇਵਾਲ ਹਲਕੇ ਨੂੰ ਤਰੱਕੀ ਦੀਆਂ ਉਚਾਈਆਂ 'ਤੇ ਲੈ ਕੇ ਜਾਣ ਦੇ ਆਪਣੇ ਸੁਫ਼ਨੇ ਨੂੰ ਪੂਰਾ ਕਰਨਗੇ।

# ਮਜਾਰੀ ਦੇ ਦੰਗਲ ਦੌਰਾਨ ਝੰਡੀ ਦੀ ਕੁਸ਼ਤੀ 'ਚ ਪਹਿਲਵਾਨਾਂ ਨੇ ਦਿਖਾਏ ਜੌਹਰ



ਮਾਹਿਲਪੁਰ (ਸਫ਼ਰੀ)-ਦੋ ਦਿਨ ਹੋਏ ਛਿੰਝ ਮੇਲੇ ਦੌਰਾਨ ਪਹਿਲਵਾਨਾਂ ਅਜੇ ਬਾਰਨ, ਮਨਜੀਤ ਖੱਤਰੀ, ਜੱਗਾ ਆਲਮਗੀਰ, ਮਨਕਰਣ ਡੂਮਛੇੜੀ, ਸ਼ਾਨਵੀਰ ਕੋਹਾਲੀ, ਇਰਫਾਨ ਮੁੱਲਾਂਪੁਰ, ਗੁਰਜੰਟ ਮਾਵਾ, ਬਾਜ਼ ਰੌਣੀ, ਸੂਜਲ ਫਗਵਾੜਾ, ਲੱਕੀ ਗਰਚਾ, ਸੋਨੂੰ ਦਿੱਲੀ, ਸੁਮਿਤ ਖੰਨਾ, ਭੋਲੂ ਊਨਾ, ਬੱਬੂ ਪਰਾਗਪੁਰ, ਰੱਜਾਕ ਲੱਲੀਆਂ, ਤੇਜ਼ਾ ਦਿੱਲੀ, ਫਤਿਹ ਮੰਡ ਚੌਂਤਾ ਤੋਂ ਇਲਾਵਾ ਪੰਜਾਬ, ਹਰਿਆਣਾ, ਦਿੱਲੀ, ਉੱਤਰ ਪ੍ਰਦੇਸ਼ ਅਤੇ ਰਾਜਸਥਾਨ ਆਦਿ ਸੂਬਿਆਂ ਦੇ ਪ੍ਰਸਿੱਧ ਅਖਾੜਿਆਂ ਦੇ ਪਹਿਲਵਾਨਾਂ ਨੇ ਸ਼ਿਰਕਤ ਕੀਤੀ ਅਤੇ ਆਪੋ-ਆਪਣੀ ਕੁਸ਼ਤੀ ਦੇ ਜੌਹਰ ਦਿਖਾਏ।ਸਰਪੰਚ ਸੋਮਨਾਥ ਰਾਣਾ ਵੱਲੋਂ ਇਲਾਕੇ ਦੀਆਂ ਵੱਖ-ਵੱਖ ਧਾਰਮਿਕ, ਸਮਾਜਿਕ ਤੇ ਸਿਆਸੀ ਸ਼ਖ਼ਸ਼ੀਅਤਾਂ ਦੇ ਨਾਲ ਦੂਰ ਦੁਰਾਡੇ ਤੋਂ ਆਏ ਕੁਸ਼ਤੀ ਪ੍ਰੇਮੀਆਂ ਦਾ ਦਿਲ ਦੀਆਂ ਗਹਿਰਾਈਆਂ ਤੋਂ ਧੰਨਵਾਦ ਕੀਤਾ।ਸਰਪੰਚ ਸੋਮਨਾਥ ਰਾਣਾ ਦੀ ਅਗਵਾਈ ਵਾਲੀ ਛਿੰਝ ਕਮੇਟੀ ਅਤੇ ਰਾਜਪੂਤ ਭਾਈਚਾਰੇ ਦੇ ਸਮੂਹ ਪਤਵੰਤਿਆਂ ਦੇ ਸਹਿਯੋਗ ਨਾਲ ਇਹ ਕੁਸ਼ਤੀ ਦੰਗਲ ਪ੍ਰਾਚੀਨ ਸਿੱਧ ਬਾਬਾ ਬਾਲਕ ਨਾਥ ਮੰਦਿਰ ਦੇ ਨਾਲ ਲੱਗਦੇ ਖੇਡ ਮੈਦਾਨ ਵਿੱਚ ਕਰਵਾਇਆ ਗਿਆ। ਇਸ ਛਿੰਝ ਮੇਲੇ ਦੇ ਸਫਲ ਆਯੋਜਨ ਲਈ ਜਿੱਥੇ ਸਾਰੇ ਨਗਰ ਨਿਵਾਸੀਆਂ ਨੇ ਜੀਅ ਤੋੜ ਮਿਹਨਤ ਕੀਤੀ ਉੱਥੇ ਆਪਣੀ ਨੇਕ ਕਮਾਈ ਵਿਚੋਂ ਐਨ.ਆਰ.ਆਈ. ਵੀਰਾਂ ਵਲੋਂ ਵੀ ਵਡਮੁੱਲਾ ਯੋਗਦਾਨ ਪਾਇਆ ਗਿਆ।ਪਹਿਲਵਾਨਾਂ ਦੀ ਚੋਣ ਲਈ ਵਿਜੇ ਰਾਣਾ (ਚੰਡੀਗੜ੍ਹ) ਵੱਲੋਂ ਆਪਣੀ ਜਿੰਮੇਵਾਰੀ ਬਾਖੂਬੀ ਨਿਭਾਈ ਗਈ। ਕਬੱਡੀ ਤੇ ਕੁਸ਼ਤੀ ਜਗਤ ਦੇ ਉੱਘੇ ਬੁਲਾਰੇ ਕਰਮਦੀਨ ਚੱਕ ਸਾਬੂ ਵੱਲੋਂ ਆਪਣੇ ਮਿੱਠੜੇ ਬੋਲਾਂ ਨਾਲ ਕੁਸ਼ਤੀ ਪ੍ਰੇਮੀਆਂ ਨੂੰ ਨਿਹਾਲ ਕੀਤਾ।

# ਬਾਜਵਾ ਨੇ ਕੀਤਾ ਰਾਜ ਪੱਧਰੀ ਫੁੱਟਬਾਲ ਮੁਕਾਬਲਿਆਂ ਦਾ ਉਦਘਾਟਨ



ਮਾਹਿਲਪੁਰ (ਸ਼ਫ਼ਰੀ) - ਪੰਜਾਬ ਸਰਕਾਰ ਖੇਡ ਵਿਭਾਗ ਵੱਲੋਂ ਖੇਡਾਂ ਵਤਨ ਪੰਜਾਬ ਦੀਆਂ 2024 ਅਧੀਨ ਰਾਜ ਪੱਧਰੀ ਖੇਡ ਫੁੱਟਬਾਲ ਦਾ ਉਦਘਾਟਨ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਲੜਕੇ ਮਾਹਲਪੁਰ ਵਿਖੇ ਜ਼ਿਲ੍ਹਾ ਖੇਡ ਅਫਸਰ ਹੁਸ਼ਿਆਰਪੁਰ ਗੁਰਪ੍ਰੀਤ ਸਿੰਘ ਬਾਜਵਾ ਨੇ ਪੂਰੇ ਪੰਜਾਬ ਵਿਚੋਂ ਵੱਖ-ਵੱਖ ਜ਼ਿਲ੍ਹਿਆਂ ਤੋਂ ਆਏ ਖਿਡਾਰੀਆਂ ਨੂੰ ਸ਼ੁਭਕਾਮਨਾਵਾਂ ਦੇ ਕੇ ਕੀਤਾ। ਇਸ ਮੌਕੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਲੜਕਿਆਂ ਦੇ ਪ੍ਰਿੰਸੀਪਲ ਗੁਰਾਂ ਦਾਸ ਜੀ ਵੀ ਹਾਜ਼ਰ ਸਨ। ਇਸ ਤੋਂ ਇਲਾਵਾ ਜ਼ਿਲ੍ਹਾ ਖੇਡ ਦਫ਼ਤਰ ਹੁਸ਼ਿਆਰਪੁਰ ਦਾ ਕਲੈਰੀਕਲ ਸਟਾਫ , ਕੋਚਿੰਗ ਸਟਾਫ , ਵੱਖ-ਵੱਖ ਜ਼ਿਲ੍ਹਿਆਂ ਤੋਂ ਆਏ ਖੇਡ ਵਿਭਾਗ ਅਤੇ ਸਿੱਖਿਆ ਵਿਭਾਗ ਹੁਸ਼ਿਆਰਪੁਰ ਦੇ ਕੋਚ ਅਤੇ ਆਫੀਸ਼ੀਅਲ ਹਾਜਰ ਸਨ। ਗੁਰਪ੍ਰੀਤ ਸਿੰਘ ਬਾਜਵਾ ਜ਼ਿਲਾ ਖੇਡ ਅਫਸਰ ਹੁਸ਼ਿਆਰਪੁਰ ਨੇ ਦੱਸਿਆ ਕਿ ਰਾਜ ਪੱਧਰ ਫੁੱਟਬਾਲ ਵਿੱਚ ਪੰਜਾਬ ਰਾਜ ਦੇ ਸਮੂਹ ਜ਼ਿਲ੍ਹਿਆਂ ਵਿੱਚੋਂ ਅੰਡਰ 14 ,17 ,21, ,21-30,31- 40 ਸਾਲ ਦੇ ਖਿਡਾਰੀ ਭਾਗ ਲੈ ਰਹੇ ਹਨ। ਇਹ ਟੂਰਨਾਮੈਂਟ ਮਿਤੀ 04 ਨਵੰਬਰ 2024 ਤੋਂ 07 ਨਵੰਬਰ 2024 ਤੱਕ ਲੜਕੇ /ਮਰਦ ਅਤੇ 08 ਨਵੰਬਰ 2024 ਤੋਂ 10 ਨਵੰਬਰ ਤੱਕ ਲੜਕੀਆਂ/ ਔਰਤਾਂ ਦੇ ਵਿੱਚ ਕਰਵਾਏ ਜਾਣਗੇ। ਮਿਤੀ 04-11- 2024 ਦੇ ਹੁਣ ਤੱਕ ਦੇ ਮੁਕਾਬਲਿਆਂ ਦੇ ਨਤੀਜੇ ਇਸ ਪ੍ਰਕਾਰ ਹਨ , ਅੰਡਰ 14 ਸਾਲ ਲੜਕੇ ਜ਼ਿਲ੍ਹਾ ਤਰਨ ਤਾਰਨ ਨੇ ਜ਼ਿਲਾ ਫਿਰੋਜ਼ਪੁਰ ਨੂੰ 5 - 0 ਗੋਲਾਂ ਨਾਲ ਹਰਾਇਆ। ਜ਼ਿਲ੍ਹਾ ਮੋਗਾ ਨੇ ਬਰਨਾਲੇ ਨੂੰ 5 - 0 ਗੋਲਾਂ ਨਾਲ ਹਰਾਇਆ। ਕਪੂਰਥਲੇ ਨੇ ਲੁਧਿਆਣੇ ਨੂੰ 5-1 ਗੋਲਾਂ ਨਾਲ ਹਰਾਇਆ। ਮੋਹਾਲੀ ਨੇ ਸ਼੍ਰੀ ਮੁਕਤਸਰ ਸਾਹਿਬ ਨੂੰ 2-1 ਗੋਲਾਂ ਨਾਲ ਹਰਾਇਆ। ਅੰਡਰ 17 ਸਾਲ ਲੜਕੇ ਜ਼ਿਲ੍ਹਾ ਮੋਗਾ ਨੇ ਅੰਮ੍ਰਿਤਸਰ ਨੂੰ ਪਲਾਂਟੀ ਛੂਟ ਆਊਟ ਤੇ 6-3 ਗੋਲਾਂ ਅਤੇ ਐਸ ਬੀ ਐਸ ਨਗਰ ਨੇ ਪਠਾਨਕੋਟ ਨੂੰ 2-0 ਨਾਲ ਹਰਾਇਆ। ਅੰਡਰ 21 ਸਾਲ ਲੜਕੇ , ਜ਼ਿਲ੍ਹਾ ਲੁਧਿਆਣਾ ਨੇ ਸੰਗਰੂਰ ਨੂੰ 1-0 ਨਾਲ ਅਤੇ ਜਲੰਧਰ ਨੇ ਸ਼੍ਰੀ ਮੁਕਤਸਰ ਸਾਹਿਬ ਨੂੰ 2 -0 ਗੋਲਾਂ ਅਤੇ ਕਪੂਰਥਲਾ ਨੇ ਫਿਰੋਜ਼ਪੁਰ ਨੂੰ 5-0 ਨਾਲ ਹਰਾਇਆ।

# ਜ਼ਿਲ੍ਹੇ 'ਚ ਨਵੀਆਂ ਵੋਟਾਂ ਬਣਾਉਣ ਲਈ ਵਿਸ਼ੇਸ਼ ਪ੍ਰਬੰਧ ਕੀਤੇ ਗਏ : ਆਸ਼ਿਕਾ ਜੈਨ

ਸ਼ਾਹਿਬਜ਼ਾਦਾ ਅਜੀਤ ਸਿੰਘ ਨਗਰ (ਗੁਰਜੀਤ ਬਿੱਲਾ) ਜ਼ਿਲ੍ਹੇ ਵਿੱਚ ਭਾਰਤੀ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਵੋਟਰ ਸੂਚੀਆਂ ਦੀ ਸਰਸਰੀ ਸੁਧਾਈ ਦੇ ਵਿਸ਼ੇਸ਼ ਪ੍ਰਬੰਧ ਕੀਤੇ ਗਏ ਹਨ।ਜ਼ਿਲ੍ਹਾ ਚੋਣ ਅਫਸਰ-ਕਮ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਦੀ ਅਗਵਾਈ ਵਿਚ ਜ਼ਿਲ੍ਹਾ ਚੋਣ ਦਫ਼ਤਰ ਅਤੇ ਸਵੀਪ ਟੀਮ ਵੱਲੋਂ ਵੱਖ-ਵੱਖ ਵਿਦਿਅਕ ਅਦਾਰਿਆਂ ਅਤੇ ਸਮਾਜ ਸੇਵੀ ਸੰਸਥਾਵਾਂ ਨਾਲ ਮਿਲ ਕੇ ਨਵੰਬਰ ਮਹੀਨੇ ਵਿੱਚ ਪ੍ਰੋਗਰਾਮ ਉਲੀਕੇ ਜਾ ਰਹੇ ਹਨ। ਆਸ਼ਿਕਾ ਜੈਨ ਨੇ ਦੱਸਿਆ ਕਿ ਇਸ ਮੁਹਿੰਮ ਤਹਿਤ ਜ਼ਿਲ੍ਹੇ ਵਿਚ 9,10 ਨਵੰਬਰ ਅਤੇ ਉਸ ਤੋਂ ਬਾਅਦ 23 ਅਤੇ 24 ਨਵੰਬਰ ਨੂੰ ਬੂਥ ਪੱਧਰ ਉਪਰ ਵੋਟਰ ਪੰਜੀਕਰਣ ਕੈਂਪ ਆਯੋਜਿਤ ਕੀਤੇ ਜਾ ਰਹੇ ਹਨ, ਜਿਨ੍ਹਾਂ ਵਿੱਚ ਯੋਗ ਵੋਟਰ, ਜਿਨ੍ਹਾਂ ਦੀ ਉਮਰ 01/01/2024 ਤੱਕ 18 ਸਾਲ ਦੀ ਹੋ ਰਹੀ ਹੈ, ਆਪਣੇ ਆਪ ਨੂੰ ਵੋਟਰ ਵੱਜੋਂ ਰਜਿਸਟਰ ਕਰਵਾ ਸਕਦੇ ਹਨ। ਜੇ ਕਿਸੇ ਨੇ ਵੋਟ ਸ਼ਿਫਟ ਜਾਂ ਸੋਧ ਕਰਵਾਉਣੀ ਹੈ ਤਾਂ ਉਹ ਵੀ ਇਹਨਾਂ ਕੈਂਪਾਂ ਦਾ ਫਾਇਦਾ ਲੈ ਸਕਦੇ ਹਨ।ਇਸ ਮੁਹਿੰਮ ਤਹਿਤ ਸਰਕਾਰੀ ਪੌਲੀਟੈਕਨਿਕ ਕਾਲਜ, ਖੂਨੀਮਾਜਰਾ ਵਿਖੇ ਵਿਸ਼ੇਸ਼ ਕੈਂਪ ਦਾ ਆਯੋਜਨ ਜ਼ਿਲ੍ਹਾ ਨੋਡਲ ਅਫਸਰ ਸਵੀਪ ਪ੍ਰੋ: ਗੁਰਬਖਸ਼ੀਸ਼ ਸਿੰਘ ਅਨਟਾਲ ਵੱਲੋਂ ਕੀਤਾ ਗਿਆ, ਜਿਸ ਵਿੱਚ ਕਾਲਜ ਦੇ ਕਾਰਜਕਾਰੀ ਪ੍ਰਿੰਸੀਪਲ ਪ੍ਰਵੀਨ ਕੌਰ ਵੱਲੋਂ ਵਿਦਿਆਰਥੀਆਂ ਨੂੰ ਫਾਰਮ ਨੰਬਰ 6 ਤਕਸੀਮ ਕੀਤੇ ਗਏ।ਪ੍ਰੋ. ਗੁਰਬਖਸ਼ੀਸ਼ ਸਿੰਘ ਅਨਟਾਲ ਨੇ ਦੱਸਿਆ ਕਿ ਅੱਜ ਵੋਟਰ ਹੈਲਪਲਾਈਨ ਐਪ ਰਾਹੀਂ 122 ਯੋਗ ਵੋਟਰਾਂ ਨੂੰ ਰਜਿਸਟਰਡ ਕੀਤਾ ਗਿਆ। ਕਾਲਜ ਦੇ ਨੋਡਲ ਅਫਸਰ ਸਵੀਪ ਰਵਿੰਦਰ ਜੈਸਵਾਲ ਅਤੇ ਪ੍ਰੋਗਰਾਮ ਅਫਸਰ ਰਾਸ਼ਟਰੀ ਸੇਵਾ ਯੋਜਨਾ ਬਰਿੰਦਰਪ੍ਰਤਾਪ ਸਿੰਘ ਵੱਲੋਂ ਅੱਜ ਦੇ ਕੈਂਪ ਦਾ ਆਯੋਜਨ ਕੀਤਾ ਗਿਆ ਅਤੇ ਬੀਐਲਓ ਮਨਜੀਤ ਸਿੰਘ ਵੱਲੋਂ ਵਿਦਿਆਰਥੀਆਂ ਨੂੰ ਵੋਟਰ ਵੱਜੋਂ ਰਜਿਸਟਰ ਕੀਤਾ ਗਿਆ।

# ਗੁਰੂ ਨਾਨਕ ਦੇਵ ਜੀ ਦੇ 555ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਤ ਨਗਰ ਕੀਰਤਨ ਸੁਲਤਾਨਪੁਰ ਲੋਧੀ ਪੁੱਜਾ



ਲੋਹੀਆਂ ਖਾਸ, (ਯੋਗੇਸ਼ਵਰ) : ਗੁਰੂ ਨਾਨਕ ਦੇਵ ਜੀ 555ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਪਹਿਲਾ ਹਰਾ ਨਗਰ ਕੀਰਤਨ ਗੁਰਦੁਆਰਾ ਟਾਹਲੀ ਸਾਹਿਬ ਪਿੰਡ ਬਲ੍ਹੇਰਖਾਨਪੁਰ ਤੋਂ ਗੁਰੂ ਗ੍ਰੰਥ ਸਾਹਿਬ ਦੀ ਛਤਰ-ਛਾਇਆ ਤੇ ਪੰਜਾਂ ਪਿਆਰਿਆਂ ਦੀ ਅਗਵਾਈ ਹੇਠ ਆਰੰਭ ਹੋਇਆ। ਇਹ ਨਗਰ ਕੀਰਤਨ ਲਗਭਗ 40 ਕਿਲੋਮੀਟਰ ਦਾ ਸਫ਼ਰ ਤੈਅ ਕਰ ਕੇ ਵੇਈਂ ਕਿਨਾਰੇ ਦੇਰ ਸ਼ਾਮ ਸਮੇਂ ਸੰਪੰਨ ਹੋਇਆ। ਗੁਰਦੁਆਰਾ ਟਾਹਲੀ ਸਾਹਿਬ ਤੋਂ ਨਗਰ ਕੀਰਤਨ ਰਵਾਨਾ ਕਰਨ ਸਮੇਂ ਗੁਰਦੁਆਰਾ ਟਾਹਲੀ ਸਾਹਿਬ ਦੇ ਮੁੱਖ ਸੇਵਾਦਾਰ ਸੰਤ ਲੀਡਰ ਸਿੰਘ, ਵਾਤਾਵਰਨ ਪ੍ਰੇਮੀ ਤੇ ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ, ਸੰਤ ਅਮਰੀਕ ਸਿੰਘ ਖੁਖਰੈਣ, ਸੰਤ ਪ੍ਰਗਟ ਨਾਥ, ਸੰਤ ਗੁਰਮੇਜ਼ ਸਿੰਘ ਸੈਦਰਾਣਾ ਸਾਹਿਬ, ਸੰਤ ਗੁਰਦੇਵ ਸਿੰਘ ਅਤੇ ਮਹਾਤਮਾ ਮੁਨੀ ਜੀ ਸਮੇਤ ਹੋਰ ਕਈ ਧਾਰਮਿਕ ਸ਼ਖ਼ਸੀਅਤਾਂ ਹਾਜ਼ਰ ਸਨ। ਨਗਰ ਕੀਰਤਨ ਦੌਰਾਨ 5100 ਦੇ ਕਰੀਬ ਬੂਟੇ ਪ੍ਰਸ਼ਾਦ ਦੇ ਰੂਪ ਵਿੱਚ ਵੰਡੇ ਗਏ। ਨਗਰ ਕੀਰਤਨ ਗੁਰਦੁਆਰਾ ਟਾਹਲੀ ਸਾਹਿਬ ਪਿੰਡ ਬਲ੍ਹੇਰਖਾਨਪੁਰ ਤੋਂ ਪਿੰਡ ਧੰਦਲ, ਨੱਥੂਚਾਹਲ, ਰਜਾਪੁਰ, ਆਰੀਆਂਵਾਲ, ਕੱਸੋਚਾਹਲ, ਭੰਡਾਲ ਦੋਨਾ, ਸਿੱਧਵਾਂ ਦੋਨਾ, ਨਦੋਕੀ, ਕਾਹਲਵਾ, ਥਿਗਲੀ, ਮਾਛੀਪਾਲ, ਕੋਲਪੁਰ, ਕੁਲਾਰ, ਮੋਠਾਂਵਾਲ, ਅਲਾਦਿੱਤਾ, ਡਡਵਿੰਡੀ, ਚੱਕ ਕੋਟਲਾ ਅੱਡਾ, ਜੈਨਪੁਰ ਅੱਡਾ, ਫੌਜੀ ਕਲੋਨੀ, ਝੱਲਲੇਈਵਾਲ, ਰਣਧੀਰਪੁਰ, ਗੁਰਦੁਆਰਾ ਸੰਤ ਘਾਟ ਤੋਂ ਗੁਰਦੁਆਰਾ ਗੁਰਪ੍ਰਕਾਸ਼ ਸਾਹਿਬ ਨਿਰਮਲ ਕੁਟੀਆ ਸੁਲਤਾਨਪੁਰ ਲੋਧੀ ਪੁੱਜ ਕੇ ਜੈਕਾਰਿਆਂ ਦੀ ਗੂੰਜ ਵਿੱਚ ਸੰਪੰਨ ਹੋਇਆ। ਸੰਤ ਅਵਤਾਰ ਸਿੰਘ ਯਾਦਗਾਰੀ ਸਕੂਲ ਦੇ ਬੱਚਿਆਂ ਵੱਲੋਂ ਵਾਤਾਵਰਨ ਨੂੰ ਬਚਾਉਣ ਦਾ ਸੁਨੇਹਾ ਦਿੱਤਾ ਗਿਆ। ਜ਼ਿਕਰਯੋਗ ਹੈ ਕਿ ਇਸ ਨਗਰ ਕੀਰਤਨ ਨਾਲ ਗੁਰੂ ਨਾਨਕ ਦੇਵ ਜੀ ਦੇ 555ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਏਕ ਓਂਕਾਰ ਚੈਰੀਟੇਬਲ ਟਰੱਸਟ ਵੱਲੋਂ ਕਰਵਾਏ ਜਾ ਰਹੇ ਸਮਾਗਮਾਂ ਦੀ ਸ਼ੁਰੂਆਤ ਹੋ ਚੁੱਕੀ ਹੈ। ਇਸ ਵਾਰ ਟਰੱਸਟ ਵੱਲੋਂ ਪੰਜ ਹਰੇ ਨਗਰ ਕੀਰਤਨ ਸਜਾਏ ਜਾਣਗੇ।

# ਵਿਧਾਇਕ ਰਾਜਾ ਨੇ ਮੂਨਕ ਕਲਾਂ 'ਚ ਜਿਮ ਲਈ 2.50 ਲੱਖ ਰੁਪਏ ਦਾ ਚੈੱਕ ਭੇਟ ਕੀਤਾ



ਟਾਂਡਾ ਉੜਮੁੜ, ( ਜਸਵਿੰਦਰ ਸੰਧੂ ਓਂਕਾਰ ਸਿੰਘ)- ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਸੂਬੇ ਅੰਦਰ ਖੇਡ ਤੇ ਖਿਡਾਰੀਆਂ ਨੂੰ ਉਤਸ਼ਾਹਤ ਕਰਨ ਵਾਸਤੇ ਹਰ ਸੰਭਵ ਯਤਨ ਕੀਤੇ ਜਾ ਰਹੇ ਹਨ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਹਲਕਾ ਵਿਧਾਇਕ ਟਾਂਡਾ ਜਸਵੀਰ ਸਿੰਘ ਰਾਜਾ ਨੇ ਪਾਰਟੀ ਦਫਤਰ ਟਾਂਡਾ ਵਿਖੇ ਹੋਏ ਇੱਕ ਸਮਾਗਮ ਵਿੱਚ ਕੀਤਾ। ਉਨ੍ਹਾਂ ਪਿੰਡ ਮੂਨਕ ਕਲਾਂ ਦੀਨ ਨਾਵ ਗਠਿਤ ਪੰਚਾਇਤ ਦੇ ਸਰਪੰਚ ਮਨਵੀਰ ਸਿੰਘ ਖਾਲਸਾ ਨੂੰ ਬਲਾਕ ਪ੍ਰਧਾਨ ਕੇਸ਼ਵ ਸਿੰਘ ਸੈਣੀ ਸਾਬਕਾ ਸਰਪੰਚ ਗੁਰਮਿੰਦਰ ਸਿੰਘ ਗੋਲਡੀ, ਪੰਚ ਗੁਰਜੀਤ ਸਿੰਘ ਰਿੰਕੂ, ਨੰਬਰਦਾਰ ਇਕਬਾਲ ਸਿੰਘ ਸਾਬੀ, ਸਮਾਜ ਸੇਵੀ ਪ੍ਰਦੀਪ ਸਿੰਘ ਦੀ ਮੌਜੂਦਗੀ ਵਿੱਚ ਪਿੰਡ ਦੇ ਜਿੰਮ ਵਾਸਤੇ 2.50 ਲੱਖ ਰੁਪਏ ਦਾ ਚੈੱਕ ਭੇਂਟ ਕੀਤਾ।ਰਾਜਾ ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਵੱਲੋਂ ਹਰ ਸਾਲ ਹੀ ਕਰਵਾਈਆਂ ਜਾਂਦੀਆਂ ਖੇਡਾਂ ਵਤਨ ਪੰਜਾਬ ਦੀਆਂ ਦੇ ਨਾਲ ਜਿੱਥੇ ਹੋਣਹਾਰ ਤੇ ਪ੍ਰਤਿਭਾਵਾਨ ਖਿਡਾਰੀ ਸਾਹਮਣੇ ਆਏ ਹਨ ਉੱਥੇ ਹੀ ਇਹਨਾਂ ਖੇਡਾਂ ਸਦਕਾ ਅੱਜ ਪਿੰਡਾਂ ਦੇ ਨੌਜਵਾਨ ਨਸ਼ਿਆਂ ਤੇ ਹੋਰ ਸਮਾਜਿਕ ਬੁਰਾਈਆਂ ਤੋਂ ਦੂਰ ਰਹਿ ਕੇ ਖੇਡਾਂ ਨਾਲ ਜੁੜ ਰਹੇ ਹਨ।ਸਰਕਾਰ ਵੱਲੋਂ ਪਿੰਡ ਪਿੰਡ ਜਿਮ ਲਗਾ ਕੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਲਈ ਜਾਗਰਿਤ ਕੀਤਾ ਜਾ ਰਿਹਾ ਹੈ ਤਾਂ ਜੋ ਨੌਜਵਾਨ ਪੀੜੀ ਨਸ਼ਿਆਂ ਦੀ ਦਲ ਤੋਂ ਬਚ ਕੇ ਰਾਸ਼ਟਰ ਨਿਰਮਾਣ ਵਿੱਚ ਆਪਣਾ ਯੋਗਦਾਨ ਪਾ ਸਕਣ। ਇਸ ਮੌਕੇ ਕੌਂਸਲਰ ਹਰਕ੍ਰਿਸ਼ਨ ਸੈਣੀ, ਪ੍ਰੇਮ ਪਡਵਾਲ, ਸਰਪੰਚ ਜਸਵੰਤ ਸਿੰਘ ਬਿੱਟੂ ਜਲਾਲਪੁਰ, ਕੌਂਸਲਰ ਸੁਰਿੰਦਰਜੀਤ ਸਿੰਘ ਬਿੱਲੂ, ਪੰਜ ਰੁਪਿੰਦਰ ਸਿੰਘ ਤੋਂ ਇਲਾਵਾ ਹੋਰ ਸ਼ਖਸ਼ੀਅਤਾਂ ਵੀ ਹਾਜ਼ਰ ਸਨ।

# ਗੁ. ਸਿੰਘ ਸ਼ਹੀਦਾਂ ਸੋਹਾਣਾ ਵਿਖੇ ਗੁਰੂ ਗ੍ਰੰਥ ਸਾਹਿਬ ਦਾ ਗੁਰਤਾ ਗੁਰਗੱਦੀ ਪੁਰਬ ਮਨਾਇਆ



ਐਸ ਏ ਐਸ ਨਗਰ -( ਗੁਰਜੀਤ ਬਿੱਲਾ )— ਇੱਥੋਂ ਨੇੜਲੇ ਪਿੰਡ ਸੋਹਾਣਾ ਦੇ ਇਤਿਹਾਸਕ ਗੁਰਦੁਆਰਾ ਸਿੰਘ ਸ਼ਹੀਦਾਂ ਵਿਖੇ ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਗੁਰਤਾ ਗੁਰਗੱਦੀ ਪੁਰਬ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਇਸ ਦਿਨ ਸਵੇਰੇ 9:00 ਵਜੇ ਸ੍ਰੀ ਸਹਿਜ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ, ਇਸ ਉਪਰੰਤ ਸਾਰਾ ਦਿਨ ਧਾਰਮਿਕ ਸਮਾਗਮ ਦਾ ਆਯੋਜਨ ਕੀਤਾ ਗਿਆ। ਇਸ ਧਾਰਮਿਕ ਸਮਾਗਮ ਵਿੱਚ ਭਾਈ ਗੁਰਨਾਮ ਸਿੰਘ ਦੇ ਇੰਟਰਨੈਸ਼ਨਲ ਢਾਡੀ ਜੱਥੇ ਨੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਦੁਆਰਾ ਦਸਾਂ ਪਾਤਿਸ਼ਾਹੀਆਂ ਦੀ ਜਾਗਦੀ ਜੋਤ ਧੰਨ ਧੰਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਮਹਾਰਾਜ ਨੂੰ ਗੁਰਤਾ ਗੁਰਗੱਦੀ ਦੇਣ ਦੇ ਪੂਰੇ ਪ੍ਰਸੰਗ ਨੂੰ ਸੰਗਤਾਂ ਨੂੰ ਢਾਡੀ ਵਾਰਾਂ ਵਿੱਚ ਵਿਸਥਾਰ ਸਹਿਤ ਸਰਵਨ ਕਰਵਾਇਆ। ਬੀਬੀ ਉੱਤਮਜੀਤ ਕੌਰ ਦੇ ਰਾਗੀ ਜੱਥੇ ਨੇ ਆਪਣੇ ਰਸ ਭਿੰਨੇ ਕੀਰਤਨ ਦੁਆਰਾ ਸੰਗਤਾਂ ਨੂੰ ਇਲਾਹੀ ਬਾਣੀ ਨਾਲ ਗਵਾ ਕੇ ਗੁਰੂ ਨਾਲ ਜੋੜਨ ਦਾ ਉਪਰਾਲਾ ਕੀਤਾ। ਭਾਈ ਮਨਦੀਪ ਸਿੰਘ ਜੀ ਦਮਦਮੀ ਟਕਸਾਲ ਵਾਲਿਆਂ ਨੇ ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਵਿੱਚ ਦਰਜ ਬਾਣੀ ਬਾਰੇ ਸੰਗਤਾਂ ਨੂੰ ਵਿਸਥਾਰ ਸਹਿਤ ਜਾਣੂ ਕਰਵਾਇਆ। ਇਸ ਤੋਂ ਇਲਾਵਾ ਭਗੜਾਨੇ ਵਾਲਿਆਂ ਦਾ ਕਵੀਸ਼ਰੀ ਜਥਾ, ਭਾਈ ਗੁਰਸੇਵਕ ਸਿੰਘ , ਭਾਈ ਹਰਵਿੰਦਰ ਸਿੰਘ , ਸ਼ੇਰੇ ਪੰਜਾਬ ਕਵੀਸ਼ਰੀ ਜੱਥਾ, ਭਾਈ ਸੰਦੀਪ ਸਿੰਘ, ਸੁਖਮਨੀ ਸੇਵਾ ਸੋਸਾਇਟੀ ਦੀਆਂ ਬੀਬੀਆਂ ਅਤੇ ਭਾਈ ਸਰੂਪ ਸਿੰਘ ਦੇ ਜਥਿਆਂ ਤੋਂ ਇਲਾਵਾ ਗੁਰਦੁਆਰਾ ਸਾਹਿਬ ਦੇ ਹਜ਼ੂਰੀ ਜੱਥੇ ਭਾਈ ਗੁਰਮੀਤ ਸਿੰਘ, ਭਾਈ ਜਰਨੈਲ ਸਿੰਘ , ਭਾਈ ਇੰਦਰਜੀਤ ਸਿੰਘ, ਅਤੇ ਭਾਈ ਸੁਖਵਿੰਦਰ ਸਿੰਘ ਨੇ ਕਥਾ, ਕੀਰਤਨ, ਕਵੀਸ਼ਰੀ ਅਤੇ ਗੁਰਮਤਿ ਵਿਚਾਰਾਂ ਰਾਹੀਂ ਸੰਗਤਾਂ ਨੂੰ ਸਾਰਾ ਦਿਨ ਹਰਿ ਜਸ ਸੁਣਾ ਕੇ ਨਿਹਾਲ ਕੀਤਾ। ਸਾਰੇ ਜੱਥਿਆਂ ਨੂੰ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ।

ਇਸ ਦਿਹਾੜੇ ਦੀ ਖੁਸ਼ੀ ਵਿੱਚ ਸ੍ਰੀ ਦਰਬਾਰ ਸਾਹਿਬ ਜੀ ਦੀ ਅੰਦਰੋਂ ਵਿਸ਼ੇਸ਼ ਸਜਾਵਟ ਕੀਤੀ ਗਈ ਸੀ। ਹਜ਼ਾਰਾਂ ਸੰਗਤਾਂ ਨੇ ਇਸ ਅਸਥਾਨ ਦੇ ਪਵਿੱਤਰ ਸਰੋਵਰ ਵਿੱਚ ਇਸ਼ਨਾਨ ਕੀਤਾ। ਗੁਰੂ ਕਾ ਲੰਗਰ ਸੰਗਤਾਂ ਨੂੰ ਅਤੁੱਟ ਵਰਤਾਇਆ ਗਿਆ।

# ਹੈਰੋਇਨ ਸਮੇਤ ਨੌਜਵਾਨ ਕਾਬੂ

ਨਵਾਂਸ਼ਹਿਰ (ਮਨੋਜ ਲਾਡੀ)- ਔੜ ਪੁਲਸ ਵਲੋਂ ਗਸ਼ਤ ਦੌਰਾਨ 4.2 ਗ੍ਰਾਮ ਹੈਰੋਇਨ ਸਮੇਤ ਇਕ ਨੌਜਵਾਨ ਨੂੰ ਕਾਬੂ ਕੀਤਾ ਗਿਆ। ਇਸ ਮਾਮਲੇ ਸੰਬੰਧੀ ਜਾਣਕਾਰੀ ਦਿੰਦਿਆਂ ਏ.ਐਸ.ਆਈ. ਨਿਰਮਲ ਸਿੰਘ ਪੁਲਸ ਥਾਣਾ ਔੜ ਨੇ ਦੱਸਿਆ ਕਿ ਉਹ ਪੁਲਸ ਪਾਰਟੀ ਨਾਲ ਫਾਂਬੜਾ ਤੋਂ 6. ਗੜ੍ਹੁੱਪੜ ਰੋਡ ਤੇ ਗਸ਼ਤ ਕਰ ਰਹੇ ਸੀ 17 ਤੇ ਅੱਗਿਓਂ ਆ ਰਹੇ ਇਕ ਨੌਜਵਾਨ ਨੇ ਪੁਲਸ ਦੀ ਗੱਡੀ ਵੇਖ ਕੇ ਜੇਬ ਵਿਚੋਂ ਕੁਝ ਕੱਢ ਕੇ ਸੜਕ ਕਿਨਾਰੇ ਘਾਹ 'ਚ ਸੁੱਟ ਦਿੱਤਾ ਤੇ ਕੋਲ ਹੀ ਬੈਠ ਗਿਆ। ਜਦੋਂ ਉਸ ਨੌਜਵਾਨ ਨੂੰ ਸ਼ੱਕ ਦੇ ਤੌਰ 'ਤੇ ਪੁੱਛ- ਗਿੱਛ ਅਤੇ ਸੁੱਟੀ ਹੋਈ ਚੀਜ਼ ਨੂੰ ਦੇਖਿਆ ਤਾਂ ਉਹ 4:2 ਗ੍ਰਾਮ ਹੈਰੋਇਨ ਸੀ, ਉਸ ਨੌਜਵਾਨ ਨੂੰ ਮੌਕੇ ਕਾਬੂ ਕਰ ਲਿਆ ਗਿਆ ਜਿਸ ਦੀ ਪਛਾਣ ਬੇਅੰਤ ਸਿੰਘ ਪੁੱਤਰ ਬਲਵਿੰਦਰ ਸਿੰਘ ਵਾਸੀ ਔੜ, ਪੁਲਸ ਥਾਣਾ ਔੜ ਵਜੋਂ ਹੋਈ। ਪੁੱਛ-ਗਿੱਛ ਦੌਰਾਨ ਉਸਨੇ ਦੱਸਿਆ ਕਿ ਉਹ ਹੈਰੋਇਨ ਨੂੰ ਪਿੰਡਾਂ ਵਿਚ ਤੁਰ-ਫਿਰਕੇ ਵੇਚਦਾ ਹੈ।

# ਜ਼ਿਲ੍ਹਾ ਪੱਧਰੀ ਪ੍ਰਾਇਮਰੀ ਸਕੂਲ ਖੇਡਾਂ ਸਫਲਤਾਪੂਰਵਕ ਸੰਪੰਨ



ਲੋਹੀਆਂ ਖਾਸ (ਯੋਗੇਸ਼ਵਰ) : ਜ਼ਿਲ੍ਹਾ ਪੱਧਰੀ ਪ੍ਰਾਇਮਰੀ ਸਕੂਲ ਖੇਡਾਂ ਜੋ ਕਿ ਬਲਾਕ ਨਕੋਦਰ - 2 ਦੇ ਸਰਕਾਰੀ ਪ੍ਰਾਇਮਰੀ ਸਕੂਲ ਖਹਿਰਾ ਮੁਸਤਫ਼ਕਾ ਦੇ ਖੇਡ ਮੈਦਾਨ ਵਿੱਚ ਜ਼ਿਲ੍ਹਾ ਸਿੱਖਿਆ ਅਫਸਰ (ਈ.ਈ) ਮੈਡਮ ਹਰਜਿੰਦਰ ਕੌਰ ਅਤੇ ਉਪ-ਜ਼ਿਲ੍ਹਾ ਸਿੱਖਿਆ ਅਫਸਰ ਮੁਨੀਸ਼ ਕੁਮਾਰ ਸ਼ਰਮਾ ਦੀ ਅਗਵਾਈ ਵਿੱਚ ਸਫਲਤਾਪੂਰਵਕ ਸੰਪੰਨ ਹੋਈਆਂ। ਇਸ ਵਿੱਚ ਚਾਰ ਤਹਿਸੀਲਾਂ ਦੇ ਬੱਚਿਆਂ ਨੇ ਭਾਗ ਲਿਆ! ਜਿਸ ਵਿੱਚ ਬਲਾਕ ਲੋਹੀਆਂ ਖ਼ਾਸ ਦੇ ਸੈਂਟਰ ਕਾਕੜ ਕਲਾਂ ਦੇ ਕਰਾਟੇ ਖਿਡਾਰੀਆਂ ਕੁੜੀਆਂ ਅਤੇ ਮੁੰਡਿਆਂ ਦੀ ਟੀਮ ਨੇ ਤਹਿਸੀਲ ਨਕੋਦਰ ਵਲੋਂ ਖੇਡਦੇ ਹੋਏ 10 ਗੋਲਡ ਮੈਡਲ ਅਤੇ ਚਾਰ ਸਿਲਵਰ ਮੈਡਲ ਪ੍ਰਾਪਤ ਕੀਤੇ ਅਤੇ ਟ੍ਰਾਫੀ 'ਤੇ ਕਬਜ਼ਾ ਕੀਤਾ। ਜ਼ਿਕਰਯੋਗ ਹੈ ਕਿ ਬਲਾਕ ਲੋਹੀਆਂ ਪਿਛਲੇ ਲਗਭਗ ਪੰਜ ਸਾਲ ਤੋਂ ਕਰਾਟੇ ਦਾ ਜੇਤੂ ਹੈ! ਇਸ ਪ੍ਰਾਪਤੀ ਲਈ ਬਲਾਕ ਪ੍ਰਾਇਮਰੀ ਸਿੱਖਿਆ ਅਫ਼ਸਰ ਲੋਹੀਆਂ ਰਮੇਸ਼ਵਰ ਚੰਦਰ ਸ਼ਰਮਾ ਨੇ ਸਮੂਹ ਖਿਡਾਰੀਆਂ ਅਤੇ ਅਧਿਆਪਕਾਂ ਨੂੰ ਵਧਾਈ ਦਿੱਤੀ! ਸੈਂਟਰ ਹੈਡ ਟੀਚਰ ਕਾਕੜ ਕਲਾਂ ਜਸਵੀਰ ਸਿੰਘ ਚੌਹਾਨ ਨੇ ਸਮੂਹ ਕੋਚਾਂ ਨਛੱਤਰ ਕੁਮਾਰ,ਵਿਜੈ ਕੁਮਾਰ , ਟੀਮ ਇੰਚਾਰਜ ਕਰਨ ਗਵਾੜੀ, ਮੈਡਮ ਸ਼ਿਲਪਾ ਰਾਣੀ,ਮੈਡਮ ਰਿਆ,ਅਮਨਪ੍ਰੀਤ ਕੌਰ ਖੋਸਾ ਦਾ ਧੰਨਵਾਦ ਕੀਤਾ! ਇਸ ਮੌਕੇ 'ਤੇ ਬਲਵਿੰਦਰ ਕੁਮਾਰ ਹੈਡ ਟੀਚਰ, ਪਰਮਜੀਤ ਕੌਰ, ਪਲਵਿੰਦਰ ਕੌਰ, ਹਰਜੀਤ ਕੌਰ ਮੋਹਰੀਵਾਲ, ਰੋਹਿਤ ਕੰਬੋਜ, ਵੀਰਪਾਲ ਕੌਰ, ਰੁਪਿੰਦਰ ਕੌਰ, ਗੁਰਵਿੰਦਰ ਕੌਰ ਹਾਜ਼ਰ ਸਨ।

# ਖ੍ਰੇਤਰੀ ਚੇਅਰਮੈਨ ਲਾਇਨ ਆਸ਼ੂ ਮਾਰਕੰਡਾ ਤੇ ਲਾਇਨਜ਼ ਕਲੱਬ ਨੇ ਕਰਵਾਇਆ ਮੈਗਾ ਪ੍ਰੋਜੈਕਟ

ਫਗਵਾੜਾ ( ਡਾ. ਰਮਨ ) ਲਾਇਨਜ਼ ਇੰਟਰਨੈਸ਼ਨਲ ਡਿਸਟ੍ਰਿਕਟ 321-ਡੀ ਦੇ ਰੀਜਨ ਚੇਅਰਮੈਨ ਲਾਇਨ ਆਸ਼ੂ ਮਾਰਕੰਡਾ ਅਤੇ ਇਲੈਵਨ ਸਟਾਰ ਹੰਡਰਡ ਪਰਸੈਂਟ ਐਕਟਿਵ ਲਾਇਨਜ਼ ਕਲੱਬ ਫਗਵਾੜਾ ਸਿਟੀ ਵੱਲੋਂ ਹੋਟਲ ਰੀਜੈਂਟਾ ਜੀ.ਟੀ ਰੋਡ ਫਗਵਾੜਾ ਵਿਖੇ ਇੱਕ ਮੈਗਾ ਪ੍ਰੋਜੈਕਟ ਸਮਾਗਮ ਦਾ ਆਯੋਜਨ ਕੀਤਾ ਗਿਆ। ਕਲੱਬ ਦੇ ਪ੍ਰਧਾਨ ਲਾਇਨ ਜੁਗਲ ਬਵੇਜਾ ਦੀ ਅਗਵਾਈ ਹੇਠ ਕਰਵਾਏ ਗਏ ਇਸ ਸਮਾਗਮ ਦੌਰਾਨ 17ਵੀਂ ਮਾਸਿਕ ਪੈਨਸ਼ਨ ਵੰਡ ਤੋਂ ਇਲਾਵਾ ਸ਼ੂਗਰ ਚੈੱਕਅਪ ਅਤੇ ਖੂਨਦਾਨ ਕੈਂਪ ਵੀ ਲਗਾਇਆ ਗਿਆ। ਹਮੇਸ਼ਾ ਦੀ ਤਰ੍ਹਾਂ ਲੋੜਵੰਦ ਔਰਤਾਂ ਨੂੰ ਪੈਨਸ਼ਨ ਦੇ ਨਾਲ ਆਟੇ ਦੀ ਥੈਲੀ ਭੇਟ ਕੀਤੀ ਗਈ। ਸਮਾਗਮ ਦੌਰਾਨ ਯੂ.ਕੇ ਤੋਂ ਪਰਵਾਸੀ ਭਾਰਤੀ ਸ੍ਰੀਮਤੀ ਪਰਵੀਨ ਸ਼ਰਮਾ, ਮਦਨ ਮੋਹਨ ਸ਼ਰਮਾ ਅਤੇ ਰੁਪਿੰਦਰ ਸ਼ਰਮਾ (ਭੋਲੂ) ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਜਦਕਿ ਗੈਸਟ ਆਫ ਆਨਰ ਡਿਸਟ੍ਰਿਕਟ ਗਵਰਨਰ ਲਾਇਨ ਰਸ਼ਪਾਲ ਸਿੰਘ ਬੱਚਾਜੀਵੀ, ਸਟਾਰ ਗੈਸਟ ਲਾਇਨ ਲਾਇਨ ਵੀ.ਐਸ. ਗੋਇਲ (ਵੀ.ਡੀ.ਜੀ.-1), ਲਾਇਨ ਜੀ.ਐਸ. ਭਾਟੀਆ (ਵੀ.ਡੀ.ਜੀ.-2) ਲਾਇਨ ਦਵਿੰਦਰਪਾਲ ਅਰੋੜਾ (ਪੀ.ਡੀ.ਜੀ.) ਸਨ। ਵਿਸ਼ੇਸ਼ ਮਹਿਮਾਨ ਦੀ ਭੂਮਿਕਾ ਵਿੱਚ ਲਾਇਨ ਰਾਜੀਵ ਖੋਸਲਾ ਪੀ.ਐਮ.ਜੇ.ਐਫ. ਜ਼ਿਲ੍ਹਾ ਕੈਬਨਿਟ ਪੀ.ਆਰ.ਓ. ਹਾਜ਼ਰ ਰਹੇ। ਮੁੱਖ ਮਹਿਮਾਨ ਪਰਵੀਨ ਸ਼ਰਮਾ, ਮਦਨ ਮੋਹਨ ਸ਼ਰਮਾ ਅਤੇ ਰੁਪਿੰਦਰ ਸ਼ਰਮਾ ਨੇ ਇਸ ਮੈਗਾ ਪ੍ਰੋਜੈਕਟ ਸਮਾਗਮ ਨੂੰ ਸ਼ਲਾਘਾਯੋਗ ਉਪਰਾਲਾ ਕਰਾਰ ਦਿੰਦਿਆਂ ਕਿਹਾ ਕਿ ਉਨ੍ਹਾਂ ਨੂੰ ਆਪਣੇ ਭਤੀਜੇ ਆਸ਼ੂ ਮਾਰਕੰਡਾ 'ਤੇ ਮਾਣ ਹੈ ਜੋ ਲਾਇਨਜ਼ ਇੰਟਰਨੈਸ਼ਨਲ ਵਰਗੀ ਵੱਕਾਰੀ ਸਮਾਜ ਸੇਵੀ ਸੰਸਥਾ ਨਾਲ ਜੁੜ ਕੇ ਸਮਾਜ ਦੇ ਲੋੜਵੰਦ ਵਰਗ ਦੀ ਮਦਦ ਕਰ ਰਿਹਾ ਹੈ। ਇਸ ਦੌਰਾਨ ਉਨ੍ਹਾਂ ਨੇ ਅਨਿਲ ਰਣਦੇਵ ਅਤੇ ਅਨੀਤਾ ਰਣਦੇਵ ਯੂ.ਕੇ. ਵਲੋਂ ਸਮਾਜ ਸੇਵਾ ਵਿੱਚ ਯੋਗਦਾਨ ਵਜੋਂ ਭੇਜੀ ਗਈ ਵਿੱਤੀ ਸਹਾਇਤਾ ਦੀ ਰਾਸ਼ੀ ਵੀ ਲਾਇਨ ਆਸ਼ੂ ਮਾਰਕੰਡਾ ਅਤੇ ਲਾਇਨਜ਼ ਕਲੱਬ ਫਗਵਾੜਾ ਸਿਟੀ ਦੇ ਪ੍ਰਧਾਨ ਜੁਗਲ ਬਵੇਜਾ ਨੂੰ ਭੇਟ ਕੀਤੀ। ਡਿਸਟ੍ਰਿਕਟ ਗਵਰਨਰ ਲਾਇਨ ਰਸ਼ਪਾਲ ਸਿੰਘ ਬੱਚਾਜੀਵੀ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਉਨ੍ਹਾਂ ਵੱਲੋਂ ਫਗਵਾੜਾ ਵਿੱਚ ਜਿੰਨੇ ਵੀ ਰੀਜ਼ਨ ਚੇਅਰਮੈਨ ਨਿਯੁਕਤ ਕੀਤੇ ਗਏ ਹਨ, ਉਨ੍ਹਾਂ ਵਿੱਚ ਲਾਇਨ ਆਸ਼ੂ ਮਾਰਕੰਡਾ ਨੇ ਸਭ ਤੋਂ ਵਧੀਆ ਯੋਗਦਾਨ ਪਾਇਆ ਹੈ, ਜੋ ਉਨ੍ਹਾਂ ਲਈ ਬਹੁਤ ਹੀ ਖੁਸ਼ੀ ਦੀ ਗੱਲ ਹੈ। ਉਨ੍ਹਾਂ ਲਾਇਨ ਜੁਗਲ ਬਵੇਜਾ ਅਤੇ ਉਨ੍ਹਾਂ ਦੀ ਟੀਮ ਵੱਲੋਂ ਕੀਤੇ ਜਾ ਰਹੇ ਸਮਾਜ ਸੇਵੀ ਕੰਮਾਂ ਦੀ ਵੀ ਸ਼ਲਾਘਾ ਕੀਤੀ ਅਤੇ ਕਿਹਾ ਕਿ ਇਹ ਅਸਲ ਵਿੱਚ ਫਗਵਾੜਾ ਵਿੱਚ ਡਿਸਟ੍ਰਿਕਟ 321-ਡੀ ਦੀ ਇਲੈਵਨ ਸਟਾਰ ਹੰਡਰਡ ਪਰਸੈਂਟ ਐਕਟਿਵ ਕਲੱਬ ਹੈ। ਲਾਇਨ ਤਜਿੰਦਰ ਬਾਵਾ ਐਮ.ਜੇ.ਐਫ. ਅਤੇ ਲਾਇਨ ਬੱਬੂ ਮਨੀਲਾ ਐਮ.ਜੇ.ਐਫ. ਤੋਂ ਇਲਾਵਾ ਲਾਇਨ ਆਸ਼ੂ ਮਾਰਕੰਡਾ ਅਤੇ ਲਾਇਨ ਜੁਗਲ ਬਵੇਜਾ ਨੇ ਸਮੂਹ ਪਤਵੰਤਿਆਂ ਤੋਂ ਇਲਾਵਾ ਯੂ.ਕੇ. ਨਿਵਾਸੀਆਂ ਅਨਿਲ ਰਣਦੇਵ ਅਤੇ ਅਨੀਤਾ ਰਣਦੇਵ ਦਾ ਵਿਸ਼ੇਸ਼ ਧੰਨਵਾਦ ਕਰਦਿਆਂ ਕਿਹਾ ਕਿ ਕਲੱਬ ਨੂੰ ਹਮੇਸ਼ਾ ਹੀ ਉਨ੍ਹਾਂ ਵੱਲੋਂ ਭਰਪੂਰ ਆਰਥਿਕ ਸਹਿਯੋਗ ਮਿਲਦਾ ਹੈ। ਜਿਸ ਦੇ ਆਧਾਰ 'ਤੇ ਕਲੱਬ ਲੋੜਵੰਦਾਂ ਦੀ ਮਦਦ ਕਰਦੀ ਹੈ। ਉਨ੍ਹਾਂ ਦੱਸਿਆ ਕਿ ਅੱਜ ਦੇ ਇਸ ਪ੍ਰੋਜੈਕਟ ਵਿੱਚ 31 ਲੋੜਵੰਦ ਔਰਤਾਂ ਨੂੰ ਮਹੀਨਾਵਾਰ ਪੈਨਸ਼ਨ ਦੇ ਨਾਲ-ਨਾਲ ਆਟੇ ਦੀਆਂ ਥੈਲੀਆਂ ਭੇਟ ਕੀਤੀਆਂ ਗਈਆਂ। 100 ਦੇ ਕਰੀਬ ਲੋਕਾਂ ਦਾ ਸ਼ੂਗਰ ਚੈਕਅੱਪ ਕੀਤਾ ਗਿਆ ਜਦਕਿ 21 ਯੂਨਿਟ ਖੂਨ ਦਾਨ ਕੀਤਾ ਗਿਆ। ਇਸ ਤੋਂ ਇਲਾਵਾ ਵਧੀਆ ਸੇਵਾਵਾਂ ਨਿਭਾ ਰਹੇ ਡਾਕਟਰਾਂ, ਪੁਲਿਸ ਮੁਲਾਜ਼ਮਾਂ, ਅਧਿਆਪਕਾਂ ਅਤੇ ਸਮਾਜ ਸੇਵਕਾਂ ਨੂੰ ਉਨ੍ਹਾਂ ਦੀਆਂ ਚੰਗੀਆਂ ਸੇਵਾਵਾਂ ਬਦਲੇ ਯਾਦਗਾਰੀ ਚਿੰਨ੍ਹ ਅਤੇ ਸ਼ਾਲ ਭੇਟ ਕਰਕੇ ਸਨਮਾਨਿਤ ਕੀਤਾ ਗਿਆ। ਸਨਮਾਨਿਤ ਹੋਣ ਵਾਲਿਆਂ ਵਿੱਚ ਪ੍ਰਦੀਪ ਆਹੂਜਾ, ਬੌਬੀ ਅਰੋੜਾ ਪ੍ਰਧਾਨ ਤਾਲਾਬ ਅਰੋੜੀਆ ਕਮੇਟੀ, ਇੰਦਰਜੀਤ ਕਾਲੜਾ ਪ੍ਰਧਾਨ ਸ਼ਿਵ ਮੰਦਰ ਪੱਕਾ ਬਾਗ, ਰਮਨ ਛਾਬੜਾ ਪ੍ਰਧਾਨ ਸ਼ਿਵ ਸ਼ਕਤੀ ਸੇਵਾ ਸੰਮਤੀ, ਗੁਰਮੇਜ ਸਿੰਘ ਰਾਵਲਪਿੰਡੀ, ਨਰਿੰਦਰ ਸਿੰਘ ਮੈਨੇਜਰ ਗੁਰਦੁਆਰਾ ਸੁਖਚੈਨ ਸਾਹਿਬ, ਸੰਜੀਵ ਖੁਰਾਣਾ, ਮਲਕੀਅਤ ਸਿੰਘ ਰਘਬੋਤਰਾ, ਮਨੀਸ਼ ਕਨੌਜਿਆ, ਤਰਨਜੀਤ ਸਿੰਘ ਰਿਪੀ ਕਿੰਨੜਾ , ਐੱਸ.ਡੀ.ਐਮ. ਫਿਲੌਰ ਅਮਰਪਾਲ ਸਿੰਘ, ਡਾ.ਐਸ.ਪੀ.ਐਸ. ਵਿਰਕ, ਡਾ: ਰਮੇਸ਼ ਅਰੋੜਾ, ਪ੍ਰਿੰਸੀਪਲ ਰਣਜੀਤ ਗੋਗਨਾ, ਦੀਪਕ ਸਹਿਗਲ, ਪ੍ਰਿੰਸੀਪਲ ਜਗਪਾਲ ਸਿੰਘ, ਸਮਾਜ ਸੇਵਕ ਜੁਨੇਸ਼ ਜੈਨ, ਜਗਦੀਸ਼ ਗੁਲਾਟੀ, ਅਸ਼ਵਨੀ ਸ਼ਰਮਾ, ਸੁਸ਼ੀਲ ਸ਼ਰਮਾ ਆਦਿ ਸ਼ਾਮਲ ਸਨ। ਇਸ ਦੌਰਾਨ ਵਿਧਾਇਕ ਬਲਵਿੰਦਰ ਸਿੰਘ ਧਾਲੀਵਾਲ, ਡਿਸਟ੍ਰਿਕਟ ਚੇਅਰਮੈਨ ਲਾਇਨ ਅਤੁਲ ਜੈਨ, ਡਿਸਟ੍ਰਿਕਟ ਚੇਅਰਮੈਨ ਲਾਇਨ ਅਸ਼ੋਕ ਵਧਵਾ, ਡਿਸਟ੍ਰਿਕਟ ਚੇਅਰਮੈਨ ਲਾਇਨ ਸੁਨੀਲ ਢੀਂਗਰਾ ਨੇ ਵੀ ਸਮਾਗਮ ਵਿਚ ਆਪਣੀ ਹਾਜ਼ਰੀ ਦਰਜ ਕਰਵਾਈ ਅਤੇ ਲਾਇਨ ਆਸ਼ੂ ਮਾਰਕੰਡਾ ਤੇ ਲਾਇਨਜ਼ ਕਲੱਬ ਫਗਵਾੜਾ ਸਿਟੀ ਦੇ ਉਪਰਾਲੇ ਦੀ ਭਰਪੂਰ ਸ਼ਲਾਘਾ ਕੀਤੀ। ਕਲੱਬ ਵੱਲੋਂ ਵਿਧਾਇਕ ਧਾਲੀਵਾਲ ਅਤੇ ਮੁੱਖ ਮਹਿਮਾਨਾਂ ਸਮੇਤ ਸਮੂਹ ਪਤਵੰਤਿਆਂ ਨੂੰ ਸਨਮਾਨਿਤ ਵੀ ਕੀਤਾ ਗਿਆ। ਸਟੇਜ ਦੀ ਸੇਵਾ ਲਾਇਨ ਸੁਸ਼ੀਲ ਸ਼ਰਮਾ ਨੇ ਬਾਖੂਬੀ ਨਿਭਾਈ। ਇਸ ਮੌਕੇ ਕਲੱਬ ਦੇ ਸਕੱਤਰ ਲਾਇਨ ਜਸਬੀਰ ਮਾਹੀ, ਕੈਸ਼ੀਅਰ ਲਾਇਨ ਵਿਪਨ ਠਾਕੁਰ ਅਤੇ ਪੀ.ਆਰ.ਓ. ਲਾਇਨ ਸੰਜੇ ਤ੍ਰੇਹਨ, ਲਾਇਨ ਗੁਲਸ਼ਨ ਸ਼ਰਮਾ, ਵਿਜੇ ਅਰੋੜਾ, ਅਸ਼ੋਕੀ ਪਾਂਛਟਾ, ਸੰਤੋਖ ਲਾਲ, ਦੀਪਕ ਸੇਠੀ, ਪੁਨੀਤ ਸੇਠੀ, ਗੱਗੀ ਬੱਤਰਾ, ਮੋਹਿਤ ਅਰੋੜਾ ਆਦਿ ਹਾਜ਼ਰ ਸਨ।

# ਮੁੱਖ ਖੇਤੀਬਾੜੀ ਅਫਸਰ ਵੱਲੋਂ ਖਾਦ ਦੀਆਂ ਦੁਕਾਨਾਂ ਦੀ ਅਚਨਚੇਤ ਚੈਕਿੰਗ



ਨਵਾਂਸ਼ਹਿਰ, (ਮਨੋਜ ਲਾਡੀ)-ਡਿਪਟੀ ਕਮਿਸ਼ਨਰ ਰਾਜੇਸ਼ ਧੀਮਾਨ ਦੇ ਹੁਕਮਾਂ 'ਤੇ ਜ਼ਿਲ੍ਹੇ ਦੇ ਕਿਸਾਨਾਂ ਨੂੰ ਹਾੜ੍ਹੀ ਦੀਆਂ ਫਸਲਾਂ ਦੀ ਕਾਸ਼ਤ ਲਈ ਲੋੜੀਂਦੀਆਂ ਖਾਦਾਂ ਮੁਹੱਈਆ ਕਰਵਾਉਣ ਦੇ ਮੰਤਵ ਨਾਲ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਵੱਲੋਂ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਵਿਚ ਚਲਾਈ ਵਿਸ਼ੇਸ਼ ਮੁਹਿੰਮ ਤਹਿਤ ਮੁੱਖ ਖੇਤੀਬਾੜੀ ਅਫਸਰ ਡਾ. ਰਜਿੰਦਰ ਕੁਮਾਰ ਕੰਬੋਜ ਦੀ ਅਗਵਾਈ ਵਾਲੀ ਟੀਮ ਵੱਲੋਂ ਪੁਰਾਣੀ ਦਾਣਾ ਮੰਡੀ ਬੰਗਾ ਵਿਖੇ ਖਾਦ ਵਿਕ੍ਰੇਤਾਵਾਂ ਦੀਆਂ ਦੁਕਾਨਾਂ ਦੀ ਅਚਨਚੇਤ ਚੈਕਿੰਗ ਕੀਤੀ ਗਈ। ਇਸ ਟੀਮ ਵਿਚ ਖੇਤੀਬਾੜੀ ਵਿਕਾਸ ਅਫਸਰ ਡਾ. ਵਿਜੇ ਮਹੇਸ਼ੀ ਅਤੇ ਹੋਰ ਅਧਿਕਾਰੀ ਸ਼ਾਮਿਲ ਸਨ। ਇਸ ਮੌਕੇ ਮੁੱਖ ਖੇਤੀਬਾੜੀ ਅਫ਼ਸਰ ਵੱਲੋਂ ਵਿਕ੍ਰੇਤਾਵਾਂ ਨੂੰ ਲੋੜੀਦੇ ਦਿਸ਼ਾ-ਨਿਰਦੇਸ਼ ਦਿੱਤੇ ਗਏ। ਉਨ੍ਹਾਂ ਜ਼ਿਲ੍ਹੇ ਦੇ ਸਮੂਹ ਖਾਦ ਡੀਲਰਾਂ ਨੂੰ ਹਦਾਇਤ ਕੀਤੀ ਕਿ ਪੌਸ ਮਸ਼ੀਨਾਂ ਵਿਚ ਮੌਜੂਦ ਵਿਕਰੀ ਕੀਤੀ ਖਾਦ ਦਾ ਸਟਾਕ ਨਿਲ ਕੀਤਾ ਜਾਵੇ ਅਤੇ ਇਹ ਯਕੀਨੀ ਬਣਾਇਆ ਜਾਵੇ ਕਿ ਪੌਸ ਮਸ਼ੀਨਾਂ ਅਤੇ ਦੁਕਾਨ ਤੇ ਅਣਵਿਕੀ ਖਾਦ ਦਾ ਸਟਾਕ ਇਕਸਾਰ ਹੋਵੇ ਤਾਂ ਜੋ ਜ਼ਰੂਰਤ ਅਨੁਸਾਰ ਭਾਰਤ ਸਰਕਾਰ ਤੋਂ ਡੀ. ਏ. ਪੀ ਖਾਦ ਮਿਲ ਸਕੇ। ਉਨ੍ਹਾਂ ਸਮੂਹ ਡੀਲਰਾਂ ਨੂੰ ਇਹ ਵੀ ਹਦਾਇਤ ਕੀਤੀ ਕਿ ਉਹ ਆਪਣੇ ਲਾਇਸੰਸ ਅਤੇ ਹੋਰ ਜ਼ਰੂਰੀ ਦਸਤਾਵੇਜ਼ ਪੂਰੇ ਕਰਕੇ ਰੱਖਣ ਅਤੇ ਇਸ ਵਿਚ ਕਿਸੇ ਵੀ ਤਰ੍ਹਾ ਦੀ ਕੁਤਾਹੀ ਨਾ ਵਰਤੀ ਜਾਵੇ ਅਤੇ ਸਟਾਕ ਬੋਰਡ ਉੱਪਰ ਰੋਜ਼ਾਨਾ ਖਾਦ ਦਾ ਸਟਾਕ ਅਤੇ ਰੇਟ ਲਿਖਿਆ ਜਾਵੇ। ਉਨ੍ਹਾਂ ਕਿਹਾ ਕਿ ਡੀਲਰਾਂ ਵੱਲੋਂ ਕਿਸਾਨਾਂ ਨੂੰ ਜੋ ਵੀ ਖੇਤੀ ਸਮੱਗਰੀ ਦੀ ਵਿਕਰੀ ਕੀਤੀ ਜਾਂਦੀ ਹੈ, ਉਸ ਦਾ ਪੱਕਾ ਬਿੱਲ ਕੱਟ ਕੇ ਦਿੱਤਾ ਜਾਵੇ ਅਤੇ ਕੇਵਲ ਲੋੜੀਂਦੀ ਸਮੱਗਰੀ ਹੀ ਕਿਸਾਨਾਂ ਨੂੰ ਵਿਕਰੀ ਕੀਤੀ ਜਾਵੇ ਅਤੇ ਕੋਈ ਹੋਰ ਬੇਲੋੜੀਆਂ ਵਸਤਾਂ ਕਿਸਾਨਾਂ ਨੂੰ ਨਾ ਦਿੱਤੀਆਂ ਜਾਣ। ਉਨ੍ਹਾਂ ਕਿਹਾ ਕਿ ਚੈਕਿੰਗ ਦੌਰਾਨ ਜੇਕਰ ਕੋਈ ਦੁਕਾਨਦਾਰ ਬਗੈਰ ਬਿੱਲ ਤੋਂ ਖਾਦ, ਦਵਾਈ ਜਾਂ ਬੀਜ ਵੇਚਦਾ ਪਾਇਆ ਗਿਆ ਤਾਂ ਉਸ ਵਿਰੁੱਧ ਖਾਦ ਕੰਟਰੋਲ ਆਰਡਰ 1985 ਤਹਿਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਕਿਸਾਨਾਂ ਨੂੰ ਵੀ ਅਪੀਲ ਕੀਤੀ ਕਿ ਖਾਦ, ਕੀਟਨਾਸ਼ਕ ਰਸਾਇਣ ਜਾਂ ਬੀਜ ਖ਼ਰੀਦਣ ਸਮੇਂ ਦੁਕਾਨਦਾਰ ਤੋਂ ਬਿੱਲ ਜ਼ਰੂਰ ਲੈਣ ਅਤੇ ਜੇਕਰ ਕੋਈ ਡੀਲਰ ਬਿੱਲ ਦੇਣ ਤੋਂ ਇਨਕਾਰੀ ਹੁੰਦਾ ਹੈ ਤਾਂ ਉਸ ਦੀ ਲਿਖਤੀ ਤੌਰ 'ਤੇ ਸ਼ਿਕਾਇਤ ਸਬੰਧਤ ਖੇਤੀਬਾੜੀ ਅਧਿਕਾਰੀ ਜਾਂ ਮੁੱਖ ਖੇਤੀਬਾੜੀ ਅਫਸਰ ਨੂੰ ਕੀਤੀ ਜਾਵੇ। ਮੁੱਖ ਖੇਤੀਬਾੜੀ ਅਫ਼ਸਰ ਡਾ. ਰਜਿੰਦਰ ਕੁਮਾਰ ਕੰਬੋਜ ਨੇ ਕਿਹਾ ਕਿ ਹਾੜ੍ਹੀ ਦੇ ਸੀਜ਼ਨ ਦੌਰਾਨ ਜ਼ਿਲ੍ਹੇ ਦੇ ਕਿਸਾਨਾਂ ਨੂੰ ਖਾਦਾਂ ਦੀ ਨਿਰਵਿਘਨ ਸਪਲਾਈ ਯਕੀਨੀ ਬਣਾਈ ਜਾਵੇਗੀ। ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਵਿਚ ਹਾੜ੍ਹੀ ਦੌਰਾਨ ਕਣਕ ਅਤੇ ਹੋਰਨਾ ਫ਼ਸਲਾਂ ਦੀ ਬਿਜਾਈ ਕੀਤੀ ਜਾਣੀ ਹੈ, ਜਿਸ ਲਈ ਲੋੜੀਂਦੀ ਮਾਤਰਾ ਵਿਚ ਖਾਦਾਂ ਉਪਲਬੱਧ ਹਨ। ਉਨ੍ਹਾਂ ਦੱਸਿਆ ਕਿ ਕਣਕ ਦੀ ਕਾਸਤ ਲਈ ਫਾਸਫੋਰਸ ਖੁਰਾਕੀ ਤੱਤ ਦੀ ਜ਼ਰੂਰਤ ਹੁੰਦੀ ਹੈ ਜਿਸ ਦੀ ਪੂਰਤੀ ਲਈ ਕਿਸਾਨਾਂ ਵੱਲੋਂ ਡੀ. ਏ. ਪੀ ਖਾਦ ਦੀ ਬਿਜਾਈ ਸਮੇਂ ਵਰਤੋਂ ਕੀਤੀ ਜਾਂਦੀ ਹੈ। ਉਨ੍ਹਾਂ ਦੱਸਿਆ ਕਿ ਡੀ. ਏ. ਪੀ ਖਾਦ ਦੇ ਬਦਲ ਵਜੋਂ ਕਿਸਾਨ ਖਾਦ, ਟ੍ਰਿਪਲ ਸੁਪਰ ਫਾਸਫੇਟ ਖਾਦ ,ਸਿੰਗਲ ਸੁਪਰ ਫਾਸਫੇਟ ਅਤੇ ਹੋਰ ਫਾਸਫੈਟਿਕ ਖਾਦਾਂ ਦੀ ਵੀ ਵਰਤੋਂ ਕੀਤੀ ਜਾ ਸਕਦੀ ਹੈ।ਉਨ੍ਹਾਂ ਦੱਸਿਆ ਕਿ ਟ੍ਰਿਪਲ ਸਪਰ ਫਾਸਫੇਟ ਵਿਚ ਡੀ. ਏ. ਪੀ ਵਾਂਗੂ 46 ਫੀਸਦੀ ਫਾਸਫੋਰਸ ਤੱਤ ਹੁੰਦਾ ਹੈ ਅਤੇ ਇਹ ਡੀ.ਏ.ਪੀ ਤੋਂ ਸਸਤੀ ਵੀ ਹੈ। ਉਨ੍ਹਾਂ ਦੱਸਿਆ ਕਿ ਕਿਸਾਨ ਖਾਦ (12:32:16) ਦੀ ਵਰਤੋਂ ਵੀ ਡੀ. ਏ. ਪੀ ਦੇ ਬਦਲ ਵੱਜੋਂ ਕੀਤੀ ਜਾ ਸਕਦੀ ਹੈ। ਉਨ੍ਹਾਂ ਦੱਸਿਆ ਕਿ ਇਸ ਤੋਂ ਇਲਾਵਾ ਬਾਜ਼ਾਰ ਵਿਚ ਮੌਜੂਦ ਹੋਰ ਫਾਸਫੈਟਿਕ ਖਾਦਾਂ ਵੀ ਵਰਤੀਆਂ ਜਾ ਸਕਦੀਆਂ ਹਨ।

## ਬੱਚਿਆਂ ਦਾ ਅੰਗਰੇਜ਼ੀ ਭਾਸ਼ਾ 'ਚ ਖ਼ਬਰਾਂ ਪੜ੍ਹਨ ਦਾ ਮੁਕਾਬਲਾ ਕਰਵਾਇਆ



**ਜਗਰਾਉਂ (ਅਮਿਤ ਖੰਨਾ)**-ਬਲੌਜ਼ਮਜ਼ ਕਾਨਵੈਂਟ ਸਕੂਲ ਦੇ ਬੱਚੇ ਜਿੱਥੇ ਕਿ ਹਰ ਖੇਤਰ ਵਿੱਚ ਮੋਹਰੀ ਰਹਿੰਦੇ ਹਨ, ਉੱਥੇ ਜੂਨੀਅਰ ਵਿੰਗ ਦੇ ਤੀਸਰੀ ਜਮਾਤ ਦੇ ਬੱਚਿਆਂ ਵਿਚਕਾਰ ਅੰਗਰੇਜ਼ੀ ਭਾਸ਼ਾ ਵਿੱਚ ਖ਼ਬਰਾਂ ਪੜ੍ਹਨ ਦਾ ਮੁਕਾਬਲਾ ਕਰਵਾਇਆ ਗਿਆ।ਇਸ ਮੁਕਾਬਲੇ ਵਿੱਚ ਬੱਚਿਆਂ ਨੇ ਵੱਧ ਚੜ੍ਹ ਕੇ ਹਿੱਸਾ ਲੈਂਦੇ ਹੋਏ ਆਪਣੀ ਕਲਾ ਦੇ ਜੌਹਰ ਦਿਖਾਏ।ਬੱਚਿਆਂ ਨੇ ਮੂੰਹ-ਜ਼ੁਬਾਨੀ ਖ਼ਬਰਾਂ ਸੁਣਾਈਆਂ ਤੇ ਇੰਝ ਲੱਗ ਰਿਹਾ ਸੀ ਜਿਵੇਂ ਕਿ ਉਹ ਸੱਚ-ਮੁੱਚ ਦੇ ਖ਼ਬਰਾਂ ਪੜ੍ਹਨ ਵਾਲੇ ਹੋਣ।ਇਸ ਮੁਕਾਬਲੇ ਵਿੱਚ ਰਬਲੀਨ ਕੌਰ ਪਹਿਲੇ, ਸੁਰਵੀਨ ਕੌਰ ਦੂਸਰੇ, ਅਵਲਨੂਰ ਸਿੰਘ ਤੀਸਰੇ ਸਥਾਨ 'ਤੇ ਰਹੇ।ਇਸ ਤੋਂ ਇਲਾਵਾ ਬੱਚਿਆਂ ਦੀ ਵਧੀਆ ਕਾਰਗੁਜ਼ਾਰੀ ਨੂੰ ਦੇਖਦੇ ਹੋਏ ਫਤਿਹ ਕੌਰ ਤੇ ਰਵਨੀਤ ਕੌਰ ਨੂੰ ਕੰਸੋਲੇਸ਼ਨ ਇਨਾਮ ਇਨਾਮ ਦਿੱਤੇ ਗਏ।ਇਸ ਮੌਕੇ ਸਕੂਲ ਦੇ ਵਾਈਸ ਪ੍ਰਿੰਸੀਪਲ ਮਿਸਜ਼ ਰੰਜਨਾ ਕੌਸ਼ਲ ਨੇ ਬੱਚਿਆਂ ਦੀ ਹੌਸਲਾ ਅਫ਼ਜ਼ਾਈ ਕਰਦੇ ਹੋਏ ਕਿਹਾ ਕਿ ਅੰਗਰੇਜ਼ੀ ਇੱਕ ਅੰਤਰਰਾਸ਼ਟਰੀ ਭਾਸ਼ਾ ਹੋਣ ਕਰਕੇ ਇਸ ਦੀ ਵਰਤੋਂ ਦੇਸ਼ ਦੇ ਹਰ ਕੋਨੇ ਵਿੱਚ ਹੁੰਦੀ ਹੈ, ਇਸ ਕਰਕੇ ਵਿਦਿਆਰਥੀਆਂ ਨੂੰ ਇਸ ਭਾਸ਼ਾ ਵਿੱਚ ਮੁਹਾਰਤ ਜ਼ਰੂਰੀ ਹੈ। ਸਕੂਲ ਦੀ ਮੈਨੇਜਿੰਗ ਕਮੇਟੀ ਦੇ ਚੇਅਰਮੈਨ ਸ: ਹਰਭਜਨ ਸਿੰਘ ਜੌਹਲ ਤੇ ਪ੍ਰੈਜ਼ੀਡੈਂਟ ਸ: ਮਨਪ੍ਰੀਤ ਸਿੰਘ ਬਰਾੜ ਨੇ ਵੀ ਬੱਚਿਆਂ ਦੀ ਸ਼ਲਾਘਾ ਕੀਤੀ ਤੇ ਉਨ੍ਹਾਂ ਦੇ ਭਵਿੱਖ ਲਈ ਸ਼ੁੱਭ-ਕਾਮਨਾਵਾਂ ਵੀ ਦਿੱਤੀਆਂ।

## ਅਨੇਮਨ ਸਿੰਘ ਦੀ ਕਿਤਾਬ ਲੋਕ ਅਰਪਣ



**ਭੀਖੀ (ਧਰਮਵੀਰ ਸ਼ਰਮਾ)**-ਸਥਾਨਕ ਸ਼ਹੀਦ ਭਗਤ ਸਿੰਘ ਯਾਦਗਾਰੀ ਲਾਇਬਰੇਰੀ ਵਿਖੇ ਗਲਪਕਾਰ ਅਨੇਮਨ ਸਿੰਘ ਦੀ ਕਹਾਣੀਆਂ ਦੀ ਕਿਤਾਬ ਜਾਰੀ ਕੀਤੀ ਗਈ।ਨਵਯੁਗ ਸਾਹਿਤ ਕਲਾ ਮੰਚ ਦੇ ਪ੍ਰਧਾਨ ਭੁਪਿੰਦਰ ਫ਼ੌਜੀ ਨੇ ਦੱਸਿਆ ਕਿ ਅਨੇਮਨ ਸਿੰਘ ਦੀ ਹੱਥਲੀ ਕਿਤਾਬ ਉਸ ਦੇ ਚਾਰ ਕਹਾਣੀ ਸੰਗ੍ਰਹਿ ਗਲੀ ਨੰਬਰ ਕੋਈ ਨਹੀਂ, ਨੂਰੀ, ਆਈ ਲਾਚਾ, ਚਿਕਨ ਸ਼ਾਪ ਕਿਤਾਬਾਂ ਦਾ ਇਕੱਠਾ ਕਹਾਣੀ ਸੰਗ੍ਰਹਿ ਗਲੀ ਨੰਬਰ ਕੋਈ ਤਾਂ ਹੋਣਾ ਚਾਹੀਦੈ।ਉਨ੍ਹਾਂ ਕਿਹਾ ਕਿ ਪਾਠਕ ਇੱਕ ਕਿਤਾਬ 'ਚ ਹੀ ਉਨ੍ਹਾਂ ਦੇ ਚਾਰ ਕਹਾਣੀ ਸੰਗ੍ਰਹਿ ਪੜ੍ਹ ਸਕਣਗੇ।ਇਸ ਮੌਕੇ ਹੋਰਨਾਂ ਤੋਂ ਇਲਾਵਾ ਐੱਸਡੀਓ ਰਾਜਿੰਦਰ ਸਿੰਘ ਰੋਹੀ, ਐੱਸ ਅਮਰੀਕ ਭੀਖੀ, ਸੁਖਵਿੰਦਰ ਸੁੱਖੀ, ਗੁਰਿੰਦਰ ਔਲਖ, ਰਾਮ ਸਿੰਘ ਅਕਲੀਆ, ਜੁਗਰਾਜ ਸਿੰਘ ਕਾਲ੍ਹੀ, ਅਮਨਦੀਪ ਸਿੰਘ ਮਿੰਟੂ, ਗੋਗੀ ਵੈਦਮਾਨ ਆਦਿ ਹਾਜ਼ਰ ਸਨ।

## ਰਾਇਟਵੇ ਏਅਰਲਿੰਕਸ ਨੇ ਲਵਾਇਆ ਆਸਟ੍ਰੇਲੀਆ ਵਿਜ਼ਟਰ ਵੀਜ਼ਾ



**ਮੋਗਾ (ਇਕਬਾਲ ਸਿੰਘ ਖਹਿਰਾ)**-ਮਾਲਵਾ ਖੇਤਰ ਦੀ ਪ੍ਰਸਿੱਧ ਰਾਇਟ ਵੇ ਏਅਰਲਿੰਕਸ ਇੰਮੀਗ੍ਰੇਸ਼ਨ ਤੇ ਆਈਲਟਸ ਸੰਸਥਾ, ਜੋ ਪੰਜਾਬ ਦੇ ਇਲਾਵਾ ਪੂਰੇ ਭਾਰਤ ਵਿੱਚ ਕੰਮ ਕਰ ਰਹੀ ਹੈ, ਨੇ ਹਜ਼ਾਰਾਂ ਹੀ ਵਿਦਆਰਥੀਆਂ ਦੇ ਵਿਦੇਸ਼ 'ਚ ਪੜ੍ਹਾਈ ਕਰਨ ਦੇ ਸੁਪਨਿਆਂ ਨੂੰ ਪੂਰਾ ਕੀਤਾ ਹੈ। ਸੰਸਥਾ ਨੇ ਮੰਗਲ ਸਿੰਘ ਪੁੱਤਰ ਜੋਰਾ ਸਿੰਘ ਤੇ ਜਸਵੀਰ ਕੌਰ ਪਤਨੀ ਮੰਗਲ ਸਿੰਘ ਵਾਸੀ ਪਿੰਡ ਝੰਡੇਵਾਲਾ, ਮੋਗਾ ਦਾ ਆਸਟ੍ਰੇਲੀਆ ਵਿਜ਼ਟਰ ਵੀਜ਼ਾ ਲਗਵਾ ਕੇ ਦਿੱਤਾ। ਇਸ ਮੌਕੇ ਸੰਸਥਾ ਦੇ ਡਾਇਰੈਕਟਰ ਦੇਵਪ੍ਰਿਅ ਤਿਆਗੀ ਨੇ ਕਿਹਾ ਕਿ ਅਫਵਾਹਾਂ 'ਤੇ ਧਿਆਨ ਨਾ ਦਿਉ। ਉਨ੍ਹਾਂ ਕਿਹਾ ਕਿ ਜਿਨ੍ਹਾਂ ਬੱਚਿਆਂ ਦੇ ਕੈਨੇਡਾ ਤੇ ਯੂ ਕੇ ਦੇ ਸਟੱਡੀ ਕੇਸ ਰੀਫਿਊਜ਼ ਹੋ ਚੁੱਕੇ ਹਨ, ਉਹ ਆਸਟ੍ਰੇਲੀਆ ਲਈ ਅਪਲਾਈ ਕਰ ਸਕਦੇ ਹਨ ਤੇ ਜੇਕਰ ਕੋਈ ਵੀ ਵਿਜ਼ਟਰ ਜਾ ਟੂਰਿਸਟ ਵੀਜ਼ੇ 'ਤੇ ਯੂ ਕੇ, ਕੈਨੇਡਾ ਜਾਂ ਆਸਟ੍ਰੇਲੀਆ ਜਾਣਾ ਚਾਹੁੰਦਾ ਹੋਵੇ ਤਾਂ ਉਹ ਵੀ ਅਪਲਾਈ ਕਰ ਸਕਦਾ ਹੈ। ਉਨ੍ਹਾਂ ਕਿਹਾ ਕਿ ਹੁਣ ਬੱਚੇ ਕਾਲਜ ਤੇ ਅੰਬੈਸੀ ਦੀ ਫੀਸ ਵੀਜ਼ਾ ਲੱਗਣ ਤੋਂ ਬਾਅਦ ਦੇ ਸਕਦੇ ਹਨ। ਰਾਇਟਵੇ ਏਅਰਲਿੰਕਸ ਬੈਂਕ ਦੇ ਜ਼ਰੀਏ ਬੱਚਿਆਂ ਨੂੰ ਐਜੂਕੇਸ਼ਨ ਲੋਨ ਦੀ ਸੁਵਿਧਾ ਲੈ ਕੇ ਦਿੰਦਾ ਹੈ, ਜਿਨ੍ਹਾਂ ਪੈਸਿਆਂ ਨੂੰ ਬੱਚੇ ਅਪਣੇ ਖਰਚੇ ਲਈ ਵਰਤ ਸਕਦੇ ਹਨ। ਇਸ ਮੌਕੇ ਸੰਸਥਾ ਦੇ ਡਾਇਰੈਕਟਰ ਦੇਵਪ੍ਰਿਅ ਤਿਆਗੀ ਨੇ ਮੰਗਲ ਸਿੰਘ ਤੇ ਜਸਵੀਰ ਕੌਰ ਨੂੰ ਵਧਾਈ ਦਿੱਤੀ।

## ਪੰਚਾਇਤਾਂ ਦੀ ਦਸ਼ਾ, ਦਿਸ਼ਾ ਤੇ ਕਾਰਜਾਂ ਸੰਬੰਧੀ ਸੈਮੀਨਾਰ 30 ਨੂੰ



**ਬਰੇਟਾ (ਰੀਤਵਾਲ)**-ਬਰੇਟਾ ਇਲਾਕੇ ਦੇ ਵਿਕਾਸ ਨਾਲ਼ ਸਰੋਕਾਰ ਰੱਖਣ ਵਾਲ਼ੇ ਸਮਾਜਿਕ ਕਾਰਕੁਨਾਂ ਦੀ ਇੱਕ ਮੀਟਿੰਗ ਇਲਾਕਾ ਵਿਕਾਸ ਕਮੇਟੀ ਦੀ ਪਹਿਲ 'ਤੇ ਹੋਈ।ਇਸ ਮੀਟਿੰਗ ਵਿੱਚ ਬਰੇਟਾ ਇਲਾਕੇ ਦੀਆਂ ਸਮੱਸਿਆਵਾਂ 'ਤੇ ਵਿਚਾਰ ਚਰਚਾ ਕਰਦੇ ਹੋਏ ਮਹਿਸੂਸ ਕੀਤਾ ਗਿਆ ਕਿ ਇਲਾਕੇ ਦੇ ਵਿਕਾਸ ਲਈ ਪੰਚਾਇਤਾਂ ਦੀ ਸਰਗਰਮ ਭੂਮਿਕਾ ਹੁੰਦੀ ਹੈ।ਸੋ ਪੰਚਾਇਤਾਂ ਦਾ ਸਹਿਯੋਗ ਲੈਣ ਲਈ ਕੋਈ ਸਮਾਗਮ ਕੀਤਾ ਜਾਵੇ।ਇਸ ਬਾਰੇ ਵਿਚਾਰ ਕਰਦੇ ਹੋਏ ਨਵੀਆਂ ਚੁਣੀਆਂ ਪੰਚਾਇਤਾਂ ਨੂੰ ਉਨ੍ਹਾਂ ਦੇ ਅਧਿਕਾਰ, ਕਰਤੱਵ ਤੇ ਕੰਮ ਢੰਗ ਸੰਬੰਧੀ ਜਾਣਕਾਰੀ ਦੇਣ ਲਈ ਮਾਹਰਾਂ ਦੇ ਰੂਬਰੂ ਇੱਕ ਸੈਮੀਨਾਰ ਕਰਵਾਇਆ ਜਾਵੇ।ਇਹ ਸੈਮੀਨਾਰ ਆਉਣ ਵਾਲੀ 30 ਨਵੰਬਰ ਨੂੰ ਸਵੇਰੇ 10 ਵਜੇ ਗੁਰਦਵਾਰਾ ਜੰਡਸਰ ਸਾਹਿਬ ਬਹਾਦਰਪੁਰ ਵਿਖੇ ਕਰਵਾਉਣ ਦਾ ਫ਼ੈਸਲਾ ਕੀਤਾ ਗਿਆ।ਇਸ ਸਮੇਂ ਸੀਨੀਅਰ ਪੱਤਰਕਾਰ ਹਮੀਰ ਸਿੰਘ, ਉੱਚ ਸਰਕਾਰੀ ਅਧਿਕਾਰੀ ਤੇ ਇਸ ਖੇਤਰ ਦੇ ਆਗੂਆਂ ਨੂੰ ਬੁਲਾਉਣ ਦਾ ਫ਼ੈਸਲਾ ਕੀਤਾ ਗਿਆ।ਇਸ ਸਮੇਂ ਸਰਬਸੰਮਤੀ ਨਾਲ਼ ਚੁਣੇ ਬਰੇਟਾ ਥਾਣੇ ਅਧੀਨ ਆਉਂਦੇ ਪਿੰਡਾਂ ਦੇ ਪੰਚਾਂ ਸਰਪੰਚਾਂ ਨੂੰ ਸਨਮਾਨਤ ਵੀ ਕੀਤਾ ਜਾਵੇਗਾ।ਮੀਟਿੰਗ ਵਿੱਚ ਦਸੌਂਧਾ ਸਿੰਘ, ਪ੍ਰਿੰ. ਦਰਸ਼ਨ ਸਿੰਘ, ਸਾਹਿਜਪਾਲ ਸਿੰਘ, ਗੁਰਚਰਨ ਸਿੰਘ ਜੇ ਈ, ਅਜੈਬ ਸਿੰਘ, ਅੰਮ੍ਰਿਤਪਾਲ ਸਿੰਘ ਨੰਬਰਦਾਰ, ਭੀਮ ਸਿੰਘ ਮੰਡੇਰ, ਤਰਸੇਮ ਸਿੰਘ ਪੇਂਟਰ, ਸੰਜੀਵ ਗੋਇਲ, ਜਗਰਾਜ ਸਿੰਘ ਆਦਿ ਹਾਜ਼ਰ ਸਨ।

## ਤਰੱਕੀ ਪ੍ਰਾਪਤ ਲੈਕਚਰਾਰਾਂ ਨੂੰ ਸੀਨੀਆਰਤਾ ਸੂਚੀ 'ਚ ਸ਼ਾਮਲ ਕਰਨ ਦੀ ਮੰਗ



**ਜ਼ੀਰਾ (ਨਰਿੰਦਰ ਅਨੇਜਾ)**-ਸਿੱਖਿਆ ਵਿਭਾਗ ਪੰਜਾਬ ਵੱਲੋਂ ਹਾਲ ਹੀ ਵਿੱਚ ਤਰੱਕੀ ਪਾਉਣ ਵਾਲੇ ਮਾਸਟਰ ਕੇਡਰ ਤੋਂ ਲੈਕਚਰਾਰ ਅਧਿਆਪਕਾਂ ਨੂੰ ਲੈਕਚਰਾਰ ਸੀਨੀਆਰਤਾ ਸੂਚੀ ਵਿੱਚ ਸ਼ਾਮਲ ਕਰਨ ਲਈ ਗੌਰਮਿੰਟ ਸਕੂਲ ਟੀਚਰਜ਼ ਯੂਨੀਅਨ ਪੰਜਾਬ ਦੇ ਸੂਬਾ ਪ੍ਰਧਾਨ ਸੁਰਿੰਦਰ ਕੁਮਾਰ ਪੁਆਰੀ, ਜਨਰਲ ਸਕੱਤਰ ਗੁਰਪ੍ਰੀਤ ਸਿੰਘ ਮਾੜੀ ਮੇਘਾ, ਵਿੱਤ ਸਕੱਤਰ ਨਵੀਨ ਸਚਦੇਵਾ, ਐਡੀਸ਼ਨਲ ਸਕੱਤਰ ਬਾਜ਼ ਸਿੰਘ ਭੁੱਲਰ ਤੇ ਪ੍ਰੈੱਸ ਸਕੱਤਰ ਟਹਿਲ ਸਿੰਘ ਸਰਾਭਾ, ਸੀਨੀਅਰ ਮੀਤ ਪ੍ਰਧਾਨ ਪ੍ਰਵੀਨ ਕੁਮਾਰ, ਸੁਖਜਿੰਦਰ ਸਿੰਘ ਖਾਨਪੁਰ ਨੇ ਬਿਆਨ ਜਾਰੀ ਕਰਦੇ ਹੋਏ ਸਿੱਖਿਆ ਵਿਭਾਗ ਪੰਜਾਬ ਤੋਂ ਇਸ ਸੰਬੰਧੀ ਮੰਗ ਕੀਤੀ ਹੈ ਕਿ ਸਤੰਬਰ ਮਹੀਨੇ ਦੌਰਾਨ ਕਰੀਬ 2900 ਅਧਿਆਪਕਾਂ ਨੂੰ ਲੈਕਚਰਾਰ ਵਜੋਂ ਤਰੱਕੀ ਦਿੱਤੀ ਗਈ ਸੀ, ਪਰ ਉਨ੍ਹਾਂ ਨੂੰ ਸੀਨੀਆਰਤਾ ਸੂਚੀ ਵਿੱਚ ਸ਼ਾਮਲ ਨਾ ਕਰਕੇ ਨਵੇਂ ਤਰੱਕੀ ਪ੍ਰਾਪਤ ਲੈਕਚਰਾਰਾਂ ਵਿੱਚ ਰੋਸ ਪਾਇਆ ਜਾ ਰਿਹਾ ਹੈ।ਯੂਨੀਅਨ ਦੇ ਸਰਪ੍ਰਸਤ ਚਰਨ ਸਿੰਘ ਸਰਾਭਾ, ਸਲਾਹਕਾਰ ਪ੍ਰੇਮ ਚਾਵਲਾ, ਕਾਰਜ ਸਿੰਘ ਕੈਰੋਂ ਨੇ ਦਲੀਲ ਦਿੰਦੇ ਹੋਏ ਕਿਹਾ ਕਿ ਇਸ ਕਾਰਨ ਨਵੇਂ ਤੇ ਪੁਰਾਣੇ ਲੈਕਚਰਾਰਾਂ ਵਿਚਕਾਰ ਇੱਕ ਸੀਨੀਅਰ-ਜੂਨੀਅਰ ਦਾ ਰੌਲਾ-ਪਾੜਾ ਬਣਿਆ ਹੋਇਆ ਹੈ, ਜਿਸ ਨਾਲ ਕਾਰਜ ਕੁਸ਼ਲਤਾ 'ਤੇ ਨਕਾਰੀ ਪ੍ਰਭਾਵ ਪੈਣ ਦੀ ਸੰਭਾਵਨਾ ਹੈ।ਉਨ੍ਹਾਂ ਸਿੱਖਿਆ ਮੰਤਰੀ ਤੇ ਉੱਚ ਅਧਿਕਾਰੀਆਂ ਕੋਲੋਂ ਮੰਗ ਕੀਤੀ ਕਿ ਇਸ ਮਾਮਲੇ ਵਿੱਚ ਤੁਰੰਤ ਧਿਆਨ ਦਿੱਤਾ ਜਾਵੇ ਤੇ ਨਵੇਂ ਲੈਕਚਰਾਰਾਂ ਨੂੰ ਲੈਕਚਰਾਰ ਸੀਨੀਆਰਤਾ ਸੂਚੀ ਵਿੱਚ ਸ਼ਾਮਲ ਕਰਨ ਦਾ ਮੌਕਾ ਦਿੱਤਾ ਜਾਵੇ।

## ਮੁਲਾਜ਼ਮ ਤੇ ਪੈਨਸ਼ਨਰ ਭਲਕੇ ਗਿੱਦੜਬਾਹਾ 'ਚ ਸਰਕਾਰ ਖਿਲਾਫ ਕਰਨਗੇ ਰੋਸ ਮਾਰਚ-ਜੰਬਰ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ)**-ਗੌਰਮਿੰਟ ਪੈਨਸ਼ਨਰਜ਼ ਜੁਆਇੰਟ ਫਰੰਟ ਅਤੇ ਪੰਜਾਬ ਮੁਲਾਜ਼ਮ ਤੇ ਪੈਨਸ਼ਨਰਜ਼ ਸਾਂਝਾ ਫਰੰਟ ਵੱਲੋਂ ਜ਼ਿਲ੍ਹਾ ਸ੍ਰੀ ਮੁਕਤਸਰ ਕਸਬਾ ਗਿੱਦੜਬਾਹਾ ਵਿਖੇ 7 ਨਵੰਬਰ ਨੂੰ ਰੋਸ ਮਾਰਚ ਕੀਤਾ ਜਾਵੇਗਾ।ਗੌਰਮਿੰਟ ਟੀਚਰਜ਼ ਯੂਨੀਅਨ ਵਿਗਿਆਨਕ ਤੇ ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ ਵਿਗਿਆਨਕ ਦੇ ਜ਼ਿਲ੍ਹਾ ਪ੍ਰਧਾਨ ਪਰਗਟ ਸਿੰਘ ਜੰਬਰ, ਸੁਖਵਿੰਦਰ ਸਿੰਘ ਦੋਦਾ, ਗੁਰਪ੍ਰੀਤ ਸਿੰਘ ਸੰਧੂ, ਅਜੀਤਪਾਲ ਸਿੰਘ, ਗਗਨਦੀਪ ਸਿੰਘ ਬਰਾੜ, ਜਸਕਰਨ ਸਿੰਘ, ਨਵਦੀਪ ਅਹੂਜਾ, ਨਵਦੀਪ ਸੁੱਖੀ, ਰਜਿੰਦਰ ਬੱਲੂਆਣਾ ਆਲਮਵਾਲਾ, ਪਵਨ ਬਿਸ਼ਨੋਈ ਲੰਬੀ, ਬੂਟਾ ਸਿੰਘ ਸ਼ੇਰੇਵਾਲਾ, ਚਮਕੌਰ ਸਿੰਘ, ਜਗਮੀਤ ਸਿੰਘ, ਚਰਨਜੀਤ ਕੁਮਾਰ, ਸੂਬਾ ਸਿੰਘ, ਧਰਮਿੰਦਰ ਸਿੰਘ ਨੇ ਦੱਸਿਆ ਕਿ ਪੰਜਾਬ ਸਰਕਾਰ ਮੁਲਾਜ਼ਮਾਂ ਤੇ ਪੈਨਸ਼ਨਰਾਂ ਨਾਲ ਲਗਾਤਾਰ ਟਿੱਚਰਾਂ ਕਰ ਰਹੀ ਹੈ।ਵਾਰ ਵਾਰ ਮੀਟਿੰਗਾਂ ਦਾ ਸਮਾਂ ਦੇ ਕੇ ਮੁੱਕਰ ਰਹੀ ਹੈ, ਜਿਸ ਕਰਕੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਵਿੱਚ ਭਾਰੀ ਰੋਸ ਹੈ।ਪੰਜਾਬ ਸਰਕਾਰ ਨੇ ਮੁਲਾਜ਼ਮਾਂ ਤੇ ਪੈਨਸ਼ਨਾਂ ਨੂੰ 4% ਡੀ ਏ ਦੀ ਕਿਸ਼ਤ ਦੇ ਕੇ ਕੋਝਾ ਮਜ਼ਾਕ ਕੀਤਾ ਹੈ, ਜੋ ਕਿ ਊਠ ਦੇ ਮੂੰਹ ਵਿੱਚ ਜ਼ੀਰਾ ਦੇਣ ਵਾਲੀ ਗੱਲ ਹੈ।ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀਆਂ ਮੰਗਾਂ ਜਿਉਂ ਦੀਆਂ ਤਿਉਂ ਹੀ ਲਮਕ ਰਹੀਆਂ ਹਨ, ਜਿਸ ਕਰਕੇ ਪੰਜਾਬ ਵਿੱਚ 20 ਨਵੰਬਰ ਨੂੰ ਹੋ ਰਹੀਆਂ ਜ਼ਿਮਨੀ ਚੋਣਾਂ ਦੇ ਸਬੰਧ ਵਿੱਚ ਮੁਲਾਜ਼ਮ ਤੇ ਪੈਨਸ਼ਨਰ 7 ਨਵੰਬਰ ਨੂੰ ਗਿੱਦੜਬਾਹਾ ਵਿਖੇ ਵੱਡੀ ਪੱਧਰ 'ਤੇ ਪੰਜਾਬ ਸਰਕਾਰ/ਆਮ ਆਦਮੀ ਪਾਰਟੀ ਦੇ ਉਮੀਦਵਾਰ ਦਾ ਸਖ਼ਤ ਵਿਰੋਧ ਕਰਨਗੇ।ਮੁਲਾਜ਼ਮਾਂ ਤੇ ਪੈਨਸ਼ਨਰਾਂ ਵੱਲੋਂ 7 ਨਵੰਬਰ ਨੂੰ ਕਪਾਹ ਮੰਡੀ 'ਚ ਭਾਰੀ ਇਕੱਠ ਕਰਕੇ ਗਿੱਦੜਬਾਹਾ ਵਿਖੇ ਸਾਰੇ ਸ਼ਹਿਰ ਵਿੱਚ ਰੋਸ ਮਾਰਚ ਕੀਤਾ ਜਾਵੇਗਾ।

# ਕਿਸਾਨ ਦਾ ਚਲਾਨ ਕੱਟਣ ਗਏ ਅਧਿਕਾਰੀਆਂ ਦਾ ਕੀਤਾ ਘਿਰਾਓ



**ਮਾਨਸਾ (ਰੀਤਵਾਲ)**-ਜ਼ਿਲ੍ਹੇ ਦੇ ਪਿੰਡ ਘਰਾਂਗਣਾ ਵਿੱਚ ਇੱਕ ਛੋਟੇ ਕਿਸਾਨ ਵੱਲੋਂ ਆਪਣੇ ਖੇਤ ਵਿੱਚ ਕਣਕ ਦੀ ਬਿਜਾਈ ਕਰਨ ਲਈ ਲਗਾਈ ਗਈ ਅੱਗ ਤੋਂ ਬਾਅਦ ਨੋਡਲ ਅਫਸਰ, ਪਟਵਾਰੀ ਤੇ ਪੁਲਸ ਫੋਰਸ ਕਿਸਾਨ ਦਾ ਚਲਾਨ ਕੱਟਣ ਲਈ ਖੇਤ ਵਿੱਚ ਪਹੁੰਚ ਗਈ, ਜਿਸ ਤੋਂ ਬਾਅਦ ਕਿਸਾਨ ਜਥੇਬੰਦੀ ਨੂੰ ਭਿਣਕ ਲੱਗਦਿਆਂ ਹੀ ਕਿਸਾਨ ਵੀ ਖੇਤ ਵਿੱਚ ਅਧਿਕਾਰੀਆਂ ਦਾ ਵਿਰੋਧ ਕਰਨ ਲਈ ਪਹੁੰਚ ਗਏ ਅਤੇ ਉਨ੍ਹਾਂ ਵੱਲੋਂ ਅਧਿਕਾਰੀਆਂ ਦਾ ਘਿਰਾਓ ਕਰਕੇ ਨਾਅਰੇਬਾਜ਼ੀ ਕੀਤੀ ਗਈ।ਕਿਸਾਨ ਆਗੂਆਂ ਨੇ ਦੱਸਿਆ ਕਿ ਪਿੰਡ ਘਰਾਂਗਣਾ ਦੇ ਇੱਕ ਛੋਟੇ ਕਿਸਾਨ ਵੱਲੋਂ ਆਪਣੇ ਖੇਤ ਵਿੱਚ ਕਣਕ ਦੀ ਬਿਜਾਈ ਕੀਤੀ ਜਾ ਰਹੀ ਸੀ ਤੇ ਇਸ ਕਿਸਾਨ ਕੋਲ ਕੋਈ ਟਰੈਕਟਰ ਵੀ ਨਹੀਂ ਸੀ ਅਤੇ ਕਿਰਾਏ 'ਤੇ ਟਰੈਕਟਰ ਲਿਆ ਕੇ ਕਣਕ ਦੀ ਬਿਜਾਈ ਕਰਨ ਲੱਗ ਗਿਆ ਸੀ, ਪਰ ਉਸ ਤੋਂ ਪਹਿਲਾਂ ਹੀ ਅਧਿਕਾਰੀਆਂ ਦੀ ਟੀਮ ਕਿਸਾਨ ਦਾ ਚਲਾਨ ਕੱਟਣ ਲਈ ਖੇਤ ਵਿੱਚ ਪਹੁੰਚ ਕੇ ਉਸ ਨੂੰ ਧਮਕਾਉਣ ਲੱਗੀ।ਉਨ੍ਹਾਂ ਕਿਹਾ ਕਿ ਜਦੋਂ ਹੀ ਇਸ ਦੀ ਭਿਣਕ ਕਿਸਾਨ ਜਥੇਬੰਦੀ ਨੂੰ ਲੱਗੀ ਤਾਂ ਕਿਸਾਨ ਜਥੇਬੰਦੀ ਵੱਲੋਂ ਆ ਕੇ ਇਨ੍ਹਾਂ ਅਧਿਕਾਰੀਆਂ ਦਾ ਘਿਰਾਓ ਕੀਤਾ ਗਿਆ।ਉਨ੍ਹਾਂ ਕਿਹਾ ਕਿ ਜੇਕਰ ਛੋਟੇ ਕਿਸਾਨਾਂ ਨੂੰ ਇਸੇ ਤਰ੍ਹਾਂ ਖੇਤਾਂ ਵਿੱਚ ਪਹੁੰਚ ਕੇ ਪੁਲਸ ਅਧਿਕਾਰੀ ਤੇ ਹੋਰ ਨੋਡਲ ਅਫਸਰ ਧਮਕਾਉਣਗੇ ਤਾਂ ਉਨ੍ਹਾਂ ਦਾ ਸਖਤ ਵਿਰੋਧ ਕੀਤਾ ਜਾਵੇਗਾ।ਕਿਸਾਨ ਆਗੂਆਂ ਨੇ ਦੱਸਿਆ ਕਿ ਵਿਰੋਧ ਦੇ ਚੱਲਦਿਆਂ ਹੀ ਤਹਿਸੀਲਦਾਰ ਮੌਕੇ 'ਤੇ ਪਹੁੰਚੇ ਸਨ ਅਤੇ ਉਨ੍ਹਾਂ ਨੇ ਕਿਸਾਨ ਦੇ ਖੇਤ ਵਿੱਚ ਸਾਈਡਾਂ 'ਤੇ ਲੱਗੀ ਅੱਗ ਵੀ ਦੇਖੀ ਅਤੇ ਉਨ੍ਹਾਂ ਨੇ ਜਥੇਬੰਦੀ ਨੂੰ ਭਰੋਸਾ ਦਿੱਤਾ ਹੈ ਕਿ ਉਕਤ ਕਿਸਾਨ 'ਤੇ ਕੋਈ ਵੀ ਕਾਰਵਾਈ ਨਹੀਂ ਕੀਤੀ ਜਾਵੇਗੀ, ਜਿਸ ਤੋਂ ਬਾਅਦ ਕਿਸਾਨ ਜਥੇਬੰਦੀ ਵੱਲੋਂ ਅਧਿਕਾਰੀਆਂ ਦਾ ਘਿਰਾਓ ਖਤਮ ਕੀਤਾ ਗਿਆ ਅਤੇ ਨਾਲ ਹੀ ਕਿਸਾਨ ਜਥੇਬੰਦੀਆਂ ਨੇ ਚਿਤਾਵਨੀ ਦਿੱਤੀ ਕਿ ਜੇਕਰ ਖੇਤਾਂ ਵਿੱਚ ਕਿਸਾਨਾਂ ਨੂੰ ਡਰਾਉਣ ਧਮਕਾਉਣ ਲਈ ਅਧਿਕਾਰੀ ਪਹੁੰਚ ਕੇ ਉਨ੍ਹਾਂ 'ਤੇ ਕਾਰਵਾਈ ਕਰਨਗੇ ਤਾਂ ਕਿਸਾਨ ਜਥੇਬੰਦੀ ਵੱਲੋਂ ਵੀ ਵਿਰੋਧ ਪ੍ਰਦਰਸ਼ਨ ਜਾਰੀ ਰਹਿਣਗੇ।

# ਅਨਾਜ ਮੰਡੀ 'ਚ ਦਰੱਖਤ ਵੱਢਣ ਦਾ ਮਾਮਲਾ ਭਖਣ ਦੇ ਆਸਾਰ!

- ਮਾਰਕੀਟ ਕਮੇਟੀ ਅਧਿਕਾਰੀਆਂ ਨੇ ਕੀਤੀ ਕਾਗਜ਼ੀ ਕਾਰਵਾਈ
- ਸਮਾਜਸੇਵੀ ਆਗੂਆਂ ਵੱਲੋਂ ਦਰੱਖਤ ਵੱਢਣ ਦੀ ਨਿੰਦਾ ਤੇ ਕਾਰਵਾਈ ਦੀ ਮੰਗ



**ਬਠਿੰਡਾ (ਰਾਜੀਵ ਗੋਇਲ)**

ਜ਼ਿਲ੍ਹੇ ਦੇ ਕਸਬਾ ਭਗਤਾ ਭਾਈ ਕਾ ਦੀ ਅਨਾਜ਼ ਮੰਡੀ ਵਿੱਚੋਂ ਬੀਤੇ ਕੱਲ੍ਹ ਦਰੱਖਤ ਵੱਢਣ ਦਾ ਮਾਮਲਾ ਭਖਣ ਦੇ ਆਸਾਰ ਬਣੇ ਹੋਏ ਹਨ ਅਤੇ ਵਿਰੋਧੀ ਪਾਰਟੀਆਂ ਦੇ ਆਗੂ ਤੇ ਮੌਜੂਦਾ ਸਰਕਾਰ ਦੇ ਕੁਝ ਆਗੂ ਨਿਸ਼ਾਨੇ 'ਤੇ ਹਨ।

ਭਰੋਸੇਯੋਗ ਸੂਤਰਾਂ ਤੋਂ ਪ੍ਰਾਪਤ ਕੀਤੀ ਗਈ ਜਾਣਕਾਰੀ ਅਨੁਸਾਰ ਇੱਕ ਜੇ.ਸੀ.ਬੀ ਮਸ਼ੀਨ ਦੁਆਰਾ ਇਹ ਦਰੱਖਤ ਬਿਨਾਂ ਕਿਸੇ ਮਨਜ਼ੂਰੀ ਤੋਂ ਵੱਢੇ ਗਏ ਹਨ ਅਤੇ ਓਧਰ ਦੂਜੇ ਪਾਸੇ ਮਾਰਕੀਟ ਕਮੇਟੀ ਦੇ ਅਧਿਕਾਰੀ ਹਰਸਬੰਸ ਸਿੰਘ ਦਾ ਕਹਿਣਾ ਸੀ ਕਿ ਉਹ ਮਾਣਯੋਗ ਹਾਈਕੋਰਟ ਗਏ ਹੋਏ ਹਨ ਅਤੇ ਦਰੱਖਤ ਵੱਢਣ ਦੀ ਉਨ੍ਹਾਂ ਪਾਸ ਕਿਸੇ ਕਿਸਮ ਦੀ ਕੋਈ ਅਰਜ਼ੀ ਨਹੀਂ ਪ੍ਰਾਪਤ ਹੋਈ ਹੈ ਅਤੇ ਨਾ ਹੀ ਇਹ ਮਾਮਲਾ ਉਨ੍ਹਾਂ ਦੇ ਧਿਆਨ ਵਿੱਚ ਹੈ। ਉਧਰ ਸਮਾਜਸੇਵੀ ਆਗੂਆਂ ਵੱਲੋਂ ਕਿਹਾ ਗਿਆ ਹੈ ਕਿ ਇੱਕ ਪਾਸੇ ਤਾਂ ਸਰਕਾਰ ਤੇ ਵਾਤਾਵਰਣ ਪ੍ਰੇਮੀ ਸੰਸਥਾਵਾਂ ਬੂਟੇ ਲਗਾਉਣ ਨੂੰ ਤਰਜੀਹ ਦੇ ਰਹੀਆਂ ਹਨ ਅਤੇ ਦੂਜੇ ਪਾਸੇ ਇਸ ਤਰ੍ਹਾਂ ਵੱਡੇ-ਵੱਡੇ ਦਰੱਖਤਾਂ ਨੂੰ ਬਿਨਾਂ ਕਿਸੇ ਮਨਜ਼ੂਰੀ ਪੁੱਟਿਆ ਗਿਆ ਹੈ। ਉਨ੍ਹਾਂ ਇਸ ਘਟਨਾ ਦੀ ਨਿੰਦਾ ਕਰਦੇ ਹੋਏ ਜ਼ਿੰਮੇਵਾਰ ਲੋਕਾਂ ਖਿਲਾਫ ਕਾਰਵਾਈ ਦੀ ਮੰਗ ਕੀਤੀ ਗਈ ਹੈ। ਉਧਰ ਜਦੋਂ ਅੱਜ ਸਵੇਰ ਮਾਰਕੀਟ ਕਮੇਟੀ ਦੇ ਅਧਿਕਾਰੀ ਹਰਸਬੰਸ ਸਿੰਘ ਨਾਲ ਗੱਲਬਾਤ ਕੀਤੀ ਗਈ ਤਾਂ ਉਨ੍ਹਾਂ ਕਿਹਾ ਕਿ ਅਸੀਂ ਆਪਣੇ ਵੱਲੋਂ ਦਰੱਖਤ ਵੱਢੇ ਜਾਣ 'ਤੇ ਕਾਗਜ਼ੀ ਕਾਰਵਾਈ ਕਰ ਦਿੱਤੀ ਹੈ।

ਇਸ ਮਸਲੇ ਨੂੰ ਲੈ ਕੇ ਨਾਮ ਨਾ ਛਾਪਣ ਦੀ ਸੂਰਤ ਵਿੱਚ ਕੁਝ ਆੜ੍ਹਤੀਆਂ ਦਾ ਕਹਿਣਾ ਸੀ ਕਿ ਇਨ੍ਹਾਂ ਦਰੱਖਤਾਂ ਦੀ ਆੜ ਹੇਠ ਮੰਡੀ ਵਿੱਚ ਬੈਠੇ ਟੱਪਰੀਵਾਸ ਚੋਰੀ ਕਰਦੇ ਸਨ, ਜਿਸ ਨੂੰ ਰੋਕਣ ਲਈ ਇਹ ਦਰੱਖਤ ਵੱਢੇ ਗਏ ਹਨ, ਪਰ ਇਨ੍ਹਾਂ ਦਰੱਖਤਾਂ ਨੂੰ ਵੱਢਣ ਲਈ ਮਨਜ਼ੂਰੀ ਵਾਲੇ ਸਵਾਲ ਦਾ ਉਨ੍ਹਾਂ ਪਾਸ ਕੋਈ ਜਵਾਬ ਨਹੀਂ ਸੀ, ਪਰ ਇਸ ਤਰ੍ਹਾਂ ਮੰਡੀਕਰਨ ਬੋਰਡ ਦੀ ਜਗ੍ਹ ਅੰਦਰ ਇੱਕ ਪ੍ਰਾਈਵੇਟ ਜੇਸੀਬੀ ਦੁਆਰਾ ਦਰੱਖਤਾਂ ਦਾ ਪੁੱਟੇ ਜਾਣਾ ਮਹਿਕਮੇ ਲਈ ਸਵਾਲ ਜ਼ਰੂਰ ਖੜ੍ਹੇ ਕਰਦਾ ਹੈ ਅਤੇ ਹੁਣ ਦੇਖਣਾ ਇਹ ਹੋਵੇਗਾ ਕਿ ਇਸ ਮਸਲੇ ਨੂੰ ਲੈ ਕੇ ਜ਼ੁੰਮੇਵਾਰ ਲੋਕਾਂ ਖਿਲਾਫ ਮਹਿਕਮੇ ਵੱਲੋਂ ਕੀ ਕਾਰਵਾਈ ਕੀਤੀ ਜਾਂਦੀ ਹੈ?

## ਕੁਲਰੀਆਂ ਦੇ ਅਬਾਦਕਾਰ ਕਿਸਾਨਾਂ ਦੇ ਉਜਾੜੇ ਖਿਲਾਫ 'ਆਪ' ਦੇ ਉਮੀਦਵਾਰ ਨੂੰ ਹਰਾਉਣ ਦਾ ਸੱਦਾ



**ਜਗਰਾਉਂ (ਨਛੱਤਰ ਸੰਧੂ)**-ਬੀਤੇ ਦੋ ਸਾਲ ਤੋਂ ਮਾਨਸਾ ਜ਼ਿਲ੍ਹੇ ਦੇ ਪਿੰਡ ਕੁਲਰੀਆਂ ਦੇ ਆਬਾਦਕਾਰ ਕਿਸਾਨਾਂ ਨੂੰ ਉਨ੍ਹਾਂ ਦੀਆਂ ਜ਼ਮੀਨਾਂ ਤੋਂ ਉਜਾੜਨ ਖ਼ਿਲਾਫ਼ ਲਗਾਤਾਰ ਸੰਘਰਸ਼ ਜਾਰੀ ਹੈ। ਬੀਤੇ ਸਮੇਂ 'ਚ ਅੱਠ ਵੇਰ ਪ੍ਰਸ਼ਾਸਨ ਨਾਲ ਮੀਟਿੰਗਾਂ 'ਚ ਮੰਨਣ ਦੇ ਬਾਵਜੂਦ ਜ਼ਮੀਨੀ ਹੱਕ ਬਹਾਲ ਨਹੀਂ ਕੀਤੇ ਜਾ ਰਹੇ।ਅੱਜ ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਦੀ ਅਗਵਾਈ 'ਚ ਬਰਨਾਲਾ ਜ਼ਿਮਨੀ ਚੋਣ ਸਮੇਂ ਆਮ ਆਦਮੀ ਪਾਰਟੀ ਦਾ ਕਿਸਾਨ ਵਿਰੋਧੀ ਚਿਹਰਾ ਨੰਗਾ ਕਰਨ ਲਈ ਪੰਜ ਜ਼ਿਲ੍ਹਿਆਂ ਦੇ ਵਰਕਰ ਬਰਨਾਲਾ ਲਈ ਰਵਾਨਾ ਹੋਏ।ਇਸ ਇੱਕਤਰਤਾ 'ਚ ਸ਼ਾਮਲ ਹੋਣ ਲਈ ਲੁਧਿਆਣਾ ਜ਼ਿਲ੍ਹੇ 'ਚੋਂ ਸੈਂਕੜੇ ਵਰਕਰ ਜ਼ਿਲ੍ਹਾ ਪ੍ਰਧਾਨ ਜਗਤਾਰ ਸਿੰਘ ਦੇਹੜਕਾ ਦੀ ਅਗਵਾਈ 'ਚ ਬਰਨਾਲਾ ਲਈ ਰਵਾਨਾ ਹੋਏ।ਇਸ ਸਮੇਂ ਜ਼ਿਲ੍ਹਾ ਸੱਕਤਰ ਇੰਦਰਜੀਤ ਸਿੰਘ ਧਾਲੀਵਾਲ ਨੇ ਦੱਸਿਆ ਕਿ ਇਸ ਵਿਸ਼ਾਲ ਰੋਸ ਪ੍ਰਦਰਸ਼ਨ ਰਾਹੀਂ ਭਗਵੰਤ ਮਾਨ ਸਰਕਾਰ ਤੋਂ ਜ਼ਮੀਨੀ ਹੱਕ ਬਹਾਲ ਕਰਨ, ਉਜਾੜੇ ਦੇ ਜ਼ਿੰਮੇਵਾਰ ਕੁਲਰੀਆਂ ਦੇ ਸਾਬਕਾ ਸਰਪੰਚ ਰਾਜਬੀਰ ਰਾਜੂ ਖ਼ਿਲਾਫ਼ ਕਿਸਾਨਾਂ 'ਤੇ ਕਾਤਲਾਨਾ ਹਮਲਾ ਕਰਨ ਦੇ ਦੋਸ਼ 'ਚ ਇਰਾਦਾ ਕਤਲ ਤਹਿਤ ਦਰਜ ਕੇਸ 'ਚ ਗ੍ਰਿਫ਼ਤਾਰ ਕਰਨ, ਕਿਸਾਨ ਆਗੂਆਂ 'ਤੇ ਪਾਏ ਝੂਠੇ ਕੇਸ ਵਾਪਸ ਲੈਣ ਦੀਆਂ ਮੰਗਾਂ 'ਤੇ ਜ਼ੋਰ ਦੇਣ ਲਈ ਇਹ ਪ੍ਰਦਰਸ਼ਨ ਕੀਤਾ ਜਾ ਰਿਹਾ ਹੈ।ਇਸ ਸਮੇਂ ਸੂਬਾ ਮੀਤ ਪ੍ਰਧਾਨ ਅਮਨਦੀਪ ਸਿੰਘ ਲਲਤੋਂ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਤੇ ਅਕਾਲੀਆਂ, ਕਾਂਗਰਸੀਆਂ 'ਚ ਕੋਈ ਬੁਨਿਆਦੀ ਅੰਤਰ ਨਹੀਂ ਹੈ, ਇਹ ਸਾਰੇ ਇੱਕੋ ਥੈਲੀ ਦੇ ਚੱਟੇ ਵੱਟੇ ਹਨ।ਝੋਨੇ ਦੀ ਮੰਡੀਆਂ 'ਚ ਬੇਹੁਰਮਤੀ, ਕਿਸਾਨਾਂ ਦੀ ਮੰਡੀਆਂ 'ਚ ਲੁੱਟ, ਡੀ ਏ ਪੀ ਦੀ ਘੋਰ ਕਿੱਲਤ, ਪਰਾਲੀ ਦੇ ਨਾਜਾਇਜ਼ ਪਰਚਿਆਂ ਨੇ ਭਾਜਪਾ ਤੇ ਆਪ ਪਾਰਟੀ ਦੀ ਖਸਲਤ ਬੁਰੀ ਤਰ੍ਹਾਂ ਲੀਰੋ ਲੀਰ ਕਰ ਦਿੱਤੀ ਹੈ।ਇਸ ਜਥਿਆਂ ਦੀ ਅਗਵਾਈ ਸੁਖਵਿੰਦਰ ਸਿੰਘ ਹੰਬੜਾਂ, ਹਾਕਮ ਸਿੰਘ ਭੱਟੀਆਂ, ਜਗਜੀਤ ਸਿੰਘ ਕਲੇਰ, ਤਰਸੇਮ ਸਿੰਘ ਬੱਸੂਵਾਲ, ਗੁਰਵਿੰਦਰ ਸਿੰਘ ਗੋਗੀ, ਬੇਅੰਤ ਸਿੰਘ ਬਾਣੀਏਵਾਲ, ਸੁਰਜੀਤ ਦੋਧਰ, ਕੁੰਡਾਸਿੰਘ ਆਦਿ ਕਰ ਰਹੇ ਸਨ।

## ਸੜਕ ਹਾਦਸੇ 'ਚ ਮੋਟਰਸਾਈਕਲ ਸਵਾਰ ਦੀ ਮੌਤ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਲੋਹਾ ਨਗਰੀ ਮੰਡੀ ਗੋਬਿੰਦਗੜ੍ਹ ਵਿਖੇ ਵਾਪਰੇ ਇੱਕ ਸੜਕ ਹਾਦਸੇ ਵਿੱਚ ਇੱਕ ਮੋਟਰਸਾਈਕਲ ਚਾਲਕ ਦੀ ਮੌਤ ਹੋ ਗਈ।

ਪ੍ਰਾਪਤ ਜਾਣਕਾਰੀ ਅਨੁਸਾਰ ਧਰਮਿੰਦਰ ਕੁਮਾਰ ਵਾਸੀ ਪਿੰਡ ਖੁਰਾਰਾ ਜ਼ਿਲ੍ਹਾ ਛਪਰਾ (ਬਿਹਾਰ) ਨੇ ਪੁਲਸ ਨੂੰ ਦਿੱਤੀ ਸ਼ਿਕਾਇਤ ਵਿੱਚ ਦੱਸਿਆ ਕਿ ਉਸ ਦਾ ਭਰਾ ਮਿਥੁਨ ਕੁਮਾਰ (29) ਆਪਣੇ ਐੱਚ ਐੱਫ ਡੀਲਕਸ ਮੋਟਰਸਾਈਕਲ 'ਤੇ ਸਵਾਰ ਹੋ ਕੇ ਖੰਨਾ ਤੋਂ ਮੰਡੀ ਗੋਬਿੰਦਗੜ੍ਹ ਵੱਲ ਨੂੰ ਆ ਰਿਹਾ ਸੀ ਤੇ ਜਦੋਂ ਉਹ ਮੰਡੀ ਗੋਬਿੰਦਗੜ੍ਹ ਦੀ ਜੈਨ ਸਟੀਲ ਮਿੱਲ ਕੋਲ ਪੁੱਜਾ ਤਾਂ ਪਿੱਛੋਂ ਆ ਰਹੀ ਤੇਜ਼ ਰਫਤਾਰ ਮਾਰੂਤੀ ਕਾਰ ਨੇ ਉਸ ਦੇ ਮੋਟਰਸਾਈਕਲ ਨੂੰ ਟੱਕਰ ਮਾਰ ਦਿੱਤੀ।ਇਸ ਹਾਦਸੇ ਵਿੱਚ ਗੰਭੀਰ ਸੱਟਾਂ ਲੱਗਣ 'ਤੇ ਮਿਥੁਨ ਕੁਮਾਰ ਦੀ ਮੌਕੇ 'ਤੇ ਹੀ ਮੌਤ ਹੋ ਗਈ।ਮ੍ਰਿਤਕ ਦੇ ਭਰਾ ਦੇ ਬਿਆਨਾਂ 'ਤੇ ਕਾਰ ਦੇ ਨਾਮਾਲੂਮ ਚਾਲਕ ਵਿਰੁੱਧ ਮੁਕੱਦਮਾ ਦਰਜ ਕਰਕੇ ਥਾਣਾ ਮੰਡੀ ਗੋਬਿੰਦਗੜ੍ਹ ਦੀ ਪੁਲਸ ਨੇ ਮਾਮਲੇ ਦੀ ਤਫਤੀਸ਼ ਸ਼ੁਰੂ ਕਰ ਦਿੱਤੀ ਹੈ।

## ਗੁਰਤਾਗੱਦੀ ਦਿਵਸ ਤੇ ਮਾਤਾ ਸਾਹਿਬ ਕੌਰ ਦੇ ਜਨਮ ਦਿਹਾੜੇ ਨੂੰ ਸਮਰਪਤ ਖ਼ੂਨਦਾਨ ਕੈਂਪ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਜਾਗਦੇ ਰਹੋ ਯੂਥ ਕਲੱਬ ਪਿੰਡ ਬਿਸ਼ਨਗੜ੍ਹ ਸੰਬੰਧਤ ਨਹਿਰੂ ਯੁਵਾ ਕੇਂਦਰ ਪਟਿਆਲਾ (ਭਾਰਤ ਸਰਕਾਰ) ਨੇ ਐੱਚ.ਡੀ.ਐੱਫ.ਸੀ. ਬੈਂਕ ਅਮਲੋਹ ਬਰਾਂਚ ਦੇ ਸਹਿਯੋਗ ਨਾਲ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਗੁਰਤਾਗੱਦੀ ਦਿਵਸ ਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਤ ਗੁ: ਕਰਹਾਲੀ ਸਾਹਿਬ ਦੇ ਬਾਹਰ ਖ਼ੂਨਦਾਨ ਕੈਂਪ ਲਗਾਇਆ ਗਿਆ, ਜਿਸ ਦਾ ਰਸਮੀਂ ਉਦਘਾਟਨ ਗੁ: ਕਰਹਾਲੀ ਸਾਹਿਬ ਦੇ ਲੰਗਰ ਇੰਚਾਰਜ ਜਥੇਦਾਰ ਸਤਨਾਮ ਸਿੰਘ ਨੇ ਖ਼ੂਨ ਦਾਨ ਕਰਕੇ ਕੀਤਾ।ਇਹ ਖ਼ੂਨਦਾਨ ਕੈਂਪ ਸਰਬਜੀਤ ਸਿੰਘ ਰੋਡਾ ਦੀ ਯੋਗ ਅਗਵਾਈ ਹੇਠ ਲਗਾਇਆ ਗਿਆ।ਖ਼ੂਨਦਾਨ ਕੈਂਪ ਵਿੱਚ ਬਿਕਰਮਜੀਤ ਸਿੰਘ, ਵਰਿੰਦਰ ਸਿੰਘ, ਸੁਰਜੀਤ ਸਿੰਘ, ਅੰਮ੍ਰਿਤਪਾਲ ਸਿੰਘ, ਪਲਵਿੰਦਰ ਸਿੰਘ, ਦੀਦਾਰ ਸਿੰਘ, ਗੁਰਦੀਸ ਕੌਰ, ਜਸਵਿੰਦਰ ਸਿੰਘ, ਅਰਵਿੰਦਰ ਸਿੰਘ, ਹਰਪ੍ਰੀਤ ਸਿੰਘ ਤੇ ਹਰਮੇਸ਼ ਕੌਰ ਸਮੇਤ 22 ਖ਼ੂਨਦਾਨੀਆਂ ਨੇ ਖ਼ੂਨ ਦਾਨ ਕੀਤਾ।ਇਸ ਮੌਕੇ ਜਥੇਦਾਰ ਸਤਨਾਮ ਸਿੰਘ ਨੇ ਕਿਹਾ ਕਿ ਖ਼ੂਨ ਦਾਨ ਕਰਨ ਨਾਲ ਅਨੇਕਾਂ ਅਨਮੋਲ ਜ਼ਿੰਦਗੀਆਂ ਬਚਾਈਆਂ ਜਾ ਸਕਦੀਆਂ ਹਨ।ਖ਼ੂਨਦਾਨ ਸਭ ਤੋਂ ਉੱਤਮ ਦਾਨ ਹੈ।ਗਰਮੀ ਦੇ ਕਾਰਨ ਖ਼ੂਨਦਾਨ ਕੈਂਪ ਬਹੁਤ ਘੱਟ ਲੱਗਦੇ ਹਨ, ਜਿਸ ਕਰਕੇ ਬਲੱਡ ਬੈਂਕਾਂ ਵਿੱਚ ਖ਼ੂਨ ਦੀ ਕਮੀਂ ਹੋ ਜਾਂਦੀ ਹੈ ਅਤੇ ਲੋੜਵੰਦ ਤੇ ਐਮਰਜੈਂਸੀ ਮਰੀਜ਼ਾਂ ਨੂੰ ਖ਼ੂਨ ਲੈਣ ਸਮੇਂ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ।ਇਸ ਮੌਕੇ ਮੈਨੇਜਰ ਸਰਬਜੀਤ ਸਿੰਘ ਐੱਚ.ਡੀ.ਐੱਫ. ਬੈਂਕ, ਹਰਕ੍ਰਿਸ਼ਨ ਸਿੰਘ ਸੁਰਜੀਤ, ਰਾਜਵਿੰਦਰ ਸਿੰਘ, ਜਥੇਦਾਰ ਸਤਨਾਮ ਸਿੰਘ ਲੰਗਰ ਇੰਚਾਰਜ, ਪ੍ਰਮੋਦ ਕੁਮਾਰ, ਦੀਦਾਰ ਸਿੰਘ ਬੋਸਰ, ਰਣਜੀਤ ਸਿੰਘ ਬੋਸਰ, ਜਗਰੂਪ ਸਿੰਘ ਪੰਜੋਲਾ, ਲਵਪ੍ਰੀਤ ਸਿੰਘ ਤੇ ਕਰਮਵੀਰ ਸਿੰਘ ਘੇਲ ਹਾਜ਼ਰ ਸੀ।

## ਸਿਹਤ ਰਿਕਾਰਡ ਨੂੰ ਡਿਜੀਟਲ ਰੱਖਣ ਲਈ ਬਣਾਓ ਆਭਾ ਅਕਾਊਂਟ : ਸਿਵਲ ਸਰਜਨ

**ਫਾਜ਼ਿਲਕਾ (ਨਿਸ਼ਾ ਸ਼ਰਮਾ)**-ਡਾਇਰੈਕਟਰ ਸਿਹਤ ਤੇ ਪਰਿਵਾਰ ਭਲਾਈ ਵਿਭਾਗ ਪੰਜਾਬ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸਿਵਲ ਸਰਜਨ ਫਾਜ਼ਿਲਕਾ ਦੀ ਦੇਖ-ਰੇਖ ਵਿੱਚ ਜ਼ਿਲ੍ਹੇ 'ਚ ਆਭਾ (ਆਯੂਸ਼ਮਾਨ ਭਾਰਤ ਹੈਲਥ ਅਕਾਊਂਟ) ਅਕਾਊਂਟ ਦਾ ਕੰਮ ਸੁਚਾਰੂ ਢੰਗ ਨਾਲ ਚੱਲ ਰਿਹਾ ਹੈ।ਇਸ ਸੰਬਧੀ ਜਾਣਕਾਰੀ ਸਾਂਝੀ ਕਰਦਿਆਂ ਕਾਰਜਕਾਰੀ ਸਿਵਿਲ ਸਰਜਨ ਡਾਕਟਰ ਚੰਦਰ ਸ਼ੇਖਰ ਕੱਕੜ ਨੇ ਦੱਸਿਆ ਕਿ ਇਹ ਸਰਕਾਰ ਦਾ ਇੱਕ ਅਹਿਮ ਪ੍ਰੋਜੈਕਟ ਹੈ, ਜਿਸ ਤਹਿਤ ਕੋਈ ਵੀ ਵਿਅਕਤੀ ਆਪਣਾ ਆਭਾ ਨੰਬਰ ਜਨਰੇਟ ਕਰਕੇ ਆਪਣਾ ਸਿਹਤ ਰਿਕਾਰਡ ਡਿਜੀਟਲ ਰੱਖ ਸਕਦਾ ਹੈ।ਆਭਾ ਅਕਾਊਂਟ ਦੀ ਮੱਦਦ ਨਾਲ ਇੱਕ ਪਲੇਟਫਾਰਮ 'ਤੇ ਲਾਭਪਾਤਰੀ ਦੀਆਂ ਸਾਰੀਆਂ ਸਿਹਤ ਜਾਂਚ ਰਿਪੋਰਟਾਂ, ਮੈਡੀਕਲ ਰਿਕਾਰਡ ਤੇ ਇਲਾਜ ਤੱਕ ਪੂਰੀ ਪਹੁੰਚ ਪ੍ਰਾਪਤ ਹੋਵੇਗੀ।ਆਭਾ ਕਾਰਡ ਵਿੱਚ ਇੱਕ ਵਿਲੱਖਣ 14 ਅੰਕਾਂ ਵਾਲਾ ਪਛਾਣ ਨੰਬਰ ਹੈ।ਉਨ੍ਹਾਂ ਦੱਸਿਆ ਕਿ ਆਪਣੇ ਮੋਬਾਇਲ ਵਿੱਚ ਪਲੇਅ ਸਟੋਰ 'ਤੇ ਜਾ ਕੇ ਆਭਾ ਐਪ ਨੂੰ ਡਾਊਨਲੋਡ ਕਰਕੇ ਆਪਣਾ ਅਕਾਊਂਟ ਬਣਾ ਕੇ ਇਸ ਵਿੱਚ ਆਪਣੀਆਂ ਸਾਰੀਆਂ ਰਿਪੋਰਟਾਂ ਤੇ ਹੋਰ ਸਿਹਤ ਰਿਕਾਰਡ ਨੂੰ ਇਕੱਤਰ ਕਰਕੇ ਰੱਖਿਆ ਜਾ ਸਕਦਾ ਹੈ ਅਤੇ ਕਿਸੇ ਵੀ ਡਾਕਟਰ ਕੋਲ ਜਾ ਕੇ ਆਪਣਾ ਅਕਾਊਂਟ ਨੰਬਰ ਦੱਸ ਕੇ ਆਪਣੀ ਹੈਲਥ ਦਾ ਚੈੱਕਅੱਪ ਕਰਵਾਇਆ ਜਾ ਸਕਦਾ ਹੈ।ਇਸ ਨਾਲ ਪੁਰਾਣਾ ਰਿਕਾਰਡ ਦੇਖ ਕੇ ਡਾਕਟਰ ਨੂੰ ਇਲਾਜ ਕਰਨ ਵਿੱਚ ਆਸਾਨੀ ਹੋਵੇਗੀ ਤੇ ਕਿਸੇ ਵੀ ਵਿਅਕਤੀ ਨੂੰ ਆਪਣਾ ਸਿਹਤ ਰਿਕਾਰਡ ਘਰ ਵਿੱਚ ਆਫਲਾਈਨ ਰੱਖਣ ਦੀ ਜ਼ਰੂਰਤ ਨਹੀਂ ਹੋਵੇਗੀ, ਬਲਕਿ ਡਿਜੀਟਲ ਰੱਖਿਆ ਜਾ ਸਕਦਾ ਹੈ।ਉਨ੍ਹਾਂ ਸਿਹਤ ਵਿਭਾਗ ਦੇ ਸਟਾਫ਼ ਨੂੰ ਵੀ ਹਦਾਇਤਾਂ ਜਾਰੀ ਕਰਦੇ ਹੋਏ ਕਿਹਾ ਕਿ ਆਭਾ ਅਕਾਊਂਟ ਬਣਾਉਣ ਵਿੱਚ ਤੇਜ਼ੀ ਲਿਆਂਦੀ ਜਾਵੇ ਅਤੇ ਲੋਕਾਂ ਨੂੰ ਬਿਹਤਰ ਸਿਹਤ ਸਹੂਲਤਾਂ ਪਹੁੰਚਾਉਣ ਲਈ ਆਭਾ ਅਕਾਊਂਟ ਦੇ ਨਿਰਧਾਰਤ ਟੀਚਿਆਂ ਨੂੰ ਹਾਸਲ ਕਰਨ ਲਈ ਆਪਣੀ ਡਿਊਟੀ ਪੂਰੀ ਜ਼ਿੰਮੇਵਾਰੀ ਨਾਲ ਨਿਭਾਈ ਜਾਵੇ।

## ਝੋਨੇ ਦੀ ਖਰੀਦ, ਲਿਫਟਿੰਗ ਤੇ ਅਦਾਇਗੀ ਦਾ ਕੰਮ ਜਾਰੀ : ਡੀ ਸੀ



**ਫ਼ਰੀਦਕੋਟ (ਐਲਿਗਜੈਂਡਰ ਡਿਸੂਜ਼ਾ)**-ਡਿਪਟੀ ਕਮਿਸ਼ਨਰ ਸ੍ਰੀ ਵਿਨੀਤ ਕੁਮਾਰ ਨੇ ਦੱਸਿਆ ਕਿ ਜ਼ਿਲ੍ਹੇ ਦੀਆਂ ਮੰਡੀਆਂ ਵਿੱਚ ਝੋਨੇ ਦੀ ਖਰੀਦ, ਲਿਫਟਿੰਗ ਤੇ ਅਦਾਇਗੀ ਦਾ ਕੰਮ ਲਗਾਤਾਰ ਜਾਰੀ ਹੈ ਅਤੇ ਬੀਤੀ ਸ਼ਾਮ ਤੱਕ 397680 ਮੀਟ੍ਰਿਕ ਟਨ ਝੋਨੇ ਦੀ ਆਮਦ ਹੋਈ ਅਤੇ ਵੱਖ ਵੱਖ ਸਰਕਾਰੀ ਖਰੀਦ ਏਜੰਸੀਆਂ ਵੱਲੋਂ 355703 ਮੀਟ੍ਰਿਕ ਟਨ ਝੋਨਾ ਖਰੀਦਿਆ ਜਾ ਚੁੱਕਾ ਹੈ।ਉਨ੍ਹਾਂ ਦੱਸਿਆ ਕਿ ਝੋਨੇ ਦੀ ਲਿਫਟਿੰਗ ਦੇ ਕੰਮ 'ਚ ਵੀ ਤੇਜ਼ੀ ਲਿਆਂਦੀ ਗਈ ਹੈ।ਉਨ੍ਹਾਂ ਦੱਸਿਆ ਕਿ ਕਿਸਾਨਾਂ ਵੱਲੋਂ ਲਿਆਂਦੀ ਫਸਲ ਦੀ ਖਰੀਦ ਬਦਲੇ ਉਨ੍ਹਾਂ ਨੂੰ ਕਰੀਬ 658 ਕਰੋੜ ਰੁਪਏ ਦੀ ਅਦਾਇਗੀ ਵੀ ਕੀਤੀ ਜਾ ਚੁੱਕੀ ਹੈ।ਉਨ੍ਹਾਂ ਕਿਸਾਨਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਫਸਲਾਂ ਦੀ ਰਹਿੰਦ-ਖੂੰਹਦ ਨੂੰ ਅੱਗ ਨਾ ਲਗਾਉਣ, ਕਿਉਂਕਿ ਅਜਿਹਾ ਕਰਨ ਨਾਲ ਜਿੱਥੇ ਵਾਤਾਵਰਣ ਪ੍ਰਦੂਸ਼ਤ ਹੁੰਦਾ ਹੈ, ਉਥੇ ਹੀ ਜ਼ਮੀਨ ਦੀ ਉਪਜਾਊ ਸ਼ਕਤੀ ਵੀ ਘਟਦੀ ਹੈ।ਇਸ ਲਈ ਝੋਨੇ ਦੀ ਕਟਾਈ ਕਰਨ ਉਪਰੰਤ ਪਰਾਲੀ ਜਾਂ ਰਹਿੰਦ-ਖੂੰਹਦ ਨੂੰ ਅੱਗ ਲਗਾਉਣ ਦੀ ਬਜਾਇ ਆਧੁਨਿਕ ਤਕਨੀਕਾਂ ਜਾਂ ਖੇਤੀ ਸੰਦਾਂ ਨਾਲ ਇਸ ਦਾ ਯੋਗ ਪ੍ਰਬੰਧਨ ਕਰਨ ਅਤੇ ਵਾਤਾਵਰਨ ਨੂੰ ਸਾਫ਼-ਸੁਥਰਾ ਰੱਖਣ ਵਿੱਚ ਆਪਣਾ ਯੋਗਦਾਨ ਪਾਉਣ।ਜ਼ਿਲ੍ਹਾ ਖੁਰਾਕ ਤੇ ਸਪਲਾਈ ਕੰਟਰੋਲਰ ਸ੍ਰੀ ਰਾਜ ਰਿਸ਼ੀ ਮਹਿਰਾ ਨੇ ਦੱਸਿਆ ਕਿ ਕੱਲ੍ਹ ਸ਼ਾਮ ਤੱਕ ਹੋਈ ਖਰੀਦ ਦੇ ਅੰਕੜਿਆਂ ਮੁਤਾਬਕ ਵੱਖ ਵੱਖ ਏਜੰਸੀਆਂ, ਜਿਨ੍ਹਾਂ ਵਿੱਚ ਪਨਗ੍ਰੇਨ ਨੇ 142704 ਮੀਟ੍ਰਿਕ ਟਨ, ਮਾਰਕਫੈੱਡ ਨੇ 95336 ਮੀਟ੍ਰਿਕ ਟਨ, ਪਨਸਪ ਨੇ 76993 ਮੀਟ੍ਰਿਕ ਟਨ ਤੇ ਪੰਜਾਬ ਰਾਜ ਗੋਦਾਮ ਨਿਗਮ ਨੇ 39526 ਮੀਟ੍ਰਿਕ ਟਨ ਅਤੇ ਪ੍ਰਾਈਵੇਟ ਵਪਾਰੀਆਂ ਨੇ 1144 ਮੀਟ੍ਰਿਕ ਟਨ ਝੋਨੇ ਦੀ ਖਰੀਦ ਕੀਤੀ ਹੈ। ਖਰੀਦੇ ਗਏ ਝੋਨੇ ਵਿੱਚੋਂ 189681 ਮੀਟ੍ਰਿਕ ਟਨ ਝੋਨੇ ਦੀ ਲਿਫਟਿੰਗ ਹੋ ਚੁੱਕੀ ਹੈ।

## ਡੀ ਏ ਪੀ ਦੀ ਬਲੈਕ ਮਾਰਕੀਟ ਨੂੰ ਰੋਕਣ ਲਈ ਟੀਮਾਂ ਗਠਿਤ : ਡੀ ਸੀ



**ਬਠਿੰਡਾ (ਰਾਜੀਵ ਗੋਇਲ)**-ਡਿਪਟੀ ਕਮਿਸ਼ਨਰ ਸ੍ਰੀ ਸ਼ੌਕਤ ਅਹਿਮਦ ਪਰੇ ਨੇ ਡੀ.ਏ.ਪੀ. ਖਾਦ ਦੀ ਬਲੈਕ ਮਾਰਕੀਟ ਨੂੰ ਰੋਕਣ ਲਈ ਨਿਗਰਾਨ ਟੀਮਾਂ ਦਾ ਗਠਨ ਕੀਤਾ ਹੈ ਤਾਂ ਜੋ ਕੋਈ ਵੀ ਡੀਲਰ ਡੀ.ਏ.ਪੀ. ਖਾਦ ਦੀ ਨਿਰਧਾਰਤ ਕੀਤੀ ਕੀਮਤ 1350 ਰੁਪਏ, 046:0 (ਟੀਐੱਸਪੀ) 1300 ਰੁਪਏ, ਐੱਨ.ਪੀ.ਕੇ (12:32:16) ਤੇ 10:26:26 ਦੀ ਕੀਮਤ 1470 ਰੁਪਏ ਤੋਂ ਵੱਧ ਕਿਸਾਨਾਂ ਤੋਂ ਵਸੂਲ ਨਾ ਕਰ ਸਕਣ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਇਹ ਟੀਮਾਂ ਜ਼ਿਲ੍ਹੇ ਦੇ ਵੱਖ-ਵੱਖ ਖੇਤਰਾਂ 'ਚ ਡੀ.ਏ.ਪੀ. ਖਾਦ ਦੀ ਵਿਕਰੀ ਦੀ ਨਿਗਰਾਨੀ ਕਰਨਗੀਆਂ ਤਾਂ ਜੋ ਜ਼ਿਲ੍ਹੇ ਦੇ ਕਿਸਾਨਾਂ ਨੂੰ ਕਿਸੇ ਕਿਸਮ ਦੀ ਪ੍ਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ। ਡਿਪਟੀ ਕਮਿਸ਼ਨਰ ਨੇ ਹਦਾਇਤ ਕੀਤੀ ਕਿ ਜੇਕਰ ਕੋਈ ਡੀਲਰ ਡੀ.ਏ.ਪੀ. ਖਾਦ ਦੀ ਨਿਰਧਾਰਤ ਕੀਤੀ ਕੀਮਤ ਤੋਂ ਵੱਧ ਰਕਮ ਵਸੂਲ ਪਾਇਆ ਜਾਂਦਾ ਹੈ ਜਾਂ ਫਿਰ ਬੇਲੋੜੀਆਂ ਵਸਤਾਂ ਟੈਗ ਕਰਕੇ ਕਿਸਾਨਾਂ ਨੂੰ ਦੇਣ ਦੀ ਕੋਸ਼ਿਸ਼ ਕਰਦਾ ਪਾਇਆ ਜਾਂਦਾ ਹੈ ਤਾਂ ਉਸ ਵਿਰੁੱਧ ਸਖ਼ਤ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

## ਪੌੜ ਗੋਤ ਦੇ ਜਠੇਰਿਆਂ ਦਾ ਮੇਲਾ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਪਿੰਡ ਬਹਿਲੋਲਪੁਰ ਨੇੜੇ ਸਥਿਤ ਕੀੜੀ ਅਫ਼ਗਾਨਾ ਵਿਖੇ ਪੌੜ ਗੋਤ ਦੇ ਜਠੇਰਿਆਂ ਦਾ ਸਾਲਾਨਾ ਮੇਲਾ ਤੇ ਭੰਡਾਰਾ ਸ਼ਰਧਾ ਤੇ ਉਤਸ਼ਾਹ ਨਾਲ ਕਰਵਾਇਆ ਗਿਆ, ਜਿਸ ਵਿੱਚ ਵੱਖ-ਵੱਖ ਕੋਨਿਆਂ ਤੋਂ ਗੋਤ ਨਾਲ ਸਬੰਧਤ ਲੋਕ ਸ਼ਾਮਲ ਹੋਏ। ਮੇਲੇ ਦੇ ਸ਼ੁਰੂਆਤ ਵਿੱਚ ਪ੍ਰਧਾਨ ਬਿਸ਼ਨ ਦਾਸ ਮਜ਼ਾਰੀ ਸਾਬਕਾ ਚੇਅਰਮੈਨ ਬਲਾਕ ਸੰਮਤੀ ਬੰਗਾ ਨੇ ਆਈਆਂ ਸੰਗਤਾਂ ਨੂੰ 'ਜੀ ਆਇਆਂ' ਆਖਿਆ ਤੇ ਪ੍ਰਬੰਧਕ ਕਮੇਟੀ ਵੱਲੋਂ ਜਠੇਰਿਆਂ ਦੀ ਇਮਾਰਤ ਸਬੰਧੀ ਕੀਤੇ ਜਾ ਰਹੇ ਵਿਕਾਸ ਕਾਰਜਾਂ ਬਾਰੇ ਜਾਣਕਾਰੀ ਦਿੱਤੀ ਅਤੇ ਅੱਗੇ ਤੋਂ ਵੀ ਆਰਥਿਕ ਸਹਿਯੋਗ ਦੀ ਮੰਗ ਕੀਤੀ। ਸਮਾਗਮ ਵਿੱਚ ਉਚੇਚੇ ਤੌਰ 'ਤੇ ਪੁੱਜੇ ਚਮਨ ਲਾਲ ਪੌੜ (ਐਡੀਸ਼ਨਲ ਐਡਵੋਕੇਟ ਜਨਰਲ ਪੰਜਾਬ ਐਂਡ ਹਰਿਆਣਾ ਹਾਈਕੋਰਟ) ਨੇ ਪ੍ਰਬੰਧਕਾਂ ਨੂੰ ਮੇਲੇ ਦੀਆਂ ਵਧਾਈਆਂ ਦਿੰਦਿਆਂ ਕਿਹਾ ਕਿ ਉਹ ਹਰ ਸਮੇਂ ਪ੍ਰਬੰਧਕ ਕਮੇਟੀ ਨੂੰ ਬਣਦਾ ਸਹਿਯੋਗ ਦੇਣਗੇ। ਮੇਲੇ 'ਚ ਗਾਇਕ ਜੋੜੀ ਕਾਲਾ ਬੋੜਿਆਂਵਾਲਾ ਤੇ ਜਸਪਾਲ ਭੱਟੀ, ਬਿੱਲਾ ਮੱਤੇਵਾੜੀਆ ਨੇ ਹਾਜ਼ਰੀ ਲਗਵਾਈ। ਮੇਲੇ 'ਚ ਉਚੇਚੇ ਤੌਰ 'ਤੇ ਪਹੁੰਚੇ ਗਾਇਕ ਦਵਿੰਦਰ ਰੂਹੀ ਨੇ ਸਾਹਿਬ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਤੇ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਜੀ ਦੀਆਂ ਰਚਨਾਵਾਂ ਗਾ ਕੇ ਸੰਗਤਾਂ ਦਾ ਮਨ ਮੋਹ ਲਿਆ। ਮੇਲੇ ਵਿੱਚ ਸਹਿਯੋਗ ਦੇਣ ਵਾਲਿਆਂ ਤੇ ਕਲਾਕਾਰਾਂ ਨੂੰ ਚੇਅਰਮੈਨ ਬਿਸ਼ਨ ਦਾਸ ਮਜ਼ਾਰੀ, ਸੁਖਬੀਰ ਸਿੰਘ ਭੋਲਾ, ਸੰਦੇਸ਼ ਰਾਜ ਭਰਥਲਾ, ਧਰਮਪਾਲ ਚੱਕੀ, ਮੇਜਰ ਰਾਜ ਚੰਦਿਆਣੀ, ਕਿਰਪਾ ਰਾਮ ਕੰਗਾ, ਧਿਆਨ ਸਿੰਘ ਮੋਜੇਵਾਲ ਮਜ਼ਾਰਾ, ਨਿਰਮਲ ਸਿੰਘ, ਚਰਨਜੀਤ ਮਜ਼ਾਰੀ, ਡਾਇਰੈਕਟਰ ਗੁਰਮੁਖ ਦੀਪ, ਡਾ. ਰਿਆ ਪੌੜ, ਛਿੰਦਰਪਾਲ ਫੌਜੀ, ਪੰਮੀ ਲਾਲੋ ਮਜਾਰਾ, ਸਹਾਇਕ ਥਾਣੇਦਾਰ ਸੁਦਾਗਰ ਸਿੰਘ ਲਾਲੋ ਮਜਾਰਾ, ਸਰਪੰਚ ਜਸਵਿੰਦਰ ਕੌਰ ਲਾਲੋ ਮਜਾਰਾ, ਜਗਜੀਤ ਸਿੰਘ ਰਿੰਕੂ, ਜਗਤਾਰ ਸਿੰਘ ਖੰਨਾ, ਕ੍ਰਾਂਤੀ ਮਜ਼ਾਰੀ, ਰਾਜੂ ਹਮੀਰਪੁਰ, ਸਵਰਨ ਸਿੰਘ, ਪਰਮਿੰਦਰ ਸਿੰਘ ਆਦਿ ਨੇ ਸਨਮਾਨਤ ਕੀਤਾ। ਮੇਲੇ ਦੇ ਆਖੀਰ ਵਿੱਚ ਪ੍ਰਬੰਧਕ ਕਮੇਟੀ ਵੱਲੋਂ ਡਾਇਰੈਕਟਰ ਗੁਰਮੁੱਖ ਦੀਪ ਨੇ ਆਈਆਂ ਸੰਗਤਾਂ ਦਾ ਧੰਨਵਾਦ ਕੀਤਾ।

## ਦੇਸ਼ ਭਗਤ ਯੂਨੀਵਰਸਿਟੀ ਵੱਲੋਂ ਮਾਤਾ ਜਰਨੈਲ ਕੌਰ ਕਾਰਪਸ ਫੰਡ ਸਕਾਲਰਸ਼ਿਪ ਸ਼ੁਰੂ

- ਐਡਵੋਕੇਟ ਹਰਦੇਵ ਸਿੰਘ ਵੱਲੋਂ ਇਕ ਕਰੋੜ ਰੁਪਏ ਸਕੀਮ ਲਈ ਦੇਣ ਦਾ ਐਲਾਨ




**ਸ੍ਰੀ ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਦੇਸ਼ ਭਗਤ ਯੂਨੀਵਰਸਿਟੀ ਨੇ ਹੋਣਹਾਰ, ਲੋੜਵੰਦ, ਪੱਛੜੇ, ਆਰਥਿਕ ਤੌਰ 'ਤੇ ਪੱਛੜੇ, ਸਰੀਰਕ ਤੌਰ 'ਤੇ ਅਪੰਗ ਵਿਅਕਤੀਆਂ ਤੇ ਲੜਕੀਆਂ ਸਮੇਤ ਹੋਰ ਵਰਗਾਂ ਦੀ ਸਹਾਇਤਾ ਲਈ ਮਾਤਾ ਜਰਨੈਲ ਕੌਰ ਕਾਰਪਸ ਫੰਡ ਸਕਾਲਰਸ਼ਿਪ ਸਕੀਮ ਦੀ ਸਥਾਪਨਾ ਕੀਤੀ ਹੈ।ਇਹ ਪਹਿਲਕਦਮੀ ਵੱਖ ਵੱਖ ਪਿਛੋਕੜ ਵਾਲੇ ਵਿਦਿਆਰਥੀਆਂ ਨੂੰ ਬਰਾਬਰ ਵਿੱਦਿਅਕ ਮੌਕੇ ਪ੍ਰਦਾਨ ਕਰਨ ਲਈ ਯੂਨੀਵਰਸਿਟੀ ਦੀ ਵਚਨਬੱਧਤਾ ਨੂੰ ਦਰਸਾਉਂਦੀ ਹੈ, ਜੋ ਉੱਚ ਸਿੱਖਿਆ ਨੂੰ ਅੱਗੇ ਵਧਾਉਣ ਵਿੱਚ ਵਿੱਤੀ ਜਾਂ ਹੋਰ ਚੁਣੌਤੀਆਂ ਦਾ ਸਾਹਮਣਾ ਕਰ ਸਕਦੇ ਹਨ।

ਇਹ ਵਜ਼ੀਫ਼ਾ ਫੰਡ ਮਾਤਾ ਜਰਨੈਲ ਕੌਰ ਜੀ ਦੀ ਵਿਰਾਸਤ ਦਾ ਸਨਮਾਨ ਕਰਦਾ ਹੈ ਅਤੇ ਇੱਕ ਸਤਿਕਾਰਤ ਤੇ ਪਰਉਪਕਾਰੀ ਵਕੀਲ ਸ੍ਰ. ਹਰਦੇਵ ਸਿੰਘ ਦੁਆਰਾ 1 ਕਰੋੜ ਰੁਪਏ ਦੇ ਉਦਾਰ ਯੋਗਦਾਨ ਨਾਲ ਸ਼ੁਰੂ ਕੀਤਾ ਜਾ ਰਿਹਾ ਹੈ।ਇਸ ਮੌਕੇ ਸ੍ਰੀ ਹਰਦੇਵ ਸਿੰਘ ਨੂੰ ਸਨਮਾਨਤ ਵੀ ਕੀਤਾ ਗਿਆ।ਦੇਸ਼ ਭਗਤ ਯੂਨੀਵਰਸਿਟੀ ਦੇ ਚਾਂਸਲਰ ਡਾ: ਜ਼ੋਰਾ ਸਿੰਘ ਨੇ ਫੰਡ ਦੀ ਸਥਾਪਨਾ ਲਈ ਧੰਨਵਾਦ ਪ੍ਰਗਟ ਕੀਤਾ ਤੇ ਵਿੱਦਿਅਕ ਪਹੁੰਚ ਵਿੱਚ ਪਾੜੇ ਨੂੰ ਖਤਮ ਕਰਨ ਲਈ ਇਸ ਦੀ ਮਹੱਤਤਾ ਨੂੰ ਉਜਾਗਰ ਕੀਤਾ।

ਉਨ੍ਹਾਂ ਕਿਹਾ, "ਇਹ ਵਜ਼ੀਫ਼ਾ ਨਾ ਸਿਰਫ਼ ਮਾਤਾ ਜਰਨੈਲ ਕੌਰ ਜੀ ਨੂੰ ਸ਼ਰਧਾਂਜਲੀ ਹੈ, ਸਗੋਂ ਉਨ੍ਹਾਂ ਵਿਦਿਆਰਥੀਆਂ ਨੂੰ ਸਸ਼ਕਤ ਬਣਾ ਕੇ ਸਿੱਖਿਆ ਵਿੱਚ ਬਰਾਬਰੀ ਨੂੰ ਉਤਸ਼ਾਹਤ ਕਰਨ ਵੱਲ ਇੱਕ ਕਦਮ ਹੈ, ਜੋ ਵਿੱਤੀ ਜਾਂ ਸਮਾਜਿਕ ਰੁਕਾਵਟਾਂ ਕਾਰਨ ਮੌਕਿਆਂ ਤੋਂ ਵਾਂਝੇ ਰਹਿ ਜਾਂਦੇ ਸਨ। ਸਾਡਾ ਦ੍ਰਿਸ਼ਟੀਕੋਣ ਹਰ ਯੋਗ ਵਿਦਿਆਰਥੀ ਨੂੰ ਆਪਣੇ ਸੁਪਨਿਆਂ ਨੂੰ ਪ੍ਰਾਪਤ ਕਰਨ ਅਤੇ ਆਪਣੇ ਤੇ ਸਮਾਜ ਲਈ ਇੱਕ ਬਿਹਤਰ ਭਵਿੱਖ ਬਣਾਉਣ ਦੇ ਯੋਗ ਬਣਾਉਣਾ ਹੈ।" ਇਸ ਦੌਰਾਨ ਯੂਨੀਵਰਸਿਟੀ ਦੇ ਪ੍ਰੋ-ਚਾਂਸਲਰ ਡਾ. ਤਜਿੰਦਰ ਕੌਰ, ਵਾਈਸ ਚਾਂਸਲਰ ਡਾ. ਅਭਿਜੀਤ ਜੋਸ਼ੀ, ਡੀ.ਬੀ.ਯੂ. ਦੇ ਵਾਈਸ ਪ੍ਰੈਜ਼ੀਡੈਂਟ ਡਾ. ਹਰਸ਼ ਸਦਾਵਰਤੀ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

## ਜਲ ਸਪਲਾਈ ਤੇ ਸੈਨੀਟੇਸ਼ਨ ਕੰਟਰੈਕਟ ਵਰਕਰਜ਼ ਯੂਨੀਅਨ ਦੀ ਮੀਟਿੰਗ

- 24 ਨੂੰ ਸਾਹਨੇਵਾਲਾ 'ਚ ਸੂਬਾ ਪੱਧਰੀ ਧਰਨਾ ਦੇਣ ਦਾ ਐਲਾਨ



**ਜਲਾਲਾਬਾਦ (ਜੀਤ ਕੁਮਾਰ)**-ਜਲ ਸਪਲਾਈ ਤੇ ਸੈਨੀਟੇਸ਼ਨ ਕੰਟਰੈਕਟ ਵਰਕਰਜ਼ ਯੂਨੀਅਨ ਪੰਜਾਬ (ਰਜਿ.31) ਦੀ ਸੂਬਾ ਵਰਕਿੰਗ ਕਮੇਟੀ ਦੀ ਮੀਟਿੰਗ ਸੂਬਾ ਪ੍ਰਧਾਨ ਵਰਿੰਦਰ ਸਿੰਘ ਮੋਮੀ ਦੀ ਅਗਵਾਈ ਹੇਠ ਈਸੜੂ ਭਵਨ ਲੁਧਿਆਣਾ ਵਿਖੇ ਕੀਤੀ ਗਈ, ਜਿਸ ਵਿੱਚ ਸਾਰੇ ਪੰਜਾਬ ਤੋਂ ਪਹੁੰਚੇ ਸੂਬਾ ਕਮੇਟੀ ਮੈਂਬਰ, ਵੱਖ ਵੱਖ ਜ਼ਿਲ੍ਹਿਆ ਦੇ ਪ੍ਰਧਾਨ ਤੇ ਜਨਰਲ ਸਕੱਤਰ ਸਮੇਤ ਹੋਰ ਸਰਗਰਮ ਆਗੂਆਂ ਨੇ ਸ਼ਿਰਕਤ ਕੀਤੀ ਅਤੇ ਕਈ ਅਹਿਮ ਏਜੰਡਿਆਂ 'ਤੇ ਸਰਬਸੰਮਤੀ ਨਾਲ ਫੈਸਲੇ ਲਏ ਗਏ। ਇਸ ਬਾਰੇ ਜਾਣਕਾਰੀ ਦਿੰਦੇ ਹੋਏ ਸੂਬਾ ਜਨਰਲ ਸਕੱਤਰ ਕੁਲਦੀਪ ਸਿੰਘ ਬੁੱਢੇਵਾਲ ਨੇ ਦੱਸਿਆ ਕਿ ਸੂਬਾ ਵਰਕਿੰਗ ਕਮੇਟੀ ਦੀ ਮੀਟਿੰਗ ਵਿੱਚ ਫੈਸਲਾ ਕੀਤਾ ਗਿਆ ਹੈ ਕਿ ਪੰਜਾਬ ਸਰਕਾਰ ਤੇ ਵਿਭਾਗੀ ਮੈਨੇਜਮੈਂਟ ਦੇ ਖਿਲਾਫ ਪੁਰਅਮਨ ਢੰਗ ਨਾਲ ਸੰਘਰਸ਼ ਜਾਰੀ ਰੱਖਣ ਦਾ ਫੈਸਲਾ ਕਰਦੇ ਹੋਏ ਐਲਾਨ ਕੀਤਾ ਗਿਆ ਕਿ ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ ਪੰਜਾਬ 'ਚ ਪਿਛਲੇ 15-20 ਸਾਲਾਂ ਦੇ ਲੰਮੇ ਸਮੇਂ ਤੋਂ ਇੱਕ ਵਰਕਰ ਦੇ ਰੂਪ ਵਿੱਚ ਸੇਵਾਵਾਂ ਦੇ ਰਹੇ ਇਨਲਿਸਟਮੈਂਟ ਤੇ ਆਊਟਸੋਰਸ ਠੇਕਾ ਅਧਾਰਤ ਮੁਲਾਜ਼ਮਾਂ ਦੀਆਂ ਹੱਕੀ ਤੇ ਜਾਇਜ਼ ਮੰਗਾਂ ਜਿਵੇਂ ਕਿ ਇਨਲਿਸਟਮੈਂਟ ਤੇ ਆਊਟਸੋਰਸ ਠੇਕਾ ਅਧਾਰਤ ਮੁਲਾਜ਼ਮਾਂ ਨੂੰ ਤਜਰਬੇ ਦੇ ਅਧਾਰ 'ਤੇ ਸਬੰਧਤ ਵਿਭਾਗ ਵਿੱਚ ਮਰਜ ਕਰਕੇ ਪੱਕੇ ਰੁਜ਼ਗਾਰ ਦਾ ਪ੍ਰਬੰਧ ਕਰਨ ਵਾਲੀ ਪ੍ਰਪੋਜਲ ਨੂੰ ਲਾਗੂ ਕਰਨਾ ਅਤੇ ਜਦੋਂ ਤੱਕ ਇਸ ਪੱਕੇ ਰੁਜ਼ਗਾਰ ਦਾ ਪ੍ਰਬੰਧ ਕਰਨ ਵਾਲੀ ਮੰਗ ਦਾ ਹੱਲ ਨਹੀਂ ਕੀਤਾ ਜਾਂਦਾ, ਉਸ ਸਮੇਂ ਤੱਕ ਇਨਲਿਸਟਮੈਂਟ ਤੇ ਆਊਟਸੋਰਸ ਵਰਕਰਾਂ ਦੀਆਂ ਤਨਖਾਹਾਂ ਵਿੱਚ ਕਿਰਤ ਕਾਨੂੰਨ ਦੇ ਅਧੀਨ ਵਧੀਆ ਉਜ਼ਰਤਾਂ ਮੁਤਾਬਿਕ ਤਨਖਾਹ 'ਚ ਵਾਧਾ ਕਰਨ, ਈ.ਪੀ.ਐੱਫ., ਈ.ਐੱਸ.ਆਈ. ਤੇ 8.33 ਪ੍ਰਤੀਸ਼ਤ ਬੋਨਸ ਲਾਗੂ ਕਰਨਾ, ਜਲ ਸਪਲਾਈ ਸਕੀਮਾਂ 'ਤੇ ਸਕਾਡਾ ਸਿਸਟਮ ਲਗਾ ਕੇ ਨਿੱਜੀਕਰਨ/ਪੰਚਾਇਤੀਕਰਨ ਕਰਨ ਦੀਆਂ ਲੋਕ ਨੀਤੀਆਂ ਨੂੰ ਰੱਦ ਕਰਨਾ ਸਮੇਤ ਮੰਗ-ਪੱਤਰ ਵਿਚ ਦਰਜ ਤਮਾਮ ਮੰਗਾਂ ਦਾ ਹੱਲ ਕਰਵਾਉਣ ਲਈ ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ ਪੰਜਾਬ ਦੇ ਕੈਬਨਿਟ ਮੰਤਰੀ ਹਰਦੀਪ ਸਿੰਘ ਮੁੰਡੀਆ ਦੇ ਵਿਧਾਨ ਸਭਾ ਹਲਕੇ ਸਾਹਨੇਵਾਲਾ ਜ਼ਿਲ੍ਹਾ ਲੁਧਿਆਣਾ ਵਿੱਚ ਜਥੇਬੰਦੀ ਵੱਲੋਂ 24 ਨਵੰਬਰ ਨੂੰ ਸੂਬਾ ਪੱਧਰੀ ਪਰਵਾਰਾਂ ਤੇ ਬੱਚਿਆਂ ਸਮੇਤ ਧਰਨਾ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਕਿ ਠੇਕਾ ਮੁਲਾਜ਼ਮ ਸੰਘਰਸ਼ ਮੋਰਚਾ ਪੰਜਾਬ ਵੱਲੋਂ ਜ਼ਿਮਨੀ ਚੋਣਾਂ ਨੂੰ ਲੈ ਕੇ ਪੰਜਾਬ ਸਰਕਾਰ ਖਿਲਾਫ 4 ਵਿਧਾਨ ਸਭਾ ਹਲਕਿਆਂ ਵਿੱਚ ਉਲੀਕੇ ਝੰਡਾ ਮਾਰਚ ਪ੍ਰੋਗਰਾਮ ਨੂੰ ਵੀ ਲਾਗੂ ਕੀਤਾ ਜਾਵੇਗਾ ਅਤੇ ਜਲ ਸਪਲਾਈ ਵਰਕਰ ਵੱਡੀ ਗਿਣਤੀ ਵਿੱਚ ਸ਼ਿਰਕਤ ਕਰਨਗੇ। ਮੀਟਿੰਗ ਵਿੱਚ ਉਪਰੋਕਤ ਆਗੂਆਂ ਤੋਂ ਇਲਾਵਾ ਸੂਬਾ ਸੀਨੀਅਰ ਮੀਤ ਪ੍ਰਧਾਨ ਹਾਕਮ ਸਿੰਘ ਧਨੇਠਾ, ਜਸਬੀਰ ਸਿੰਘ ਜਿੰਦਵੜੀ, ਸੂਬਾ ਮੀਤ ਪ੍ਰਧਾਨ ਭੁਪਿੰਦਰ ਸਿੰਘ ਕੁਤਬੇਵਾਲ, ਸੂਬਾ ਪ੍ਰੈੱਸ ਸਕੱਤਰ ਸਤਨਾਮ ਸਿੰਘ ਫਲੀਆਂਵਾਲਾ, ਜੁਆਇੰਟ ਪ੍ਰੈੱਸ ਸਕੱਤਰ ਜਸਵੀਰ ਸਿੰਘ ਸੀਰਾ, ਮਨਪ੍ਰੀਤ ਸਿੰਘ, ਜਥੇਬੰਦਕ ਸਕੱਤਰ ਗੁਰਵਿੰਦਰ ਸਿੰਘ ਪੰਜੋਲੀ, ਪ੍ਰਚਾਰ ਸਕੱਤਰ ਬਲਜੀਤ ਸਿੰਘ ਭੱਟੀ, ਮੇਜਰ ਸਿੰਘ ਮੌਜੂਦ ਸਨ।

## ਸਰਬੱਤ ਦੇ ਭਲੇ ਲਈ ਮਾਤਾ ਗੁਜਰੀ ਸਕੂਲ 'ਚ ਅਖੰਡ ਪਾਠ ਕਰਵਾਇਆ




**ਪਟਿਆਲਾ/ਦੇਵੀਗੜ੍ਹ (ਰਾਜਿੰਦਰ ਸਿੰਘ ਥਿੰਦ)**-ਮਾਤਾ ਗੁਜਰੀ ਸੀਨੀਅਰ ਸੈਕੰਡਰੀ ਸਕੂਲ ਗੁਥਮੜਾ ਵਿਖੇ ਹਰ ਸਾਲ ਦੀ ਤਰ੍ਹਾਂ ਸ੍ਰੀ ਅਖੰਡ ਪਾਠ ਕਰਵਾਇਆ ਗਿਆ।ਇਸ ਮੌਕੇ ਸਕੂਲ ਦੇ ਵਿਦਿਆਰਥੀਆਂ ਵੱਲੋਂ ਕਵੀਸ਼ਰੀ ਤੇ ਸ਼ਬਦ ਗਾਇਨ ਕੀਤਾ ਗਿਆ।ਉਪਰੰਤ ਅਨੰਦ ਸਾਹਿਬ ਦੇ ਪਾਠ ਕਰਨ ਤੋਂ ਬਾਅਦ ਸਰਬੱਤ ਦੇ ਭਲੇ ਲਈ ਅਰਦਾਸ ਕੀਤੀ ਗਈ।ਇਸ ਮੌਕੇ ਸਕੂਲ ਪ੍ਰਬੰਧਕਾਂ ਡਾਇਰੈਕਟਰ ਸ੍ਰ. ਭੁਪਿੰਦਰ ਸਿੰਘ, ਪ੍ਰੈਜ਼ੀਡੈਂਟ ਸ੍ਰੀਮਤੀ ਰਵਿੰਦਰ ਕੌਰ, ਪ੍ਰਿੰਸੀਪਲ ਸ੍ਰੀਮਤੀ ਤਰਨਦੀਪ ਅਰੋੜਾ ਤੇ ਅਕਾਦਮਿਕ ਡਾਇਰੈਕਟਰ ਸ੍ਰੀਮਤੀ ਤੇਜਿੰਦਰ ਕੌਰ ਵਾਲੀਆ ਨੇ ਸਕੂਲ ਵਿੱਚ ਪੜ੍ਹ ਕੇ ਗਏ ਵਿਦਿਆਰਥੀ ਡਾ. ਰਿਸ਼ਵ ਖੰਨਾ ਨੂੰ ਐੱਮ.ਬੀ.ਬੀ.ਐੱਸ. ਕਰਨ ਤੋਂ ਬਾਅਦ ਛੋਟੀ ਉਮਰ ਵਿੱਚ ਆਰਮੀ ਵਿੱਚ ਮੇਜਰ ਰੈਂਕ ਮਿਲਣ ਲਈ ਸਨਮਾਨਤ ਕੀਤਾ ਅਤੇ ਮਾਪਿਆਂ ਨੂੰ ਵੀ ਵਧਾਈ ਦਿੱਤੀ।ਸਕੂਲ ਪ੍ਰਬੰਧਕਾਂ ਵੱਲੋਂ ਇਲਾਕੇ ਦੇ ਆਏ ਪਤਵੰਤੇ ਸੱਜਣਾਂ ਸਤਨਾਮ ਸਿੰਘ, ਰਾਜਵੀਰ ਸਿੰਘ, ਡਾ. ਯਸ਼ਪਾਲ ਖੰਨਾ, ਮੇਜਰ ਰਿਸ਼ਵ ਖੰਨਾ, ਕੁਲਵਿੰਦਰ ਸਿੰਘ, ਮੇਜਰ ਸਿੰਘ ਭੰਬੂਆਂ, ਗੁਰਮੇਲ ਸਿੰਘ ਹਰੀਗੜ੍ਹ, ਬਲਿਹਾਰ ਸਿੰਘ ਰੁੜਕੀ, ਕੁਲਦੀਪ ਸਿੰਘ, ਰਘਵੀਰ ਸਿੰਘ, ਜੀਤ ਸਿੰਘ ਮੀਰਾਂਪੁਰ, ਪ੍ਰਵੀਨ ਸਿੰਗਲਾ, ਨਰੇਸ਼ ਕੁਮਾਰ, ਬਲਜੀਤ ਸਿੰਘ, ਲਾਲਜੀਤ ਸਿੰਘ ਅੰਟਾਲ, ਨਵਤੇਜ ਸਿੰਘ ਜੱਜ, ਕੁਲਦੀਪ ਕਾਲੜਾ ਦਾ ਧੰਨਵਾਦ ਕੀਤਾ ਗਿਆ।ਸਕੂਲ ਦੇ ਵਿਦਿਆਰਥੀ ਕੁੰਵਰਅਜੀਤ ਸਿੰਘ ਤੇ ਰਣਫਤਿਹ ਸਿੰਘ ਦੁਆਰਾ ਇੰਗਲੈਂਡ ਵਿੱਚ ਜਾ ਕੇ ਸਿੱਖ ਧਰਮ ਦਾ ਪ੍ਰਚਾਰ ਕਰਨ ਲਈ ਵਧਾਈ ਦਿੱਤੀ।ਸਕੂਲ ਦੀ ਗਤਕਾ ਟੀਮ ਨੇ ਸ਼ਸਤਰ ਵਿੱਦਿਆ ਮਾਰਸ਼ਲ ਆਰਟ ਗਤਕਾ ਦਾ ਪ੍ਰਦਰਸ਼ਨ ਕੀਤਾ।ਗੁਰੂ ਦਾ ਅਟੁੱਟ ਲੰਗਰ ਵਰਤਾਇਆ ਗਿਆ।

6-NovPAGE-11-Majha-2024.qxd 11/5/2024 10:46 PM Page 1



# ਪੰਜਾਬ ਤੇ ਕਿਸਾਨੀ ਨੂੰ ਬਚਾਉਣ ਲਈ ਸ਼੍ਰੋਮਣੀ ਅਕਾਲੀ ਦਲ ਨੂੰ ਸੱਤਾ 'ਚ ਲਿਆਉਣਾ ਜ਼ਰੂਰੀ : ਮਾਹਲ



ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)-ਮੰਡੀਆਂ ਵਿੱਚ ਕਿਸਾਨਾਂ ਦੀ ਰੁਲ ਰਹੀ ਝੋਨੇ ਦੀ ਫਸਲ ਅਤੇ ਡੀਏਪੀ ਖਾਦ ਦੀ ਸਮੱਸਿਆ ਨੂੰ ਲੈ ਕੇ ਸ਼੍ਰੋਮਣੀ ਅਕਾਲੀ ਦਲ ਵੱਲੋਂ ਪੰਜਾਬ ਅਤੇ ਕੇਂਦਰ ਸਰਕਾਰ ਦੇ ਖਿਲਾਫ ਕਾਦੀਆਂ ਸ਼ਹੀਦ ਭਗਤ ਸਿੰਘ ਚੌਕ ਵਿਖੇ ਧਰਨਾ ਪ੍ਰਦਰਸ਼ਨ ਕਰਕੇ ਪੰਜਾਬ ਸਰਕਾਰ ਦੇ ਨਾਮ ਤਹਿਸੀਲਦਾਰ ਦੇ ਦਫਤਰ ਅਧਿਕਾਰੀ ਨੂੰ ਮੰਗ ਪੱਤਰ ਦਿੱਤੇ ਗਏ। ਅਕਾਲੀ ਦਲ ਦੇ ਸੀਨੀਅਰ ਆਗੂ ਹਲਕਾ ਇੰਚਾਰਜ ਕਾਦੀਆਂ ਗੁਰਇਕਬਾਲ ਸਿੰਘ ਮਾਹਲ ਨੇ ਪੰਜਾਬ ਸਰਕਾਰ ਨੂੰ ਚੇਤਾਵਨੀ ਦਿੰਦੇ ਕਿਹਾ ਕਿ ਜੇਕਰ ਮੰਡੀਆਂ ਵਿੱਚ ਤੁਰੰਤ ਕਿਸਾਨਾਂ ਦੀ ਸਮੱਸਿਆ ਦਾ ਹੱਲ ਨਾ ਕੀਤਾ ਤਾਂ ਆਉਣ ਵਾਲੇ ਦਿਨਾਂ ਵਿੱਚ ਰੋਸ ਪ੍ਰਦਰਸ਼ਨ ਹੋਰ ਵੀ ਤੇਜ਼ ਕੀਤੇ ਜਾਣਗੇ। ਪੰਜਾਬ ਦੀਆਂ ਮੰਡੀਆਂ ਵਿੱਚ ਝੋਨੇ ਦੀ ਖਰੀਦ ਨਾ ਹੋਣ ਕਾਰਨ ਅਤੇ ਡੀਏਪੀ ਖਾਦ ਦੀ ਸਮੱਸਿਆ ਦੇ ਕਾਰਨ ਪੰਜਾਬ ਦੀ ਕਿਸਾਨੀ ਰੁਲ ਰਹੀ ਹੈ ਜਿਸ ਕਾਰਨ ਸ਼੍ਰੋਮਣੀ ਅਕਾਲੀ ਦਲ ਵੱਲੋਂ ਪੰਜਾਬ ਭਰ ਵਿੱਚ ਪੰਜਾਬ ਸਰਕਾਰ ਅਤੇ ਕੇਂਦਰ ਸਰਕਾਰ ਦੇ ਖਿਲਾਫ ਵਿਰੋਧ ਪ੍ਰਦਰਸ਼ਨ ਕੀਤੇ ਜਾ ਰਹੇ ਹਨ। ਮਾਹਲ ਨੇ ਕਿਹਾ ਕਿ ਅੱਜ ਤੱਕ ਪੰਜਾਬ ਦੇ ਵਿੱਚ ਕਿਸਾਨੀ ਦਾ ਅਜਿਹਾ ਹਾਲ ਨਹੀਂ ਹੋਇਆ ਸੀ ਜੋ ਕਿ ਪੰਜਾਬ ਸਰਕਾਰ ਦੇ ਇਸ ਕਾਰਜ ਕਾਲ ਦੇ ਵਿੱਚ ਹੋ ਰਿਹਾ ਹੈ। ਉਨ੍ਹਾਂ ਕਿਹਾ ਕਿ ਜੇਕਰ ਪੰਜਾਬ ਤੇ ਪੰਜਾਬ ਦੀ ਕਿਸਾਨੀ ਨੂੰ ਬਚਾਉਣਾ ਹੈ ਤਾਂ ਸ਼੍ਰੋਮਣੀ ਅਕਾਲੀ ਦਲ ਨੂੰ ਲਿਆਉਣਾ ਬਹੁਤ ਹੀ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਜੋ ਪੰਜਾਬ ਸਰਕਾਰ ਖੁਦ ਕਿਸਾਨਾਂ ਦੀ ਹਤੈਸ਼ੀ ਸਰਕਾਰ ਕਹਾਉਣ ਦੇ ਦਾਅਵੇ ਕਰਦੀ ਸੀ ਅਤੇ ਕਿਸਾਨਾਂ ਦੀ ਫਸਲ ਦਾ ਮੰਡੀਆਂ ਵਿੱਚੋਂ ਦਾਨਾ ਦਾਨਾ ਚੁੱਕਣ ਦਾ ਦਾਅਵਾ ਕਰ ਰਹੀ ਸੀ ਪਰ ਅੱਜ ਕਿਸਾਨਾਂ ਦੀ ਮੰਡੀਆਂ ਵਿੱਚ ਸਾਰ ਤੱਕ ਲੈਣ ਲਈ ਸਰਕਾਰ ਨਹੀਂ ਪਹੁੰਚ ਰਹੀ। ਉਨ੍ਹਾਂ ਕਿਹਾ ਕਿ ਜੇਕਰ ਜਲਦ ਹੀ ਮੰਡੀਆਂ ਵਿੱਚ ਕਿਸਾਨਾਂ ਦੀ ਸਮੱਸਿਆ ਦਾ ਹੱਲ ਨਾ ਕੀਤਾ ਗਿਆ ਅਤੇ ਡੀਏਪੀ ਖਾਦ ਕਿਸਾਨਾਂ ਤੱਕ ਨਾ ਪਹੁੰਚਾਈ ਗਈ ਤਾਂ ਆਉਣ ਵਾਲੇ ਦਿਨਾਂ ਦੇ ਵਿੱਚ ਸ਼੍ਰੋਮਣੀ ਅਕਾਲੀ ਦਲ ਵੱਲੋਂ ਵਿਰੋਧ ਪ੍ਰਦਰਸ਼ਨ ਸਰਕਾਰ ਦੇ ਖਿਲਾਫ ਤੇਜ਼ ਕੀਤੇ ਜਾਣਗੇ। ਇਸ ਮੌਕੇ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਸਾਬਕਾ ਨਗਰ ਕੌਂਸਲ ਪ੍ਰਧਾਨ ਜਥੇਦਾਰ ਜਰਨੈਲ ਸਿੰਘ ਮਾਹਲ, ਵਿਜੇ ਕੁਮਾਰ, ਦਵਿੰਦਰ ਸਿੰਘ, ਹਰਦੇਵ ਸਿੰਘ, ਵੱਸਣ ਸਿੰਘ, ਮਨਜੀਤ ਸਿੰਘ, ਸੇਵਾ ਸਿੰਘ, ਇੰਦਰਜੀਤ ਸਿੰਘ ਜਕੜੀਆ, ਮੈਂਬਰ ਪੀਏਸੀ ਪੰਜਾਬ ਪ੍ਰੇਮ ਸਿੰਘ ਘੁੰਮਣ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਦੇ ਅੰਤਰਿੰਗ ਕਮੇਟੀ ਦੇ ਮੈਂਬਰ ਜਥੇਦਾਰ ਸੁਰਜੀਤ ਸਿੰਘ ਤੁਗਲਵਾਲ, ਸਾਬਕਾ ਸਰਪੰਚ ਮਲਕੀਤ ਸਿੰਘ ਨਾਥਪੁਰ, ਸਾਬਕਾ ਸਰਪੰਚ ਅਜੈਬ ਸਿੰਘ ਨਾਥਪੁਰ, ਗਗਨਦੀਪ ਸਿੰਘ, ਚਰਨਜੀਤ ਸਿੰਘ, ਜਸਵਿੰਦਰ ਸਿੰਘ, ਤਰਸੇਮ ਸਿੰਘ ਰਿਆੜ, ਜੋਗਿੰਦਰ ਸਿੰਘ ਸਰਪੰਚ ਭੰਗਵਾ, ਮਨਜੀਤ ਸਿੰਘ ਸਾਬਕਾ ਸਰਪੰਚ ਬਸਰਾਵਾਂ, ਜਗੀਰ ਸਿੰਘ, ਇਕਬਾਲਜੀਤ ਸਿੰਘ, ਜਫਰ ਸਿੰਘ, ਕੁਲਦੀਪ ਸਿੰਘ ਸਰਪੰਚ ਨੰਗਲ ਬਾਗਵਾਨਾ, ਸਵਰਨ ਸਿੰਘ ਸਾਬਕਾ ਸਰਪੰਚ, ਸਰਪੰਚ ਦਲਬਾਗ ਸਿੰਘ ਭੈਣੀ ਬਾਂਗਰ, ਕੁਲਦੀਪ ਸਿੰਘ ਮੈਂਬਰ, ਨਿਸ਼ਾਨ ਸਿੰਘ ਬਸਰਾਵਾਂ, ਡਾਕਟਰ ਸੁਖਪ੍ਰੀਤ ਸਿੰਘ ਕਾਹਲੋਂ, ਸੁਰਿੰਦਰ ਕੁਮਾਰ ਆਸੂ ਪਹਿਲਵਾਨ ਸਰਕਲ ਪ੍ਰਧਾਨ ਧਾਰੀਵਾਲ ਸ਼ਹਿਰੀ, ਹਰਚਰਨ ਸਿੰਘ ਟੋਨਾ ਮੈਂਬਰ, ਡਾਕਟਰ ਨਰਿੰਦਰ ਸਿੰਘ, ਸਰਪੰਚ ਪਰਗਟ ਸਿੰਘ ਬੱਲ, ਹਰਦਿਆਲ ਸਿੰਘ ਰਿਆੜ, ਅਵਤਾਰ ਸਿੰਘ ਸਰਪੰਚ, ਹੈਪੀ ਦੀਪੇਵਾਲ, ਗਿੰਨੀ ਭਾਟੀਆ ਕੌਂਸਲਰ, ਵਿਜੇ ਕੁਮਾਰ ਕੌਂਸਲਰ, ਰਾਜਕੁਮਾਰ, ਸੁਰਿੰਦਰ ਸਿੰਘ ਕੋਟ ਟੋਡਰਮਲ, ਵਰਿੰਦਰ ਸਿੰਘ, ਸਰਪੰਚ ਸੁਖਦੇਵ ਸਿੰਘ, ਅਮਿਤ ਕੁਮਾਰ ਸ਼ਰਮਾ, ਅਮਰੀਕ ਸਿੰਘ ਘੁੰਮਣ ਭੈਣੀ ਮੀਆਂ ਖਾਨ, ਸੁਰਿੰਦਰ ਕੁਮਾਰ ਭਗਤ, ਸੁਖਦੇਵ ਸਿੰਘ ਮੁੰਨਨ, ਸਰਪੰਚ ਅਵਤਾਰ ਸਿੰਘ ਬੇਰੀ, ਸਰਪੰਚ ਇਕਬਾਲ ਸਿੰਘ, ਧਾਨ ਅਨੋਖ ਸਿੰਘ ਘੋੜੇਵਾਹ, ਬਲਜੀਤ ਸਿੰਘ ਸੋਹਲ, ਸਮੇਤ ਇਲਾਕੇ ਦੇ ਸਰਪੰਚ ਪੰਚ ਸਾਬਕਾ ਚੇਅਰਮੈਨ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

# ਝੋਨੇ ਦੀ ਖਰੀਦ ਤੇ ਚੁਕਾਈ 'ਚ ਆਈ ਤੇਜ਼ੀ, ਕਿਸਾਨਾਂ ਨੂੰ 1068.77 ਕਰੋੜ ਰੁਪਏ ਦੀ ਅਦਾਇਗੀ



ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)-ਡਿਪਟੀ ਕਮਿਸ਼ਨਰ ਉਮਾ ਸ਼ੰਕਰ ਗੁਪਤਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਜ਼ਿਲ੍ਹੇ ਦੀਆਂ ਮੰਡੀਆਂ ਵਿੱਚ ਝੋਨੇ ਦੀ ਫਸਲ ਦੀ ਆਮਦ, ਖਰੀਦ ਤੇ ਚੁਕਾਈ ਨਿਰਵਿਘਨ ਜਾਰੀ ਹੈ।ਜ਼ਿਲ੍ਹੇ ਦੀਆਂ ਮੰਡੀਆਂ ਵਿੱਚ ਬੀਤੀ ਸ਼ਾਮ 4 ਨਵੰਬਰ ਤੱਕ 550748 ਮੀਟਰਕ ਟਨ ਝੋਨੇ ਦੀ ਫਸਲ ਦੀ ਆਮਦ ਹੋਈ ਸੀ, ਜਿਸ ਵਿੱਚੋਂ 528027 ਮੀਟਰਕ ਟਨ ਝੋਨੇ ਦੀ ਖਰੀਦ ਕੀਤੀ ਜਾ ਚੁੱਕੀ ਹੈ।ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਕਿਸਾਨਾਂ ਨੂੰ 1068.77 ਕਰੋੜ ਰੁਪਏ ਦੀ ਅਦਾਇਗੀ ਕੀਤੀ ਜਾ ਚੁੱਕੀ ਹੈ ਅਤੇ 73 ਫੀਸਦ ਫਸਲ ਦੀ ਚੁਕਾਈ ਮੰਡੀਆਂ ਵਿੱਚੋਂ ਹੋ ਗਈ ਹੈ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਪਨਗਰੇਨ ਵੱਲੋਂ 202695 ਮੀਟਰਕ ਟਨ, ਮਾਰਕਫੈੱਡ ਵੱਲੋਂ 136679 ਮੀਟਰਕ ਟਨ, ਪਨਸਪ ਵੱਲੋਂ 124917 ਮੀਟਰਕ ਟਨ, ਪੰਜਾਬ ਸਟੇਟ ਵੇਅਰ ਹਾਊਸ ਕਾਰਪੋਰੇਸ਼ਨ ਵੱਲੋਂ 59932 ਐੱਫ. ਸੀ. ਆਈ. ਵੱਲੋਂ 3761 ਅਤੇ ਪ੍ਰਾਈਵੇਟ ਖਰੀਦ 43 ਮੀਟਰਕ ਟਨ ਝੋਨੇ ਦੀ ਖਰੀਦ ਕੀਤੀ ਗਈ।ਡਿਪਟੀ ਕਮਿਸ਼ਨਰ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਝੋਨੇ ਦੀ ਫਸਲ ਕੱਟਣ ਉਪਰੰਤ ਇੰਨ ਸੀਟੂ ਵਿਧੀ ਨਾਲ ਫਸਲ ਦੀ ਰਹਿੰਦ-ਖੂੰਹਦ ਨੂੰ ਪੈਲੀ ਵਿੱਚ ਵਾਹ ਕੇ ਕਣਕ ਦੀ ਬਿਜਾਈ ਕਰਨ ਜਾਂ ਐਕਸ ਸੀਟੂ ਵਿਧੀ ਰਾਹੀਂ ਪਰਾਲੀ ਪ੍ਰਬੰਧਨ ਲਈ ਖੇਤੀ ਮਸ਼ੀਨਰੀ ਦੀ ਵਰਤੋਂ ਕਰਨ।

# ਸ਼੍ਰੋਮਣੀ ਅਕਾਲੀ ਦਲ ਤੇ ਕਿਸਾਨ ਜਥੇਬੰਦੀਆਂ ਨੇ ਕੀਤਾ ਨੈਸ਼ਨਲ ਹਾਈਵੇ ਜਾਮ



ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)-ਸ਼੍ਰੋਮਣੀ ਅਕਾਲੀ ਦਲ ਵੱਲੋਂ ਝੋਨੇ ਦੀ ਖਰੀਦ ਦੇ ਮਾੜੇ ਪ੍ਰਬੰਧਾਂ, ਕਿਸਾਨਾਂ ਦੀ ਕੱਟ ਲਗਾ ਕੇ ਕੀਤੀ ਜਾ ਰਹੀ ਲੁੱਟ, ਡੀ. ਏ. ਪੀ. ਖਾਦ ਦੀ ਘਾਟ ਅਤੇ ਕਾਲਾ ਬਾਜ਼ਾਰੀ ਦੇ ਵਿਰੋਧ ਵਿੱਚ ਕੇਂਦਰ ਅਤੇ ਪੰਜਾਬ ਸਰਕਾਰ ਖਿਲਾਫ ਮੈਮੋਰੰਡਮ ਪੱਤਰ ਦੇਣ ਲਈ ਦੀਨਾਨਗਰ ਐੱਸਡੀਐੱਮ ਦਫਤਰ ਮੂਹਰੇ ਰੋਸ ਪ੍ਰਦਰਸ਼ਨ ਕੀਤਾ ਗਿਆ। ਮਾਹੌਲ ਉਸ ਸਮੇਂ ਹੋਰ ਵੀ ਗਰਮ ਹੋ ਗਿਆ ਜਦੋਂ ਮੈਮੋਰੰਡਮ ਪੱਤਰ ਲੈਣ ਲਈ ਐੱਸਡੀਐੱਮ ਦਫਤਰ ਚੋਂ ਬਾਹਰ ਨਹੀਂ ਆਇਆ ਤਾਂ ਗੁੱਸੇ ਵਿੱਚ ਆਏ ਸ਼੍ਰੋਮਣੀ ਅਕਾਲੀ ਦਲ ਦੇ ਵਰਕਰਾਂ ਅਤੇ ਕਿਸਾਨਾਂ ਮਿਲ ਕੇ ਨੈਸ਼ਨਲ ਹਾਈਵੇ 'ਤੇ ਧਰਨਾ ਲਗਾ ਦਿੱਤਾ, ਵਾਹਨਾਂ ਦੀ ਆਵਾਜਾਈ ਬੰਦ ਕਰ ਦਿੱਤੀ ਗਈ ਜਿਸ ਨਾਲ ਰਾਹਗੀਰਾਂ ਨੂੰ ਭਾਰੀ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪਿਆ।

ਇਸ ਮੌਕੇ ਸ਼੍ਰੋਮਣੀ ਅਕਾਲੀ ਦਲ ਦੀਨਾਨਗਰ ਦੇ ਹਲਕਾ ਇੰਚਾਰਜ ਕਮਲਜੀਤ ਸਿੰਘ ਚਾਵਲਾ, ਦਲਬੀਰ ਸਿੰਘ ਬਿੱਲਾ, ਗੁਰਪ੍ਰੀਤ ਸਿੰਘ, ਪ੍ਰਵੀਨ ਚੌਧਰੀ, ਬਲਵੀਰ ਸਿੰਘ, ਗੁਰਨਾਮ ਸਿੰਘ, ਬਲਵੰਤ ਸਿੰਘ, ਹਰਪ੍ਰੀਤ ਸਿੰਘ, ਜਸਪਾਲ ਸਿੰਘ, ਲਵਇੰਦਰ ਸਿੰਘ ਆਦਿ ਆਗੂਆਂ ਨੇ ਗੱਲਬਾਤ ਕਰਦਿਆਂ ਦੱਸਿਆ ਕਿ ਕਿਸਾਨਾਂ ਨੂੰ ਹੱਕ ਦਿਵਾਉਣ ਲਈ ਪੰਜਾਬ ਅਤੇ ਕੇਂਦਰ ਸਰਕਾਰ ਖਿਲਾਫ ਮੈਮੋਰੰਡਮ ਪੱਤਰ ਮਾਨਯੋਗ ਰਾਜਪਾਲ ਨੂੰ ਐੱਸਡੀਐੱਮ ਰਾਹੀਂ ਭੇਜਣਾ ਸੀ। ਐੱਸਡੀਐੱਮ ਵੱਲੋਂ ਕਿਹਾ ਗਿਆ ਸੀ ਉਹ 12 ਵਜੇ ਦੇ ਕਰੀਬ ਮੈਮੋਰੰਡਮ ਪੱਤਰ ਲੈਣਗੇ, ਪਰ ਉਨ੍ਹਾਂ ਵਲੋਂ ਮੈਮੋਰੰਡਮ ਪੱਤਰ ਨਹੀਂ ਲਿਆ ਗਿਆ। ਆਗੂਆਂ ਕਿਹਾ ਕਿ ਵਾਰ ਵਾਰ ਬੁਲਾਉਣ ਤੋਂ ਬਾਅਦ ਅੱਧਾ ਘੰਟਾ ਉਡੀਕ ਕੀਤੀ ਗਈ ਜਿਸ ਤੋਂ ਬਾਅਦ ਸ਼੍ਰੋਮਣੀ ਅਕਾਲੀ ਦਲ ਦੇ ਵਰਕਰਾਂ ਅਤੇ ਕਿਸਾਨਾਂ ਦੇ ਸਹਿਯੋਗ ਨਾਲ ਨੈਸ਼ਨਲ ਹਾਈਵੇ ਤੇ ਧਰਨਾ ਲਗਾਇਆ ਗਿਆ।

ਧਰਨਾ ਲੱਗਾ ਦੇਖ ਐੱਸ ਡੀ ਐੱਮ ਨੇ ਆ ਕੇ ਮੈਮੋਰੰਡਮ ਲੈ ਲਿਆ। ਉਨ੍ਹਾਂ ਕਿਹਾ ਕਿ ਇਸ ਤੋਂ ਬਾਅਦ ਸ਼੍ਰੋਮਣੀ ਅਕਾਲੀ ਦਲ ਅਤੇ ਕਿਸਾਨ ਜਥੇਬੰਦੀਆਂ ਵਲੋ ਧਰਨਾ ਸਮਾਪਤ ਕਰ ਦਿੱਤਾ ਗਿਆ ਹੈ। ਜਦੋਂ ਐੱਸਡੀਐੱਮ ਜਸਪਿੰਦਰ ਸਿੰਘ ਭੁੱਲਰ ਨਾਲ ਇਸ ਮਸਲੇ ਨੂੰ ਲੈ ਕੇ ਗੱਲਬਾਤ ਕੀਤੀ ਗਈ ਤਾਂ ਉਨ੍ਹਾਂ ਦੱਸਿਆ ਕਿ ਦਫਤਰ ਵਿੱਚ ਨਿੱਜੀ ਕੰਮਾਂ ਵਿੱਚ ਉਲਝਿਆ ਹੋਇਆ ਸੀ, ਜਿਸ ਕਾਰਨ ਆਗੂਆਂ ਨੂੰ ਕਿਹਾ ਸੀ ਕਿ ਉਹ ਮੈਮੋਰੰਡਮ ਮੇਰੇ ਦਫਤਰ ਵਿੱਚ ਆ ਕੇ ਦੇ ਜਾਣ ਪਰ ਉਨ੍ਹਾਂ ਵਿੱਚੋਂ ਕੋਈ ਵੀ ਅੱਗੂ ਦਫਤਰ ਵਿੱਚ ਨਹੀਂ ਆਇਆ।

# ਪਰਾਲੀ ਪ੍ਰਬੰਧਨ ਦੇ ਸ਼ਲਾਘਾਯੋਗ ਉਪਰਾਲੇ ਲਈ ਪੱਤਰਕਾਰ ਅਵਤਾਰ ਸਿੰਘ ਖਹਿਰਾ ਸਨਮਾਨਿਤ



**ਪੱਟੀ (ਸ਼ਮਸ਼ੇਰ ਸਿੰਘ ਯੋਧਾ)**-ਪੱਤਰਕਾਰੀ ਦੇ ਖੇਤਰ ਵਿੱਚ ਨਿਵੇਕਲੀ ਪਹਿਚਾਣ ਰੱਖਦੇ ਅਵਤਾਰ ਸਿੰਘ ਖਹਿਰਾ ਜਿੱਥੇ ਸਮਾਜ ਨੂੰ ਦਰਪੇਸ਼ ਮੁਸ਼ਕਲਾਂ ਅਤੇ ਚੁਣੌਤੀਆਂ ਨੂੰ ਸਮੇਂ ਸਮੇਂ ਤੇ ਸਾਹਮਣੇ ਲੈ ਕੇ ਆਉਂਦੇ ਰਹੇ ਹਨ ਉਥੇ ਇਨ੍ਹਾਂ ਦੁਆਰਾ ਸਮੱਸਿਆਵਾਂ ਦੇ ਹੱਲ ਲਈ ਵੀ ਅੱਗੇ ਆ ਕੇ ਯਤਨ ਕਰਨਾ ਇੱਕ ਸ਼ਲਾਘਾਯੋਗ ਕਦਮ ਹੈ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਡਾ. ਭੁਪਿੰਦਰ ਸਿੰਘ ਬਲਾਕ ਖੇਤੀਬਾੜੀ ਅਫਸਰ, ਪੱਟੀ ਨੇ ਪਰਾਲੀ ਪ੍ਰਬੰਧਨ ਲਈ ਕੀਤੇ ਜਾ ਰਹੇ ਉਦਮ ਦੇ ਨਿਰੀਖਣ ਮੌਕੇ ਕੀਤਾ।ਜ਼ਿਕਰਯੋਗ ਹੈ ਕਿ ਪੱਤਰਕਾਰ ਅਵਤਾਰ ਸਿੰਘ ਖਹਿਰਾ ਅਤੇ ਉਨ੍ਹਾਂ ਦਾ ਭਰਾ ਬਾਜ ਸਿੰਘ ਧਰਤੀ ਦੀ ਸਿਹਤ ਅਤੇ ਵਾਤਾਵਰਨ ਪ੍ਰਤੀ ਸੰਵੇਦਨਸ਼ੀਲ ਹੋ ਕੇ ਪਿਛਲੇ ਛੇ ਸਾਲ ਤੋਂ ਫਸਲਾਂ ਦੀ ਰਹਿੰਦ ਖੂੰਹਦ ਨੂੰ ਅੱਗ ਨਾ ਲਗਾਉਣ ਸਬੰਧੀ ਵੱਖ-ਵੱਖ ਉਪਰਾਲੇ ਕਰਦਿਆਂ ਯਤਨਸ਼ੀਲ ਹਨ।ਨਿਰੀਖਣ ਮੌਕੇ ਅਵਤਾਰ ਸਿੰਘ ਖਹਿਰਾ ਅਤੇ ਬਾਜ ਸਿੰਘ ਨੇ ਜਾਣਕਾਰੀ ਸਾਂਝੀ ਕੀਤੀ ਕਿ ਖੇਤੀਬਾੜੀ ਵਿਭਾਗ ਦੀ ਪ੍ਰੇਰਨਾ ਅਤੇ ਬਾਗਬਾਨੀ ਵਿਭਾਗ ਤੋਂ ਸੇਧ ਲੈ ਕੇ ਜਿੱਥੇ ਪਹਿਲਾ ਫਸਲਾਂ ਦੀ ਰਹਿੰਦ-ਖੂੰਹਦ ਨੂੰ ਖੇਤ ਵਿੱਚ ਹੀ ਰਲਾ ਦਿੱਤਾ ਜਾਂਦਾ ਸੀ, ਇਸ ਵਾਰ ਪਰਾਲੀ ਨੂੰ ਹਲਾਂ ਨਾਲ ਇਕੱਠਾ ਕਰਕੇ ਬਾਗ ਅਤੇ ਸਬਜ਼ੀਆਂ ਵਿੱਚ ਮਲਚਿੰਗ ਵਜੋਂ ਵਿਛਾਅ ਰਹੇ ਹਾਂ।ਇਸ ਨਾਲ ਜਿੱਥੇ ਪਰਾਲੀ ਦਾ ਸੁਚੱਜਾ ਇਸਤੇਮਾਲ ਹੋ ਜਾਵੇਗਾ ਉਥੇ ਬਾਗਾਂ ਵਿੱਚ ਲੰਮਾ ਸਮਾਂ ਨਮੀ ਬਰਕਰਾਰ ਰਹੇਗੀ ਅਤੇ ਨਦੀਨਾਂ ਦਾ ਜਮਾਅ ਘੱਟ ਹੋਵੇਗਾ।ਇਸ ਤਰ੍ਹਾਂ ਪਰਾਲੀ ਸਾੜਨ ਨਾਲ ਨੁਕਸਾਨੇ ਜਾਂਦੇ ਮਿੱਤਰ ਜੀਵ ਅਤੇ ਪੈਦਾ ਹੋਣ ਵਾਲੇ ਜ਼ਹਿਰੀਲੇ ਧੂੰਏਂ ਦੇ ਨੁਕਸਾਨ ਤੋਂ ਵੀ ਬਚਾ ਹੋ ਜਾਵੇਗਾ।ਇਸ ਮੌਕੇ ਡਾ. ਭੁਪਿੰਦਰ ਸਿੰਘ ਬਲਾਕ ਖੇਤੀਬਾੜੀ ਅਫਸਰ, ਪੱਟੀ ਅਤੇ ਉਨ੍ਹਾਂ ਨਾਲ ਆਏ ਟੀਮ ਮੈਂਬਰ ਗੁਰਬਰਿੰਦਰ ਸਿੰਘ ਏਡੀਓ, ਦਇਆਪ੍ਰੀਤ ਸਿੰਘ ਏਈਓ, ਨਿਸ਼ਾਨ ਸਿੰਘ ਖੇਤੀ ਉਪ ਨਿਰੀਖਕ, ਗੁਰਸਿਮਰਨ ਸਿੰਘ ਖੇਤੀ ਉਪ ਨਿਰੀਖਕ ਅਤੇ ਫੀਲਡ ਵਰਕਰ ਗੁਰਲਾਲ ਸਿੰਘ ਨੇ ਅਵਤਾਰ ਸਿੰਘ ਅਤੇ ਬਾਜ ਸਿੰਘ ਦੁਆਰਾ ਕੀਤੇ ਜਾ ਰਹੇ ਉਦਮ ਦੀ ਸ਼ਲਾਘਾ ਕਰਦਿਆਂ ਉਨ੍ਹਾਂ ਨੂੰ ਸਨਮਾਨਿਤ ਕੀਤਾ।ਇਸ ਦੌਰਾਨ ਕਿਸਾਨਾਂ ਨੂੰ ਅਪੀਲ ਕਰਦਿਆਂ ਡਾ ਭੁਪਿੰਦਰ ਸਿੰਘ ਏਓ ਨੇ ਜਾਣਕਾਰੀ ਦਿੱਤੀ ਕਿ ਖੇਤੀ ਵਿਗਿਆਨੀਆਂ ਅਨੁਸਾਰ ਧਰਤੀ ਵਿੱਚੋਂ ਝੋਨੇ ਦੁਆਰਾ ਲਈ ਗਈ 25 ਪ੍ਰਤੀਸ਼ਤ ਨਾਈਟਰੋਜਨ ਅਤੇ ਫਾਸਫੋਰਸ 50 ਪ੍ਰਤੀਸ਼ਤ ਗੰਧਕ ਅਤੇ 75 ਪ੍ਰਤੀਸ਼ਤ ਪਰਾਲੀ ਵਿੱਚ ਹੀ ਰਹਿ ਜਾਂਦੀ ਹੈ।ਇਸ ਲਈ ਪਰਾਲੀ ਨੂੰ ਸਾੜਨ ਦੀ ਬਜਾਏ ਢੁੱਕਵਾਂ ਉਪਰਾਲਾ ਕਰਕੇ ਇਸ ਦਾ ਫਾਇਦਾ ਲੈਣਾ ਚਾਹੀਦਾ ਹੈ।ਇਸ ਨਾਲ ਜਿੱਥੇ ਸਾਡੀਆਂ ਜ਼ਮੀਨਾਂ ਦੀ ਉਪਜਾਊ ਸ਼ਕਤੀ ਬਰਕਰਾਰ ਰਹੇਗੀ ਉਥੇ ਵਾਤਾਵਰਨ ਵੀ ਗੰਧਲਾ ਹੋਣ ਤੋਂ ਬਚ ਜਾਵੇਗਾ।ਇਸ ਮੌਕੇ ਅਵਤਾਰ ਸਿੰਘ ਖਹਿਰਾ ਨੇ ਦੱਸਿਆ ਕਿ ਨਹਿਰੀ ਪਾਣੀ ਦੀ ਸੁਚੱਜੀ ਵਰਤੋਂ ਲਈ ਜ਼ਮੀਨਦੋਜ਼ ਸਿਸਟਮ ਵਰਤ ਰਹੇ ਹਾਂ ਅਤੇ ਝੋਨੇ ਹੇਠੋਂ ਰਕਬਾ ਘਟਾ ਕੇ ਬਦਲਵੀਆਂ ਫਸਲਾਂ ਆਲੂ, ਛੋਲੇ ਮਸਰਾਂ, ਅਲਸੀ ਅਤੇ ਫਲਦਾਰ ਬੂਟਿਆਂ ਹੇਠ ਰਕਬਾ ਵਧਾ ਰਹੇ ਹਾਂ।

# ਬੇਅਦਬੀਆਂ ਰੋਕਣ ਲਈ ਕਾਨੂੰਨ ਬਣਾਉਣ ਦੀ ਮੰਗ ਨੂੰ ਲੈ ਕੇ ਟਾਵਰ 'ਤੇ ਚੜ੍ਹੇ ਨੌਜੁਆਨ ਦਾ ਮਾਮਲਾ:

## ਸਰਕਾਰਾਂ ਬੇਅਦਬੀ ਦੇ ਸੰਜੀਦਾ ਮਾਮਲਿਆਂ ਨੂੰ ਗੰਭੀਰਤਾ ਨਾਲ ਨਹੀਂ ਲੈ ਰਹੀਆਂ : ਧਾਮੀ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**-ਬੇਅਦਬੀਆਂ ਦੇ ਮਾਮਲਿਆਂ ਵਿਚ ਦੋਸ਼ੀਆਂ ਖਿਲਾਫ਼ ਸਖ਼ਤ ਕਾਰਵਾਈ ਲਈ ਕਾਨੂੰਨ ਬਣਾਉਣ ਦੀ ਮੰਗ ਨੂੰ ਲੈ ਕੇ ਪਿਛਲੇ 26 ਦਿਨਾਂ ਤੋਂ ਟਾਵਰ 'ਤੇ ਚੜ੍ਹੇ ਸਿੱਖ ਨੌਜੁਆਨ ਗੁਰਜੀਤ ਸਿੰਘ ਖ਼ਾਲਸਾ ਦੀ ਮੰਗ ਦੀ ਹਮਾਇਤ ਕਰਦਿਆਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਨੇ ਕਿਹਾ ਕਿ ਸਰਕਾਰਾਂ ਨੂੰ ਇਸ ਪ੍ਰਤੀ ਗੰਭੀਰਤਾ ਦਿਖਾਉਣੀ ਚਾਹੀਦੀ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਬੇਅਦਬੀਆਂ ਦਾ ਮਾਮਲਾ ਬੇਹੱਦ ਸੰਜੀਦਾ ਹੈ ਅਤੇ ਸਿੱਖ ਸੰਸਥਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਹਮੇਸ਼ਾ ਹੀ ਦੋਸ਼ੀਆਂ ਨੂੰ ਸਖ਼ਤ ਸਜ਼ਾਵਾਂ ਦਿਵਾਉਣ ਲਈ ਯਤਨਸ਼ੀਲ ਰਹੀ ਹੈ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਦੇ ਜਨਰਲ ਇਜਲਾਸ ਦੌਰਾਨ ਵੀ ਕਈ ਵਾਰ ਮਤੇ ਪਾਸ ਕਰਕੇ ਬੇਅਦਬੀਆਂ ਦੇ ਮਾਮਲੇ ਵਿਚ ਦੋਸ਼ੀਆਂ ਨੂੰ ਸਖ਼ਤ ਸਜ਼ਾਵਾਂ ਦਿਵਾਉਣ ਲਈ ਕਾਨੂੰਨ ਪਾਸ ਕਰਨ ਵਾਸਤੇ ਸਰਕਾਰਾਂ ਨੂੰ ਲਿਖਿਆ ਗਿਆ ਹੈ, ਪ੍ਰੰਤੂ ਦੁੱਖ ਦੀ ਗੱਲ ਹੈ ਕਿ ਸਰਕਾਰਾਂ ਵੱਲੋਂ ਬੇਹੱਦ ਸੰਜੀਦਾ ਮਾਮਲੇ ਨੂੰ ਗੰਭੀਰਤਾ ਨਾਲ ਨਹੀਂ ਲਿਆ ਗਿਆ।ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਧਾਰਮਿਕ ਗ੍ਰੰਥਾਂ ਦੀ ਬੇਅਦਬੀ ਦੇ ਮਾਮਲੇ ਵਿਚ ਫੜੇ ਗਏ ਦੋਸ਼ੀ ਅਕਸਰ ਹੀ ਸਖ਼ਤ ਕਾਨੂੰਨ ਦੀ ਘਾਟ ਕਾਰਨ ਜਲਦ ਛੁੱਟ ਜਾਂਦੇ ਹਨ, ਜਿਸ ਨਾਲ ਸੰਗਤਾਂ ਦੀਆਂ ਭਾਵਨਾਵਾਂ ਆਹਤ ਹੁੰਦੀਆਂ ਹਨ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਇਸ ਨੌਜੁਆਨ ਦੇ ਸੰਘਰਸ਼ ਦੀ ਹਮਾਇਤ ਕਰਦੀ ਹੈ। ਇਸ ਸਬੰਧ ਵਿਚ ਅੱਜ ਸ਼੍ਰੋਮਣੀ ਕਮੇਟੀ ਦੇ ਸਾਬਕਾ ਜੂਨੀਅਰ ਮੀਤ ਪ੍ਰਧਾਨ ਬਾਬਾ ਬੂਟਾ ਸਿੰਘ ਨੇ ਸ. ਗੁਰਜੀਤ ਸਿੰਘ ਖ਼ਾਲਸਾ ਦੇ ਸੰਘਰਸ਼ ਵਿਚ ਸ਼ਾਮਲ ਹੋ ਕੇ ਸ਼੍ਰੋਮਣੀ ਕਮੇਟੀ ਵੱਲੋਂ ਹਰ ਤਰ੍ਹਾਂ ਦੇ ਸਹਿਯੋਗ ਦੀ ਵਚਨਬੱਧਤਾ ਪ੍ਰਗਟਾਈ ਹੈ। ਐਡਵੋਕੇਟ ਧਾਮੀ ਨੇ ਸਰਕਾਰਾਂ ਨੂੰ ਇਸ ਗੰਭੀਰ ਮਾਮਲੇ ਪ੍ਰਤੀ ਸੰਜੀਦਾ ਹੋਣ ਅਤੇ ਸਿੱਖ ਭਾਵਨਾਵਾਂ ਦੇ ਮੱਦੇਨਜ਼ਰ ਸਖ਼ਤ ਕਾਨੂੰਨ ਬਣਾਉਣ ਲਈ ਵੀ ਆਖਿਆ।

# ਸਰਪੰਚ ਸੁਖਜੀਤ ਸਿੰਘ ਈ ਟੀ ਓ ਵੱਲੋਂ ਵੋਟਰਾਂ/ਸਪੋਟਰਾਂ ਦਾ ਧੰਨਵਾਦ



ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)-ਪਿਛਲੇ ਦਿਨੀਂ ਹੋਈਆਂ ਪੰਚਾਇਤੀ ਚੋਣਾਂ ਦੌਰਾਨ ਪਿੰਡ ਵਾਸੀਆਂ ਵੱਲੋਂ ਦਿੱਤੇ ਗਏ ਪਿਆਰ ਨੂੰ ਅਤੇ ਵਿਸ਼ਵਾਸ ਨੂੰ ਹਮੇਸ਼ਾ ਯਾਦ ਰੱਖਾਂਗਾ ਅਤੇ ਪਿੰਡ ਦੇ ਵਿਕਾਸ ਕਾਰਜਾਂ ਵਿੱਚ ਕੋਈ ਕਸਰ ਬਾਕੀ ਨਹੀਂ ਛੱਡਾਂਗਾ।ਹਰੇਕ ਵੋਟਰ ਸਪੋਰਟਰ ਨੂੰ ਆਪਣੇ ਨਾਲ ਲੈ ਕੇ ਚੱਲਾਂਗਾ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਹਲਕਾ ਕਾਦੀਆਂ ਅਧੀਨ ਆਉਂਦੇ ਪਿੰਡ ਵੜੈਚ ਦੇ ਸਰਪੰਚ ਈਟੀਓ ਸੁਖਜੀਤ ਸਿੰਘ ਪੁੱਤਰ ਸੰਪੂਰਨ ਸਿੰਘ ਵੱਲੋਂ ਕੀਤਾ ਗਿਆ।ਸਰਪੰਚ ਬਣਨ ਉਪਰੰਤ ਉਨ੍ਹਾਂ ਦੱਸਿਆ ਕਿ ਉਨ੍ਹਾਂ ਦੇ ਪਿੰਡ ਵਿੱਚ ਕੁੱਲ 1000 ਦੇ ਲਗਭਗ ਵੋਟਾਂ ਸਨ ਜਿਸ ਵਿੱਚੋਂ 744 ਵੋਟਾਂ ਪੋਲ ਹੋਈਆਂ ਅਤੇ ਉਹ 120 ਵੋਟਾਂ 'ਤੇ ਜੇਤੂ ਰਹੇ ਜਿਸ ਦੌਰਾਨ ਉਨ੍ਹਾਂ ਦੇ ਮੈਂਬਰ ਅਰਜਿੰਦਰ ਕੌਰ ਪਤਨੀ ਸੁਖਜੀਤ ਸਿੰਘ, ਕੁਲਵੰਤ ਸਿੰਘ, ਹਰਪਾਲ ਸਿੰਘ, ਧਰਮਜੀਤ ਸਿੰਘ, ਤਲਵਿੰਦਰ ਕੌਰ ਆਦਿ ਮੈਂਬਰ ਪੰਚਾਇਤ ਚੁਣੇ ਗਏ।ਹੋਰ ਜਾਣਕਾਰੀ ਸਾਂਝੀ ਕਰਦੇ ਹੋਏ ਸਰਪੰਚ ਈਟੀਓ ਸੁਖਜੀਤ ਸਿੰਘ ਨੇ ਦੱਸਿਆ ਕਿ ਉਨ੍ਹਾਂ ਨੂੰ ਜੋ ਪਿੰਡ ਵਾਸੀਆਂ ਨੇ ਮਾਣ ਬਖਸ਼ਿਆ ਹੈ ਉਹ ਪਿੰਡ ਵਾਸੀਆਂ ਦੇ ਹਮੇਸ਼ਾ ਸ਼ੁਕਰਗੁਜ਼ਾਰ ਰਹਿਣਗੇ ਅਤੇ ਹਮੇਸ਼ਾ ਪਿੰਡ ਦੇ ਵਿਕਾਸ ਦੀ ਗੱਲ ਕਰਦਿਆਂ ਸਰਕਾਰ ਵੱਲੋਂ ਹਰ ਤਰ੍ਹਾਂ ਦੀਆਂ ਪਿੰਡ ਅੰਦਰ ਗਰਾਂਟਾਂ ਨੂੰ ਲਿਆ ਕੇ ਪਿੰਡ ਦੇ ਵਿਕਾਸ ਨੂੰ ਜੰਗੀ ਪੱਧਰ ਤੇ ਕਰਵਾਉਣਗੇ। ਇਸ ਮੌਕੇ ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਚੇਅਰਮੈਨ ਜ਼ਿਲਾ ਯੋਜਨਾ ਬੋਰਡ ਗੁਰਦਾਸਪੁਰ ਸੂਬਾ ਜਨਰਲ ਸਕੱਤਰ ਐਡਵੋਕੇਟ ਜਗਰੂਪ ਸਿੰਘ ਸੇਖਵਾਂ ਸਮੇਤ ਇਲਾਕੇ ਦੇ ਲੋਕਾਂ ਦਾ ਤਹਿ ਦਿਲ ਤੋਂ ਧੰਨਵਾਦ ਕਰਦੇ ਹਾਂ।ਉਨ੍ਹਾਂ ਦੇ ਵੱਲੋਂ ਅਖੀਰ ਵਿੱਚ ਆਪਣੇ ਵੋਟਰਾਂ ਸਪੋਰਟਰਾਂ ਦਾ ਵੀ ਧੰਨਵਾਦ ਕੀਤਾ ਗਿਆ।ਉਨ੍ਹਾਂ ਕਿਹਾ ਕਿ ਉਹ ਹਮੇਸ਼ਾ ਆਪਣੇ ਵੋਟਰਾਂ ਦੇ ਰਿਣੀ ਰਹਿਣਗੇ ਅਤੇ ਪਿੰਡ ਦਾ ਵਿਕਾਸ ਬਿਨਾਂ ਭੇਦ ਭਾਵ ਦੇ ਪਹਿਲ ਦੇ ਅਧਾਰ ਤੇ ਕਰਵਾਉਣਗੇ।ਇਸ ਮੌਕੇ ਉਨ੍ਹਾਂ ਦੇ ਨਾਲ ਹਰਜੀਤ ਸਿੰਘ ਲਾਡੀ, ਸਾਬਕਾ ਸਰਪੰਚ ਅਮਰਜੀਤ ਸਿੰਘ, ਜੋਗਿੰਦਰ ਸਿੰਘ ਸਾਬਕਾ ਪੰਚ, ਸਵਰਨਜੀਤ ਸਿੰਘ ਸਾਬਕਾ ਪੰਚ, ਲਖਬੀਰ ਸਿੰਘ ਸੋਨੂ, ਬਲਜਿੰਦਰ ਸਿੰਘ, ਪਰਮਜੀਤ ਸਿੰਘ, ਬਲਵਿੰਦਰ ਸਿੰਘ, ਮਿਲਖਾ ਸਿੰਘ, ਪਰਸ਼ੋਤਮ ਸਿੰਘ, ਹਰਦੀਪ ਸਿੰਘ, ਬੁੱਧ ਸਿੰਘ, ਮਹਿੰਦਰ ਸਿੰਘ ਸਾਬਕਾ ਮੈਂਬਰ, ਨਿਸ਼ਾਨ ਸਿੰਘ, ਸੁਲੱਖਣ ਸਿੰਘ ਸਾਬਕਾ ਸਰਪੰਚ, ਧਰਮਜੀਤ ਸਿੰਘ, ਅਮਰੀਕ ਸਿੰਘ, ਹਰਨੇਕ ਸਿੰਘ, ਮੰਗਲ ਸਿੰਘ, ਅਮਾਨਤ ਮਸੀਹ, ਹਰਬੰਸ ਮਸੀਹ, ਮਿਲਖਾ ਮਸੀਹ, ਅਮਰੀਕ ਸਿੰਘ, ਸਰਬਜੀਤ ਸਿੰਘ, ਮਨਦੀਪ ਸਿੰਘ, ਲਖਵਿੰਦਰ ਸਿੰਘ, ਜਗੀਰ ਸਿੰਘ, ਸਤਨਾਮ ਸਿੰਘ, ਜਤਿੰਦਰ ਸਿੰਘ, ਸੋਹਨ ਸਿੰਘ, ਸਤਨਾਮ ਸਿੰਘ, ਸਾਜਨਦੀਪ ਸਿੰਘ, ਕੁੰਨਨ ਸਿੰਘ, ਅਮਨਬੀਰ ਸਿੰਘ ਕਾਲਾ, ਕਾਬਲ ਸਿੰਘ, ਸਿਕੰਦਰ ਮਸੀਹ, ਕਪੂਰ ਚੰਦ, ਪ੍ਰੀਤਮ ਸਿੰਘ, ਗੁਰਚੈਨ ਸਿੰਘ, ਬਲਜਿੰਦਰ ਸਿੰਘ, ਬਾਬਾ ਦਲਬੀਰ ਸਿੰਘ, ਮਲਕੀਤ ਸਿੰਘ, ਹਰਜਿੰਦਰ ਸਿੰਘ, ਦਿਲਬਾਗ ਸਿੰਘ ਵਿੱਕੀ, ਮਲਕੀਤ ਸਿੰਘ, ਮੇਜਰ ਸਿੰਘ, ਜਰਨੈਲ ਸਿੰਘ, ਹਰਭਜਨ ਸਿੰਘ, ਅਮਰਜੀਤ ਸਿੰਘ ਆਦਿ ਹਾਜ਼ਰ ਸਨ।

# ਸਾਲੇਚੱਕ 'ਚ ਜ਼ਿਮਨੀ ਚੋਣਾਂ ਨੂੰ ਲੈ ਕੇ 'ਆਪ' ਵਲੰਟੀਅਰਾਂ ਦੀ ਭਰਵੀਂ ਮੀਟਿੰਗ

## * ਗੁਰਦੀਪ ਸਿੰਘ ਰੰਧਾਵਾ ਤੇ ਕੈਬਨਿਟ ਮੰਤਰੀ ਧਾਲੀਵਾਲ ਨੇ ਕੀਤੀ ਸ਼ਮੂਲੀਅਤ



ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਹਲਕਾ ਡੇਰਾ ਬਾਬਾ ਨਾਨਕ ਦੇ ਪਿੰਡ ਸਾਲੇਚੱਕ 'ਚ ਜ਼ਿਮਨੀ ਚੋਣਾਂ ਨੂੰ ਲੈ ਕੇ ਆਪ ਵਲੰਟੀਅਰਾਂ ਦੀ ਮੀਟਿੰਗ ਭਰਵੀਂ ਮਟਿੰਗ ਹੋਈ। ਇਸ ਮੌਕੇ ਵਿਸ਼ੇਸ਼ ਤੌਰ 'ਤੇ ਆਪ ਦੇ ਉਮੀਦਵਾਰ ਗੁਰਦੀਪ ਸਿੰਘ ਰੰਧਾਵਾ ਅਤੇ ਕੈਬਨਿਟ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਨੇ ਸ਼ਮੂਲੀਅਤ ਕੀਤੀ ਅਤੇ ਇਕੱਤਰ ਹੋਏ ਆਪ ਵਲੰਟੀਅਰਾਂ ਨੂੰ ਜ਼ਿਮਨੀ ਚੋਣਾਂ ਨੂੰ ਲੈ ਕੇ ਇਸ ਸੰਬੋਧਨ ਕੀਤਾ ਗਿਆ।

ਸੰਬੋਧਨ ਦੌਰਾਨ ਕੈਬਨਿਟ ਮੰਤਰੀ ਧਾਲੀਵਾਲ ਨੇ ਕਿਹਾ ਕਿ ਡੇਰਾ ਬਾਬਾ ਨਾਨਕ ਵਿੱਚ ਆਮ ਆਦਮੀ ਪਾਰਟੀ ਦੀ ਹਵਾ ਚੱਲ ਰਹੀ ਹੈ ਤੇ ਲੋਕ ਧੜਾਧੜ ਆਮ ਆਦਮੀ ਪਾਰਟੀ ਵਿੱਚ ਸ਼ਾਮਿਲ ਹੋ ਰਹੇ ਹਨ, ਕੈਬਨਿਟ ਮੰਤਰੀ ਧਾਲੀਵਾਲ ਨੇ ਇਕੱਤਰ ਹੋਏ ਲੋਕਾਂ ਨੂੰ ਅਪੀਲ ਕੀਤੀ ਕਿ 20 ਨਵੰਬਰ ਨੂੰ ਹਲਕਾ ਡੇਰਾ ਬਾਬਾ ਨਾਨਕ ਵਿੱਚ ਹੋਣ ਜਾ ਰਹੀ ਜ਼ਿਮਨੀ ਚੋਣ 'ਚ ਆਪ ਉਮੀਦਵਾਰ ਗੁਰਦੀਪ ਸਿੰਘ ਰੰਧਾਵਾ ਨੂੰ ਵੱਡੀ ਲੀਡ ਨਾਲ ਜਿਤਾਇਆ ਜਾਵੇ।

ਇਸ ਮੌਕੇ ਗੱਲਬਾਤ ਕਰਦਿਆਂ ਸਰਪੰਚ ਹਰਭਜਨ ਸਿੰਘ ਨੇ ਆਖਿਆ ਕਿ ਉਨ੍ਹਾਂ ਆਪਣੇ ਪਿੰਡ ਵਿੱਚੋਂ ਆਮ ਆਦਮੀ ਪਾਰਟੀ ਨੂੰ ਵੱਡੀ ਲੀਡ ਨਾਲ ਜਿਤਾਇਆ ਜਾਵੇਗਾ।ਇਸ ਮੌਕੇ ਸੁਬੇਗ ਸਿੰਘ ਜੀਓ, ਸਾਬਕਾ ਚੇਅਰਮੈਨ ਓਮ ਪ੍ਰਕਾਸ਼ ਕਲਾਨੌਰ,ਹਰਬੰਸ ਸਿੰਘ ਜੀਓ ਜੁਲਾਈ, ਬਲਵੰਤ ਸਿੰਘ ਸੁਵਾਮੀ, ਪ੍ਰਕਾਸ਼ ਮਸੀਹ, ਬਿੰਦਰ, ਮਸੀਹ, ਬੁੱਧ ਸਿੰਘਾ, ਸੁਖਵਿੰਦਰ ਸਿੰਘ, ਦਿਲਬਾਗ ਸਿੰਘ, ਜਗਦੀਸ਼ ਰਾਜ, ਅਜੀਤ ਸਿੰਘ, ਦਲਬੀਰ ਸਿੰਘ ਭਲਵਾਨ, ਜੋਗਿੰਦਰ ਸਿੰਘ ਭਲਵਾਨ, ਜਸਵੀਰ ਸਿੰਘ ਭਲਵਾਨ, ਰਾਮ ਲਾਲ ਮੈਂਬਰ ਪੰਚਾਇਤ, ਮੰਗਲ ਸਿੰਘ, ਸੁਖਵਿੰਦਰ ਸਿੰਘ, ਸਤਨਾਮ ਸਿੰਘ, ਮਨਜੀਤ ਸਿੰਘ, ਚਰਨਜੀਤ ਸਿੰਘ ਅਤੇ ਹੋਰ ਆਮ ਆਦਮੀ ਪਾਰਟੀ ਦੇ ਵਲੰਟੀਅਰ ਹਾਜ਼ਰ ਸਨ।

# ਰਾਜ ਪੱਧਰੀ ਖੇਡਾਂ 'ਚ ਸਰਕਾਰੀ ਪੌਲੀਟੈਕਨਿਕ ਕਾਲਜ ਬਟਾਲਾ ਦੀ ਰਹੀ ਝੰਡੀ



ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)-ਪੰਜਾਬ ਭਰ ਦੇ ਪੌਲੀਟੈਕਨਿਕ ਕਾਲਜਾਂ ਦੀਆਂ ਹੋਈਆਂ ਰਾਜ ਪੱਧਰੀ ਖੇਡਾਂ ਵਿੱਚ ਸਰਕਾਰੀ ਪੌਲੀਟੈਕਨਿਕ ਕਾਲਜ ਬਟਾਲਾ ਦੀ ਬਾਸਕਟਬਾਲ ਟੀਮ ਨੇ ਸੂਬੇ ਭਰ ਵਿੱਚੋਂ ਪਹਿਲਾ, ਫੁੱਟਬਾਲ ਅਤੇ ਕ੍ਰਿਕਟ ਟੀਮ ਨੇ ਦੂਸਰਾ, ਵਾਲੀਬਾਲ ਦੀ ਟੀਮ ਨੇ ਤੀਸਰਾ ਸਥਾਨ ਪ੍ਰਾਪਤ ਕਰਕੇ ਜਿੱਥੇ ਸੂਬੇ ਭਰ ਵਿੱਚ ਕਾਲਜ ਦਾ ਨਾਮ ਰੌਸ਼ਨ ਕੀਤਾ ਹੈ ਉਥੇ ਕਾਲਜਾਂ ਦੇ ਸਟਾਫ ਦੀਆਂ ਹੋਈਆਂ ਗੇਮਾਂ ਵਿੱਚ ਬਟਾਲਾ ਕਾਲਜ ਦੇ ਸਟਾਫ ਨੇ ਰਾਜਦੀਪ ਸਿੰਘ ਬੱਲ ਦੀ ਅਗਵਾਈ ਵਿੱਚ ਦੂਸਰਾ ਸਥਾਨ ਪ੍ਰਾਪਤ ਕਰਕੇ ਇਸ ਵਾਰ ਫਿਰ ਆਪਣੀ ਧਾਕ ਜਮਾਈ ਹੈ।ਪੂਰੇ ਢੋਲ ਢਮੱਕੇ ਨਾਲ ਜੇਤੂ ਟਰਾਫੀਆਂ ਲੈ ਕੇ ਕਾਲਜ ਪਹੁੰਚੇ ਸਪੋਰਟਸ ਕਮੇਟੀ ਦੇ ਪ੍ਰਧਾਨ ਜਗਦੀਪ ਸਿੰਘ, ਟੀਮਾਂ ਦੇ ਇੰਚਾਰਜ ਸਾਹਿਬ ਸਿੰਘ, ਹੁਨਰਬੀਰ ਸਿੰਘ, ਨਵਜੋਤ ਸਲਾਰੀਆ, ਰਜਿੰਦਰ ਕੁਮਾਰ, ਸਚਿਨ ਅਠਵਾਲ, ਸੁਰਜੀਤ ਰਾਮ, ਰਤਨ ਲਾਲ, ਰੰਜੂ ਓਹਰੀ ਕਿਰਨਦੀਪ ਕੌਰ ਅਤੇ ਖਿਡਾਰੀਆਂ ਦਾ ਕਾਲਜ ਦੇ ਪ੍ਰਿੰਸੀਪਲ ਦਵਿੰਦਰ ਸਿੰਘ ਭੱਟੀ ਦੀ ਅਗਵਾਈ ਵਿੱਚ ਵਿਭਾਗੀ ਮੁਖੀ ਰਾਜਦੀਪ ਸਿੰਘ ਬੱਲ, ਵਿਜੇ ਮਿਨਹਾਸ, ਹਰਜਿੰਦਰਪਾਲ ਸਿੰਘ, ਹਰਪਾਲ ਸਿੰਘ, ਰੇਖਾ, ਜਸਬੀਰ ਸਿੰਘ, ਅਤੀਸ਼ ਕੁਮਾਰ, ਅੰਗਦਪ੍ਰੀਤ ਸਿੰਘ, ਮੁਖਤਾਰ ਸਿੰਘ, ਤੇਜ ਪ੍ਰਤਾਪ ਸਿੰਘ ਕਾਹਲੋਂ, ਰਮਨਦੀਪ ਸਿੰਘ, ਰਾਮ ਸਿੰਘ, ਅਤੁਲ, ਜਸਪ੍ਰੀਤ ਕੌਰ, ਰਜਨੀਤ ਮੱਲੀ, ਕਮਲਜੀਤ ਕੌਰ, ਸਤਵਿੰਦਰ ਕੌਰ, ਹਰਜਿੰਦਰ ਕੌਰ, ਕੁਲਵਿੰਦਰ ਕੌਰ ਆਦਿ ਸਟਾਫ ਅਤੇ ਵਿਦਿਆਰਥੀਆਂ ਵੱਲੋਂ ਭਰਵਾਂ ਸਵਾਗਤ ਕੀਤਾ ਗਿਆ।ਇਸ ਮੌਕੇ ਕਾਲਜ ਦੇ ਸਮੂਹਿਕ ਸਟਾਫ ਅਤੇ ਵਿਦਿਆਰਥੀਆਂ ਨੇ ਕਾਲਜ ਕੈਂਪਸ ਵਿੱਚ ਭੰਗੜਾ ਪਾ ਕੇ ਖੁਸ਼ੀ ਮਨਾਈ ਇਸ ਉਪਰੰਤ ਕਾਲਜ ਦੇ ਹਾਲ ਵਿੱਚ ਹੋਏ ਸਮਾਗਮ ਵਿੱਚ ਪ੍ਰਿੰਸੀਪਲ ਦਵਿੰਦਰ ਸਿੰਘ ਭੱਟੀ ਨੇ ਟੀਮ ਇੰਚਾਰਜਾਂ ਅਤੇ ਖਿਡਾਰੀਆਂ ਨੂੰ ਸਰਟੀਫਿਕੇਟ ਅਤੇ ਸਨਮਾਨ ਭੇਟ ਕਰਦਿਆਂ ਵਧਾਈ ਦਿੱਤੀ ਅਤੇ ਕਿਹਾ ਕਿ ਲਗਨ, ਸਖਤ ਮਿਹਨਤ, ਵਿਸ਼ਵਾਸ ਅਤੇ ਦ੍ਰਿੜ ਤਾ ਕਰਕੇ ਹੋਈ ਤੁਹਾਡੀ ਇਤਿਹਾਸਿਕ ਜਿੱਤ 'ਤੇ ਪੂਰਾ ਕਾਲਜ ਫਖਰ ਮਹਿਸੂਸ ਕਰ ਰਿਹਾ ਹੈ।ਉਨ੍ਹਾਂ ਕਾਲਜ ਦੇ ਵਿਦਿਆਰਥੀਆਂ ਨੂੰ ਹੋਰ ਵੀ ਮਿਹਨਤ ਅਤੇ ਲਗਨ ਨਾਲ ਪੜ੍ਹ ਾਈ, ਖੇਡਾਂ ਅਤੇ ਸੁਚਾਰੂ ਗਤੀਵਿਧੀ ਆਂ ਵਿੱਚ ਮੱਲਾਂ ਮਾਰਨ ਲਈ ਪ੍ਰੇਰਤ ਕਰਦੇ ਹੋਏ ਕਿਹਾ ਕਿ ਸਾਡੇ ਲਈ ਬਹੁਤ ਹੀ ਖੁਸ਼ੀ ਦੀ ਗੱਲ ਹੈ ਕਿ ਪਹਿਲੀ ਵਾਰ ਰਾਜ ਪੱਧਰੀ ਐਥਲੈਟਿਕ ਮੀਟ ਵੀ ਬਟਾਲਾ ਕਾਲਜ ਵਿਖੇ ਹੋ ਰਹੀ ਹੈ।

# ਕਿਰਤ ਕਾਨੂੰਨਾਂ ਨੂੰ ਸਖਤੀ ਨਾਲ ਲਾਗੂ ਕਰਵਾਉਣ ਲਈ ਵੱਖ-ਵੱਖ ਫੌਂਡਰੀਆਂ 'ਚ ਰੈਲੀਆਂ

## * ਬਟਾਲੇ ਦੇ ਸਨਅਤੀ ਮਜ਼ਦੂਰਾਂ ਦੀ ਕੋਈ ਹਾਜ਼ਰੀ ਨਹੀਂ ਲਾਈ ਜਾਂਦੀ: ਬਖਤਪੁਰਾ



ਬਟਾਲਾ (ਤਰਲੋਕ ਬੱਗਾ)-ਫੌਂਡਰੀ ਅਤੇ ਵਰਕਸ਼ਾਪ ਵਰਕਰ ਯੂਨੀਅਨ ਸੰਬੰਧਿਤ ਏਕਟੂ ਵੱਲੋਂ ਵੱਖ-ਵੱਖ ਫੌਂਡਰੀਆਂ ਵਿੱਚ ਰੈਲੀਆਂ ਕਰਕੇ ਮੰਗ ਕੀਤੀ ਗਈ ਹੈ ਕਿ ਬਟਾਲੇ ਦੀਆਂ ਫੌਂਡਰੀਆਂ ਵਿੱਚ ਸਰਕਾਰ ਅਤੇ ਕਿਰਤ ਵਿਭਾਗ ਕਿਰਤ ਕਾਨੂੰਨਾਂ ਨੂੰ ਸਖਤੀ ਨਾਲ ਲਾਗੂ ਕਰਵਾਵੇ।ਰੈਲੀਆਂ ਵਿੱਚ ਬੋਲਦਿਆਂ ਯੂਨੀਅਨ ਆਗੂ ਦਲਬੀਰ ਭੋਲਾ, ਗੁਲਜ਼ਾਰ ਸਿੰਘ ਭੁੰਬਲੀ ਅਤੇ ਲਿਬਰੇਸ਼ਨ ਦੇ ਸੂਬਾ ਸਕੱਤਰ ਕਾਮਰੇਡ ਗੁਰਮੀਤ ਸਿੰਘ ਬੱਖਤਪੁਰਾ ਨੇ ਕਿਹਾ ਕਿ ਬਟਾਲੇ ਦੇ ਸਨਅਤੀ ਮਜ਼ਦੂਰਾਂ ਦੀ ਕੋਈ ਹਾਜ਼ਰੀ ਨਹੀਂ ਲਾਈ ਜਾਂਦੀ, ਕਰੀਬ 95% ਮਜ਼ਦੂਰਾਂ ਨੂੰ ਨਾ ਈਐੱਸਆਈ ਦੀ ਸਹੂਲਤ ਹੈ ਅਤੇ ਨਾ ਹੀ ਕੋਈ ਪਰਾਵੀਡੈਂਟ ਫੰਡ ਕੱਟਿਆ ਜਾਂਦਾ ਹੈ।ਮਜ਼ਦੂਰਾਂ ਲਈ ਹਿਫਾਜ਼ਤੀ ਕਾਨੂੰਨਾਂ ਦੀ ਵੀ ਕੋਈ ਪਾਲਣਾ ਨਹੀਂ ਕੀਤੀ ਜਾਂਦੀ।ਸਾਲ ਬਾਅਦ ਉਜਰਤਾਂ ਵਿੱਚ ਮਾਮੂਲੀ ਵਾਧਾ ਕੀਤਾ ਜਾਂਦਾ ਹੈ, ਬੋਨਸ ਕਾਨੂੰਨ ਨੂੰ ਅਧੂਰੇ ਰੂਪ ਵਿੱਚ ਲਾਗੂ ਕੀਤਾ ਜਾ ਰਿਹਾ ਹੈ ਜਦੋਂ ਕਿ ਜ਼ਰੂਰੀ ਵਸਤਾਂ ਦੀ ਮਹਿੰਗਾਈ ਲਗਾਤਾਰ ਵੱਧ ਰਹੀ ਹੈ ਜਿਸ ਹਾਲਤ ਵਿੱਚ ਮਜ਼ਦੂਰਾਂ ਵੱਲੋਂ ਆਪਣਾ ਪਰਿਵਾਰ ਚਲਾਉਣਾ ਅਤੇ ਕਠਿਨ ਹੋ ਰਿਹਾ ਹੈ।ਆਗੂਆਂ ਮੰਗ ਕੀਤੀ ਕਿ ਇੱਕ ਸਤੰਬਰ ਤੋਂ ਜਾਰੀ ਹੋਣ ਵਾਲੇ ਮੰਹਗਾਈ ਭੱਤੇ ਨੂੰ ਫੌਰੀ ਜਾਰੀ ਕੀਤਾ ਜਾਵੇ।ਆਗੂਆਂ ਇਹ ਵੀ ਕਿਹਾ ਕਿ ਬਟਾਲੇ ਦੀ ਸਨਅਤ ਕੋਲੇ, ਕੱਚੇ ਲੋਹੇ ਅਤੇ ਬਿਜਲੀ ਦੀਆਂ ਕੀਮਤਾਂ ਵਿੱਚ ਲਗਾਤਾਰ ਹੋ ਰਹੇ ਵਾਧੇ ਨਾਲ ਹਟਕੋਰਿਆਂ ਨਾਲ ਚੱਲ ਰਹੀ ਹੈ।ਇਸ ਹਾਲਤ ਵਿੱਚ ਬਟਾਲੇ ਦੀ ਸਨਤ ਨੂੰ ਬਚਾਉਣ ਲਈ ਕੇਂਦਰ ਅਤੇ ਪੰਜਾਬ ਸਰਕਾਰ ਨੂੰ ਪਹਾੜੀ ਰਾਜਾਂ ਦੀ ਤਰਜ਼ ਤੇ ਸਬਸਿਡੀ ਦਿੱਤੀ ਜਾਣੀ ਚਾਹੀਦੀ ਹੈ ਤਾਂ ਜੋ ਛੋਟੇ ਸਨਤਕਾਰ ਨੂੰ ਅਤੇ ਮਜ਼ਦੂਰ ਦੇ ਰੁਜ਼ਗਾਰ ਨੂੰ ਬਚਾਇਆ ਜਾ ਸਕੇ ਪਰ ਦੁੱਖ ਦੀ ਗੱਲ ਹੈ ਕਿ ਕੋਈ ਵੀ ਸਰਕਾਰ ਲੋਕਾਂ ਦੇ ਰੁਜ਼ਗਾਰ ਦੇ ਹਿੱਤ ਵਿੱਚ ਛੋਟੀ ਸਨਅਤ ਨੂੰ ਬਚਾਉਣ ਦੀ ਬਜਾਏ ਕਾਰਪੋਰੇਟ ਦਾ ਸਾਥ ਦੇ ਰਹੀ ਹੈ।

# ਸੇਖਵਾਂ ਵੱਲੋਂ ਪਿੰਡ ਨਵਾਂ ਪਸਨਾਵਾਲ ਦੇ ਸਰਪੰਚ ਦਾ ਮਾਣ-ਸਨਮਾਨ



ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)-ਸਰਪੰਚ ਹਰਪ੍ਰੀਤ ਕੌਰ ਦੇ ਪਤੀ ਦੀਪਕ ਸਿੰਘ ਰਵੀ ਪੁੱਤਰ ਬਖਸ਼ੀਸ਼ ਸਿੰਘ ਦਾ ਹਲਕਾ ਇੰਚਾਰਜ ਆਮ ਆਦਮੀ ਪਾਰਟੀ ਚੇਅਰਮੈਨ ਐਡਵੋਕੇਟ ਜਗਰੂਪ ਸਿੰਘ ਸੇਖਵਾਂ ਵੱਲੋਂ ਗੁਰੂ ਬਖਸ਼ਿਸ਼ ਸਰੋਪਾ ਪਾ ਕੇ ਵਿਸ਼ੇਸ਼ ਸਨਮਾਨ ਕੀਤਾ ਗਿਆ। ਇਸ ਮੌਕੇ ਐਡਵੋਕੇਟ ਜਗਰੂਪ ਸਿੰਘ ਸੇਖਵਾਂ ਦੇ ਵੱਲੋਂ ਨਵੇਂ ਬਣੇ ਸਰਪੰਚ ਨੂੰ ਵਧਾਈ ਦਿੱਤੀ ਅਤੇ ਕਿਹਾ ਕਿ ਪਿੰਡ ਦੇ ਵਿਕਾਸ ਵਿੱਚ ਸਰਕਾਰ ਵੱਲੋਂ ਹਰ ਤਰ੍ਹਾਂ ਦੀ ਸਹੂਲਤ ਨੂੰ ਮੁਹੱਈਆ ਕਰਵਾਇਆ ਜਾਵੇਗਾ। ਇਸ ਮੌਕੇ ਜਾਣਕਾਰੀ ਦਿੰਦੇ ਹੋਏ ਸਰਪੰਚ ਹਰਪ੍ਰੀਤ ਕੌਰ ਦੇ ਪਤੀ ਦੀਪਕ ਸਿੰਘ ਰਵੀ ਨੇ ਦੱਸਿਆ ਕਿ ਉਨ੍ਹਾਂ ਦੇ ਪਿੰਡ ਵਿੱਚ ਕੁੱਲ 550 ਵੋਟਾਂ ਸਨ ਜਿਸ ਵਿੱਚੋਂ 447 ਵੋਟਾਂ ਪੋਲ ਹੋਈਆਂ ਅਤੇ 59 ਵੋਟਾਂ ਤੇ ਉਹ ਜੇਤੂ ਰਹੇ ਜਿਸ ਵਿੱਚ ਉਨ੍ਹਾਂ ਦੇ ਮੈਂਬਰ ਕੁਲਦੀਪ ਕੌਰ, ਪਲਵਿੰਦਰ ਸਿੰਘ, ਸੰਦੀਪ ਸਿੰਘ ਚੁਣੇ ਗਏ। ਇਸ ਮੌਕੇ ਸਰਪੰਚ ਹਰਪ੍ਰੀਤ ਕੌਰ ਅਤੇ ਉਨਾਂ ਦੇ ਪਤੀ ਦੀਪਕ ਸਿੰਘ ਦੇ ਵੱਲੋਂ ਸਮੁੱਚੇ ਪਿੰਡ ਦੇ ਵੋਟਰਾਂ ਸਪੋਰਟਰਾਂ ਇਹ ਸਮਰਥਕਾਂ ਦਾ ਧੰਨਵਾਦ ਕੀਤਾ ਤੇ ਕਿਹਾ ਕਿ ਉਹ ਹਮੇਸ਼ਾ ਹੀ ਵੋਟਰਾਂ ਸਪੋਰਟਰਾਂ ਵੱਲੋਂ ਦਿੱਤੇ ਗਏ ਪਿਆਰ ਨੂੰ ਯਾਦ ਰੱਖਣਗੇ ਅਤੇ ਪਿੰਡ ਦੇ ਵਿੱਚ ਹਰੇਕ ਵਰਕਰ ਅਤੇ ਵੋਟਰ ਸਪੋਰਟਰ ਦਾ ਪੂਰਾ ਮਾਨ ਸਤਿਕਾਰ ਕੀਤਾ ਜਾਵੇਗਾ। ਇਸ ਮੌਕੇ ਉਨ੍ਹਾਂ ਦੇ ਨਾਲ ਹੋਰਨਾਂ ਤੋਂ ਇਲਾਵਾ ਗੁਰਵਿੰਦਰ ਸਿੰਘ, ਪਲਵਿੰਦਰ ਸਿੰਘ, ਜਸਵਿੰਦਰ ਸਿੰਘ, ਸਤਨਾਮ ਸਿੰਘ, ਬਲਦੇਵ ਸਿੰਘ, ਤੇਜਿੰਦਰ ਸਿੰਘ, ਪਰਗਟ ਸਿੰਘ, ਜਗਤਾਰ ਸਿੰਘ, ਸਲਵਿੰਦਰ ਸਿੰਘ, ਮੰਗਲ ਸਿੰਘ, ਗੁਰਪ੍ਰੀਤ ਸਿੰਘ, ਪ੍ਰਿੰਸ, ਅਮਨਦੀਪ ਸਿੰਘ, ਬਲਕਾਰ ਸਿੰਘ, ਕੁਲਵਿੰਦਰ ਸਿੰਘ, ਚੰਨਨ ਸਿੰਘ, ਪ੍ਰਗਟ ਸਿੰਘ, ਕੁਲਵਿੰਦਰ ਸਿੰਘ, ਬੂਟਾ ਸਿੰਘ, ਬਲਵਿੰਦਰ ਸਿੰਘ, ਹਰਜੀਤ ਸਿੰਘ, ਮੇਜਰ ਸਿੰਘ, ਨਾਜਰ ਸਿੰਘ, ਮਲਕੀਤ ਸਿੰਘ, ਗੁਰਮੀਤ ਸਿੰਘ, ਪਰਮਜੀਤ ਸਿੰਘ, ਸੁੱਚਾ ਸਿੰਘ ਆਦਿ ਹਾਜ਼ਰ ਸਨ।

# ਖਾਲਸਾ ਕਾਲਜ ਦੇ 15 ਵਿਦਿਆਰਥੀਆਂ ਦੀ ਏ. ਓ. ਐੱਸ. ਸੀ. ਟੈਕਨਾਲੋਜੀਜ਼ ਵੱਲੋਂ ਚੋਣ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ) – ਖਾਲਸਾ ਕਾਲਜ ਦੇ ਟ੍ਰੇਨਿੰਗ ਅਤੇ ਪਲੇਸਮੈਂਟ ਸੈਲ ਵੱਲੋਂ ਕਰਵਾਈ ਗਈ ਪਲੇਸਮੈਂਟ ਦੌਰਾਨ ਕਾਮਰਸ ਅਤੇ ਮੈਡੀਕਲ ਕਲਾਸਾਂ ਦੇ 15 ਕਾਬਲ ਵਿਦਿਆਰਥੀ ਏ. ਓ. ਐੱਸ. ਸੀ. ਟੈਕਨਾਲੋਜਿਸ 'ਚ ਚੁਣੇ ਗਏ। ਕਾਲਜ ਦੇ ਕਾਰਜਕਾਰੀ ਪ੍ਰਿੰਸੀਪਲ ਡਾ. ਏ. ਕੇ. ਕਾਹਲੋਂ ਦੇ ਸਹਿਯੋਗ ਨਾਲ ਕਰਵਾਈ ਗਈ ਉਕਤ ਪਲੇਸਮੈਂਟ ਡਰਾਇਵ ਦੀ ਸ਼ੁਰੂਆਤ ਏ. ਓ. ਐੱਸ. ਸੀ. ਟੀਮ ਵੱਲੋਂ ਇਕ ਪ੍ਰੀ-ਪਲੇਸਮੈਂਟ ਗੱਲਬਾਤ ਨਾਲ ਹੋਈ ਜਿਸ 'ਚ ਉਨ੍ਹਾਂ ਨੇ ਵਿਦਿਆਰਥੀਆਂ ਨੂੰ ਕੰਪਨੀ ਦੇ ਸੱਭਿਆਚਾਰ ਅਤੇ ਵਿਜ਼ਨ ਬਾਰੇ ਜਾਣਕਾਰੀ ਪ੍ਰਦਾਨ ਕੀਤੀ। ਇਸ ਸਬੰਧੀ ਡਾ. ਕਾਹਲੋਂ ਨੇ ਜਾਣਕਾਰੀ ਦਿੰਦਿਆਂ ਕਿਹਾ ਕਿ ਪਲੇਸਮੈਂਟ ਪ੍ਰੀਕ੍ਰਿਆ 'ਚ 50 ਤੋਂ ਵਧੇਰੇ ਵਿਦਿਆਰਥੀਆਂ ਨੇ ਭਾਗ ਲਿਆ ਜਿਸ 'ਚੋਂ 15 ਵਿਦਿਆਰਥੀਆਂ ਨੇ ਫਾਇਨਲ ਰਾਊਂਡ ਪਾਸ ਕੀਤਾ ਅਤੇ ਨਿਯੁਕਤੀ ਪੱਤਰ ਪ੍ਰਾਪਤ ਕੀਤੇ। ਉਨ੍ਹਾਂ ਕਿਹਾ ਕਿ ਚੁਣੇ ਗਏ ਵਿਦਿਆਰਥੀ ਪ੍ਰਬੰਧਨ ਸਿਖਿਆਰਥੀ, ਪ੍ਰਬੰਕੀ ਕਾਰਜਕਾਰੀ, ਡੇਟਾ ਐਨਾਲਿਸਟ ਅਤੇ ਟੀਮ ਲੀਡਰ ਵਜੋਂ ਕੰਮ ਕਰਨਗੇ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਪਲੇਸਮੈਂਟ ਟੀਮ ਦੀ ਸਮਰਪਿਤ ਮਿਹਨਤ ਅਤੇ ਯਤਨਾਂ ਦੀ ਸ਼ਲਾਘਾ ਕੀਤੀ ਅਤੇ ਕਿਹਾ ਕਿ ਉਕਤ ਪ੍ਰਾਪਤੀ ਕਾਲਜ ਦੀ ਮਿਆਰੀ ਸਿੱਖਿਆ ਅਤੇ ਕੈਰੀਅਰ ਦੇ ਮੌਕੇ ਪ੍ਰਦਾਨ ਕਰਨ ਦੀ ਵਚਨਬੱਧਤਾ ਦਾ ਨਤੀਜਾ ਹੈ। ਇਸ ਮੌਕੇ ਪਲੇਸਮੈਂਟ ਸੈੱਲ ਦੇ ਡਾਇਰੈਕਟਰ ਡਾ. ਹਰਭਜਨ ਸਿੰਘ ਰੰਧਾਵਾ ਅਤੇ ਅਸਿਸਟੈਂਟ ਡਾਇਰੈਕਟਰ ਡਾ. ਅਨੂਰੀਤ ਕੌਰ ਨੇ ਸਾਂਝੇ ਤੌਰ 'ਤੇ ਕਿਹਾ ਕਿ ਉਹ ਭਵਿੱਖ 'ਚ ਵੀ ਵਿਦਿਆਰਥੀਆਂ ਲਈ ਅਜਿਹੇ ਪਲੇਸਮੈਂਟ ਦੇ ਮੌਕਿਆਂ ਦਾ ਪ੍ਰਬੰਧ ਕਰਨਗੇ।

ਉਨ੍ਹਾਂ ਕਿਹਾ ਕਿ ਪਲੇਸਮੈਂਟ ਡਰਾਇਵ ਨੂੰ ਸਫ਼ਲ ਬਣਾਉਣ 'ਚ ਪ੍ਰੋ. ਸੋਨਾਲੀ ਤੁਲੀ, ਪ੍ਰੋ. ਹਰਿਆਲੀ ਢਿੱਲੋਂ ਅਤੇ ਪ੍ਰੋ. ਰੋਹਿਤ ਕਾਕੜਿਆ ਨੇ ਸਹਿਯੋਗ ਦਿੱਤਾ।

# ਪ੍ਰਕਾਸ਼ ਦਿਹਾੜੇ ਸਬੰਧੀ ਪ੍ਰਭਾਤ ਫੇਰੀਆਂ ਸ਼ੁਰੂ



ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਪਹਿਲੀ ਪਾਤਿਸ਼ਾਹੀ ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਦਿਹਾੜੇ ਨੂੰ ਲੈ ਕੇ ਇਤਿਹਾਸਕ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਡੇਰਾ ਬਾਬਾ ਨਾਨਕ ਤੋਂ ਪਹਿਲੀ ਪ੍ਰਭਾਤ ਫੇਰੀ ਆਰੰਭ ਕੀਤੀ ਗਈ।

ਇਸ ਮੌਕੇ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਦੇ ਗ੍ਰੰਥੀ ਭਾਈ ਨਿਸ਼ੱਤਰ ਸਿੰਘ ਵੱਲੋਂ ਅਰਦਾਸ ਕਰਨ ਉਪਰੰਤ ਪ੍ਰਭਾਤ ਫੇਰੀ ਨੂੰ ਆਰੰਭ ਕੀਤਾ ਗਿਆ।ਇਹ ਪ੍ਰਭਾਤ ਫੇਰੀ ਸਤਿਨਾਮ ਵਾਹਿਗੁਰੂ ਦਾ ਜਾਪ ਕਰਦੀ ਹੋਈ ਤੇ ਕਸਬੇ ਦੀ ਪਰਿਕਰਮਾ ਕਰਦੀ ਹੋਈ ਵਾਪਸ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਵਿਖੇ ਪੁੱਜੀ।

ਇਸ ਮੌਕੇ ਸੰਗਤਾਂ ਵੱਲੋਂ ਵੱਖ-ਵੱਖ ਥਾਵਾਂ ਤੇ ਆਪਣੇ ਗ੍ਰਹਿ ਵਿਖੇ ਕਈ ਪ੍ਰਕਾਰ ਦੇ ਲੰਗਰ ਲਗਾਏ ਹੋਏ ਸਨ।ਇਸ ਮੌਕੇ ਹੈੱਡ ਗ੍ਰੰਥੀ ਨਛੱਤਰ ਸਿੰਘ, ਬਾਬਾ ਅਮਨਦੀਪ ਸਿੰਘ, ਕੁਲਵਿੰਦਰ ਸਿੰਘ ਜੁਗਨੂੰ, ਮਹਿਤਾਬ ਸਿੰਘ, ਜਗਜੀਤ ਸਿੰਘ, ਗਗਨਦੀਪ ਸਿੰਘ, ਗੁਲਾਜ਼ਾਰ ਸਿੰਘ, ਹਰਵਿੰਦਰ ਸਿੰਘ, ਬੂਟਾ ਸਿੰਘ, ਲਵਲੀ ਬੇਦੀ, ਰਵਿੰਦਰ ਸਿੰਘ, ਗੁਰਨਾਮ ਸਿੰਘ ਆਦਿ ਹਾਜ਼ਰ ਸਨ।

# ਪ੍ਰਿੰ. ਨੰਦ ਲਾਲ ਕਲਿਆਣਪੁਰੀ ਨੂੰ ਸਰਪੰਚ ਬਣਨ 'ਤੇ ਕੀਤਾ ਸਨਮਾਨਿਤ



ਧਾਰੀਵਾਲ (ਮਨਦੀਪ ਸਿੰਘ ਵਿੱਕੀ)-ਪ੍ਰਬੰਧਕ ਕਮੇਟੀ ਸਤਿਗੁਰ ਕਬੀਰ ਮੰਦਿਰ ਫੱਜੂਪੁਰ ਅਤੇ ਡਾਕਟਰ ਅੰਬੇਡਕਰ ਮਿਸ਼ਨ ਧਾਰੀਵਾਲ ਵੱਲੋਂ ਸੇਵਾ ਮੁਕਤ ਪ੍ਰਿੰ. ਨੰਦ ਲਾਲ ਕਲਿਆਣਪੁਰੀ ਨੂੰ ਪਿੰਡ ਕਲਿਆਣਪੁਰ ਦਾ ਸਰਪੰਚ ਬਣਨ ਤੋਂ ਬਾਅਦ ਪਹਿਲੀ ਵਾਰ ਸਤਿਗੁਰ ਕਬੀਰ ਮੰਦਿਰ ਫੱਜੂਪੁਰ ਵਿਖੇ ਨਤਮਸਤਕ ਹੋਣ 'ਤੇ ਸਨਮਾਨਿਤ ਕੀਤਾ ਗਿਆ।

ਇਸ ਮੌਕੇ ਮੰਦਿਰ ਕਮੇਟੀ ਦੇ ਅਹੁਦੇਦਾਰਾਂ ਤੇ ਮਿਸ਼ਨ ਦੀ ਟੀਮ ਵੱਲੋਂ ਪ੍ਰਿੰ. ਨੰਦ ਲਾਲ ਨੂੰ ਸਿਰੋਪਾਓ ਨਾਲ ਤੇ ਫੁੱਲਾਂ ਦਾ ਗੁਲਦਸਤਾ ਭੇਟ ਕਰਕੇ ਸਨਮਾਨਿਤ ਕੀਤਾ ਗਿਆ ਅਤੇ ਸ਼ੁਭਕਾਮਨਾਵਾਂ ਦਿੰਦਿਆਂ ਉਨ੍ਹਾਂ ਦੇ ਉੱਜਲ ਭਵਿੱਖ ਦੀ ਕਾਮਨਾ ਕੀਤੀ। ਇਸ ਮੌਕੇ ਸਰਪੰਚ ਨੰਦ ਲਾਲ ਕਲਿਆਣਪੁਰੀ ਨੇ ਕਿਹਾ ਉਹ ਸੇਵਾ ਭਾਵਨਾ ਨਾਲ ਆਪਣੇ ਪਿੰਡ ਕਲਿਆਣਪੁਰ ਦਾ ਵਿਕਾਸ ਕਰਨ ਲਈ ਯਤਨਸ਼ੀਲ ਰਹਿਣਗੇ ਅਤੇ ਇਸ ਤੋਂ ਇਲਾਵਾ ਸਮਾਜ ਸੇਵਾ ਵਿੱਚ ਵੀ ਵੱਧ ਚੜ੍ਹ ਕੇ ਹਿੱਸੇਦਾਰੀ ਲੈਂਦੇ ਰਹਿਣਗੇ। ਇਸ ਮੌਕੇ ਪ੍ਰਬੰਧਕ ਕਮੇਟੀ ਸਤਿਗੁਰ ਕਬੀਰ ਮੰਦਰ ਫੱਜੂਪੁਰ ਦੇ ਪ੍ਰਧਾਨ ਅਸ਼ਵਨੀ ਫੱਜੂਪੁਰ, ਸੈਕਟਰੀ ਗੁਰਬਚਨ ਸਿੰਘ ਜ਼ਿਲੇਦਾਰ, ਸੀਨੀਅਰ ਮੀਤ ਪ੍ਰਧਾਨ ਪ੍ਰੇਮਪਾਲ ਪੰਮਾ, ਕੈਸ਼ੀਅਰ ਪ੍ਰੇਮ ਭਗਤ, ਡਾਕਟਰ ਅੰਬੇਡਕਰ ਮਿਸ਼ਨ ਧਾਰੀਵਾਲ ਦੇ ਸਰਪ੍ਰਸਤ ਡਾਕਟਰ ਰਤਨ ਲੇਹਲ, ਜਨਰਲ ਸਕੱਤਰ ਕਸਤੂਰੀ ਲਾਲ ਐੱਸਡੀਓ (ਸੇਵਾ ਮੁਕਤ), ਲੈਕਚਰਾਰ ਰਵੀ ਕੁਮਾਰ, ਸੇਵਾਦਾਰ ਕੁੰਦਨ ਲਾਲ, ਪ੍ਰਚਾਰਕ ਭਗਤ ਦੀਨਾ ਨਾਥ, ਜਤਿੰਦਰ ਕੁਮਾਰ, ਜਸਪਾਲ ਸੋਹਲ, ਕੀਮਤੀ ਲਾਲ, ਭਗਤ ਹਰੀ ਰਾਮ, ਬਲਵਿੰਦਰ ਬਿੰਦਾ, ਪ੍ਰੇਮ ਸਿੰਘ ਬੇਦੀ ਕਲੋਨੀ ਧਾਰੀਵਾਲ, ਸਾਂਈ ਦਾਸ ਭਗਤ, ਨੰਬਰਦਾਰ ਪ੍ਰੇਮਪਾਲ ਲੇਹਲ, ਹਰਮੀਤ ਭਗਤ, ਤਲਵਿੰਦਰ ਪਾਲ ਹੈਪੀ, ਤਰਲੋਕ ਲਾਲ ਏਡੀਓ, ਐਡਵੋਕੇਟ ਲਲਿਤ ਕੁਮਾਰ, ਜਤਿੰਦਰ ਭਗਤ ਦੀਨਪੁਰ, ਕ੍ਰਿਸ਼ਨਾ ਆਦਿ ਹਾਜ਼ਰ ਸਨ।

# ਖਾਲਸਾ ਕਾਲਜ ਵਿਖੇ ਉੱਦਮਤਾ ਤੇ ਨਵੀਨਤਾ 'ਤੇ ਕਰਵਾਈ ਵਰਕਸ਼ਾਪ




ਅੰਮ੍ਰਿਤਸਰ, 5 ਨਵੰਬਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)–ਖਾਲਸਾ ਕਾਲਜ ਦੇ ਪੋਸਟ ਗ੍ਰੈਜੂਏਟ ਅੰਗਰੇਜ਼ੀ ਵਿਭਾਗ ਵੱਲੋਂ ਆਈ. ਆਈ. ਸੀ (ਇੰਸਟੀਟਿਊਸ਼ਨ ਇਨੋਵੇਸ਼ਨ ਕਾਊਂਸ਼ਿਲ) ਦੇ ਸਹਿਯੋਗ ਨਾਲ ਉਦਮਤਾ ਅਤੇ ਨਵੀਨਤਾ ਵਿਸ਼ੇ 'ਤੇ ਵਰਕਸ਼ਾਪ ਕਰਵਾਈ ਗਈ ਜਿਸ 'ਚ ਕਾਲਜ ਦੇ ਕਾਰਜਕਾਰੀ ਪ੍ਰਿੰ. ਡਾ. ਅਰਵਿੰਦਰ ਕੌਰ ਕਾਹਲੋਂ ਨੇ ਮੁੱਖ ਮਹਿਮਾਨ ਅਤੇ ਅਕਾਦਮਿਕ ਮਾਮਲੇ ਡੀਨ ਡਾ. ਤਮਿੰਦਰ ਸਿੰਘ ਭਾਟੀਆ, ਇੰਸਟੀਚਿਊਸ਼ਨ ਇਨੋਵੇਸ਼ਨ ਕਾਊਂਸ਼ਿਲ ਪ੍ਰਧਾਨ ਡਾ. ਗੁਰਸ਼ਰਨ ਕੌਰ ਨੇ ਵਿਸ਼ੇਸ ਮਹਿਮਾਨ ਵਜੋਂ ਸ਼ਿਰਕਤ ਕੀਤੀ ਜਦਕਿ ਗੁਰਮਿੰਦਰ ਸਿੰਘ (ਐਮ. ਡੀ. ਪ੍ਰੈਕਸ ਇੰਸਟੀਟਿਊਟ ਅਤੇ ਪ੍ਰਭਜੋਤ ਸਿੰਘ (ਐਮ. ਡੀ. ਲਰਨਰਜ਼ ਅਬੋਡ, ਅੰਮਿਤਸਰ) ਨੇ ਬੁਲਾਰੇ ਵਜੋਂ ਹਾਜ਼ਰੀ ਭਰੀ। ਉਕਤ ਪ੍ਰੋਗਰਾਮ ਦਾ ਆਗਾਜ਼ ਵਿਦਿਆਰਥੀਆਂ ਵੱਲੋਂ ਸ਼ਬਦ ਗਾਇਨ ਉਪਰੰਤ ਵਿਭਾਗ ਮੁੱਖੀ ਪ੍ਰੋ: ਸੁਪਨਿੰਦਰਜੀਤ ਕੌਰ ਵੱਲੋਂ ਆਏ ਹੋਏ ਮਹਿਮਾਨਾਂ ਨੂੰ ਪੌਦੇ ਦੇ ਕੇ ਸਵਾਗਤ ਕੀਤਾ ਗਿਆ। ਉਨ੍ਹਾਂ ਕਿਹਾ ਕਿ ਕਾਲਜ ਆਪਣੇ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਲਈ ਨਿਰੰਤਰ ਅਜਿਹੇ ਪ੍ਰੋਗਰਾਮਾਂ ਦਾ ਆਯੋਜਨ ਕਰਦਾ ਹੈ। ਇਸ ਮੌਕੇ ਪ੍ਰਿੰ: ਡਾ. ਕਾਹਲੋਂ ਨੇ ਕਿਹਾ ਐਂਟਰਪਰਨਿਉਰਸ਼ਿਪ ਉਦਮਤਾ ਤੇ ਨਵੀਨਤਾ ਦੇ ਵਿਸ਼ੇ 'ਤੇ ਆਯੋਜਿਤ ਵਰਕਸ਼ਾਪ ਵਿਦਿਆਰਥੀਆਂ ਨੂੰ ਜ਼ਿੰਦਗੀ 'ਚ ਆਉਂਦੀਆਂ ਮੁਸ਼ਕਿਲਾਂ ਨਾਲ ਨੱਜਿਠਣ ਲਈ ਲੈਸ ਕਰੇਗੀ। ਪ੍ਰੋਗਰਾਮ ਮੌਕੇ ਡਾ. ਭਾਟੀਆ ਨੇ ਕਿਹਾ ਕਿ ਨਵੀਆਂ ਕਾਢਾਂ ਅਤੇ ਨਵੇਂ ਵਿਚਾਰ ਜ਼ਿੰਦਗੀ ਦੀ ਖੜੋਤ ਨੂੰ ਖਤਮ ਕਰ ਇਸ ਨੂੰ ਚੱਲਦੇ ਰੱਖਣ ਲਈ ਅਤਿਅੰਤ ਜ਼ਰੂਰੀ ਹਨ। ਉਨ੍ਹਾਂ ਕਿਹਾ ਕਿ ਬੱਚਿਆਂ 'ਚ ਨਵੀਨ ਵਿਚਾਰ ਸੋਚਣ ਅਤੇ ਉਨ੍ਹਾਂ ਨੂੰ ਉਦਮਤਾ 'ਚ ਬਦਲਣ ਲਈ ਅਜਿਹੀਆਂ ਵਰਕਸ਼ਾਪਾਂ ਬਹੁਤ ਕਾਰਗਾਰ ਸਾਬਿਤ ਹੁੰਦੀਆਂ ਹਨ। ਜਦ ਕਿ ਡਾ. ਗੁਰਸ਼ਰਨ ਕੌਰ ਨੇ ਕਿਹਾ ਕਿ ਭਾਰਤ ਸਰਕਾਰ ਵੱਲੋਂ ਇਸ ਸੰਸਥਾ ਦੀ ਸਥਾਪਨਾ ਹਰ ਕਾਲਜ 'ਚ ਕੀਤੀ ਗਈ ਹੈ ਤਾਂ ਜੋ ਵਿਦਿਆਰਥੀਆਂ ਵਿਚਲੀ ਨਵੀਨ ਪ੍ਰਤਿਭਾ ਨੂੰ ਅਮਲੀਜਾਮਾ ਪਹਿਨਾਇਆ ਜਾ ਸਕੇ।ਇਸ ਮੌਕੇ ਵਕਤਾ ਗੁਰਮਿੰਦਰ ਸਿੰਘ ਨੇ ਉਦਮਤਾ ਅਤੇ ਇਨੋਵੇਸ਼ਨ ਲਈ ਲੋੜੀਦੀਆਂ ਜ਼ਰੂਰਤਾਂ ਤੇ ਗੁਣਾਂ ਸਬੰਧੀ ਜਾਣਕਾਰੀ ਪ੍ਰਦਾਨ ਕੀਤੀ ਅਤੇ ਵਿਦਿਆਰਥੀਆਂ ਦੇ ਸਵਾਲਾਂ ਦੇ ਜਵਾਬ ਦਿੱਤੇ। ਇਸ ਵਰਕਸ਼ਾਪ ਦੇ ਦੂਜੇ ਬੁਲਾਰੇ ਪ੍ਰਭਜੋਤ ਸਿੰਘ ਨੇ ਅੰਗਰੇਜ਼ੀ ਭਾਸ਼ਾ ਦੀ ਮੁਹਾਰਤ ਹਾਸਲ ਕਰਕੇ ਸ਼ੁਰੂ ਕੀਤੇ ਜਾਣ ਵਾਲੇ ਉਦਮਾਂ ਬਾਰੇ ਵਿਚਾਰ ਸਾਂਝੇ ਕੀਤੇ। ਇਸ ਮੌਕੇ ਮੰਚ ਦਾ ਸੰਚਾਲਣ ਡਾ. ਸਾਂਵਤ ਸਿੰਘ ਮੰਟੋ ਵੱਲੋਂ ਬਾਖੂਬੀ ਨਿਭਾਇਆ ਗਿਆ। ਪ੍ਰੋਗਰਾਮ ਦੇ ਅੰਤ 'ਚ ਡਾ. ਮੰਟੋ ਨੇ ਪ੍ਰਿੰ: ਡਾ. ਕਾਹਲੋਂ ਦੀ ਰਹਿਨੁਮਾਈ ਅਤੇ ਅਗਵਾਈ ਲਈ ਅਤੇ ਰਹਬਰ ਅਧਿਆਪਕਾਂ ਅਤੇ ਵਿਦਿਆਰਥੀਆਂ ਦੇ ਅਣਥੱਕ ਯਤਨਾਂ ਲਈ ਧੰਨਵਾਦ ਕੀਤਾ। ਇਸ ਮੌਕੇ ਪ੍ਰੋ: ਮਲਕਿੰਦਰ ਸਿੰਘ, ਪ੍ਰੋ: ਦਲਜੀਤ ਸਿੰਘ, ਡਾ. ਮਮਤਾ ਮਹਿੰਦ੍ਰੂ, ਪ੍ਰੋ: ਵਿਜੇ ਬਰਨਾਡ, ਡਾ. ਜਸਵਿੰਦਰ ਕੌਰ ਔਲਖ, ਪ੍ਰੋ: ਪੂਜਾ ਕਾਲੀਆ, ਪ੍ਰੋ: ਗੁਰਪ੍ਰੀਤ ਸਿੰਘ, ਪ੍ਰੋ: ਹਰਸ਼ ਸਲਾਰੀਆ, ਪ੍ਰੋ: ਸੌਰਵ ਮੇਘ, ਪ੍ਰੋ: ਐੱਮ. ਪੀ. ਮਸੀਹ, ਪ੍ਰੋ: ਹਰਮਨਪ੍ਰੀਤ ਸਿੰਘ, ਪ੍ਰੋ: ਮੇਘਨਾ ਰਾਜਪੂਤ, ਡਾ. ਅਕੀਦਤਪ੍ਰੀਤ ਕੌਰ, ਡਾ. ਅਕਾਂਕਸ਼ਾ ਨੋਟੀਆਲ, ਪ੍ਰੋ: ਵਿਮਲਜੀਤ ਕੌਰ, ਪ੍ਰੋ: ਅਭਿਸ਼ੇਕ ਠਾਕੁਰ, ਪ੍ਰੋ: ਮਹਿਕਦੀਪ ਕੌਰ, ਪ੍ਰੋ: ਰਨਵੀਰ ਸਿੰਘ ਆਦਿ ਸਮੇਤ ਹੋਰ ਅਧਿਆਪਕ ਤੇ ਵਿਦਿਆਰਥੀ ਹਾਜ਼ਰ ਸਨ।

# ਮਾਨ ਸਰਕਾਰ ਖੇਤੀ ਨੂੰ ਲਾਹੇਵੰਦ ਧੰਦਾ ਬਣਾਉਣ ਲਈ ਜਲਦੀ ਹੀ ਨਵੀਂ ਖੇਤੀ ਨੀਤੀ ਲਿਆਉਣ ਲਈ ਤਿਆਰ: ਜਸਬੀਰ ਸੁਰਸਿੰਘ



**ਅੰਮ੍ਰਿਤਸਰ/ਅਜਨਾਲਾ (ਸੁਖਤਿੰਦਰ ਸਿੰਘ ਰਾਜੂ)**-ਆਮ ਆਦਮੀ ਪਾਰਟੀ (ਕਿਸਾਨ ਵਿੰਗ) ਦੇ ਸੂਬਾਈ ਸੰਯੁਕਤ ਸਕੱਤਰ ਤੇ ਪਾਵਰਕਮ ਪੰਜਾਬ ਦੇ ਪ੍ਰਬੰਧਕੀ ਡਾਇਰੈਕਟਰ ਜਸਬੀਰ ਸਿੰਘ ਸੁਰਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਸਾਬਕਾ ਕਾਂਗਰਸ ਤੇ ਅਕਾਲੀ ਸਰਕਾਰਾਂ ਦੀਆਂ ਕਿਸਾਨ ਮਾਰੂ ਨੀਤੀਆਂ ਕਾਰਣ ਕੀਮਤ ਸੂਚਕ ਅੰਕ ਤੋਂ ਹੇਠਾਂ ਘਾਟੇਵੰਦ ਧੰਦਾ ਬਣ ਚੁੱਕੀ ਖੇਤੀ ਨੂੰ ਲਾਹੇਵੰਦ ਧੰਦਾ ਬਣਾਉਣ ਤੇ ਖੇਤ ਮਜ਼ਦੂਰਾਂ ਦਾ ਵੀ ਜੀਵਨ ਪੱਧਰ ਉੱਚਾ ਚੁੱਕਣ ਦੀ ਵਚਬੱਧਤਾ ਤਹਿਤ ਨਵੀਂ ਖੇਤੀ ਦਾ ਖਰੜਾ ਜਾਰੀ ਕਰਨ ਪਿੱਛੋਂ ਕਿਸਾਨਾਂ ਤੇ ਕਿਸਾਨ ਸੰਗਠਨਾਂ ਦੇ ਸੁਝਾਓ ਨੂੰ ਮੁੱਖ ਰੱਖਦਿਆਂ ਜਲਦੀ ਹੀ ਨਵੀਂ ਖੇਤੀ ਜਾਰੀ ਕਰਨ ਜਾ ਰਹੀ ਹੈ, ਜਦੋਂਕਿ ਮੰਡੀਆਂ ਚ ਕਿਸਾਨਾਂ ਵੱਲੋਂ ਲਿਆਂਦੇ ਗਏ ਝੋਨੇ ਦੇ ਇੱਕ ਇੱਕ ਦਾਣੇ ਦੀ ਖ੍ਰੀਦ ਕੀਤੀ ਜਾਵੇਗੀ ਅਤੇ ਝੋਨੇ ਦੀ ਖ੍ਰੀਦੋ ਫਰੋਖਤ ਚ ਕਿਸੇ ਕਿਸਮ ਦੀ ਕੁਤਾਹੀ ਤੇ ਭ੍ਰਿਸਟਾਚਾਰ ਨੂੰ ਪੰਜਾਬ ਸਰਕਾਰ ਕਿਸੇ ਕੀਮਤ ਤੇ ਬਰਦਾਸ਼ਤ ਨਹੀਂ ਕਰੇਗੀ। ਸੂਬਾਈ ਕਿਸਾਨ ਨੇਤਾ ਤੇ ਪਾਵਰਕਮ ਦੇ ਪ੍ਰਬੰਧਕੀ ਡਾਇਰੈਕਟਰ ਜਸਬੀਰ ਸਿੰਘ ਸੁਰਸਿੰਘ ਇਥੇ ਪਾਰਟੀ ਦੇ ਕਿਸਾਨ ਵਿੰਗ ਦੇ ਵੱਖ-ਵੱਖ ਬਲਾਕਾਂ ਦੇ ਆਗੂਆਂ ਤੇ ਸਰਗਰਮ ਕਾਰਕੁਨਾਂ ਨਾਲ ਨੁੱਕੜ ਮੀਟਿੰਗਾਂ 'ਚ ਕਿਸਾਨਾਂ ਦੀ ਤਾਜ਼ਾ ਸਥਿਤੀ ਦਾ ਜਾਇਜ਼ਾ ਲੈਣ ਪਿੱਛੋਂ ਗੱਲਬਾਤ ਕਰ ਰਹੇ ਸਨ। ਉਨ੍ਹਾਂ ਨੇ ਝੋਨੇ ਦੀ ਸਾਂਭ ਸੰਭਾਲ ਤੇ ਡੀਏਪੀ ਖਾਦ ਦੀ ਥੁੜ ਤੇ ਮਗਰਮੱਛ ਦੇ ਹੰਝੂ ਵਹਾ ਕੇ ਪੰਜਾਬ ਸਰਕਾਰ ਨੂੰ ਕੋਸ ਰਹੇ ਅਖੌਤੀ ਕਿਸਾਨ ਹਿਤੈਸ਼ੀ ਕੇਂਦਰੀ ਰੇਲ ਰਾਜ ਮੰਤਰੀ ਰਵਨੀਤ ਬਿੱਟੂ ਸਣੇ ਪੰਜਾਬ ਭਾਜਪਾ ਦੀ ਸੀਨੀਅਰ ਲੀਡਰਸ਼ਿਪ ਨੂੰ ਆੜੇ ਹੱਥੀਂ ਲਿਆ ਤੇ ਕਿਹਾ ਕਿ ਪੰਜਾਬ ਭਾਜਪਾ ਨੂੰ ਕਿਸਾਨਾਂ ਦੀ ਕੱਟੜ ਹਿਤੈਸ਼ੀ ਸੂਬਾ ਭਗਵੰਤ ਮਾਨ ਸਰਕਾਰ ਦੀ ਬੇਲੋੜੀ ਆਲੋਚਨਾ ਕਰਨ ਦੀ ਬਜਾਏ ਆਪਣੇ ਬਿਆਨਾਂ ਤੇ ਐਕਸ਼ਨਾਂ ਦੀਆਂ ਤੋਪਾਂ ਦੇ ਮੂੰਹ ਭਾਜਪਾ ਦੀ ਅਗਵਾਈ ਵਾਲੀ ਕੇਂਦਰੀ ਮੋਦੀ ਸਰਕਾਰ ਵਿਰੁੱਧ ਖੋਲ ਕੇ ਪ੍ਰਧਾਨ ਮੰਤਰੀ ਦੀ ਦਿੱਲੀ 'ਚ ਰਿਹਾਇਸ਼ ਅੱਗੇ ਮੁਜ਼ਾਹਰੇ ਕਰਨੇ ਚਾਹੀਦੇ ਹਨ ਕਿਉਂਕਿ ਭਾਜਪਾ ਦੇ ਵੱਡੇ ਆਗੂ ਤੇ ਸਾਬਕਾ ਮੁੱਖ ਮੰਤਰੀ ਪੰਜਾਬ ਕੈਪਟਨ ਅਮਰਿੰਦਰ ਸਿੰਘ ਵੀ ਗੁਹਾਰ ਲਗਾ ਰਹੇ ਹਨ ਅਤੇ ਪੰਜਾਬ ਭਾਜਪਾ ਪਰਧਾਨ ਸੁਨੀਲ ਜਾਖੜ ਵੀ ਪ੍ਰਧਾਨ ਮੰਤਰੀ ਮੋਦੀ ਤੇ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨਾਲ ਮੀਟਿੰਗਾਂ ਕਰਨ ਪਿੱਛੋਂ ਪੰਜਾਬ ਭਾਜਪਾ ਤੋਂ ਇਸ ਕਰਕੇ ਪੈਰ ਪਿੱਛੇ ਖਿੱਚ ਕੇ ਚੁੱਪ ਕਰਕੇ ਬੈਠ ਗਏ ਹਨ ਕਿ ਝੋਨੇ ਦੀ ਵਿਕਰੀ ਸਣੇ ਹੋਰ ਪੰਜਾਬ ਦੇ ਭੱਖਦੇ ਮੁੱਦਿਆਂ ਤੇ ਉਨ੍ਹਾਂ ਸਮੇਤ ਪੰਜਾਬ ਭਾਜਪਾ ਲੀਡਰਸ਼ਿਪ ਕੋਲੋਂ ਕੇਂਦਰ ਸਰਕਾਰ ਕੋਈ ਰਾਏ ਨਹੀਂ ਲੈ ਰਹੀ, ਜਿਸ ਤੋਂ ਪ੍ਰਤੱਖ ਹੋ ਗਿਆ ਹੈ ਕਿ ਝੋਨੇ ਦੀ ਖ੍ਰੀਦ ਮਾਮਲੇ ਸਣੇ ਹੋਰ ਕਿਸਾਨੀ ਮੁੱਦਿਆਂ ਹੱਲ ਲਈ ਕੇਂਦਰੀ ਮੋਦੀ ਸਰਕਾਰ ਪੰਜਾਬ ਦੇ ਕਿਸਾਨਾਂ ਕੋਲੋਂ ਕਿਸਾਨ ਵਿਰੋਧੀ ਤਿੰਨ ਖੇਤੀ ਬਿੱਲਾਂ ਨੂੰ ਦਿੱਲੀ ਦੀਆਂ ਹੱਦਾਂ ਤੇ 750 ਕਿਸਾਨਾਂ ਦੀਆਂ ਸ਼ਹੀਦੀਆਂ ਦੇ ਕੇ ਕਿਸਾਨ ਮਾਰੂ ਬਿੱਲ ਰੱਦ ਕਰਵਾਉਣ ਲਈ ਪੰਜਾਬ ਦੀ ਕਿਸਾਨੀ ਵਲੋਂ ਮੋਦੀ ਸਰਕਾਰ ਵਿਰੁੱਧ ਲੜੇ ਗਏ ਸਾਲ ਭਰ ਤਿੱਖੇ ਤੇ ਬੱਝਵੇਂ ਅੰਦੋਲਨ ਦਾ ਬਦਲਾ ਲੈ ਰਹੀ ਹੈ।

ਸੂਬਾ ਕਿਸਾਨ ਆਗੂ ਜਸਬੀਰ ਸਿੰਘ ਸੁਰਸਿੰਘ ਨੇ ਇਹ ਵੀ ਕਿਹਾ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਵਲੋਂ ਕਿਸਾਨਾਂ ਦੇ ਹਿੱਤਾਂ ਨੂੰ ਸੁਰੱਖਿਅਤ ਰੱਖਣ ਲਈ ਸੰਬੰਧਿਤ ਸਰਕਾਰੀ ਮਸੀਨਰੀ ਨੂੰ ਮੰਡੀਆਂ ਚ ਝੋਕਣ ਤੋਂ ਇਲਾਵਾ ਝੋਨੇ ਦੀ ਸਾਂਭ ਸੰਭਾਲ ਲਈ ਪੰਜਾਬ ਦੇ ਗੋਦਾਮਾਂ 'ਚ ਪਿਛਲੇ ਪਏ ਝੋਨੇ/ਚੌਲਾਂ ਨੂੰ ਚੁਕਵਾ ਕੇ ਗੋਦਾਮਾਂ ਨੂੰ ਖਾਲੀ ਕਰਵਾ ਕੇ ਨਵੇਂ ਝੋਨੇ ਦੇ ਭੰਡਾਰਨ ਦੀ ਵਿਵਸਥਾ ਕਰਨ ਹਿਤ ਕੇਂਦਰੀ ਸਰਕਾਰ ਨੂੰ ਉਸਦੀ ਬਣਦੀ ਜ਼ਿੰਮੇਵਾਰੀ ਦਾ ਅਹਿਸਾਸ ਕਰਵਾਉਣ ਲਈ ਕੇਂਦਰੀ ਵਜੀਰਾਂ ਨਾਲ ਮੀਟਿੰਗਾਂ ਕਰਕੇ ਕਿਸਾਨਾਂ ਦੀ ਇਸ ਝੋਨੇ ਦੀ ਭੱਖਦੀ ਸਮੱਸਿਆ ਦਾ ਹੱਲ ਕਰਨ ਅਤੇ ਪੰਜਾਬ ਦੇ ਹਿੱਸੇ ਦੀ ਡੀ ਏ ਪੀ ਖਾਦ ਦਾ ਕੋਟਾ ਜਾਰੀ ਕਰਨ ਲਈ ਵੀ ਮੁੱਦਾ ਉਠਾ ਚੁੱਕੇ ਹਨ।

ਉਨ੍ਹਾਂ ਇਹ ਵੀ ਕਿਹਾ ਕਿ ਕਿਸਾਨਾਂ ਤੇ ਪੰਜਾਬ ਸਰਕਾਰ ਵੱਲੋਂ ਝੋਨੇ ਦੇ ਭੰਡਾਰਨ ਦੀ ਸਮੱਸਿਆ ਦੇ ਹੱਲ ਲਈ ਸੜਕਾਂ 'ਤੇ ਉਤਰਨ ਦੇ ਬਾਵਜੂਦ ਕੇਂਦਰ ਕੋਲ ਕਿਸਾਨਾਂ ਦੀ ਆਵਾਜ਼ ਪਹੁੰਚਾਉਣ 'ਚ ਪੰਜਾਬ ਭਾਜਪਾ ਨੂੰ ਸੱਪ ਸੁੰਘ ਗਿਆ ਹੈ।

# ਮਾਂ ਮਾਤੇਸ਼ਵਰੀ ਮੰਦਰ ਵੱਲੋਂ ਢੋਲਵਾਹਾ ਵਿਖੇ ਮੁਫਤ ਸਿਲਾਈ ਟ੍ਰੇਨਿੰਗ ਸੈਂਟਰ ਖੋਲ੍ਹਿਆ ਜਾਵੇਗਾ : ਰਵੀ ਗਾਂਧੀ




**ਟਾਂਡਾ ਉੜਮੁੜ ( ਜਸਵਿੰਦਰ ਸੰਧੂ, ਓਂਕਾਰ ਸਿੰਘ)**- ਪਿੰਡ ਢੋਲਵਾਹਾ ਵਿਖੇ ਜਲਦ ਖੋਲਿਆ ਜਾ ਰਿਹਾ ਮੁਫਤ ਸਿਲਾਈ ਟ੍ਰੇਨਿੰਗ ਸੈਂਟਰ ਦੀਆਂ ਤਿਆਰੀਆਂ ਸਬੰਧੀ ਵਿਚਾਰ ਵਿਟਾਂਦਰਾ ਕਰਨ ਲਈ ਮਾਂ ਮਾਤੇਸ਼ਵਰੀ ਮੰਦਰ ਢੋਲਵਾਹਾ ਜਨੋੜੀ ਦੇ ਸਰਪ੍ਰਸਤ ਠਾਕੁਰ ਰਵੀ ਗਾਂਧੀ ਦੀ ਅਗਵਾਈ ਵਿੱਚ ਮੰਦਰ ਦੇ ਹੈਡ ਆਫਿਸ ਟਾਂਡਾ ਵਿਖੇ ਇੱਕ ਹੰਗਾਮੀ ਮੀਟਿੰਗ ਦਾ ਆਯੋਜਨ ਕੀਤਾ ਗਿਆ। ਇਸ ਮੀਟਿੰਗ ਵਿੱਚ ਸੰਦੀਪ, ਅਰਮਾਨ, ਅਰਸ਼, ਹਨੀ, ਕਰਨ, ਜਤਿਨ, ਮਨੀ, ਹਰਪਾਲ ਸਿੰਘ, ਜਸਵਿੰਦਰ ਸਿੰਘ, ਸਤਨਾਮ ਸਿੰਘ, ਗੌਰਵ, ਪਰਮਿੰਦਰ ਸਿੰਘ, ਗੁਲਾਬ ਸਿੰਘ ਅਤੇ ਹੋਰ ਵੱਖ ਵੱਖ ਧਾਰਮਿਕ, ਸਮਾਜਿਕ ਸੰਸਥਾਵਾਂ ਦੇ ਆਗੂ ਹਾਜ਼ਰ ਸਨ।

ਮੀਟਿੰਗ 'ਚ ਸ਼ਾਮਿਲ ਇਕੱਠ ਨੂੰ ਸੰਬੋਧਨ ਕਰਦੇ ਹੋਏ ਠਾਕੁਰ ਰਵੀ ਗਾਂਧੀ ਨੇ ਕਿਹਾ ਕਿ ਪਿੰਡ ਢੋਲਵਾਹਾ ਅਤੇ ਲਾਗਲੇ ਪੈਂਦੇ ਪਿੰਡਾਂ ਦੇ ਲੜਕੇ-ਲੜਕੀਆਂ ਨੂੰ ਸਿਲਾਈ ਸਿੱਖਿਆ ਲੈਣ ਲਈ ਦੂਰ ਦੁਰਾਡੇ ਜਾਣਾ ਪੈ ਰਿਹਾ ਸੀ ਜਿਸਦੇ ਸਦਕਾ ਫੀਸਾਂ ਤੋਂ ਇਲਾਵਾ ਵਾਧੂ ਖਰਚਾ ਸਹਿਣਾ ਪੈ ਰਿਹਾ ਸੀ। ਉਨ੍ਹਾਂ ਕਿਹਾ ਕਿ ਇਨ੍ਹਾਂ ਬੱਚਿਆਂ ਨੂੰ ਦਰਪੇਸ਼ ਆ ਰਹੀਆਂ ਮੁਸ਼ਕਿਲਾਂ ਅਤੇ ਲੋਕਾਂ ਦੀ ਚਿਰਕਾਲ ਤੋਂ ਚੱਲੀ ਆ ਰਹੀ ਮੰਗ ਨੂੰ ਮੁੱਖ ਰੱਖਦੇ ਹੋਏ ਮਾਂ ਮਾਤੇਸ਼ਵਰੀ ਮੰਦਰ ਵੱਲੋਂ ਪਿੰਡ ਢੋਲਵਾਹਾ ਵਿਖੇ ਜਲਦ ਹੀ ਮੁਫਤ ਸਿਲਾਈ ਸੈਂਟਰ ਖੋਲਿਆ ਜਾ ਰਿਹਾ ਹੈ। ਰਵੀ ਗਾਂਧੀ ਨੇ ਕਿਹਾ ਕਿ ਨਵੇਂ ਖੋਲੇ ਜਾ ਰਹੇ ਮੁਫਤ ਸਿਲਾਈ ਸੈਂਟਰ ਵਿੱਚ ਵਿਦਿਆਰਥੀਆਂ ਨੂੰ ਜਿੱਥੇ ਟ੍ਰੇਂਡ ਅਧਿਆਪਕ ਸਿਲਾਈ ਟ੍ਰੇਨਿੰਗ ਦੇਣਗੇ ਉੱਥੇ ਵਿਦਿਆਰਥੀਆਂ ਨੂੰ ਮਾਂ ਮਾਤੇਸ਼ਵਰੀ ਮੰਦਰ ਵੱਲੋਂ ਹਰ ਪ੍ਰਕਾਰ ਦੀਆਂ ਸਹੂਲਤਾਂ ਵੀ ਮੁਹੱਈਆ ਕਰਵਾਈਆਂ ਜਾਣਗੀਆਂ। ਉਨ੍ਹਾਂ ਕਿਹਾ ਕਿ ਸਲਾਈ ਟ੍ਰੇਨਿੰਗ ਦਾ ਕੋਰਸ ਪੂਰਾ ਹੋਣ ਤੇ ਵਿਦਿਆਰਥੀਆਂ ਨੂੰ ਇੰਟਰਨੈਸ਼ਨਲ ਸਰਟੀਫਿਕੇਟ ਦਿੱਤੇ ਜਾਣਗੇ। ਉਨ੍ਹਾਂ ਕਿਹਾ ਕਿ ਇਹ ਸਰਟੀਫਿਕੇਟ ਹਾਸਲ ਕਰਨ ਉਪਰੰਤ ਵਿਦਿਆਰਥੀ ਦੇਸ਼ ਵਿਦੇਸ਼ ਵਿੱਚ ਜਾ ਕੇ ਆਪਣੇ ਸਿੱਖੇ ਹੋਏ ਕਿਤੇ ਦੇ ਹੁਨਰ ਦੀ ਬਦੌਲਤ ਰੋਜ਼ੀ ਰੋਟੀ ਕਮਾ ਕੇ ਆਪਣੇ ਤੇ ਆਪਣੇ ਪਰਵਾਰ ਦਾ ਪਾਲਣ ਪੋਸ਼ਣ ਕਰ ਸਕਦੇ ਹਨ। ਉਨ੍ਹਾਂ ਕਿਹਾ ਕਿ ਅੱਜ ਦੇ ਇਸ ਮਹਿੰਗਾਈ ਭਰੇ ਯੁੱਗ ਵਿੱਚ ਹਰ ਨੌਜਵਾਨ ਵਰਗ ਨੂੰ ਕੀਤਾ ਮੁਖੀ ਹੋਣਾ ਬਹੁਤ ਜਰੂਰੀ ਹੈ।

# ਐੱਸ ਡੀ ਐੱਮ ਨੇ ਟੀਮ ਨਾਲ ਪਿੰਡਾਂ 'ਚ ਜਾ ਕੇ ਪਰਾਲੀ ਨਾ ਸਾੜਨ ਸੰਬੰਧੀ ਕੀਤੀਆਂ ਹਦਾਇਤਾਂ



**ਭੁਲੱਥ, (ਮਨਪ੍ਰੀਤ ਸਿੰਘ)**-ਸਬ ਡਵੀਜ਼ਨ ਕਸਬਾ ਭੁਲੱਥ ਦੇ ਵੱਖ ਵੱਖ ਪਿੰਡਾਂ ਵਿੱਚ ਐਸ ਡੀ ਐਮ ਭੁਲੱਥ ਡੈਵੀ ਗੋਇਲ ਵੱਲੋਂ ਆਪਣੀ ਟੀਮ ਸਮੇਤ ਪਹੁੰਚ ਕੇ ਲੋਕਾਂ ਨੂੰ ਪਰਾਲੀ ਨਾ ਸਾੜਨ ਸਬੰਧੀ ਹਦਾਇਤਾਂ ਕੀਤੀਆਂ। ਗੋਇਲ ਨੇ ਕਿਸਾਨਾਂ ਨੂੰ ਮਾਨਯੋਗ ਸੁਪਰੀਮ ਕੋਰਟ ਵੱਲੋਂ ਜਾਰੀ ਹੁਕਮਾਂ ਤੇ ਗਰੀਨ ਟਰਬਿਊਨਲ ਦੀਆਂ ਹਦਾਇਤਾਂ ਤੋਂ ਵੀ ਜਾਣੂ ਕਰਵਾਇਆ ਤੇ ਇਹਨਾਂ ਦੀ ਪਾਲਣਾ ਕਰਨ ਲਈ ਹਦਾਇਤਾਂ ਜਾਰੀ ਕੀਤੀਆਂ। ਉਹਨਾਂ ਕਿਹਾ ਕਿ ਜੇਕਰ ਅਸੀਂ ਆਪਣੇ ਬੱਚਿਆਂ ਨੂੰ ਸ਼ੁੱਧ ਵਾਤਾਵਰਨ ਦੇਣਾ ਚਾਹੁੰਦੇ ਹਾਂ ਤਾਂ ਸਾਨੂੰ ਖੇਤਾਂ ਵਿੱਚ ਪਰਾਲੀ ਜਾਂ ਫਿਰ ਪਰਾਲੀ ਦੀ ਰਹਿੰਦ ਖੂਹੰਦ ਨੂੰ ਅੱਗ ਨਹੀਂ ਲਾਉਣੀ ਚਾਹੀਦੀ। ਪਰਾਲੀ ਦੀ ਅੱਗ ਦੇ ਨਾਲ ਜਿੱਥੇ ਖੇਤਾਂ ਕਿਨਾਰੇ ਖੜੇ ਦਰਖਤ ਸੜ ਜਾਂਦੇ ਹਨ ਉਥੇ ਧਰਤੀ ਵਿਚਲੇ ਲਘੂ ਤੱਤ ਵੀ ਖਤਮ ਹੋ ਜਾਂਦੇ ਹਨ, ਜਿਸ ਨਾਲ ਭਵਿੱਖ ਵਿੱਚ ਕਿਸਾਨਾਂ ਨੂੰ ਭਾਰੀ ਨੁਕਸਾਨ ਝੱਲਣਾ ਪੈਂਦਾ ਹੈ। ਵਾਤਾਵਰਨ ਨੂੰ ਪ੍ਰਦੂਸ਼ਣ ਤੋਂ ਬਚਾਉਣ ਲਈ ਪਰਾਲੀ ਨੂੰ ਅੱਗ ਨਾ ਲਗਾਈ ਜਾਵੇ, ਝੋਨੇ ਦੀ ਪਰਾਲੀ ਨੂੰ ਅੱਗ ਲਗਾਈ ਜਾਣ ਕਰਕੇ ਉੱਠ ਰਹੇ ਧੂਏਂ ਕਰਕੇ ਕਈ ਥਾਵਾਂ 'ਤੇ ਸੜਕਾਂ ਉੱਪਰ ਹਾਦਸੇ ਵਾਪਰ ਜਾਂਦੇ ਹਨ, ਜਿਸ ਕਰਕੇ ਕਈ ਘਰਾਂ ਦੇ ਚਿਰਾਗ ਬੁੱਝ ਜਾਂਦੇ ਹਨ। ਗੋਇਲ ਨੇ ਦੱਸਿਆ ਕਿ ਬਹੁਤ ਸਾਰੇ ਪਰਾਲੀ ਸਾੜਨ ਵਾਲੇ ਲੋਕਾਂ 'ਤੇ ਪ੍ਰਸ਼ਾਸਨ ਵੱਲੋਂ ਪੂਰੀ ਤਰ੍ਹਾਂ ਸ਼ਿਕੰਜਾ ਕੱਸਿਆ ਗਿਆ ਹੈ, ਉਨ੍ਹਾਂ ਨੂੰ ਭਾਰੀ ਜੁਰਮਾਨਾ ਤੇ ਐਫ ਆਈ ਆਰ ਦਰਜ ਕੀਤੇ ਜਾ ਚੁੱਕੇ ਹਨ ਤੇ ਪਰਾਲੀ ਸਾੜਨ ਤੋਂ ਨਾ ਰੁਕਣ 'ਤੇ ਮਾਲ ਰਿਕਾਰਡ ਵਿੱਚ ਲਾਲ ਸ਼ਾਹੀ ਦੀ ਐਂਟਰੀ ਵੀ ਕੀਤੀ ਜਾਵੇਗੀ। ਇਸ ਮੌਕੇ ਉਨ੍ਹਾਂ ਦੇ ਨਾਲ ਡੀ ਐਸ ਪੀ ਭੁਲੱਥ ਕਰਨੈਲ ਸਿੰਘ, ਨਾਇਬ ਤਹਸੀਲਦਾਰ ਹਰਪ੍ਰੀਤ ਸਿੰਘ ਗਿੱਲ ਤੇ ਹੋਰ ਅਧਿਕਾਰੀ ਮੌਜੂਦ ਸਨ।

# ਆਂਗਣਵਾੜੀ ਮੁਲਾਜ਼ਮ ਯੂਨੀਅਨ ਵੱਲੋਂ 14 ਨੂੰ ਮੁੱਖ ਮੰਤਰੀ ਦੀ ਰਿਹਾਇਸ਼ ਦਾ ਘਿਰਾਓ ਕਰਨ ਦਾ ਐਲਾਨ



**ਨੂਰਮਹਿਲ ( ਬਾਲ ਕ੍ਰਿਸ਼ਨ ਬਾਲੀ )**-ਆਂਗਣਵਾੜੀ ਮੁਲਾਜ਼ਮ ਯੂਨੀਅਨ ਪੰਜਾਬ ਜ਼ਿਲ੍ਹਾ ਜਲੰਧਰ ਵੱਲੋਂ ਜ਼ਿਲ੍ਹਾ ਕਮੇਟੀ ਦੀ ਮੀਟਿੰਗ ਸੂਬਾ ਮੀਤ ਪ੍ਰਧਾਨ, ਜਨਰਲ ਸਕੱਤਰ ਕ੍ਰਿਸ਼ਨਾ ਕੁਮਾਰੀ ਦੀ ਅਗਵਾਈ ਵਿੱਚ ਕੀਤੀ ਗਈ। ਮੀਟਿੰਗ ਵਿੱਚ ਜਨਰਲ ਸਕੱਤਰ ਕ੍ਰਿਸ਼ਨਾ ਕੁਮਾਰੀ ਨੇ ਮੀਟਿੰਗ ਦੇ ਏਜੰਡੇ ਨੂੰ ਰੱਖਦੇ ਹੋਏ ਕਿਹਾ ਕਿ ਕੇਂਦਰ ਅਤੇ ਪੰਜਾਬ ਸਰਕਾਰ ਵੱਲੋਂ ਸਕੀਮ ਵਰਕਰਾਂ ਨੂੰ ਅੱਖੋਂ ਪਰੋਖੇ ਕੀਤਾ ਹੋਇਆ ਹੈ। ਮਾਨਯੋਗ ਸੁਪਰੀਮ ਕੋਰਟ ਵੱਲੋਂ ਬਰਾਬਰ ਕੰਮ ਬਰਾਬਰ ਉਜਰਤ ਦਾ ਫੈਸਲਾ ਬੜੇ ਲੰਬੇ ਸਮੇਂ ਤੋਂ ਦਿੱਤਾ ਹੋਇਆ ਹੈ। ਆਂਗਣਵਾੜੀ ਵਰਕਰਾਂ ਨੂੰ ਘੱਟੋ ਘੱਟ ਉਜਰਤ ਵਿੱਚ ਸ਼ਾਮਿਲ ਕਰਨ ਦੀ ਸਿਫਾਰਸ਼ 44ਵੀਂ 45ਵੀਂ ਅਤੇ 46ਵੀਂ ਲੇਬਰ ਕਾਨਫਰੰਸ ਵਿੱਚ ਹੋਈ ਹੈ।

ਉਸ ਤੋਂ ਬਿਨਾਂ ਮਾਨਯੋਗ ਸੁਪਰੀਮ ਕੋਰਟ ਵੱਲੋਂ ਅਪ੍ਰੈਲ 2022 ਵਿੱਚ ਘੱਟੋ ਘੱਟ ਉਜਰਤ ਦੇਣ ਅਤੇ ਗਰੈਚੁਟੀ ਦਾ ਪ੍ਰਬੰਧ ਕਰਨ ਦੇ ਵੀ ਹੁਕਮ ਦਿੱਤੇ ਹਨ। ਪਰ ਸੂਬੇ ਦੀਆਂ ਸਰਕਾਰਾਂ ਇਹਨਾਂ ਚੀਜ਼ਾਂ ਨੂੰ ਅੱਖੋਂ ਪਰੋਖੇ ਕਰ ਰਹੀਆਂ ਹਨ ਅਤੇ ਆਪਣੀਆਂ ਇਹਨਾਂ ਮੰਗਾਂ ਨੂੰ ਮੁੱਖ ਰੱਖਦੇ ਹੋਏ ਮੀਟਿੰਗ ਵਿੱਚ ਸਰਬ ਸੰਮਤੀ ਨਾਲ ਫੈਸਲਾ ਲਿਆ ਗਿਆ ਕਿ ਪੰਜਾਬ ਸਰਕਾਰ ਵੱਲੋਂ ਵੱਖ ਵੱਖ ਸਮਿਆਂ 'ਤੇ ਹੋਈਆਂ ਮੀਟਿੰਗਾਂ ਵਿੱਚ ਕੀਤੇ ਵਾਅਦੇ ਅਨੁਸਾਰ ਜਿਹੜੀਆਂ ਮੰਗਾਂ ਜਿਵੇਂ ਆਂਗਣਵਾੜੀ ਵਰਕਰਾਂ ਹੈਲਪਰਾਂ ਦੇ ਮਾਣ ਭੱਤੇ ਨੂੰ ਦੁਗਣਾ ਕਰਨਾ, ਤਿੰਨ ਤੋਂ ਛੇ ਸਾਲ ਦੇ ਬੱਚੇ ਆਈਸੀਡੀਐਸ ਨਾਲ ਜੋੜਨੇ, ਨਿੱਜੀਕਰਨ ਨੂੰ ਰੋਕਦੇ ਹੋਏ ਐਨਜੀਓ ਨੂੰ ਦਿੱਤੇ ਸਪਲੀਮੈਂਟਰੀ ਨਿਊਟਰੇਸ਼ਨ ਦਾ ਪ੍ਰੋਜੈਕਟ ਵਾਪਸ ਲੈਣਾ, ਰਹਿੰਦੀ ਭਰਤੀ ਨੂੰ ਪੂਰਾ ਕਰਾਉਣਾ, ਆਂਗਣਵਾੜੀ ਕੇਂਦਰਾਂ ਵਿੱਚ ਸਹੂਲਤਾਂ ਦਾ ਪ੍ਰਬੰਧ ਕਰਾਉਣਾ ਆਦਿ ਹਰ ਵਾਰ ਮੀਟਿੰਗ ਵਿੱਚ ਵਿਚਾਰੀਆਂ ਜਾਂਦੀਆਂ ਹਨ ਅਤੇ ਪੂਰਾ ਕਰਨ ਦਾ ਭਰੋਸਾ ਦਿੱਤਾ ਜਾ ਰਿਹਾ ਹੈ ਪਰ ਇਹ ਸਾਰੇ ਭਰੋਸੇ ਕਾਗਜੀ ਹੀ ਸਾਬਤ ਹੋ ਰਹੇ ਹਨ ਅਤੇ ਜਿਸ ਸਦਕਾ ਸਮੂਹ ਵਰਕਰਾਂ ਵਿੱਚ ਰੋਸ ਹੈ ਅਤੇ ਬੱਚਿਆਂ ਦੇ ਬਚਪਨ ਦੇ ਅਧਿਕਾਰ ਨੂੰ ਬਚਾਉਣ ਸਪਲੀਮੈਂਟਰੀ ਨਿਊਟਰੀਸ਼ਨ ਤਹਿਤ ਚੰਗੀ ਖੁਰਾਕ ਮੁਹੱਈਆ ਕਰਵਾਉਣਾ, ਪੋਸ਼ਣ ਟ੍ਰੈਕ ਦੇ ਨਾਂਅ 'ਤੇ ਬਿਨਾਂ ਮੋਬਾਈਲ ਦਿੱਤੇ ਲਗਾਤਾਰ ਕੀਤੀ ਜਾ ਰਹੀ ਹਰਾਸਮੈਂਟ ਲੈ ਕੇ 14 ਨਵੰਬਰ ਬਾਲ ਦਿਵਸ ਮੌਕੇ ਪੰਜਾਬ ਦੇ ਮੁੱਖ ਮੰਤਰੀ ਨੂੰ ਬਾਲਾਂ ਦੇ ਅਧਿਕਾਰਾਂ ਪ੍ਰਤੀ ਜਗਾਉਣ ਵਾਸਤੇ ਅਤੇ ਆਈਸੀਡੀਐਸ ਨੂੰ ਖਾਤਮੇ ਦੇ ਰਾਹ ਵੱਲ ਜਾਣੋ ਬਚਾਉਣ ਵਾਸਤੇ ਆਈਸੀਡੀਐਸ ਬਚਾਓ ਬਚਪਨ ਬਚਾਓ ਨੂੰ ਲੈ ਕੇ ਮੁੱਖ ਮੰਤਰੀ ਨਿਵਾਸ 'ਤੇ ਪ੍ਰਦਰਸ਼ਨ ਕੀਤਾ ਜਾਵੇਗਾ। ਮੀਟਿੰਗ ਵਿੱਚ ਕੈਸ਼ੀਅਰ ਪਰਮਜੀਤ ਕੌਰ, ਜੁਆਇੰਟ ਸਕੱਤਰ ਰਾਜਨਦੀਪ,ਮੀਤ ਪ੍ਰਧਾਨ ਨਰੰਜਣ ਕੌਰ,ਨਿਰਮਲ ਕੌਰ,ਸ਼ੋਮਾ ਰਾਣੀ,ਸਰਬਜੀਤ ਕੌਰ ਸਾਥੀ ਸ਼ਾਮਲ ਹੋਏ।

# ਟਰੈਫਿਕ ਨਿਯਮਾਂ ਸੰਬੰਧੀ ਜਾਗਰੂਕਤਾ ਕੈਂਪ ਲਗਾਇਆ




**ਬੰਗਾ (ਅਵਤਾਰ ਕਲੇਰ)** ਜ਼ਿਲ੍ਹਾ ਪੁਲਸ ਮੁਖੀ (ਸ਼ ਭ ਸ ਨਗਰ) ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਅਤੇ ਡੀ ਐਸ ਪੀ ਬੰਗਾ ਹਰਜੀਤ ਸਿੰਘ ਦੀ ਅਗਵਾਈ ਵਿੱਚ ਜ਼ਿਲ੍ਹਾ ਟਰੈਫਿਕ ਐਜੂਕੇਸ਼ਨ ਸੈਲ ਦੇ ਇੰਚਾਰਜ ਸੁਭਾਸ਼ ਚੰਦਰ ਦੀ ਅਗਵਾਈ ਵਿੱਚ ਏ ਐਸ ਆਈ ਪ੍ਰਵੀਨ ਕੁਮਾਰ ਵੱਲੋਂ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਸੂੰਢ- ਮਕਸੂਦਪੁਰ ਵਿੱਚ ਟਰੈਫਿਕ ਨਿਯਮਾਂ ਸੰਬੰਧੀ ਜਾਗਰੂਕਤਾ ਕੈਂਪ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਬੱਚਿਆਂ ਨੂੰ ਸੰਬੋਧਨ ਕਰਦੇ ਹੋਏ ਏ ਐਸ ਆਈ ਪ੍ਰਵੀਨ ਕੁਮਾਰ ਨੇ ਕਿਹਾ ਕਿ ਸਾਨੂੰ ਸੜਕ 'ਤੇ ਚਲਦੇ ਸਮੇਂ ਹੈਲਮਟ ਦੀ ਵਰਤੋਂ ਕਰਨੀ ਚਾਹੀਦੀ ਹੈ ਅਤੇ ਚਾਰ ਪਹੀਆ ਵਾਹਨ ਦੀ ਸਵਾਰੀ ਕਰਦੇ ਸਮੇਂ ਸੀਟ ਬੈਲਟ ਦੀ ਵਰਤੋਂ ਜਰੂਰ ਕਰਨੀ ਚਾਹੀਦੀ ਹੈ। ਉਹਨਾਂ ਕਿਹਾ ਕਿ ਦਰਸਾਈ ਗਈ ਰਫਤਾਰ ਦੇ ਤਹਿਤ ਹੀ ਗੱਡੀ ਨੂੰ ਸੜਕ ਤੇ ਚਲਾਉਣਾ ਚਾਹੀਦਾ ਹੈ ਕਿਉਂਕਿ ਜ਼ਿਲ੍ਹਾ ਪੁਲਸ ਵੱਲੋਂ ਹੁਣ ਈ ਚਲਾਨ ਦੀ ਸ਼ੁਰੂਆਤ ਕੀਤੀ ਜਾ ਚੁੱਕੀ ਹੈ ਜਿਸ ਦੇ ਵਿੱਚ ਕੇਵਲ ਇੱਕ ਫੋਟੋ ਖਿੱਚ ਕੇ ਹੀ ਆਨਲਾਈਨ ਚਲਾਉਣ ਕਰ ਦਿੱਤਾ ਜਾਵੇਗਾ, ਇਸ ਦਾ ਕੋਈ ਵੀ ਪੇਪਰ ਵਰਕ ਨਹੀਂ ਕੀਤਾ ਜਾਵੇਗਾ ਅਤੇ ਉਸਦਾ ਭੁਗਤਾਨ ਵੀ ਆਨਲਾਈਨ ਹੀ ਕਰਨਾ ਪਵੇਗਾ ਇਸ ਵਿੱਚ ਕਿਸੇ ਦੀ ਵੀ ਕੋਈ ਸਿਫਾਰਿਸ਼ ਨਹੀਂ ਮੰਨੀ ਜਾਵੇਗੀ। ਉਹਨਾਂ ਕਿਹਾ ਕਿ ਬਿਨਾਂ ਹੈਲਮਟ ਤੋਂ ਸੜਕ 'ਤੇ ਚਲਦੇ ਸਮੇਂ ਬਹੁਤ ਸਾਰੀਆਂ ਦੁਰਘਟਨਾਵਾਂ ਵਾਪਰ ਜਾਂਦੀਆਂ ਹਨ ਜਿਨ੍ਹਾਂ ਵਿੱਚ ਕਈ ਵਾਰ ਜਾਨੀ ਨੁਕਸਾਨ ਵੀ ਹੋ ਜਾਂਦਾ ਹੈ। ਹਮੇਸ਼ਾ ਸੜਕ ਦੇ ਖੱਬੇ ਪਾਸੇ ਅਤੇ ਦਿੱਤੀ ਹੋਈ ਗਤੀ ਅਨੁਸਾਰ ਹੀ ਚੱਲਣਾ ਚਾਹੀਦਾ ਹੈ। ਉਹਨਾਂ ਕਿਹਾ ਕਿ 18 ਸਾਲ ਤੋਂ ਘੱਟ ਉਮਰ ਦੇ ਬੱਚਿਆਂ ਦਾ ਬਾਈਕ ਚਲਾਉਣਾ ਗੈਰ ਕਾਨੂੰਨੀ ਹੈ ਅਤੇ ਇਸ ਦੀ ਸਜ਼ਾ ਉਸ ਨਾਬਾਲਗ ਦੇ ਮਾਪਿਆਂ ਨੂੰ ਤਿੰਨ ਸਾਲ ਜੇਲ੍ਹ ਤੇ 25000 ਰੁਪਏ ਜੁਰਮਾਨਾ ਹੋ ਸਕਦਾ ਹੈ। ਉਹਨਾਂ ਬੱਚਿਆਂ ਦੇ ਮਾਪਿਆਂ ਨੂੰ ਵੀ ਅਪੀਲ ਕੀਤੀ ਕਿ ਉਹ ਨਾਬਾਲਗ ਬੱਚਿਆਂ ਨੂੰ ਕੋਈ ਵੀ ਵਾਹਨ ਸੜਕ 'ਤੇ ਚਲਾਉਣ ਲਈ ਨਾ ਦੇਣ। ਇਸ ਮੌਕੇ ਸਕੂਲ ਮੁਖੀ ਕਰਮਜੀਤ ਸਿੰਘ ਲੈਕ ਅੰਗਰੇਜ਼ੀ, ਸੁਰਜੀਤ ਕੁਮਾਰ ਲੈਕ ਪੰਜਾਬੀ, ਰਾਮ ਲਾਲ ਲੈਕ ਹਿਸਟਰੀ, ਰਾਜਵਿੰਦਰ ਕੌਰ ਹਿੰਦੀ ਮਿਸਟ੍ਰੈਸ, ਪਰਵੀਰ ਸਿੰਘ ਪੰਜਾਬੀ ਮਾਸਟਰ, ਰਾਮਜੀਤ ਅੰਗਰੇਜ਼ੀ ਮਾਸਟਰ, ਲਾਲ ਚੰਦ ਐਸ ਐਸ ਮਾਸਟਰ, ਗੁਰਵਿੰਦਰ ਕੌਰ ਸਾਇੰਸ ਮਿਸਟ੍ਰੈਸ, ਨਵਨੀਤ ਕੌਰ ਸਾਇੰਸ ਮਿਸਟ੍ਰੈਸ, ਅਮਰਜੀਤ ਸਿੰਘ ਵੋਕੇਸ਼ਨਲ ਅਧਿਆਪਕ, ਦਵਿੰਦਰ ਕੌਰ ਵੋਕੇਸ਼ਨਲ ਅਧਿਆਪਕ, ਦਵਿੰਦਰ ਕੌਰ ਕੰਪਿਊਟਰ ਫਕੈਲਿਟੀ, ਸੁਨੀਤਾ ਰਾਣੀ, ਪ੍ਰਭਜੋਤ ਕੌਰ ਅਤੇ ਬੁੱਧ ਰਾਮ ਅਤੇ ਵਿਦਿਆਰਥੀ ਆਦਿ ਹਾਜ਼ਰ ਸਨ।

# ਐੱਲ ਪੀ ਯੂ ਵਿਖੇ ਡੀ ਐੱਸ ਟੀ ਦੇ ਐੱਸ ਈ ਆਰ ਬੀ ਦੁਆਰਾ ਸਪਾਨਸਰ ਟੌਕਸੀਕੋਲੋਜੀ 'ਤੇ ਕਾਨਫਰੰਸ




**ਜਲੰਧਰ (ਸ਼ੈਲੀ ਐਲਬਰਟ)**:-ਜ਼ੂਆਲੋਜੀ ਅਤੇ ਬੋਟਨੀ ਵਿਭਾਗ, ਸਕੂਲ ਆਫ਼ ਬਾਇਓਇੰਜੀਨੀਅਰਿੰਗ ਅਤੇ ਬਾਇਓਸਾਇੰਸ, ਐਲਪੀਯੂ ਨੇ ਵਿਸ਼ ਵਿਗਿਆਨ ਵਿੱਚ ਮੌਜੂਦਾ ਰੁਝਾਨਾਂ 'ਤੇ ਅੰਤਰਰਾਸ਼ਟਰੀ ਕਾਨਫਰੰਸ ਅਤੇ ਸਟੋਕਸ ਦੀ 43ਵੀਂ ਸਾਲਾਨਾ ਮੀਟਿੰਗ ਦਾ ਆਯੋਜਨ ਕੀਤਾ। ਕਾਨਫਰੰਸ ਡੀਐਸਟੀ ਦੇ ਵਿਗਿਆਨ ਅਤੇ ਇੰਜੀਨੀਅਰਿੰਗ ਖੋਜ ਬੋਰਡ (ਐਸ.ਈ.ਆਰ.ਬੀ.) ਦੁਆਰਾ ਸਪਾਂਸਰ ਕੀਤੀ ਗਈ ਸੀ। ਖੇਤਰ ਨੂੰ ਅੱਗੇ ਵਧਾਉਣ ਅਤੇ ਵਿਸ਼ ਵਿਗਿਆਨੀਆਂ ਦੀ ਅਗਲੀ ਪੀੜ੍ਹੀ ਨੂੰ ਸਿੱਖਿਅਤ ਕਰਨ ਲਈ ਵਚਨਬੱਧ, ਸੋਸਾਇਟੀ ਆਫ਼ ਟੌਕਸੀਕੋਲੋਜੀ ਇੰਡੀਆ ਨੇ ਚੰਗੇ ਪ੍ਰਯੋਗਸ਼ਾਲਾ ਅਭਿਆਸਾਂ ਦੀ ਮਹੱਤਤਾ 'ਤੇ ਜ਼ੋਰ ਦਿੱਤਾ ਹੈ। ਅੰਤਰਰਾਸ਼ਟਰੀ ਕਾਨਫਰੰਸ ਨੇ ਜ਼ਹਿਰੀਲੇ ਵਿਗਿਆਨ ਵਿੱਚ ਹਾਲ ਹੀ ਦੀਆਂ ਤਰੱਕੀਆਂ ਨੂੰ ਉਜਾਗਰ ਕਰਨ ਦੇ ਉਦੇਸ਼ ਨਾਲ ਮਹੱਤਵਪੂਰਨ ਮਨੁੱਖੀ ਸਿਹਤ ਅਤੇ ਵਾਤਾਵਰਣ ਸੁਰੱਖਿਆ ਮੁੱਦਿਆਂ 'ਤੇ ਕੇਂਦ੍ਰਤ ਕੀਤਾ।

ਡਾ: ਲੋਵੀ ਰਾਜ ਗੁਪਤਾ, ਪ੍ਰੋ ਵਾਈਸ ਚਾਂਸਲਰ, ਐਲਪੀਯੂ ਅਤੇ ਡਾ. ਨੀਤਾ ਰਾਜ ਸ਼ਰਮਾ, ਸੀਨੀਅਰ ਡੀਨ, ਸਕੂਲ ਆਫ਼ ਬਾਇਓਇੰਜੀਨੀਅਰਿੰਗ ਅਤੇ ਬਾਇਓਸਾਇੰਸ ਨੇ ਡਾ. ਜਤਿੰਦਰ ਪਾਲ ਸਿੰਘ ਗਿੱਲ, ਗਡਵਾਸੂ (ਗੁਰੂ ਅੰਗਦ ਦੇਵ ਵੈਟਰਨਰੀ ਅਤੇ ਐਨੀਮਲ ਸਾਇੰਸਜ਼ ਯੂਨੀਵਰਸਿਟੀ) ਦੇ ਵਾਈਸ ਚਾਂਸਲਰ ਅਤੇ ਸੀ.ਬੀ.ਐਮ.ਆਰ., ਲਖਨਊ ਦੇ ਨਿਰਦੇਸ਼ਕ ਡਾ. ਆਲੋਕ ਧਵਨ ਦਾ ਸਵਾਗਤ ਕੀਤਾ। ਡਾ. ਲੋਵੀ ਰਾਜ ਗੁਪਤਾ ਨੇ ਕਿਹਾ ਕੀ ਵਿਗਿਆਨਕ ਗਿਆਨ ਨੂੰ ਵਧਾਉਣ ਅਤੇ ਟਾਕਸੋਲਾਜੀ ਵਿਗਿਆਨ ਵਿੱਚ ਸਬੂਤ-ਆਧਾਰਿਤ ਅਭਿਆਸਾਂ ਨੂੰ ਉਤਸ਼ਾਹਿਤ ਕਰਨ ਵਿੱਚ ਕਾਨਫਰੰਸ ਦੀ ਮਹੱਤਤਾ ਬਾਰੇ ਗੱਲ ਕੀਤੀ।ਇਹ ਪਲੇਟਫਾਰਮ ਮਹੱਤਵਪੂਰਨ ਜਨਤਕ ਸਿਹਤ ਮੁੱਦਿਆਂ ਨੂੰ ਸੰਬੋਧਿਤ ਕਰਦਾ ਹੈ ਅਤੇ ਵਾਤਾਵਰਣ ਸੁਰੱਖਿਆ ਦੇ ਉਦੇਸ਼ ਨਾਲ ਨਵੀਨਤਾਕਾਰੀ ਖੋਜਾਂ ਨੂੰ ਉਤਸ਼ਾਹਿਤ ਕਰਦਾ ਹੈ।

ਡਾ: ਜਤਿੰਦਰ ਪਾਲ ਸਿੰਘ ਗਿੱਲ ਨੇ ਨੌਜਵਾਨ ਜ਼ਹਿਰੀਲੇ ਵਿਗਿਆਨੀਆਂ ਨੂੰ ਖੋਜ ਪ੍ਰਕਿਰਿਆਵਾਂ ਨੂੰ ਅਨੁਕੂਲ ਬਣਾਉਣ ਲਈ ਲਾਗਤ-ਪ੍ਰਭਾਵਸ਼ਾਲੀ ਸਕ੍ਰੀਨਿੰਗ ਟੈਸਟ ਵਿਕਸਿਤ ਕਰਕੇ ਪਰਿਵਰਤਨਸ਼ੀਲ ਤਬਦੀਲੀ ਲਿਆਉਣ ਲਈ ਉਤਸ਼ਾਹਿਤ ਕੀਤਾ। ਡਾ. ਗਿੱਲ ਨੇ ਕਿਹਾ, ਇਹ ਸਸਤੇ ਸਕਰੀਨਿੰਗ ਵਿਧੀਆਂ ਐਲਸੀ ਐਮਸੀ, ਯੂਪੀਐਲਸੀ ਅਤੇ ਐਚਪੀਐਲਸੀ ਵਰਗੀਆਂ ਮਹਿੰਗੀਆਂ ਤਕਨੀਕਾਂ ਵਿੱਚ ਸ਼ਾਮਲ ਹੋਣ ਤੋਂ ਪਹਿਲਾਂ ਸ਼ੁਰੂਆਤੀ ਨਮੂਨੇ ਦੇ ਮੁਲਾਂਕਣ ਦੀ ਇਜਾਜ਼ਤ ਦੇਣਗੀਆਂ। ਇਹ ਰਣਨੀਤੀ ਲਾਗਤ-ਪ੍ਰਭਾਵ ਨੂੰ ਵਧਾਵਾ ਦੇਵੇਗੀ ਅਤੇ ਵਾਤਾਵਰਣ ਦੀ ਸਿਹਤ ਨੂੰ ਤਰਜੀਹ ਦੇਵੇਗੀ। ਡਾ: ਆਲੋਕ ਧਵਨ ਨੇ ਮਨੁੱਖੀ ਅਤੇ ਵਾਤਾਵਰਣ ਦੀ ਸਿਹਤ ਦੋਵਾਂ ਲਈ ਇਸਦੇ ਵਿਆਪਕ ਪ੍ਰਭਾਵਾਂ 'ਤੇ ਜ਼ੋਰ ਦਿੰਦੇ ਹੋਏ, ਹਰ ਕਿਸੇ ਨੂੰ ਵਿਸ਼ ਵਿਗਿਆਨ 'ਤੇ ਵਧੇਰੇ ਡੂੰਘਾਈ ਨਾਲ ਵਿਚਾਰ ਕਰਨ ਦੀ ਅਪੀਲ ਕੀਤੀ। ਅਸੀਂ ਜ਼ਹਿਰੀਲੇ ਵਿਗਿਆਨ ਖੋਜ ਵਿੱਚ ਇੱਕ ਨਾਜ਼ੁਕ ਮੋੜ 'ਤੇ ਖੜੇ ਹਾਂ, ਜਿੱਥੇ ਸਾਡਾ ਗਿਆਨ ਸਾਡੇ ਭਵਿੱਖ ਨੂੰ ਸੁਰੱਖਿਅਤ ਕਰਨ ਲਈ ਵਿਹਾਰਕ ਹੱਲਾਂ ਵੱਲ ਲੈ ਜਾ ਸਕਦਾ ਹੈ। ਕਾਨਫਰੰਸ ਨੇ ਭਾਗੀਦਾਰਾਂ ਦੀ ਜ਼ਹਿਰ ਵਿਗਿਆਨ ਦੀ ਸਮਝ ਨੂੰ ਡੂੰਘਾ ਕੀਤਾ ਅਤੇ ਉਹਨਾਂ ਨੂੰ ਇੱਕ ਬਹੁ-ਅਨੁਸ਼ਾਸਨੀ ਪਹੁੰਚ ਅਪਣਾਉਣ ਲਈ ਪ੍ਰੇਰਿਤ ਕੀਤਾ, ਜਿਸ ਨਾਲ ਖੇਤਰ ਨੂੰ ਅੱਗੇ ਵਧਾਉਣ ਲਈ ਉਹਨਾਂ ਦੇ ਯਤਨਾਂ ਨੂੰ ਤੇਜ਼ ਕੀਤਾ ਗਿਆ।

# ਧਾਮੀ ਦੇ ਚੌਥੀ ਵਾਰ ਪ੍ਰਧਾਨ ਬਣਨ 'ਤੇ ਸੋਢੀ ਨੇ ਕੀਤਾ ਖੁਸ਼ੀ ਦਾ ਪ੍ਰਗਟਾਵਾ



**ਅੱਡਾ ਸਰਾਂ (ਜਸਵੀਰ ਕਾਜਲ)**

ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੇ ਮੁੜ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਪ੍ਰਧਾਨ ਚੁਣੇ ਜਾਣ 'ਤੇ ਗੁਰਕਮਲ ਸਿੰਘ ਸੋਢੀ ( ਸ਼੍ਰੋਮਣੀ ਅਕਾਲੀ ਦਲ ਬੀ ਜ਼ਿਲ੍ਹਾ ਸੀਨੀਅਰ ਮੀਤ ਪ੍ਰਧਾਨ) ਨੇ ਵਧਾਈ ਦਿੰਦਿਆਂ ਕਿਹਾ ਕਿ ਪੰਥ ਨੇ ਹਮੇਸ਼ਾ ਆਪਣੀ ਜਥੇਬੰਦੀ ਸ਼੍ਰੋਮਣੀ ਕਮੇਟੀ ਨੂੰ ਮਾਣ ਬਹੁਤ ਮਾਣ ਸਤਿਕਾਰ ਦਿੱਤਾ ਹੈ। ਧਾਮੀ ਦੇ ਮੁੜ ਪ੍ਰਧਾਨ ਬਣਨ ਨਾਲ ਪੰਥ ਦੇ ਰਹਿੰਦੇ ਮਸਲੇ ਹੱਲ ਹੋ ਜਾਣਗੇ।ਉਹਨਾਂ ਕਿਹਾ ਕਿ ਧਾਮੀ ਦੇ ਪ੍ਰਧਾਨ ਬਣਨ ਦੀ ਖਬਰ ਸੁਣਦਿਆਂ ਹੀ ਸਿੱਖ ਕੌਮ ਵਿੱਚ ਅਤੇ ਸਾਡੇ ਸਾਰੇ ਇਲਾਕੇ ਵਿੱਚ ਖੁਸ਼ੀ ਦੀ ਲਹਿਰ ਦੌੜ ਗਈ।

# ਪਿੰਡ ਮੌਜੋਮਜਾਰਾ ਠੱਕਰਵਾਲ ਵਿਖੇ ਕਰਵਾਇਆ ਸੰਤ ਸਮਾਗਮ ਤੇ ਕੀਰਤਨ ਦਰਬਾਰ



**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)** ਪਿੰਡ ਮੌਜੋਮਜਾਰਾ ਠੱਕਰਵਾਲ ਵਿਖੇ ਡੇਰਾ ਬ੍ਰਹਮ ਗਿਆਨੀ 108 ਸੰਤ ਬਾਬਾ ਦੂਲਾ ਸਿੰਘ ਜੀ ਦੇ ਤੱਪ ਅਸਥਾਨ 'ਤੇ ਸਮੂਹ ਨਗਰ ਨਿਵਾਸੀਆਂ, ਗ੍ਰਾਮ ਪੰਚਾਇਤ ,ਪ੍ਰਵਾਸੀ ਭਾਰਤੀਆਂ ਦੇ ਸਹਿਯੋਗ ਨਾਲ ਡੇਰੇ ਵੱਲੋਂ ਸੰਤ ਬਾਬਾ ਦੂਲਾ ਸਿੰਘ ਜੀ ਦੇ ਪ੍ਰਕਾਸ਼ ਉਤਸਵ ਮੌਕੇ ਮਹਾਨ ਸੰਤ ਸਮਾਗਮ ਅਤੇ ਕੀਰਤਨ ਦਰਬਾਰ ਡੇਰੇ ਦੇ ਮੁੱਖ ਸੇਵਾਦਾਰ ਸੰਤ ਬਾਬਾ ਹਰਕ੍ਰਿਸ਼ਨ ਸਿੰਘ ਸੋਢੀ ਠੱਕਰਵਾਲ, ਵਾਇਸ ਚੇਅਰਮੈਨ ਨਿਰਮਲ ਸਿੰਘ ਸੰਤ ਮੰਡਲ ਪੰਜਾਬ ਅਤੇ ਸਰਪ੍ਰਸਤ ਨਿਰਮਲ ਭੇਖ ਸੰਤ ਮੰਡਲ ਦੀ ਅਗਵਾਈ ਹੇਠ ਕਰਵਾਏ ਗਏ। ਇਸ ਮੌਕੇ ਬਾਬਾ ਸਰਬਜੀਤ ਸਿੰਘ ਸਾਬੀ, ਬਾਬਾ ਗੁਰਪ੍ਰੀਤ ਸਿੰਘ ਗੋਪੀ ਨੇ ਦੱਸਿਆ ਕਿ ਗੁਰਮਤਿ ਸਮਾਗਮ ਅਤੇ ਕੀਰਤਨ ਦਰਬਾਰ ਮੌਕੇ 21 ਸ਼੍ਰੀ ਅਖੰਡ ਪਾਠ ਸਾਹਿਬ ਜੀ ਦੇ ਲੜੀ ਦੇ ਭੋਗ ਪਾਏ ਗਏ।ਉਪਰੰਤ ਦੀਵਾਨ ਹਾਲ ਵਿੱਚ ਸੰਤ ਬਾਬਾ ਹਰਕ੍ਰਿਸ਼ਨ ਸਿੰਘ ਸੋਢੀ ਠੱਕਰਵਾਲ, ਸੰਤ ਬਾਬਾ ਜਸਵੰਤ ਸਿੰਘ ਖੇੜਾ, ਸੰਤ ਬਾਬਾ ਅਮਰਜੀਤ ਸਿੰਘ ਹਰਖੋਵਾਲ, ਸੰਤ ਬਾਬਾ ਬਲਵੰਤ ਸਿੰਘ ਡੀਗਰੀਆਂ, ਸੰਤ ਬਾਬਾ ਕਸ਼ਮੀਰ ਸਿੰਘ ਕੋਟ ਫਤੂਹੀ, ਸੰਤ ਬਾਬਾ ਹਰਮੀਤ ਸਿੰਘ ਬਨਾ ਸਾਹਿਬ, ਸੰਤ ਬਾਬਾ ਰਣਜੀਤ ਸਿੰਘ ਬਾਹੋਵਾਲ, ਸੁਆਮੀ ਪ੍ਰੀਤਮਾ ਨੰਦ ਹੁੱਕੜਾ, ਸੰਤ ਬਾਬਾ ਸਤਨਾਮ ਦਾਸ ਪੰਡੋਰੀ ਲੱਧਾ ਸਿੰਘ, ਪ੍ਰੋਫੈਸਰ ਹਰਬੰਸ ਸਿੰਘ ਬੋਲੀਨਾ, ਸੰਤ ਬਾਬਾ ਹਰੀ ਓਮ ਮਾਹਿਲਪੁਰ, ਸੰਤ ਰਾਮ ਸਿੰਘ ਟਾਂਡਾ, ਬਾਬਾ ਸ਼ਾਮ ਦਾਸ ਝੰਡੇਰਾ, ਸੰਤ ਬਾਬਾ ਸੰਤੋਖ ਸਿੰਘ ਥੱਲਾ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸੰਤ ਮਹਾਂਪੁਰਸ਼ਾਂ ਤੇ ਰਾਗੀ ਜਥਿਆਂ ਨੇ ਕਥਾ ਕੀਰਤਨ ਹੀ ਸੰਗਤਾਂ ਨੂੰ ਨਿਹਾਲ ਕੀਤਾ। ਇਸ ਮੌਕੇ ਸੰਤ ਬਾਬਾ ਹਰਿਕ੍ਰਿਸ਼ਨ ਸਿੰਘ ਸੋਢੀ ਠੱਕਰਵਾਲ ਨੇ ਆਏ ਹੋਏ ਸੰਤ ਮਹਾਂਪੁਰਸ਼ ਪ੍ਰਮੁੱਖ ਸ਼ਖਸੀਅਤਾਂ ਅਤੇ ਸੰਤ ਮਹਾਂਪੁਰਸ਼ਾਂ ਨੂੰ ਸਿਰਪਾਓ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਬੀਬੀ ਬਲਵੀਰ ਕੌਰ, ਸਰਬਜੀਤ ਸਿੰਘ ਸਾਬੀ, ਗੁਰਪ੍ਰੀਤ ਸਿੰਘ ਗੋਪੀ, ਮਾਸਟਰ ਜਸਵਿੰਦਰ ਸਿੰਘ ਜੱਸੀ, ਦਰਸ਼ਨ ਸਿੰਘ ਰਾਜਾ ਠੱਕਰਵਾਲ, ਗਿਆਨੀ ਸਰਵਣ ਸਿੰਘ ਗ੍ਰੰਥੀ, ਹਰਜੀਤ ਕੌਰ, ਸਤਬੀਰ ਕੌਰ, ਗੁਰਪ੍ਰੀਤ ਸਿੰਘ ਗੋਪੀ, ਗਗਨਪ੍ਰੀਤ ਸਿੰਘ ਤੋਂ ਇਲਾਵਾ ਇਲਾਕੇ ਭਰ ਤੋਂ ਵੱਡੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ।

# ਰਾਜ ਪੱਧਰੀ ਵੁਸ਼ੂ ਮੁਕਾਬਲਿਆਂ 'ਚ ਐਮੀਨੈਂਸ ਸਕੂਲ ਬੰਗਾ ਨੇ ਜਿੱਤੇ ਇੱਕ ਚਾਂਦੀ ਤੇ ਦੋ ਕਾਂਸੀ ਦੇ ਮੈਡਲ



**ਬੰਗਾ (ਅਵਤਾਰ ਕਲੇਰ)** ਪੰਜਾਬ ਸਰਕਾਰ ਅਤੇ ਸਿੱਖਿਆ ਵਿਭਾਗ ਪੰਜਾਬ ਦੇ ਖੇਡ ਵਿੰਗ ਵੱਲੋਂ ਜਲੰਧਰ ਵਿਖੇ ਕਰਵਾਈਆਂ ਗਈਆਂ ਪੰਜਾਬ ਸਕੂਲ ਅੰਤਰ ਜ਼ਿਲ੍ਹਾ ਵੁਸ਼ੂ ਮੁਕਾਬਲਿਆਂ ਵਿੱਚ ਸਕੂਲ ਆਫ ਐਮੀਨੈਂਸ ਬੰਗਾ ਦੇ ਖਿਡਾਰੀਆਂ ਵੱਲੋਂ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਦੋ ਕਾਂਸੀ ਅਤੇ ਇੱਕ ਚਾਂਦੀ ਦਾ ਮੈਡਲ ਜਿੱਤ ਕੇ ਸਕੂਲ ਅਤੇ ਮਾਪਿਆਂ ਦਾ ਨਾਂਅ ਰੋਸ਼ਨ ਕੀਤਾ। ਪ੍ਰਿੰਸੀਪਲ ਅਮਰੀਕ ਸਿੰਘ ਨੇ ਦੱਸਿਆ ਕਿ ਇਹਨਾਂ ਰਾਜ ਪੱਧਰੀ ਮੁਕਾਬਲਿਆਂ ਦੇ ਵਿੱਚੋਂ ਨੌਵੀਂ ਕਲਾਸ ਦੀ ਵਿਦਿਆਰਥਣ ਖੁਸ਼ਬੂ ਵੱਲੋਂ ਚਾਂਦੀ ਦਾ ਮੈਡਲ ,ਨੌਵੀਂ ਕਲਾਸ ਦੀ ਵਿਦਿਆਰਥਣ ਰੋਸ਼ਨੀ ਅਤੇ ਗਿਆਰਵੀਂ ਕਲਾਸ ਦੀ ਵਿਦਿਆਰਥਣ ਚਾਂਦਨੀ ਨੇ ਕਾਂਸੀ ਦਾ ਮੈਡਲ ਜਿੱਤਿਆ।।ਉਹਨਾਂ ਕਿਹਾ ਕਿ ਇਹਨਾਂ ਵਿਦਿਆਰਥਣਾਂ ਵੱਲੋਂ ਸਕੂਲ ਬਲਾਕ ਅਤੇ ਜ਼ਿਲ੍ਹਾ ਪੱਧਰੀ ਮੁਕਾਬਲਿਆਂ ਵਿੱਚ ਵੀ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਮਾਨਮੱਤੀਆਂ ਜਿੱਤਾਂ ਹਾਸਲ ਕੀਤੀਆਂ ਸਨ।,ਇਹਨਾਂ ਵਿਦਿਆਰਥਣਾਂ ਨੂੰ ਸਕੂਲ ਵੱਲੋਂ ਭਵਿੱਖ ਵਿੱਚ ਹਰ ਤਰ੍ਹਾਂ ਦੀ ਸਹੂਲਤ ਪ੍ਰਦਾਨ ਕੀਤੀ ਜਾਵੇਗੀ। ਪ੍ਰਿੰਸੀਪਲ ਅਮਰੀਕ ਸਿੰਘ ਵੱਲੋਂ ਟੀਮ ਦੇ ਕੋਚ ਮਨਜੀਤ ਸਿੰਘ ਗੋਬਿੰਦਪੁਰ ਅਤੇ ਸਮੂਹ ਅਧਿਆਪਕਾਂ ਅਤੇ ਵਿਦਿਆਰਥੀਆਂ ਨੂੰ ਖਾਸ ਤੌਰ 'ਤੇ ਵਧਾਈ ਦਿੱਤੀ ਗਈ।ਇਹਨਾਂ ਤਿੰਨਾਂ ਜੇਤੂ ਖਿਡਾਰਨਾਂ ਦਾ ਸਕੂਲ ਵਿੱਚ ਵਿਸ਼ੇਸ਼ ਤੌਰ 'ਤੇ ਸਨਮਾਨ ਕੀਤਾ ਗਿਆ।ਇਸ ਮੌਕੇ ਸਮੁੱਚਾ ਸਟਾਫ ਹਾਜ਼ਰ ਸੀ।

# ਕਿਸਾਨ ਗੁਰਪ੍ਰੀਤ ਸਿੰਘ ਸਿੰਗਲ ਸੁਪਰ ਫ਼ਾਸਫ਼ੇਟ ਤੇ ਯੂਰੀਆ ਮਿਲਾ ਕੇ ਪਾ ਰਿਹੈ ਆਲੂਆਂ ਦੇ ਖੇਤਾਂ 'ਚ



**ਖਰੜ (ਸਾਹਿਬਜ਼ਾਦਾ ਅਜੀਤ ਸਿੰਘ ਨਗਰ), (ਗੁਰਜੀਤ ਬਿੱਲਾ)**- ਜ਼ਿਲ੍ਹੇ ਦੇ ਮੁੱਖ ਖੇਤੀਬਾੜੀ ਅਫ਼ਸਰ, ਡਾ. ਗੁਰਮੇਲ ਸਿੰਘ ਨੇ ਅੱਜ ਇੱਥੇ ਆਖਿਆ ਕਿ ਜ਼ਿਲ੍ਹੇ 'ਚ ਕਿਸਾਨਾਂ ਨੂੰ ਡਾਇਆ ਅਮੋਨੀਅਮ ਫ਼ਾਸਫ਼ੇਟ 'ਚੋਂ ਹੀ ਕਣਕ ਜਾਂ ਆਲੂ ਦੀ ਬਿਜਾਈ ਵਾਸਤੇ ਫ਼ਾਸਫ਼ੋਰਸ ਤੱਤ 'ਤੇ ਹੀ ਨਿਰਭਰ ਰਹਿਣ ਦੀ ਲੋੜ ਨਹੀਂ।ਉਨ੍ਹਾਂ ਕਿਹਾ ਕਿ ਜ਼ਿਲ੍ਹੇ 'ਚ ਬਹੁਤ ਸਾਰੇ ਅਗਾਂਹਵਧੂ ਕਿਸਾਨ ਫ਼ਾਸਫ਼ੋਰਸ ਤੱਤ ਦੀ ਪੂਰਤੀ ਬਜ਼ਾਰ 'ਚ ਉਪਲਬਧ ਦੂਸਰੀਆਂ ਉੱਚ ਗੁਣਵੱਤਾਂ ਦੀਆਂ ਖਾਦਾਂ ਤੋਂ ਸਫ਼ਲਪੂਰਵਕ ਕਰ ਰਹੇ ਹਨ, ਜਿਸ ਦਾ ਉਨ੍ਹਾਂ ਦੇ ਝਾੜ 'ਤੇ ਕੋਈ ਮਾੜਾ ਅਸਰ ਨਹੀਂ ਪਿਆ।ਪਿੰਡ ਗੀਗੇਮਾਜਰਾ ਦੇ ਕਿਸਾਨ ਗੁਰਪ੍ਰੀਤ ਸਿੰਘ ਦਾ ਹਵਾਲਾ ਦਿੰਦਿਆਂ ਉਨ੍ਹਾਂ ਕਿਹਾ ਕਿ ਗੁਰਪ੍ਰੀਤ ਸਿੰਘ ਦਾ ਪਿਛਲੇ ਸਾਲ ਡੀਏਪੀ ਦੀ ਥਾਂ ਆਲੂ ਦੇ ਖੇਤਾਂ 'ਚ ਸਿੰਗਲ ਸੁਪਰ ਫ਼ਾਸਫ਼ੇਟ ਦੇ ਨਾਲ ਯੂਰੀਆ ਮਿਲਾ ਕੇ ਫ਼ਾਸਫ਼ੋਰਸ ਤੱਤ ਦੀ ਪੂਰਤੀ ਕਰਨ ਦਾ ਤਜਰਬਾ ਬੜਾ ਕਾਮਯਾਬ ਰਿਹਾ, ਜਿਸ ਨਾਲ ਝਾੜ ਪੂਰਾ ਰਿਹਾ।ਕਿਸਾਨ ਗੁਰਪ੍ਰੀਤ ਸਿੰਘ ਅਨੁਸਾਰ ਉਸ ਵੱਲੋਂ ਪਿਛਲੇ ਸਾਲ ਦੇ ਆਪਣੇ ਤਜਰਬੇ ਤੋਂ ਉਤਸ਼ਾਹ ਲੈ ਕੇ ਉਹ ਇਸ ਸਾਲ ਵੀ ਇਹੀ ਖਾਦ ਮਿਸ਼ਰਣ ਆਪਣੇ ਖੇਤਾਂ 'ਚ ਵਰਤ ਰਿਹਾ ਹੈ। ਉਸ ਦਾ ਕਹਿਣਾ ਹੈ ਕਿ ਜਦੋਂ ਅਸੀਂ ਬਜ਼ਾਰ 'ਚ ਕੇਵਲ ਇੱਕੋ ਖਾਦ ਦੀ ਮੰਗ ਵਧਾ ਦਿੰਦੇ ਹਾਂ ਤਾਂ ਆਰਥਿਕ ਵਰਤਾਰੇ ਅਨੁਸਾਰ ਉਸ ਦੀ ਸਪਲਾਈ 'ਚ ਕਮੀ ਆਉਣੀ ਸੁਭਾਵਿਕ ਹੈ, ਇਸ ਲਈ ਜੇਕਰ ਅਸੀਂ ਬਦਲਵੀਆਂ ਖਾਦਾਂ ਦੀ ਵਰਤੋਂ ਕਰਨ ਦੀ ਆਦਤ ਪਾ ਲਈਏ ਤਾਂ ਬਜ਼ਾਰ 'ਚ ਹਰੇਕ ਖਾਦ ਦੀ ਤਰਕਸੰਗਤ ਸਪਲਾਈ ਉਪਲਬਧ ਰਹੇਗੀ। ਖੇਤੀਬਾੜੀ ਵਿਸਥਾਰ ਅਫ਼ਸਰ ਸੁੱਚਾ ਸਿੰਘ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਕਣਕ ਅਤੇ ਆਲੂ ਦੀ ਬਿਜਾਈ ਲਈ ਲੋੜੀਂਦੇ ਫ਼ਾਸਫ਼ੋਰਸ ਤੱਤ ਦੀ ਪੂਰਤੀ ਬਜ਼ਾਰ 'ਚ ਉਪਲਬਧ ਹੋਰਨਾਂ ਖਾਦ ਮਿਸ਼ਰਣਾਂ ਜਿਵੇਂ ਕਿ ਐਨਪੀਕੇ (ਨਾਈਟ੍ਰੋਜਨ, ਫ਼ਾਸਫ਼ੋਰਸ, ਪੋਟਾਸ਼ੀਅਮ), ਟ੍ਰਿਪਲ ਸੁਪਰਫਾਸਫ਼ੇਟ, ਸਿੰਗਲ ਸੁਪਰਫਾਸਫ਼ੇਟ ਆਦਿ ਤੋਂ ਵੀ ਕਰ ਸਕਦੇ ਹਨ। ਇਸ ਲਈ ਇਕੱਲੇ ਡੀਏਪੀ 'ਤੇ ਨਿਰਭਰ ਨਾ ਰਿਹਾ ਜਾਵੇ।

# ਪੀ ਏ ਯੂ ਖੇਤੀਬਾੜੀ ਕਾਲਜ ਤੇ ਖੇਤਰੀ ਖੋਜ ਕੇਂਦਰ ਬੱਲੋਵਾਲ ਸੌਂਖੜੀ ਦਾ ਵਿੱਦਿਅਕ ਦੌਰਾ



**ਬਲਾਚੌਰ (ਜਸਵਿੰਦਰ ਬੈਂਸ)**—ਵਿਦਿਆਰਥੀਆਂ ਨੂੰ ਖੇਤੀਬਾੜੀ ਵਿੱਚ ਗਿਆਨ ਅਤੇ ਅਨੁਭਵ ਪ੍ਰਦਾਨ ਕਰਨ ਲਈ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਮਹਿੰਦੀਪੁਰ ਦੇ ਵਿਦਿਆਰਥੀਆਂ ਨੇ ਪੀ.ਏ.ਯੂ.-ਖੇਤੀਬਾੜੀ ਕਾਲਜ ਅਤੇ ਖੇਤਰੀ ਖੋਜ ਕੇਂਦਰ ਬੱਲੋਵਾਲ ਸੌਂਖੜੀ ਦਾ ਵਿੱਦਿਅਕ ਦੌਰਾ ਕੀਤਾ। ਕਾਲਜ ਦੇ ਕਮੇਟੀ ਰੂਮ ਵਿੱਚ ਵਿਦਿਆਰਥੀਆਂ ਦਾ ਨਿੱਘਾ ਸੁਆਗਤ ਗਿਆ ਅਤੇ ਗਿਆਨ ਭਰਪੂਰ ਓਰੀਐਂਟੇਸ਼ਨ ਸੈਸ਼ਨ ਹੋਇਆ। ਟੂਰ ਕੋਆਰਡੀਨੇਟਰ ਡਾ. ਵਿਜੇ ਕੁਮਾਰ ਨੇ ਵਿਦਿਆਰਥੀਆਂ ਨੂੰ ਪੰਜਾਬ ਐਗਰੀਕਲਚਰਲ ਯੂਨੀਵਰਸਿਟੀ ਦੇ ਅਮੀਰ ਇਤਿਹਾਸ ਅਤੇ ਯੂਨੀਵਰਸਿਟੀ ਵੱਲੋਂ ਦਿੱਤੀਆਂ ਜਾ ਰਹੀਆਂ ਸੇਵਾਵਾਂ ਬਾਰੇ ਦੱਸਿਆ।ਡਾ. ਅਬਰਾਰ ਯੂਸਫ਼ ਅਕੈਡਮਿਕ ਕੋਆਰਡੀਨੇਟਰ, ਪੀ.ਏ.ਯੂ. ਖੇਤੀਬਾੜੀ ਕਾਲਜ ਨੇ ਵਿਦਿਆਰਥੀਆਂ ਨੂੰ ਕਾਲਜ ਵੱਲੋਂ ਚਲਾਏ ਜਾ ਰਹੇ ਕੋਰਸ ਬੀ. ਐਸ.ਸੀ. (ਖੇਤੀਬਾੜੀ) ਵਿੱਚ ਦਾਖਲਾ ਲੈਣ ਅਤੇ ਇਸ ਦੀ ਪੜ੍ਹਾਈ ਕਰਨ ਦੇ ਨਾਲ ਰੁਜ਼ਗਾਰ ਅਤੇ ਸਵੈ ਰੁਜ਼ਗਾਰ ਦੀਆਂ ਸੰਭਾਵਨਾਵਾਂ ਬਾਰੇ ਜਾਣਕਾਰੀ ਦਿੱਤੀ।ਓਰੀਐਂਟੇਸ਼ਨ ਤੋਂ ਬਾਅਦ ਮਿਸ ਕੁਲਵਿੰਦਰ ਕੌਰ ਅਤੇ ਡਾ. ਜਸ਼ਲੀਨ ਕੌਰ ਸਿੱਧੂ ਨੇ ਵਿਦਿਆਰਥੀਆਂ ਨੂੰ ਕਾਲਜ ਦੀਆਂ ਪ੍ਰਯੋਗਸ਼ਾਲਾਵਾਂ, ਲਾਇਬ੍ਰੇਰੀ, ਆਧੁਨਿਕ ਕਲਾਸ ਰੂਮਾਂ ਦਾ ਦੌਰਾ ਕਰਵਾਇਆ। ਡਾ. ਅਬਰਾਰ ਯੂਸਫ ਦੀ ਅਗਵਾਈ ਹੇਠ ਵਿਦਿਆਰਥੀਆਂ ਨੇ ਪੋਲੀ ਹਾਊਸ ਅਤੇ ਮਾਈਕੋ ਸਿੰਚਾਈ ਪ੍ਰਣਾਲੀ ਦਾ ਦੌਰਾ ਕੀਤਾ। ਡਾ. ਸਵਪਨਿਲ ਪਾਂਡੇ ਦੀ ਅਗਵਾਈ ਹੇਠ ਫਲ ਪੌਸ਼ਟਿਕ ਬਗੀਚੀ ਦਾ ਦੌਰਾ ਕੀਤਾ, ਜਿੱਥੇ ਵਿਦਿਆਰਥੀਆਂ ਨੂੰ ਖੇਤੀਬਾੜੀ ਅਧਿਐਨ ਅਤੇ ਖੋਜ ਦੇ ਖੇਤਰ ਨਾਲ ਜਾਣੂ ਕਰਵਾਇਆ ਗਿਆ। ਡਾ. ਅਮੀਨ ਭੱਟ ਨੇ ਵਿਦਿਆਰਥੀਆਂ ਨੂੰ ਭੂਮੀ ਪ੍ਰਯੋਗਸ਼ਾਲਾ ਦਾ ਦੌਰਾ ਕਰਵਾਇਆ ਅਤੇ ਮਿੱਟੀ ਦੀ ਪਰਖ ਅਤੇ ਮਹੱਤਤਾ ਬਾਰੇ ਜਾਣਕਾਰੀ ਦਿੱਤੀ। ਡਾ. ਵਰੁਣ ਅੱਤਰੀ ਨੇ ਵਿਦਿਆਰਥੀਆਂ ਨੂੰ ਹਰਬਲ ਗਾਰਡਨ ਦਾ ਦੌਰਾ ਕਰਵਾਇਆ। ਡਾ. ਨਵਨੀਤ ਕੌਰ ਅਤੇ ਅਮਨਦੀਪ ਸਿੰਘ ਨੇ ਮੌਸਮ ਆਬਜ਼ਰਵੇਟਰੀ ਬਾਰੇ ਜਾਣਕਾਰੀ ਦਿੱਤੀ।

# ਧਾਰਮਿਕ ਲਿਟਰੇਚਰ ਦਾ ਸਟਾਲ ਲਗਾਇਆ




**ਭੋਗਪੁਰ (ਕੁਲਵੀਰ ਸਿੰਘ ਕਾਹਲੋਂ)**— ਸਿੱਖ ਮਿਸ਼ਨਰੀ ਕਾਲਜ ਸਰਕਲ ਭੋਗਪੁਰ ਵਲੋਂ ਪਿੰਡ ਖੋਜਕੀਪੁਰ,ਨੰਗਲ ਸਲਾਲਾ ਆਦਮਪੁਰ ਵਿਖੇ ਕਰਵਾਏ ਗਏ ਕੀਰਤਨ ਦਰਬਾਰ ਮੌਕੇ ਕਾਲਜ ਵਲੋਂ ਪ੍ਰਵਾਨਿਤ ਲਿਟ੍ਰੇਚਰ ਸਟਾਲ ਲਗਾਇਆ ਗਿਆ । ਭੋਗਪੁਰ ਸਰਕਲ ਇੰਚਾਰਜ ਬੀਬੀ ਕੁਲਬੀਰ ਕੌਰ ਅਤੇ ਬਾਕੀ ਮੈਂਬਰ ਸਤਨਾਮ ਸਿੰਘ ਜਸਪ੍ਰੀਤ ਕੌਰ ,ਜੋਤੀ ,ਸੰਦੀਪ ਕੌਰ ,ਸਵਨੀਤ ਕੌਰ ,ਮਨਪ੍ਰੀਤ ਸਿੰਘ ਨੇ ਸਟਾਲ 'ਤੇ ਸੇਵਾ ਨਿਭਾਉਂਦਿਆਂ ਦੋ ਸਾਲ ਪੱਤਰ ਵਿਹਾਰ ਕੋਰਸ ,ਕਾਲਜ ਵਲੋਂ ਛਪਦੇ ਮਾਸਿਕ ਸਿੱਖ ਫੁਲਵਾੜੀ ਮੈਗਜੀਨ ਵੀ ਬੁੱਕ ਕੀਤੇ ਅਤੇ ਨਾਲ ਹੀ ਸੰਗਤਾਂ ਵਿਚ ਫ੍ਰੀ ਲਿਟ੍ਰੇਚਰ ਵੀ ਵੰਡਿਆ । ਸਰਕਲ ਇੰਚਾਰਜ ਮੈਡਮ ਕੁਲਬੀਰ ਕੌਰ ਨੇ ਕਿਹਾ ਕਿ ਸਾਨੂੰ ਆਪਣੇ ਧਰਮ ਦੇ ਪ੍ਰਚਾਰ ਅਤੇ ਪ੍ਰਸਾਰ ਲਈ ਆਪ ਹੀ ਅੱਗੇ ਆਉਣਾ ਪਵੇਗਾ । ਨੌਜਵਾਨ ਪੀੜੀ ਦੀ ਦੌੜ ਅੱਜ ਵਿਦੇਸ਼ ਜਾਣ ਵਲ ਜਾਂ ਆਪਣੇ ਕੀਮਤੀ ਸਮੇਂ ਨੂੰ ਸੋਸ਼ਲ ਮੀਡੀਆ 'ਤੇ ਖਪਤ ਕਰਨ ਦੀ ਬਜਾਏ ਆਪਣੇ ਮਾਨਮੱਤੇ ਇਤਿਹਾਸ ਅਤੇ ਫਲਸਫੇ ਨੂੰ ਜਾਨਣ ਲਈ ਇਕ ਚੰਗੇ ਪਾਠਕ ਬਣਨਾ ਚਾਹੀਦਾ ਹੈ । ਉਨ੍ਹਾਂ ਸਟਾਲ 'ਤੇ ਡਿਊਟੀ ਦੇਣ ਦੌਰਾਨ ਬਹੁਤ ਸਾਰੇ ਨੌਜਵਾਨ ਬੱਚੇ ਬੱਚੀਆਂ ਨਾਲ ਗੱਲਬਾਤ ਕਰਕੇ ਉਨ੍ਹਾਂ ਨੂੰ ਲਿਟ੍ਰੇਚਰ ਪੜ੍ਹਨ ਲਈ ਉਤਸ਼ਾਹਿਤ ਕੀਤਾ ।

# ਮੇਹਰ ਚੰਦ ਪੌਲੀਟੈਕਨਿਕ ਕਾਲਜ 'ਚ ਬਾਬਾ ਵਿਸ਼ਵਕਰਮਾ ਪੂਜਾ ਦਿਵਸ ਮਨਾਇਆ



**ਜਲੰਧਰ (ਸ਼ੈਲੀ ਐਲਬਰਟ)**—ਮੇਹਰ ਚੰਦ ਪੌਲੀਟੈਕਨਿਕ ਕਾਲਜ ਦੇ ਵਰਕਸ਼ਾਪ ਵਿਭਾਗ ਵਿੱਚ ਸਮੂਹ ਸਟਾਫ਼ ਅਤੇ ਵਿਦਿਆਰਥੀਆਂ ਵਲੋਂ ਬਾਬਾ ਵਿਸ਼ਵਕਰਮਾ ਜੀ ਦੀ ਪੂਜਾ ਕੀਤੀ ਗਈ। ਪ੍ਰਿੰਸੀਪਲ ਡਾ. ਜਗਰੂਪ ਸਿੰਘ ਨੇ ਬਾਬਾ ਜੀ ਦੀ ਫੋਟੋ 'ਤੇ ਤਿਲਕ ਲਗਾਇਆ ਅਤੇ ਫੁੱਲਾਂ ਦੀ ਮਾਲਾ ਭੇਂਟ ਕਰਕੇ ਪ੍ਰੋਗਰਾਮ ਦੀ ਸ਼ੁਰੂਆਤ ਕੀਤੀ। ਬਾਬਾ ਜੀ ਦੀ ਅਰਦਾਸ ਕੁਲਵਿੰਦਰ ਸਿੰਘ ਵਲੋਂ ਕੀਤੀ ਗਈ। ਬਾਬਾ ਜੀ ਦੇ ਬਾਰੇ ਅਧਿਆਤਮਕ ਤੌਰ 'ਤੇ ਤਿਰਲੋਕ ਸਿੰਘ ਵਰਕਸ਼ਾਪ ਸੁਪਰਡੈਂਟ ਵਲੋਂ ਦੱਸਿਆ ਗਿਆ। ਮੰਚ ਸੰਚਾਲਨ ਦੁਰਗੇਸ਼ ਚੇਚੀ ਨੇ ਕੀਤਾ। ਪ੍ਰਿੰਸੀਪਲ ਡਾ. ਜਗਰੂਪ ਸਿੰਘ ਨੇ ਬਾਬਾ ਜੀ ਦੇ ਦਰਸਾਏ ਹੋਏ ਮਾਰਗ 'ਤੇ ਚੱਲਣ ਅਤੇ ਤਕਨੀਕੀ ਗਿਆਨ ਦੀ ਵਰਤੋਂ ਕਰਕੇ ਲੋਕ ਭਲਾਈ ਦੇ ਕੰਮ ਕਰਨ ਦੀ ਵਿਦਿਆਰਥੀਆਂ ਨੂੰ ਸੰਹੁ ਚੁਕਾਈ। ਉਹਨਾਂ ਵਰਕਸ਼ਾਪ ਸਟਾਫ ਨੂੰ ਬੇਹਤਰੀਨ ਕਾਰਗੁਜ਼ਾਰੀ ਲਈ ਸਨਮਾਨਿਤ ਵੀ ਕੀਤਾ ਤੇ ਯਾਦਗਾਰੀ ਚਿੰਨ ਭੇਂਟ ਕੀਤਾ। ਇਸ ਮੌਕੇ ਵਿਭਾਗ ਮੁੱਖੀਆਂ ਨੇ ਵੀ ਸੰਬੋਧਨ ਕੀਤਾ। ਅੰਤ ਵਿੱਚ ਸਟਾਫ ਅਤੇ ਵਿਦਿਅਰਥੀਆਂ ਨੂੰ ਪ੍ਰਸ਼ਾਦ ਵੰਡਿਆ ਗਿਆ । ਇਸ ਸਮਾਗਮ ਵਿੱਚ ਸੰਜੇ ਬਾਂਸਲ, ਕਸ਼ਮੀਰ ਕੁਮਾਰ, ਪ੍ਰਿੰਸ ਮਦਾਨ, ਹੀਰਾ ਮਹਾਜਨ, ਪ੍ਰਦੀਪ ਕੁਮਾਰ, ਤ੍ਰਿਲੋਕ ਸਿੰਘ, ਸੁਰਜੀਤ ਸਿੰਘ , ਦਰੁਗੇਸ਼ ਕੁਮਾਰ, ਮੈਡਮ ਮੰਜੂ , ਮੈਡਮ ਮੀਨਾ, ਮੈਡਮ ਰੀਚਾ, ਮੋਹਿਤ ਸਹਿਦੇਵ, ਨਰੇਸ਼ ਕੁਮਾਰ, ਇੰਦਰਜੀਤ ਸਿੰਘ, ਜਤਿੰਦਰ ਕੁਮਾਰ ਤੇ ਰਿਤੇਸ਼ ਕੁਮਾਰ ਆਦਿ ਹਾਜ਼ਰ ਸਨ।

# ਸੂਬਾ ਪੱਧਰੀ ਮਹਿਲਾ ਪੁਰਸਕਾਰ ਲਈ ਮਹਿਲਾਵਾਂ 27 ਦਸੰਬਰ ਤੱਕ ਕਰ ਸਕਦੀਆਂ ਹਨ ਬਿਨੈ

**ਚੰਡੀਗੜ੍ਹ, (ਕ੍ਰਿਸ਼ਨ ਗਰਗ)** ਹਰਿਆਣਾ ਸਰਕਾਰ ਨੇ ਵੱਖ-ਵੱਖ ਖੇਤਰਾਂ ਵਿਚ ਉਪਲਬਧਤੀਆਂ ਪ੍ਰਾਪਤ ਕਰਨ ਵਾਲੀਆਂ ਮਹਿਲਾਵਾਂ ਲਈ ਰਾਜ ਪੱਧਰੀ ਮਹਿਲਾ ਪੁਰਸਕਾਰ ਲਈ ਬਿਨੈ ਮੰਗੇ ਗਏ ਹਨ। ਇੰਨ੍ਹਾਂ ਪੁਰਸਕਾਰਾਂ ਲਈ ਮਹਿਲਾਵਾਂ 27 ਦਸੰਬਰ, 2024 ਤਕ ਬਿਨੈ ਕਰ ਸਕਦੀਆਂ ਹਨ। ਹਰਿਆਣਾ ਦੇ ਮਹਿਲਾ ਅਤੇ ਬਾਲ ਵਿਕਾਸ ਵਿਭਾਗ ਦੇ ਬੁਲਾਰੇ ਨੇ ਜਾਣਕਾਰੀ ਦਿੰਦੇ ਹੋਏ ਦਸਿਆ ਕਿ ਇਹ ਪੁਰਸਕਾਰ ਦੇਣ ਦਾ ਮੁੱਖ ਉਦੇਸ਼ ਵੱਖ-ਵੱਖ ਖੇਤਰਾਂ ਵਿਚ ਵਧੀਆ ਕੰਮ ਕਰਨ ਵਾਲੀ ਮਹਿਲਾਵਾਂ ਨੂੰ ਵਿਸ਼ੇਸ਼ ਪਹਿਚਾਣ/ਮਾਨਤਾ ਦੇਣਾਹੈ, ਤਾਂ ਜੋ ਉਹ ਭਾਰਤੀ ਮਹਿਲਾਵਾਂ ਦੀ ਭਾਵੀ ਪੀੜੀ ਲਈ ਰੋਲ ਮਾਡਲ ਬਣ ਸਕਣ। ਉਨ੍ਹਾਂ ਨੇ ਦਸਿਆ ਕਿ ਪੁਰਸਕਾਰਾਂ ਵਿਚ ਇੰਦਰਾ ਗਾਂਧੀ ਮਹਿਲਾ ਸ਼ਕਤੀ ਪੁਰਸਕਾਰ, ਕਲਪਨਾ ਚਾਵਲਾ ਸ਼ੋਰਿਆ ਅਤੇ ਭੈਣ ਛੰਨੋ ਦੇਵੀ ਪੰਚਾਇਤੀ ਰਾਜ ਪੁਰਸਕਾਰ, ਲਾਇਵ ਟਾਇਮ ਅਚੀਵਰਸ ਸ਼ਾਮਿਲ ਹਨ। ਏਐਨਐਮ/ਨਰਸ/ਮਹਿਲਾ ਐਮਪੀਡਬਲਿਯੂ, ਮਹਿਲਾ ਖਿਡਾਰੀ, ਸਰਕਾਰੀ ਕਰਮਚਾਰੀ, ਸਮਾਜਿਕ ਕਾਰਜਕਰਤਾ, ਮਹਿਲਾ ਉਦਮੀ ਅਤੇ ਪੜੀ-ਲਿਖੀ ਮਹਿਲਾ ਸਮੂਹ ਨੂੰ ਨਿਰਧਾਰਿਤ ਰਕਮ ਦੇ ਨਾਲ-ਨਾਲ ਪੱਤਰ ਦਿੱਤੇ ਜਾਣਗੇ। ਬੁਲਾਰੇ ਨੇ ਦਸਿਆ ਕਿ ਬਿਨੈ ਕਰਨ ਦੀਆਂ ਯੋਗਤਾਵਾਂ ਤੇ ਸ਼ਰਤਾਂ ਮਹਿਲਾ ਅਤੇ ਬਾਲ ਵਿਕਾਸ ਵਿਭਾਗ ਦੀ ਵੈਬਸਾਇਟ ਤੋਂ ਡਾਊਨਲੋਡ ਕੀਤੀ ਜਾ ਸਕਦੀ ਹੈ।ਵਧੇਰੇ ਜਾਣਕਾਰੀ ਲਈ ਜ਼ਿਲ੍ਹਾ ਪ੍ਰੋਗ੍ਰਾਮ ਅਧਿਕਾਰੀ, ਮਹਿਲਾ ਅਤੇ ਬਾਲ ਵਿਕਾਸ ਵਿਭਾਗ ਦਫਤਰ ਤੋਂ ਕਿਸੇ ਵੀ ਕਾਰਜ ਵਾਲੇ ਦਿਨ ਸੰਪਰਕ ਕੀਤਾ ਜਾ ਸਕਦਾ ਹੈ।

## ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਦੇ ਸੰਬੰਧੀ ਪ੍ਰਭਾਤ ਫੇਰੀਆਂ ਆਰੰਭ



**ਐੱਸਏਐੱਸ ਨਗਰ, ਮੋਹਾਲੀ (ਗੁਰਜੀਤ ਬਿੱਲਾ)** ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਦੇ ਸਬੰਧ ਵਿੱਚ ਰਾਮਗੜ੍ਹੀਆ ਸਭਾ ਮੁਹਾਲੀ ਵੱਲੋਂ ਪ੍ਰਭਾਤ ਫੇਰੀਆਂ ਆਰੰਭ ਕੀਤੀਆਂ ਗਈਆਂ, ਜਿਸ ਦੀ ਸ਼ੁਰੂਆਤ ਸਭਾ ਦੇ ਪ੍ਰਧਾਨ ਸੂਰਤ ਸਿੰਘ ਕਲਸੀ ਦੀ ਅਗਵਾਈ ਹੇਠ ਸਵੇਰੇ 05:00 ਵਜੇ ਅਰਦਾਸ ਕਰਵਾ ਕੇ ਕੀਤੀ ਗਈ। ਇਸ ਮੌਕੇ ਸਭਾ ਦੇ ਜਨਰਲ ਸਕੱਤਰ ਸ ਬਿਕਰਮਜੀਤ ਸਿੰਘ ਹੂੰਝਣ ਨੇ ਦੱਸਿਆ ਕਿ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਪ੍ਰਕਾਸ਼ ਪੁਰਬ ਨੂੰ ਮੁੱਖ ਰੱਖਦੇ ਹੋਇਆ ਪ੍ਰਭਾਤ ਫੇਰੀਆਂ ਆਰੰਭ ਕੀਤੀਆਂ ਗਈਆਂ ਹਨਾ। ਪ੍ਰਭਾਤ ਫੇਰੀ ਵਿੱਚ ਨਿਸ਼ਾਨ ਸਾਹਿਬ ਦੀ ਸੇਵਾ ਸਭਾ ਦੀ ਧਾਰਮਿਕ ਕਮੇਟੀ ਦੇ ਚੇਅਰਮੈਨ ਸ ਮਨਜੀਤ ਸਿੰਘ ਮਾਨ ਵਲੋ ਨਿਭਾਈ ਗਈ। ਪ੍ਰਭਾਤ ਫੇਰੀ ਵਿੱਚ ਆਈ ਸੰਗਤਾਂ ਦਾ ਇਲਾਕੇ ਦੀਆਂ ਸੰਗਤਾਂ ਵੱਲੋ ਭਰਵਾਂ ਸੁਆਗਤ ਕੀਤਾ ਗਿਆ। ਪ੍ਰਭਾਤ ਫੇਰੀ ਵਿੱਚ ਹੋਰਨਾਂ ਤੋਂ ਇਲਾਵਾ ਸਭਾ ਦੇ ਮੈਂਬਰ ਹਰਚਰਨ ਸਿੰਘ ਗਿੱਲ, ਮੋਹਨ ਸਿੰਘ ਸਭਰਵਾਲ, ਸੁਰਿੰਦਰ ਸਿੰਘ ਜੰਡੂ ਸ ਜਸਪਾਲ ਸਿੰਘ, ਮੀਤ ਗ੍ਰੰਥੀ ਸ ਨਸੀਬ ਸਿੰਘ, ਸੇਵਾਦਾਰ ਸ ਜਸਵੀਰ ਸਿੰਘ, ਹਰਜੀਤ ਸਿੰਘ, ਵਰਿਆਮ ਸਿੰਘ, ਰਾਮਗੜ੍ਹੀਆ ਇਸਤਰੀ ਸਤਿਸੰਗ ਜੱਥਾ ਅਤੇ ਕਈ ਪਤਵੰਤੇ ਹਾਜ਼ਰ ਸਨ।

## ਹੁਸੈਨਪੁਰ ਵੱਲੋਂ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਧੂਮਧਾਮ ਨਾਲ ਮਨਾਉਣ ਦੀ ਅਪੀਲ

**ਨਵਾਂਸ਼ਹਿਰ, ( ਕੁਲਵਿੰਦਰ ਸਿੰਘ ਦੁਰਗਾਪੁਰੀਆ)** ਨਰੋਆ ਸੰਸਥਾ ਦੇ ਸੰਸਥਾਪਕ ਸਮਾਜ ਸੇਵਕ ਬਰਜਿੰਦਰ ਸਿੰਘ ਹੁਸੈਨਪੁਰ ਨੇ ਜ਼ਿਲ੍ਹਾ ਵਾਸੀਆਂ ਨੂੰ ਪਹਿਲੀ ਪਾਤਸ਼ਾਹ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਦੀ ਵਧਾਈ ਦਿੰਦਿਆਂ ਕਾਮਨਾ ਕੀਤੀ ਕਿ ਇਹ ਪਵਿੱਤਰ ਦਿਹਾੜਾ ਸ਼ਾਂਤੀ ਤੇ ਖੁਸ਼ਹਾਲੀ ਦੇ ਨਾਲ-ਨਾਲ ਭਾਈਚਾਰਕ ਸਾਂਝ ਦੀਆਂ ਤੰਦਾਂ ਨੂੰ ਹੋਰ ਮਜ਼ਬੂਤੀ ਦੇਵੇ ਤਾਂ ਜੋ ਰੰਗਲੇ ਪੰਜਾਬ ਦੀ ਸਿਰਜਣਾ ਦੇ ਸੰਕਲਪ ਨੂੰ ਅਮਲੀ ਜਾਮਾ ਪਹਿਨਾਇਆ ਜਾ ਸਕੇ। ਹੁਸੈਨਪੁਰ ਨੇ ਜਾਤ, ਰੰਗ, ਨਸਲ ਅਤੇ ਧਰਮ ਦੇ ਭੇਦਭਾਵ ਤੋਂ ਉਪਰ ਉੱਠ ਕੇ ਪਹਿਲੀ ਪਾਤਸ਼ਾਹੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਨੂੰ ਰਵਾਇਤੀ ਢੰਗ ਅਤੇ ਧੂਮਧਾਮ ਨਾਲ ਮਨਾਉਣ ਦੀ ਅਪੀਲ ਕੀਤੀ ਹੈ।

## ਜਨਮ ਦਿਨ ਮੁਬਾਰਕ



ਅਮਾਨੀ (ਮਲੋਟ)

## ਸ਼ੁਹਿਨਾਈਆਂ



ਰਣਵੀਰ ਸਿੰਘ ਪੁੱਤਰ ਇੰਦਰਜੀਤ ਸਿੰਘ ਵਾਸੀ ਪੰਡੋਰੀ ਕੱਦ, ਜ਼ਿਲ੍ਹਾ ਹੁਸ਼ਿਆਰਪੁਰ ਦਾ ਵਿਆਹ ਜਸਪ੍ਰੀਤ ਕੌਰ ਸਪੁੱਤਰੀ ਹਰਵਿੰਦਰ ਸਿੰਘ ਵਾਸੀ ਭੁੰਗਰਨੀ, ਜ਼ਿਲ੍ਹਾ ਹੁਸ਼ਿਆਰਪੁਰ ਦਾ ਅਨੰਦ ਕਾਰਜ ਗੁਰਮਰਿਯਾਦਾ ਨਾਲ ਹੋਇਆ।

# ਨਰਿੰਦਰ ਸਿੰਘ ਜ਼ੀਰਾ ਦੀ ਪੁਸਤਕ 'ਆਦਰਸ਼ ਸਮਾਜ ਦੀ ਸਿਰਜਣਾ, ਸੰਭਾਵਨਾਵਾਂ ਤੇ ਚੁਣੌਤੀਆਂ' ਲੋਕ ਅਰਪਣ

### * ਗਿਆਨ ਭਰਪੂਰ ਪੁਸਤਕਾਂ ਸਾਨੂੰ ਚੰਗੀ ਜੀਵਨ-ਜਾਚ ਸਿਖਾਉਂਦੀਆਂ ਹਨ-ਸੰਤ ਸੀਚੇਵਾਲ




**ਕਪੂਰਥਲਾ, (ਨਵਾਂ ਜ਼ਮਾਨਾ ਸਰਵਿਸ)**- ਚੰਗੀਆਂ ਕਿਤਾਬਾਂ ਦੀ ਸਾਡੇ ਜੀਵਨ ਵਿੱਚ ਵੱਡੀ ਭੂਮਿਕਾ ਹੈ ਅਤੇ ਇਹ ਸਾਨੂੰ ਚੰਗੀ ਜੀਵਨ ਜਾਚ ਸਿਖਾਉਂਦੀਆਂ ਹਨ ਇਹ ਸ਼ਬਦ ਪਦਮ ਸ੍ਰੀ ਸੰਤ ਬਾਬਾ ਬਲਬੀਰ ਸਿੰਘ ਸੀਚੇਵਾਲ ਨੇ ਨਰਿੰਦਰ ਸਿੰਘ ਜੀਰਾ ਦੀ ਕਿਤਾਬ 'ਆਦਰਸ਼ ਸਮਾਜ ਦੀ ਸਿਰਜਣਾ ਸੰਭਾਵਨਾਵਾਂ ਤੇ ਚੁਣੌਤੀਆਂ ਨੂੰ ਲੇਖਕਾਂ, ਵਿਦਵਾਨਾਂ ਅਤੇ ਸਾਹਿਤ ਪ੍ਰੇਮੀਆਂ ਦੀ ਹਾਜ਼ਰੀ ਵਿੱਚ ਲੋਕ ਅਰਪਣ ਕਰਦਿਆਂ ਕਹੇ। ਉਨ੍ਹਾਂ ਕਿਹਾ ਕਿ ਅਜਿਹੀਆਂ ਕਿਤਾਬਾਂ ਸਮਾਜ ਨੂੰ ਸੇਧ ਪ੍ਰਦਾਨ ਕਰਦੀਆਂ ਹਨ। ਇਸ ਮੌਕੇ ਸਾਹਿਤ ਸਭਾ ਸੁਲਤਾਨਪੁਰ ਲੋਧੀ ਦੇ ਸਕੱਤਰ ਮੁਖਤਾਰ ਸਿੰਘ ਚੰਦੀ ਨੇ ਕਿਹਾ ਕਿ ਇਸ ਕਿਤਾਬ ਰਾਹੀਂ ਲੇਖਕ ਨੇ ਵੱਧ ਰਹੀ ਬੇਰੁਜ਼ਗਾਰੀ, ਭੁੱਖਮਰੀ, ਮਹਿੰਗਾਈ ਆਦਿ ਸੱਮਸਿਆਵਾਂ ਦੇ ਨਾਲ ਨਾਲ ਨਸ਼ਿਆਂ ਦੇ ਵਧਦੇ ਪ੍ਰਕੋਪ, ਸਿਹਤ ਤੇ ਸਿੱਖਿਆ ਦੇ ਖੇਤਰ ਵਿੱਚ ਆ ਰਹੇ ਨਿਘਾਰ ਬਾਰੇ ਫਿਕਰਮੰਦੀ ਜ਼ਾਹਰ ਕਰਦੇ ਹੋਏ ਸਮਾਜ ਨੂੰ ਜਾਗਰੂਕ ਕਰਨ ਦਾ ਯਤਨ ਕੀਤਾ ਹੈ। ਇਸ ਮੌਕੇ ਉਘੇ ਲੇਖਕ ਸੁਰਿੰਦਰ ਸਿੰਘ ਨੇਕੀ, ਅਮਰਜੀਤ ਸਿੰਘ ਸਨੇਰਵੀ ਅਤੇ ਮਿੱਟੀ ਨਾਲ ਪੂਰੀ ਪ੍ਰਤੀਬੱਧਤਾ ਨਾਲ ਜੁੜਿਆ ਹੋਇਆ ਹੈ ਅਜਿਹੇ ਵਿਸ਼ਿਆਂ ਬਾਬਤ ਇਹ ਉਸ ਦੀ ਚੌਥੀ ਕਿਤਾਬ ਹੈ ਜਿਸ ਵਿੱਚ ਉਸ ਨੇ ਕੁਦਰਤੀ ਸਰੋਤਾਂ ਦੇ ਬਚਾਓ ਪ੍ਰਦੂਸ਼ਣ ਮਾਤ ਭਾਸ਼ਾ ਦੇ ਮਹੱਤਵ, ਵਿਸ਼ਵ ਸ਼ਾਂਤੀ ਆਦਿ ਵਿਸ਼ਿਆਂ ਤੇ ਜਾਣਕਾਰੀ ਭਰਪੂਰ ਲੇਖ ਲਿਖ ਕੇ ਸੁਚੱਜੇ ਸਮਾਜ ਦੀ ਸਿਰਜਣਾ ਦਾ ਸੰਕਲਪ ਸਿਰਜਿਆ ਹੈ। ਸਮਾਗਮ ਨੂੰ ਲੇਖਕ ਤੋਂ ਇਲਾਵਾ ਉੱਘੇ ਲੇਖਕ ਕੇਵਲ ਕਲੋਟੀ ਅਤੇ ਐਡਵੋਕੇਟ ਰਜਿੰਦਰ ਸਿੰਘ ਰਾਣਾ ਨੇ ਵੀ ਸੰਬੋਧਨ ਕੀਤਾ। ਸਮਾਗਮ ਦੀ ਪ੍ਰਧਾਨਗੀ ਡਾਕਟਰ ਸਵਰਨ ਸਿੰਘ, ਨਾਵਲਕਾਰ ਸੁਰਿੰਦਰ ਸਿੰਘ ਨੇਕੀ, ਕਹਾਣੀਕਾਰ ਅਮਰਜੀਤ ਸਿੰਘ ਸਨੇਰਵੀ, ਲੇਖਕ ਜਰਨੈਲ ਸਿੰਘ ਭੁੱਲਰ ਅਤੇ ਕੇਵਲ ਕਲੋਟੀ ਨੇ ਕੀਤੀ। ਸਮਾਗਮ ਦਾ ਸੰਚਾਲਨ ਮੁਖਤਾਰ ਸਿੰਘ ਚੰਦੀ ਨੇ ਕਾਵਿਕ ਅੰਦਾਜ਼ ਵਿੱਚ ਕੀਤਾ। ਸਮਾਗਮ ਦੇ ਅੰਤ ਵਿੱਚ ਡਾਕਟਰ ਸਵਰਨ ਸਿੰਘ ਪ੍ਰਧਾਨ ਸਾਹਿਤ ਸਭਾ ਨੇ ਆਏ ਹੋਏ ਸਾਹਿਤ ਪ੍ਰੇਮੀਆਂ ਦਾ ਧੰਨਵਾਦ ਕੀਤਾ। ਇਸ ਮੌਕੇ ਲਾਡੀ ਭੁੱਲਰ, ਬਲਵੀਰ ਸਿੰਘ ਸ਼ੇਰਪੁਰੀ, ਗੁਰਮੇਲ ਜੈਨਪੁਰੀ, ਮਾਸਟਰ ਸੁੱਚਾ ਸਿੰਘ ਮਿਰਜ਼ਾਪੁਰ, ਮਾਸਟਰ ਦੇਸਰਾਜ, ਮਾਸਟਰ ਗੁਰਚਰਨ ਦਾਸ, ਮਾਸਟਰ ਕਰਨੈਲ ਸਿੰਘ, ਗੁਰਚਮਨ ਲਾਲ, ਜੱਗਾ ਸਿੰਘ ਸ਼ੇਖ ਮਾਂਗਾ, ਹਰਜਿੰਦਰ ਸਿੰਘ ਧੰਜੂ, ਗੁਰਦੀਪ ਸਿੰਘ ਹੱਲਣ ਆਦਿ ਵੀ ਹਾਜ਼ਰ ਸਨ।

# ਸੀ ਟੀ ਗਰੁੱਪ ਨੇ ਪੰਜਾਬ ਟੈਕਨੀਕਲ ਇੰਸਟੀਚਿਊਸ਼ਨਜ਼ ਦੇ ਸਾਲਾਨਾ ਖੇਡ ਟੂਰਨਾਮੈਂਟ ਦੀ ਕੀਤੀ ਮੇਜ਼ਬਾਨੀ




**ਜਲੰਧਰ (ਸ਼ੈਲੀ ਐਲਬਰਟ)**:-ਸੀ ਟੀ ਇੰਸਟੀਚਿਊਟ ਆਫ਼ ਇੰਜਨੀਅਰਿੰਗ, ਮੈਨੇਜਮੈਂਟ ਐਂਡ ਟੈਕਨਾਲੋਜੀ (ਸੀਟੀ.ਆਈ.ਈ.ਐਮ.ਟੀ) ਦੇ ਪੌਲੀਟੈਕਨਿਕ ਵਿੰਗ ਨੇ ਪੀਟੀਆਈਐਸ ਪੰਜਾਬ ਟੈਕਨੀਕਲ ਇੰਸਟੀਚਿਊਸ਼ਨਜ਼ ਦੁਆਰਾ ਆਯੋਜਿਤ ਸਾਲਾਨਾ ਸਪੋਰਟਸ ਮੀਟ ਦੀ ਮੇਜ਼ਬਾਨੀ ਕੀਤੀ। ਇਸ ਈਵੈਂਟ ਨੇ ਭਾਗੀਦਾਰਾਂ ਵਿੱਚ ਖਾਸ ਤੌਰ 'ਤੇ ਕਬੱਡੀ ਦੀਆਂ ਰੋਮਾਂਚਕ ਖੇਡਾਂ ਵਿੱਚ ਬੇਮਿਸਾਲ ਪ੍ਰਤਿਭਾ ਅਤੇ ਖਿਡਾਰਨ ਦਾ ਪ੍ਰਦਰਸ਼ਨ ਕੀਤਾ।ਮਹਿਲਾ ਕਬੱਡੀ ਵਰਗ ਵਿੱਚ ਜੀਪੀਸੀ ਅੰਮ੍ਰਿਤਸਰ ਨੇ ਪਹਿਲਾ ਸਥਾਨ ਹਾਸਲ ਕੀਤਾ ਅਤੇ ਦੂਜੇ ਸਥਾਨ 'ਤੇ ਜੀਪੀਸੀ ਪਟਿਆਲਾ ਰਿਹਾ।ਪੁਰਸ਼ਾਂ ਦੇ ਕਬੱਡੀ ਮੁਕਾਬਲੇ ਵਿੱਚ 17 ਟੀਮਾਂ ਵਿਚਕਾਰ ਮੁਕਾਬਲੇ ਹੋਏ , ਜਿਸ ਵਿੱਚ ਜੀਪੀਸੀ ਹੁਸ਼ਿਆਰਪੁਰ ਨੇ ਪਹਿਲਾ ਸਥਾਨ ਹਾਸਲ ਕੀਤਾ। ਸਾਈਂ ਬਦਾਨੀ ਨੇ ਦੂਜਾ ਅਤੇ ਫਤਿਹ ਖੇੜਾ ਤੀਜੇ ਸਥਾਨ 'ਤੇ ਰਿਹਾ।ਸਟੂਡੈਂਟ ਵੈਲਫੇਅਰ ਦੇ ਡੀਨ ਡਾ. ਅਰਜਨ ਸਿੰਘ ਨੇ ਇਸ ਸਮਾਗਮ ਲਈ ਆਪਣਾ ਉਤਸ਼ਾਹ ਜ਼ਾਹਰ ਕਰਦੇ ਹੋਏ ਕਿਹਾ, ਸਾਲਾਨਾ ਸਪੋਰਟਸ ਮੀਟ ਨਾ ਸਿਰਫ਼ ਸਾਡੇ ਵਿਦਿਆਰਥੀਆਂ ਦੀ ਪ੍ਰਤੀਯੋਗੀ ਭਾਵਨਾ ਨੂੰ ਉਜਾਗਰ ਕਰਦੀ ਹੈ ਬਲਕਿ ਟੀਮ ਵਰਕ ਅਤੇ ਖੇਡਾਂ ਪ੍ਰਤੀ ਉਨ੍ਹਾਂ ਦੇ ਸਮਰਪਣ ਨੂੰ ਵੀ ਉਜਾਗਰ ਕਰਦੀ ਹੈ। ਅਜਿਹੇ ਸਮਾਗਮ ਆਪਸੀ ਸਾਂਝ ਨੂੰ ਵਧਾਉਂਦੇ ਹਨ ਅਤੇ ਸਮੁੱਚੇ ਵਿਦਿਅਕ ਅਨੁਭਵ ਨੂੰ ਵਧਾਉਂਦੇ ਹਨ।

## ਸੰਦੇਸ਼

ਦੀਵਾਲੀ ਤੇ ਗੁਰਪੁਰਬ ਦੀਆਂ ਇਲਾਕਾ ਅਤੇ ਦੇਸ਼ ਵਾਸੀਆਂ ਨੂੰ ਲੱਖ-ਲੱਖ ਵਧਾਈਆਂ।



ਡਾ. ਲਸ਼ਮਣ ਭਗਤੂਆਣਾ
ਚੇਅਰਮੈਨ ਮਾਰਕੀਟ ਕਮੇਟੀ, ਜੈਤੋ